ਸੋਮਵਾਰ, 6 ਅਪ੍ਰੈਲ, 2026
24 ਚੇਤ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 74
ਅੰਕ/NO. : 305

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 6 APRIL, 2026
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ   Regd. No : L-4/Pb-JL-0023/2024-26, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12

# ਅਕਾਲੀਆਂ ਨੂੰ ਵੋਟਾਂ ਬੇਅਦਬੀ ਕਰਨ ਬਰਾਬਰ : ਮਾਨ



**ਜੈਤੋ** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਤਵਾਰ ਸ਼੍ਰੋਮਣੀ ਅਕਾਲੀ ਦਲ (ਬਾਦਲ) ਅਤੇ ਕਾਂਗਰਸ 'ਤੇ ਤਿੱਖਾ ਹਮਲਾ ਕਰਦਿਆਂ ਉਨ੍ਹਾਂ 'ਤੇ ਲੋਕਾਂ ਦੇ ਭਰੋਸੇ ਨਾਲ ਵਿਸ਼ਵਾਸਘਾਤ ਕਰਨ ਅਤੇ ਪੰਜਾਬ ਨੂੰ ਬੇਅਦਬੀ ਦੀਆਂ ਘਟਨਾਵਾਂ ਤੋਂ ਲੈ ਕੇ ਨਸ਼ਿਆਂ ਤੇ ਭ੍ਰਿਸ਼ਟਾਚਾਰ ਵਰਗੇ ਸੰਕਟਾਂ ਵਿੱਚ ਧੱਕਣ ਦੇ ਦੋਸ਼ ਲਾਏ।

ਇੱਥੇ ਰੈਲੀ ਨੂੰ ਸੰਬੋਧਨ ਕਰਦਿਆਂ ਮਾਨ ਨੇ ਕਿਹਾ ਕਿ ਅਕਾਲੀਆਂ ਨੂੰ ਵੋਟ ਪਾਉਣਾ ਬੇਅਦਬੀ ਕਰਨ ਦੇ ਬਰਾਬਰ ਹੋਵੇਗਾ। ਉਨਾ ਦੋਸ਼ ਲਾਇਆ ਕਿ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੀਆਂ ਘਟਨਾਵਾਂ ਨਾਲ ਜੁੜੇ ਲੋਕਾਂ ਕੋਲ ਜਨਤਕ ਸਮਰਥਨ ਮੰਗਣ ਦਾ ਕੋਈ ਨੈਤਿਕ ਅਧਿਕਾਰ ਨਹੀਂ। ਉਨ੍ਹਾ ਕਿਹਾ ਕਿ ਉਨ੍ਹਾ ਦੀ ਸਰਕਾਰ ਬੇਅਦਬੀ ਨੂੰ ਰੋਕਣ ਅਤੇ ਇਨਸਾਫ ਯਕੀਨੀ ਬਣਾਉਣ ਲਈ ਸਖਤ ਕਾਨੂੰਨ ਬਣਾਉਣ ਲਈ ਵਚਨਬੱਧ ਹੈ।

ਮਾਨ ਨੇ ਲੋਕਾਂ ਨੂੰ 1984 ਦੇ ਸਿੱਖ ਵਿਰੋਧੀ ਦੰਗਿਆਂ ਅਤੇ ਹਰਿਮੰਦਰ ਸਾਹਿਬ 'ਤੇ ਹੋਏ ਅਪ੍ਰੇਸ਼ਨ ਬਲੂ ਸਟਾਰ ਦੀ ਯਾਦ ਦਿਵਾਈ ਅਤੇ ਵੋਟਰਾਂ ਨੂੰ ਕਾਂਗਰਸ ਦਾ ਸਮਰਥਨ ਕਰਨ ਦੇ ਵਿਚਾਰ ਵਿਰੁੱਧ ਚਿਤਾਵਨੀ ਦਿੱਤੀ। ਉਨ੍ਹਾ ਕਿਹਾ ਕਿ ਦੋਵਾਂ ਪਾਰਟੀਆਂ ਨੇ ਪੰਜਾਬ ਨੂੰ ਡੂੰਘੇ ਜ਼ਖਮ ਦਿੱਤੇ ਹਨ। ਇਸ ਦੇ ਨਾਲ ਹੀ ਉਨ੍ਹਾ ਅਕਾਲੀ ਆਗੂਆਂ 'ਤੇ ਅਕਾਲ ਤਖਤ ਸਾਹਿਬ 'ਤੇ ਵੀ ਲੋਕਾਂ ਨੂੰ ਗੁੰਮਰਾਹ ਕਰਨ ਦਾ ਦੋਸ਼ ਲਾਇਆ।

ਮੁੱਖ ਮੰਤਰੀ ਨੇ ਦੋਸ਼ ਲਾਇਆ ਕਿ ਅਕਾਲੀ ਲੀਡਰਸ਼ਿਪ ਨੇ ਅਤੀਤ ਵਿੱਚ ਗੈਂਗਸਟਰਾਂ ਅਤੇ ਨਸ਼ਾ ਤਸਕਰਾਂ ਦੀ ਸਰਪ੍ਰਸਤੀ ਕੀਤੀ ਸੀ, ਜਿਸ ਨਾਲ ਸੂਬੇ ਵਿੱਚ ਨਸ਼ਿਆਂ ਦੀ ਅਲਾਮਤ ਵਧੀ। ਉਨ੍ਹਾ ਪ੍ਰਕਾਸ਼ ਸਿੰਘ ਬਾਦਲ ਅਤੇ ਸੁਖਬੀਰ ਸਿੰਘ ਬਾਦਲ ਦੀ ਸਿਆਸੀ ਵਿਰਾਸਤ ਦਾ ਹਵਾਲਾ ਦਿੰਦੇ ਹੋਏ ਉਨ੍ਹਾਂ 'ਤੇ ਪੰਜਾਬ ਨੂੰ ਪਰਵਾਰਕ ਕਾਰੋਬਾਰ ਵਾਂਗ ਚਲਾਉਣ ਦਾ ਦੋਸ਼ ਵੀ ਲਾਇਆ।

ਮਾਨ ਨੇ ਕਿਹਾ ਕਿ ਲੋਕਾਂ ਨੇ ਬਿਹਤਰ ਸ਼ਾਸਨ ਦੀ ਭਾਲ ਵਿੱਚ ਦਹਾਕਿਆਂ ਤੋਂ ਵਾਰ-ਵਾਰ ਸਰਕਾਰਾਂ ਬਦਲੀਆਂ ਹਨ, ਪਰ ਅਸਲ ਤਬਦੀਲੀ ਆਮ ਆਦਮੀ ਪਾਰਟੀ (ਆਪ) ਦੇ ਉਭਾਰ ਤੋਂ ਬਾਅਦ ਹੀ ਸ਼ੁਰੂ ਹੋਈ ਹੈ। ਉਨ੍ਹਾ ਕਿਹਾ ਕਿ 'ਆਪ' ਦੀਆਂ ਰੈਲੀਆਂ ਵਿੱਚ ਇਕੱਠੇ ਹੋਏ ਲੋਕ ਅਸਲ ਵਲੰਟੀਅਰ ਹਨ, ਨਾ ਕਿ ਪੈਸੇ ਦੇ ਕੇ ਬੁਲਾਏ ਗਏ ਲੋਕ। ਵਿਰੋਧੀ ਵਿਧਾਇਕਾਂ ਦੀ ਆਲੋਚਨਾ ਕਰਦਿਆਂ ਮਾਨ ਨੇ ਕਿਹਾ ਕਿ ਵਿਧਾਨ ਸਭਾ ਵਿੱਚ ਜਨਤਕ ਮੁੱਦੇ ਚੁੱਕਣ ਦੀ ਬਜਾਏ ਉਹ ਵਿਘਨ ਪਾਉਣ ਅਤੇ ਸਿਆਸੀ ਨੰਬਰ ਬਣਾਉਣ ਵਿੱਚ ਲੱਗੇ ਰਹਿੰਦੇ ਹਨ। ਉਨ੍ਹਾ ਕਿਹਾ ਕਿ ਉਨ੍ਹਾਂ ਦੇ ਭਾਸ਼ਣਾਂ ਵਿੱਚ ਆਮ ਲੋਕਾਂ ਨਾਲ ਸੰਬੰਧਤ ਮੁੱਦਿਆਂ ਦੀ ਘਾਟ ਹੁੰਦੀ ਹੈ। ਉਨ੍ਹਾ ਕਿਹਾ ਕਿ ਬਹੁਤ ਸਾਰੇ ਆਗੂ ਪੰਜਾਬੀ ਭਾਸ਼ਾ ਅਤੇ ਸੱਭਿਆਚਾਰ ਨਾਲੋਂ ਟੁੱਟੇ ਹੋਏ ਹਨ।

ਸੁਤੰਤਰਤਾ ਸੈਨਾਨੀਆਂ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਥਾਪਰ ਦਾ ਜ਼ਿਕਰ ਕਰਦਿਆਂ ਮਾਨ ਨੇ ਉਨ੍ਹਾਂ ਦੇ ਆਖਰੀ ਦਿਨਾਂ ਦੇ ਕੁਝ ਅਣਸੁਣੇ ਕਿੱਸੇ ਸੁਣਾਏ ਅਤੇ ਕਿਹਾ ਕਿ ਅਜਿਹੀਆਂ ਕਹਾਣੀਆਂ ਸਕੂਲੀ ਸਿਲੇਬਸ ਵਿੱਚੋਂ ਗਾਇਬ ਹਨ। ਉਨ੍ਹਾ ਕੁਰਬਾਨੀ ਦੀ ਭਾਵਨਾ ਨੂੰ ਉਜਾਗਰ ਕਰਨ ਲਈ ਰਾਜਗੁਰੂ ਦੇ ਨਾਂਅ ਨਾਲ ਜੁੜੀਆਂ ਕੁਝ ਸਤਰਾਂ ਵੀ ਪੜ੍ਹੀਆਂ।

ਆਪਣੀ ਸਰਕਾਰ ਦੇ ਸਾਫ-ਸੁਥਰੇ ਅਕਸ ਨੂੰ ਦੁਹਰਾਉਂਦੇ ਹੋਏ ਮਾਨ ਨੇ ਵਿਰੋਧੀਆਂ ਨੂੰ ਚੁਣੌਤੀ ਦਿੱਤੀ ਕਿ ਉਹ ਉਨ੍ਹਾ ਦੇ ਕਾਰਜਕਾਲ ਦੌਰਾਨ ਭ੍ਰਿਸ਼ਟਾਚਾਰ ਦੀ ਕੋਈ ਵੀ ਮਿਸਾਲ ਪੇਸ਼ ਕਰਨ। ਉਨ੍ਹਾ ਕਿਹਾ, 'ਮੈਂ ਪੈਸਾ ਕਮਾਉਣ ਲਈ ਰਾਜਨੀਤੀ ਵਿੱਚ ਨਹੀਂ ਆਇਆ, ਮੇਰੇ ਕੋਲ ਪਹਿਲਾਂ ਹੀ ਬਹੁਤ ਸੀ।' ਇਤਿਹਾਸਕ

• ਬਾਕੀ ਸਫਾ 2 'ਤੇ

# ਈਰਾਨ ਨੇ ਦੋ ਹੋਰ ਅਮਰੀਕੀ ਜਹਾਜ਼ ਤੇ ਦੋ ਹੈਲੀਕਾਪਟਰ ਫੁੰਡੇ

## ਟਰੰਪ ਵੱਲੋਂ ਦੋ ਪਾਇਲਟ ਬਚਾ ਲੈਣ ਦਾ ਦਾਅਵਾ



ਈਰਾਨੀ ਸੰਸਦ ਦੇ ਸਪੀਕਰ ਵੱਲੋਂ ਅਮਰੀਕੀ ਜਹਾਜ਼ ਦੇ ਮਲਬੇ ਦੀ ਸਾਂਝੀ ਕੀਤੀ ਗਈ ਤਸਵੀਰ।

**ਤਹਿਰਾਨ** : ਈਰਾਨ ਨੇ ਕਿਹਾ ਹੈ ਕਿ ਅਮਰੀਕਾ ਵੱਲੋਂ ਆਪਣੇ ਪਾਇਲਟਾਂ ਨੂੰ ਬਚਾਉਣ ਦੇ ਅਪ੍ਰੇਸ਼ਨ ਦੌਰਾਨ ਉਸ ਨੇ ਉਸ ਦੇ ਦੋ ਸੀ-130 ਟਰਾਂਸਪੋਰਟ ਜਹਾਜ਼ ਤੇ 2 ਬਲੈਕ ਹੌਕ ਹੈਲੀਕਾਪਟਰ ਤਬਾਹ ਕਰ ਦਿੱਤੇ। ਦੂਜੇ ਪਾਸੇ ਅਮਰੀਕੀ ਅਖਬਾਰ 'ਦੀ ਨਿਊ ਯਾਰਕ ਟਾਈਮਜ਼' ਨੇ ਰਿਪੋਰਟ ਦਿੱਤੀ ਹੈ ਕਿ ਬਚਾਓ ਅਪ੍ਰੇਸ਼ਨ ਦੌਰਾਨ ਦੋ ਟਰਾਂਸਪੋਰਟ ਜਹਾਜ਼ ਫਸ ਗਏ ਸਨ, ਜਿਨ੍ਹਾਂ ਨੂੰ ਅਮਰੀਕੀ ਫੌਜ ਨੇ ਖੁਦ ਹੀ ਉਡਾ ਦਿੱਤਾ, ਤਾਂ ਕਿ ਉਨ੍ਹਾਂ ਦੀ ਤਕਨੀਕ ਈਰਾਨ ਦੇ ਹੱਥ ਨਾ ਲੱਗੇ। ਟਰੰਪ ਨੇ ਈਰਾਨ ਨੂੰ ਨਵੀਂ ਚਿਤਾਵਨੀ ਦਿੱਤੀ ਹੈ ਕਿ ਜੇ ਹਾਰਮੁਜ਼ ਜਲ ਮਾਰਗ ਦਾ ਰਸਤਾ ਮੁੜ ਨਾ ਖੋਲ੍ਹਿਆ ਗਿਆ ਤਾਂ ਅਮਰੀਕਾ ਮੰਗਲਵਾਰ ਨੂੰ ਈਰਾਨ 'ਤੇ ਵੱਡੀ ਫੌਜੀ ਕਾਰਵਾਈ ਕਰੇਗਾ। ਅਮਰੀਕੀ ਫੌਜ ਈਰਾਨ ਦੇ ਬਿਜਲੀ ਘਰਾਂ ਤੇ ਖਾਸ ਪੁਲਾਂ 'ਤੇ ਹਮਲੇ ਕਰੇਗੀ।

ਟਰੰਪ ਨੇ ਐਤਵਾਰ ਦਾਅਵਾ ਕੀਤਾ ਕਿ ਈਰਾਨ 'ਚ ਲਾਪਤਾ ਅਮਰੀਕੀ ਪਾਇਲਟ ਨੂੰ ਬਚਾਅ ਲਿਆ ਗਿਆ ਹੈ। ਜੰਗ ਵਿਚਾਲੇ ਟਰੰਪ ਨੇ ਇਸ ਮਿਸ਼ਨ ਨੂੰ ਅਮਰੀਕੀ ਇਤਿਹਾਸ ਦਾ ਸਭ ਤੋਂ ਦਲੇਰਾਨਾ ਬਚਾਅ ਕਾਰਜ ਕਰਾਰ ਦਿੱਤਾ। ਟਰੰਪ ਨੇ ਦੱਸਿਆ ਕਿ ਅਮਰੀਕੀ ਫੌਜ ਨੇ ਆਪਣੇ ਇੱਕ ਸੀਨੀਅਰ ਅਧਿਕਾਰੀ (ਕਰਨਲ) ਨੂੰ ਸਹੀ-ਸਲਾਮਤ ਬਚਾਅ ਲਿਆ ਹੈ। ਇਹ ਅਧਿਕਾਰੀ ਜਹਾਜ਼ ਡਿੱਗਣ ਤੋਂ ਬਾਅਦ ਈਰਾਨ ਦੇ ਪਹਾੜੀ ਇਲਾਕੇ ਵਿੱਚ ਦੁਸ਼ਮਣਾਂ ਦੇ ਵਿਚਕਾਰ ਫਸ ਗਿਆ ਸੀ। ਰਾਸ਼ਟਰਪਤੀ ਮੁਤਾਬਕ ਕਰਨਲ ਜ਼ਖਮੀ ਜ਼ਰੂਰ ਹੈ, ਪਰ ਹੁਣ ਉਹ ਪੂਰੀ ਤਰ੍ਹਾਂ ਸੁਰੱਖਿਅਤ ਹੈ।

ਟਰੰਪ ਨੇ ਦੱਸਿਆ ਕਿ ਇਸ ਬਚਾਅ ਮੁਹਿੰਮ ਵਿੱਚ ਕਈ ਜਹਾਜ਼ਾਂ ਨੇ ਹਿੱਸਾ ਲਿਆ ਅਤੇ ਵੱਡੇ ਫੌਜੀ ਅਧਿਕਾਰੀਆਂ ਦੀ ਦੇਖ-ਰੇਖ ਵਿੱਚ ਪੂਰੀ ਯੋਜਨਾ ਨਾਲ ਇਸ ਨੂੰ ਪੂਰਾ ਕੀਤਾ ਗਿਆ। ਉਨ੍ਹਾ ਦਾਅਵਾ ਕੀਤਾ ਕਿ ਇਸ ਖ਼ਤਰਨਾਕ ਮਿਸ਼ਨ ਦੌਰਾਨ ਕਿਸੇ ਵੀ ਅਮਰੀਕੀ ਜਵਾਨ ਦਾ ਕੋਈ ਜਾਨੀ ਨੁਕਸਾਨ ਨਹੀਂ ਹੋਇਆ। ਟਰੰਪ ਨੇ ਦੱਸਿਆ ਕਿ ਇੱਕ ਦਿਨ ਪਹਿਲਾਂ ਇੱਕ ਹੋਰ ਪਾਇਲਟ ਨੂੰ ਵੀ ਬਚਾਇਆ ਗਿਆ ਸੀ, ਪਰ ਦੂਜੇ ਮਿਸ਼ਨ ਦੀ ਸੁਰੱਖਿਆ ਕਾਰਨ ਇਸ ਨੂੰ ਗੁਪਤ ਰੱਖਿਆ ਗਿਆ ਸੀ। ਉਨ੍ਹਾ ਨੇ ਇਨ੍ਹਾਂ ਦੋਵਾਂ ਕਾਰਵਾਈਆਂ ਨੂੰ ਇਤਿਹਾਸਕ ਦੱਸਦਿਆਂ ਕਿਹਾ ਕਿ ਇਹ ਪਹਿਲੀ ਵਾਰ ਹੈ ਜਦੋਂ ਦੁਸ਼ਮਣ ਦੇ ਇਲਾਕੇ ਵਿੱਚੋਂ ਦੋ ਅਮਰੀਕੀ ਪਾਇਲਟਾਂ ਨੂੰ ਵੱਖ-ਵੱਖ ਮਿਸ਼ਨਾਂ ਰਾਹੀਂ ਸੁਰੱਖਿਅਤ ਕੱਢਿਆ ਗਿਆ ਹੈ। ਅਮਰੀਕੀ ਫੌਜ ਦੀ ਤਾਕਤ ਦੀ ਤਾਰੀਫ਼ ਕਰਦੇ ਹੋਏ ਟਰੰਪ ਨੇ ਕਿਹਾ ਕਿ ਇਨ੍ਹਾਂ ਕਾਰਵਾਈਆਂ ਨੇ ਈਰਾਨੀ ਅਸਮਾਨ ਵਿੱਚ ਅਮਰੀਕਾ ਦਾ ਦਬਦਬਾ ਸਾਬਤ ਕਰ ਦਿੱਤਾ ਹੈ। ਉਨ੍ਹਾ ਦੁਹਰਾਇਆ ਕਿ ਅਮਰੀਕਾ ਕਦੇ ਵੀ ਕਿਸੇ ਅਮਰੀਕੀ ਯੋਧੇ ਨੂੰ ਪਿੱਛੇ ਨਹੀਂ ਛੱਡੇਗਾ। ਐਤਵਾਰ ਨੂੰ ਸੰਯੁਕਤ ਅਰਬ ਅਮੀਰਾਤ (ਯੂ ਏ ਈ) ਦੇ ਪ੍ਰਮੁੱਖ ਪੈਟਰੋਕੈਮੀਕਲ ਪਲਾਂਟ 'ਤੇ ਹਮਲੇ ਤੋਂ ਬਾਅਦ ਉੱਥੇ ਉਤਪਾਦਨ ਪੂਰੀ ਤਰ੍ਹਾਂ ਠੱਪ ਹੋ ਗਿਆ। ਅਬੂ ਧਾਬੀ ਦੇ ਅਧਿਕਾਰੀਆਂ ਨੇ ਪੁਸ਼ਟੀ ਕੀਤੀ ਕਿ ਰੁਵੈਸ ਸਥਿਤ 'ਬੋਰੂਜ' ਪੈਟਰੋਕੈਮੀਕਲ ਪਲਾਂਟ 'ਤੇ ਹਮਲੇ ਤੋਂ ਬਾਅਦ ਅੱਗ ਲੱਗ ਗਈ। ਹਵਾਈ ਰੱਖਿਆ ਪ੍ਰਣਾਲੀ ਵੱਲੋਂ ਦੁਸ਼ਮਣ ਦੀ ਮਿਜ਼ਾਈਲ ਜਾਂ ਡਰੋਨ ਨੂੰ ਨਸ਼ਟ ਕਰਨ ਤੋਂ ਬਾਅਦ ਡਿੱਗੇ ਮਲਬੇ ਕਾਰਨ ਇਹ ਅੱਗ ਲੱਗੀ। ਸਾਵਧਾਨੀ ਵਜੋਂ ਪਲਾਂਟ ਵਿੱਚ ਉਤਪਾਦਨ ਬੰਦ ਕਰ ਦਿੱਤਾ ਗਿਆ ਹੈ। ਇਹ ਪਲਾਂਟ ਅਬੂ ਧਾਬੀ ਦੀ ਸਰਕਾਰੀ ਤੇਲ ਕੰਪਨੀ ਅਤੇ ਆਸਟਰੇਲੀਆ ਦੀ ਬੋਰੇਲਿਸ ਕੰਪਨੀ ਨੇ ਮਿਲ ਕੇ ਲਗਾਇਆ ਹੈ। ਇਹ ਪਲਾਂਟ ਇਸ ਇਲਾਕੇ ਦੀ ਕਮਾਈ ਲਈ ਬਹੁਤ ਅਹਿਮ ਮੰਨਿਆ ਜਾਂਦਾ ਹੈ। ਇਸੇ ਦੌਰਾਨ ਈਰਾਨੀ ਜਨਰਲ ਅਲੀ ਅਬਦੁੱਲਾਹੀ ਅਲੀਆਬਾਦੀ ਨੇ ਚਿਤਾਵਨੀ ਦਿੱਤੀ ਹੈ ਕਿ ਜੇ ਅਮਰੀਕਾ ਨੇ ਹਮਲੇ ਤੇਜ਼ ਕੀਤੇ, ਤਾਂ ਈਰਾਨ ਖੇਤਰ 'ਚ ਮੌਜੂਦ ਸਾਰੇ ਅਮਰੀਕੀ ਫੌਜੀ ਟਿਕਾਣਿਆਂ ਤੇ ਇਜ਼ਰਾਈਲ ਦੇ ਬੁਨਿਆਦੀ ਢਾਂਚੇ ਨੂੰ ਨਿਸ਼ਾਨਾ ਬਣਾਏਗਾ। ਕੁਵੈਤ ਸਿਟੀ ਵਿੱਚ ਐਤਵਾਰ ਹੋਏ ਡਰੋਨ ਹਮਲੇ ਵਿੱਚ ਵਿੱਤ ਮੰਤਰਾਲੇ ਦੇ ਦਫਤਰ ਨੂੰ ਕਾਫੀ ਨੁਕਸਾਨ ਪਹੁੰਚਿਆ ਹੈ। ਹਾਲਾਂਕਿ ਜਾਨੀ ਨੁਕਸਾਨ ਨਹੀਂ ਹੋਇਆ। ਕੁਵੈਤ ਦੇ ਬਿਜਲੀ ਮੰਤਰਾਲੇ ਨੇ ਕਿਹਾ ਕਿ ਡਰੋਨ ਹਮਲੇ ਕਾਰਨ ਬਿਜਲੀ ਪੈਦਾ ਕਰਨ ਵਾਲੇ ਦੋ ਯੂਨਿਟ ਬੰਦ ਹੋ ਗਏ ਹਨ, ਜਿਸ ਨਾਲ ਸਰਕਾਰੀ ਸਹੂਲਤਾਂ ਨੂੰ ਨੁਕਸਾਨ ਪਹੁੰਚਿਆ ਹੈ। ਬਹਿਰੀਨ ਦੀ ਪੈਟਰੋਲੀਅਮ ਕੰਪਨੀ ਬੈਪਕੋ ਐਨਰਜੀਜ਼ ਨੇ ਕਿਹਾ ਕਿ ਈਰਾਨੀ ਡਰੋਨ ਹਮਲੇ ਕਾਰਨ ਉਸ ਦੇ ਸਟੋਰੇਜ ਟੈਂਕ ਨੂੰ ਅੱਗ ਲੱਗ ਗਈ ਸੀ, ਜਿਸ ਨੂੰ ਹੁਣ ਬੁਝਾ ਦਿੱਤਾ ਗਿਆ ਹੈ ਅਤੇ ਕਿਸੇ ਦੇ ਜ਼ਖਮੀ ਹੋਣ ਦੀ ਕੋਈ ਖਬਰ ਨਹੀਂ ਹੈ। ਸਟੋਰੇਜ ਸਹੂਲਤਾਂ ਦੇ ਨੁਕਸਾਨ ਦਾ ਅੰਦਾਜ਼ਾ ਲਗਾਇਆ ਜਾ ਰਿਹਾ ਹੈ।

## ਕੋਟ ਸ਼ਮੀਰ ਦੀ ਸਾਰੀ ਚੌਕੀ ਬਦਲੀ

**ਬਠਿੰਡਾ** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬਠਿੰਡਾ ਜ਼ਿਲ੍ਹੇ ਵਿੱਚ ਨਸ਼ਿਆਂ ਦੀ ਰੋਕਥਾਮ ਵਿੱਚ ਕਥਿਤ ਲਾਪਰਵਾਹੀ ਵਿਰੁੱਧ ਕਾਰਵਾਈ ਕੀਤੀ ਹੈ। ਸਨਿੱਚਰਵਾਰ ਇੱਥੇ ਇੱਕ ਪਾਰਟੀ ਮੀਟਿੰਗ ਦੌਰਾਨ ਇੱਕ ਸਰਪੰਚ ਵੱਲੋਂ ਕੀਤੀ ਸ਼ਿਕਾਇਤ ਤੋਂ ਬਾਅਦ ਮਾਨ ਨੇ ਕੋਟ ਸ਼ਮੀਰ ਪੁਲਸ ਚੌਕੀ ਦੇ ਪੂਰੇ ਸਟਾਫ ਨੂੰ ਤਬਦੀਲ ਕਰਨ ਦੇ ਹੁਕਮ ਦਿੱਤੇ। ਮੁੱਖ ਮੰਤਰੀ ਦੇ ਨਿਰਦੇਸ਼ਾਂ 'ਤੇ ਕਾਰਵਾਈ ਕਰਦਿਆਂ ਬਠਿੰਡਾ ਰੇਂਜ ਦੇ ਡੀ ਆਈ ਜੀ ਹਰਜੀਤ ਸਿੰਘ ਨੇ ਚੌਕੀ ਇੰਚਾਰਜ ਸਮੇਤ 11 ਪੁਲਸ ਮੁਲਾਜ਼ਮਾਂ ਨੂੰ ਮਾਨਸਾ ਜ਼ਿਲ੍ਹੇ ਵਿੱਚ ਤਬਦੀਲ ਕਰ ਦਿੱਤਾ ਹੈ। ਇਨ੍ਹਾਂ ਵਿੱਚ ਤਿੰਨ ਏ ਐੱਸ ਆਈ, ਚਾਰ ਸੀਨੀਅਰ ਕਾਂਸਟੇਬਲ, ਇੱਕ ਕਾਂਸਟੇਬਲ ਅਤੇ ਤਿੰਨ ਹੋਮ ਗਾਰਡ ਸ਼ਾਮਲ ਹਨ। ਇਸ ਤੋਂ ਇਲਾਵਾ ਬਠਿੰਡਾ ਸਦਰ ਥਾਣੇ ਦੇ ਐੱਸ ਐੱਚ ਓ ਵਿਰੁੱਧ ਵਿਭਾਗੀ ਜਾਂਚ ਦੇ ਹੁਕਮ ਵੀ ਦਿੱਤੇ ਗਏ ਹਨ। ਗੁਲਾਬਗੜ੍ਹ ਦੇ ਸਰਪੰਚ ਲੱਖਾ ਸਿੰਘ ਨੇ ਮੀਟਿੰਗ ਦੌਰਾਨ ਮੁੱਖ ਮੰਤਰੀ ਨੂੰ ਪਿੰਡ ਵਿੱਚ ਨਸ਼ਿਆਂ ਕਾਰਨ ਹੋਈਆਂ ਮੌਤਾਂ ਅਤੇ ਸਥਾਨਕ ਪੁਲਸ ਦੀ ਢਿੱਲੀ ਕਾਰਗੁਜ਼ਾਰੀ ਬਾਰੇ ਜਨਤਕ ਤੌਰ 'ਤੇ ਜਾਣਕਾਰੀ ਦਿੱਤੀ ਸੀ। ਮੁੱਖ ਮੰਤਰੀ ਨੇ ਤੁਰੰਤ ਨੋਟਿਸ ਲੈਂਦਿਆਂ ਸਖਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਅਤੇ ਸਪੱਸ਼ਟ ਕੀਤਾ ਕਿ ਨਸ਼ਿਆਂ ਦੇ ਮੁੱਦੇ 'ਤੇ ਕੋਈ ਵੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

## ਮਾਨ ਅੱਜ 100 ਨਵੀਂਆਂ ਬੱਸਾਂ ਨੂੰ ਦਿਖਾਉਣਗੇ ਹਰੀ ਝੰਡੀ



**ਚੰਡੀਗੜ੍ਹ (ਗੁਰਜੀਤ ਬਿੱਲਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ 6 ਅਪ੍ਰੈਲ ਨੂੰ ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਦੀਆਂ 100 ਨਵੀਆਂ ਬੱਸਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕਰਨਗੇ।

ਵਿੱਤ ਅਤੇ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਕੁੱਲ 100 ਮਿਡੀ ਅਤੇ 309 ਸਾਧਾਰਨ ਬੱਸਾਂ ਦੀ ਖਰੀਦ ਲਈ ਲਗਭਗ 125 ਕਰੋੜ ਰੁਪਏ ਦਾ ਪੂੰਜੀਗਤ ਨਿਵੇਸ਼ ਕਰ ਰਹੀ ਹੈ, ਜਿਨ੍ਹਾਂ ਨੂੰ ਪੜਾਅਵਾਰ ਢੰਗ ਨਾਲ ਬੇੜੇ ਵਿੱਚ ਸ਼ਾਮਲ ਕੀਤਾ ਜਾਵੇਗਾ। ਪੀ ਆਰ ਟੀ ਸੀ ਕਿਲੋਮੀਟਰ ਸਕੀਮ ਤਹਿਤ 254 ਵਾਧੂ ਸਾਧਾਰਨ ਬੱਸਾਂ ਵੀ ਪਾਈਆਂ ਜਾਣਗੀਆਂ।

## ਬੀਬੀਆਂ ਦੀ ਟੀਮ ਮਾਊਂਟ ਐਵਰੈਸਟ 'ਤੇ ਚੜ੍ਹਾਈ ਕਰੇਗੀ

**ਨਵੀਂ ਦਿੱਲੀ** : ਭਾਰਤ-ਤਿੱਬਤ ਸੀਮਾ ਪੁਲਸ (ਆਈ ਟੀ ਬੀ ਪੀ) ਦੀਆਂ ਮਹਿਲਾ ਜਵਾਨ ਮਈ-ਜੂਨ ਵਿੱਚ ਦੁਨੀਆ ਦੀ ਸਭ ਤੋਂ ਉੱਚੀ ਚੋਟੀ ਮਾਊਂਟ ਐਵਰੈਸਟ 'ਤੇ ਚੜ੍ਹਾਈ ਕਰਨਗੀਆਂ। ਇਹ ਆਈ ਟੀ ਬੀ ਪੀ ਦੀ ਪਹਿਲੀ ਅਜਿਹੀ ਮੁਹਿੰਮ ਹੈ, ਜਿਸ ਵਿੱਚ ਕੇਵਲ ਮਹਿਲਾਵਾਂ ਸ਼ਾਮਲ ਹੋਣਗੀਆਂ।

ਇਸ ਦਾ ਮੁੱਖ ਮਕਸਦ ਮਹਿਲਾ ਸਸ਼ਕਤੀਕਰਨ ਨੂੰ ਉਤਸ਼ਾਹਤ ਕਰਨਾ ਅਤੇ ਉਨ੍ਹਾਂ ਨੂੰ ਉੱਚੇ ਪਹਾੜਾਂ 'ਤੇ ਕੰਮ ਕਰਨ ਲਈ ਹੋਰ ਵੀ ਨਿਪੁੰਨ ਬਣਾਉਣਾ ਹੈ। ਇਸ ਮੁਹਿੰਮ ਲਈ 17 ਮੈਂਬਰੀ ਟੀਮ ਬਣਾਈ ਗਈ ਹੈ, ਜਿਸ ਵਿੱਚ ਤਿੰਨ ਪੁਰਸ਼ ਮੈਂਬਰ ਵੀ ਸ਼ਾਮਲ ਹਨ। ਇਨ੍ਹਾਂ ਵਿੱਚੋਂ 14 ਮੈਂਬਰ ਪਹਾੜ ਦੀ ਚੜ੍ਹਾਈ ਕਰਨਗੇ, ਜਦਕਿ 3 ਮੈਂਬਰ ਮਦਦ ਲਈ ਬੇਸ ਕੈਂਪ 'ਤੇ ਰਹਿਣਗੇ। ਇਹ ਚੜ੍ਹਾਈ ਤਿੱਬਤ ਦੀ ਬਜਾਏ ਨੇਪਾਲ ਵਾਲੇ ਰਸਤੇ ਤੋਂ ਕੀਤੀ ਜਾਵੇਗੀ।

## 4 ਕਿੱਲੋ ਹੈਰੋਇਨ ਫੜੀ

**ਅੰਮ੍ਰਿਤਸਰ** : ਪੁਲਸ ਕਮਿਸ਼ਨਰੇਟ ਨੇ ਆਤਿਸ਼ ਸੁਮਨ ਅਤੇ ਸਵਿੰਦਰ ਸਿੰਘ ਉਰਫ ਸੁੰਦਰੀ ਨੂੰ ਗ੍ਰਿਫਤਾਰ ਕਰਕੇ 4 ਕਿੱਲੋ 130 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਪੁਲਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਮੁਲਜ਼ਮ ਸੋਸ਼ਲ ਮੀਡੀਆ ਰਾਹੀਂ ਪਾਕਿਸਤਾਨੀ ਸਮਗਲਰਾਂ ਦੇ ਸਿੱਧੇ ਸੰਪਰਕ ਵਿੱਚ ਸਨ। ਉਹ ਸਰਹੱਦ ਪਾਰੋਂ ਮਿਲਦੇ ਇਸ਼ਾਰਿਆਂ ਮੁਤਾਬਕ ਤੈਅ ਕੀਤੀਆਂ ਥਾਵਾਂ ਤੋਂ ਹੈਰੋਇਨ ਦੀਆਂ ਖੇਪਾਂ ਪ੍ਰਾਪਤ ਕਰਦੇ ਸਨ ਅਤੇ ਫਿਰ ਅੱਗੇ ਹੋਰ ਨਸ਼ਾ ਤਸਕਰਾਂ ਨੂੰ ਸਪਲਾਈ ਕਰਦੇ ਸਨ। ਅੰਮ੍ਰਿਤਸਰ ਦੇ ਸੁਲਤਾਨਵਿੰਡ ਥਾਣੇ ਵਿੱਚ ਕੇਸ ਦਰਜ ਕਰ ਲਿਆ ਗਿਆ ਹੈ।

# ਸਰਕਾਰਾਂ ਦੀਆਂ ਨੀਤੀਆਂ ਨੇ ਇਲਾਜ ਨੂੰ ਲੋਕਾਂ ਦੀ ਪਹੁੰਚ ਤੋਂ ਦੂਰ ਕਰ ਦਿੱਤਾ : ਡਾ. ਅਰੁਣ ਮਿੱਤਰਾ

## ਬੀਮਾ ਸਕੀਮਾਂ ਰਾਹੀਂ ਸਿਹਤ ਸੇਵਾਵਾਂ ਦਾ ਨਿੱਜੀਕਰਨ ਕੀਤਾ ਜਾ ਰਿਹੈ : ਡਾ. ਜਸਵੀਰ ਔਲਖ



**ਮੋਗਾ (ਇਕਬਾਲ ਸਿੰਘ ਖਹਿਰਾ)**

ਇੰਡੀਅਨ ਡਾਕਟਰ ਫਾਰ ਪੀਸ ਐਂਡ ਡਿਵੈੱਲਪਮੈਂਟ ਅਤੇ ਤਾਲਮੇਲ ਪੈਰਾ-ਮੈਡੀਕਲ ਅਤੇ ਸਿਹਤ ਕਰਮਚਾਰੀ ਪੰਜਾਬ ਵੱਲੋਂ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਪਵਨ ਵਿਖੇ 'ਸਭ ਲਈ ਸਿਹਤ ਚੁਣੌਤੀਆਂ ਅਤੇ ਉਸ ਦਾ ਹੱਲ' ਵਿਸ਼ੇ 'ਤੇ ਵਿਚਾਰ-ਗੋਸ਼ਟੀ ਕੀਤੀ ਗਈ। ਇਸ ਸੈਮੀਨਾਰ ਨੂੰ ਸੰਬੋਧਨ ਕਰਦਿਆਂ ਸਾਬਕਾ ਡਿਪਟੀ ਡਾਇਰੈਕਟਰ ਸਿਹਤ ਮੰਤਰਾਲਾ ਡਾਕਟਰ ਜਸਵੀਰ ਸਿੰਘ ਔਲਖ ਨੇ ਕਿਹਾ ਕੇ ਅੱਜ ਬੀਮਾ ਸਕੀਮਾਂ ਰਾਹੀਂ ਸਿਹਤ ਸੇਵਾਵਾਂ ਦਾ ਨਿੱਜੀਕਰਨ ਕੀਤਾ ਜਾ ਰਿਹਾ ਹੈ। 5 ਲੱਖ ਅਤੇ 10 ਲੱਖ ਸਿਹਤ ਬੀਮਾ ਯੋਜਨਾ ਕਾਰਡ ਤਹਿਤ ਕਰੋੜਾਂ ਰੁਪਏ ਦਾ ਘੁਟਾਲਾ ਕਰਕੇ ਪ੍ਰਾਈਵੇਟ ਹਸਪਤਾਲ ਲੋਕਾਂ ਦੀ ਲੁੱਟ ਕਰ ਰਹੇ ਹਨ। ਉਨ੍ਹਾ ਕਿਹਾ ਕਿ ਭਾਰਤ ਵਿੱਚ ਸ਼ਹਿਰੀ ਗਰੀਬਾਂ ਦੇ ਸਿਰਫ 18 ਫੀਸਦੀ ਹਿੱਸਾ ਦੀ ਹੀ ਇਹਨਾਂ ਸਿਹਤ ਬੀਮਾ ਸਕੀਮਾਂ ਤੱਕ ਪਹੁੰਚ ਹੈ। ਇਹਨਾਂ ਬੀਮਾ ਸਿਹਤ ਸਕੀਮਾਂ ਦਾ ਫਾਇਦਾ ਹਸਪਤਾਲ ਵਿੱਚ ਦਾਖਲ ਹੋਣ 'ਤੇ ਹੀ ਮਿਲਦਾ ਹੈ, ਜਦੋਂ ਕਿ ਸਰਕਾਰੀ ਹਸਪਤਾਲਾਂ ਵਿੱਚ ਤਾਂ ਮਰੀਜ਼ਾਂ ਦੀ ਵੱਡੀ ਗਿਣਤੀ ਆਊਟਡੋਰ ਵਿੱਚ ਹੁੰਦੀ ਹੈ। ਇਸ ਸੰਬੰਧ ਵਿੱਚ ਪੰਜਾਬ ਵਿੱਚ ਕੋਈ ਵੀ ਐਂਟੀ ਫਰਾਡ ਯੂਨਿਟ ਐਕਟਿਵ ਨਹੀਂ।

ਡਾਕਟਰ ਅਰੁਣ ਮਿੱਤਰਾ ਕੌਮੀ ਪ੍ਰਧਾਨ ਆਈ ਡੀ ਪੀ ਡੀ ਨੇ ਕਿਹਾ ਕਿ ਸਿਹਤ ਸਾਡਾ ਮੌਲਿਕ ਅਧਿਕਾਰ ਹੋਣਾ ਚਾਹੀਦਾ ਹੈ, ਪਰ ਅੱਜ ਪੂੰਜੀਵਾਦੀ ਪ੍ਰਬੰਧ ਅਧੀਨ ਸਰਕਾਰਾਂ ਦੀਆਂ ਨੀਤੀਆਂ ਨੇ ਇਲਾਜ ਨੂੰ ਲੋਕਾਂ ਦੀ ਪਹੁੰਚ ਤੋਂ ਦੂਰ ਕਰ ਦਿੱਤਾ ਹੈ। ਬੀਮਾ ਕੰਪਨੀਆਂ ਤੋਂ ਬਿਨਾਂ ਸਰਕਾਰ ਸਿੱਧੇ ਤੌਰ 'ਤੇ ਨਿਵੇਸ਼ ਕਰਕੇ ਪਬਲਿਕ ਸੈਕਟਰ ਨੂੰ ਮਜ਼ਬੂਤ ਕੀਤਾ

• ਬਾਕੀ ਸਫਾ 2 'ਤੇ

# ਮੋਦੀ ਨੇ ਈਰਾਨ ਦਾ ਸਾਥ ਨਾ ਦੇ ਕੇ ਦੇਸ਼ ਨੂੰ ਸੰਕਟ 'ਚ ਪਾਇਆ : ਅਰਸ਼ੀ, ਮਾੜੀਮੇਘਾ



**ਅੰਮ੍ਰਿਤਸਰ** : ਭਾਰਤੀ ਕਮਿਊਨਿਸਟ ਪਾਰਟੀ ਅੰਮ੍ਰਿਤਸਰ ਦਿਹਾਤੀ ਦੀ ਮੀਟਿੰਗ ਬਾਬਾ ਸੋਹਣ ਸਿੰਘ ਭਕਨਾ ਭਵਨ ਵਿਖੇ ਬਰਜਿੰਦਰ ਸਿੰਘ ਜੋਸਨ ਦੀ ਪ੍ਰਧਾਨਗੀ ਹੇਠ ਹੋਈ, ਜਿਸ ਨੂੰ ਸੰਬੋਧਨ ਕਰਦਿਆਂ ਸਾਬਕਾ ਵਿਧਾਇਕ ਹਰਦੇਵ ਸਿੰਘ ਅਰਸ਼ੀ ਅਤੇ ਪ੍ਰਿਥੀਪਾਲ ਮਾੜੀਮੇਘਾ ਨੇ ਕਿਹਾ ਕਿ ਅਮਰੀਕਾ ਅਤੇ ਇਜ਼ਰਾਈਲ ਵੱਲੋਂ ਈਰਾਨ 'ਤੇ ਕੀਤਾ ਗਿਆ ਹਮਲਾ ਕੌਮਾਂਤਰੀ ਕਨੂੰਨਾਂ ਅਤੇ ਯੂ ਐੱਨ ਓ ਦੀਆਂ ਗਾਈਡ ਲਾਈਨਾਂ ਦੀ ਉਲੰਘਣਾ ਹੈ। ਇੱਕ ਆਜ਼ਾਦ ਦੇਸ਼ 'ਤੇ ਇਸ ਤਰਾਂ ਹਮਲਾ ਕਰਕੇ ਉਸ ਦੇਸ਼ ਦੇ ਲੋਕਾਂ ਅਤੇ ਖਾਸ ਕਰਕੇ ਵਪਾਰਕ, ਵਿਦਿਅਕ ਸੰਸਥਾਵਾਂ ਨੂੰ ਤਬਾਹ ਕਰਨਾ ਮਨੁੱਖਤਾ ਵਿਰੋਧੀ ਅਪਰਾਧ ਹੈ। ਇਸ ਜੰਗ ਦੇ ਭਿਆਨਕ ਸਿੱਟਿਆਂ ਨਾਲ ਪੂਰੀ ਦੁਨੀਆ ਪ੍ਰਭਾਵਿਤ ਹੋਈ ਹੈ। ਈਰਾਨ ਦੇ ਬਹਾਦਰ ਲੋਕਾਂ ਵੱਲੋਂ ਬੜੀ ਨਿਡਰਤਾ ਨਾਲ ਲੜ ਕੇ ਅਮਰੀਕਾ-ਇਜ਼ਰਾਈਲ ਦੀਆਂ ਗੋਡਣੀਆਂ ਲਵਾਈਆਂ ਜਾ ਰਹੀਆਂ ਹਨ। ਉਹਨਾਂ ਭਾਰਤ ਸਰਕਾਰ ਵੱਲੋਂ ਧਾਰਨ ਕੀਤੀ ਵਿਦੇਸ਼ ਨੀਤੀ ਦੀ ਜ਼ੋਰਦਾਰ ਅਲੋਚਨਾ ਕਰਦਿਆਂ ਕਿਹਾ ਕਿ ਸਾਡੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਆਪਣੇ ਪੁਰਾਣੇ ਮਿੱਤਰ ਈਰਾਨ ਦਾ ਇਸ ਜੰਗ ਵਿੱਚ ਸਾਥ ਨਾ ਦੇ ਕਿ ਦੇਸ਼ ਦੀ ਗੁੱਟ ਨਿਰਲੇਪ ਨੀਤੀ ਨੂੰ ਤਿਲਾਂਜਲੀ ਦੇ ਦਿੱਤੀ ਹੈ। ਇਹ ਸਰਕਾਰ ਅੱਜਕੱਲ੍ਹ ਅਮਰੀਕਾ ਦੇ ਦਬਾਅ ਹੇਠ ਕੰਮ ਕਰ ਰਹੀ ਹੈ। ਆਪਣੇ ਮਿੱਤਰ ਦੇਸ਼ਾਂ ਰੂਸ ਅਤੇ ਈਰਾਨ ਨਾਲ ਤੇਲ ਦੇ ਸਮਝੌਤੇ ਰੱਦ ਕਰਕੇ ਅਮਰੀਕਾ ਦੇ ਦਬਾਅ ਹੇਠ ਧਾਰਨ ਕੀਤੀ ਨੀਤੀ ਕਾਰਨ ਦੇਸ਼ ਅੰਦਰ ਤੇਲ ਅਤੇ ਗੈਸ ਦੀ ਕਿੱਲਤ ਆ ਰਹੀ ਹੈ। ਇਸ ਜੰਗ ਦੇ ਲੰਮੀ ਚੱਲਣ ਨਾਲ ਜਿਥੇ ਦੇਸ਼ ਦੇ ਲੋਕਾਂ ਨੂੰ ਗੈਸ ਤੇ ਤੇਲ ਦੇ ਸੰਕਟ ਦਾ ਸਾਹਮਣਾ ਕਰਨਾ ਪਵੇਗਾ, ਉਥੇ ਮਹਿੰਗਾਈ ਵਧਣ ਨਾਲ ਆਮ ਲੋਕਾਂ ਦੇ ਜੀਵਨ 'ਤੇ ਵੀ ਅਸਰ ਪਵੇਗਾ। ਜ਼ਿਲ੍ਹਾ ਸਕੱਤਰ ਲਖਬੀਰ ਸਿੰਘ ਨਿਜ਼ਾਮਪੁਰ ਨੇ ਸਾਬਕਾ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਵੇਅਰਹਾਊਸ ਕਾਰਪੋਰੇਸ਼ਨ ਦੇ ਜ਼ਿਲ੍ਹਾ ਮੈਨੇਜਰ ਅੰਮ੍ਰਿਤਸਰ/ਤਰਨ

• ਬਾਕੀ ਸਫਾ 2 'ਤੇ

## ਅੱਜ-ਨਾਮਾ

ਪਿੰਡਾਂ-ਸ਼ਹਿਰਾਂ ਵਿੱਚ ਇੱਕੋ ਹੈ ਖੱਪ ਪੈਂਦੀ,
ਮਹਿੰਗੇ ਹੋਏ ਪਏ ਡੀਜ਼ਲ, ਪੈਟਰੋਲ ਬੇਲੀ।
ਰਸੋਈ ਵਾਲੀ ਵੀ ਗੈਸ ਆ ਗਾਇਬ ਹੋਈ,
ਖੜਕਦੇ ਖਾਲੀ ਸਿਲੰਡਰ ਹਨ ਢੋਲ ਬੇਲੀ।
ਮੰਤਰੀ ਕੇਂਦਰ ਦੇ ਆਖਦੇ ਘਾਟ ਕੋਈ ਨਾ,
ਜਿਨ੍ਹਾਂ ਦੇ ਹੱਥ ਵਿੱਚ ਕੁੱਲ ਕੰਟਰੋਲ ਬੇਲੀ।
ਨਹੀਂਉਂ ਅਫਸਰ ਪੰਜਾਬ ਦੇ ਦਖਲ ਦੇਂਦੇ,
ਬਣੇ ਪਏ ਜਿੱਦਾਂ ਨੇ ਨਿਰੇ ਅਣਭੋਲ ਬੇਲੀ।
ਘਰ ਵਿੱਚ ਔਰਤ ਕਸੂਤੀ ਆ ਫਸੀ ਹੁੰਦੀ,
ਜੀਹਦੇ ਸਿਰ ਹੋਵੇ ਰਸੋਈ ਦਾ ਭਾਰ ਬੇਲੀ।
ਗੈਸ ਨਾ ਮਿਲੀ ਦੀ ਗੱਲ ਨਾ ਢਿੱਡ ਭਰਦੀ,
ਝਾਕਦਾ ਰਸੋਈ ਦੇ ਵੰਨੀਂ ਪਰਵਾਰ ਬੇਲੀ।

-ਤੀਸ ਮਾਰ ਖਾਂ

## ਭਾਜਪਾ ਦਫਤਰ ਅੱਗੇ ਧਮਾਕੇ ਦੇ ਦੋਨੋਂ ਮੁੱਖ ਮੁਲਜ਼ਮ ਗ੍ਰਿਫਤਾਰ : ਡੀ ਜੀ ਪੀ

**ਚੰਡੀਗੜ੍ਹ** : ਪੰਜਾਬ ਦੇ ਡੀ ਜੀ ਪੀ ਗੌਰਵ ਯਾਦਵ ਨੇ ਐਤਵਾਰ ਦੱਸਿਆ ਕਿ ਚੰਡੀਗੜ੍ਹ ਸਥਿਤ ਪੰਜਾਬ ਭਾਜਪਾ ਦੇ ਮੁੱਖ ਦਫਤਰ ਦੇ ਬਾਹਰ ਹੋਏ ਧਮਾਕੇ ਦੇ ਦੋ ਮੁੱਖ ਮੁਲਜ਼ਮਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਇਨ੍ਹਾਂ ਦੀ ਪਛਾਣ ਗੁਰਤੇਜ ਸਿੰਘ ਅਤੇ ਅਮਨਪ੍ਰੀਤ ਸਿੰਘ ਵਜੋਂ ਹੋਈ ਹੈ, ਜੋ ਕਿ ਰੋਪੜ ਦੇ ਮੋਰਿੰਡਾ ਨੇੜਲੇ ਪਿੰਡ ਰਤਨਗੜ੍ਹ ਦੇ ਰਹਿਣ ਵਾਲੇ ਹਨ। ਦੋਵਾਂ ਨੂੰ ਸ਼ਨੀਵਾਰ ਰਾਤ ਹਰਿਆਣਾ ਦੇ ਰੇਵਾੜੀ ਤੋਂ ਕਾਬੂ ਕੀਤਾ ਗਿਆ। ਇੱਕ ਅਪਰੈਲ ਨੂੰ ਸੈਕਟਰ 37 ਵਿੱਚ ਹੋਏ ਧਮਾਕੇ ਵਿੱਚ ਹਾਲਾਂਕਿ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਸੀ, ਪਰ ਕਾਰਾਂ ਦੇ ਸ਼ੀਸ਼ੇ ਟੁੱਟ ਗਏ ਸਨ ਅਤੇ ਇੱਕ ਸਕੂਟਰ ਨੂੰ ਨੁਕਸਾਨ ਪਹੁੰਚਿਆ ਸੀ। ਪੁਲਸ ਨੇ ਇਨ੍ਹਾਂ ਕੋਲੋਂ ਇੱਕ ਹੈਂਡ ਗ੍ਰਨੇਡ ਅਤੇ ਇੱਕ .30 ਬੋਰ ਦੀ ਜ਼ਿਗਾਨਾ ਪਿਸਤੌਲ ਸਮੇਤ ਗੋਲੀ-ਸਿੱਕਾ ਬਰਾਮਦ ਕੀਤਾ ਹੈ। ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਇਹ ਮਡਿਊਲ ਪਾਕਿਸਤਾਨ ਦੀ ਖੁਫੀਆ ਏਜੰਸੀ ਆਈ ਐੱਸ ਆਈ ਦੀ ਮਦਦ ਨਾਲ ਚਲਾਇਆ ਜਾ ਰਿਹਾ ਸੀ, ਜਿਸ ਦੇ ਤਾਰ ਪੁਰਤਗਾਲ ਅਤੇ ਜਰਮਨੀ ਵਿੱਚ ਬੈਠੇ ਹੈਂਡਲਰਾਂ ਨਾਲ ਜੁੜੇ ਹੋਏ ਹਨ। ਗੁਰਤੇਜ ਸਿੰਘ ਪਿਛਲੇ ਛੇ ਮਹੀਨਿਆਂ ਤੋਂ ਪੁਰਤਗਾਲ ਰਹਿੰਦੇ ਬਲਜੋਤ ਸਿੰਘ ਉਰਫ ਜੋਤ ਦੇ ਸੰਪਰਕ ਵਿੱਚ ਸੀ, ਜਿਸ ਨੇ ਉਸ ਨੂੰ ਹਥਿਆਰ ਇਕੱਠੇ ਕਰਨ ਦੇ ਨਿਰਦੇਸ਼ ਦਿੱਤੇ ਸਨ।

ਇਸ ਮਾਮਲੇ ਵਿੱਚ ਹੁਣ ਤੱਕ ਕੁੱਲ ਸੱਤ ਲੋਕਾਂ ਨੂੰ ਗ੍ਰਿਫਤਾਰ ਕੀਤਾ ਜਾ ਚੁੱਕਾ ਹੈ। ਇਸ ਤੋਂ ਪਹਿਲਾਂ ਬਲਵਿੰਦਰ ਲਾਲ, ਜਸਵੀਰ ਸਿੰਘ, ਚਰਨਜੀਤ ਸਿੰਘ, ਰੂਬਲ ਚੌਹਾਨ ਅਤੇ ਮਨਦੀਪ ਨੂੰ ਗ੍ਰਿਫਤਾਰ ਕੀਤਾ ਸੀ। ਧਮਾਕੇ ਤੋਂ ਤੁਰੰਤ ਬਾਅਦ ਸੋਸ਼ਲ ਮੀਡੀਆ 'ਤੇ ਇਸ ਦੀ ਇੱਕ ਵੀਡੀਓ ਵੀ ਵਾਇਰਲ ਹੋਈ ਸੀ ਅਤੇ ਪਾਬੰਦੀਸ਼ੁਦਾ ਸੰਗਠਨ ਬੱਬਰ ਖਾਲਸਾ ਇੰਟਰਨੈਸ਼ਨਲ ਦੇ ਸੁਖਜਿੰਦਰ ਸਿੰਘ ਬੱਬਰ ਨੇ ਇਸ ਦੀ ਜ਼ਿੰਮੇਵਾਰੀ ਲਈ ਸੀ। ਦੱਸਿਆ ਜਾ ਰਿਹਾ ਹੈ ਅਮਨਪ੍ਰੀਤ ਸਿੰਘ ਨੇ ਗ੍ਰਨੇਡ ਸੁੱਟਿਆ ਸੀ, ਜਦਕਿ ਗੁਰਤੇਜ ਨੇ ਵੀਡੀਓ ਬਣਾਈ ਸੀ। ਅਮਨਪ੍ਰੀਤ ਸਿੰਘ 'ਤੇ ਪਹਿਲਾਂ ਵੀ ਚੋਰੀ ਅਤੇ ਲੁੱਟ-ਖੋਹ ਦੇ ਮਾਮਲੇ ਦਰਜ ਹਨ। ਪੁਲਸ ਨੇ ਮੁਲਜ਼ਮਾਂ ਖਿਲਾਫ ਅਸਲਾ ਐਕਟ ਅਤੇ ਭਾਰਤੀ ਨਿਆਂ ਸੰਹਿਤਾ ਤਹਿਤ ਮਾਮਲਾ ਦਰਜ ਕੀਤਾ ਹੈ।



## ਡੀ ਸੀ ਐੱਮ ਗਰੁੱਪ ਦੇ ਸਕੂਲਾਂ 'ਚ ਵਿਦਿਆਰਥੀਆਂ ਦਾ ਸ਼ਾਨਦਾਰ ਸਵਾਗਤ




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਿੱਖਿਆ ਸੈਸ਼ਨ 2026-27 ਦੇ ਆਗਾਜ਼ 'ਤੇ ਡੀਸੀਐੱਮ ਗਰੁੱਪ ਆਫ਼ ਸਕੂਲਜ਼ ਦੇ ਸਕੂਲਾਂ ਵਿੱਚ ਵਿਦਿਆਰਥੀਆਂ ਦਾ ਪਹਿਲੇ ਦਿਨ ਆਉਣ 'ਤੇ ਸ਼ਾਨਦਾਰ ਸਵਾਗਤ ਕੀਤਾ ਗਿਆ। ਦਾਸ ਐਂਡ ਬ੍ਰਾਊਨ ਵਰਲਡ ਸਕੂਲ ਦੀ ਪ੍ਰਿੰਸੀਪਲ ਡਾ. ਰੁਚੀ ਪਾਂਡੇ ਨੇ ਦੱਸਿਆ ਕਿ ਸਕੂਲ ਵਿੱਚ ਸਟਾਫ਼ ਤੇ ਵਿਦਿਆਰਥੀਆਂ ਨੇ ਭਗਵਾਨ ਗਣੇਸ਼ ਤੇ ਵਿੱਦਿਆ ਦੀ ਦੇਵੀ ਮਾਂ ਸਰਸਵਤੀ ਦੇ ਸਨਮੁੱਖ ਪ੍ਰਾਰਥਨਾ ਕੀਤੀ। ਵਿਦਿਆਰਥੀਆਂ ਦੇ ਪਹਿਲੇ ਦਿਨ ਸਕੂਲ ਆਉਣ 'ਤੇ ਸਟਾਫ਼ ਨੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਤੇ ਸ਼ੁਭ-ਕਾਮਨਾਵਾਂ ਦਿੱਤੀਆਂ। ਵਿਦਿਆਰਥੀਆਂ ਨੂੰ ਸਕੂਲ ਦੇ ਪੂਰੇ ਸਟਾਫ਼ ਨਾਲ ਜਾਣੂ ਕਰਵਾਇਆ ਗਿਆ ਤੇ ਵਿਦਿਆਰਥੀਆਂ ਨੇ ਵੀ ਇਕ-ਦੂਜੇ ਨਾਲ ਜਾਣ-ਪਛਾਣ ਕੀਤੀ ਤਾਂ ਜੋ ਉਹ ਆਪਸ ਵਿਚ ਮਿਲ-ਜੁਲ ਸਕਣ। ਡੀ ਸੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੀ ਪ੍ਰਿੰਸੀਪਲ ਯਾਚਨਾ ਚਾਵਲਾ ਨੇ ਖੁਦ ਵਿਦਿਆਰਥੀਆਂ ਨੂੰ ਤਿਲਕ ਲਗਾਉਣ ਤੋਂ ਇਲਾਵਾ ਇਲਾਇਚੀ ਤੇ ਮਿਸ਼ਰੀ ਖੁਆ ਕੇ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ। ਡੀਸੀਐੱਮ ਇੰਟਰਨੈਸ਼ਨਲ ਸਕੂਲ ਦੀ ਪ੍ਰਿੰਸੀਪਲ ਅਨੁਰਾਧਾ ਚੰਦੇਲ ਨੇ ਦੱਸਿਆ ਕਿ ਸਿੱਖਿਆ ਸੈਸ਼ਨ ਦੇ ਪਹਿਲੇ ਦਿਨ ਵਿਦਿਆਰਥੀਆਂ ਨੇ ਸਕੂਲ ਆ ਕੇ ਇਕ ਵਾਰ ਫਿਰ ਨਵੀਂ ਜਮਾਤ ਵਿੱਚ ਆਪਣਾ ਸਫ਼ਰ ਸ਼ੁਰੂ ਕੀਤਾ ਹੈ। ਉਨ੍ਹਾਂ ਕਿਹਾ ਕਿ ਸਕੂਲ ਦੇ ਪੂਰੇ ਸਟਾਫ਼ ਨੇ ਆਪਣੇ ਵਿਦਿਆਰਥੀ ਮਹਿਮਾਨਾਂ ਦਾ ਸ਼ਾਨਦਾਰ ਸਵਾਗਤ ਕੀਤਾ ਤੇ ਉਨ੍ਹਾਂ ਨੂੰ ਸਕੂਲ ਵਿੱਚ ਮਿਲਣ ਵਾਲੀਆਂ ਸਹੂਲਤਾਂ ਤੋਂ ਇਲਾਵਾ ਸਟਾਫ਼ ਨਾਲ ਜਾਣੂ ਕਰਵਾਇਆ ਗਿਆ। ਪ੍ਰਿੰਸੀਪਲ ਨੇ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ, ਸੱਭਿਆਚਾਰਕ ਗਤੀਵਿਧੀਆਂ ਤੇ ਹੋਰ ਸਹਿ-ਪਾਠਕ੍ਰਮ ਗਤੀਵਿਧੀਆਂ ਵਿੱਚ ਵੀ ਸਰਗਰਮੀ ਨਾਲ ਹਿੱਸਾ ਲੈਣ ਲਈ ਉਤਸ਼ਾਹਤ ਕੀਤਾ।

## ਲਾਲ ਸਿੰਘ ਨੇ ਸਾਰੀ ਉਮਰ ਆਪਣੀ ਚਿੱਟੀ ਚਾਦਰ 'ਤੇ ਦਾਗ ਨਹੀਂ ਲੱਗਣ ਦਿੱਤਾ : ਤਰਸੇਮ ਝੰਡੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕਾਂਗਰਸ ਦੇ ਸੀਨੀਅਰ ਆਗੂ ਤੇ ਬਲਾਕ ਸੰਮਤੀ ਪਟਿਆਲ਼ਾ ਦੇ ਸਾਬਕਾ ਪ੍ਰਧਾਨ ਤਰਸੇਮ ਸਿੰਘ ਝੰਡੀ ਨੇ ਦਰਵੇਸ਼ ਸਿਆਸਤਦਾਨ ਵਜੋਂ ਜਾਣੇ ਜਾਂਦੇ ਸਾਬਕਾ ਵਜ਼ੀਰ ਲਾਲ ਸਿੰਘ ਦੇ ਦੇਹਾਂਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪਰਵਾਰ ਨਾਲ ਆਪਣਾ ਦੁੱਖ ਸਾਂਝਾ ਕਰਦੇ ਹੋਏ ਕਿਹਾ ਕਿ ਉਨ੍ਹਾਂ ਨੇ ਆਪਣੀ ਸਾਰੀ ਉਮਰ ਚਿੱਟੀ ਚਾਦਰ 'ਤੇ ਦਾਗ ਨਹੀਂ ਲੱਗਣ ਦਿੱਤਾ ਅਤੇ ਸਾਫ ਸਿਆਸਤ ਕਰਕੇ ਆਪਣਾ ਨਾਂ ਸਿਆਸਤ ਦੇ ਖੇਤਰ ਵਿੱਚ ਸੁਨਹਿਰੀ ਅੱਖਰਾਂ ਵਿੱਚ ਦਰਜ ਕੀਤਾ ਹੈ।ਝੰਡੀ ਨੇ ਕਿਹਾ ਕਿ ਸਾਬਕਾ ਮੰਤਰੀ ਸਵ: ਲਾਲ ਸਿੰਘ ਨੇ ਕਾਂਗਰਸ ਪਾਰਟੀ ਨਾਲ ਹਮੇਸ਼ਾ ਹਿੱਕ ਤਾਣ ਕੇ ਸਾਥ ਦਿੱਤਾ ਹੈ ਤੇ ਸਾਰੀ ਉਮਰ ਇੱਕ ਹੀ ਪਾਰਟੀ ਵਿੱਚ ਕੱਢ ਕੇ ਇਹ ਸਾਬਿਤ ਕੀਤਾ ਕਿ ਪਾਰਟੀ ਲਈ ਉਹ ਹਮੇਸ਼ਾ ਪੂਰਨ ਤੌਰ 'ਤੇ ਹੀ ਸਮਰਪਤ ਸਨ।ਉਨ੍ਹਾਂ ਕਿਹਾ ਕਿ ਲਾਲ ਸਿੰਘ ਇੱਕ ਬੇਦਾਗ ਸ਼ਖ਼ਸੀਅਤ ਵਜੋਂ ਸਮਾਜ ਵਿੱਚ ਵਿਚਰਦੇ ਰਹੇ ਤੇ ਸਾਰੀ ਉਮਰ ਉਨ੍ਹਾਂ 'ਤੇ ਕੋਈ ਵੀ ਭ੍ਰਿਸ਼ਟਾਚਾਰ ਤੱਕ ਦਾ ਇਲਜ਼ਾਮ ਨਹੀਂ ਲੱਗਾ। ਇਸ ਮੌਕੇ ਰਣਜੀਤ ਸਿੰਘ ਕੇ ਐੱਸ ਫਾਰਮ ਡਕਾਲਾ, ਸੀਤਲ ਸਿੰਘ ਭਾਨਰਾ, ਰਾਜਿੰਦਰ ਰਾਜੂ ਝੰਡੀ, ਹਰਭਜਨ ਸਰਪੰਚ ਮੁਹਾਦੀ ਪੁਰ, ਦਵਿੰਦਰ ਸਿੰਘ ਸਰਪੰਚ ਰਾਮਗੜ੍ਹ, ਦੇਵੀ ਰਾਮਗੜ੍ਹ, ਗੁਰਵਿੰਦਰ ਸਿੰਘ ਖੇੜੀ ਮਾਨਿਆਂ, ਲੱਖੀ ਸੈਂਸਰਵਾਲ ਨੇ ਵੀ ਸਵ. ਲਾਲ ਸਿੰਘ ਦੇ ਦਿਹਾਂਤ 'ਤੇ ਆਪਣੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

# ਮਾਨ ਸਰਕਾਰ ਨੇ ਚਾਰ ਸਾਲਾਂ 'ਚ ਚੋਣਾਵੀ ਗਰੰਟੀਆਂ ਕੀਤੀਆਂ ਪੂਰੀਆਂ : 'ਆਪ' ਆਗੂ

### ਮਹਿਲਾਵਾਂ ਲਈ ਮਾਲੀ ਸਹਾਇਤਾ ਯੋਜਨਾ ਦੀ ਰਜਿਸਟਰੇਸ਼ਨ 13 ਤੋਂ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਬਾਘਾ ਪੁਰਾਣਾ ਬਾਊ ਸੁਭਾਸ਼ ਗੋਇਲ, ਸਰਪੰਚ ਰਾਜਾ ਮੱਲਕੇ ਤੇ ਸਰਪੰਚ ਕੁਲਜੀਤ ਸਿੰਘ ਲੱਖਾ ਚੰਨੂੰਵਾਲਾ ਵੱਲੋਂ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਦੀ ਪ੍ਰਸੰਸਾ ਕਰਦਿਆਂ ਕਿਹਾ ਗਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਦੀ ਪਹਿਲੀ ਆਪ ਸਰਕਾਰ ਨੇ ਸਿਰਫ਼ ਚਾਰ ਸਾਲਾਂ ਦੇ ਸਮੇਂ ਵਿੱਚ ਆਪਣੇ ਚੋਣ ਮੈਨੀਫੈਸਟੋ ਵਿੱਚ ਕੀਤੀਆਂ ਵਾਅਦਿਆਂ ਨੂੰ ਇੱਕ-ਇੱਕ ਕਰਕੇ ਪੂਰਾ ਕੀਤਾ ਹੈ।ਉਨ੍ਹਾਂ ਖ਼ਾਸ ਤੌਰ 'ਤੇ ਮਹਿਲਾਵਾਂ ਲਈ ਐਲਾਨੀ ਗਈ ਮਾਲੀ ਸਹਾਇਤਾ ਯੋਜਨਾ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੀਤਾ ਗਿਆ 1000-1000 ਰੁਪਏ ਪ੍ਰਤੀ ਮਹੀਨਾ ਦੇਣ ਦਾ ਵਾਅਦਾ ਹੁਣ ਅਮਲੀ ਰੂਪ ਲੈ ਰਿਹਾ ਹੈ।ਬਾਊ ਸੁਭਾਸ਼ ਗੋਇਲ ਨੇ ਦੱਸਿਆ ਕਿ ਇਸ ਯੋਜਨਾ ਲਈ ਸਰਕਾਰ ਵੱਲੋਂ ਨੋਟੀਫਿਕੇਸ਼ਨ ਜਾਰੀ ਕੀਤਾ ਜਾ ਚੁੱਕਾ ਹੈ ਤੇ ਇਸ ਦੀ ਰਜਿਸਟਰੇਸ਼ਨ 13 ਅਪ੍ਰੈਲ ਤੋਂ ਸ਼ੁਰੂ ਹੋਵੇਗੀ।ਉਨ੍ਹਾਂ ਮੁਤਾਬਕ ਇਸ ਯੋਜਨਾ ਦੇ ਤਹਿਤ ਐੱਸ ਸੀ ਵਰਗ ਦੀਆਂ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ, ਜਦਕਿ ਜਨਰਲ ਵਰਗ ਦੀਆਂ ਮਹਿਲਾਵਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਮਾਲੀ ਸਹਾਇਤਾ ਦਿੱਤੀ ਜਾਵੇਗੀ, ਜਿਸ ਨਾਲ ਘਰੇਲੂ ਆਰਥਿਕਤਾ ਨੂੰ ਮਜ਼ਬੂਤੀ ਮਿਲੇਗੀ।ਸਰਪੰਚ ਰਾਜਾ ਮੱਲਕੇ ਨੇ ਕਿਹਾ ਕਿ ਹਲਕਾ ਬਾਘਾ ਪੁਰਾਣਾ ਵਿੱਚ ਵੀ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੀ ਅਗਵਾਈ ਹੇਠ ਸਰਬਪੱਖੀ ਵਿਕਾਸ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ ਅੱਜ ਹਲਕੇ ਵਿੱਚ ਕਰੋੜਾਂ ਰੁਪਏ ਦੇ ਵਿਕਾਸ ਕਾਰਜ ਜਾਰੀ ਹਨ, ਜਿਵੇਂ ਕਿ ਸੜਕਾਂ ਦੀ ਮੁਰੰਮਤ, ਪੀਣ ਵਾਲੇ ਪਾਣੀ ਦੀ ਸੁਵਿਧਾ ਤੇ ਹੋਰ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵਾਲੇ ਪ੍ਰੋਜੈਕਟ ਸ਼ਾਮਲ ਹਨ।

ਉਨ੍ਹਾਂ ਦੱਸਿਆ ਕਿ ਇਹ ਸਾਰੇ ਵਿਕਾਸ ਕਾਰਜ ਹਲਕਾ ਵਿਧਾਇਕ ਸੁਖਾਨੰਦ ਦੀ ਮਿਹਨਤ ਤੇ ਦੂਰਦਰਸ਼ੀ ਸੋਚ ਦਾ ਨਤੀਜਾ ਹਨ।ਸਰਪੰਚ ਕੁਲਜੀਤ ਸਿੰਘ ਲੱਖਾ ਚੰਨੂੰਵਾਲਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕ-ਹਿਤੈਸ਼ੀ ਫੈਸਲੇ ਲੈ ਰਹੀ ਹੈ ਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇ ਲੋਕ ਭਲਾਈ ਦੇ ਕੰਮ ਜਾਰੀ ਰਹਿਣਗੇ।ਅੰਤ ਵਿੱਚ ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਸਰਕਾਰ ਦੀਆਂ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ ਤੇ ਵਿਕਾਸ ਦੀ ਇਸ ਲਹਿਰ ਨੂੰ ਹੋਰ ਮਜ਼ਬੂਤ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ।

## ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਕੁਰੜ ਦਾ ਨਤੀਜਾ ਸ਼ਾਨਦਾਰ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਗੁਰੂ ਗੋਬਿੰਦ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕੁਰੜ (ਬਰਨਾਲਾ) ਵਿਖੇ ਪੰਜਵੀਂ ਸ਼੍ਰੇਣੀ ਦਾ ਨਤੀਜਾ ਸ਼ਾਨਦਾਰ ਰਿਹਾ।ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਪੰਜਵੀਂ ਦੇ ਐਲਾਨੇ ਗਏ ਨਤੀਜੇ 'ਚੋਂ ਗੁਰੂ ਗੋਬਿੰਦ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕੁਰੜ ਨੇ 100 ਪ੍ਰਤੀਸ਼ਤ ਨਤੀਜਾ ਪ੍ਰਾਪਤ ਕਰਕੇ ਆਪਣਾ ਰੁਤਬਾ ਕਾਇਮ ਰੱਖਿਆ।ਇਨ੍ਹਾਂ ਨਤੀਜਿਆਂ 'ਚ ਅਰਸ਼ਦੀਪ ਕੌਰ ਪੁੱਤਰੀ ਹਰਜਿੰਦਰ ਸਿੰਘ ਛਾਪਾ ਨੇ 500 ਅੰਕਾਂ 'ਚੋਂ 498 (99.60 ਫੀਸਦੀ) ਅੰਕ ਪ੍ਰਾਪਤ ਕਰਕੇ ਪਹਿਲਾ, ਸੁਖਮਨਦੀਪ ਕੌਰ ਪੁੱਤਰੀ ਜਸਵਿੰਦਰ ਸਿੰਘ ਪਿੰਡ ਛਾਪਾ ਨੇ 495 (99.00 ਫੀਸਦੀ) ਅੰਕ ਪ੍ਰਾਪਤ ਕਰਕੇ ਦੂਜਾ ਤੇ ਜਗਰਾਜ ਸਿੰਘ ਪੁੱਤਰ ਰਣਦੀਪ ਸਿੰਘ ਪਿੰਡ ਮਿੱਠੇਵਾਲ ਨੇ 492 (98.40 ਫੀਸਦੀ) ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕਰਕੇ ਸਕੂਲ ਤੇ ਮਾਪਿਆਂ ਦਾ ਨਾਮ ਰੋਸ਼ਨ ਕੀਤਾ ਹੈ।ਇਸ ਮਾਣਮੱਤੀ ਪ੍ਰਾਪਤੀ ਤੇ ਸੰਸਥਾ ਦੇ ਚੇਅਰਮੈਨ ਕੌਰ ਸਿੰਘ ਧਾਲੀਵਾਲ, ਐੱਮ ਡੀ ਸੁਖਵਿੰਦਰ ਕੌਰ ਧਾਲੀਵਾਲ, ਸੁਖਜੀਤ ਸਿੰਘ ਧਾਲੀਵਾਲ, ਪ੍ਰਿੰਸੀਪਲ ਮੈਡਮ ਰੁਪਿੰਦਰ ਕੌਰ ਚੀਮਾ, ਵਾਇਸ ਪ੍ਰਿੰਸੀਪਲ ਪ੍ਰਦੀਪ ਸਿੰਘ, ਅਕਾਦਮਿਕ ਇੰਚਾਰਜ ਕੁਲਦੀਪ ਸਿੰਘ ਮੰਡ ਨੇ ਪ੍ਰਤਿਭਾਵਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਇਹਨਾ ਹੋਰ ਮਿਹਨਤ ਕਰਨ ਲਈ ਪ੍ਰੇਰਿਆ।ਪ੍ਰਿੰਸੀਪਲ ਮੈਡਮ ਰੁਪਿੰਦਰ ਕੌਰ ਨੇ ਕਿਹਾ ਕਿ ਵਿਦਿਆਰਥੀਆਂ ਦੀ ਇਸ ਕਾਮਯਾਬੀ ਪਿੱਛੇ ਸਕੂਲ ਦੇ ਮਿਹਨਤੀ ਸਟਾਫ ਦਾ ਵਡਮੁੱਲਾ ਯੋਗਦਾਨ ਹੈ।

## ਬਾਬਾ ਫਰੀਦ ਪਬਲਿਕ ਸਕੂਲ ਵਿਖੇ ਨਵੇਂ ਅਕਾਦਮਿਕ ਸੈਸ਼ਨ ਦਾ ਆਗਾਜ਼



**ਫਰੀਦਕੋਟ (ਐਲਗਜੈਂਡਰ ਡਿਸੂਜਾ)**-ਸਥਾਨਕ ਬਾਬਾ ਫਰੀਦ ਪਬਲਿਕ ਸਕੂਲ ਵਿਖੇ ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ ਪੂਰਨ ਸ਼ਰਧਾ ਤੇ ਆਧਿਆਤਮਿਕ ਮਾਹੌਲ ਵਿੱਚ ਕੀਤੀ ਗਈ।ਸਵਰਗੀ ਸ. ਇੰਦਰਜੀਤ ਸਿੰਘ ਖਾਲਸਾ ਵੱਲੋਂ ਸਥਾਪਤ ਤੇ ਮੌਜੂਦਾ ਚੇਅਰਮੈਨ ਸ੍ਰ. ਸਿਮਰਜੀਤ ਸਿੰਘ ਸੇਖੋਂ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਸ ਸੰਸਥਾ ਨੇ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਲਈ ਇਲਾਹੀ ਬਾਣੀ ਦਾ ਓਟ-ਆਸਰਾ ਲਿਆ।ਸੈਸ਼ਨ ਦੇ ਪਹਿਲੇ ਦਿਨ ਸਕੂਲ ਕੰਪਲੈਕਸ ਵਿੱਚ ਸ੍ਰੀ ਜਪੁਜੀ ਸਾਹਿਬ ਤੇ ਅਨੰਦ ਸਾਹਿਬ ਦੇ ਪਾਵਨ ਪਾਠ ਕੀਤੇ ਗਏ।ਉਪਰੰਤ ਕੀਰਤਨ ਦਰਬਾਰ ਸਜਾਇਆ ਗਿਆ, ਜਿਸ ਵਿੱਚ ਇਲਾਹੀ ਬਾਣੀ ਦੇ ਕੀਰਤਨ ਰਾਹੀਂ ਸਮੁੱਚਾ ਵਾਤਾਵਰਣ ਸ਼ਾਂਤਮਈ ਤੇ ਭਗਤੀਮਈ ਹੋ ਗਿਆ।ਇਸ ਮੌਕੇ ਮੈਨੇਜਮੈਂਟ ਕਮੇਟੀ ਵੱਲੋਂ ਸੁਰਿੰਦਰ ਸਿੰਘ ਰੋਮਾਣਾ, ਨਰਿੰਦਰਪਾਲ ਸਿੰਘ ਬਰਾੜ, ਕਾਰਜਕਾਰੀ ਪ੍ਰਿੰਸੀਪਲ ਮਿਸਿਜ਼ ਸੁਖਦੀਪ ਕੌਰ, ਕਾਰਜਕਾਰੀ ਵਾਈਸ-ਪ੍ਰਿੰਸੀਪਲ ਮਿਸਿਜ਼ ਹਰਸਿਮਰਨਜੀਤ ਕੌਰ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਕੋਆਰਡੀਨੇਟਰਜ਼, ਸਮੂਹ ਸਟਾਫ ਮੈਂਬਰਾਂ ਤੇ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੇ ਨਤਮਸਤਕ ਹੋ ਕੇ ਗੁਰਬਾਣੀ ਦਾ ਸਰਵਣ ਕੀਤਾ।

## ਬਾਰ ਐਸੋਸੀਏਸ਼ਨ ਵੱਲੋਂ ਨਵਨਿਯੁਕਤ ਅਹੁਦੇਦਾਰਾਂ ਦਾ ਸਨਮਾਨ




**ਜਗਰਾਉਂ (ਨਛੱਤਰ ਸੰਧੂ)**-ਬਾਰ ਐਸੋਸੀਏਸ਼ਨ ਦੇ ਸਮੂਹ ਮੈਂਬਰਾਂ ਦੀ ਇਕੱਤਰਤਾ ਸਤਿੰਦਰ ਸਿੰਘ ਸਿੱਧੂ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਮੈਂਬਰਾਂ ਵੱਲੋਂ ਆਮ ਆਦਮੀ ਪਾਰਟੀ ਦੀ ਹਾਈਕਮਾਂਡ ਵੱਲੋਂ ਲੀਗਲ ਸੈੱਲ ਜਗਰਾਉਂ ਦੇ ਪ੍ਰਧਾਨ ਗੁਰਤੇਜ ਸਿੰਘ ਗਿੱਲ, ਵਾਈਸ ਪ੍ਰਧਾਨ ਕਰਮ ਸਿੰਘ ਸਿੱਧੂ, ਵਾਈਸ ਪ੍ਰਧਾਨ ਰੁਪਿੰਦਰ ਡੱਲਾ ਤੇ ਸੈਕਟਰੀ ਅਮਰਿੰਦਰ ਸਿੰਘ ਸਿੱਧੂ ਨੂੰ ਬਣਾਉਣ 'ਤੇ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਸੁਖਵਿੰਦਰ ਸਿੰਘ ਉਚੇਚੇ ਤੌਰ 'ਤੇ ਪਹੁੰਚੇ।ਇਸ ਸਮੇਂ ਸੁਖਵਿੰਦਰ ਸਿੰਘ ਤੇ ਪ੍ਰਧਾਨ ਸਤਿੰਦਰ ਸਿੰਘ ਸਿੱਧੂ ਨੇ ਸਿਰੋਪਾਓ ਤੇ ਹਾਰ ਪਾ ਕੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਸਨਮਾਨਤ ਕੀਤਾ। ਇਸ ਮੌਕੇ ਗੁਰਤੇਜ ਸਿੰਘ ਗਿੱਲ ਵੱਲੋਂ ਹਾਈ ਕਮਾਂਡ ਤੇ ਬੀਬੀ ਸਰਬਜੀਤ ਕੌਰ ਮਾਣੂੰਕੇ ਦਾ ਧੰਨਵਾਦ ਕੀਤਾ ਗਿਆ।ਇਸ ਸਮੇਂ ਵਕੀਲ ਵਰਿੰਦਰ ਸੰਧੂ, ਪੰਕਜ ਵੱਤ, ਮਲਕੀਤ ਸ਼ਰਮਾ, ਪਰਮਿੰਦਰ ਬਾਜਵਾ, ਇੰਦਰਪ੍ਰੀਤ ਚਾਹਲ ਤੇ ਹਰਕੀਰਤ ਸਿੰਘ ਆਦਿ ਸਾਰੇ ਵਕੀਲ ਹਾਜ਼ਰ ਸਨ।

## ਪੁਲਸ ਵੱਲੋਂ ਲੋਕਾਂ ਦੀ ਸੁਣਵਾਈ ਲਈ ਜ਼ਿਲ੍ਹਾ ਪੱਧਰੀ ਸ਼ਿਕਾਇਤ ਨਿਵਾਰਨ ਕੈਂਪ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਸ੍ਰੀ ਅਭਿਮੰਨਿਊ ਰਾਣਾ ਆਈ.ਪੀ.ਐੱਸ. ਸੀਨੀਅਰ ਕਪਤਾਨ ਪੁਲਸ ਸ੍ਰੀ ਮੁਕਤਸਰ ਸਾਹਿਬ ਦੀ ਅਗਵਾਈ ਹੇਠ ਜ਼ਿਲ੍ਹੇ ਦੀਆਂ ਸਮੂਹ ਸਬ-ਡਵੀਜ਼ਨਾਂ ਵਿਖੇ ਵਿਸ਼ੇਸ਼ ਸ਼ਿਕਾਇਤ ਨਿਵਾਰਨ ਕੈਂਪ ਲਗਾਏ ਗਏ।ਇਹ ਸਾਰੇ ਸ਼ਿਕਾਇਤ ਨਿਵਾਰਨ ਕੈਂਪ ਸਵੇਰੇ 9 ਵਜੇ ਤੋਂ ਸ਼ਾਮ



ਤੱਕ ਲਗਾਤਾਰ ਚਲਾਏ ਗਏ, ਜਿੱਥੇ ਜ਼ਿਲ੍ਹੇ ਦੇ ਵੱਖ-ਵੱਖ ਥਾਣਿਆਂ ਤੇ ਪੁਲਸ ਦਫ਼ਤਰਾਂ ਨਾਲ ਸੰਬੰਧਤ ਲੋਕਾਂ ਦੀਆਂ ਚੱਲ ਰਹੀਆਂ ਸ਼ਿਕਾਇਤਾਂ, ਮਸਲੇ ਤੇ ਨਿੱਜੀ ਪ੍ਰੇਸ਼ਾਨੀਆਂ ਨੂੰ ਬਹੁਤ ਗੰਭੀਰਤਾ ਨਾਲ ਸੁਣਿਆ ਗਿਆ।ਸ਼ਿਕਾਇਤਕਰਤਾਵਾਂ ਨੂੰ ਕੈਂਪ ਸਥਾਨਾਂ 'ਤੇ ਸੱਦ ਕੇ ਉਨ੍ਹਾਂ ਨਾਲ ਸਿੱਧੀ ਗੱਲਬਾਤ ਕੀਤੀ, ਤਾਂ ਜੋ ਹਰ ਮਾਮਲੇ ਦੀ ਪੂਰੀ ਜਾਂਚ ਕਰਕੇ ਇਨਸਾਫ਼ਯੋਗ ਤੇ ਕਾਨੂੰਨ ਅਨੁਸਾਰ ਹੱਲ ਯਕੀਨੀ ਬਣਾਇਆ ਜਾ ਸਕੇ।ਕੈਂਪ ਦੌਰਾਨ ਵੱਡੀ ਗਿਣਤੀ ਵਿੱਚ ਆਮ ਨਾਗਰਿਕਾਂ ਵੱਲੋਂ ਆਪਣੀਆਂ ਦਰਖ਼ਾਸਤਾਂ ਪੇਸ਼ ਕੀਤੀਆਂ ਗਈਆਂ।ਕਈ ਸ਼ਿਕਾਇਤਾਂ ਦਾ ਮੌਕੇ 'ਤੇ ਹੀ ਤੁਰੰਤ ਨਿਪਟਾਰਾ ਕੀਤਾ ਗਿਆ, ਜਦਕਿ ਹੋਰ ਮਾਮਲਿਆਂ ਸਬੰਧੀ ਕਾਨੂੰਨੀ ਪ੍ਰਕਿਰਿਆ ਅਨੁਸਾਰ ਬਿਆਨ ਦਰਜ ਕਰਕੇ ਸੰਬੰਧਤ ਅਧਿਕਾਰੀਆਂ ਨੂੰ ਸਪੱਸ਼ਟ ਤੇ ਸਮੇਂ-ਬੱਧ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ।ਇਸ ਸ਼ਿਕਾਇਤ ਨਿਵਾਰਨ ਕੈਂਪ ਦੀ ਸਮੂਹ ਕਾਰਵਾਈ ਸ਼੍ਰੀਮਤੀ ਹਰਕਮਲ ਕੌਰ, ਐੱਸ.ਪੀ. (ਹੈੱਡਕੁਆਰਟਰ), ਸ਼੍ਰੀ ਬਚਨ ਸਿੰਘ ਡੀ.ਐੱਸ.ਪੀ. (ਸ੍ਰੀ ਮੁਕਤਸਰ ਸਾਹਿਬ), ਸ਼੍ਰੀ ਹਰਜੀਤ ਸਿੰਘ, ਡੀ.ਐਸ.ਪੀ. ਸ਼੍ਰੀ ਨਵੀਨਪਾਲ ਸਿੰਘ ਡੀ.ਐਸ.ਪੀ. (ਮਲੋਟ), ਸ਼੍ਰੀ ਅਰੁਨ ਮੁੰਡਨ, ਡੀ.ਐੱਸ.ਪੀ. (ਗਿੱਦੜਬਾਹਾ) ਤੇ ਸ਼੍ਰੀ ਹਰਬੰਸ ਸਿੰਘ ਡੀ.ਐੱਸ.ਪੀ. (ਲੰਬੀ) ਦੀ ਦੇਖ-ਰੇਖ ਹੇਠ ਬਹੁਤ ਹੀ ਸੁਚਾਰੂ ਤੇ ਵਿਵਸਥਿਤ ਢੰਗ ਨਾਲ ਸੰਪੰਨ ਕੀਤੀ ਗਈ।ਇਸ ਮੌਕੇ ਸ੍ਰੀ ਅਭਿਮੰਨਿਊ ਰਾਣਾ, ਆਈ.ਪੀ.ਐਸ., ਸੀਨੀਅਰ ਕਪਤਾਨ ਪੁਲਸ ਸ੍ਰੀ ਮੁਕਤਸਰ ਸਾਹਿਬ ਨੇ ਕਿਹਾ ਕਿ ਜ਼ਿਲ੍ਹਾ ਪੁਲਿਸ ਲੋਕਾਂ ਦੀਆਂ ਸਮੱਸਿਆਵਾਂ ਦਾ ਤੁਰੰਤ, ਪਾਰਦਰਸ਼ੀ ਤੇ ਨਿਰਪੱਖ ਹੱਲ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਨਾਗਰਿਕ ਨੂੰ ਆਪਣੀ ਸ਼ਿਕਾਇਤ ਲਈ ਲੰਮੇ ਸਮੇਂ ਤੱਕ ਇੰਤਜ਼ਾਰ ਨਹੀਂ ਕਰਨਾ ਪਵੇਗਾ ਤੇ ਹਰ ਯੋਗ ਮਾਮਲੇ ਦਾ ਨਿਪਟਾਰਾ ਮੌਕੇ 'ਤੇ ਜਾਂ ਨਿਰਧਾਰਤ ਸਮੇਂ ਅੰਦਰ ਕੀਤਾ ਜਾਵੇਗਾ।

## ਸਰਵਹਿਤਕਾਰੀ ਵਿੱਦਿਆ ਮੰਦਰ ਦਾ ਸਾਲਾਨਾ ਨਤੀਜਾ ਸ਼ਾਨਦਾਰ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸਰਵਹਿਤਕਾਰੀ ਸੀਨੀਅਰ ਸੈਕੰਡਰੀ ਵਿੱਦਿਆ ਮੰਦਰ ਦਾ ਅਕਾਦਮਿਕ ਸੈਸ਼ਨ 2025-26 ਦਾ ਸਾਲਾਨਾ ਨਤੀਜਾ ਬਹੁਤ ਹੀ ਸ਼ਾਨਦਾਰ ਰਿਹਾ।ਨਰਸਰੀ ਜਮਾਤ ਤੋਂ ਲੈ ਕੇ ਨੌਵੀਂ ਜਮਾਤ ਤੱਕ ਤੇ ਨਾਲ ਹੀ ਗਿਆਰਵੀਂ ਜਮਾਤ ਤੱਕ ਸਾਰੇ ਵਿਦਿਆਰਥੀਆਂ ਦਾ ਪ੍ਰਦਰਸ਼ਨ ਕਾਬਿਲ-ਏ-ਤਾਰੀਫ਼ ਰਿਹਾ।ਇਹ ਨਤੀਜੇ ਵਿਦਿਆਰਥੀਆਂ ਦੀ ਲਗਾਤਾਰ ਮਿਹਨਤ, ਅਨੁਸ਼ਾਸਨ ਤੇ ਅਧਿਆਪਕਾਂ ਦੀ ਸਮਰਪਤ ਰਹਿਨੁਮਾਈ ਦਾ ਪਰਿਣਾਮ ਹਨ।ਸਕੂਲ ਵੱਲੋਂ ਕੀਤੀਆਂ ਸਾਰੀਆਂ ਅਕਾਦਮਿਕ ਕੋਸ਼ਿਸ਼ਾਂ ਨੇ ਸ਼ਾਨਦਾਰ ਨਤੀਜੇ ਦਿੱਤੇ, ਜਿਸ ਨਾਲ ਸਕੂਲ ਦਾ ਮਾਣ ਵਧਿਆ।ਸਾਰੇ ਹੀ ਵਿਦਿਆਰਥੀਆਂ ਦੀ ਮਾਪੇ ਇਸ ਮੌਕੇ ਬਹੁਤ ਹੀ ਖੁਸ਼ ਤੇ ਉਤਸੁਕ ਨਜ਼ਰ ਆ ਰਹੇ ਸਨ।ਇਸ ਮੌਕੇ ਸਕੂਲ ਦੇ ਮਾਣਯੋਗ ਪ੍ਰਿੰਸੀਪਲ ਸੰਜੀਵ ਕੁਮਾਰ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਨੂੰ ਭਵਿੱਖ ਵਿੱਚ ਹੋਰ ਉੱਚਾਈਆਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ।ਨੇਜਮੈਂਟ ਕਮੇਟੀ ਦੇ ਪ੍ਰਧਾਨ ਪ੍ਰੇਮ ਪ੍ਰਕਾਸ਼ ਤੇ ਮੈਨੇਜਰ ਗੁਰਪ੍ਰੀਤ ਸਿੰਘ ਨੇ ਵੀ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਮੁਬਾਰਕਬਾਦ ਦਿੱਤੀ ਤੇ ਉਨ੍ਹਾਂ ਦੀ ਮਿਹਨਤ ਦੀ ਪ੍ਰਸੰਸਾ ਕੀਤੀ।ਇਸ ਮੌਕੇ ਵਾਈਸ ਪ੍ਰਿੰਸੀਪਲ ਵਿਕਰਮਜੀਤ ਸਿੰਘ, ਕੋਆਰਡੀਨੇਟਰ ਨਿਰਮਲਜੀਤ ਕੌਰ, ਜੋਤੀ ਖੁਰਾਨਾ, ਆਸ਼ੂ ਰਾਣੀ ਤੇ ਅਨਮੋਲ ਕੌਸ਼ਲ ਮੌਜੂਦ ਸਨ।

## ਅਗਰਵਾਲ ਮਹਿਲਾ ਸੈੱਲ ਨੇ ਲੜਕੀਆਂ ਦੀਆਂ ਫੀਸਾਂ ਜਮ੍ਹਾਂ ਕਰਵਾਈਆਂ



**ਮੋਗਾ (ਇਕਬਾਲ ਸਿੰਘ ਖਹਿਰਾ)**-ਅਗਰਵਾਲ ਮਹਿਲਾ ਸੈੱਲ ਨੇ ਐੱਸ ਡੀ ਗਰਲਜ਼ ਸਕੂਲ ਦੀਆਂ ਪੰਜ ਕੁੜੀਆਂ ਦੀ ਪੂਰੀ ਸਾਲਾਨਾ ਫੀਸ ਅਦਾ ਕੀਤੀ।ਇਨ੍ਹਾਂ ਕੁੜੀਆਂ ਨੂੰ ਲੰਬੇ ਸਮੇਂ ਤੋਂ ਗੋਦ ਲਿਆ ਗਿਆ ਸੀ।ਹਰ ਸਾਲ ਵਾਂਗ, ਉਨ੍ਹਾਂ ਨੇ ਉਨ੍ਹਾਂ ਦੀ ਸਿੱਖਿਆ ਦਾ ਸਾਰਾ ਖਰਚਾ ਚੁੱਕਿਆ ਤੇ ਅਜਿਹਾ ਕਰਦੇ ਰਹਿਣਗੇ, ਇਹ ਯਕੀਨੀ ਬਣਾਉਂਦੇ ਹੋਏ ਕਿ ਉਨ੍ਹਾਂ ਦੀ ਸਿੱਖਿਆ ਵਿੱਚ ਵਿਘਨ ਨਾ ਪਵੇ।ਅਗਰਵਾਲ ਮਹਿਲਾ ਸੈੱਲ ਦੀ ਪ੍ਰਧਾਨ ਭਾਵਨਾ ਬਾਂਸਲ ਨੇ ਕਿਹਾ ਕਿ ਕੁੜੀਆਂ ਨੂੰ ਸਿੱਖਿਅਤ ਕਰਨਾ ਸਮਾਜ ਤੇ ਦੇਸ਼ ਦੇ ਸਮੁੱਚੇ ਵਿਕਾਸ ਲਈ ਜ਼ਰੂਰੀ ਹੈ।ਇਹ ਉਨ੍ਹਾਂ ਨੂੰ ਸਵੈ-ਨਿਰਭਰ, ਸਸ਼ਕਤ ਤੇ ਆਤਮਵਿਸ਼ਵਾਸੀ ਬਣਾ ਕੇ ਲਿੰਗ ਅਸਮਾਨਤਾ ਨੂੰ ਖਤਮ ਕਰਦਾ ਹੈ।ਸਿੱਖਿਅਤ ਕੁੜੀਆਂ ਸਿਹਤਮੰਦ ਪਰਿਵਾਰ ਬਣਾਉਂਦੀਆਂ ਹਨ, ਗਰੀਬੀ ਘਟਾਉਣ ਵਿੱਚ ਯੋਗਦਾਨ ਪਾਉਂਦੀਆਂ ਹਨ, ਬਾਲ ਵਿਆਹ ਵਰਗੀਆਂ ਸਮਾਜਿਕ ਬੁਰਾਈਆਂ ਨਾਲ ਲੜਦੀਆਂ ਹਨ ਤੇ ਆਰਥਿਕ ਵਿਕਾਸ ਨੂੰ ਤੇਜ਼ ਕਰਦੀਆਂ ਹਨ।ਸਿੱਖਿਅਤ ਕੁੜੀਆਂ ਆਪਣੀਆਂ ਜ਼ਰੂਰਤਾਂ ਨੂੰ ਪੂਰਾ ਕਰਨ, ਆਪਣੇ ਵਿੱਤ ਦਾ ਪ੍ਰਬੰਧਨ ਕਰਨ ਤੇ ਬਿਹਤਰ ਕਰੀਅਰ ਬਣਾਉਣ ਦੇ ਯੋਗ ਹੁੰਦੀਆਂ ਹਨ।ਉਹ ਰੂੜ੍ਹੀਵਾਦੀ ਧਾਰਨਾਵਾਂ ਨੂੰ ਤੋੜ ਕੇ ਆਰਥਿਕ ਵਿਕਾਸ ਵਿੱਚ ਯੋਗਦਾਨ ਪਾਉਂਦੀਆਂ ਹਨ।ਸੁਨੀਤਾ ਬਾਂਸਲ, ਲਵੀਨਾ ਗਰਗ, ਸੀਮਾ, ਸ਼ਿਵਾਨੀ, ਨੀਲਮ, ਵੀਨਾ, ਕਾਂਤਾ, ਨੀਨੂ ਤੇ ਹੋਰ ਇਸ ਮੌਕੇ ਮੌਜੂਦ ਸਨ।

## ਮਾਡਰਨ ਕਾਲਜ ਆਫ ਐਜੂਕੇਸ਼ਨ ਵਿਖੇ ਮਿਸ਼ਨ ਸਮਰੱਥ 'ਤੇ ਸੈਮੀਨਾਰ



**ਚੀਮਾ ਮੰਡੀ (ਰਵਿੰਦਰ ਚੀਮਾ)**-ਮਾਡਰਨ ਕਾਲਜ ਆਫ ਐਜੂਕੇਸ਼ਨ ਬੀਰ ਕਲਾਂ (ਸੰਗਰੂਰ) ਵਿਖੇ ਭਾਰਤ ਸਰਕਾਰ ਵੱਲੋਂ ਚਲਾਏ ਜਾ ਰਹੇ ਸਕੂਲੀ ਪੱਧਰ ਦੇ ਮਹੱਤਵਪੂਰਨ ਉਪਰਾਲੇ ਮਿਸ਼ਨ ਸਮਰੱਥ ਸਬੰਧੀ ਇਕ ਸੈਮੀਨਾਰ ਕੀਤਾ ਗਿਆ।ਇਸ ਸੈਮੀਨਾਰ ਦਾ ਮੁੱਖ ਉਦੇਸ਼ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਮਿਸ਼ਨ ਸਮਰੱਥ ਤੇ ਇਸ ਦੀ ਅਹਿਮੀਅਤ ਬਾਰੇ ਜਾਣੂ ਕਰਵਾਉਣਾ ਹੈ।ਪ੍ਰੋਗ੍ਰਾਮ ਦੀ ਸ਼ੁਰੂਆਤ ਕਾਲਜ ਦੇ ਪ੍ਰਬੰਧਕਾਂ ਵੱਲੋਂ ਕੀਤੀ ਗਈ, ਜਿਨ੍ਹਾਂ ਸਾਰੇ ਮਹਿਮਾਨਾਂ ਤੇ ਹਾਜ਼ਰ ਵਿਦਿਆਰਥੀਆਂ ਦਾ ਸਵਾਗਤ ਕੀਤਾ।ਇਸ ਮੌਕੇ ਸਿੱਖਿਆ ਵਿਭਾਗ ਵੱਲੋਂ ਆਏ ਬੀ ਆਰ ਸੀ ਕੁਲਦੀਪ ਸਿੰਘ, ਗੁਰਵਿੰਦਰ ਸਿੰਘ, ਕਮਲਜੀਤ ਨੇ ਦੱਸਿਆ ਕਿ ਮਿਸ਼ਨ ਸਮਰੱਥ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਸਿੱਖਣ ਸਮਰੱਥਾ ਨੂੰ ਮਜ਼ਬੂਤ ਕਰਨ, ਬੁਨਿਆਦੀ ਗਿਆਨ ਨੂੰ ਉੱਚਾ ਕਰਨ ਤੇ ਸਿੱਖਿਆ ਦੇ ਮਿਆਰ ਨੂੰ ਸੁਧਾਰਨ ਲਈ ਇੱਕ ਮਹੱਤਵਪੂਰਨ ਕਦਮ ਹੈ।ਸੈਮੀਨਾਰ ਦੌਰਾਨ ਵਿਦਿਆਰਥੀਆਂ ਨੂੰ ਮਿਸ਼ਨ ਸਮਰੱਥ ਦੇ ਅਧੀਨ ਚੱਲ ਰਹੀਆਂ ਗਤੀਵਿਧੀਆਂ, ਜਿਵੇਂ ਕਿ ਬੁਨਿਆਦੀ ਸਿੱਖਿਆ 'ਤੇ ਜ਼ੋਰ, ਨਵੀਆਂ ਸਿਖਲਾਈ ਤਕਨੀਕਾਂ ਤੇ ਸਕੂਲੀ ਮਾਹੌਲ ਨੂੰ ਬਿਹਤਰ ਬਣਾਉਣ ਦੇ ਤਰੀਕਿਆਂ ਬਾਰੇ ਜਾਣਕਾਰੀ ਦਿੱਤੀ ਗਈ।ਵਿਦਿਆਰਥੀਆਂ ਨੇ ਵੀ ਬੜੇ ਉਤਸ਼ਾਹ ਨਾਲ ਹਿੱਸਾ ਲਿਆ ਤੇ ਆਪਣੇ ਸਵਾਲ ਪੁੱਛ ਕੇ ਜਾਣਕਾਰੀ ਹਾਸਲ ਕੀਤੀ।ਅੰਤ ਵਿੱਚ ਕਾਲਜ ਪ੍ਰਬੰਧਕਾਂ ਵੱਲੋਂ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ।

## ਨਾਬਾਲਿਗਾ ਨਾਲ ਛੇੜਛਾੜ ਦੇ ਮਾਮਲੇ 'ਚ 5 ਸਾਲ ਦੀ ਕੈਦ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਨਾਬਾਲਿਗ ਲੜਕੀ ਨਾਲ ਸਰੀਰਕ ਛੇੜਛਾੜ ਕੀਤੇ ਜਾਣ ਦੇ ਕੇਸ ਦਾ ਮਹਿਜ਼ 9 ਮਹੀਨਿਆਂ 'ਚ ਨਿਪਟਾਰਾ ਕਰਦੇ ਹੋਏ ਸਥਾਨਕ ਅਦਾਲਤ ਵੱਲੋਂ ਇਸ ਮਾਮਲੇ ਵਿੱਚ ਇੱਕ 57 ਸਾਲਾ ਵਿਅਕਤੀ ਨੂੰ ਕੈਦ ਤੇ ਜੁਰਮਾਨੇ ਦੀ ਸਜ਼ਾ ਸੁਣਾਏ ਜਾਣ ਦਾ ਸਮਾਚਾਰ ਹੈ।ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਮਿਤੀ 11/6/25 ਥਾਣਾ ਖੇੜੀ ਨੌਧ ਸਿੰਘ ਵਿਖੇ ਅ/ਧ 74 ਬੀ.ਐਨ.ਐਸ. ਤੇ 10 ਪੌਸਕੋ ਐਕਟ ਤਹਿਤ ਦਰਜ ਕੀਤੇ ਗਏ ਮੁਕੱਦਮੇ ਦੇ ਸਬੰਧ ਵਿੱਚ ਪੁਲਸ ਨੇ ਪਾਲ ਸਿੰਘ ਵਾਸੀ ਪਿੰਡ ਬਾਠਾਂ ਕਲਾਂ ਨੂੰ ਗ੍ਰਿਫ਼ਤਾਰ ਕੀਤਾ ਸੀ।ਮਾਮਲੇ ਵਿੱਚ ਪੀੜਤ ਬੱਚੀ ਦੀ ਮਾਤਾ ਨੇ ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੋਸ਼ ਲਗਾਏ ਸਨ ਕਿ ਉਸ ਦੀ ਨਾਬਾਲਿਗ ਧੀ, ਜਿਸ ਦੀ ਉਮਰ ਕਰੀਬ 12 ਸਾਲ ਹੈ, ਰੋਜ਼ਾਨਾ ਦੀ ਤਰ੍ਹਾਂ ਹੋਰਨਾਂ ਬੱਚਿਆਂ ਸਮੇਤ ਸਵੇਰੇ ਪੌਣੇ ਛੇ ਵਜੇ ਗੁਰਦੁਆਰਾ ਸਾਹਿਬ ਨੇੜਲੇ ਖੇਡ ਮੈਦਾਨ 'ਚ ਗਈ ਸੀ।ਜਿੱਥੇ ਜਦੋਂ ਉਹ ਹੋਰਨਾਂ ਬੱਚਿਆਂ ਨਾਲ ਖੇਡ ਰਹੀ ਸੀ ਤਾਂ ਉੱਥੇ ਮੌਜੂਦ ਪਾਲ ਸਿੰਘ ਜਿੰਮ 'ਚ ਰੱਖਿਆ ਸਾਮਾਨ ਪੁੱਛਣ ਦੇ ਬਹਾਨੇ ਉਸ ਦੀ ਲੜਕੀ ਨੂੰ ਬੁਲਾ ਕੇ ਕਮਰੇ ਅੰਦਰ ਲੈ ਗਿਆ, ਜਿੱਥੇ ਪਾਲ ਸਿੰਘ ਨੇ ਉਸ ਦੀ ਨਾਬਾਲਿਗ ਲੜਕੀ ਦੇ ਸਰੀਰਕ ਅੰਗਾਂ ਨੂੰ ਛੂਹਿਆ, ਜਿਸ ਤੋਂ ਬਾਅਦ ਪੀੜਤ ਲੜਕੀ ਨੇ ਘਰ ਪਹੁੰਚ ਕੇ ਸਾਰੀ ਗੱਲ ਆਪਣੀ ਮਾਤਾ ਨੂੰ ਦੱਸੀ।

ਸਥਾਨਕ ਅਦਾਲਤ ਵਿੱਚ ਚੱਲੀ ਉਕਤ ਮੁਕੱਦਮੇ ਦੀ ਸੁਣਵਾਈ ਪੂਰੀ ਹੋਣ 'ਤੇ ਫ਼ਤਹਿਗੜ੍ਹ ਸਾਹਿਬ ਦੀ ਸਪੈਸ਼ਲ ਅਦਾਲਤ ਨੇ ਪਾਲ ਸਿੰਘ ਨੂੰ ਮਾਮਲੇ ਵਿੱਚ ਪੌਸਕੋ ਐਕਟ ਦੀ ਧਾਰਾ 10 ਤਹਿਤ ਦੋਸ਼ੀ ਮੰਨਦੇ ਹੋਏ ਪੰਜ ਸਾਲ ਕੈਦ ਬਾਮੁਸ਼ੱਕਤ, ਦਸ ਹਜ਼ਾਰ ਰੁਪਏ ਜੁਰਮਾਨੇ ਦੀ ਸਜ਼ਾ ਤੇ ਇਸੇ ਮਾਮਲੇ ਵਿੱਚ ਅ/ਧ 74 ਬੀ.ਐੱਨ.ਐੱਸ. ਤਹਿਤ ਵੀ ਦੋਸ਼ੀ ਮੰਨਦੇ ਹੋਏ ਇੱਕ ਸਾਲ ਕੈਦ ਬਾਮੁਸ਼ੱਕਤ ਤੇ ਪੰਜ ਹਜ਼ਾਰ ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ।

# ਚੂਹੜ ਸਿੰਘ ਪਰਵਾਰ ਦੀ ਸ਼ਮੂਲੀਅਤ ਨਾਲ 'ਆਪ' ਸੁਨਾਮ 'ਚ ਹੋਈ ਹੋਰ ਮਜ਼ਬੂਤ : ਅਰੋੜਾ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸੁਨਾਮ ਸ਼ਹਿਰ ਵਿੱਚ ਆਮ ਆਦਮੀ ਪਾਰਟੀ ਨੂੰ ਇੱਕ ਹੋਰ ਵੱਡੀ ਸਿਆਸੀ ਕਾਮਯਾਬੀ ਮਿਲੀ ਹੈ।ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਦੀ ਅਗਵਾਈ ਹੇਠ ਸ਼ਹਿਰ ਦੇ ਮਸ਼ਹੂਰ ਤੇ ਪ੍ਰਭਾਵਸ਼ਾਲੀ ਚੂਹੜ ਸਿੰਘ ਦੇ ਪਰਵਾਰ ਨੇ ਆਪਣੇ ਵੱਡੇ ਸਮਰਥਕ ਵਰਗ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ।ਇਸ ਮੌਕੇ ਪਾਰਟੀ ਦੇ ਕਈ ਸੀਨੀਅਰ ਆਗੂ, ਵਰਕਰ ਤੇ ਸਥਾਨਕ ਨਿਵਾਸੀ ਵੱਡੀ ਗਿਣਤੀ ਵਿੱਚ ਮੌਜੂਦ ਰਹੇ, ਜਿਸ ਨਾਲ ਸਮਾਗਮ ਇੱਕ ਵੱਡੇ ਸਿਆਸੀ ਇਕੱਠ ਵਿੱਚ ਤਬਦੀਲ ਹੋ ਗਿਆ।ਚੂਹੜ ਸਿੰਘ ਦਾ ਪਰਵਾਰ ਲੰਬੇ ਸਮੇਂ ਤੋਂ ਸੁਨਾਮ ਤੇ ਆਸ-ਪਾਸ ਦੇ ਖੇਤਰਾਂ ਵਿੱਚ ਆਪਣੀ ਮਜ਼ਬੂਤ ਸਮਾਜਿਕ ਪਛਾਣ ਤੇ ਸਿਆਸੀ ਪਕੜ ਲਈ ਜਾਣਿਆ ਜਾਂਦਾ ਹੈ। ਇਸ ਪਰਵਾਰ ਦਾ ਸਥਾਨਕ ਮਸਲਿਆਂ ਵਿੱਚ ਸਰਗਰਮ ਯੋਗਦਾਨ ਤੇ ਲੋਕਾਂ ਨਾਲ ਮਜ਼ਬੂਤ ਨਾਤਾ ਰਿਹਾ ਹੈ।ਇਸ ਲਈ ਇਸ ਪਰਵਾਰ ਦੀ ਆਮ ਆਦਮੀ ਪਾਰਟੀ ਵਿੱਚ ਸ਼ਮੂਲੀਅਤ ਨੂੰ ਖੇਤਰ ਦੀ ਸਿਆਸਤ ਵਿੱਚ ਇੱਕ ਮਹੱਤਵਪੂਰਨ ਵਿਕਾਸ ਵਜੋਂ ਦੇਖਿਆ ਜਾ ਰਿਹਾ ਹੈ, ਜਿਸ ਨਾਲ ਪਾਰਟੀ ਦੀਆਂ ਜੜ੍ਹਾਂ ਹੋਰ ਮਜ਼ਬੂਤ ਹੋਣਗੀਆਂ ਤੇ ਆਉਣ ਵਾਲੇ ਸਮੇਂ ਵਿੱਚ ਇਸ ਦਾ ਸਿੱਧਾ ਸਿਆਸੀ ਲਾਭ ਮਿਲੇਗਾ।

ਇਸ ਮੌਕੇ ਕੈਬਨਿਟ ਮੰਤਰੀ ਤੇ ਆਪ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਚੂਹੜ ਸਿੰਘ ਦੇ ਪਰਿਵਾਰ ਦਾ ਤਹਿ ਦਿਲੋਂ ਸਵਾਗਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਆਮ ਲੋਕਾਂ ਦੀ ਪਾਰਟੀ ਹੈ ਤੇ ਇਹ ਸਿਰਫ਼ ਲੋਕ-ਹਿੱਤ ਨੂੰ ਧਿਆਨ ਵਿੱਚ ਰੱਖ ਕੇ ਹੀ ਕੰਮ ਕਰਦੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ, ਸਿਹਤ, ਬਿਜਲੀ, ਪਾਣੀ ਤੇ ਭ੍ਰਿਸ਼ਟਾਚਾਰ ਖ਼ਿਲਾਫ਼ ਕੀਤੇ ਜਾ ਰਹੇ ਫੈਸਲਿਆਂ ਨੇ ਲੋਕਾਂ ਵਿੱਚ ਵਿਸ਼ਵਾਸ ਪੈਦਾ ਕੀਤਾ ਹੈ, ਜਿਸ ਕਾਰਨ ਵੱਖ-ਵੱਖ ਵਰਗਾਂ ਦੇ ਲੋਕ ਵੱਡੀ ਗਿਣਤੀ ਵਿੱਚ ਪਾਰਟੀ ਨਾਲ ਜੁੜ ਰਹੇ ਹਨ।ਉਨ੍ਹਾਂ ਦੱਸਿਆ ਕਿ ਇਹ ਸ਼ਮੂਲੀਅਤ ਸਿਰਫ਼ ਗਿਣਤੀ ਵਧਾਉਣ ਤਕ ਸੀਮਿਤ ਨਹੀਂ, ਸਗੋਂ ਪਾਰਟੀ ਦੀ ਵਿਚਾਰਧਾਰਾ ਨੂੰ ਹੋਰ ਮਜ਼ਬੂਤੀ ਦੇਣ ਵਾਲੀ ਹੈ।ਚੂਹੜ ਸਿੰਘ ਦੇ ਪਰਿਵਾਰਕ ਮੈਂਬਰਾਂ ਨੇ ਇਸ ਮੌਕੇ ਕਿਹਾ ਕਿ ਉਹ ਆਮ ਆਦਮੀ ਪਾਰਟੀ ਦੀ ਸਾਫ਼-ਸੁਥਰੀ ਤੇ ਲੋਕ-ਕੇਂਦਰਿਤ ਰਾਜਨੀਤੀ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਨਾਲ ਜੁੜੇ ਹਨ।ਉਨ੍ਹਾਂ ਕਿਹਾ ਕਿ ਪਾਰਟੀ ਦੀਆਂ ਨੀਤੀਆਂ ਤੇ ਸਰਕਾਰ ਦੇ ਕੰਮਾਂ ਨੇ ਲੋਕਾਂ ਵਿੱਚ ਨਵੀਂ ਉਮੀਦ ਜਗਾਈ ਹੈ ਤੇ ਉਹ ਆਪਣੇ ਖੇਤਰ ਦੇ ਵਿਕਾਸ ਲਈ ਪਾਰਟੀ ਦੇ ਨਾਲ ਮਿਲ ਕੇ ਕੰਮ ਕਰਨਗੇ।ਉਨ੍ਹਾਂ ਇਹ ਵੀ ਯਕੀਨ ਦਿਵਾਇਆ ਕਿ ਉਹ ਆਪਣੀ ਸਮਾਜਿਕ ਪਹੁੰਚ ਦਾ ਲਾਭ ਪਾਰਟੀ ਨੂੰ ਮਜ਼ਬੂਤ ਕਰਨ ਲਈ ਲੈ ਕੇ ਆਉਣਗੇ।ਇਸ ਸਮਾਗਮ ਦੌਰਾਨ ਪਾਰਟੀ ਵਰਕਰਾਂ ਵਿੱਚ ਖਾਸਾ ਉਤਸ਼ਾਹ ਦੇਖਣ ਨੂੰ ਮਿਲਿਆ ਤੇ ਉਨ੍ਹਾਂ ਵੱਲੋਂ ਨਵੇਂ ਮੈਂਬਰਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ।

## ਅਗਰਵਾਲ ਧਰਮਸ਼ਾਲਾ ਤੇ ਸਕੂਲ ਪ੍ਰਬੰਧਕ ਕਮੇਟੀ ਦੀਆਂ ਚੋਣਾਂ 'ਚ ਦਰਸ਼ਨ ਮਿੱਤਲ ਮਜ਼ਬੂਤ ਦਾਅਵੇਦਾਰ



**ਸਮਾਣਾ (ਇਕਬਾਲ ਸਿੰਘ ਬੱਲ)**-ਸਮਾਣਾ ਦੀ ਪ੍ਰਸਿੱਧ ਅਗਰਵਾਲ ਧਰਮਸ਼ਾਲਾ ਤੇ ਸਕੂਲ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਨੂੰ ਲੈ ਕੇ ਸ਼ਹਿਰ ਵਿੱਚ ਕਾਫ਼ੀ ਉਤਸ਼ਾਹ ਦੇਖਿਆ ਜਾ ਰਿਹਾ ਹੈ।ਇਸ ਚੋਣ ਵਿੱਚ ਦਰਸ਼ਨ ਮਿੱਤਲ ਪ੍ਰਧਾਨਗੀ ਦੇ ਮਜ਼ਬੂਤ ਉਮੀਦਵਾਰ ਵਜੋਂ ਮੈਦਾਨ ਵਿੱਚ ਹਨ।ਦਰਸ਼ਨ ਮਿੱਤਲ ਮੌਜੂਦਾ ਕੌਂਸਲਰ ਵੀ ਹਨ, ਜਿਨ੍ਹਾਂ ਨੂੰ ਸਮਾਜ ਵਿੱਚ ਇੱਕ ਇਮਾਨਦਾਰ, ਸਰਗਰਮ ਤੇ ਸਮਰਪਤ ਵਿਅਕਤੀ ਵਜੋਂ ਜਾਣਿਆ ਜਾਂਦਾ ਹੈ।ਉਹ ਪਹਿਲਾਂ ਵੀ ਕਈ ਸਮਾਜਿਕ ਗਤੀਵਿਧੀਆਂ ਵਿੱਚ ਆਪਣਾ ਯੋਗਦਾਨ ਪਾ ਚੁੱਕੇ ਹਨ ਤੇ ਉਨ੍ਹਾਂ ਦੀ ਲੀਡਰਸ਼ਿਪ ਨੂੰ ਲੋਕਾਂ ਵੱਲੋਂ ਖੂਬ ਸਰਾਹਿਆ ਗਿਆ ਹੈ।ਮਿੱਤਲ ਦੇ ਹੱਕ ਵਿੱਚ ਵੱਡੀ ਗਿਣਤੀ ਵਿੱਚ ਵੋਟਰਾਂ ਦੀ ਸਮਰਥਨ ਲਹਿਰ ਦੇਖਣ ਨੂੰ ਮਿਲ ਰਹੀ ਹੈ। ਸਮਾਜ ਦੇ ਵੱਖ-ਵੱਖ ਵਰਗਾਂ ਦੇ ਲੋਕਾਂ ਦਾ ਮੰਨਣਾ ਹੈ ਕਿ ਉਨ੍ਹਾਂ ਦੀ ਪ੍ਰਧਾਨਗੀ ਹੇਠ ਧਰਮਸ਼ਾਲਾ ਤੇ ਸਕੂਲ ਦੇ ਵਿਕਾਸ ਨੂੰ ਨਵੀਂ ਦਿਸ਼ਾ ਮਿਲੇਗੀ।ਉਹ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਤੇ ਧਰਮਸ਼ਾਲਾ ਦੀਆਂ ਸਹੂਲਤਾਂ ਨੂੰ ਅਧੁਨਿਕ ਬਣਾਉਣ ਲਈ ਵਚਨਬੱਧ ਹਨ।ਵੋਟਰਾਂ ਨੇ ਉਮੀਦ ਜਤਾਈ ਹੈ ਕਿ ਦਰਸ਼ਨ ਮਿੱਤਲ ਦੀ ਅਗਵਾਈ ਵਿੱਚ ਕਮੇਟੀ ਪਾਰਦਰਸ਼ੀ ਤੇ ਲੋਕਹਿਤੀ ਫੈਸਲੇ ਲਵੇਗੀ, ਜਿਸ ਨਾਲ ਸਮੂਹ ਸਮਾਜ ਨੂੰ ਲਾਭ ਪਹੁੰਚੇਗਾ।

## ਭਾਰਤੀ ਕਿਸਾਨ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਦੀ ਮੀਟਿੰਗ



**ਦਿੜ੍ਹਬਾ (ਜਸਵੀਰ ਲਾਡੀ)**-ਭਾਰਤੀ ਕਿਸਾਨ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਦੀ ਮੀਟਿੰਗ ਬੈਰਸੀਆਣਾ ਗੁਰੂ ਘਰ ਵਿਖੇ ਬਲਾਕ ਪ੍ਰਧਾਨ ਹਰਜੀਤ ਸਿੰਘ ਮਹਿਲਾ ਤੇ ਜ਼ਿਲ੍ਹਾ ਖਜ਼ਾਨਚੀ ਅਮਨਦੀਪ ਮਹਿਲਾ ਦੀ ਅਗਵਾਈ ਵਿੱਚ ਕੀਤੀ ਗਈ। ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਪੂਰੇ ਪੰਜਾਬ ਵਿੱਚ ਡੀ ਸੀ ਦਫਤਰਾਂ ਅੱਗੇ 6 ਅਪ੍ਰੈਲ 2026 ਇੱਕ ਰੋਜ਼ਾ ਰੋਸ ਧਰਨੇ ਦਿੱਤੇ ਜਾਣਗੇ, ਕਿਉਂਕਿ ਭਾਰਤ ਦੀ ਸਰਕਾਰ ਅਮਰੀਕਾ ਨਾਲ ਟਰੇਡ ਸਮਝੌਤੇ ਕਰਨ ਜਾ ਰਹੀ ਹੈ, ਦੇ ਰੋਸ ਵਜੋਂ ਤੇ ਬਿਜਲੀ ਬਿੱਲ 2025 ਬੀਜ, ਬਿਲ 2025 ਤੇ ਚਾਰ ਲੇਬਰ ਕੋਡ ਲਿਆ ਰਹੀ ਹੈ ਤੇ ਰੋਸ ਵਜੋਂ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਸੰਗਰੂਰ ਡੀ ਸੀ ਦਫਤਰ ਅੱਗੇ ਇਕ ਰੋਜ਼ਾ ਧਰਨਾ ਦਿੱਤਾ ਜਾਵੇਗਾ ਤਾਂ ਜੋ ਬੀਜੇਪੀ ਦੀ ਮੋਦੀ ਸਰਕਾਰ ਜੋ ਕਾਰਪੋਰੇਟਾਂ ਦੇ ਹੱਥਾਂ ਵਿੱਚ ਖੇਡ ਰਹੀ ਹੈ, ਤੋਂ ਬਾਜ਼ ਆਵੇ। ਇਸ ਮੌਕੇ ਬਲਾਕ ਖਜ਼ਾਨਚੀ ਜਗਦੀਪ ਸਿੰਘ ਮਹਿਲਾਂ, ਜੋਗਿੰਦਰ ਸਿੰਘ ਖੀੜੀ ਨਾਗਾ, ਮਿਸ਼ਰਾ ਸਿੰਘ ਨਿਹਾਲਗੜ੍ਹ, ਹਰਬੰਸ ਸਿੰਘ ਦਿੜ੍ਹਬਾ, ਜਸਵੰਤ ਸਿੰਘ ਸਮੂਰਾਂ ਤੋਂ ਇਲਾਵਾ ਸਾਰੇ ਪਿੰਡਾਂ ਦੇ ਪ੍ਰਧਾਨ ਸਕੱਤਰ ਹਾਜ਼ਰ ਸਨ।

## ਝਾੜ ਸਾਹਿਬ ਕਾਲਜ ਦੀਆਂ ਵਿਦਿਆਰਥਣਾਂ ਵੱਲੋਂ ਇੰਡਸਟਰੀ ਤੇ ਮਾਰਕੀਟ ਦਾ ਦੌਰਾ



**ਸਮਰਾਲਾ (ਸੁਰਜੀਤ ਸਿੰਘ)**-ਇਲਾਕੇ ਦੀ ਸਰਮੌਰ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ ਝਾੜ ਸਾਹਿਬ ਦੀਆਂ ਵਿਦਿਆਰਥਣਾਂ ਨੂੰ ਮਿਆਰੀ ਵਿਦਿਆ ਦੇ ਨਾਲ-ਨਾਲ ਇੰਡਸਟਰੀ ਤੇ ਮਾਰਕੀਟ ਆਦਿ ਤੋਂ ਜਾਣੂ ਕਰਵਾਉਣ ਲਈ ਵੱਖ-ਵੱਖ ਮਾਰਕੀਟ ਅਤੇ ਉਦਯੋਗਿਕ ਦੌਰੇ ਕਰਵਾਏ ਜਾਂਦੇ ਹਨ।ਇਸੇ ਤਹਿਤ ਕਾਮਰਸ ਵਿਭਾਗ ਵੱਲੋਂ ਬੀ.ਕਾਮ ਦੀਆਂ ਵਿਦਿਆਰਥਣਾਂ ਨੂੰ ਅਜੀਤ ਮਿਲਜ਼ ਮੋਹਾਲੀ ਤੇ ਆਕਸਫੋਰਡ ਸਟਰੀਟ ਜ਼ੀਰਕਪੁਰ ਲਿਜਾਇਆ ਗਿਆ।ਇਹ ਦੌਰਾ ਮਾਰਕੀਟਿੰਗ ਮੈਨੇਜਮੈਂਟ ਵਿਸ਼ੇ ਨਾਲ ਸੰਬੰਧਤ ਹੋਣ ਕਰਕੇ ਵਿਦਿਆਰਥਣਾਂ ਨੇ ਮਾਰਕੀਟ ਰੇਟ ਤੋਂ ਇਲਾਵਾ ਹੋਲਸੇਲ, ਕੱਚੇ ਮਾਲ ਦੀ ਸੰਭਾਲ, ਕੁਆਲਟੀ ਕੰਟਰੋਲ ਦੀ ਪ੍ਰਕਿਰਿਆ ਤੇ ਆਫਰ ਰੇਟਾਂ ਤੇ ਗਾਹਕਾਂ ਨੂੰ ਆਕਰਸ਼ਿਤ ਕਰਨ ਦੇ ਵੱਖ-ਵੱਖ ਢੰਗਾਂ ਬਾਰੇ ਗਿਆਨ ਹਾਸਲ ਕੀਤਾ।ਇਹ ਦੌਰਾ ਬੀ.ਕਾਮ ਦੀਆਂ ਵਿਦਿਆਰਥਣਾਂ ਦੀ ਪੜ੍ਹਾਈ ਲਈ ਬਹੁਤ ਲਾਹੇਵੰਦ ਸਾਬਤ ਹੋਇਆ।ਇਸ ਦੌਰੇ ਦਾ ਮੁੱਖ ਉਦੇਸ਼ ਵਿਦਿਆਰਥਣਾਂ ਨੂੰ ਪ੍ਰੈਕਟੀਕਲ ਗਿਆਨ ਪ੍ਰਦਾਨ ਕਰਨਾ ਅਤੇ ਸਿਧਾਂਤਕ ਗਿਆਨ ਨੂੰ ਅਸਲੀ ਉਦਯੋਗਿਕ ਅਨੁਭਵ ਨਾਲ ਜੋੜਨਾ ਸੀ।ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਦੱਸਿਆ ਕਿ ਕਾਲਜ ਵੱਲੋਂ ਵਿਦਿਆਰਥਣਾਂ ਲਈ ਅਜਿਹੇ ਇੰਡਸਟਰੀ ਤੇ ਮਾਰਕੀਟਿੰਗ ਦੌਰੇ ਸਮੇਂ-ਸਮੇਂ 'ਤੇ ਕਰਵਾਏ ਜਾਂਦੇ ਹਨ ਤਾਂ ਜੋ ਨੌਕਰੀ ਮੁਖੀ ਕੋਰਸਾਂ ਰਾਹੀਂ ਉਹ ਸਮੇਂ ਦੇ ਹਾਣੀ ਬਣ ਸਕਣ।ਉਨ੍ਹਾਂ ਦੱਸਿਆ ਕਿ ਕਾਮਰਸ ਵਿਭਾਗ ਵੱਲੋਂ ਬੈਂਕਾਂ ਦੇ ਕੰਮਕਾਜ ਦੀ ਜਾਣਕਾਰੀ ਦੇਣ ਲਈ ਵੱਖ-ਵੱਖ ਬੈਂਕਾਂ ਦੇ ਦੌਰੇ ਵੀ ਕਰਵਾਏ ਜਾਂਦੇ ਹਨ।ਇਸ ਤੋਂ ਇਲਾਵਾ ਵਿਦਿਆਰਥਣਾਂ ਨੂੰ ਗੁਰਦੁਆਰਾ ਸਿੰਘ ਸ਼ਹੀਦਾਂ, ਸੁਹਾਣਾ ਸਾਹਿਬ ਦੇ ਦਰਸ਼ਨ ਵੀ ਕਰਵਾਏ ਗਏ।ਇਸ ਦੌਰੇ ਵਿੱਚ ਡਾ. ਮਨਦੀਪ ਕੌਰ, ਪ੍ਰੋ. ਆਰਤੀ ਰਾਣੀ, ਪ੍ਰੋ. ਅਮਨਦੀਪ ਕੌਰ, ਸੁਖਵੀਰ ਸਿੰਘ ਤੇ ਰਜਿੰਦਰ ਸਿੰਘ ਸ਼ਾਮਲ ਸਨ।

## ਲੀਗਲ ਐਡਵਾਈਜ਼ਰ ਤੇ ਜ਼ਿਲ੍ਹਾ ਸੰਗਰੂਰ ਚੇਅਰਮੈਨ ਦੀ ਨਿਯੁਕਤੀ



**ਸੁਨਾਮ/ਸੰਗਰੂਰ (ਹਾਕਮ ਭੱਟੀ, ਅਸ਼ੋਕ ਬਾਂਸਲ)**-ਦਲਿਤ ਸਮਾਜ ਸੇਵਾ ਸੰਗਠਨ ਪੰਜਾਬ ਦੀ ਇੱਕ ਅਹਿਮ ਮੀਟਿੰਗ ਜ਼ਿਲ੍ਹਾ ਸੰਗਰੂਰ ਵਿਖੇ ਮਹਿਲਾ ਵਿੰਗ ਜ਼ਿਲ੍ਹਾ ਪ੍ਰਧਾਨ ਰਣਜੀਤ ਕੌਰ ਸੁਨਾਮ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਪੰਜਾਬ ਪ੍ਰਧਾਨ ਡਾ. ਹਰਮੇਸ਼ ਸਿੰਘ ਹਿਆਣਾ ਵੱਲੋਂ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਕੁਲਦੀਪ ਸਿੰਘ ਰੱਤੋਕੇ ਨੇ ਕੀਤੀ। ਇਸ ਮੌਕੇ ਸੂਬਾ ਪ੍ਰਧਾਨ ਡਾ. ਹਿਆਣਾ ਨੇ ਸਰਕਾਰ ਤੋਂ ਮੰਗ ਕੀਤੀ ਕਿ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਲੋੜਵੰਦ ਪਰਵਾਰਾਂ ਦੇ ਕੱਚੇ ਮਕਾਨਾਂ ਨੂੰ ਪੱਕੇ ਕਰਨ ਹਰ ਨੌਜਵਾਨ ਨੂੰ ਰੋਜ਼ਗਾਰ ਭੱਤਾ ਦੇਣ ਦੀ ਜੋ ਗਰੰਟੀ ਦਿੱਤੀ ਸੀ, ਉਸ ਨੂੰ ਪੂਰਾ ਕਰਨ ਲਈ ਧਿਆਨ ਦਿੱਤਾ ਜਾਵੇ। ਇਸ ਮੌਕੇ ਵਕੀਲ ਪਰਮਪ੍ਰੀਤ ਸਿੰਘ ਰਤਨ ਨੂੰ ਮਾਲਵਾ ਜ਼ੋਨ ਦਾ ਲੀਗਲ ਅਡਵਾਈਜ਼ਰ ਤੇ ਹੀਰਾ ਸਿੰਘ ਸਤੌਜ ਨੂੰ ਜ਼ਿਲ੍ਹਾ ਸੰਗਰੂਰ ਦਾ ਚੇਅਰਮੈਨ ਨਿਯੁਕਤ ਕੀਤਾ, ਜੋ ਸੁਪਨਾ ਬਾਬਾ ਸਾਹਿਬ ਅੰਬੇਡਕਰ ਜੀ ਦਾ ਅਧੂਰਾ ਰਹਿ ਗਿਆ, ਉਸ ਨੂੰ ਪੂਰਾ ਕਰਨ ਲਈ ਦਿਨ-ਰਾਤ ਮਿਹਨਤ ਕੀਤੀ ਜਾ ਰਹੀ ਹੈ। ਬਾਬਾ ਸਾਹਿਬ ਜੀ ਦਾ ਬੁੱਤ ਸੁਨਾਮ ਵਿਖੇ ਲਗਾਉਣ ਦਾ ਵਿਚਾਰ ਵਟਾਂਦਰਾ ਵੀ ਮੀਟਿੰਗ ਵਿੱਚ ਕਿਤਾ ਗਿਆ। ਸੂਬਾ ਪ੍ਰਧਾਨ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨਾਲ ਵੀ ਪਿਛਲੇ ਦਿਨੀਂ ਇਸ ਵਿਸ਼ੇ 'ਤੇ ਵਿਸ਼ੇਸ਼ ਗੱਲਬਾਤ ਕੀਤੀ ਗਈ ਸੀ। ਉਨ੍ਹਾਂ ਵੀ ਭਰੋਸਾ ਜਤਾਇਆ ਕਿ ਤੁਹਾਡਾ ਇਹ ਸੁਪਨਾ ਜਲਦ ਹੀ ਪੂਰਾ ਕੀਤਾ ਜਾਵੇਗਾ। ਇਸ ਮੌਕੇ ਹਾਕਮ ਸਿੰਘ ਭੱਟੀ ਮੀਡੀਆ ਇੰਚਾਰਜ ਪੰਜਾਬ, ਭੈਣ ਕਮਲਜੀਤ ਕੌਰ ਭੱਟੀ ਵਾਇਸ ਚੇਅਰਮੈਨ ਮਾਲਵਾ ਜ਼ੋਨ, ਮਨਪ੍ਰੀਤ ਅਗੌਲ ਯੂਥ ਸਲਾਹਕਾਰ ਪੰਜਾਬ, ਸੀਤਾ ਰਾਮ, ਕਾਲਾ ਸਰਪੰਚ, ਗੁਰਦਾਸ ਸਿੰਘ ਤੇ ਵੱਖ ਵੱਖ ਪਿੰਡਾਂ-ਸ਼ਹਿਰਾਂ ਤੋਂ ਭੈਣ-ਭਰਾਵਾਂ ਨੇ ਸ਼ਿਰਕਤ ਕੀਤੀ।

## ਸਫਾ 1 ਦੇ ਬਾਕੀ...

### ਅਕਾਲੀਆਂ ਨੂੰ ਵੋਟਾਂ ਬੇਅਦਬੀ ...

ਘਟਨਾਵਾਂ ਦਾ ਹਵਾਲਾ ਦਿੰਦੇ ਹੋਏ ਮਾਨ ਨੇ ਆਜ਼ਾਦੀ ਸੰਗਰਾਮ ਦੌਰਾਨ ਜੈਤੋ ਵਿੱਚ ਪੀਣ ਵਾਲੇ ਪਾਣੀ ਵਿੱਚ ਜ਼ਹਿਰ ਮਿਲਾਉਣ ਦੇ ਦੋਸ਼ਾਂ ਵੱਲ ਇਸ਼ਾਰਾ ਕੀਤਾ ਅਤੇ ਜਲ੍ਹਿਆਂਵਾਲਾ ਬਾਗ ਦੇ ਕਤਲੇਆਮ ਤੋਂ ਬਾਅਦ ਜਨਰਲ ਡਾਇਰ ਨੂੰ ਸਨਮਾਨਤ ਕਰਨ ਵਾਲਿਆਂ 'ਤੇ ਸਵਾਲ ਚੁੱਕੇ।

ਉਨ੍ਹਾ ਕਿਹਾ, 'ਅੱਜ ਅਜਿਹੀਆਂ ਸ਼ਖਸੀਅਤਾਂ ਦੀਆਂ ਅੰਸ਼-ਵੰਸ਼ ਪੰਜਾਬੀਆਂ ਤੋਂ ਵੋਟਾਂ ਮੰਗ ਰਹੀਆਂ ਹਨ ਅਤੇ ਆਪਣੇ ਆਪ ਨੂੰ ਉਨ੍ਹਾਂ ਦਾ ਅਸਲੀ ਮੁਕਤੀਦਾਤਾ ਦੱਸ ਰਹੀਆਂ ਹਨ।' ਮਾਨ ਨੇ ਕਿਹਾ ਕਿ ਕਾਂਗਰਸ ਦੇ ਕੇਂਦਰੀ ਆਗੂ ਪੰਜਾਬ ਨਾਲੋਂ ਕੱਟੇ ਹੋਏ ਹਨ। ਉਨ੍ਹਾ ਅਕਾਲੀ ਆਗੂਆਂ 'ਤੇ ਸਿਆਸੀ ਸਹੂਲਤ ਅਨੁਸਾਰ ਵਫਾਦਾਰੀਆਂ ਬਦਲਣ ਦੇ ਦੋਸ਼ ਲਾਏ। ਰੈਲੀ ਵਿੱਚ ਮੌਜੂਦ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਨੇ ਦੋਸ਼ ਲਾਇਆ ਕਿ 'ਆਪ' ਆਗੂਆਂ ਨੂੰ ਨਿਸ਼ਾਨਾ ਬਣਾਉਣ ਲਈ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਕੀਤੀ ਗਈ ਹੈ। ਉਨ੍ਹਾ ਦਾਅਵਾ ਕੀਤਾ ਕਿ ਅਦਾਲਤਾਂ ਨੇ ਪਾਰਟੀ ਨੂੰ ਬੇਗੁਨਾਹ ਸਾਬਤ ਕਰ ਦਿੱਤਾ ਹੈ, ਜਿਸ ਨੂੰ ਉਨ੍ਹਾ ਨੇ ਈਮਾਨਦਾਰੀ ਦੀ ਜਿੱਤ ਦੱਸਿਆ। ਇਸ ਮੌਕੇ ਕੈਬਨਿਟ ਮੰਤਰੀ ਬਲਬੀਰ ਸਿੰਘ ਅਤੇ ਬਲਜੀਤ ਕੌਰ ਸਮੇਤ ਕਈ ਵਿਧਾਇਕ ਵੀ ਹਾਜ਼ਰ ਸਨ।

### ਮੋਦੀ ਨੇ ਈਰਾਨ ਦਾ...

ਤਾਰਨ ਗਗਨਦੀਪ ਸਿੰਘ ਰੰਧਾਵਾ 'ਤੇ ਤਸ਼ੱਦਦ ਕਰਕੇ ਉਸ ਨੂੰ ਬੇਇੱਜ਼ਤ ਕਰਨ ਦੀ ਜ਼ੋਰਦਾਰ ਨਿਖੇਧੀ ਕਰਦਿਆਂ ਕਿਹਾ ਕਿ ਇਸ ਮੰਤਰੀ ਕਾਰਨ ਹੀ ਉਸ ਨੂੰ ਆਪਣੀ ਜਾਨ ਖਤਮ ਕਰਨੀ ਪਈ ਹੈ।

ਪੰਜਾਬ ਸਰਕਾਰ ਨੇ ਉਸ ਦੇ ਪਰਵਾਰ ਨੂੰ ਇਨਸਾਫ ਦੇਣ ਲਈ ਅਜੇ ਤੱਕ ਸਾਰੇ ਦੋਸ਼ੀਆਂ ਦੀ ਗ੍ਰਿਫਤਾਰੀ ਵੀ ਨਹੀਂ ਕੀਤੀ ਅਤੇ ਨਾ ਹੀ ਪੰਜਾਬ ਪੁਲਸ ਇਸ ਕੇਸ ਦੀ ਨਿਰਪੱਖ ਜਾਂਚ ਕਰ ਰਹੀ ਹੈ। ਰਹਿੰਦੇ ਦੋਸ਼ੀਆਂ ਨੂੰ ਤੁਰੰਤ ਗ੍ਰਿਫਤਾਰ ਕੀਤਾ ਜਾਵੇ ਅਤੇ ਇਸ ਕੇਸ ਦੀ ਨਿਰਪੱਖ ਜਾਂਚ ਵਾਸਤੇ ਇਹ ਕੇਸ ਸੀ ਬੀ ਆਈ ਨੂੰ ਦਿੱਤਾ ਜਾਵੇ। ਮੀਟਿੰਗ 'ਚ ਸਰਬਸੰਮਤੀ ਨਾਲ ਨਰਿੰਦਰ ਬੱਲ ਅਤੇ ਮੰਗਲ ਸਿੰਘ ਖੁਜਾਲਾ ਨੂੰ ਜ਼ਿਲ੍ਹਾ ਸਹਾਇਕ ਸਕੱਤਰ ਅਤੇ 15 ਮੈਂਬਰੀ ਜ਼ਿਲ੍ਹਾ ਐਗਜ਼ੈਕਟਿਵ ਦੀ ਚੋਣ ਕੀਤੀ। ਮੀਟਿੰਗ 'ਚ ਗੁਰਮੁਖ ਸਿੰਘ ਸ਼ੇਰਗਿੱਲ, ਪਲਵਿੰਦਰ ਸਿੰਘ ਬੱਲ, ਅਜਮਤ ਮਸੀਹ ਅਟਾਰੀ, ਗੁਰਵਿੰਦਰ ਸਿੰਘ, ਮੇਜਰ ਸਿੰਘ ਐਡਵੋਕੇਟ, ਜੋਗਿੰਦਰ ਸਿੰਘ ਗੋਪਾਲਪੁਰਾ, ਪ੍ਰਕਾਸ਼ ਸਿੰਘ ਕੈਰੋਨੰਗਲ, ਕਰਨੈਲ ਸਿੰਘ ਨਵਾਂ ਪਿੰਡ, ਹਰਜੀਤ ਸਿੰਘ, ਅਮਰਜੀਤ ਸਿੰਘ ਨਿਜ਼ਾਮਪੁਰ, ਕੁਲਵੰਤ ਸਿੰਘ ਫਤਿਹਗੜ੍ਹ ਸ਼ੁਕਰਚੱਕ ਆਦਿ ਮੌਜੂਦ ਸਨ।

### ਸਰਕਾਰਾਂ ਦੀਆਂ ਨੀਤੀਆਂ...

ਜਾਵੇ। ਸਰਕਾਰ ਦੀਆਂ ਇਹਨਾਂ ਨਿੱਜੀ ਖੇਤਰ ਨੂੰ ਬੜ੍ਹਾਵਾ ਦੇਣ ਦੀਆਂ ਨੀਤੀਆਂ ਦਾ ਵਿਰੋਧ ਕਰਨਾ ਚਾਹੀਦਾ ਹੈ। ਇਹਨਾਂ ਨੀਤੀਆਂ ਕਰਕੇ ਹੀ ਅੱਜ ਸਾਡੇ ਦੇਸ਼ ਦੇ 6 ਤੋਂ 7 ਫੀਸਦੀ ਲੋਕ ਗਰੀਬੀ ਰੇਖਾ ਤੋਂ ਵੀ ਹੇਠਾਂ ਜਾ ਰਹੇ ਹਨ। ਉਨ੍ਹਾ ਕਿਹਾ ਕਿ ਪਬਲਿਕ ਸਿਹਤ ਸਿਸਟਮ ਨੂੰ ਮਜ਼ਬੂਤ ਕੀਤਾ ਜਾਣਾ ਚਾਹੀਦਾ ਹੈ।ਰਵਿੰਦਰ ਲੂਥਰਾ ਕਨਵੀਨਰ ਤਾਲਮੇਲ ਕਮੇਟੀ ਪੈਰਾ ਮੈਡੀਕਲ ਅਤੇ ਸਿਹਤ ਕਰਮਚਾਰੀ ਪੰਜਾਬ ਨੇ ਕਿਹਾ ਕਿ ਅੱਜ ਸਿਹਤ ਕਿਸੇ ਵੀ ਰਾਜਨੀਤਕ ਪਾਰਟੀ ਦਾ ਮੁੱਦਾ ਨਹੀਂ। ਸਰਕਾਰਾਂ ਵੱਲੋਂ ਪੇਸ਼ ਕੀਤੇ ਬਜਟ ਵਿੱਚ ਵੀ ਸਿਹਤ ਲਈ ਬਜਟ ਸਿਰਫ 1.9 ਫੀਸਦੀ ਰੱਖਿਆ ਗਿਆ ਹੈ। ਉਹਨਾ ਕਿਹਾ ਕਿ ਅੱਜ ਸਿਰਫ 30 ਫੀਸਦੀ ਲੋਕ ਹੀ ਸਰਕਾਰੀ ਹਸਪਤਾਲਾਂ ਵਿੱਚ ਆਪਣਾ ਇਲਾਜ ਕਰਾ ਰਹੇ ਹਨ, ਬਾਕੀ 70 ਫੀਸਦੀ ਲੋਕ ਪ੍ਰਾਈਵੇਟ ਹਸਪਤਾਲਾਂ ਵਿੱਚ ਜਾਣ ਲਈ ਮਜਬੂਰ ਹਨ, ਪਰ ਅੱਜ ਲੋੜ ਹੈ ਕਿ ਪਬਲਿਕ ਸਿਹਤ ਸਿਸਟਮ ਨੂੰ ਵਧੀਆ ਕੀਤਾ ਜਾਵੇ। ਅੱਜ ਇਲਾਜ ਨੂੰ ਲੋਕਾਂ ਦੀ ਪਹੁੰਚ ਦਾ ਹਿੱਸਾ ਬਣਾਉਣ ਦੀ ਜ਼ਰੂਰਤ ਹੈ। ਸਰਕਾਰੀ ਹਸਪਤਾਲਾਂ ਵਿੱਚ ਰੈਗੂਲਰ ਸਟਾਫ ਭਰਤੀ ਕਰਕੇ ਆਸ਼ਾ ਵਰਕਰਾਂ ਤੇ ਬਾਕੀ ਸਟਾਫ ਲਈ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਨ ਦੀ ਜ਼ਰੂਰਤ ਹੈ, ਤਾਂ ਕਿ ਮੌਜੂਦਾ ਸਟਾਫ ਉਤੇ ਪਾਇਆ ਜਾਂਦਾ ਬੋਝ ਘਟ ਸਕੇ ਤੇ ਸਰਕਾਰੀ ਹਸਪਤਾਲਾਂ ਨੂੰ ਵਧੀਆ ਬਣਾਇਆ ਜਾ ਸਕੇ। ਇਸ ਮੌਕੇ ਡਾਕਟਰ ਇੰਦਰਵੀਰ ਗਿੱਲ ਵੱਲੋਂ ਦੋ ਮਤੇ ਇਸ ਸੈਮੀਨਾਰ ਵਿੱਚ ਪੇਸ਼ ਕੀਤੇ ਗਏ। ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਪੰਜ ਸਰਕਾਰੀ ਹਸਪਤਾਲਾਂ ਨੂੰ ਪੀ ਪੀ ਪੀ ਮੋਡ ਤਹਿਤ ਪ੍ਰਾਈਵੇਟ ਕਰਨ ਦਾ ਫੁਰਮਾਨ ਵਾਪਸ ਲੈਣ ਦਾ ਮਤਾ ਕੀਤਾ ਗਿਆ ਤੇ ਨਾਲ ਸਟਾਫ ਨਰਸਾਂ ਉਪਰ ਲਗਾਏ ਗਏ ਐਸਮਾ ਕਾਨੂੰਨ ਨੂੰ ਵਾਪਸ ਲੈਣ ਸੰਬੰਧੀ ਵੀ ਮਤਾ ਪੇਸ਼ ਕੀਤਾ ਗਿਆ।

ਹੋਰਨਾਂ ਤੋਂ ਇਲਾਵਾ ਜਗਦੀਸ਼ ਸਿੰਘ ਚਾਹਲ ਜਥੇਬੰਦਕ ਸਕੱਤਰ ਪੀ ਐੱਸ ਐੱਸ ਐੱਫ਼ ਪੰਜਾਬ, ਕੁਲਦੀਪ ਭੋਲਾ ਜ਼ਿਲ੍ਹਾ ਸਕੱਤਰ ਸੀ ਪੀ ਆਈ, ਡਾਕਟਰ ਸੁਖਦੇਵ ਸਿੰਘ ਸਿਰਸਾ, ਨਰੇਸ਼ ਗੌੜ ਬੈਂਕ ਇੰਪਲਾਈਜ਼ ਦੇ ਕੌਮੀ ਆਗੂ, ਜਗਜੀਤ ਸਿੰਘ ਨਿਹਾਲ ਸਿੰਘ ਵਾਲਾ ਜ਼ਿਲ੍ਹਾ ਜਨਰਲ ਸਕੱਤਰ ਕੁਲ ਹਿੰਦ ਕਿਸਾਨ ਸਭਾ (1936), ਗੁਰਜੰਟ ਕੋਕਰੀ ਜਨਰਲ ਸਕੱਤਰ ਗੌਰਮਿੰਟ ਟਰਾਂਸਪੋਰਟ ਵਰਕਰਜ ਯੂਨੀਅਨ (ਏਟਕ), ਜਗਸੀਰ ਖੋਸਾ ਜਨਰਲ ਸਕੱਤਰ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ, ਕਰਮਵੀਰ ਬੱਧਨੀ ਸੂਬਾ ਪ੍ਰਧਾਨ ਸਰਬ ਭਾਰਤ ਨੌਜਵਾਨ ਸਭਾ, ਲੇਖਕ ਗੁਰਮੀਤ ਕੜਿਆਲਵੀ, ਡਾਕਟਰ ਜਸਜੀਤ ਗਿੱਲ, ਚਮਕੌਰ ਸਰਾਂ, ਰਾਜਕੁਮਾਰ (ਪੈਨਸ਼ਨਰ ਆਗੂ), ਰਮਨਜੀਤ ਸਿੰਘ, ਜਗਰੂਪ ਸਿੰਘ, ਦਵਿੰਦਰ ਸਿੰਘ, ਟਵਿੰਕਲਦੀਪ, ਜਸਪ੍ਰੀਤ ਕੌਰ, ਅਮਰਦੀਪ (ਪੈਰਾ-ਮੈਡੀਕਲ ਆਗੂ), ਅਮਨ ਆਗੂ ਆਸ਼ਾ ਵਰਕਰ ਯੂਨੀਅਨ, ਰਾਕੇਸ਼ ਭਾਰਦਵਾਜ ਸਾਬਕਾ ਸਿਹਤ ਮੁਲਾਜ਼ਮ ਆਗੂ, ਜਸਪ੍ਰੀਤ ਕੌਰ ਬੱਧਨੀ, ਬੋਹੜ ਸਿੰਘ ਬੁੱਟਰ ਆਗੂ ਸਰਬ ਭਾਰਤ ਨੌਜਵਾਨ ਸਭਾ ਵੀ ਸ਼ਾਮਲ ਸਨ।

## ਏਕਤਾ ਡਕੌਂਦਾ ਵੱਲੋਂ ਗੜੇਮਾਰੀ ਕਾਰਨ ਤਬਾਹ ਹੋਈਆਂ ਫਸਲਾਂ ਦਾ ਜਾਇਜ਼ਾ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਕਮੇਟੀ ਬਲਾਕ ਰਾਮਪੁਰਾ ਵੱਲੋਂ ਬੇਮੌਸਮੀ ਹੋਈ ਗੜੇਮਾਰੀ ਕਾਰਨ ਤਬਾਹ ਹੋਈਆਂ ਫਸਲਾਂ ਦੇ ਹੋਏ ਨੁਕਸਾਨ ਦਾ ਜਾਇਜ਼ਾ ਲੈਣ ਲਈ ਪਿੰਡ ਬਾਲਿਆਂਵਾਲੀ ਦਾ ਦੌਰਾ ਕੀਤਾ ਗਿਆ। ਆਗੂਆਂ ਨੇ ਦੱਸਿਆ ਕਿ ਕਣਕ, ਸਰ੍ਹੋਂ, ਸਬਜ਼ੀਆਂ ਤੇ ਪਸ਼ੂਆਂ ਵਾਲੇ ਚਾਰੇ ਦੀ ਫਸਲ ਬੁਰੀ ਤਰ੍ਹਾਂ ਤਬਾਹ ਹੋ ਗਈ ਹੈ, ਜਿਸ ਕਰਕੇ ਕਿਸਾਨਾਂ ਦਾ ਬਹੁਤ ਭਾਰੀ ਨੁਕਸਾਨ ਹੋਇਆ ਹੈ। ਬਲਾਕ ਪ੍ਰਧਾਨ ਸਰਦੂਲ ਸਿੰਘ ਰਾਮਨਿਵਾਸ ਤੇ ਬਲਾਕ ਆਗੂ ਜਗਦੀਸ਼ ਸਿੰਘ ਰਾਮਪੁਰਾ ਨੇ ਪੰਜਾਬ ਸਰਕਾਰ ਤੇ ਪ੍ਰਸ਼ਾਸਨ ਨੂੰ ਅਪੀਲ ਕਰਦਿਆਂ ਕਿਹਾ ਕਿ ਰਾਮਪੁਰਾ ਬਲਾਕ ਅਧੀਨ ਪੈਂਦੇ ਪਿੰਡਾਂ ਵਿੱਚ ਗੜੇਮਾਰੀ ਕਾਰਨ ਤਬਾਹ ਹੋਈਆਂ ਫਸਲਾਂ ਦੀ ਵਿਸ਼ੇਸ਼ ਗਿਰਦਾਵਰੀ ਕਰਵਾ ਕੇ ਕਿਸਾਨਾਂ ਨੂੰ ਪੰਜਾਹ ਹਜ਼ਾਰ ਰੁਪਏ ਪ੍ਰਤੀ ਏਕੜ ਦਾ ਮੁਆਵਜ਼ਾ ਦਿੱਤਾ ਜਾਵੇ। ਬਲਾਕ ਜਨਰਲ ਸਕੱਤਰ ਸੁਖਜਿੰਦਰ ਸਿੰਘ ਰਾਮਪੁਰਾ ਨੇ ਕਿਹਾ ਕਿ ਜੇਕਰ ਸਰਕਾਰ ਨੇ ਮੁਸੀਬਤ ਦੀ ਘੜੀ ਕਿਸਾਨਾਂ ਦੀ ਬਾਂਹ ਨਾ ਫੜੀ ਤਾਂ ਜਥੇਬੰਦੀ ਕਿਸਾਨਾਂ ਨੂੰ ਮੁਆਵਜ਼ਾ ਦਿਵਾਉਣ ਲਈ ਸੰਘਰਸ਼ ਵਿੱਢਣ ਲਈ ਮਜਬੂਰ ਹੋਵੇਗੀ ਤੇ ਆਗੂਆਂ ਨੇ ਰੋਸ ਜ਼ਾਹਰ ਕਰਦਿਆਂ ਕਿਹਾ ਕਿ ਸਰਕਾਰ ਦੀਆਂ ਕਿਸਾਨ ਵਿਰੋਧੀ ਨੀਤੀਆਂ ਕਾਰਨ ਕਿਸਾਨ ਕਰਜ਼ੇ ਦੇ ਬੋਝ ਥੱਲੇ ਦੱਬੇ ਪਏ ਹਨ ਤੇ ਖੁਦਕਸ਼ੀਆਂ ਕਰ ਰਹੇ ਹਨ ਤੇ ਉਨ੍ਹਾਂ ਮੰਗ ਕੀਤੀ ਕਿ ਸਰਕਾਰ ਕਿਸਾਨਾਂ ਪੱਖੀ ਨੀਤੀਆਂ ਲਿਆ ਕੇ ਸਾਰੀਆਂ ਫਸਲਾਂ ਤੇ ਐੱਮ ਐੱਸ ਪੀ ਦਿੱਤਾ ਜਾਵੇ ਤੇ ਗਰੰਟੀ ਕਾਨੂੰਨ ਬਣਾਇਆ ਜਾਵੇ ਤਾਂ ਜੋ ਡੂੰਘੇ ਸੰਕਟ 'ਚ ਘਿਰੀ ਕਿਸਾਨੀ ਬਚਾਇਆ ਜਾ ਸਕੇ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : **nawanzamana@gmail.com** * **Web : www.nawanzamana.in**

# ਬੀਕੇਯੂ ਕਰਾਂਤੀਕਾਰੀ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਦਾ ਡੈਲੀਗੇਟ ਅਜਲਾਸ

## ਕੁਲਦੀਪ ਸਿੰਘ ਦਾਦੂਜੋਧ ਨੂੰ ਪ੍ਰਧਾਨ ਤੇ ਕੁਲਵਿੰਦਰ ਜੀਤ ਸਿੰਘ ਅਠਵਾਲ ਨੂੰ ਸਕੱਤਰ ਥਾਪਿਆ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਭਾਰਤੀ ਕਿਸਾਨ ਯੂਨੀਅਨ ਕਰਾਂਤੀਕਾਰੀ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਦਾ ਡੈਲੀਗੇਟ ਅਜਲਾਸ ਪਿੰਡ ਕਾਲਾ ਅਫਗਾਨਾਂ ਵਿੱਚ ਹੋਇਆ। ਕਿਸਾਨ ਮਜ਼ਦੂਰ ਲਹਿਰ ਅਤੇ ਦਿੱਲੀ ਕਿਸਾਨ ਮੋਰਚਾ ਅਤੇ ਸ਼ੰਭੂ ਖਨੌਰੀ ਮੋਰਚਿਆਂ ਦੇ ਸ਼ਹੀਦਾਂ ਸਮੇਤ ਨਵਰੀਤ ਸਿੰਘ ਜਲਵੇੜਾ ਅਤੇ ਸ਼ੁਭਕਰਨ ਸਿੰਘ ਬੱਲੋਂ ਸਮੇਤ ਜਥੇਬੰਦੀ ਦੇ ਗੁਰਦਾਸਪੁਰ ਦੇ ਮੋਢੀ ਆਗੂ ਅਤੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਦਰਬਾਰਾ ਸਿੰਘ ਚੀਮਾ, ਇੰਦਰਜੀਤ ਸਿੰਘ ਖੋਖਰ (ਸੂਬੇ ਵੱਲੋਂ ਤਾਇਨਾਤ ਕੀਤੇ ਸਾਥੀ), ਮਜ਼ਦੂਰ ਆਗੂ ਕਾਮਰੇਡ ਕਰਮ ਸਿੰਘ ਥਰੀਏਵਾਲ ਅਤੇ ਅਜੀਤ ਸਿੰਘ ਲੀਲਕਲਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਡਾ. ਅਸ਼ੋਕ ਭਾਰਤੀ, ਮਾਸਟਰ ਗੁਰਚਰਨ ਸਿੰਘ ਟਾਹਲੀ, ਸੂਬਾ ਚੇਅਰਮੈਨ ਸੁਰਜੀਤ ਸਿੰਘ ਫੂਲ 'ਤੇ ਆਧਾਰਿਤ ਪ੍ਰਧਾਨਗੀ ਮੰਡਲ ਹੇਠ ਚੱਲੇ ਅਜਲਾਸ ਵਿਚ ਸੂਬਾ ਚੇਅਰਮੈਨ ਸੁਰਜੀਤ ਸਿੰਘ ਫੂਲ ਵੱਲੋਂ



ਪ੍ਰਧਾਨਗੀ ਭਾਸ਼ਣ ਦਿੱਤਾ ਗਿਆ। ਉਪਰੰਤ ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ ਦਾਦੂਜੋਧ ਵੱਲੋਂ ਪਿਛਲੀ ਕਾਰਗੁਜ਼ਾਰੀ ਰਿਪੋਰਟ ਪੇਸ਼ ਕੀਤੀ ਗਈ।ਵਿੱਤੀ ਰਿਪੋਰਟ ਸਿਕੰਦਰ ਸਿੰਘ ਚੀਮਾ ਖੁੱਡੀ ਨੇ ਪੇਸ਼ ਕੀਤੀ।ਹਾਜ਼ਰ ਮੈਂਬਰਾਂ ਵੱਲੋਂ ਭਰਵੀਂ ਚਰਚਾ ਤੋਂ ਬਾਅਦ ਪਾਸ ਕਰ ਦਿੱਤਾ ਗਿਆ।ਉਪਰੰਤ ਪਹਿਲੀ ਕਮੇਟੀ ਭੰਗ ਕਰਕੇ ਨਵੀਂ ਕਮੇਟੀ ਦੀ ਚੋਣ ਕਰਵਾਈ ਗਈ ਜਿਸ ਵਿੱਚ ਪ੍ਰਧਾਨ ਕੁਲਦੀਪ ਸਿੰਘ ਦਾਦੂਜੋਧ, ਸਕੱਤਰ ਕੁਲਵਿੰਦਰ ਜੀਤ ਸਿੰਘ ਅਠਵਾਲ, ਖਜਾਨਚੀ ਸਿਕੰਦਰ ਸਿੰਘ ਚੀਮਾ ਖੁੱਡੀ, ਨਿਸ਼ਾਨ ਸਿੰਘ ਅਟਵਾਲ, ਨਿਰਮਲ ਸਿੰਘ ਤਲਵੰਡੀ ਹਿੰਦੂਆਂ, ਗੁਰਦੀਪ ਸਿੰਘ ਪੰਨਵਾਂ, ਸਤਨਾਮ ਸਿੰਘ ਪੰਨਵਾਂ, ਮਾਸਟਰ ਗੁਰਚਰਨ ਸਿੰਘ ਟਾਹਲੀ, ਦਿਲਬਾਗ ਸਿੰਘ ਕੋਟਲਾਬਾਮਾ, ਪਲਵਿੰਦਰ ਸਿੰਘ ਪੰਨਵਾਂ, ਮਾਸਟਰ ਜਗੀਰ ਸਿੰਘ ਅਤੇਪੁਰ, ਸੁਖਵੰਤ ਸਿੰਘ ਬਾਠ, ਕੁਲਵਿੰਦਰ ਸਿੰਘ ਬਸਰਾਵਾਂ, ਮਹਿੰਦਰ ਸਿੰਘ ਚੀਮਾ ਖੁੱਡੀ, ਜਤਿੰਦਰ ਸਿੰਘ ਕਾਲਾ ਅਫਗਾਨਾਂ, ਜਤਿੰਦਰ ਜੀਤ ਸਿੰਘ ਘਣੀਏ ਕੇ ਬਾਂਗਰ, ਦਰਸ਼ਨ ਸਿੰਘ ਡੱਲਾ, ਜਸਬੀਰ ਕੌਰ ਸੈਰੋਵਾਲ ਆਦਿ ਜ਼ਿਲ੍ਹਾ ਕਮੇਟੀ ਮੈਂਬਰ ਚੁਣੇ ਗਏ।

# ਹਰਵਿੰਦਰ ਸਿੰਘ ਮਿੱਡਾ ਪ੍ਰਧਾਨ ਤੇ ਗੁਰਜੰਟ ਸਿੰਘ ਬਣੇ ਜਨਰਲ ਸਕੱਤਰ

● **ਅੱਜ ਦੇ ਸਹਿਕਾਰੀ ਖੰਡ ਮਿੱਲ ਸੇਰੋਂ ਦੇ ਧਰਨੇ 'ਚ ਕਰਨਗੇ ਸ਼ਮੂਲੀਅਤ**

**ਵਲਟੋਹਾ (ਰਣਜੀਤ ਸਿੰਘ ਵਲਟੋਹਾ)**- ਕਿਰਤੀ ਕਿਸਾਨ ਯੂਨੀਅਨ ਜ਼ਿਲ੍ਹਾ ਤਰਨਤਾਰਨ ਵੱਲੋਂ ਅੱਜ ਪਿੰਡ ਵਲੀਪੁਰ ਵਿਖੇ ਇਕੱਠ ਕਰਕੇ ਕਿਰਤੀ ਕਿਸਾਨ ਯੂਨੀਅਨ ਦੇ ਸੂਬਾਈ ਫੈਸਲੇ ਅਨੁਸਾਰ ਨਵੀਂ ਮੈਂਬਰਸ਼ਿਪ ਕਰਕੇ ਨਵੇਂ ਸਿਰੇ ਤੋਂ ਪਿੰਡ ਇਕਾਈਆਂ ਦਾ ਗਠਨ ਕਰਨ ਦਾ ਜੋ ਸਿਲਸਿਲਾ ਚਲ ਰਿਹਾ ਹੈ ਉਸੇ ਤਹਿਤ ਪਿੰਡ ਵਲੀਪੁਰ ਵਿੱਚ ਮੈਂਬਰਾਂ ਦਾ ਇਕੱਠ ਕਰਕੇ ਇਕਾਈ ਦਾ ਗਠਨ ਕੀਤਾ।ਇਸ ਮੌਕੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਨਛੱਤਰ ਸਿੰਘ ਪੰਨੂੰ, ਖਜਾਨ ਸਿੰਘ ਤੇ ਗੁਰਪ੍ਰਤਾਪ ਸਿੰਘ ਨੇ ਕਿਹਾ ਕਿਰਤੀ ਕਿਸਾਨ ਯੂਨੀਅਨ ਪੰਜਾਬ ਦੀਆਂ ਮੰਗਾਂ ਜਿਨ੍ਹਾਂ ਵਿੱਚ ਪੰਜਾਬ ਦੇ ਪਾਣੀਆਂ ਦਾ ਮਸਲਾ, ਪੰਜਾਬ ਦੀ ਖੇਤੀ ਨੀਤੀ ਤਿਆਰ ਕਰਨਾ, ਹਰ ਘਰ ਪੀਣ ਵਾਲਾ ਪਾਣੀ ਅਤੇ ਹਰ ਖੇਤ ਤੱਕ ਨਹਿਰੀ ਪਾਣੀ ਪੁੱਜਦਾ ਕਰਨਾ ਅਤੇ ਪੰਜਾਬ ਦੇ ਪਾਣੀਆਂ ਦਾ ਰਿਪੇਰੀਅਨ ਸਿਧਾਂਤਾਂ ਅਨੁਸਾਰ ਫੈਸਲਾ ਕਰਨਾ ਅਤੇ ਕੇਂਦਰ ਸਰਕਾਰ



ਵੱਲੋਂ ਲਿਆਂਦੇ ਜਾ ਰਹੇ ਬਿਜਲੀ ਬਿੱਲ, 2025, ਬੀਜ ਸੋਧ ਬਿੱਲ ਅਤੇ ਅਮਰੀਕਾ ਭਾਰਤ ਮੁਕਤ ਵਪਾਰ ਸਮਝੌਤੇ ਆਦਿ ਦਾ ਡੱਟਵਾਂ ਵਿਰੋਧ ਕੀਤਾ ਜਾਵੇਗਾ।ਨੇਤਾਵਾਂ ਨੇ ਪੰਜਾਬ ਸਰਕਾਰ ਦੀਆਂ ਕਿਸਾਨ, ਮਜ਼ਦੂਰ, ਮੁਲਾਜ਼ਮ ਵਿਰੋਧੀ ਨੀਤੀਆਂ ਦੀ ਸਖਤ ਨਿੰਦਾ ਕੀਤੀ ਅਤੇ ਕਿਹਾ ਕਿ ਸਰਕਾਰੀ ਜਾਇਦਾਦਾਂ ਵੇਚਣ ਦਾ ਵਿਰੋਧ ਕੀਤਾ ਜਾਵੇਗਾ।ਸਹਿਕਾਰੀ ਖੰਡ ਮਿੱਲ ਸੇਰੋਂ ਦੀ ਮਾਲਕੀ ਬਦਲਣ ਵਿਰੁੱਧ ਚੱਲ ਰਹੇ ਸੰਘਰਸ਼ ਵਿੱਚ ਕਿਰਤੀ ਕਿਸਾਨ ਯੂਨੀਅਨ ਅੱਗੇ ਹੋ ਕੇ ਸੰਘਰਸ਼ ਵਿੱਚ ਸ਼ਾਮਲ ਹੋਵੇਗੀ।6 ਅਪਰੈਲ ਦੇ ਖੰਡ ਮਿੱਲ ਸੇਰੋਂ ਸਾਹਮਣੇ ਧਰਨਾ ਲਾਉਣ ਦੇ ਸੰਯੁਕਤ ਕਿਸਾਨ ਮੋਰਚਾ ਜਿਲਾ ਤਰਨਤਾਰਨ ਦੇ ਫੈਸਲੇ ਨੂੰ ਕਿਰਤੀ ਕਿਸਾਨ ਯੂਨੀਅਨ ਡੱਟ ਕੇ ਪੂਰਾ ਕਰੇਗੀ।ਅੱਜ ਦੀ ਮੀਟਿੰਗ ਵਿੱਚ ਸਰਬਸੰਮਤੀ ਨਾਲ ਹੇਠ ਲਿਖੇ ਅਨੁਸਾਰ ਪਿੰਡ ਇਕਾਈ ਦੀ ਕਮੇਟੀ ਦੀ ਚੋਣ ਕੀਤੀ ਗਈ ਜਿਸ ਅਨੁਸਾਰ ਹਰਵਿੰਦਰ ਸਿੰਘ ਮਿੱਡਾ ਪ੍ਰਧਾਨ, ਗੁਰਜੰਟ ਸਿੰਘ ਜਨਰਲ ਸਕੱਤਰ, ਮੀਤ ਪ੍ਰਧਾਨ ਅੰਗਰੇਜ਼ ਸਿੰਘ, ਸਾਹਬ ਸਿੰਘ, ਖਜ਼ਾਨਚੀ ਸ਼ਿੰਗਾਰਾ ਸਿੰਘ, ਸਹਾਇਕ ਖਜ਼ਾਨਚੀ ਬਲਵਿੰਦਰ, ਪ੍ਰੈੱਸ ਸਕੱਤਰ ਰਾਜਵਿੰਦਰ ਸਿੰਘ ਚੁਣੇ ਗਏ।ਇਸ ਤੋਂ ਇਲਾਵਾ ਇਕ 11 ਮੈਂਬਰੀ ਕਮੇਟੀ ਚੁਣੀ ਗਈ ਜਿਸ ਵਿੱਚ ਮਨਜਿੰਦਰ ਸਿੰਘ ਲਾਡੀ, ਬਲਵਿੰਦਰ ਸਿੰਘ, ਜੋਗਾ ਸਿੰਘ, ਅੰਗਰੇਜ਼ ਸਿੰਘ, ਹੀਰਾ ਸਿੰਘ, ਜਸ਼ਨਦੀਪ ਸਿੰਘ, ਗੁਰਜੰਟ ਸਿੰਘ, ਤਸਵੀਰ ਸਿੰਘ, ਅਮਰ ਸਿੰਘ, ਅਵਤਾਰ ਸਿੰਘ, ਹੀਰਾ ਸਿੰਘ ਨੰਬਰਦਾਰ, ਮਨਜਿੰਦਰ ਸਿੰਘ ਨੰਬਰਦਾਰ ਆਦਿ ਮੈਂਬਰ ਚੁਣੇ ਗਏ।

# ਡਰਾਈਵਰ ਤੇ ਟੈਕਨੀਕਲ ਇੰਪਲਾਈਜ਼ ਯੂਨੀਅਨ ਗੁਰਦਾਸਪੁਰ ਦੀ ਪੁਰਾਣੀ ਬਾਡੀ ਭੰਗ



**ਗੁਰਦਾਸਪੁਰ, (ਦਿਨੇਸ਼ ਕੁਮਾਰ)**- ਡਰਾਈਵਰ ਅਤੇ ਟੈਕਨੀਕਲ ਇੰਪਲਾਈਜ਼ ਯੂਨੀਅਨ ਗੁਰਦਾਸਪੁਰ ਦੀ ਇੱਕ ਅਹਿਮ ਮੀਟਿੰਗ ਡੀ. ਸੀ. ਕੰਪਲੈਕਸ ਵਿਖੇ ਆਯੋਜਿਤ ਕੀਤੀ ਗਈ। ਇਸ ਮੀਟਿੰਗ ਦੀ ਪ੍ਰਧਾਨਗੀ ਗੁਰਨਾਮ ਸਿੰਘ (ਪ੍ਰਧਾਨ) ਵੱਲੋਂ ਕੀਤੀ ਗਈ, ਜਿਸ ਵਿੱਚ ਸਮੂਹ ਯੂਨੀਅਨ ਮੈਂਬਰਾਂ ਨੇ ਭਾਗ ਲਿਆ।ਮੀਟਿੰਗ ਦੌਰਾਨ ਸਰਬਸੰਮਤੀ ਨਾਲ ਮਤਾ ਪਾਸ ਕਰਕੇ ਪੁਰਾਣੀ ਯੂਨੀਅਨ ਨੂੰ ਭੰਗ ਕਰ ਦਿੱਤਾ ਗਿਆ।ਨਵੀਂ ਯੂਨੀਅਨ ਦੇ ਗਠਨ ਦੀ ਸਿਫਾਰਿਸ਼ ਕਰਕੇ ਤੁਰੰਤ ਨਵੀਂ ਬਾਡੀ ਦਾ ਐਲਾਨ ਕੀਤਾ ਗਿਆ।ਯੂਨੀਅਨ ਦੀ ਨਵੀਂ ਬਾਡੀ ਦੀ ਚੋਣ ਵੀ ਸਰਬਸੰਮਤੀ ਨਾਲ ਕੀਤੀ ਗਈ। ਇਸ ਵਿੱਚ ਊਧਮ ਸਿੰਘ ਬੈਨੀ ਨੂੰ ਜ਼ਿਲ੍ਹਾ ਪ੍ਰਧਾਨ ਚੁਣਿਆ ਗਿਆ, ਜਦਕਿ ਸੁਖਵਿੰਦਰ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ, ਹਰਦੀਪ ਸਿੰਘ ਰਾਣਾ ਨੂੰ ਪ੍ਰੈੱਸ ਸਕੱਤਰ, ਅਵਤਾਰ ਸਿੰਘ ਨੂੰ ਜਨਰਲ ਸਕੱਤਰ, ਸਰਨਜੀਤ ਸਿੰਘ ਸ਼ਾਲੂ ਨੂੰ ਸਹਾਇਕ ਜਨਰਲ ਸਕੱਤਰ ਅਤੇ ਇੰਦਰਜੀਤ ਸਿੰਘ ਨੂੰ ਖਜ਼ਾਨਚੀ ਨਿਯੁਕਤ ਕੀਤਾ ਗਿਆ।ਇਸ ਤੋਂ ਇਲਾਵਾ ਕੁਲਵੰਤ ਸਿੰਘ ਨੂੰ ਮੁੱਖ ਸਲਾਹਕਾਰ, ਅਮਰੀਕ ਸਿੰਘ, ਸ੍ਰੀ ਗੁਰਮੁਖ ਸਿੰਘ ਅਤੇ ਦੀਪਕ ਕੁਮਾਰ ਨੂੰ ਸਲਾਹਕਾਰ ਨਿਯੁਕਤ ਕੀਤਾ ਗਿਆ।ਬਾਡੀ ਦੇ ਮੈਂਬਰਾਂ ਵਿੱਚ ਸੰਜੀਵ ਕੁਮਾਰ, ਸੁਖਦੇਵ ਸਿੰਘ ਚੱਠ, ਅਮਨ, ਗੁਰਦੇਵ ਸਿੰਘ, ਦਲਜੀਤ ਸਿੰਘ, ਸ਼ਿਵਚਰਨ ਸਿੰਘ, ਸੁਰਿੰਦਰਪਾਲ ਕੁਮਾਰ ਅਤੇ ਕਮਲਜੀਤ ਸਿੰਘ ਆਦਿ ਸ਼ਾਮਲ ਹਨ।ਮੀਟਿੰਗ ਦੌਰਾਨ ਸਾਰੇ ਮੈਂਬਰਾਂ ਨੇ ਨਵੀਂ ਬਾਡੀ ਨੂੰ ਵਧਾਈ ਦਿੱਤੀ ਅਤੇ ਯੂਨੀਅਨ ਦੀ ਭਲਾਈ ਲਈ ਮਿਲਜੁਲ ਕੇ ਕੰਮ ਕਰਨ ਦਾ ਭਰੋਸਾ ਦਿਵਾਇਆ।

# ਗੰਦੇ ਪਾਣੀ ਦੇ ਨਿਕਾਸ ਨੂੰ ਲੈ ਕੇ ਗ੍ਰਾਮ ਪੰਚਾਇਤ ਤੇ ਮੋਹਤਬਰਾਂ ਵੱਲੋਂ ਅਹਿਮ ਮੀਟਿੰਗ



**ਬਿਆਸ (ਪਰਮਜੀਤ ਸਿੰਘ ਰੱਖੜਾ)**- ਕਸਬਾ ਬਿਆਸ ਦੇ ਨਜ਼ਦੀਕ ਪੈਂਦੇ ਪਿੰਡ ਵਜ਼ੀਰ ਭੁੱਲਰ ਦੀ ਗ੍ਰਾਮ ਪੰਚਾਇਤ ਅਤੇ ਮੋਹਤਬਰਾਂ ਵੱਲੋਂ ਅਹਿਮ ਮੀਟਿੰਗ ਕੀਤੀ ਗਈ ਜਿਸ ਵਿੱਚ ਪਿੰਡ ਵਜ਼ੀਰ ਭੁੱਲਰ ਦੇ ਅਤੇ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਦੇ ਪਾਣੀ ਦੇ ਨਿਕਾਸ ਦੇ ਮੁੱਦੇ 'ਤੇ ਗੱਲਬਾਤ ਕੀਤੀ ਗਈ।ਇਸ ਮੌਕੇ ਗ੍ਰਾਮ ਪੰਚਾਇਤ ਅਤੇ ਮੋਹਤਬਰਾਂ ਵੱਲੋਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਗਈ ਕਿ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਸਾਹਿਬ ਅਤੇ ਪਿੰਡ ਦੇ ਪਾਣੀ ਦੇ ਨਿਕਾਸ ਦਾ ਸੀਵਰੇਜ ਪਾ ਕੇ ਸਥਾਈ ਹੱਲ ਕੀਤਾ ਜਾਵੇ ਤਾਂ ਜੋ ਸਾਰੇ ਪਿੰਡ ਦੇ ਗੰਦੇ ਪਾਣੀ ਨੂੰ ਗੁਰਦੁਆਰਾ ਸਾਹਿਬ ਅੰਦਰ ਜਾਣ ਤੋਂ ਬਚਾਇਆ ਜਾਵੇ।

ਇਸ ਮੌਕੇ ਪਿੰਡ ਵਜ਼ੀਰ ਭੁੱਲਰ ਦੀ ਗ੍ਰਾਮ ਪੰਚਾਇਤ ਤੋਂ ਇਲਾਵਾ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਅਤੇ ਪਿੰਡ ਦੇ ਮੋਹਤਬਰ ਹਾਜ਼ਿਰ ਸਨ।

# ਗਗਨਦੀਪ ਰੰਧਾਵਾ ਦੇ ਪਰਿਵਾਰ ਨੂੰ ਇਨਸਾਫ ਮਿਲਣ ਤੱਕ ਲੜਾਈ ਜਾਰੀ ਰੱਖਾਂਗੇ : ਸੁਨੀਲ ਜਾਖੜ

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**: ਭਾਰਤੀ ਜਨਤਾ ਪਾਰਟੀ ਨੇ ਅੰਮ੍ਰਿਤਸਰ ਵਿੱਚ ਸੂਬਾ ਪੱਧਰੀ ਧਰਨਾ ਦੇ ਕੇ ਡੀਐੱਮ ਗਗਨਦੀਪ ਸਿੰਘ ਰੰਧਾਵਾ ਦੇ ਪਰਿਵਾਰ ਲਈ ਇਨਸਾਫ ਦੀ ਮੰਗ ਕੀਤੀ ਅਤੇ ਮਾਮਲੇ ਦੀ ਸੀਬੀਆਈ ਜਾਂਚ ਦੀ ਮੰਗ ਉਠਾਈ।ਇਸ ਦੀ ਅਗਵਾਈ ਸੂਬਾ ਪ੍ਰਧਾਨ ਸੁਨੀਲ ਜਾਖੜ ਨੇ ਕੀਤੀ ਅਤੇ ਉਨ੍ਹਾਂ ਦੇ ਨਾਲ ਕੌਮੀ ਜਨਰਲ ਸਕੱਤਰ ਤਰੁਣ ਚੁੱਘ, ਕਾਰਜਕਾਰੀ ਪ੍ਰਧਾਨ



ਅਸ਼ਵਨੀ ਸ਼ਰਮਾ ਅਤੇ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਸਹਿਤ ਸਾਰੀ ਲੀਡਰਸ਼ਿਪ ਹਾਜ਼ਰ ਸੀ।ਇਸ ਮੌਕੇ ਉਨ੍ਹਾਂ ਦੇ ਨਾਲ ਭਾਜਪਾ ਜ਼ਿਲ੍ਹਾ ਪ੍ਰਧਾਨ ਹਰਵਿੰਦਰ ਸਿੰਘ ਸੰਧੂ, ਸੂਬਾ ਜਨਰਲ ਸਕੱਤਰ ਤੇ ਜ਼ੋਨਲ ਇੰਚਾਰਜ ਰਾਕੇਸ਼ ਰਾਠੌਰ, ਡਾ. ਜਗਮੋਹਨ ਸਿੰਘ ਰਾਜੂ (ਸਾਬਕਾ ਆਈਏਐੱਸ) ਦਿਆਲ ਸਿੰਘ ਸੋਢੀ, ਐੱਮਐੱਲਏ ਜੰਗੀ ਮਹਾਜਨ, ਸਾਬਕਾ ਸਾਂਸਦ ਦੇ ਸਾਬਕਾ ਸੂਬਾ ਪ੍ਰਧਾਨ ਸ਼ਵੇਤ ਮਲਿਕ, ਸਾਬਕਾ ਮੰਤਰੀ ਤੀਕਸ਼ਨ ਸੂਦ, ਅੰਮ੍ਰਿਤਸਰ ਦਿਹਾਤੀ-1 ਦਾ ਜ਼ਿਲ੍ਹਾ ਪ੍ਰਧਾਨ ਅਮਰਪਾਲ ਸਿੰਘ ਬੋਨੀ ਅਜਨਾਲਾ, ਸੁਖਮਿੰਦਰ ਸਿੰਘ ਪਿੰਟੂ, ਡਾ. ਰਾਮ ਚਾਵਲਾ, ਹਰਜਿੰਦਰ ਸਿੰਘ ਠੇਕੇਦਾਰ, ਕੁਮਾਰ ਅਮਿਤ, ਗੌਰਵ ਗਿੱਲ, ਕਵਲਜੀਤ ਸਿੰਘ ਸੰਨੀ ਆਦਿ ਸਮੇਤ ਸੂਬਾਈ ਤੇ ਜ਼ਿਲ੍ਹਾ ਲੀਡਰਸ਼ਿਪ ਸਮੇਤ ਆਗੂ ਅਤੇ ਵਰਕਰ ਮੌਜੂਦ ਸਨ। ਭਾਜਪਾ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਨੇ ਕਿਹਾ ਕਿ ਪਾਰਟੀ ਇਹ ਅੰਦੋਲਨ ਉਸ ਵੇਲੇ ਤੱਕ ਜਾਰੀ ਰੱਖੇਗੀ ਜਦੋਂ ਤੱਕ ਪਰਿਵਾਰ ਨੂੰ ਇਨਸਾਫ ਨਹੀਂ ਮਿਲ ਜਾਂਦਾ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਹ ਕੋਈ ਰਾਜਨੀਤਿਕ ਪ੍ਰੋਗਰਾਮ ਨਹੀਂ, ਸਗੋਂ ਇਨਸਾਫ ਦੀ ਲੜਾਈ ਹੈ।ਉਨ੍ਹਾਂ ਕਿਹਾ ਕਿ ਗਗਨਦੀਪ ਸਿੰਘ ਰੰਧਾਵਾ ਨਾਲ ਜੋ ਕੁਝ ਹੋਇਆ, ਉਹ ਕਿਸੇ ਨਾਲ ਵੀ ਹੋ ਸਕਦਾ ਹੈ, ਇਸ ਲਈ ਹਰ ਪੰਜਾਬੀ ਇਸ ਲੜਾਈ ਦਾ ਹਿੱਸਾ ਹੈ।ਉਨ੍ਹਾਂ ਨੇ ਕਿਹਾ ਕਿ ਸਾਰੇ ਦੋਸ਼ੀਆਂ ਨੂੰ, ਜਿਸ ਵਿੱਚ ਮੰਤਰੀ ਲਾਲਜੀਤ ਸਿੰਘ ਭੁੱਲਰ ਵੀ ਸ਼ਾਮਲ ਹਨ, ਸਜ਼ਾ ਮਿਲਣੀ ਚਾਹੀਦੀ ਹੈ।ਉਨ੍ਹਾਂ ਨੇ ਸਰਕਾਰ ਦੇ ਭਾਰੀ ਦਬਾਅ ਦੇ ਬਾਵਜੂਦ ਡਟੇ ਰਹਿਣ ਲਈ ਪਰਿਵਾਰ ਦੀ ਹਿੰਮਤ ਨੂੰ ਸਲਾਮ ਕੀਤਾ।

# ਮਗਨਰੇਗਾ ਕਾਮਿਆਂ ਦੇ ਹੱਕਾਂ ਲਈ ਜਥੇਬੰਦਕ ਸੰਘਰਸ਼ ਤਿੱਖਾ ਕਰਨ ਦਾ ਸੱਦਾ



**ਝਬਾਲ (ਹਰਜਿੰਦਰ ਸਿੰਘ ਸੋਨੀ)**- ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਫ਼ੈਸਲੇ ਅਨੁਸਾਰ ਮਗਨਰੇਗਾ ਕਾਮਿਆਂ ਦੇ ਹੱਕਾਂ ਤੇ ਹਿੱਤਾਂ ਦੀ ਰਾਖੀ ਲਈ ਪਿੰਡ ਤਲਵੰਡੀ ਖੁੰਮਣ ਵਿਖੇ ਕਸ਼ਮੀਰ ਕੌਰ ਦੀ ਪ੍ਰਧਾਨਗੀ ਹੇਠ ਭਰਵੀਂ ਮੀਟਿੰਗ ਹੋਈ। ਮੀਟਿੰਗ ਨੂੰ ਜ਼ਿਲ੍ਹਾ ਪ੍ਰਧਾਨ ਗੁਰਨਾਮ ਸਿੰਘ ਤਲਵੰਡੀ ਅਤੇ ਜਥੇਬੰਦੀ ਦੇ ਜਨਰਲ ਕੌਂਸਲ ਮੈਂਬਰ ਜਸਬੀਰ ਸਿੰਘ ਝਬਾਲ ਨੇ ਸੰਬੋਧਨ ਕਰਦਿਆਂ ਮਗਨਰੇਗਾ ਕਾਮਿਆਂ ਨੂੰ ਅਪਣੇ ਹੱਕਾਂ ਤੇ ਹਿੱਤਾਂ ਦੀ ਰਾਖੀ ਲਈ ਜਥੇਬੰਦੀ ਦੇ ਝੰਡੇ ਥੱਲੇ ਲਾਮਬੰਦ ਹੋ ਕੇ ਸੰਘਰਸ਼ ਕਰਨ ਦਾ ਸੱਦਾ ਦਿੱਤਾ।ਪਿੰਡ ਦੇ ਸਰਪੰਚ ਨੂੰ ਮਗਨਰੇਗਾ ਕਾਮਿਆਂ ਨੂੰ ਕੰਮ ਦਿਵਾਉਣ ਲਈ ਜਥੇਬੰਦੀ ਨੇ ਮਤਾ ਪਾ ਕੇ ਕੰਮ ਦਿਵਾਉਣ ਦੀ ਅਤੇ ਮਗਨਰੇਗਾ ਕਾਨੂੰਨ ਅਧੀਨ ਪਿੰਡ ਵਿੱਚ ਕੀਤੇ ਕੰਮ ਦੇ ਬਣ ਦੇ ਪੈਸੇ ਖਾਤਿਆਂ ਵਿੱਚ ਪਵਾਉਣ ਦੀ ਅਪੀਲ ਕੀਤੀ।ਮਗਨਰੇਗਾ ਕਾਮਿਆਂ ਨੂੰ ਪਿੰਡ ਵਿੱਚੋਂ ਮੈਂਬਰਸ਼ਿਪ ਕਰਕੇ ਮਜ਼ਬੂਤ ਕਮੇਟੀ ਬਣਾ ਕੇ ਆਪਣੇ ਹੱਕਾਂ ਦੀ ਰਾਖੀ ਲਈ ਸੰਘਰਸ਼ ਕਰਨ ਦਾ ਸੱਦਾ ਦਿੱਤਾ।ਸਾਥੀ ਝਬਾਲ ਨੇ ਕੇਂਦਰ ਦੀ ਸਰਕਾਰ ਵੱਲੋਂ ਮਗਨਰੇਗਾ ਕਾਨੂੰਨ ਵਿੱਚ ਬਦਲਾਅ ਕਰਕੇ ਅਤੇ ਲੇਬਰ ਕੋਡ ਦੇ ਕਾਨੂੰਨਾਂ ਨੂੰ ਤੋੜ ਕੇ ਮਜ਼ਦੂਰ ਵਿਰੋਧੀ ਹੋਣ ਦਾ ਚਿਹਰਾ ਨੰਗਾ ਕਰ ਦਿੱਤਾ ਹੈ।ਅਮਰੀਕਨ ਸਾਮਰਾਜ ਨੇ ਇਜ਼ਰਾਈਲ ਨਾਲ ਰਲ ਕੇ ਜੋ ਈਰਾਨ ਨਾਲ ਜੰਗ ਸ਼ੁਰੂ ਕੀਤੀ ਹੈ ਉਸ ਨਾਲ ਕੇਂਦਰ ਸਰਕਾਰ ਵੱਲੋਂ 60 ਰੁਪਏ ਗੈਸ ਸਿਲੰਡਰ ਦੀ ਕੀਮਤ ਵਧਾ ਕੇ ਮਜ਼ਦੂਰ ਜਮਾਤ ਨੂੰ ਮਹਿੰਗਾਈ ਦੀ ਦਲਦਲ ਵਿੱਚ ਸੁੱਟ ਦਿੱਤਾ ਹੈ ਅਤੇ ਕਾਰਪੋਰੇਟ ਘਰਾਣਿਆਂ ਦੇ ਮੁਨਾਫ਼ਿਆਂ ਨੂੰ ਵਧਾਉਣ ਲਈ ਯਤਨਸ਼ੀਲ ਹੈ ਜਿਸ ਦੇ ਖਿਲਾਫ ਮਜ਼ਦੂਰ ਜਮਾਤ ਨੂੰ ਇਕਮੁੱਠ ਹੋ ਕੇ ਸੰਘਰਸ਼ ਕਰਨ ਦੀ ਲੋੜ ਹੈ।ਭਾਰਤੀ ਸੰਵਿਧਾਨ ਨੂੰ ਬਚਾਉਣ ਲਈ 14 ਅਪ੍ਰੈਲ ਨੂੰ ਪਿੰਡ-ਪਿੰਡ ਮੀਟਿੰਗਾਂ ਕਰਕੇ ਸੰਵਿਧਾਨ ਦੇ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਦਾ ਜਨਮਦਿਨ ਤੇ ਸੰਵਿਧਾਨ ਦੀ ਰਾਖੀ ਲਈ ਲੜਨ ਦਾ ਹੋਕਾ ਦਿੱਤਾ।

# ਟਾਟਾ ਗਰੁੱਪ ਨੂੰ ਪਰਉਪਕਾਰ ਤੇ ਕਾਰੋਬਾਰ ਵਿਚਕਾਰ ਇੱਕ ਸਪੱਸ਼ਟ ਨਿਯੰਤਰਣ ਰੇਖਾ ਖਿੱਚਣ ਦੀ ਲੋੜ

**ਚੰਡੀਗੜ੍ਹ** : ਟਾਟਾ ਗਰੁੱਪ ਦੇ ਆਲੇ ਦੁਆਲੇ ਮੌਜੂਦਾ ਬਹਿਸ ਇਸਦੀ ਕਾਰਗੁਜ਼ਾਰੀ ਜਾਂ ਲੀਡਰਸ਼ਿਪ ਬਾਰੇ ਨਹੀਂ ਹੈ।ਇਹ ਇਸ ਬਾਰੇ ਹੈ ਕਿ ਸਮੂਹ ਨੂੰ ਅਸਲ ਵਿੱਚ ਕੌਣ ਨਿਯੰਤਰਿਤ ਕਰਦਾ ਹੈ ਅਤੇ ਉਨ੍ਹਾਂ ਦੀ ਜਵਾਬਦੇਹੀ ਕੀ ਹੈ।ਇੱਕ ਪ੍ਰਮੁੱਖ ਉਦਯੋਗ ਮਾਹਰ ਦਾ ਮੰਨਣਾ ਹੈ ਕਿ ਟਾਟਾ ਟਰੱਸਟ ਸਮੂਹ ਦੇ ਮਾਲਕ ਨਹੀਂ ਹਨ, ਸਗੋਂ ਇਸਦੇ ਨਿਗਰਾਨ ਹਨ।ਇਹ ਅੰਤਰ ਮਹੱਤਵਪੂਰਨ ਹੈ ਕਿਉਂਕਿ ਇਹ ਸਮੂਹ ਦੇ ਕਾਨੂੰਨੀ ਅਤੇ ਸ਼ਾਸਨ ਦੇ ਢਾਂਚੇ ਨੂੰ ਨਿਰਧਾਰਤ ਕਰਦਾ ਹੈ।ਟਾਟਾ ਟਰੱਸਟ ਮਹਾਰਾਸ਼ਟਰ ਪਬਲਿਕ ਟਰੱਸਟ ਐਕਟ ਦੇ ਅਧੀਨ ਕੰਮ ਕਰਨ ਵਾਲੇ ਜਨਤਕ ਚੈਰੀਟੇਬਲ ਟਰੱਸਟ ਹਨ।ਉਨ੍ਹਾਂ ਦਾ ਆਦੇਸ਼ ਸਮਾਜ ਸੇਵਾ (ਪਰਉਪਕਾਰ) ਲਈ ਸੰਪਤੀਆਂ ਦਾ ਪ੍ਰਬੰਧਨ ਅਤੇ ਵਰਤੋਂ ਕਰਨਾ ਹੈ।ਉਹ ਰਵਾਇਤੀ ਅਰਥਾਂ ਵਿੱਚ ਪ੍ਰਮੋਟਰ ਨਹੀਂ ਹਨ, ਜਿਨ੍ਹਾਂ ਦਾ ਮੁੱਖ ਉਦੇਸ਼ ਸਿਰਫ਼ ਮੁਨਾਫ਼ਾ ਪੈਦਾ ਕਰਨਾ ਅਤੇ ਦੌਲਤ ਵਧਾਉਣਾ ਹੈ। ਇਹ ਪ੍ਰਭਾਵ ਉਨ੍ਹਾਂ ਨੂੰ ਕੰਪਨੀ ਦੇ ਆਰਟੀਕਲ ਆਫ਼ ਐਸੋਸੀਏਸ਼ਨ ਦੁਆਰਾ ਦਿੱਤਾ ਜਾਂਦਾ ਹੈ।ਇਹ ਇੱਕ ਅਜਿਹੀ ਸਥਿਤੀ ਪੈਦਾ ਕਰਦਾ ਹੈ ਜਿੱਥੇ ਨਿਯੰਤਰਣ ਅਤੇ ਮਾਲਕੀਅਤ ਕੰਮ ਨਹੀਂ ਕਰਦੇ ਜਿਵੇਂ ਕਿ ਅਕਸਰ ਭਾਰਤੀ ਕਾਰਪੋਰੇਟ ਜਗਤ ਵਿੱਚ ਦੇਖਿਆ ਜਾਂਦਾ ਹੈ ਜਦੋਂ ਕਿ ਟਾਟਾ ਟਰੱਸਟ ਫੈਸਲਿਆਂ ਨੂੰ ਪ੍ਰਭਾਵਿਤ ਕਰਦੇ ਹਨ, ਉਨ੍ਹਾਂ ਨੂੰ ਪ੍ਰਮੋਟਰ ਵਜੋਂ ਸ਼੍ਰੇਣੀਬੱਧ ਨਹੀਂ ਕੀਤਾ ਜਾਂਦਾ।

# ਗੁਰੂ ਨਾਨਕ ਸਰਕਾਰੀ ਕਾਲਜ ਕਾਲਾ ਅ.ਫਗਾਨਾ ਵਿਖੇ ਸਪੋਰਟਸ ਮੀਟ ਆਯੋਜਿਤ

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਦਿ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ, ਪਟਿਆਲਾ ਦੇ ਸੰਵਿਧਾਨਕ ਕਾਲਜ ਗੁਰੂ ਨਾਨਕ ਸਰਕਾਰੀ ਕਾਲਜ, ਕਾਲਾ ਅ.ਫਗਾਨਾ (ਗੁਰਦਾਸਪੁਰ) ਵਿਖੇ ਪ੍ਰਿੰਸੀਪਲ/ ਇੰਚਾਰਜ ਡਾ. ਅਮਨਦੀਪ ਕੌਰ ਦੀ ਅਗਵਾਈ ਹੇਠ ਸਪੋਰਟਸ ਮੀਟ ਕਰਵਾਈ ਗਈ।ਇਸ ਦੌਰਾਨ ਸਪੋਰਟਸ ਦੇ ਨੋਡਲ ਅਫ਼ਸਰ ਚਮਕੌਰ ਸਿੰਘ ਅਤੇ ਸਪੋਰਟਸ ਕੋਚ ਹਰਿੰਦਰਜੀਤ ਸਿੰਘ ਨੇ ਬੀ. ਪੀ. ਈ. ਐੱਸ. ਅਤੇ ਬੀ. ਏ. ਦੇ ਵਿਦਿਆਰਥੀਆਂ ਦੇ ਵੱਖ-ਵੱਖ ਖੇਡ ਮੁਕਾਬਲੇ ਕਰਵਾਏ।ਇਸ ਦੌਰਾਨ ਨਵਾਂ ਜ਼ਮਾਨਾ ਤੋਂ ਜਸਦੇਵ ਸਿੰਘ ਮਾਨ ਅਤੇ ਜਗ ਬਾਣੀ ਤੋਂ ਬਲਵਿੰਦਰ ਸਿੰਘ ਮੁੱਖ ਮਹਿਮਾਨ ਵਜੋਂ ਆਏ। ਦੋਵੇਂ ਮੁੱਖ ਮਹਿਮਾਨ ਇਸੇ ਕਾਲਜ ਦੇ ਅਲੂਮਨੀ ਹਨ। ਦੋਹਾਂ ਮੁੱਖ ਮਾਹਿਮਾਨਾਂ ਦਾ ਪ੍ਰਿੰਸੀਪਲ/ਇੰਚਾਰਜ ਵੱਲੋਂ ਸਨਮਾਨ-ਚਿੰਨ੍ਹ ਦੇ ਕੇ ਸਵਾਗਤ ਕੀਤਾ ਗਿਆ। ਉਨ੍ਹਾਂ ਵਿਦਿਆਰਥੀਆਂ ਨੂੰ ਖੇਡਾਂ ਦੀ ਮਹੱਤਤਾ ਬਾਰੇ ਦੱਸਦਿਆਂ ਖੇਡ ਮੁਕਾਬਲਿਆਂ



ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ। ਪ੍ਰਿੰਸੀਪਲ/ ਇੰਚਾਰਜ ਨੇ ਵਿਦਿਆਰਥੀਆਂ ਨੂੰ ਸੰਬੋਧਿਤ ਹੁੰਦੇ ਕਿਹਾ ਕਿ ਉਨ੍ਹਾਂ ਨੂੰ ਖੇਡਾਂ ਦੇ ਨਾਲ ਨਾਲ ਪੜ੍ਹਾਈ ਵਿੱਚ ਵੀ ਬਰਾਬਰ ਦਿਲਚਸਪੀ ਲੈਣ ਦੀ ਲੋੜ ਹੈ।ਦੋਹਾਂ ਦੇ ਸੁਮੇਲ ਤੋਂ ਹੀ ਭਵਿੱਖ ਨੂੰ ਰੁਸ਼ਨਾਇਆ ਜਾ ਸਕਦਾ ਹੈ।ਇਸ ਦੌਰਾਨ ਮੰਚ ਸੰਚਾਲਕ ਦੀ ਭੂਮਿਕਾ ਡਾ. ਅਸ਼ਵਨੀ ਕੁਮਾਰ ਨੇ ਨਿਭਾਈ। ਖੇਡ ਮੁਕਾਬਲਿਆਂ ਵਿੱਚ ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਰਹਿਣ ਵਾਲੇ ਵਿਦਿਆਰਥੀਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਦੌਰਾਨ ਬੀ. ਏ. ਅਤੇ ਬੀ. ਪੀ. ਈ. ਐੱਸ. ਦੇ ਸਮੂਹ ਵਿਦਿਆਰਥੀ ਅਤੇ ਸਮੂਹ ਟੀਚਿੰਗ ਸਟਾਫ਼ ਹਾਜ਼ਰ ਰਿਹਾ।

# ਚਾਰ ਸਾਲਾਂ 'ਚ ਮਾਨ ਸਰਕਾਰ ਨੇ ਸੂਬੇ ਦਾ ਰਿਕਾਰਡ ਵਿਕਾਸ ਕੀਤਾ : ਈ ਟੀ ਓ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਪੰਜਾਬ ਸਰਕਾਰ ਦੇ ਚਾਰ ਸਾਲ ਪੂਰੇ ਹੋਣ 'ਤੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈਟੀਓ ਵੱਲੋਂ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਮੱਖਣਵਿੰਡੀ, ਬਾਬਾ ਜੱਸ ਹਵੇਲੀਆਂ, ਨਵਾਂ ਕੋਟ ਅਤੇ ਵਡਾਲਾ ਜੌਹਲ ਵਿਖੇ ਲੋਕਾਂ ਨਾਲ ਸਿੱਧਾ ਸੰਵਾਦ ਕੀਤਾ ਅਤੇ ਸਰਕਾਰ ਵਲੋਂ ਕੀਤੇ ਗਏ ਵਿਕਾਸ ਕਾਰਜਾਂ ਅਤੇ ਚਾਰ ਸਾਲ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ।ਉਨਾਂ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸੂਬਾ ਸਰਕਾਰ ਨੇ ਪਿਛਲੇ ਚਾਰ ਸਾਲਾਂ ਦੌਰਾਨ ਹਰ ਖੇਤਰ ਵਿੱਚ ਰਿਕਾਰਡ ਵਿਕਾਸ ਕੀਤਾ ਹੈ ਅਤੇ ਇਸ ਸਾਲ ਵਿਕਾਸ ਦੇ ਨਵੇਂ ਅਯਾਮ ਸਥਾਪਿਤ ਕੀਤੇ ਜਾਣਗੇ।ਉਨ੍ਹਾਂ ਕਿਹਾ ਕਿ ਦੇਸ਼ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਇਆ ਹੈ ਕਿ ਕਿਸੇ ਸੂਬੇ ਨੇ ਆਪਣੇ ਵਾਸੀਆਂ ਲਈ 10 ਲੱਖ ਰੁਪਏ ਤੱਕ ਸਿਹਤ ਬੀਮਾ ਸ਼ੁਰੂ ਕੀਤਾ ਹੈ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਪਹਿਲੇ ਸਾਲ ਤੋਂ ਹੀ ਲੋਕਾਂ ਨਾਲ ਕੀਤੀਆਂ ਗਰੰਟੀਆਂ ਨੂੰ ਪੂਰਾ ਕਰਨਾ ਸ਼ੁਰੂ ਕਰ ਦਿੱਤਾ ਸੀ।ਪੰਜਾਬ ਸਰਕਾਰ ਦੇ ਸ਼ਾਨਦਾਰ ਚਾਰ ਸਾਲ ਪੂਰੇ ਹੋਣ 'ਤੇ ਸ: ਈਟੀਓ ਨੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਅਤੇ ਕਿਹਾ ਕਿ ਇਨ੍ਹਾਂ ਚਾਰ ਸਾਲਾਂ ਦੌਰਾਨ ਸਿਹਤ, ਸਿੱਖਿਆ, ਰੁਜ਼ਗਾਰ ਉਦਯੋਗਿਕ ਵਿਕਾਸ, ਬੁਨਿਆਦੀ ਢਾਂਚੇ ਵਿੱਚ ਵੱਡੇ ਬਦਲਾਅ ਲਿਆਂਦੇ ਗਏ ਹਨ। ਉਨ੍ਹਾਂ ਕਿਹਾ ਕਿ ਮਹਿਲਾਵਾਂ ਦੀ ਆਰਥਿਕ ਮਜ਼ਬੂਤੀ ਲਈ ਜਨਰਲ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਅਤੇ ਐੱਸ. ਸੀ. ਵਰਗ ਦੀਆਂ ਔਰਤਾਂ ਲਈ 1500 ਦੀ ਸਹੂਲਤ ਪ੍ਰਦਾਨ ਕੀਤੀ ਗਈ ਹੈ।ਸਿੱਖਿਆ ਦੇ



ਖੇਤਰ ਵਿੱਚ ਕਰੋੜਾਂ ਰੁਪਏ ਖਰਚ ਕੇ ਵੱਡੇ ਸੁਧਾਰ ਕਰਦਿਆਂ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਗਈ ਹੈ ਅਤੇ ਪ੍ਰਾਈਵੇਟ ਸਕੂਲਾਂ ਦੀ ਤਰ੍ਹਾਂ ਸਰਕਾਰੀ ਸਕੂਲਾਂ ਵਿੱਚ ਵੀ ਸਾਰੀਆਂ ਸੁਵਿਧਾਵਾਂ ਉਪਲਬਧ ਕਰਵਾਈਆਂ ਗਈਆਂ ਹਨ।ਇਸ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਰੁਜ਼ਗਾਰ ਦੇ ਮੌਕੇ ਪੈਦਾ ਕੀਤੇ ਗਏ ਅਤੇ ਬਿਨਾਂ ਕਿਸੇ ਸਿਫਾਰਿਸ਼ ਦੇ ਨੌਕਰੀਆਂ ਦਿੱਤੀਆਂ ਗਈਆਂ ਹਨ।ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ ਜਾ ਰਹੀ ਅਤੇ ਨਸ਼ਾ ਤਸਕਰਾਂ ਵਿਰੁੱਧ ਵੱਡੀ ਕਾਰਵਾਈ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਕਰੋੜਾਂ ਰੁਪਏ ਖਰਚ ਕੇ ਸੜਕਾਂ ਦਾ ਨਵੀਨੀਕਰਨ, ਪੁਲਾਂ ਦੀ ਉਸਾਰੀ ਅਤੇ ਹੋਰ ਵੱਡੇ ਪ੍ਰੋਜੈਕਟਾਂ 'ਤੇ ਕੰਮ ਕਰਕੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਗਿਆ ਹੈ।ਕੈਬਨਿਟ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਹਰ ਮਹੀਨੇ 300 ਯੂਨਿਟ ਮੁਫ਼ਤ ਬਿਜਲੀ ਸਹੂਲਤ ਸਦਕਾ 90 ਫੀਸਦੀ ਤੋਂ ਵੱਧ ਖਪਤਕਾਰਾਂ ਨੂੰ ਜ਼ੀਰੋ ਬਿਜਲੀ ਬਿੱਲ ਆ ਰਹੇ ਹਨ।ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਾਬਤ ਕਰ ਦਿੱਤਾ ਹੈ ਕਿ ਜੇ ਨੀਅਤ ਸਾਫ ਹੋਵੇ ਤਾਂ ਘੱਟ ਸਮੇਂ ਵਿੱਚ ਵੀ ਵੱਡੇ ਬਦਲਾਅ ਲਿਆਂਦੇ ਜਾ ਸਕਦੇ ਹਨ।ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਨੂੰ ਤਰੱਕੀ ਅਤੇ ਖੁਸ਼ਹਾਲੀ ਦੀ ਨਵੀਂ ਉੱਚਾਈਆਂ ਤੱਕ ਲਿਜਾਇਆ ਜਾਵੇਗਾ।ਇਸ ਮੌਕੇ ਬਲਾਕ ਪ੍ਰਧਾਨ/ਬਲਾਕ ਸੰਮਤੀ ਮੈਂਬਰ ਬਲਰਾਜ ਸਿੰਘ, ਚੇਅਰਮੈਨ ਸੂਬੇਦਾਰ ਛਨਾਖ ਸਿੰਘ, ਸਰਪੰਚ ਸੁੰਦਰ ਸਿੰਘ ਪਿੰਡ ਮੱਖਣਵਿੰਡੀ, ਸਰਪੰਚ ਪਿੰਡ ਵਡਾਲਾ ਜੌਹਲ ਜਗਜੀਤ ਸਿੰਘ, ਸਰਪੰਚ ਪਿੰਡ ਨਵਾਂ ਕੋਟ ਹਰਜਿੰਦਰ ਸਿੰਘ, ਜਗਤਾਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

# ਬਿਜ਼ਨੈੱਸ ਮਾਡਲ ਕੈਨਵਸ ਤੇ ਬਿਜ਼ਨੈੱਸ ਮਾਡਲ ਫਿੱਟ 'ਤੇ ਵਰਕਸ਼ਾਪ ਕਰਵਾਈ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਖਾਲਸਾ ਕਾਲਜ ਦੇ ਕਾਮਰਸ ਐਂਡ ਬਿਜ਼ਨੈੱਸ ਐਡਮਿਨਿਸਟ੍ਰੇਸ਼ਨ ਵਿਭਾਗ ਵੱਲੋਂ ਇੰਸਟੀਚਿਊਟ ਇਨੋਵੇਸ਼ਨ ਕੌਂਸਲ (ਆਈ. ਆਈ. ਸੀ.) ਦੇ ਸਹਿਯੋਗ



ਨਾਲ 'ਬਿਜ਼ਨੈੱਸ ਮਾਡਲ ਕੈਨਵਸ ਅਤੇ ਬਿਜਨਸ ਮਾਡਲ ਫਿੱਟ' 'ਤੇ ਵਰਕਸ਼ਾਪ ਕਰਵਾਈ ਗਈ।ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਦਿਸ਼ਾ-ਨਿਰਦੇਸ਼ਾਂ 'ਤੇ ਆਯੋਜਿਤ ਉਕਤ ਵਰਕਸ਼ਾਪ ਮੌਕੇ ਮੁੱਖ ਬੁਲਾਰੇ ਵਜੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਤੋਂ ਯੂਨੀਵਰਸਿਟੀ ਬਿਜ਼ਨਸ ਸਕੂਲ ਦੇ ਮੁਖੀ ਅਤੇ ਪ੍ਰੋਫੈਸਰ ਡਾ. ਵਿਕਰਮ ਸੰਧੂ ਨੇ ਸ਼ਿਰਕਤ ਕੀਤੀ।ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਵਿਭਾਗ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਸਮਾਗਮਾਂ ਦੇ ਆਯੋਜਨ ਲਈ ਵਿਦਿਆਰਥੀਆਂ ਲਈ ਲਾਭਦਾਇਕ ਸਾਬਤ ਹੁੰਦੇ ਹਨ।ਉਨ੍ਹਾਂ ਕਿਹਾ ਕਿ ਉਕਤ ਵਰਕਸ਼ਾਪ ਵਿਭਾਗ ਮੁੱਖੀ ਡਾ. ਸਵਰਾਜ ਕੌਰ, ਆਈ. ਆਈ. ਸੀ. ਤੋਂ ਪ੍ਰਧਾਨ ਡਾ. ਗੁਰਸ਼ਰਨ ਕੌਰ ਦੀ ਨਿਗਰਾਨੀ ਹੇਠ ਅਤੇ ਕੋਆਰਡੀਨੇਟਰ ਡਾ. ਦੀਪਕ ਦੇਵਗਨ, ਸਹਿ-ਕੋਆਰਡੀਨੇਟਰ ਡਾ. ਮਨੀਸ਼ਾ ਬਹਿਲ ਤੇ ਪ੍ਰੋ. ਤੁਸ਼ਾਰ ਬੱਤਰਾ ਵੱਲੋਂ ਆਯੋਜਿਤ ਕੀਤੀ ਗਈ ਸੀ। ਇਸ ਮੌਕੇ ਡਾ. ਸਵਰਾਜ ਕੌਰ ਨੇ ਡਾ. ਸੰਧੂ ਦਾ ਸਵਾਗਤ ਕਰਨ ਉਪਰੰਤ ਵਰਕਸ਼ਾਪ ਦੇ ਵਿਸ਼ੇ 'ਤੇ ਚਾਨਣਾ ਪਾਇਆ ਅਤੇ ਡਾ. ਬਹਿਲ ਨੇ ਜਾਣ-ਪਛਾਣ ਕਰਵਾਈ।ਇਸ ਮੌਕੇ ਡਾ. ਵਿਕਰਮ ਸੰਧੂ ਨੇ ਬਿਜ਼ਨੈੱਸ ਮਾਡਲ ਦੇ ਨੌਂ-ਬਲਾਕਾਂ ਗਾਹਕ ਹਿੱਸੇ, ਮੁੱਲ ਪ੍ਰਸਤਾਵ, ਚੈਨਲ, ਗਾਹਕ ਸਬੰਧ, ਮਾਲੀਆ ਧਾਰਾਵਾਂ, ਮੁੱਖ ਸਰੋਤ, ਭਾਈਵਾਲ ਅਤੇ ਲਾਗਤ ਢਾਂਚੇ ਸਬੰਧ ਵਿਸਥਾਰਪੂਰਵਕ ਜਾਣਕਾਰੀ ਪ੍ਰਦਾਨ ਕੀਤੀ। ਉਨ੍ਹਾਂ ਕਿਹਾ ਕਿ ਇਹ ਇਕ ਰਣਨੀਤਿਕ ਸਾਧਨ ਹੈ ਜੋ ਕਾਰੋਬਾਰੀ ਟੀਚਿਆਂ ਨੂੰ ਸੁਚੱਜੇ ਅਤੇ ਪ੍ਰਣਾਲੀਬੱਧ ਢੰਗ ਨਾਲ ਪ੍ਰਾਪਤ ਕਰਨ 'ਚ ਸਹਾਇਤਾ ਕਰਦਾ ਹੈ।ਇਸ ਮੌਕੇ ਉਨ੍ਹਾਂ ਹਰੇਕ ਬਲਾਕ 'ਚ ਵਰਤੇ ਜਾਣ ਵਾਲੇ ਸਾਧਨਾਂ ਦੇ ਕੰਮਕਾਜ ਨੂੰ ਵਿਹਾਰਕ ਉਦਾਹਰਣਾਂ ਨਾਲ ਸਮਝਾਇਆ।ਇਸ ਵਰਕਸ਼ਾਪ ਦੌਰਾਨ ਇਕ ਸਵਾਲ-ਜਵਾਬ ਸੈਸ਼ਨ ਵੀ ਕਰਵਾਇਆ ਗਿਆ, ਜਿਸ ਦੌਰਾਨ ਵਿਦਿਆਰਥੀਆਂ ਨੇ ਬੀ. ਐੱਮ. ਸੀ. ਮਾਡਲ ਸਬੰਧੀ ਆਪਣੇ ਸ਼ੰਕਿਆਂ ਨੂੰ ਦੂਰ ਕੀਤਾ।ਉਪਰੰਤ ਡਾ. ਦੇਵਗਨ ਨੇ ਸੈਸ਼ਨ ਦੇ ਬੁਲਾਰਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਕਤ ਸਮਾਗਮ ਵੱਖ-ਵੱਖ ਖੇਤਰਾਂ ਦੇ ਵਿਦਿਆਰਥੀਆਂ ਅਤੇ ਪੇਸ਼ੇਵਰਾਂ ਨੂੰ ਇਕ ਅਜਿਹੇ ਮੰਚ 'ਤੇ ਇਕਜੁਟ ਕਰਦਾ ਹੈ, ਜਿੱਥੇ ਉਹ ਇੱਕ ਦੂਜੇ ਦੀ ਸਹਾਇਤਾ ਕਰ ਸਕਦੇ ਹਨ। ਇਸ ਦੌਰਾਨ ਡਾ: ਪੂਨਮ ਸ਼ਰਮਾ, ਡਾ: ਨਿਧੀ ਸੱਭਰਵਾਲ, ਪ੍ਰੋ: ਮੀਨੂੰ ਚੋਪੜਾ, ਪ੍ਰੋ: ਰੀਮਾ ਸਚਦੇਵਾ, ਡਾ: ਸਾਕਸ਼ੀ ਸ਼ਰਮਾ, ਪ੍ਰੋ: ਪੂਜਾ ਪੁਰੀ, ਡਾ: ਸਾਮੀਆ, ਪ੍ਰੋ: ਜਸਲੀਨ ਕੌਰ, ਪ੍ਰੋ: ਰੁਸ਼ਨੀਤ ਕੌਰ, ਪ੍ਰੋ: ਅੰਮ੍ਰਿਤਬੀਰ ਕੌਰ ਤੋਂ ਇਲਾਵਾ ਵੱਡੀ ਗਿਣਤੀ 'ਚ ਵਿਦਿਆਰਥੀ ਹਾਜ਼ਰ ਸਨ।

# ਪੁਲਸ ਨੇ ਫਿਰੌਤੀ ਮੰਗਣ ਵਾਲੇ ਗਿਰੋਹ ਦਾ ਕੀਤਾ ਪਰਦਾਫਾਸ਼

**ਬਟਾਲਾ (ਡਾ. ਮਲਵਿੰਦਰ ਸਿੰਘ)**- ਬਟਾਲਾ ਪੁਲਸ ਨੇ ਫਿਰੌਤੀ ਮੰਗਣ ਵਾਲੇ ਗਿਰੋਹ ਦਾ ਪਰਦਾਫਾਸ਼ ਕੀਤਾ ।ਦੋ ਨੌਜਵਾਨਾਂ ਨੂੰ ਵਾਰਦਾਤ ਕਰਨ ਤੋਂ ਪਹਿਲਾਂ ਹੀ ਇਕ ਪਿਸਤੌਲ ਤੇ ਜ਼ਿੰਦਾ ਰੌਂਦਾਂ ਸਮੇਤ ਕਾਬੂ ਕੀਤਾ।ਇਸ ਸਬੰਧੀ ਐੱਸਐੱਸਪੀ ਮਹਿਤਾਬ ਸਿੰਘ ਬਟਾਲਾ ਨੇ ਇੱਕ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਗੈਂਗਸਟਰਾਂ ਵਿਰੁੱਧ ਚਲਾਈ ਗਈ ਮੁਹਿੰਮ ਤਹਿਤ ਡੀਜੀਪੀ ਪੰਜਾਬ ਡੀਆਈਜੀ ਬਾਰਡਰ ਰੇਂਜ ਅੰਮ੍ਰਿਤਸਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਡੇਰਾ ਬਾਬਾ ਨਾਨਕ ਏਰੀਏ ਵਿੱਚ ਇਕ ਮੈਡੀਕਲ ਸਟੋਰ ਵਾਲੇ ਨੂੰ 29 ਮਾਰਚ 2026 ਨੂੰ 5 ਲੱਖ ਰੁਪਏ ਦੇਣ ਸਬੰਧੀ ਫਰੌਤੀ ਦੀ ਕਾਲ ਸ਼ਰਾਰਤੀ ਅਨਸਰਾਂ ਵੱਲੋਂ ਕੀਤੀ ਗਈ ਸੀ, ਜਿਸ 'ਤੇ ਡੇਰਾ ਬਾਬਾ ਨਾਨਕ ਥਾਣੇ 'ਚ ਮਾਮਲਾ ਦਰਜ ਕੀਤਾ ਗਿਆ ਸੀ ।ਉਸ ਤਹਿਤ ਜਾਂਚ ਕਰਦਿਆਂ ਬੀਤੇ ਦਿਨ ਬਟਾਲਾ ਪੁਲਸ ਨੂੰ ਮਿਲੀ ਸੂਚਨਾ ਤਹਿਤ ਨੋਇਸ ਪੁੱਤਰ ਨਜੀਰ ਮਸੀਹ ਵਾਸੀ ਪੱਖੋਕੇ ਟਾਲੀ ਸਾਹਿਬ ਤੇ ਰਾਜਵਿੰਦਰ ਸਿੰਘ ਉਰਫ ਰਾਜਾ ਪੁੱਤਰ ਭੁਪਿੰਦਰ ਸਿੰਘ ਵਾਸੀ ਤਰਸਿੱਕਾ ਹਾਲ ਪੰਡੋਰੀ ਵੜੈਚ ਅੰਮ੍ਰਿਤਸਰ ਨੂੰ ਡੇਰਾ ਬਾਬਾ ਨਾਨਕ ਇਲਾਕੇ 'ਚ ਕਿਸੇ ਮੈਡੀਕਲ ਸਟੋਰ ਤੇ ਗੋਲੀਆਂ ਚਲਾਉਣੀਆਂ ਹਨ ਤੇ ਇਨਾਂ ਕੋਲ ਹਥਿਆਰ ਵੀ ਹਨ ਪਰ ਬਟਾਲਾ ਪੁਲਸ ਨੇ ਵਾਰਦਾਤ ਨੂੰ ਅੰਜਾਮ ਦੇਣ ਤੋਂ ਪਹਿਲਾਂ ਹੀ ਉਕਤ ਨੌਜਵਾਨਾਂ ਨੂੰ ਕਾਬੂ ਕਰ ਲਿਆ।ਐੱਸਐੱਸਪੀ ਨੇ ਹੋਰ ਦੱਸਿਆ ਕਿ ਕਾਬੂ ਕੀਤੇ ਨੌਜਵਾਨ ਨੇ ਪੁੱਛਗਿੱਛ ਦੌਰਾਨ ਮੰਨਿਆ ਕਿ ਉਨਾਂ ਡੇਰਾ ਬਾਬਾ ਨਾਨਕ 'ਚ ਇਕ ਮੈਡੀਕਲ ਸਟੋਰ 'ਤੇ ਗੋਲੀਆਂ ਚਲਾਉਣੀਆਂ ਸਨ।ਇਹ ਵਾਰਦਾਤ ਵਿਦੇਸ਼ 'ਚ ਬੈਠੇ ਸ਼ਰਾਰਤੀ ਅਨਸਰਾਂ ਦੇ ਕਹਿਣ 'ਤੇ ਕਰਨੀ ਸੀ।ਇਹ ਕੰਮ ਕਰਨ ਦੇ ਬਦਲੇ ਉਨ੍ਹਾਂ ਨੂੰ ਪੈਸੇ ਮਿਲਣੇ ਸਨ।ਨੌਜਵਾਨਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ। ਇਨ੍ਹਾਂ ਕੋਲੋਂ ਹੋਰ ਵੀ ਖੁਲਾਸੇ ਹੋਣ ਦੀ ਸੰਭਾਵਨਾ ਹੈ।ਉਨ੍ਹਾਂ ਦੱਸਿਆ ਕਿ ਫੜੇ ਗਨੌਜਵਾਨਾਂ ਕੋਲੋਂ ਪਿਸਤੌਲ 32 ਬੋਰ ਤੇ ਜ਼ਿੰਦਾ ਰੌਂਦ 32 ਬੋਰ ਬਰਾਮਦ ਹੋਏ ਹਨ ।

# ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂਆਂ ਵੱਲੋਂ ਪੰਥਕ ਇਕੱਤਰਤਾ ਲਈ ਲਾਮਬੰਦੀ

**ਜੈਂਤੀਪੁਰ (ਸੁਖਬੀਰ ਸਿੱਧੂ)**- ਅਕਾਲੀ ਦਲ ਵਾਰਿਸ ਪੰਜਾਬ ਵੱਲੋਂ 8 ਅਪ੍ਰੈਲ ਨੂੰ ਗੁਰਦੁਆਰਾ ਜਨਮ ਅਸਥਾਨ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਗੱਗੋਮਾਹਲ ਵਿਖੇ ਕਰਵਾਈ ਜਾ ਰਹੀ ਵਿਸ਼ਾਲ ਪੰਥਕ ਇਕੱਤਰਤਾ ਜਿਸ ਵਿਚ ਪੰਜਾਬ ਬਚਾਓ ਭਾਈ ਅੰਮ੍ਰਿਤਪਾਲ ਲਿਆਓ ਤਹਿਤ ਵੱਡਾ ਇਕੱਠ ਕੀਤਾ ਜਾ ਰਿਹਾ ਹੈ, ਦੇ ਸੰਬੰਧ ਵਿਚ ਜਿੱਥੇ ਪਿੰਡ-ਪਿੰਡ ਮੀਟਿੰਗਾਂ ਕਰਕੇ ਲੋਕਾਂ ਨੂੰ ਇਕੱਤਰਤਾ ਸੰਬੰਧੀ ਲਾਮਬੰਦ ਕੀਤਾ ਜਾ



ਰਿਹਾ ਹੈ ਉੱਥੇ ਅੱਜ ਵਿਧਾਨ ਸਭਾ ਹਲਕਾ ਅਜਨਾਲਾ ਦੇ ਮੁੱਖ ਸੇਵਾਦਾਰ ਭਾਈ ਸੁਰਿੰਦਰਪਾਲ ਸਿੰਘ ਤਾਲਬਪੁਰਾ ਦੀ ਅਗਵਾਈ ਹੇਠ ਕਸਬਾ ਰਮਦਾਸ ਅਤੇ ਅਜਨਾਲਾ ਸ਼ਹਿਰ ਦੀਆਂ ਗਲੀਆਂ, ਬਾਜ਼ਾਰਾਂ ਵਿਚ ਕਸਬਾ ਨਿਵਾਸੀਆਂ ਨੂੰ ਪੰਥਕ ਇਕੱਤਰਤਾ ਸੰਬੰਧੀ ਘਰ-ਘਰ ਪਹੁੰਚ ਕੇ ਲਾਮਬੰਦ ਕੀਤਾ ਗਿਆ।ਇਸ ਸਮੇਂ ਪੱਤਰਕਾਰਾਂ ਨਾਲ ਗੱਲ ਕਰਦਿਆਂ ਤਾਲਬਪੁਰਾ ਨੇ ਕਿਹਾ ਕਿ 8 ਅਪ੍ਰੈਲ ਦੀ ਪੰਥਕ ਇੱਕਤਰਤਾ ਇਤਿਹਾਸਕ ਹੋ ਨਿਬੜੇਗੀ ਜਿਸ ਵਿਚ ਪੰਥ ਦਰਦੀਆਂ ਦਾ ਵੱਡਾ ਇਕੱਠ ਹੁਕਮਰਾਨਾਂ ਦੀਆਂ ਜ਼ਿਆਦਤੀਆਂ ਖਿਲਾਫ ਅਵਾਜ਼ ਬੁਲੰਦ ਕਰੇਗਾ।ਇਸ ਮੌਕੇ ਉਨ੍ਹਾਂ ਨਾਲ ਭਾਈ ਰਜਵੰਤ ਸਿੰਘ ਮਹਿਲਾਂਵਾਲਾ, ਡਾ. ਦਰਸ਼ਨ ਸਿੰਘ ਗੁਜਰਪੁਰਾ, ਡਾ. ਸੁਖਪ੍ਰੀਤ ਸਿੰਘ ਭਲਾਪਿੰਡ, ਸਰਤਾਜਪ੍ਰੀਤ ਸਿੰਘ ਭੰਗੂ, ਮਨਜੋਤ ਸਿੰਘ ਪੂਰੇਵਾਲ, ਬੱਗਾ ਸਿੰਘ ਬੱਲੜਵਾਲ, ਗੁਰਬੀਰ ਸਿੰਘ ਦੁਧਰਾਏ, ਮੁਨਸ਼ੀ ਸਿੰਘ ਨਿੱਕਾ ਫੱਤੇਵਾਲ, ਫੌਜੀ ਕੁਲਵਿੰਦਰ ਸਿੰਘ ਰਮਦਾਸ, ਨਰਿੰਦਰ ਸਿੰਘ ਨਾਸਰ, ਸੁੱਚਾ ਸਿੰਘ ਜੱਟਾ, ਮੰਗਲ ਸਿੰਘ, ਕੁਲਵਿੰਦਰ ਸਿੰਘ ਕੋਟਰਜ਼ਾਦਾ, ਬਾਜ ਸਿੰਘ, ਗੁਰਪ੍ਰੀਤ ਸਿੰਘ ਮਹਿਲਾਂਵਾਲਾ ਆਦਿ ਆਗੂ ਹਾਜ਼ਰ ਸਨ।

# ਪੁਲਸ ਦੀਆਂ ਧੱਕੇਸ਼ਾਹੀਆਂ ਖਿਲਾਫ ਜਨਤਕ ਜਥੇਬੰਦੀਆਂ ਵੱਲੋਂ ਰੋਸ ਪ੍ਰਦਰਸ਼ਨ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਪੁਲਸ ਪ੍ਰਸ਼ਾਸਨ ਵੱਲੋਂ ਸੰਗੀਨ ਜ਼ੁਲਮਾਂ 'ਚ ਨਾਮਜ਼ਦ ਦੋਸ਼ੀਆਂ ਨੂੰ ਗ੍ਰਿਫ਼ਤਾਰ ਨਾ ਕਰਨ, ਬੇਕਸੂਰਾਂ ਵਿਰੁੱਧ ਬਣਾਈਆਂ ਝੂਠੀਆਂ ਐੱਫ਼. ਆਈ. ਆਰ. ਰੱਦ ਕਰਵਾਉਣ, ਪੁਲਸ ਦੀਆਂ ਸੰਗੀਨ ਧੱਕੇਸ਼ਾਹੀਆ ਨੂੰ ਨੱਥ ਪਾਉਣ



ਅਤੇ ਡੀ. ਐੱਸ. ਪੀ. ਅਜਨਾਲਾ ਵੱਲੋਂ ਜਥੇਬੰਦੀਆਂ ਦੇ ਫੋਨ ਨਾ ਸੁਣਨ ਵਿਰੁੱਧ, ਧਰਨੇ ਦੌਰਾਨ ਐੱਸ. ਐੱਚ. ਓ. ਤੇ ਡੀ. ਐੱਸ. ਪੀ. ਅਜਨਾਲਾ ਦੀ ਗੈਰ-ਹਾਜ਼ਰੀ ਵਿਰੁੱਧ ਜਨਤਕ ਜਥੇਬੰਦੀਆਂ ਜਮਹੂਰੀ ਕਿਸਾਨ ਸਭਾ ਪੰਜਾਬ, ਦਿਹਾਤੀ ਮਜ਼ਦੂਰ ਸਭਾ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ, ਔਰਤ ਮੁਕਤੀ ਮੋਰਚਾ ਦੀ ਅਗਵਾਈ 'ਚ ਸਤਵਿੰਦਰ ਸਿੰਘ ਉਠੀਆਂ, ਪ੍ਰੋ. ਮਾਲਕ ਸਿੰਘ ਗੁਰਾਲਾ, ਜੱਗਾ ਸਿੰਘ ਡੱਲਾ, ਦੇਸਾ ਸਿੰਘ ਭਿੰਡੀ ਔਲਖ, ਗੁਰਨਾਮ ਸਿੰਘ ਉਮਰਪੁਰਾ, ਰਜਿੰਦਰ ਸਿੰਘ ਭੱਲਾ ਪਿੰਡ, ਅਮਰਜੀਤ ਸਿੰਘ ਅਨੈਤਪੁਰਾ ਵੱਲੋਂ ਥਾਣਾ ਅਜਨਾਲਾ ਸਾਹਮਣੇ ਮੰਗਾਂ ਮੰਨਣ ਤੱਕ ਧਰਨਾ ਜਾਰੀ ਹੈ! ਅੱਜ ਦੇ ਧਰਨੇ ਨੂੰ ਸੰਬੋਧਨ ਕਰਦਿਆਂ ਜਮਹੂਰੀ ਕਿਸਾਨ ਸਭਾ ਪੰਜਾਬ ਦੇ ਸੂਬਾ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਨੇ ਕਿਹਾ ਕਿ ਪੁਲਸ ਲੋਕਾਂ ਦੇ ਜਾਨ ਮਾਲ ਦੀ ਰਖਵਾਲੀ ਹੁੰਦੀ ਹੈ ਪ੍ਰੰਤੂ ਅਜਨਾਲਾ ਖੇਤਰ 'ਚ ਰੋਜ਼ਾਨਾ ਚੋਰੀਆਂ, ਡਾਕੇ, ਲੁੱਟਾਂ-ਖੋਹਾਂ ਹੋ ਰਹੀਆਂ ਹਨ ਪ੍ਰੰਤੂ ਪੁਲਸ ਵੱਲੋਂ ਦੋਸ਼ੀਆਂ ਵਿਰੁੱਧ ਕੇਸ ਕਰਨ ਦੀ ਬਜਾਏ ਨਿਰਦੋਸ਼ ਲੋਕਾਂ ਵਿਰੁੱਧ ਕੇਸ ਬਣਾਏ ਜਾ ਰਹੇ ਹਨ! ਨੌਜਵਾਨ ਸਭਾ ਦੇ ਪ੍ਰਧਾਨ ਜੱਗਾ ਸਿੰਘ ਡੱਲਾ ਨੂੰ ਜਾਨੋਂ ਮਾਰਨ ਦੇ ਪੱਕੇ ਇਰਾਦੇ ਨਾਲ ਸਿਰ 'ਤੇ ਗੰਭੀਰ ਸੱਟ ਲਾਉਣ ਵਾਲੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਨਹੀਂ ਕੀਤਾ ਜਾ ਰਿਹਾ, ਝੂਠੀ ਐੱਫ਼. ਆਈ. ਆਰ. 2/23 ਅਜੇ ਤੱਕ ਰੱਦ ਨਹੀਂ ਕੀਤੀ ਗਈ! ਡਾ. ਅਜਨਾਲਾ ਨੇ ਅੱਗੇ ਡੀ. ਐੱਸ. ਪੀ. ਅਜਨਾਲਾ ਖਿਲਾਫ ਬੋਲਦਿਆਂ ਕਿਹਾ ਕਿ ਇਹ ਜਥੇਬੰਦੀਆਂ ਦੇ ਆਗੂਆਂ ਦੇ ਟੈਲੀਫੋਨ ਤੱਕ ਨਹੀਂ ਸੁਣਦੇ। ਇਨਸਾਫ ਮਿਲਣਾ ਤਾਂ ਦੂਰ ਦੀ ਗੱਲ ਹੈ! ਸਮੂਹ ਆਗੂਆਂ ਨੇ ਕਿਹਾ ਕਿ ਸਾਡਾ ਇਹ ਧਰਨਾ ਮੰਗਾਂ ਮੰਨਵਾਉਣ ਤੱਕ ਜਾਰੀ ਰਹੇਗਾ!ਇਸ ਮੌਕੇ ਕਾਲਾ ਸਿੰਘ ਡੱਲਾ, ਬਲਵਿੰਦਰ ਸਿੰਘ ਡਿਆਲ ਭੱਟੀ, ਕੁਲਦੀਪ ਸਿੰਘ ਅਜਨਾਲਾ, ਸਾ. ਸਰਪੰਚ ਤੇ ਨੰਬਰਦਾਰ ਲਖਬੀਰ ਸਿੰਘ ਤੇੜਾਂ ਰਾਜਪੂਤਾਂ, ਰੇਸ਼ਮ ਸਿੰਘ ਭੂਰੇ ਗਿੱਲ, ਗਾਇਕ ਗੁਰਪਾਲ ਗਿੱਲ ਸੈਦਪੁਰ ਆਦਿ ਨੇ ਵੀ ਸੰਬੋਧਨ ਕੀਤਾ।

# ਡੀ. ਐੱਮ. ਰੰਧਾਵਾ ਦੇ ਖੁਦਕੁਸ਼ੀ ਮਾਮਲੇ 'ਚ ਇਨਸਾਫ ਲਈ ਭਾਜਪਾਈਆਂ ਵੱਲੋਂ ਧਰਨਾ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਡੀ. ਐੱਮ. ਗਗਨਦੀਪ ਰੰਧਾਵਾ ਦੇ ਖੁਦਕੁਸ਼ੀ ਮਾਮਲੇ ਵਿੱਚ ਇਨਸਾਫ਼ ਦੀ ਮੰਗ ਨੂੰ ਲੈ ਕੇ ਭਾਰਤੀ ਜਨਤਾ ਪਾਰਟੀ (ਭਾਜਪਾ) ਪੰਜਾਬ ਵੱਲੋਂ ਅੰਮ੍ਰਿਤਸਰ ਸਾਹਿਬ ਵਿਖੇ ਇੱਕ ਰਵਾਨਾ ਹੋਇਆ।ਇਸ ਮੌਕੇ ਹਰਜੀਤ ਸਿੰਘ ਸੰਧੂ ਨੇ ਕਿਹਾ ਕਿ ਡੀ. ਐੱਮ. ਗਗਨਦੀਪ ਰੰਧਾਵਾ ਦੀ ਮੌਤ ਸਿਰਫ਼ ਇੱਕ ਪਰਿਵਾਰ ਦੀ ਨਹੀਂ, ਸਗੋਂ ਪੂਰੇ ਸਮਾਜ ਲਈ ਇੱਕ ਗੰਭੀਰ ਚਿੰਤਾ ਦਾ ਵਿਸ਼ਾ ਹੈ, ਜਿਸ ਦੀ ਨਿਰਪੱਖ ਐੱਸਸੀ ਮੋਰਚਾ ਪ੍ਰਧਾਨ ਅਵਤਾਰ ਸਿੰਘ ਬੰਟੀ, ਯੁਵਾ ਮੋਰਚਾ ਪ੍ਰਧਾਨ ਦਿਨੇਸ਼ ਜੋਸ਼ੀ, ਓਬੀਸੀ ਮੋਰਚਾ ਪ੍ਰਧਾਨ ਨਿਸ਼ਾਨ ਸਿੰਘ, ਸਕੱਤਰ ਸਵਿੰਦਰ ਸਿੰਘ ਪੰਨੂ, ਮੋਰਚਾ ਜਨਰਲ ਸਕੱਤਰ ਹਰਜੀਤ ਸਿੰਘ, ਮੋਰਚਾ ਜਨਰਲ



ਵੱਡਾ ਰੋਸ ਧਰਨਾ ਦਿੱਤਾ ਗਿਆ।ਇਸ ਧਰਨੇ ਵਿੱਚ ਵੱਖ-ਵੱਖ ਜ਼ਿਲ੍ਹਿਆਂ ਤੋਂ ਆਏ ਭਾਜਪਾ ਆਗੂਆਂ ਅਤੇ ਵਰਕਰਾਂ ਨੇ ਭਾਰੀ ਗਿਣਤੀ ਵਿੱਚ ਹਿੱਸਾ ਲਿਆ ਅਤੇ ਰੰਧਾਵਾ ਪਰਿਵਾਰ ਲਈ ਇਨਸਾਫ਼ ਦੀ ਮੰਗ ਨੂੰ ਬੁਲੰਦ ਆਵਾਜ਼ ਵਿੱਚ ਉਠਾਇਆ।ਇਸੇ ਤਹਿਤ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਦੀ ਅਗਵਾਈ ਹੇਠ ਸੈਂਕੜੇ ਲੋਕਾਂ ਦਾ ਕਾਫਲਾ ਵੱਖ ਵੱਖ ਵਾਹਨਾਂ ਰਾਹੀਂ ਅਤੇ ਪਾਰਦਰਸ਼ੀ ਜਾਂਚ ਹੋਣੀ ਲਾਜ਼ਮੀ ਹੈ।ਇਸ ਮੌਕੇ ਜ਼ਿਲ੍ਹਾ ਮਹਾਂ ਮੰਤਰੀ ਹਰਪ੍ਰੀਤ ਸਿੰਘ ਸਿੰਦਬਾਦ, ਮਹਾਂ ਮੰਤਰੀ ਸੁਰਜੀਤ ਸਿੰਘ ਸਾਗਰ, ਮਹਾਂ ਮੰਤਰੀ ਸ਼ਿਵ ਕੁਮਾਰ ਸੋਨੀ, ਸੀਨੀਅਰ ਆਗੂ ਰਮਨਦੀਪ ਸਿੰਘ ਭਰੋਵਾਲ, ਮੀਤ ਪ੍ਰਧਾਨ ਸਤਨਾਮ ਸਿੰਘ ਭੁੱਲਰ, ਸੀਨੀਅਰ ਆਗੂ ਦਲਬੀਰ ਸਿੰਘ ਅਲਗੋਂ ਕੋਠੀ, ਕਿਸਾਨ ਮੋਰਚਾ ਪ੍ਰਧਾਨ ਡਾ. ਅਵਤਾਰ ਸਿੰਘ ਵੇਈਪੂਈ, ਸਕੱਤਰ ਅਮਨ ਅਰੋੜਾ, ਸਰਕਲ ਪ੍ਰਧਾਨ ਰੋਹਿਤ ਸ਼ਰਮਾ, ਸਰਕਲ ਪ੍ਰਧਾਨ ਗੌਰਵ ਦੇਵਗਨ, ਸਰਕਲ ਪ੍ਰਧਾਨ ਹਰਪਾਲ ਸੋਨੀ, ਸਰਕਲ ਪ੍ਰਧਾਨ ਮੇਹਰ ਸਿੰਘ, ਸਰਕਲ ਪ੍ਰਧਾਨ ਕੁਲਦੀਪ ਸਿੰਘ ਮੱਲਮੋਹਰੀ, ਸੁਭਾਸ਼ ਬਾਠ, ਪ੍ਰਗਟ ਸਿੰਘ ਬਾਠ, ਡਾ. ਸੁਖਦੇਵ ਸਿੰਘ ਮੂਸੇ, ਜੇਈ ਗੁਰਬਚਨ ਸਿੰਘ, ਸਾਬਕਾ ਸਰਪੰਚ ਗੁਰਮੀਤ ਸਿੰਘ, ਚਰਨਜੀਤ ਸਿੰਘ ਖਾਲਸਾ, ਸਾਬਕਾ ਸਰਪੰਚ ਸੁਖਦੇਵ ਸਿੰਘ, ਜਸਵਿੰਦਰ ਸਿੰਘ, ਜੱਬਰ ਸਿੰਘ, ਬਲਦੇਵ ਸਿੰਘ, ਜਸਬੀਰ ਸਿੰਘ ਮੁਗਲਚੱਕ, ਰਣਜੀਤ ਸਿੰਘ ਗਿੱਲ ਵੜੈਚ, ਬਾਬਾ ਸਵਰਨ ਸਿੰਘ ਮਾਲਚੱਕ, ਹਰਪ੍ਰੀਤ ਸਿੰਘ ਖਾਲਸਾ, ਜਗਜੀਤ ਸਿੰਘ ਕੋਟ ਆਦਿ ਸੈਂਕੜੇ ਪਾਰਟੀ ਆਗੂ ਮੌਜੂਦ ਸਨ।

# ਲੋੜਵੰਦ ਔਰਤਾਂ ਨੂੰ ਮਹੀਨਾਵਾਰ ਰਾਸ਼ਨ ਵੰਡਿਆ



**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਪੰਜਾਬ ਵਿੱਚ ਰਜਿਸਟਰਡ ਸੰਸਥਾ ਐਂਟੀ ਪਲਿਊਸ਼ਨ ਆਰਗਨਾਈਜੇਸ਼ਨ ਜੋ ਹਵਾ, ਆਵਾਜ਼ ਅਤੇ ਪਾਣੀ ਪ੍ਰਦੂਸ਼ਣ ਨੂੰ ਰੋਕਣ ਲਈ ਕੰਮ ਕਰਦੀ ਹੈ, ਸਮਾਜ ਸੇਵਾ ਵਿੱਚ ਵੀ ਅਹਿਮ ਯੋਗਦਾਨ ਪਾਉਂਦੀ ਹੈ।ਸੰਸਥਾ ਦੇ ਪ੍ਰਧਾਨ ਐਡਵੋਕੇਟ ਆਦੇਸ਼ ਅਗਨੀਹੋਤਰੀ ਹਰ ਮਹੀਨੇ ਦਸ ਲੋੜਵੰਦ ਔਰਤਾਂ ਨੂੰ ਰਾਸ਼ਨ ਵੰਡਦੇ ਹਨ।ਇਹ ਪ੍ਰਦੂਸ਼ਣ ਵਿਰੋਧੀ ਸੰਸਥਾ ਜੋ ਸਮਾਜ ਸੇਵਾ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦੀ ਹੈ, ਨੂੰ ਕਿਸੇ ਵੀ ਸਰਕਾਰੀ ਏਜੰਸੀ ਤੋਂ ਕੋਈ ਵਿੱਤੀ ਸਹਾਇਤਾ ਨਹੀਂ ਮਿਲਦੀ ਬਲਕਿ ਇਹ ਸਿਰਫ਼ ਆਪਣੇ ਮੈਂਬਰਾਂ ਦੇ ਵਿਅਕਤੀਗਤ ਯੋਗਦਾਨ ਦੁਆਰਾ ਚਲਾਈ ਜਾਂਦੀ ਹੈ। ਪ੍ਰਧਾਨ ਐਡਵੋਕੇਟ ਆਦੇਸ਼ ਅਗਨੀਹੋਤਰੀ ਨੇ ਕਿਹਾ ਕਿ ਸੰਸਥਾ ਕਈ ਸਾਲਾਂ ਤੋਂ ਇਸ ਸਮਾਜਿਕ ਕਾਰਜ ਵਿੱਚ ਲੱਗੀ ਹੋਈ ਹੈ। ਮਨੁੱਖਤਾ ਦੀ ਸੇਵਾ ਸਭ ਤੋਂ ਵੱਡੀ ਹੈ, ਅਤੇ ਇਹ ਕੰਮ ਜਾਰੀ ਰਹੇਗਾ।

ਨਵਾਂ ਜ਼ਮਾਨਾ
ਸੋਮਵਾਰ, 6 ਅਪ੍ਰੈਲ 2026

# ਚੋਣ ਕਮਿਸ਼ਨ ਦੀ ਜ਼ਿੰਮੇਵਾਰੀ ਕੀ ਹੈ ?

*ਸੁਪਰੀਮ ਕੋਰਟ ਦੀ ਸੀਨੀਅਰ ਮੋਸਟ ਜਸਟਿਸ ਬੀਵੀ ਨਾਗਰਤਨਾ ਨੇ ਚੋਣ ਕਮਿਸ਼ਨ ਦੀ ਆਜ਼ਾਦੀ ਨੂੰ ਲੋਕਤੰਤਰ ਦੀ ਬੁਨਿਆਦ ਦੱਸਦਿਆਂ ਕਿਹਾ ਹੈ ਕਿ ਸੰਵਿਧਾਨਕ ਸੰਸਥਾਵਾਂ ਦਾ ਆਪਸੀ ਸੰਤੁਲਨ ਖਤਮ ਹੋਣ ਨਾਲ ਲੋਕਤੰਤਰੀ ਵਿਵਸਥਾ ਕਮਜ਼ੋਰ ਹੋ ਸਕਦੀ ਹੈ। ਚੋਣ ਸਿਰਫ ਸਮੇਂ-ਸਮੇਂ 'ਤੇ ਹੋਣ ਵਾਲੀ ਪ੍ਰਕਿਰਿਆ ਨਹੀਂ ਹੈ, ਸਗੋਂ ਇਸ ਰਾਹੀਂ ਸਿਆਸੀ ਸੱਤਾ ਦਾ ਨਿਰਮਾਣ ਹੁੰਦਾ ਹੈ। ਜਸਟਿਸ ਨਾਗਰਤਨਾ, ਜਿਨ੍ਹਾ ਦਾ ਨਾਂਅ ਅਗਲੇ ਸਾਲ ਚੀਫ ਜਸਟਿਸ ਬਣਨ ਲਈ ਸਭ ਤੋਂ ਅੱਗੇ ਹੈ, ਨੇ ਪਟਨਾ ਦੀ ਚਾਣਕਿਆ ਲਾਅ ਯੂਨੀਵਰਸਿਟੀ ਵਿੱਚ ਰਜਿੰਦਰ ਪ੍ਰਸਾਦ ਮੈਮੋਰੀਅਲ ਲੈਕਚਰ ਦਿੰਦਿਆਂ ਕਿਹਾ ਕਿ ਜੇ ਚੋਣ ਕਰਾਉਣ ਵਾਲੀਆਂ ਸੰਸਥਾਵਾਂ ਚੋਣ ਲੜਨ ਵਾਲਿਆਂ 'ਤੇ ਨਿਰਭਰ ਹੋ ਜਾਣ, ਤਾਂ ਚੋਣ ਪ੍ਰਕਿਰਿਆ ਦੀ ਨਿਰਪੱਖਤਾ ਯਕੀਨੀ ਨਹੀਂ ਬਣਾਈ ਜਾ ਸਕਦੀ। ਚੋਣ ਕਮਿਸ਼ਨ ਇੱਕ ਸੰਵਿਧਾਨਕ ਸੰਸਥਾ ਹੈ, ਜਿਸ ਦਾ ਕੰਮ ਚੋਣਾਂ ਦੀ ਪਵਿੱਤਰਤਾ ਬਣਾਈ ਰੱਖਣਾ ਹੈ।*

*ਚੋਣ ਕਮਿਸ਼ਨ 'ਤੇ ਹੁਕਮਰਾਨਾਂ ਦੇ ਹੱਕ ਵਿੱਚ ਭੁਗਤਣ ਦੇ ਲੱਗ ਰਹੇ ਗੰਭੀਰ ਦੋਸ਼ਾਂ ਦਰਮਿਆਨ ਜਸਟਿਸ ਨਾਗਰਤਨਾ ਨੇ 1995 ਦੇ ਸੁਪਰੀਮ ਕੋਰਟ ਦੇ ਫੈਸਲੇ ਦਾ ਜ਼ਿਕਰ ਕਰਦਿਆਂ ਕਿਹਾ ਕਿ ਚੋਣ ਕਮਿਸ਼ਨ ਨੂੰ ਉੱਚ ਮਹੱਤਵ ਦੀ ਸੰਵਿਧਾਨਕ ਸੰਸਥਾ ਮੰਨਿਆ ਗਿਆ ਹੈ। ਜੇ ਚੋਣ ਕਰਾਉਣ ਵਾਲੇ ਹੀ ਉਮੀਦਵਾਰਾਂ 'ਤੇ ਨਿਰਭਰ ਹੋਣਗੇ ਤਾਂ ਨਿਰਪੱਖਤਾ 'ਤੇ ਸਵਾਲ ਉੱਠਣਾ ਸੁਭਾਵਕ ਹੈ। ਚੋਣਾਂ ਸਿਰਫ ਸਮੇਂ-ਸਮੇਂ 'ਤੇ ਹੋਣ ਵਾਲੀ ਪ੍ਰਕਿਰਿਆ ਨਹੀਂ । ਚੋਣਾਂ ਨਾਲ ਸਰਕਾਰਾਂ ਦਾ ਸ਼ਾਂਤੀਪੂਰਨ ਬਦਲਾਅ ਸੰਭਵ ਹੋਇਆ ਹੈ। ਜਸਟਿਸ ਨਾਗਰਤਨਾ ਮੁਤਾਬਕ ਸੱਤਾ ਸਿਰਫ ਸੰਸਥਾਵਾਂ ਨਾਲ ਨਹੀਂ, ਸਗੋਂ ਉਨ੍ਹਾਂ ਪ੍ਰਕਿਰਿਆਵਾਂ ਨਾਲ ਵੀ ਸੰਚਾਲਤ ਹੁੰਦੀ ਹੈ, ਜਿਹੜੀਆਂ ਉਸ ਨੂੰ ਬਣਾਈ ਰੱਖਦੀਆਂ ਹਨ, ਜਿਵੇਂ ਚੋਣਾਂ, ਸਰਵਜਨਕ ਵਿੱਤ ਤੇ ਨਿਯਮ ਵਿਵਸਥਾ। ਸੰਵਿਧਾਨਕ ਢਾਂਚੇ ਨੂੰ ਮਜ਼ਬੂਤ ਬਣਾਈ ਰੱਖਣ ਲਈ ਜ਼ਰੂਰੀ ਹੈ ਕਿ ਸੰਸਥਾਵਾਂ ਇੱਕ-ਦੂਜੀ 'ਤੇ ਨਿਗਰਾਨੀ ਰੱਖਣ। ਜਦੋਂ ਸੰਸਥਾਵਾਂ ਇੱਕ-ਦੂਜੇ ਦੀ ਜਾਂਚ ਕਰਨੀ ਬੰਦ ਕਰ ਦਿੰਦੀਆਂ ਹਨ, ਤਦ ਸੰਵਿਧਾਨਕ ਢਾਂਚਾ ਕਮਜ਼ੋਰ ਹੋਣ ਲੱਗਦਾ ਹੈ। ਅਜਿਹੇ ਵਿੱਚ ਚੋਣਾਂ, ਅਦਾਲਤਾਂ ਤੇ ਕਾਨੂੰਨ ਤਾਂ ਬਣੇ ਰਹਿੰਦੇ ਹਨ, ਪਰ ਸੱਤਾ 'ਤੇ ਕੰਟਰੋਲ ਘੱਟ ਹੋ ਜਾਂਦਾ ਹੈ।*

*ਜਸਟਿਸ ਨਾਗਰਤਨਾ ਨੇ ਕੇਂਦਰ ਨੂੰ ਰਾਜਾਂ ਨੂੰ ਸਹਿਯੋਗੀ ਦੇ ਰੂਪ ਵਿੱਚ ਦੇਖਣ ਦੀ ਅਪੀਲ ਕੀਤੀ। ਉਨ੍ਹਾ ਕਿਹਾ ਕਿ ਸ਼ਕਤੀਆਂ ਦੀ ਵੰਡ ਸਮਾਨ ਪੱਧਰ ਦੇ ਸਹਿਯੋਗ 'ਤੇ ਅਧਾਰਤ ਹੈ ਅਤੇ ਸ਼ਾਸਨ ਸਿਆਸੀ ਪਾਰਟੀਆਂ ਦੇ ਆਧਾਰ 'ਤੇ ਨਹੀਂ ਹੋਣਾ ਚਾਹੀਦਾ। ਕੇਂਦਰ ਸਰਕਾਰ ਨੂੰ ਰਾਜਾਂ ਨੂੰ ਮਾਤਹਿਤ ਨਹੀਂ ਸਮਝਣਾ ਚਾਹੀਦਾ, ਸਗੋਂ ਉਨ੍ਹਾਂ ਨਾਲ ਤਾਲਮੇਲ ਨਾਲ ਚੱਲਣਾ ਚਾਹੀਦਾ ਹੈ।*

*ਵੋਟਾਂ ਦੀ ਵਿਸ਼ੇਸ਼ ਡੂੰਘੀ ਸੁਧਾਈ (ਐੱਸ ਆਈ ਆਰ) ਦੌਰਾਨ ਲੱਖਾਂ ਦੀ ਗਿਣਤੀ ਵਿੱਚ ਵੋਟਰ ਛਾਂਗੇ ਜਾਣ ਅਤੇ ਵਿਰੋਧ ਕਰਨ 'ਤੇ ਚੋਣ ਕਮਿਸ਼ਨ ਵੱਲੋਂ ਕੋਈ ਪਰਵਾਹ ਨਾ ਕੀਤੇ ਜਾਣ ਦੇ ਨਾਲ-ਨਾਲ ਕੇਂਦਰ ਦੇ ਰਾਜਾਂ ਪ੍ਰਤੀ ਵਿਹਾਰ ਦੇ ਮੱਦੇਨਜ਼ਰ ਜਸਟਿਸ ਨਾਗਰਤਨਾ ਨੇ ਬੇਬਾਕ ਟਿੱਪਣੀਆਂ ਕੀਤੀਆਂ ਹਨ। ਇਸ ਤੋਂ ਬਾਅਦ ਚੋਣ ਕਮਿਸ਼ਨ ਤੇ ਕੇਂਦਰ ਸਰਕਾਰ ਨੂੰ ਆਪਣੇ ਸਟੈਂਡ 'ਤੇ ਨਜ਼ਰਸਾਨੀ ਕਰਨੀ ਚਾਹੀਦੀ ਹੈ।*

## ਡਮਰੂ ਤੇ ਜਲ-ਡਮਰੂ !

*'ਧਾਰ' ਤੇਲ ਦੀ ਯਾਰੋ ਕੀ ਦੇਖਣੀ ਐਂ,*
*ਭੁੱਖੜ ਆ ਪਏ ਨੇ ਤੇਲ ਭੰਡਾਰ 'ਤੇ।*
*ਚੱਕਾ ਚੱਲੇ ਵਿਕਾਸ ਦਾ ਨਾਲ ਜਿਹਦੇ,*
*ਮੂਰਖ ਲੱਗ ਪਏ ਕਰਨ ਬੰਬਾਰ 'ਤੇ।*
*ਆਵੇ ਤਰਸ ਨਾ 'ਹੈਂਸਿਆਰਿਆਂ' ਨੂੰ,*
*ਥਾਂਹ-ਥਾਂਹ ਹੋ ਰਹੇ ਨਰ-ਸੰਘਾਰ 'ਤੇ।*
*ਪੈ ਰਹੀਆਂ ਹਨ ਲਾਹਨਤਾਂ ਜੱਗ ਵੱਲੋਂ,*
*ਚੌਧਰ-ਪੁਣੇ ਦੇ ਚੜ੍ਹ ਗਏ ਹੰਕਾਰ ਉੱਤੇ।*
*ਉਹਦੇ ਕੰਨਾਂ ਤੱਕ 'ਵਾਜ਼ ਪਹੁੰਚਾ ਦੇਈਏ,*
*ਅਮਨ-ਚੈਨ ਜੋ ਦੁਨੀਆਂ ਤੋਂ ਖੋਹਣ ਲੱਗਾ।*
*ਡਮਰੂ ਸ਼ਿਵਜੀ ਦੇ ਹੱਥਾਂ ਵਿੱਚ ਸ਼ੋਭਦਾ ਸੀ,*
*ਤਾਂਡਵ ਨਾਚ ਜਲ-ਡਮਰੂ 'ਤੇ ਹੋਣ ਲੱਗਾ!*

**-ਤਰਲੋਚਨ ਸਿੰਘ ਦੁਪਾਲਪੁਰ**, 001-408-905-5517

# ਡਾਕਟਰੀ ਪੇਸ਼ਾ ਅਤੇ ਦਵਾਈਆਂ ਰਾਹੀਂ ਆਰਥਿਕ ਲੁੱਟ


ਡਾ. ਕ੍ਰਿਸ਼ਨ ਲਾਲ

ਕਦੇ ਸਮਾਂ ਸੀ, ਜਦੋਂ ਡਾਕਟਰੀ ਪੇਸ਼ੇ ਨੂੰ 'ਰੱਬ ਦਾ ਰੂਪ' ਮੰਨਿਆ ਜਾਂਦਾ ਸੀ ਅਤੇ ਹਸਪਤਾਲ ਨਿਰਸਵਾਰਥ ਸੇਵਾ ਦੇ ਪਵਿੱਤਰ ਕੇਂਦਰ ਹੁੰਦੇ ਸਨ, ਪਰ ਅੱਜ ਦੇ ਪੂੰਜੀਵਾਦੀ ਯੁੱਗ ਵਿੱਚ ਇਹ ਸੇਵਾਵਾਂ ਇੱਕ ਲਾਹੇਵੰਦ ਵਪਾਰ ਵਿੱਚ ਤਬਦੀਲ ਹੋ ਚੁੱਕੀਆਂ ਹਨ। ਪੰਜਾਬ ਵਿੱਚ ਸਾਹਮਣੇ ਆਇਆ ਨਸ਼ਾ ਛਡਾਊ ਕੇਂਦਰਾਂ ਦਾ ਘਪਲਾ ਇਸ ਨੈਤਿਕ ਗਿਰਾਵਟ ਦੀ ਸਭ ਤੋਂ ਵੱਡੀ ਮਿਸਾਲ ਹੈ, ਜਿੱਥੇ ਇੱਕ ਡਾਕਟਰ ਵੱਲੋਂ 22 ਨਿੱਜੀ ਕੇਂਦਰਾਂ ਰਾਹੀਂ ਸਰਕਾਰੀ ਦਵਾਈਆਂ ਦੀ ਬਲੈਕ ਮਾਰਕੀਟਿੰਗ ਕੀਤੀ ਜਾ ਰਹੀ ਸੀ। ਮਰੀਜ਼ਾਂ ਦੀ ਫ਼ਰਜ਼ੀ ਗਿਣਤੀ ਦਿਖਾ ਕੇ ਜੀਵਨ-ਰੱਖਿਅਕ ਦਵਾਈਆਂ ਨੂੰ ਨਾਜਾਇਜ਼ ਮੁਨਾਫ਼ੇ ਲਈ ਵੇਚਣਾ ਮਨੁੱਖਤਾ ਨਾਲ ਇੱਕ ਵੱਡਾ ਖਿਲਵਾੜ ਹੈ। ਅੱਜ ਇੱਕ ਮਰੀਜ਼, ਜੋ ਹਸਪਤਾਲ ਵਿੱਚ ਆਪਣੀ ਜਾਨ ਬਚਾਉਣ ਦੀ ਉਮੀਦ ਲੈ ਕੇ ਜਾਂਦਾ ਹੈ, ਉਹ ਅਕਸਰ ਉੱਥੇ ਪਹੁੰਚ ਕੇ ਭਾਰੀ ਆਰਥਿਕ ਲੁੱਟ ਦਾ ਸ਼ਿਕਾਰ ਹੋ ਜਾਂਦਾ ਹੈ। ਦਵਾਈਆਂ ਦੀਆਂ ਬੇਤਹਾਸ਼ਾ ਕੀਮਤਾਂ ਅਤੇ ਐੱਮ ਆਰ ਪੀ ਤੋਂ ਵੱਧ ਕੀਤੀ ਜਾਂਦੀ ਵਸੂਲੀ ਨੇ ਸਿਹਤ ਸੇਵਾਵਾਂ ਨੂੰ ਆਮ ਆਦਮੀ ਦੀ ਪਹੁੰਚ ਤੋਂ ਦੂਰ ਕਰ ਦਿੱਤਾ ਹੈ, ਜੋ ਕਿ ਇੱਕ ਗੰਭੀਰ ਚਿੰਤਾ ਦਾ ਵਿਸ਼ਾ ਹੈ।

ਐੱਮ ਆਰ ਪੀ ਦਾ ਅਰਥ ਹੈ, ਉਹ ਵੱਧ ਤੋਂ ਵੱਧ ਕੀਮਤ, ਜਿਸ 'ਤੇ ਕੋਈ ਵੀ ਵਸਤੂ ਗਾਹਕ ਨੂੰ ਵੇਚੀ ਜਾ ਸਕਦੀ ਹੈ। ਇਸ ਨਿਰਧਾਰਿਤ ਕੀਮਤ ਵਿੱਚ ਉਤਪਾਦਨ ਦੀ ਲਾਗਤ, ਵਿਕਰੇਤਾ ਦਾ ਮੁਨਾਫ਼ਾ ਅਤੇ ਸਾਰੇ ਸਰਕਾਰੀ ਟੈਕਸ ਪਹਿਲਾਂ ਹੀ ਸ਼ਾਮਲ ਹੁੰਦੇ ਹਨ। ਭਾਰਤ ਦੇ 'ਲੀਗਲ ਮੈਟਰੋਲੋਜੀ ਐਕਟ 2009' ਅਨੁਸਾਰ, ਕਿਸੇ ਵੀ ਉਤਪਾਦ ਨੂੰ ਇਸ ਤੈਅ ਕੀਮਤ ਤੋਂ ਉੱਪਰ ਵੇਚਣਾ ਇੱਕ ਸਜ਼ਾਯੋਗ ਅਪਰਾਧ ਹੈ।ਖ਼ਾਸ ਕਰਕੇ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਭਾਰਤ ਦੀ 'ਨੈਸ਼ਨਲ ਫਾਰਮਾਸਿਊਟੀਕਲ ਪ੍ਰਾਈਸਿੰਗ ਅਥਾਰਟੀ' ਦਵਾਈਆਂ ਦੀਆਂ ਕੀਮਤਾਂ ਨੂੰ ਨਿਯੰਤਰਿਤ ਕਰਦੀ ਹੈ। ਇਸ ਸੰਸਥਾ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਜੀਵਨ-ਰੱਖਿਅਕ ਅਤੇ ਜ਼ਰੂਰੀ ਦਵਾਈਆਂ ਆਮ ਨਾਗਰਿਕ ਦੀ ਪਹੁੰਚ ਵਿੱਚ ਰਹਿਣ ਅਤੇ ਕੋਈ ਵੀ ਨਿੱਜੀ ਅਦਾਰਾ ਮਰੀਜ਼ਾਂ ਦੀ ਮਜਬੂਰੀ ਦਾ ਫਾਇਦਾ ਉਠਾ ਕੇ ਉਹਨਾਂ ਦੀ ਆਰਥਿਕ ਲੁੱਟ ਨਾ ਕਰ ਸਕੇ।

ਅਜੋਕੇ ਪੂੰਜੀਵਾਦੀ ਯੁੱਗ ਵਿੱਚ ਸਿਹਤ ਸੇਵਾਵਾਂ ਇੱਕ ਲਾਹੇਵੰਦ ਵਪਾਰ ਵਿੱਚ ਤਬਦੀਲ ਹੋ ਚੁੱਕੀਆਂ ਹਨ, ਜਿੱਥੇ ਮਾਨਵਤਾ ਦੀ ਸੇਵਾ ਦੀ ਬਜਾਏ ਮੁਨਾਫ਼ਾਖੋਰੀ ਨੂੰ ਪਹਿਲ ਦਿੱਤੀ ਜਾਂਦੀ ਹੈ। ਇਸ ਦੀ ਇੱਕ ਵੱਡੀ ਮਿਸਾਲ ਪੰਜਾਬ ਦੇ ਖੰਨਾ (ਲੁਧਿਆਣਾ) ਵਿੱਚ ਸਾਹਮਣੇ ਆਈ, ਜਿੱਥੇ ਇੱਕ ਨਿੱਜੀ ਹਸਪਤਾਲ ਨੇ ਸਾਲ 2025-26 ਵਿੱਚ 61 ਸਾਲਾ ਮਰੀਜ਼ ਦੇ 3.12 ਲੱਖ ਰੁਪਏ ਦੇ ਬਿੱਲ ਵਿੱਚ 35,000 ਰੁਪਏ ਬਿਨਾਂ ਕਿਸੇ ਵਜ੍ਹਾ ਦੇ 'ਵਾਧੂ ਖਰਚੇ' ਵਜੋਂ ਜੋੜ ਦਿੱਤੇ, ਜਿਸ ਕਾਰਨ ਅਦਾਲਤ ਨੇ ਹਸਪਤਾਲ ਨੂੰ 85,000 ਰੁਪਏ ਜੁਰਮਾਨਾ ਭਰਨ ਦਾ ਹੁਕਮ ਦਿੱਤਾ । ਇਸ ਤੋਂ ਇਲਾਵਾ ਦਵਾਈਆਂ ਦੇ ਅਸਲੀ ਰੇਟ ਉੱਪਰ ਨਵੇਂ ਸਟਿੱਕਰ ਲਗਾਉਣਾ, ਰਾਊਂਡ ਫਿਗਰ ਦੇ ਨਾਂ 'ਤੇ ਵੱਧ ਪੈਸੇ ਵਸੂਲਣਾ ਅਤੇ ਪੂਰੇ ਪੱਤੇ ਦੀ ਬਜਾਏ ਦਵਾਈਆਂ ਕੱਟ ਕੇ ਦੇਣਾ ਲੁੱਟ ਦੇ ਆਮ ਤਰੀਕੇ ਬਣ ਗਏ ਹਨ। ਕੱਟੀਆਂ ਹੋਈਆਂ ਗੋਲੀਆਂ ਕਾਰਨ ਮਰੀਜ਼ ਨੂੰ ਨਾ ਤਾਂ ਅਸਲੀ ਕੀਮਤ ਦਾ ਪਤਾ ਲੱਗਦਾ ਹੈ ਅਤੇ ਨਾ ਹੀ ਉਸ 'ਤੇ ਲਿਖੀ ਐਕਸਪਾਇਰੀ ਡੇਟ ਦਾ, ਜੋ ਕਿ ਮਰੀਜ਼ ਦੀ ਸਿਹਤ ਅਤੇ ਆਰਥਿਕਤਾ ਦੋਵਾਂ ਨਾਲ ਇੱਕ ਵੱਡਾ ਖਿਲਵਾੜ ਹੈ।

ਅਜੋਕੇ ਸਮੇਂ ਵਿੱਚ ਹਸਪਤਾਲਾਂ ਨੇ ਲੁੱਟ ਦੇ ਅਜਿਹੇ ਗੁੰਝਲਦਾਰ ਤਰੀਕੇ ਅਪਣਾ ਲਏ ਹਨ ਕਿ ਮਰੀਜ਼ ਚਾਹ ਕੇ ਵੀ ਇਸ ਤੋਂ ਬਚ ਨਹੀਂ ਸਕਦਾ। ਕਈ ਸੰਸਥਾਵਾਂ ਦਵਾਈਆਂ 'ਤੇ ਐੱਮ ਆਰ ਪੀ ਵਸੂਲਣ ਦੇ ਬਾਵਜੂਦ 'ਹੈਂਡਲਿੰਗ ਚਾਰਜਿਸ' ਜਾਂ 'ਸਰਵਿਸ ਟੈਕਸ' ਦੇ ਨਾਂਅ ਹੇਠ ਵੱਖਰਾ ਬਿੱਲ ਬਣਾ ਦਿੰਦੀਆਂ ਹਨ । ਹੈਰਾਨੀ ਦੀ ਗੱਲ ਇਹ ਹੈ ਕਿ ਜੇਕਰ ਆਨਲਾਈਨ ਦਵਾਈਆਂ ਵੇਚਣ ਵਾਲੀਆਂ ਐਪਸ 15-25 ਫੀਸਦੀ ਡਿਸਕਾਊਂਟ ਦੇ ਕੇ ਵੀ ਮੁਨਾਫਾ ਕਮਾ ਰਹੀਆਂ ਹਨ, ਤਾਂ ਸਪੱਸ਼ਟ ਹੈ ਕਿ ਦਵਾਈ ਦੀ ਅਸਲੀ ਲਾਗਤ ਐੱਮ ਆਰ ਪੀ ਤੋਂ ਬਹੁਤ ਘੱਟ ਹੁੰਦੀ ਹੈ। ਇਸ ਦੇ ਬਾਵਜੂਦ ਸਥਾਨਕ ਕੈਮਿਸਟ ਅਤੇ ਹਸਪਤਾਲ ਮਰੀਜ਼ ਨੂੰ ਕੋਈ ਰਿਆਇਤ ਨਹੀਂ ਦਿੰਦੇ। ਇਸ ਲੁੱਟ ਵਿੱਚ ਡਾਕਟਰਾਂ ਦੀ ਭੂਮਿਕਾ ਵੀ ਅਹਿਮ ਹੁੰਦੀ ਹੈ, ਜੋ ਅਕਸਰ ਅਜਿਹੀਆਂ ਕੰਪਨੀਆਂ ਦੀਆਂ ਮਹਿੰਗੀਆਂ ਦਵਾਈਆਂ ਲਿਖਦੇ ਹਨ ਜਿਨ੍ਹਾਂ ਦੀ ਕੀਮਤ 500 ਰੁਪਏ ਤੱਕ ਹੁੰਦੀ ਹੈ, ਜਦਕਿ ਉਸੇ ਫਾਰਮੂਲੇ ਵਾਲੀ ਜੈਨਰਿਕ ਦਵਾਈ ਮਹਿਜ਼ 50 ਰੁਪਏ ਵਿੱਚ ਮਿਲ ਸਕਦੀ ਹੈ।ਕਾਰਪੋਰੇਟ ਹਸਪਤਾਲਾਂ ਨੇ ਹੁਣ ਅਜਿਹੇ ਨਿਯਮ ਬਣਾ ਲਏ ਹਨ ਕਿ ਮਰੀਜ਼ ਬਾਹਰੋਂ ਦਵਾਈ ਨਹੀਂ ਲਿਆ ਸਕਦਾ, ਜਿਸ ਕਾਰਨ ਪਰਿਵਾਰ ਨੂੰ ਅੰਦਰਲੇ ਮੈਡੀਕਲ ਸਟੋਰ ਤੋਂ ਬਿਨਾਂ ਕਿਸੇ ਡਿਸਕਾਊਂਟ ਦੇ ਮਹਿੰਗੀਆਂ ਦਵਾਈਆਂ ਅਤੇ ਕੰਜ਼ਿਊਮੇਬਲਸ (ਜਿਵੇਂ ਦਸਤਾਨੇ, ਸਰਿੰਜਾਂ) ਲੈਣੇ ਪੈਂਦੇ ਹਨ। ਇਹ ਸਥਿਤੀ ਮੰਗ ਕਰਦੀ ਹੈ ਕਿ ਸਰਕਾਰ ਹਸਪਤਾਲਾਂ ਦੇ ਮੁਨਾਫੇ ਦੀ ਸੀਮਾ ਤੈਅ ਕਰੇ ਅਤੇ ਇੱਕ ਸਖ਼ਤ ਆਡਿਟ ਪ੍ਰਣਾਲੀ ਲਾਗੂ ਕਰੇ, ਤਾਂ ਜੋ ਜੀਵਨ-ਰੱਖਿਅਕ ਸੇਵਾਵਾਂ ਵਪਾਰਕ ਗੁੰਡਾਗਰਦੀ ਦਾ ਸ਼ਿਕਾਰ ਨਾ ਹੋਣ।

ਸਿਹਤ ਸੇਵਾਵਾਂ ਵਿੱਚ ਲੁੱਟ ਦੀ ਸਭ ਤੋਂ ਕਾਲੀ ਸੱਚਾਈ ਦਵਾਈਆਂ ਦੀ ਮਾਰਕੀਟਿੰਗ ਦੇ ਪਿੱਛੇ ਛਿਪੀ ਹੋਈ ਹੈ।ਬਹੁਤ ਸਾਰੀਆਂ ਫਾਰਮਾਸਿਊਟੀਕਲ ਕੰਪਨੀਆਂ ਆਪਣੀ ਦਵਾਈ ਦੀ ਗੁਣਵੱਤਾ ਵਿੱਚ ਸੁਧਾਰ ਕਰਨ ਦੀ ਬਜਾਏ, ਉਸ ਦੀ ਵਿਕਰੀ ਵਧਾਉਣ ਲਈ ਡਾਕਟਰਾਂ ਨੂੰ ਭਰਮਾਉਣ 'ਤੇ ਕਰੋੜਾਂ ਰੁਪਏ ਖਰਚ ਕਰਦੀਆਂ ਹਨ । ਡਾਕਟਰਾਂ ਨੂੰ ਆਪਣੇ ਵੱਲ ਖਿੱਚਣ ਲਈ ਕੰਪਨੀਆਂ ਵੱਲੋਂ ਆਲੀਸ਼ਾਨ ਹੋਟਲਾਂ ਵਿੱਚ ਮਹਿੰਗੀਆਂ ਕਾਨਫਰੰਸਾਂ ਕਰਵਾਈਆਂ ਜਾਂਦੀਆਂ ਹਨ, ਜਿੱਥੇ ਉਨ੍ਹਾਂ ਨੂੰ ਪਰਿਵਾਰ ਸਮੇਤ ਬੁਲਾਇਆ ਜਾਂਦਾ ਹੈ। ਇਹ ਲਾਲਚ ਸਿਰਫ਼ ਇੱਥੇ ਹੀ ਖ਼ਤਮ ਨਹੀਂ ਹੁੰਦਾ, ਕਾਰਾਂ, ਵਿਦੇਸ਼ੀ ਟੂਰ ਅਤੇ ਘਰ ਦੇ ਫਰਨੀਚਰ ਵਰਗੇ ਮਹਿੰਗੇ 'ਤੋਹਫ਼ੇ' ਵੀ ਇਸ ਗਠਜੋੜ ਦਾ ਹਿੱਸਾ ਹੁੰਦੇ ਹਨ । ਬਦਲੇ ਵਿੱਚ ਡਾਕਟਰ ਉਸੇ ਕੰਪਨੀ ਦੀਆਂ ਮਹਿੰਗੀਆਂ ਦਵਾਈਆਂ ਲਿਖਣ ਦਾ ਵਾਅਦਾ ਕਰਦੇ ਹਨ। ਸਭ ਤੋਂ ਦੁਖਦਾਈ ਪਹਿਲੂ ਇਹ ਹੈ ਕਿ ਇਸ ਸਾਰੇ ਆਲੀਸ਼ਾਨ ਖਰਚੇ ਦਾ ਭਾਰ ਅੰਤ ਵਿੱਚ ਦਵਾਈ ਦੀ ਐੱਮ ਆਰ ਪੀ ਵਿੱਚ ਜੋੜ ਦਿੱਤਾ ਜਾਂਦਾ ਹੈ ।

ਅਜੋਕੇ ਸਮੇਂ ਵਿੱਚ ਬਹੁਤ ਸਾਰੇ ਵੱਡੇ ਕਾਰਪੋਰੇਟ ਹਸਪਤਾਲਾਂ ਨੇ ਇਲਾਜ ਨੂੰ ਸੇਵਾ ਦੀ ਬਜਾਏ ਇੱਕ ਵਪਾਰਕ ਮਾਡਲ ਬਣਾ ਦਿੱਤਾ ਹੈ, ਜਿੱਥੇ ਡਾਕਟਰਾਂ ਅਤੇ ਫਾਰਮਾਸਿਸਟਾਂ 'ਤੇ ਮਹੀਨਾਵਾਰ ਰੈਵੇਨਿਊ ਦੇ ਟਾਰਗੇਟ ਨਿਰਧਾਰਿਤ ਕੀਤੇ ਜਾਂਦੇ ਹਨ । ਡਾਕਟਰਾਂ 'ਤੇ ਅਕਸਰ ਇਹ ਦਬਾਅ ਪਾਇਆ ਜਾਂਦਾ ਹੈ ਕਿ ਉਹ ਮਰੀਜ਼ਾਂ ਨੂੰ ਲੋੜ ਤੋਂ ਵੱਧ ਅਤੇ ਮਹਿੰਗੀਆਂ ਦਵਾਈਆਂ ਲਿਖਣ ਤਾਂ ਜੋ ਹਸਪਤਾਲ ਦੇ ਖ਼ਜ਼ਾਨੇ ਭਰੇ ਜਾ ਸਕਣ। ਇਸ ਤੋਂ ਵੀ ਮਾੜੀ ਗੱਲ ਇਹ ਹੈ ਕਿ ਜੇਕਰ ਫਾਰਮੇਸੀ ਵਿਭਾਗ ਮਹਿੰਗੀਆਂ ਦਵਾਈਆਂ ਵੇਚਣ ਦਾ ਟੀਚਾ ਪੂਰਾ ਕਰਦਾ ਹੈ, ਤਾਂ ਸਟਾਫ਼ ਨੂੰ ਵਿਸ਼ੇਸ਼ ਬੋਨਸ ਅਤੇ ਇੰਸੈਂਟਿਵ ਦਿੱਤੇ ਜਾਂਦੇ ਹਨ। ਇਹ ਸਾਰਾ ਨਿਜ਼ਾਮ ਸਿੱਧੇ ਤੌਰ 'ਤੇ ਮਰੀਜ਼ ਦੀ ਜੇਬ 'ਤੇ ਇੱਕ ਸੋਚਿਆ-ਸਮਝਿਆ ਡਾਕਾ ਹੈ।

ਸਰਕਾਰੀ ਸਕੀਮਾਂ, ਜਿਵੇਂ ਕਿ ਆਯੂਸ਼ਮਾਨ ਕਾਰਡ, ਜਿਨ੍ਹਾਂ ਦਾ ਉਦੇਸ਼ ਲੋੜਵੰਦਾਂ ਨੂੰ ਮੁਫ਼ਤ ਇਲਾਜ ਮੁਹੱਈਆ ਕਰਵਾਉਣਾ ਹੈ, ਅੱਜਕੱਲ੍ਹ ਹਸਪਤਾਲਾਂ ਲਈ ਮੋਟੀ ਕਮਾਈ ਦਾ ਜ਼ਰੀਆ ਬਣ ਗਈਆਂ ਹਨ। ਇਨ੍ਹਾਂ ਸਕੀਮਾਂ ਦੇ ਤਹਿਤ ਹਸਪਤਾਲ ਪ੍ਰਸ਼ਾਸਨ ਅਕਸਰ ਸਰਕਾਰ ਨੂੰ ਤਾਂ ਮਹਿੰਗੀਆਂ ਦਵਾਈਆਂ ਦੇ ਬਿੱਲ ਭੇਜ ਕੇ ਪੈਸੇ ਵਸੂਲ ਲੈਂਦਾ ਹੈ, ਪਰ ਅਸਲ ਵਿੱਚ ਮਰੀਜ਼ ਨੂੰ ਬਹੁਤ ਹੀ ਸਸਤੀਆਂ ਜਾਂ ਘੱਟ ਗੁਣਵੱਤਾ ਵਾਲੀਆਂ ਦਵਾਈਆਂ ਦਿੱਤੀਆਂ ਜਾਂਦੀਆਂ ਹਨ। ਇਸ ਤੋਂ ਵੀ ਵੱਡੀ ਲੁੱਟ ਉਦੋਂ ਹੁੰਦੀ ਹੈ, ਜਦੋਂ ਮੁਫ਼ਤ ਇਲਾਜ ਦੇ ਬਾਵਜੂਦ ਮਰੀਜ਼ ਦੇ ਰਿਸ਼ਤੇਦਾਰਾਂ ਨੂੰ ਇਹ ਕਹਿ ਕੇ ਬਾਹਰੋਂ ਮਹਿੰਗੀਆਂ ਦਵਾਈਆਂ ਖਰੀਦਣ ਲਈ ਮਜਬੂਰ ਕੀਤਾ ਜਾਂਦਾ ਹੈ ਕਿ 'ਇਹ ਖ਼ਾਸ ਦਵਾਈ ਸਰਕਾਰੀ ਸੂਚੀ ਵਿੱਚ ਸ਼ਾਮਲ ਨਹੀਂ ਹੈ।' ਇਹ ਨਾ ਸਿਰਫ਼ ਸਰਕਾਰੀ ਖ਼ਜ਼ਾਨੇ ਦੀ ਚੋਰੀ ਹੈ, ਸਗੋਂ ਮਰੀਜ਼ ਦੇ ਉਸ ਹੱਕ 'ਤੇ ਵੀ ਡਾਕਾ ਹੈ, ਜੋ ਉਸ ਨੂੰ ਸੰਵਿਧਾਨਕ ਤੌਰ 'ਤੇ ਮੁਫ਼ਤ ਇਲਾਜ ਦੇ ਰੂਪ ਵਿੱਚ ਮਿਲਿਆ ਹੋਇਆ ਹੈ।

ਸਿਹਤ ਸੇਵਾਵਾਂ ਵਿੱਚ ਫੈਲੀ ਲੁੱਟ ਨੂੰ ਰੋਕਣ ਲਈ ਸਰਕਾਰ ਨੇ ਕਈ ਅਹਿਮ ਕਦਮ ਚੁੱਕੇ ਹਨ, ਪਰ ਆਮ ਲੋਕਾਂ ਵਿੱਚ ਜਾਗਰੂਕਤਾ ਦੀ ਕਮੀ ਅਜੇ ਵੀ ਇੱਕ ਵੱਡੀ ਚੁਣੌਤੀ ਹੈ। 'ਪ੍ਰਧਾਨ ਮੰਤਰੀ ਭਾਰਤੀ ਜਨ ਔਸ਼ਧੀ ਪਰਿਯੋਜਨਾ' ਦੇ ਤਹਿਤ ਦੇਸ਼ ਭਰ ਵਿੱਚ 18,000 ਤੋਂ ਵੱਧ ਜਨ ਔਸ਼ਧੀ ਕੇਂਦਰਾਂ ਦਾ ਨੈੱਟਵਰਕ ਸਥਾਪਿਤ ਕੀਤਾ ਗਿਆ ਹੈ, ਜੋ ਬਾਜ਼ਾਰੀ ਦਰਾਂ ਦੇ ਮੁਕਾਬਲੇ 50 ਫੀਸਦੀ ਤੋਂ 80 ਫੀਸਦੀ ਤੱਕ ਘੱਟ ਕੀਮਤਾਂ @ਤੇ ਮਿਆਰੀ ਦਵਾਈਆਂ ਮੁਹੱਈਆ ਕਰਵਾਉਂਦੇ ਹਨ। ਹਾਲਾਂਕਿ, ਕਈ ਡਾਕਟਰ ਆਪਣੇ ਨਿੱਜੀ 'ਕਮਿਸ਼ਨ' ਨਾ ਹੋਣ ਕਾਰਨ ਇਨ੍ਹਾਂ ਜੈਨਰਿਕ ਦਵਾਈਆਂ ਨੂੰ 'ਘਟੀਆ' ਕਹਿ ਕੇ ਰੱਦ ਕਰ ਦਿੰਦੇ ਹਨ, ਜਦਕਿ ਵਿਗਿਆਨਕ ਤੌਰ 'ਤੇ ਇਹ ਬਰਾਬਰ ਅਸਰਦਾਰ ਹੁੰਦੀਆਂ ਹਨ । ਅੱਜ ਦੇ ਡਿਜੀਟਲ ਯੁੱਗ ਵਿੱਚ ਮਰੀਜ਼ 'ਫਾਰਮਾ ਸਹੀ ਦਾਮ' ਵਰਗੀਆਂ ਐਪਸ ਰਾਹੀਂ ਦਵਾਈਆਂ ਦੀ ਅਸਲੀ ਕੀਮਤ ਦੀ ਪੁਸ਼ਟੀ ਕਰ ਸਕਦੇ ਹਨ। ਜੇਕਰ ਕੋਈ ਹਸਪਤਾਲ ਜਾਂ ਕੈਮਿਸਟ ਐੱਮ ਆਰ ਪੀ ਤੋਂ ਵੱਧ ਵਸੂਲੀ ਕਰਦਾ ਹੈ, ਤਾਂ ਜਾਗਰੂਕ ਨਾਗਰਿਕ ਉਪਭੋਗਤਾ ਅਦਾਲਤ ਦਾ ਦਰਵਾਜ਼ਾ ਖੜਕਾ ਕੇ ਨਾ ਸਿਰਫ਼ ਇਨਸਾਫ਼ ਪ੍ਰਾਪਤ ਕਰ ਸਕਦੇ ਹਨ, ਬਲਕਿ ਭਾਰੀ ਹਰਜਾਨਾ ਵੀ ਲੈ ਸਕਦੇ ਹਨ।

ਸਿਹਤ ਸੇਵਾਵਾਂ ਵਿੱਚ ਹੁੰਦੀ ਆਰਥਿਕ ਲੁੱਟ ਤੋਂ ਬਚਣ ਲਈ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦਾ ਜਾਗਰੂਕ ਹੋਣਾ ਬਹੁਤ ਜ਼ਰੂਰੀ ਹੈ। ਦਵਾਈ ਖਰੀਦਣ ਤੋਂ ਬਾਅਦ ਹਮੇਸ਼ਾ ਬਿੱਲ ਦੀ ਬਰੀਕੀ ਨਾਲ ਪੜਤਾਲ ਕਰੋ ਅਤੇ ਇਹ ਯਕੀਨੀ ਬਣਾਓ ਕਿ ਬਿੱਲ 'ਤੇ ਲਿਖੀ ਕੀਮਤ, ਦਵਾਈ ਦੇ ਪੱਤੇ 'ਤੇ ਛਪੀ ਐੱਮ ਆਰ ਪੀ ਨਾਲ ਮੇਲ ਖਾਂਦੀ ਹੋਵੇ। ਮਰੀਜ਼ ਨੂੰ ਹਮੇਸ਼ਾ ਡਾਕਟਰ ਕੋਲੋਂ ਇਹ ਸਵਾਲ ਪੁੱਛਣਾ ਚਾਹੀਦਾ ਹੈ ਕਿ ਕੀ ਉਸ ਦਵਾਈ ਦਾ ਕੋਈ ਸਸਤਾ 'ਜੈਨਰਿਕ' ਬਦਲ ਮੌਜੂਦ ਹੈ, ਜੋ ਕਿ ਬਰਾਬਰ ਅਸਰਦਾਰ ਹੁੰਦਾ ਹੈ । ਸਭ ਤੋਂ ਅਹਿਮ ਗੱਲ ਇਹ ਹੈ ਕਿ ਕਦੇ ਵੀ ਬਿਨਾਂ ਬਿੱਲ ਦੇ ਦਵਾਈ ਨਾ ਖਰੀਦੋ, ਕਿਉਂਕਿ ਪੱਕੇ ਬਿੱਲ ਤੋਂ ਬਿਨਾਂ ਤੁਸੀਂ ਕਿਸੇ ਵੀ ਕਿਸਮ ਦੀ ਕਾਨੂੰਨੀ ਕਾਰਵਾਈ ਕਰਨ ਦੇ ਯੋਗ ਨਹੀਂ ਹੁੰਦੇ। ਜੇਕਰ ਤੁਹਾਨੂੰ ਕਿਸੇ ਵੀ ਪੱਧਰ 'ਤੇ ਕੀਮਤਾਂ ਜਾਂ ਸੇਵਾਵਾਂ ਵਿੱਚ ਹੇਰਾਫੇਰੀ ਨਜ਼ਰ ਆਉਂਦੀ ਹੈ, ਤਾਂ ਤੁਰੰਤ ਸਿਹਤ ਵਿਭਾਗ ਜਾਂ ਜ਼ਿਲ੍ਹਾ ਡਰੱਗ ਇੰਸਪੈਕਟਰ ਨੂੰ ਇਸ ਦੀ ਸ਼ਿਕਾਇਤ ਕਰੋ, ਤਾਂ ਜੋ ਅਜਿਹੀਆਂ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਨੱਥ ਪਾਈ ਜਾ ਸਕੇ।

ਦਵਾਈਆਂ ਦੀ ਐੱਮ ਆਰ ਪੀ ਤੋਂ ਵੱਧ ਵਸੂਲੀ ਅਤੇ ਇਲਾਜ ਦੇ ਨਾਂਅ 'ਤੇ ਕੀਤੀ ਜਾਂਦੀ ਲੁੱਟ ਸਿਰਫ਼ ਇੱਕ ਆਰਥਿਕ ਅਪਰਾਧ ਨਹੀਂ, ਸਗੋਂ ਮਨੁੱਖੀ ਅਧਿਕਾਰਾਂ ਦਾ ਘੋਰ ਘਾਣ ਹੈ। ਇਹ ਸਥਿਤੀ ਮੰਗ ਕਰਦੀ ਹੈ ਕਿ ਸਰਕਾਰ ਹਸਪਤਾਲਾਂ ਦੀਆਂ ਫਾਰਮੇਸੀਆਂ 'ਤੇ ਸਖ਼ਤ ਨਿਗਰਾਨੀ ਰੱਖੇ ਅਤੇ ਡਾਕਟਰਾਂ ਲਈ ਦਵਾਈਆਂ ਦੇ ਬ੍ਰਾਂਡਿਡ ਨਾਂਅ ਦੀ ਬਜਾਏ 'ਜੈਨਰਿਕ ਨਾਂਅ' ਲਿਖਣਾ ਕਾਨੂੰਨੀ ਤੌਰ 'ਤੇ ਲਾਜ਼ਮੀ ਕਰੇ । ਸਿਹਤ ਹਰ ਨਾਗਰਿਕ ਦਾ ਮੁੱਢਲਾ ਅਧਿਕਾਰ ਹੈ, ਨਾ ਕਿ ਸਿਰਫ਼ ਅਮੀਰਾਂ ਦੀ ਜਗੀਰ।

**# ਸੰਪਰਕ:** 62831-16797

# ਕਿੱਥੇ ਰੱਖ ਲਾਂ ਲੁਕੋ ਕੇ ਤੈਨੂੰ ਕਣਕੇ...


ਬਿੰਦਰ ਸਿੰਘ ਖੁੱਡੀ ਕਲਾਂ

ਪੰਜਾਬ ਖੇਤੀ ਪ੍ਰਧਾਨ ਸੂਬਾ ਹੈ।ਬਹੁਗਿਣਤੀ ਲੋਕਾਂ ਦੀ ਆਰਥਿਕਤਾ ਦਾ ਧੁਰਾ ਖੇਤੀ ਹੈ । ਆਰਥਿਕਤਾ ਦਾ ਆਧਾਰ ਹੋਣ ਦੇ ਨਾਲ-ਨਾਲ ਖੇਤੀ ਇਨਸਾਨਾਂ, ਪਸ਼ੂਆਂ ਅਤੇ ਪੰਛੀਆਂ ਲਈ ਖੁਰਾਕ ਦਾ ਵੀ ਮੁੱਖ ਸ੍ਰੋਤ ਹੈ। ਪੰਜਾਬੀ ਕਿਸਾਨਾਂ ਵੱਲੋਂ ਪੈਦਾ ਕੀਤੀਆਂ ਜਾਣ ਵਾਲੀਆਂ ਦੋ ਪ੍ਰਮੁੱਖ ਫ਼ਸਲਾਂ ਝੋਨਾ ਅਤੇ ਕਣਕ ਵਿੱਚੋਂ ਕਣਕ ਦੀ ਫ਼ਸਲ ਦਾ ਬਹੁਤ ਵੱਡਾ ਮਹੱਤਵ ਹੈ । ਪੰਜਾਬੀਆਂ ਦੀ ਮੁੱਖ ਖੁਰਾਕ ਹੋਣ ਕਾਰਨ ਕਿਸਾਨਾਂ ਸਮੇਤ ਸਮਾਜ ਦੇ ਬਾਕੀ ਸਭ ਵਰਗਾਂ ਦੀਆਂ ਵੀ ਕਣਕ ਦੀ ਫ਼ਸਲ ਦੀ ਆਮਦ 'ਤੇ ਨਜ਼ਰਾਂ ਟਿਕੀਆਂ ਹੁੰਦੀਆਂ ਹਨ।ਕਣਕ ਦੀ ਆਮਦ ਕਿਸੇ ਤਿਉਹਾਰ ਤੋਂ ਘੱਟ ਨਹੀਂ ਹੁੰਦੀ । ਵਿਸਾਖੀ ਦੇ ਤਿਉਹਾਰ ਦਾ ਧਾਰਮਿਕ ਪਿਛੋਕੜ ਹੋਣ ਦੇ ਨਾਲ-ਨਾਲ ਇਸ ਦਾ ਸੰਬੰਧ ਕਣਕ ਦੀ ਫਸਲ ਦੇ ਸੁੱਖੀਂ ਸਾਂਦੀਂ ਘਰ ਆਉਣ ਨਾਲ ਵੀ ਜੁੜਿਆ ਹੋਇਆ ਹੈ।ਕਣਕ ਦੀ ਫ਼ਸਲ ਦਾ ਮਹੱਤਵ ਵੇਖੋ ਕਿ ਹੋਰਨਾਂ ਕਿੱਤਿਆਂ 'ਚ ਲੱਗੇ ਲੋਕ ਵੀ ਕਣਕ ਦੀ ਵਾਢੀ ਵਿਚ ਆ ਲਗਦੇ ਹਨ, ਤਾਂ ਕਿ ਸਾਲ ਭਰ ਲਈ ਅਨਾਜ ਇਕੱਠਾ ਕੀਤਾ ਜਾ ਸਕੇ ।

ਕਣਕ ਦੀ ਫ਼ਸਲ ਵੱਢ ਅਤੇ ਕੱਢ ਕੇ ਘਰ ਲਿਆਉਣ ਤੱਕ ਇਸ 'ਤੇ ਮੌਸਮੀ ਖ਼ਤਰੇ ਮੰਡਰਾਉਂਦੇ ਰਹਿੰਦੇ ਹਨ । ਕਣਕ ਦੀ ਫ਼ਸਲ ਦੇ ਪੱਕਣ ਦਾ ਸਮਾਂ ਸਰਦੀ ਤੋਂ ਗਰਮੀ 'ਚ ਪ੍ਰਵੇਸ਼ ਦਾ ਸਮਾਂ ਹੁੰਦਾ ਹੈ ।ਕਣਕ ਦੀ ਫ਼ਸਲ ਨੂੰ ਜਿੱਥੇ ਵਧਣ-ਫੁੱਲਣ ਲਈ ਸਰਦ ਮੌਸਮ ਦੀ ਜ਼ਰੂਰਤ ਹੁੰਦੀ ਹੈ, ਉੱਥੇ ਹੀ ਪੱਕਣ ਲਈ ਗਰਮ ਮੌਸਮ ਦੀ ਜ਼ਰੂਰਤ ਹੁੰਦੀ ਹੈ।ਮੌਸਮ ਦੀ ਤਬਦੀਲੀ ਅਕਸਰ ਬੇਮੌਸਮੇ ਮੀਂਹਾਂ ਅਤੇ ਗੜੇਮਾਰੀ ਦਾ ਕਾਰਨ ਹੋ ਨਿਬੜਦੀ ਹੈ।ਕਣਕ ਦੀਆਂ ਬੱਲੀਆਂ ਦਾ ਰੰਗ ਹਰੇ ਤੋਂ ਸੁਨਹਿਰਾ ਹੁੰਦਾ ਵੇਖ ਕਿਸਾਨ ਦੇ ਪੈਰ ਖੁਸ਼ੀ ਨਾਲ ਥਿਰਕਣ ਲਗਦੇ ਹਨ, ਪਰ ਅੰਬਰ 'ਤੇ ਚੜ੍ਹਦੇ ਬੱਦਲ ਉਸ ਦੀਆਂ ਖੁਸ਼ੀਆਂ ਨੂੰ ਗ੍ਰਹਿਣ ਕੇ ਰੱਖ ਦਿੰਦੇ ਹਨ।ਕਿਸਾਨ ਮਨ ਹੀ ਮਨ ਪੱਕੀ ਕਣਕ ਦੇ ਸੁੱਖੀਂ-ਸਾਂਦੀਂ ਘਰ ਪਹੁੰਚਣ ਦੀਆਂ ਪ੍ਰਮਾਤਮਾ ਅੱਗੇ ਅਰਜੋਈਆਂ ਕਰਦਾ ਹੈ।

ਇਸ ਵਾਰ ਬੇਮੌਸਮਾ ਮੀਂਹ ਕਿਸਾਨ ਦੀਆਂ ਅਰਜੋਈਆਂ ਅਤੇ ਚਾਵਾਂ ਸਮੇਤ ਪਤਾ ਨਹੀਂ ਕੀ-ਕੀ ਵਹਾ ਕੇ ਲੈ ਲਿਆ ।ਬੀਤੇ ਦਿਨੀਂ ਸ਼ਾਮ ਸਮੇਂ ਸ਼ੁਰੂ ਹੋਇਆ ਮੀਂਹ ਅਤੇ ਗੜੇਮਾਰੀ ਕਿਸਾਨਾਂ ਲਈ ਕਹਿਰ ਬਣ ਗਈ।ਖੇਤਾਂ ਵਿੱਚ ਲਹਿਲਹਾਉਂਦੀਆਂ ਸੁਨਹਿਰੀ ਕਣਕਾਂ ਨੂੰ ਮੀਂਹ ਅਤੇ ਤੇਜ਼ ਹਵਾਵਾਂ ਨੇ ਅਜਿਹਾ ਮਧੋਲਿਆ ਕਿ ਕਿਸਾਨਾਂ ਦੇ ਹੱਥ ਆਪਣੇ ਆਪ ਅੰਬਰ ਵੱਲ ਜੁੜ ਗਏ। ਬਦਨਸੀਬੀ ਇਹ ਰਹੀ ਕਿ ਤੇਜ਼ ਮੀਂਹ ਅਤੇ ਹਵਾਵਾਂ ਦੇ ਨਾਲ ਨਾਲ ਗੜਿਆਂ ਦੀ ਮਾਰ ਨੇ ਕਣਕ ਦੀਆਂ ਫ਼ਸਲਾਂ ਦਾ ਭਾਰੀ ਨੁਕਸਾਨ ਕਰਦਿਆਂ ਕਿਸਾਨਾਂ ਦੇ ਸੁਪਨੇ ਚਕਨਾਚੂਰ ਕਰ ਦਿੱਤੇ।ਬੇਵੱਸ ਕਿਸਾਨ ਮੌਸਮ ਦੀ ਮਾਰ ਹੱਥੋਂ ਹਾਰਦੀ ਕਣਕ ਦੀ ਫ਼ਸਲ ਨੂੰ ਵੇਖਦਾ ਰਿਹਾ।ਹਰ ਕਾਰੋਬਾਰੀ ਕੋਲ ਆਪਣੇ ਕਾਰੋਬਾਰ ਦਾ ਬੀਮਾ ਕਰਵਾਉਣ ਦੀ ਸਹੂਲਤ ਹੈ। ਨੁਕਸਾਨ ਦੀ ਹਾਲਤ ਵਿੱਚ ਬੀਮਾ ਕੰਪਨੀਆਂ ਭਰਪਾਈ ਕਰਦੀਆਂ ਹਨ, ਪਰ ਕਿਸਾਨ ਕੋਲ ਫ਼ਸਲਾਂ ਦੇ ਬੀਮੇ ਦੀ ਕੋਈ ਸਹੂਲਤ ਨਹੀਂ ਹੈ। ਹਾਂ ਸਰਕਾਰਾਂ ਜ਼ਰੂਰ ਕਿਸਾਨਾਂ ਦੀਆਂ ਫਸਲਾਂ ਦੇ ਨੁਕਸਾਨ ਦੀ ਭਰਪਾਈ ਦਾ ਦਾਅਵਾ ਕਰਦੀਆਂ ਹਨ, ਪਰ ਸਰਕਾਰਾਂ ਵੱਲੋਂ ਫ਼ਸਲਾਂ ਦੇ ਨੁਕਸਾਨ ਦੀ ਕੀਤੀ ਜਾਣ ਵਾਲੀ ਭਰਪਾਈ ਦਾ ਆਲਮ ਕਿਸੇ ਤੋਂ ਲੁਕਿਆ-ਛੁਪਿਆ ਨਹੀਂ। ਗਿਰਦਾਵਰੀਆਂ ਅਤੇ ਤਮਾਮ ਹੋਰ ਕਾਰਵਾਈਆਂ ਵਿੱਚੋਂ ਗੁਜ਼ਰਦੀ ਭਰਪਾਈ ਦੀ ਪ੍ਰਕਿਰਿਆ ਬਹੁਤੀ ਵਾਰ ਊਠ ਦੇ ਮੂੰਹ ਜੀਰਾ ਦੇਣ ਵਾਲੀ ਸਥਿਤੀ 'ਤੇ ਆਣ ਖੜਦੀ ਹੈ। ਸਰਕਾਰਾਂ ਵੱਲੋਂ ਹਜ਼ਾਰਾਂ ਦੇ ਨੁਕਸਾਨ ਦੀ ਸਹੂੰ ਨਾਲ ਭਰਪਾਈ ਕਰਕੇ ਕਿਸਾਨਾਂ ਦੇ ਜ਼ਖ਼ਮਾਂ ਨੂੰ ਹੋਰ ਗਹਿਰਾ ਕੀਤਾ ਜਾਂਦਾ ਹੈ।

ਆਪਣੀ ਕਮਾਈ ਨੂੰ ਖੁੱਲ੍ਹੇ ਅੰਬਰ ਹੇਠ ਸਿਰਫ਼ ਮੌਸਮ ਦੇ ਰਹਿਮੋ-ਕਰਮ 'ਤੇ ਛੱਡਣਾ ਸੌਖਾ ਨਹੀਂ ਹੁੰਦਾ ।ਅੰਬਰ 'ਤੇ ਬੱਦਲਵਾਈ ਵੇਖ ਹਰ ਕਾਰੋਬਾਰੀ ਆਪਣੇ ਸਾਮਾਨ ਨੂੰ ਸੰਭਾਲ ਲੈਂਦਾ ਹੈ,ਪਰ ਕਿਸਾਨ ਵਿਚਾਰਾ ਤਾਂ 'ਕਿੱਥੇ ਰੱਖ ਲਾਂ ਲੁਕੋ ਕੇ ਤੈਨੂੰ ਕਣਕੇ ਰੁੱਤ ਬੇਈਮਾਨ ਹੋ ਗਈ' ਕਹਿ ਕੇ ਸਬਰ ਦਾ ਘੁੱਟ ਭਰਦਾ ਹੈ।ਇਸ ਤੋਂ ਵੱਡੀ ਬਦਨਸੀਬੀ ਕੀ ਹੋ ਸਕਦੀ ਹੈ ਕਿ ਆਜ਼ਾਦੀ ਦੇ ਲੰਬੇ ਅਰਸੇ ਬਾਅਦ ਵੀ ਕਿਸਾਨਾਂ ਦੀਆਂ ਫਸਲਾਂ ਦੇ ਨੁਕਸਾਨ ਦੀ ਭਰਪਾਈ ਲਈ ਕੋਈ ਠੋਸ ਨੀਤੀ ਨਹੀਂ ਬਣਾਈ ਜਾ ਸਕੀ। ਤਕਰੀਬਨ ਹਰ ਖ਼ਰਾਬੇ ਉਪਰੰਤ ਮੁਆਵਜ਼ੇ ਦੀ ਅਦਾਇਗੀ ਰਾਜਸੀ ਮੁੱਦਾ ਬਣ ਜਾਂਦਾ ਹੈ।ਰਾਜ ਸਰਕਾਰ ਕੇਂਦਰ ਸਰਕਾਰ ਨੂੰ ਕੋਸਣ ਲੱਗਦੀ ਹੈ ਅਤੇ ਕੇਂਦਰ ਸਰਕਾਰ ਰਾਜ ਸਰਕਾਰ ਨੂੰ ਕੋਸਣਾ ਸ਼ੁਰੂ ਕਰ ਦਿੰਦੀ ਹੈ। ਕਿਸਾਨਾਂ ਦੇ ਪੱਲੇ ਰਹਿ ਜਾਂਦੇ ਹਨ ਰਾਜਸੀ ਆਗੂਆਂ ਦੇ ਬਿਆਨ ਅਤੇ ਉਹਨਾਂ ਵੱਲੋਂ ਖੇਤਾਂ ਵਿੱਚ ਮਾਰੇ ਜਾਂਦੇ ਗੇੜੇ।

ਪ੍ਰਮਾਤਮਾ ਅੱਗੇ ਅਰਜੋਈ ਹੈ ਕਿ ਹੇ ਵਾਹਿਗੁਰੂ ਸਰਦ ਰੁੱਤ ਦੀਆਂ ਰਾਤਾਂ ਝਾਕ ਕੇ ਪੁੱਤਾਂ ਵਾਂਗ ਪਾਲੀ ਕਣਕ ਦੀ ਫ਼ਸਲ 'ਤੇ ਮਿਹਰ ਕਰ ।ਕਣਕ ਦੀ ਫ਼ਸਲ ਦੀ ਤਬਾਹੀ ਮਹਿਜ਼ ਫਸਲ ਦੀ ਤਬਾਹੀ ਨਹੀਂ, ਇਹ ਤਾਂ ਸੁਪਨਿਆਂ ਦੀ ਤਬਾਹੀ ਹੈ। ਕਿਸਾਨ ਨੇ ਕਣਕ ਦੀ ਫ਼ਸਲ ਵੇਚ ਕੇ ਘਰ ਵਾਲੀ ਅਤੇ ਬੱਚਿਆਂ ਦੇ ਚਾਵਾਂ ਨੂੰ ਪੂਰਾ ਕਰਨ ਦਾ ਵਾਅਦਾ ਕੀਤਾ ਹੁੰਦਾ ਹੈ। ਸ਼ਾਹੂਕਾਰ ਦਾ ਕਰਜ਼ਾ ਘਟਣ ਦੀ ਵੀ ਉਮੀਦ ਲਗਾਈ ਹੁੰਦੀ ਹੈ, ਪਰ ਜਦ ਮੌਸਮ ਦੀ ਮਾਰ ਸਭ ਕੁੱਝ ਤਬਾਹ ਕਰ ਦਿੰਦੀ ਹੈ ਤਾਂ ਕਿਸਾਨ ਦਾ ਦਰਦ ਕਿਸਾਨ ਹੀ ਜਾਣ ਸਕਦਾ ਹੈ।ਰੱਬਾ! ਮਿਹਰ ਕਰ ਕਣਕ ਦੀਆਂ ਪੱਕੀਆਂ ਫ਼ਸਲਾਂ 'ਤੇ ।

**# ਸੰਪਰਕ** : 98786-05965

# ਡੰਮੀ ਦਾਖਲੇ ਸਿੱਖਿਆ ਪ੍ਰਣਾਲੀ ਲਈ ਵੱਡੀ ਚੁਣੌਤੀ


ਡਾ. ਸਤਿੰਦਰ ਸਿੰਘ

ਮੌਜੂਦਾ ਸਮਾ ਸਿੱਖਿਆ ਦੇ ਖੇਤਰ ਵਿੱਚ ਤਬਦੀਲੀਆਂ ਦਾ ਦੌਰ ਹੈ। ਇਸ ਸਮੇਂ ਸਿੱਖਿਆ ਪ੍ਰਣਾਲੀ ਅਨੇਕਾਂ ਚੁਨੌਤੀਆਂ ਦਾ ਸਾਹਮਣਾ ਕਰ ਰਹੀ ਹੈ, ਜਿਨ੍ਹਾਂ ਵਿੱਚ ਇੱਕ ਮਹੱਤਵਪੂਰਨ ਸਮੱਸਿਆ ਸਕੂਲਾਂ ਅਤੇ ਕਾਲਜਾਂ ਵਿੱਚ ਵਿਦਿਆਰਥੀਆਂ ਦੀ ਵਧਦੀ ਗੈਰ-ਹਾਜ਼ਰੀ, ਜੋ ਹੁਣ ਵਧ ਕੇ ਡੰਮੀ ਦਾਖਲੇ ਦਾ ਰੂਪ ਧਾਰਨ ਕਰ ਚੁੱਕੀ ਹੈ । ਡੰਮੀ ਦਾਖਲੇ ਤੋਂ ਭਾਵ ਵਿਦਿਆਰਥੀ ਕਿਸੇ ਵਿਦਿਅਕ ਸੰਸਥਾ ਵਿੱਚ ਕੇਵਲ ਨਾਮਾਤਰ ਤੌਰ 'ਤੇ ਹੀ ਦਾਖਲਾ ਲੈਂਦਾ ਹੈ, ਪਰ ਰੈਗੂਲਰ ਜਮਾਤਾਂ ਨਹੀਂ ਲਗਾਉਂਦਾ ਹੈ, ਸਿਰਫ ਪ੍ਰੀਖਿਆ ਦੇਣ ਲਈ ਹੀ ਜਾਂਦਾ ਹੈ।

ਇਸ ਸਮੱਸਿਆ ਦੀ ਗੰਭੀਰਤਾ ਨੂੰ ਦੇਖਦੇ ਹੋਏ ਸਿੱਖਿਆ ਵਿਭਾਗ ਪੰਜਾਬ ਨੇ ਨਿਵੇਕਲੀ ਪਹਿਲ-ਕਦਮੀ ਕਰਦਿਆਂ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਦੀ ਗੈਰ-ਹਾਜ਼ਰੀ ਨੂੰ ਘੱਟ ਕਰਨ ਅਤੇ ਰੋਜ਼ਾਨਾ ਹਾਜ਼ਰੀ ਦੀ ਸੁਚੱਜੀ ਨਿਗਰਾਨੀ ਕਰਨ ਲਈ ਈ-ਪੰਜਾਬ ਪੋਰਟਲ ਅਧੀਨ ਹਾਜ਼ਰੀ ਮਡਿਊਲ ਸਖਤੀ ਨਾਲ ਲਾਗੂ ਕੀਤਾ ਜਾਵੇਗਾ, ਜਿਸ ਤਹਿਤ ਸਕੂਲ ਮੁਖੀਆਂ ਵੱਲੋਂ ਸਕੂਲ ਲੱਗਣ ਦੇ 02 ਘੰਟੇ ਦੇ ਅੰਦਰ-ਅੰਦਰ ਪੋਰਟਲ 'ਤੇ ਵਿਦਿਆਰਥੀਆਂ ਦੀ ਹਾਜ਼ਰੀ ਮੁਕੰਮਲ ਕੀਤੀ ਜਾਵੇ । ਗੈਰ-ਹਾਜ਼ਰ ਵਿਦਿਆਰਥੀਆਂ ਦੀ ਸੂਚਨਾ ਫੋਨ ਰਾਹੀਂ ਤੇ ਐੱਸ ਐੱਮ ਐੱਸ ਰਾਹੀਂ ਉਹਨਾਂ ਦੇ ਮਾਪਿਆਂ/ਸਰਪ੍ਰਸਤਾਂ ਤੱਕ ਪਹੁੰਚੇਗੀ ।ਲੰਮੇ ਸਮੇਂ ਤੋਂ ਗੈਰ-ਹਾਜ਼ਰੀ ਦੇ ਮਾਮਲਿਆਂ ਵਿੱਚ ਮਾਪਿਆਂ ਨਾਲ ਸਮੇਂ-ਸਮੇਂ 'ਤੇ ਸੰਪਰਕ ਕੀਤਾ ਜਾਵੇਗਾ ।

ਮੌਜੂਦਾ ਦੌਰ ਵਿੱਚ ਵਿਦਿਆਰਥੀ ਸਕੂਲ ਅਤੇ ਕਾਲਜਾਂ ਦੀਆਂ ਜਮਾਤਾਂ ਤੋਂ ਦੂਰੀ ਬਣਾ ਰਿਹਾ ਹੈ ।ਇਹ ਸਮੱਸਿਆ ਕੋਵਿਡ -19 ਦੀ ਮਹਾਂਮਾਰੀ ਤੋਂ ਬਾਅਦ ਜ਼ਿਆਦਾ ਗੰਭੀਰ ਰੂਪ ਧਾਰਨ ਕਰ ਚੁੱਕੀ ਹੈ । ਉਸ ਸਮੇਂ ਮਜਬੂਰੀ ਵੱਸ ਸ਼ੁਰੂ ਕੀਤੀ ਆਨਲਾਈਨ ਪੜ੍ਹਾਈ ਅੱਜ ਸਕੂਲ, ਕਾਲਜਾਂ ਦੇ ਇੱਕ ਬਦਲ ਵਜੋਂ ਉਭਰ ਰਹੀ ਹੈ। ਵਿਦਿਆਰਥੀ ਵਰਗ ਸਵੈ-ਕੇਂਦਰਤ ਹੋ ਰਿਹਾ ਹੈ। ਉਸ ਦਾ ਮੁੱਖ ਉਦੇਸ਼ ਕਿਤਾਬੀ ਗਿਆਨ ਹਾਸਲ ਕਰਕੇ ਪ੍ਰੀਖਿਆ ਵਿੱਚ ਵੱਧ ਤੋਂ ਵੱਧ ਅੰਕ ਹਾਸਲ ਕਰਨਾ ਜਾਂ ਮੁਕਾਬਲੇ ਦੀ ਪ੍ਰੀਖਿਆ ਪਾਸ ਕਰਕੇ ਚੰਗੀ ਨੌਕਰੀ ਹਾਸਲ ਕਰਕੇ ਆਰਥਿਕ ਸਥਿਤੀ ਮਜ਼ਬੂਤ ਕਰਨ ਤੱਕ ਸੀਮਤ ਹੋ ਚੁੱਕਿਆ ਹੈ, ਜਦ ਕਿ ਸਿੱਖਿਆ ਦਾ ਅਰਥ ਬਹੁਤ ਵਿਸ਼ਾਲ ਹੈ, ਜਿਸ ਵਿੱਚ ਵਿਦਿਆਰਥੀ ਦਾ ਸਰਬਪੱਖੀ ਵਿਕਾਸ ਅਰਥਾਤ ਸਰੀਰਕ, ਮਾਨਸਿਕ, ਭਾਵਨਾਤਮਕ, ਸਮਾਜਿਕ ਅਤੇ ਨੈਤਿਕ ਵਿਕਾਸ ਸ਼ਾਮਲ ਹੈ। ਸਿੱਖਿਆ ਮਨੁੱਖ ਦਾ ਵਿਹਾਰ ਬਦਲਣ ਵਾਲਾ ਵਿਗਿਆਨ ਹੈ। ਸਿੱਖਿਆ ਮਨੁੱਖੀ ਜੀਵਨ ਦੀ ਮਜ਼ਬੂਤ ਨੀਂਹ ਹੈ । ਸਕੂਲ ਅਤੇ ਕਾਲਜ ਇਸ ਨੀਂਹ ਨੂੰ ਮਜ਼ਬੂਤ ਬਣਾਉਣ ਵਾਲੇ ਸਰਵ ਉੱਚ ਕੇਂਦਰ ਹਨ। ਰੈਗੂਲਰ ਜਮਾਤਾਂ ਲਗਾਉਣਾ ਵਿਦਿਆਰਥੀ ਦੇ ਸਰਬਪੱਖੀ ਵਿਕਾਸ ਲਈ ਬੇਹੱਦ ਜ਼ਰੂਰੀ ਹੈ । ਰੈਗੂਲਰ ਹਾਜ਼ਰੀ ਵਿਦਿਆਰਥੀ ਲਈ ਵਰਦਾਨ ਹੈ । ਇਸ ਦੇ ਉਨ੍ਹਾਂ ਨੂੰ ਅਨੇਕਾਂ ਮਹੱਤਵਪੂਰਨ ਲਾਭ ਮਿਲਦੇ ਹਨ, ਜੋ ਉਨ੍ਹਾਂ ਦੇ ਭਵਿੱਖ ਨੂੰ ਉਜਵਲ ਬਣਾਉਂਦੇ ਹਨ । ਜਮਾਤ ਵਿੱਚ ਵਿਦਿਆਰਥੀ ਆਪਣੇ ਅਧਿਆਪਕ ਦੇ ਸਿੱਧਾ ਸੰਪਰਕ ਵਿੱਚ ਹੁੰਦਾ ਹੈ, ਜਿਸ ਨਾਲ ਉਹ ਆਪਣੀਆਂ ਸਮੱਸਿਆਵਾਂ ਅਤੇ ਸ਼ੰਕਾਵਾਂ ਦਾ ਤੁਰੰਤ ਹੱਲ ਲੱਭ ਸਕਦਾ ਹੈ। ਵਿਸ਼ੇ ਨੂੰ ਗਹਿਰਾਈ ਨਾਲ ਸਮਝਣਾ ਅਤੇ ਲਗਾਤਾਰ ਸਿੱਖਣ ਨਾਲ ਹੀ ਉਸ ਦੇ ਬੁਨਿਆਦੀ ਸੰਕਲਪ ਮਜ਼ਬੂਤ ਹੁੰਦੇ ਹਨ । ਜਮਾਤ ਵਿੱਚੋਂ ਹੀ ਵਿਦਿਆਰਥੀ ਸਮੇਂ ਦੀ ਕਦਰ, ਸਮਾਂ ਪ੍ਰਬੰਧਨ, ਜ਼ਿੰਮੇਵਾਰੀ ਦੀ ਭਾਵਨਾ, ਧੀਰਜ ਅਤੇ ਅਨੁਸ਼ਾਸਨ ਵਰਗੇ ਕੀਮਤੀ ਗੁਣ ਗ੍ਰਹਿਣ ਕਰਦਾ ਹੈ। ਜੋ ਸਾਰੀ ਜ਼ਿੰਦਗੀ ਉਸ ਦੇ ਕੰਮ ਆਉਂਦੇ ਹਨ ।ਇਸ ਲਈ ਕਿਹਾ ਜਾ ਸਕਦਾ ਹੈ ਕਿ ਰੈਗੂਲਰ ਜਮਾਤਾਂ ਲਗਾਉਣਾ ਵਿਦਿਆਰਥੀ ਦੀ ਸਫਲਤਾ ਦੀ ਕੁੰਜੀ ਹੈ, ਜੋ ਵਿਦਿਆਰਥੀ ਦੀ ਸਿਰਫ ਅਕਾਦਮਿਕ ਤਰੱਕੀ ਹੀ ਨਹੀਂ, ਬਲਕਿ ਉਸ ਦੇ ਚਰਿੱਤਰ ਨਿਰਮਾਣ ਅਤੇ ਭਵਿੱਖ ਨੂੰ ਵੀ ਮਜ਼ਬੂਤ ਬਣਾਉਂਦੀ ਹੈ।

ਰੈਗੂਲਰ ਜਮਾਤਾਂ ਦੀ ਏਨੀ ਵੱਡੀ ਮਹੱਤਤਾ ਹੋਣ ਦੇ ਬਾਵਜੂਦ ਵੀ ਦੁੱਖ ਦੀ ਗੱਲ ਹੈ ਕਿ ਵਿਦਿਆਰਥੀ ਵਰਗ ਵਿੱਚ ਸਕੂਲਾਂ ਅਤੇ ਕਾਲਜਾਂ ਦੀਆਂ ਜਮਾਤਾਂ ਤੋਂ ਦੂਰ ਰਹਿਣ ਦੀ ਪ੍ਰਵਿਰਤੀ ਲਗਾਤਾਰ ਵਧ ਰਹੀ ਹੈ। ਇਹ ਰੁਝਾਨ ਸਿਰਫ ਵਿਅਕਤੀਗਤ ਪੱਧਰ 'ਤੇ ਹੀ ਨਹੀਂ, ਸਗੋਂ ਸਮਾਜਿਕ, ਬੌਧਿਕ ਅਤੇ ਸਰੀਰਕ ਪੱਧਰ 'ਤੇ ਵੀ ਨੁਕਸਾਨਦੇਹ ਸਾਬਿਤ ਹੋ ਰਿਹਾ ਹੈ ।

ਇਸ ਰੁਝਾਨ ਦੇ ਵਧਣ ਦੇ ਕਈ ਕਾਰਨ ਹਨ। ਮੁਕਾਬਲੇ ਦੀਆਂ ਪ੍ਰੀਖਿਆਵਾਂ, ਜਿਵੇਂ ਜੇ ਈ ਈ, ਨੀਟ, ਐਨ ਡੀ ਏ, ਕਲੈਟ, ਆਈਲੈਟਸ ਆਦਿ ਦੀ ਤਿਆਰੀ ਲਈ ਵਿਦਿਆਰਥੀ ਕੋਚਿੰਗ ਸੈਂਟਰਾਂ ਵੱਲ ਵੱਧ ਰਹੇ ਹਨ । ਸਕੂਲਾ ਅਤੇ ਕਾਲਜਾਂ ਨੂੰ ਨਜ਼ਰ-ਅੰਦਾਜ਼ ਕਰ ਰਹੇ ਹਨ । ਕੋਚਿੰਗ ਅਕੈਡਮੀਆਂ ਸਾਡੇ ਦੇਸ਼ ਵਿੱਚ ਬਹੁਤ ਤੇਜ਼ੀ ਨਾਲ ਵਧ-ਫੁੱਲ ਰਹੀਆਂ ਹਨ। ਜੇ ਇਹਨਾਂ ਵਿੱਚ ਪੜ੍ਹਦੇ ਬੱਚਿਆਂ ਦੀ ਸਫਲਤਾ ਦੀ ਪ੍ਰਤੀਸ਼ਤਤਾ ਦਾ ਵਿਸ਼ਲੇਸ਼ਣ ਕੀਤਾ ਜਾਵੇ ਤਾਂ ਇਹਨਾਂ ਦੇ ਇਸ਼ਤਿਹਾਰਾਂ ਦੇ ਉਲਟ ਸਥਿਤੀ ਸਾਹਮਣੇ ਆ ਸਕਦੀ ਹੈ।

ਇਹਨਾਂ ਮੁਕਾਬਲੇ ਦੀ ਪ੍ਰੀਖਿਆਵਾਂ ਵਿੱਚ ਵਧਦਾ ਮੁਕਾਬਲਾ ਵੀ ਚਿੰਤਾ ਦਾ ਵਿਸ਼ਾ ਹੈ । ਮੈਡੀਕਲ ਖੇਤਰ ਦੀ ਪ੍ਰਮੁੱਖ ਨੀਟ ਪ੍ਰੀਖਿਆ ਲਈ ਸਾਲ 2025 ਵਿੱਚ 22.70 ਲੱਖ ਵਿਦਿਆਰਥੀਆਂ ਨੇ ਅਪਲਾਈ ਕੀਤਾ , ਜਿਸ ਵਿੱਚੋਂ ਸਿਰਫ 1.18 ਲੱਖ ਵਿਦਿਆਰਥੀਆਂ ਨੂੰ ਹੀ ਦੇਸ਼ ਦੇ 702 ਮੈਡੀਕਲ ਕਾਲਜਾਂ ਵਿੱਚ ਐੱਮ ਬੀ ਬੀ ਐੱਸ ਵਿੱਚ ਦਾਖਲਾ ਮਿਲ ਸਕਿਆ। ਉਹਨਾਂ ਵਿੱਚੋਂ ਵੀ 60 ਪ੍ਰਤੀਸ਼ਤ ਨੇ 70 ਲੱਖ ਤੋਂ 01 ਕਰੋੜ ਰੁਪਏ ਤੱਕ ਦੀ ਫੀਸ ਨਾਲ ਪ੍ਰਾਈਵੇਟ ਕਾਲਜਾਂ ਤੋਂ ਡਿਗਰੀ ਮੁਕੰਮਲ ਕਰਨੀ ਹੈ। ਸਾਲ 2026 ਦੇ ਜੇ ਈ ਈ ਮੇਨ ਟੈੱਸਟ ਲਈ 13.50 ਲੱਖ ਵਿਦਿਆਰਥੀਆਂ ਨੇ ਦੇਸ਼ ਦੇ 23 ਆਈ ਆਈ ਟੀ ਸੰਸਥਾਵਾਂ ਦੀਆਂ 18 ਹਜ਼ਾਰ ਸੀਟਾਂ ਲਈ ਅਪਲਾਈ ਕੀਤਾ। ਇਸੇ ਤਰ੍ਹਾਂ ਸਾਲ 2025 ਵਿੱਚ ਐੱਨ ਡੀ ਏ ਦੀ ਪ੍ਰੀਖਿਆ ਲਈ 06 ਲੱਖ ਤੋਂ ਵੱਧ ਵਿਦਿਆਰਥੀਆਂ ਨੇ ਅਪਲਾਈ ਕੀਤਾ, ਜਿਸ ਵਿੱਚੋਂ ਸਿਰਫ 735 ਵਿਦਿਆਰਥੀ ਨੂੰ ਹੀ ਸਫਲਤਾ ਮਿਲੀ। ਇਹਨਾਂ ਪ੍ਰੀਖਿਆਵਾਂ ਲਈ ਏਨਾ ਜ਼ਬਰਦਸਤ ਮੁਕਾਬਲਾ ਹੀ ਵਿਦਿਆਰਥੀ ਵਰਗ ਵਿੱਚ ਤਣਾਅ ਪੈਦਾ ਕਰ ਰਿਹਾ ਹੈ। ਉਸੇ ਲਈ ਵਿਦਿਆਰਥੀ ਅਤੇ ਮਾਪੇ ਕੁਝ ਵੀ ਕਰਨ ਲਈ ਤਿਆਰ ਹਨ। ਵਿਦਿਆਰਥੀ ਸਕੂਲਾਂ ਦੀ ਪੜ੍ਹਾਈ ਨੂੰ ਸਮੇਂ ਦੀ ਬਰਬਾਦੀ ਦੱਸਦੇ ਹਨ। ਉਹ ਕੋਚਿੰਗ ਕੇਂਦਰਾਂ ਅਤੇ ਘਰ ਵਿੱਚ ਸੈੱਲਫ ਸਟੱਡੀ ਉਪਰ 14 ਤੋਂ 18 ਘੰਟੇ ਤੱਕ ਬਤੀਤ ਕਰਦੇ ਹਨ । ਪ੍ਰੈਕਟੀਕਲ ਅਤੇ ਸਕਿਲ ਅਧਾਰਤ ਪੜ੍ਹਾਈ ਦੀ ਥਾਂ ਰੱਟੇਬਾਜ਼ੀ 'ਤੇ ਜ਼ੋਰ ਦਿੱਤਾ ਜਾਂਦਾ ਹੈ । ਦੇਸ਼ ਦੀ ਕੋਚਿੰਗ ਹੱਬ ਵਜੋਂ ਜਾਣੇ ਜਾਂਦੇ ਰਾਜਸਥਾਨ ਦੇ ਕੋਟਾ ਸ਼ਹਿਰ ਵਿੱਚ ਉਜਵਲ ਭਵਿੱਖ ਦੀ ਕਾਮਨਾ ਲੈ ਕੇ ਹਰ ਸਾਲ 02 ਲੱਖ ਤੋਂ ਵੱਧ ਵਿਦਿਆਰਥੀ ਪਹੁੰਚਦੇ ਹਨ, ਜਿਨ੍ਹਾਂ ਵਿੱਚੋਂ ਕੁਝ ਪ੍ਰਤੀਸ਼ਤ ਹੀ ਸਫਲਤਾ ਹਾਸਲ ਕਰਕੇ ਮੁੜਦੇ ਹਨ। ਕੁਝ ਵਿਦਿਆਰਥੀ ਤਾਂ ਮਿਹਨਤ ਕਰਨ ਦੇ ਬਾਵਜੂਦ ਘਰ ਤੋਂ ਦੂਰ ਰਹਿ ਕੇ ਲੱਖਾਂ ਰੁਪਏ ਲਗਾ ਕੇ ਵੀ ਸਫਲ ਨਹੀਂ ਹੁੰਦੇ ਜਾ ਪੜ੍ਹਾਈ ਦੌਰਾਨ ਕਰੜੇ ਮੁਕਾਬਲੇ ਦਾ ਸਾਹਮਣਾ ਨਹੀਂ ਕਰ ਪਾਉਂਦੇ ਤਾਂ ਉਹ ਆਪਣੀ ਜੀਵਨ ਲੀਲ੍ਹਾ ਤੱਕ ਸਮਾਪਤ ਕਰਨ ਵਰਗਾ ਗੰਭੀਰ ਕਦਮ ਚੁੱਕ ਲੈਂਦੇ ਹਨ ।

ਦੇਸ਼ ਵਿੱਚ ਆਈ ਡਿਜੀਟਲ ਕ੍ਰਾਂਤੀ ਦੇ ਕਾਰਨ ਵੀ ਵਿਦਿਆਰਥੀਆਂ ਦਾ ਧਿਆਨ ਭੰਗ ਹੋ ਰਿਹਾ ਹੈ, ਜਿਸ ਡਿਜੀਟਲ ਕ੍ਰਾਂਤੀ ਨੇ ਵਿਦਿਆਰਥੀ ਵਰਗ ਲਈ ਵਰਦਾਨ ਬਣਨਾ ਸੀ, ਉਹ ਸਰਾਪ ਬਣ ਰਹੀ ਹੈ । ਮੋਬਾਇਲ ਫੋਨ ਦੀ ਬੇਲੋੜੀ ਵਰਤੋਂ, ਸੋਸ਼ਲ ਮੀਡੀਆ, ਆਨਲਾਈਨ ਗੇਮ, ਆਨਲਾਈਨ ਚੈਟਿੰਗ ਅਤੇ ਅਨੇਕਾਂ ਇੰਟਰਨੈੱਟ ਐਪ ਵਿਦਿਆਰਥੀ ਦਾ ਕਾਫੀ ਸਮਾਂ ਖਾ ਰਹੇ ਹਨ, ਜਿਸ ਕਾਰਨ ਉਹ ਪੜ੍ਹਾਈ ਅਤੇ ਕਲਾਸਾਂ ਤੋਂ ਦੂਰ ਹੋ ਰਹੇ ਹਨ।

ਸਿੱਖਿਆ ਦਾ ਵਪਾਰੀਕਰਨ ਵਧਣ ਦੇ ਕਾਰਨ ਕੁਝ ਵਿਦਿਅਕ ਸੰਸਥਾਵਾਂ ਵੀ ਇਸ ਸਮੱਸਿਆ ਨੂੰ ਗੰਭੀਰ ਕਰਨ ਵਿੱਚ ਆਪਣਾ ਯੋਗਦਾਨ ਪਾ ਰਹੀਆਂ ਹਨ। ਇਹਨਾਂ ਸੰਸਥਾਵਾਂ ਵਿੱਚ ਸਿੱਖਿਆ ਦੀ ਗੁਣਵੱਤਾ ਦੀ ਘਾਟ , ਰੈਗੂਲਰ ਜਮਾਤਾਂ ਦਾ ਨਾ ਲੱਗਣਾ, ਅਨੁਸ਼ਾਸਨ ਦੀ ਕਮੀ ਅਤੇ ਯੋਗ ਸਟਾਫ ਦਾ ਨਾ ਹੋਣਾ ਵਿਦਿਆਰਥੀਆਂ ਨੂੰ ਕੋਚਿੰਗ ਸੈਂਟਰਾਂ ਵੱਲ ਜਾਣ ਲਈ ਮਜਬੂਰ ਕਰਦਾ ਹੈ।

ਵਿਦਿਆਰਥੀ ਵਰਗ ਨੂੰ ਵਿਦਿਅਕ ਸੰਸਥਾਵਾਂ ਨਾਲ ਜੋੜਨ ਲਈ ਸਭ ਤੋਂ ਪਹਿਲਾਂ ਤਾਂ ਪੜ੍ਹਾਈ ਨੂੰ ਰੌਚਕ ਬਣਾਉਣਾ ਹੋਵੇਗਾ, ਵਿਦਿਆਰਥੀਆਂ ਦੀ ਰੁਚੀ ਅਨੁਸਾਰ ਸਹਿਪਾਠੀ ਗਤੀਵਿਧੀਆਂ ਸੁਚੱਜੇ ਢੰਗ ਨਾਲ ਆਯੋਜਿਤ ਕੀਤੀਆਂ ਜਾਣ, ਸਿੱਖਿਆ ਲਈ ਉਚਿਤ ਅਤੇ ਸੁਚੱਜਾ ਵਾਤਾਵਰਨ ਪੈਦਾ ਕਰਨਾ ਹੋਵੇਗਾ। ਵਿਦਿਆਰਥੀਆਂ ਦੀਆਂ ਸ਼ੰਕਾਵਾਂ ਨੂੰ ਦੂਰ ਕਰਨ ਲਈ ਕਦਮ ਚੁੱਕਣੇ ਪੈਣਗੇ , ਅਧਿਆਪਕ ਨੂੰ ਵਿਦਿਆਰਥੀ ਨਾਲ ਦੋਸਤਾਨਾ ਅਤੇ ਮਾਰਗ-ਦਰਸ਼ਕ ਵਾਲਾ ਵਤੀਰਾ ਰੱਖਣਾ ਹੋਵੇਗਾ, ਕੋਚਿੰਗ ਸੈਂਟਰਾਂ ਅਤੇ ਸਕੂਲਾਂ ਅਤੇ ਕਾਲਜਾਂ ਦੀ ਪੜ੍ਹਾਈ ਵਿੱਚ ਸੰਤੁਲਨ ਬਣਾਉਣਾ ਬੇਹੱਦ ਜਰੂਰੀ ਹੈ ।

ਆਨਲਾਈਨ ਸਿੱਖਿਆ ਕਦੇ ਵੀ ਅਧਿਆਪਕ ਦਾ ਬਦਲ ਨਹੀਂ ਹੋ ਸਕਦੀ।ਵੱਖ-ਵੱਖ ਸਿੱਖਿਆ ਬੋਰਡਾਂ ਵੱਲੋਂ 75 ਪ੍ਰਤੀਸ਼ਤ ਵਿਦਿਆਰਥੀਆਂ ਦੀ ਹਾਜ਼ਰੀ ਲਾਜ਼ਮੀ ਦੇ ਨਿਯਮ ਨੂੰ ਸਖਤੀ ਨਾਲ ਲਾਗੂ ਕਰਨਾ ਪਵੇਗਾ।ਇਸ ਗੰਭੀਰ ਸਮੱਸਿਆ ਦੇ ਹੱਲ ਲਈ ਵਿਦਿਆਰਥੀਆਂ, ਮਾਪਿਆਂ, ਅਧਿਆਪਕਾਂ ਅਤੇ ਸਰਕਾਰ ਸਭ ਨੂੰ ਮਿਲ ਕੇ ਯਤਨ ਕਰਨੇ ਪੈਣਗੇ । ਜੇ ਅਸੀਂ ਸਮੇਂ ਸਿਰ ਇਸ ਸਮੱਸਿਆ ਨੂੰ ਨਹੀਂ ਲੱਭਿਆ ਤਾਂ ਇਹ ਸਾਡੀ ਸਿੱਖਿਆ ਪ੍ਰਣਾਲੀ ਅਤੇ ਭਵਿੱਖੀ ਪੀੜ੍ਹੀ ਲਈ ਘਾਤਕ ਸਾਬਤ ਹੋ ਸਕਦੀ ਹੈ।

**# ਸੰਪਰਕ** : 98154-27554

# ਆਦਿਵਾਸੀ ਇਲਾਕਿਆਂ 'ਚ ਜਬਰ ਵਿਰੁੱਧ ਜਮਹੂਰੀ ਫਰੰਟ ਵੱਲੋਂ ਕਨਵੈਨਸ਼ਨ

- ਜੇਲ੍ਹੀਂ ਡੱਕੇ ਬੁੱਧੀਜੀਵੀਆਂ ਤੇ ਸਜ਼ਾ ਪੂਰੀ ਕਰ ਚੁੱਕੇ ਕੈਦੀਆਂ ਨੂੰ ਰਿਹਾਅ ਕਰਨ ਦੀ ਮੰਗ
- ਵਿਚਾਰਧਾਰਾਵਾਂ ਨੂੰ ਜੁਰਮ ਕਰਾਰ ਦੇ ਕੇ ਵਿਚਾਰਾਂ ਦੀ ਆਜ਼ਾਦੀ ਨੂੰ ਖ਼ਤਮ ਕੀਤਾ ਜਾ ਰਿਹੈ : ਸੀਮਾ ਆਜ਼ਾਦ



**ਲੁਧਿਆਣਾ (ਸਤੀਸ਼ ਸਚਦੇਵਾ)**

ਇੱਥੇ ਓਪਰੇਸ਼ਨ ਗਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਪੰਜਾਬ ਵੱਲੋਂ ਆਦਿਵਾਸੀ ਇਲਾਕਿਆਂ ਵਿੱਚ ਜਬਰ ਵਿਰੁੱਧ ਤੇ ਜੇਲ੍ਹਾਂ ਵਿੱਚ ਡੱਕੇ ਬੁੱਧੀਜੀਵੀਆਂ, ਜਮਹੂਰੀ ਕਾਰਕੁਨਾਂ ਤੇ ਸਜ਼ਾ ਪੂਰੀ ਕਰ ਚੁੱਕੇ ਕੈਦੀਆਂ ਦੀ ਰਿਹਾਈ ਲਈ ਨਾਮਵਰ ਜਮਹੂਰੀ ਕਾਰਕੁਨ ਤੇ ਲੇਖਿਕਾ ਸੀਮਾ ਆਜ਼ਾਦ, ਪ੍ਰੋਫੈਸਰ ਏ. ਕੇ. ਮਲੇਰੀ ਤੇ ਬੂਟਾ ਸਿੰਘ ਮਹਿਮੂਦਪੁਰ ਦੀ ਪ੍ਰਧਾਨਗੀ ਹੇਠ ਕਨਵੈਨਸ਼ਨ ਕਰਵਾਈ ਗਈ, ਜਿਸ ਵਿੱਚ ਕਿਸਾਨ, ਮਜ਼ਦੂਰ, ਨੌਜਵਾਨ, ਔਰਤਾਂ, ਤਰਕਸ਼ੀਲ, ਜਮਹੂਰੀ ਹੱਕਾਂ ਦੇ ਝੰਡਾਬਰਦਾਰ, ਲੋਕ ਪੱਖੀ ਲੇਖਕ, ਸਾਹਿਤਕਾਰ ਤੇ ਰੰਗਕਰਮੀ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ।

ਮੁੱਖ ਬੁਲਾਰੇ ਸੀਮਾ ਆਜ਼ਾਦ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਭਾਰਤੀ ਰਾਜ ਦਾ ਕਰੂਰ ਜਬਰ ਆਦਿਵਾਸੀ ਇਲਾਕਿਆਂ ਤੱਕ ਸੀਮਤ ਨਹੀਂ, ਸਗੋਂ ਪੂਰੇ ਦੇਸ਼ ਵਿੱਚ ਜੇਲ੍ਹਬੰਦੀ ਤੇ ਝੂਠੇ ਕੇਸਾਂ ਰਾਹੀਂ ਜਮਹੂਰੀ ਤੇ ਮਨੁੱਖੀ ਹੱਕਾਂ ਦੀ ਘੋਰ ਉਲੰਘਣਾ ਕੀਤੀ ਜਾ ਰਹੀ ਹੈ।ਬਸਤਰ ਸਮੇਤ ਆਦਿਵਾਸੀ ਖੇਤਰਾਂ ਵਿੱਚ ਚੱਲ ਰਹੇ ਨੀਮ-ਫ਼ੌਜੀ ਓਪਰੇਸ਼ਨਾਂ ਦਾ ਅਸਲ ਮਕਸਦ ਜਲ-ਜੰਗਲ-ਜ਼ਮੀਨ ਸਮੇਤ ਸਭ ਕੁਝ ਕਾਰਪੋਰੇਟ ਹੱਥਾਂ ਵਿੱਚ ਸੌਂਪਣਾ ਹੈ।ਇਸ ਵਿਕਾਸ ਮਾਡਲ ਨੇ ਆਦਿਵਾਸੀਆਂ ਦੀ ਤਰਜ਼ੇ-ਜ਼ਿੰਦਗੀ, ਸੰਸਕ੍ਰਿਤੀ ਤੇ ਜੀਵਨ-ਵਸੀਲੇ ਤਬਾਹ ਕਰ ਦਿੱਤੇ ਹਨ।ਆਦਿਵਾਸੀ ਵਿਰੋਧ ਨੂੰ ਕੁਚਲਣ ਲਈ ਗਾਜ਼ਾ ਦੀ ਤਰਜ਼ 'ਤੇ ਵਿਆਪਕ ਜਾਸੂਸੀ ਤੇ ਹਮਲਿਆਂ ਲਈ ਡਰੋਨ ਤਕਨਾਲੋਜੀ ਵਰਤੀ ਜਾ ਰਹੀ ਹੈ ਅਤੇ ਆਦਿਵਾਸੀ ਪਿੰਡ ਘੇਰਾਬੰਦੀ ਦੇ ਸਾਏ ਹੇਠ ਜੀ ਰਹੇ ਹਨ।ਉਨ੍ਹਾਂ ਚੌਕਸ ਕੀਤਾ ਕਿ ਜੇ ਇਨਸਾਫ਼ਪਸੰਦ ਲੋਕ ਇਕਜੁੱਟ ਹੋ ਕੇ ਆਵਾਜ਼ ਨਹੀਂ ਉਠਾਉਂਦੇ ਤਾਂ ਇਹ ਫਾਸ਼ੀ ਹੱਲਾ ਪੰਜਾਬ ਸਮੇਤ ਪੂਰੇ ਦੇਸ਼ ਨੂੰ ਆਪਣੀ ਲਪੇਟ ਵਿੱਚ ਲੈ ਲਵੇਗਾ।ਉਨ੍ਹਾਂ ਜ਼ੋਰ ਦਿੱਤਾ ਕਿ 'ਨਕਸਲੀ' ਠੱਪਾ ਲਾ ਕੇ ਇਨਕਲਾਬੀ ਲਹਿਰ ਤੇ ਆਦਿਵਾਸੀ ਸੰਘਰਸ਼ਾਂ ਨੂੰ ਕੁਚਲਿਆ ਜਾ ਰਿਹਾ ਹੈ ਅਤੇ ਹੁਣ ਵਿਚਾਰਧਾਰਾ ਨੂੰ ਜੁਰਮ ਬਣਾ ਕੇ 'ਸ਼ਹਿਰੀ ਨਕਸਲੀ' ਦੇ ਬਿਰਤਾਂਤ ਰਾਹੀਂ ਸੱਤਾ ਦੀਆਂ ਆਲੋਚਕ ਆਵਾਜ਼ਾਂ ਦੀ ਜ਼ਬਾਨਬੰਦੀ ਕੀਤੀ ਜਾ ਰਹੀ ਹੈ।ਜਮਹੂਰੀ ਹੱਕਾਂ ਲਈ ਇਸ ਗੰਭੀਰ ਖ਼ਤਰੇ ਦਾ ਮੁਕਾਬਲਾ ਇਕਜੁੱਟ ਤੇ ਮਜ਼ਬੂਤ ਜਮਹੂਰੀ ਸੰਘਰਸ਼ ਨਾਲ ਕਰਨਾ ਹੋਵੇਗਾ।

ਇਕੱਠ ਵਿਚ ਜਸਵਿੰਦਰ ਫਗਵਾੜਾ ਵੱਲੋਂ ਮਤੇ ਪੇਸ਼ ਕੀਤੇ ਗਏ, ਜਿਨ੍ਹਾਂ ਵਿੱਚ ਮੰਗ ਕੀਤੀ ਗਈ ਕਿ ਆਦਿਵਾਸੀ ਖੇਤਰਾਂ 'ਚ 'ਓਪਰੇਸ਼ਨ ਕਗਾਰ' ਸਮੇਤ ਹਰ ਤਰ੍ਹਾਂ ਦੇ ਫ਼ੌਜੀ ਓਪਰੇਸ਼ਨ ਬੰਦ ਕੀਤੇ ਜਾਣ, ਸਾਰੇ ਪੁਲਸ ਕੈਂਪ ਹਟਾਏ ਜਾਣ ਤੇ ਪੁਲਸ ਤੇ ਨੀਮ-ਫ਼ੌਜੀ ਬਲ ਵਾਪਸ ਬੁਲਾਏ ਜਾਣ, ਆਦਿਵਾਸੀਆਂ ਨੂੰ ਉਜਾੜ ਕੇ ਜਲ-ਜੰਗਲ-ਜ਼ਮੀਨ ਤੇ ਖਣਿਜ ਭੰਡਾਰ ਕਾਰਪੋਰੇਟਾਂ ਨੂੰ ਲੁਟਾਉਣੇ ਬੰਦ ਕੀਤੇ ਜਾਣ ਅਤੇ ਲੋਕ ਵਿਰੋਧੀ ਆਰਥਕ ਮਾਡਲ ਰੱਦ ਕੀਤਾ ਜਾਵੇ, ਮਜ਼ਦੂਰ ਵਿਰੋਧੀ ਕਿਰਤ ਕੋਡ, ਯੂਏਪੀਏ, ਅਫਸਪਾ ਸਮੇਤ ਸਾਰੇ ਕਾਲੇ ਕਾਨੂੰਨ ਰੱਦ ਕੀਤੇ, ਕੌਮੀ ਜਾਂਚ ਏਜੰਸੀ ਭੰਗ ਕੀਤੀ ਜਾਵੇ, ਭੀਮਾ-ਕੋਰੇਗਾਓਂ, ਲਖਨਊ ਆਦਿ ਝੂਠੇ ਸਾਜ਼ਿਸ਼ ਕੇਸ ਬਣਾ ਕੇ ਜੇਲ੍ਹੀਂ ਡੱਕੇ ਬੁੱਧੀਜੀਵੀ ਤੇ ਹੱਕਾਂ ਦੇ ਕਾਰਕੁਨ ਰਿਹਾਅ ਕੀਤੇ ਜਾਣ, ਜੇਲ੍ਹਾਂ ਵਿੱਚ ਸਾੜੇ ਜਾ ਰਹੇ ਵਿਚਾਰ-ਅਧੀਨ ਤੇ ਸਜ਼ਾ ਪੂਰੀ ਕਰ ਚੁੱਕੇ ਸਾਰੇ ਹੀ ਕੈਦੀਆਂ ਨੂੰ ਤੁਰੰਤ ਰਿਹਾਅ ਕੀਤਾ ਜਾਏ, ਸੰਘਰਸ਼ ਤੇ ਜਥੇਬੰਦੀਆਂ ਬਣਾਉਣ ਦਾ ਬੁਨਿਆਦੀ ਜਮਹੂਰੀ ਹੱਕ ਖੋਹਣ ਲਈ ਹਕੂਮਤੀ ਹਮਲੇ ਬੰਦ ਕੀਤੇ ਜਾਣ, ਪੰਜਾਬ ਵਿੱਚ ਝੂਠੇ ਪੁਲਸ ਮੁਕਾਬਲੇ ਬੰਦ ਕੀਤੇ ਜਾਣ, ਗਾਜ਼ਾ ਤੇ ਈਰਾਨ ਉੱਪਰ ਅਮਰੀਕੀ-ਇਜ਼ਰਾਈਲੀ ਗੱਠਜੋੜ ਵੱਲੋਂ ਥੋਪੀ ਧਾੜਵੀ ਜੰਗ ਬੰਦ ਕੀਤੀ ਜਾਵੇ, ਭਾਰਤ ਸਰਕਾਰ ਦਹਿਸ਼ਤਗਰਦ ਇਜ਼ਰਾਈਲ ਸਟੇਟ ਨਾਲੋਂ ਕੂਟਨੀਤਕ ਸੰਬੰਧ ਖ਼ਤਮ ਕਰੇ ਤੇ ਇਜ਼ਰਾਈਲੀ ਖ਼ੁਫੀਆ ਏਜੰਸੀ ਮੌਸਾਦ ਉੱਪਰ ਰੋਕ ਲਾਵੇ। ਇਜ਼ਰਾਈਲੀ ਸਰਕਾਰ ਵੱਲੋਂ ਇਜ਼ਰਾਈਲੀਆਂ ਦੇ ਕਥਿਤ ਕਤਲ ਕਰਨ ਵਾਲੇ ਫ਼ਲਸਤੀਨੀਆਂ ਨੂੰ ਮੌਤ ਦੀ ਸਜ਼ਾ ਦੇਣ ਲਈ ਕਾਨੂੰਨ ਪਾਸ ਕਰਨ ਦੀ ਵੀ ਸਖ਼ਤ ਨਿਖੇਧੀ ਕੀਤੀ ਗਈ।ਇਸ ਮੌਕੇ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਪ੍ਰਧਾਨ ਗੁਲਜ਼ਾਰ ਸਿੰਘ ਪੰਧੇਰ, ਜਮਹੂਰੀ ਅਧਿਕਾਰ ਸਭਾ ਪੰਜਾਬ ਦੇ ਸੂਬਾ ਪ੍ਰਧਾਨ ਪ੍ਰੋਫੈਸਰ ਜਗਮੋਹਣ ਸਿੰਘ, ਸੁਰਖ਼ ਲੀਹ ਦੇ ਸੰਪਾਦਕ ਜਸਪਾਲ ਜੱਸੀ, ਪਲਸ ਮੰਚ ਦੇ ਪ੍ਰਧਾਨ ਅਮੋਲਕ ਸਿੰਘ, ਜਨਰਲ ਸਕੱਤਰ ਕੰਵਲਜੀਤ ਖੰਨਾ, ਤਰਕਸ਼ੀਲ ਸੁਸਾਇਟੀ ਦੇ ਸੂਬਾ ਜਥੇਬੰਦਕ ਮੁਖੀ ਰਜਿੰਦਰ ਭਦੌੜ, ਡਾ. ਅਰੁਣ ਮਿੱਤਰਾ, ਡਾ. ਹਰਬੰਸ ਸਿੰਘ ਗਰੇਵਾਲ, ਜਸਵੰਤ ਜੀਰਖ, ਕਸਤੂਰੀ ਲਾਲ, ਐਡਵੋਕੇਟ ਅਮਨ, ਹਰੀਸ਼ ਪੱਖੋਵਾਲ, ਸਵਰਨਜੀਤ ਸਿੰਘ, ਸੁਖਦੇਵ ਫਗਵਾੜਾ, ਬਲਵੀਰ ਲੌਂਗੋਵਾਲ, ਐਡਵੋਕੇਟ ਹਰਪ੍ਰੀਤ ਜੀਰਖ, ਸਤੀਸ਼ ਸਚਦੇਵਾ ਸਮੇਤ ਬਹੁਤ ਸਾਰੀਆਂ ਜਨਤਕ ਜਮਹੂਰੀ, ਸਾਹਿਤਕ-ਸੱਭਿਆਚਾਰਕ ਸ਼ਖ਼ਸੀਅਤਾਂ ਹਾਜ਼ਰ ਸਨ।ਮੁੱਖ ਵਕਤਾ ਨੂੰ ਸਨਮਾਨਤ ਕੀਤਾ ਗਿਆ। ਇਨਕਲਾਬੀ ਗਾਇਕਾਂ ਗੁਰਮੀਤ ਜੱਜ, ਕਸਤੂਰੀ ਲਾਲ, ਬਰਿਜ ਰਾਜੇਆਣਾ ਤੇ ਮੌਸਮ ਵੱਲੋਂ ਗੀਤ ਪੇਸ਼ ਕੀਤੇ ਗਏ ਤੇ ਹਾਜ਼ਰੀਨ ਦਾ ਧੰਨਵਾਦ ਪ੍ਰੋਫੈਸਰ ਮਲੇਰੀ ਵੱਲੋਂ ਕੀਤਾ ਗਿਆ।

# ਨਰੇਗਾ ਮਜ਼ਦੂਰ 10 ਨੂੰ ਡੀ ਸੀ ਦਫ਼ਤਰ ਅੱਗੇ ਦੇਣਗੇ ਧਰਨਾ : ਜਗਸੀਰ ਖੋਸਾ



**ਮੋਗਾ (ਇਕਬਾਲ ਸਿੰਘ ਖਹਿਰਾ)**

ਮਿਹਨਤਕਸ਼ ਲੋਕਾਂ ਦੇ ਸੁਨਹਿਰੀ ਭਵਿੱਖ ਲਈ ਲਈ ਰੁਜ਼ਗਾਰ ਦੀ ਗਾਰੰਟੀ ਵਾਲਾ ਸਮਾਜਵਾਦੀ ਪ੍ਰਬੰਧ ਸਿਰਜਣਾ ਹੀ ਸਾਡਾ ਮੁੱਖ ਨਿਸ਼ਾਨਾ।ਇਸ ਲਈ ਚੇਤਨ ਕਿਰਤੀ ਲੋਕਾਂ ਨੂੰ ਲਾਮਬੰਦ ਹੋਣਾ ਹੀ ਪੈਣਾ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਏਟਕ) ਦੇ ਜਨਰਲ ਸਕੱਤਰ ਜਗਸੀਰ ਖੋਸਾ ਨੇ ਮੋਗਾ ਜ਼ਿਲ੍ਹੇ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ।ਇਹ ਮੀਟਿੰਗ ਸਥਾਨਕ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਭਵਨ ਮੋਗਾ ਵਿਖੇ ਸ਼ੇਰ ਸਿੰਘ ਦੌਲਤਪੁਰਾ ਦੀ ਪ੍ਰਧਾਨਗੀ ਹੇਠ ਹੋਈ।ਉਨ੍ਹਾਂ ਕਿਹਾ ਕਿ ਨਰੇਗਾ ਵਿਰੋਧੀਆਂ ਵੱਲੋਂ ਕੀਤੇ ਜਾ ਰਹੇ ਨਰੇਗਾ ਵਿਰੋਧੀ ਪ੍ਰਚਾਰ ਨੂੰ ਠੱਲ੍ਹ ਪਾਈ ਜਾਣੀ ਚਾਹੀਦੀ ਹੈ।ਨਰੇਗਾ ਮਜ਼ਦੂਰਾਂ ਲਈ 100 ਦਿਨ ਦੀ ਗਾਰੰਟੀ ਪੂਰੀ ਤਰ੍ਹਾਂ ਕਾਇਮ ਹੈ।ਨਰੇਗਾ ਮਜ਼ਦੂਰਾਂ ਨੂੰ ਆਪਣੇ 100 ਦਿਨ ਦੇ ਕੰਮ ਜਾਂ ਬੇਰੁਜ਼ਗਾਰੀ ਭੱਤਾ ਪ੍ਰਾਪਤ ਕਰਨ ਲਈ ਸਿੱਖਣਾ ਪਵੇਗਾ।ਬੇਸ਼ੱਕ ਸਰਕਾਰ ਤੇ ਪ੍ਰਸ਼ਾਸਨ ਵੱਲੋਂ ਮਾੜੀ ਨੀਅਤ ਨਾਲ ਮਜ਼ਦੂਰਾਂ ਲਈ ਹਰ ਤਰ੍ਹਾਂ ਦੇ ਅੜਿੱਕੇ ਡਾਹੇ ਜਾਂਦੇ ਹਨ, ਪਰ ਨਰੇਗਾ ਐਕਟ ਦੀਆਂ ਮਜ਼ਦੂਰ ਪੱਖੀ ਧਰਾਵਾਂ ਨਰੇਗਾ ਮਜ਼ਦੂਰਾਂ ਦੀ ਮਦਦ ਕਰਦੀਆਂ ਹਨ।ਜੇਕਰ ਨਰੇਗਾ ਮਜ਼ਦੂਰ, ਕੰਮ ਦੀ ਮੰਗ ਕਰਦਿਆਂ ਅਰਜ਼ੀਆਂ ਦੀਆਂ ਰਸੀਦਾਂ ਲੈਣ ਤੋਂ ਬਾਅਦ ਕੰਮ ਜਾਂ ਬੇਰੁਜ਼ਗਾਰੀ ਭੱਤਾ ਲੈਣ ਲਈ ਆਪਣੇ ਹੱਕ 'ਤੇ ਪਹਿਰਾ ਦੇਣ ਤਾਂ ਉਨ੍ਹਾਂ ਦੀ ਕੰਮ ਦਾ ਹੱਕ ਕੋਈ ਨਹੀਂ ਖੋਹ ਸਕਦਾ, ਪਰ ਸਰਕਾਰ ਤੇ ਪ੍ਰਸ਼ਾਸਨ ਦੀਆਂ ਘਟੀਆਂ ਨੀਤੀਆਂ ਕਾਰਨ ਤੇ ਨਰੇਗਾ ਮਜ਼ਦੂਰਾਂ ਨੂੰ ਚੇਤਨਾ ਦੀ ਘਾਟ ਕਾਰਨ ਉਨ੍ਹਾਂ ਨੂੰ ਨਾ-ਮਾਤਰ ਹੀ ਕੰਮ ਮਿਲ ਰਿਹਾ ਹੈ।ਇਸ ਮੌਕੇ ਲਾਲ ਝੰਡੇ ਵਾਲੀਆਂ ਯੂਨੀਅਨਾਂ ਤੇ ਪਾਰਟੀਆਂ ਹੀ ਹਨ, ਜਿਹੜੀਆਂ ਨਰੇਗਾ ਮਜ਼ਦੂਰਾਂ ਨੂੰ ਉਨ੍ਹਾਂ ਦਾ ਬਣਦਾ ਹੱਕ ਦਿਵਾਉਣ ਲਈ ਮੈਦਾਨ ਵਿੱਚ ਡਟੀਆਂ ਹੋਈਆਂ ਹਨ।ਉਨ੍ਹਾਂ ਕਿਹਾ ਕਿ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੀ ਸੂਬਾ ਕਮੇਟੀ ਨੇ ਫੈਸਲਾ ਕੀਤਾ ਹੈ ਕਿ 10 ਅਪ੍ਰੈਲ ਨੂੰ ਸਾਰੇ ਡਿਪਟੀ ਕਮਿਸ਼ਨਰਾਂ ਦੇ ਦਫਤਰਾਂ ਅੱਗੇ ਧਰਨੇ ਦੇ ਕੇ ਮਜ਼ਦੂਰਾਂ ਨੂੰ ਆ ਰਹੀਆਂ ਮੁਸ਼ਕਲਾਂ ਤੇ ਉਨ੍ਹਾਂ ਦੀਆਂ ਮੰਗਾਂ ਸਬੰਧੀ ਮੰਗ ਪੱਤਰ ਦਿੱਤੇ ਜਾਣਗੇ।ਉਨ੍ਹਾਂ ਕਿਹਾ ਕਿ ਇਨ੍ਹਾਂ ਧਰਨਿਆਂ ਵਿੱਚ ਮੁੱਖ ਤੌਰ 'ਤੇ ਜਿੱਥੇ ਮੰਗਣ ਦੇ ਬਾਵਜੂਦ ਕੰਮ ਨਹੀਂ ਦਿੱਤਾ, ਉੱਥੇ ਬੇਰੁਜ਼ਗਾਰੀ ਭੱਤਾ ਲੈਣ ਤੇ ਕੀਤੇ ਕੰਮ ਦੇ ਬਕਾਏ ਲਈ ਦਿੱਤਾ ਜਾਵੇਗਾ।ਉਨ੍ਹਾਂ ਨਰੇਗਾ ਮਜ਼ਦੂਰਾਂ ਨੂੰ ਨਰੇਗਾ ਹੱਕ ਲੈਣ ਲਈ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਏਟਕ) ਦੇ ਝੰਡੇ ਹੇਠ ਲਾਮਬੰਦ ਹੋਣਾ ਪਵੇਗਾ।ਉਨ੍ਹਾਂ ਕਿਹਾ ਕਿ ਮਜ਼ਦੂਰਾਂ ਨੂੰ ਮੰਗਣ ਦੇ ਬਾਵਜੂਦ ਕੰਮ ਜਾਂ ਬੇਰੁਜ਼ਗਾਰੀ ਭੱਤੇ ਦੀਆਂ ਅਰਜ਼ੀਆਂ ਦੀਆਂ ਰਸੀਦਾਂ ਨਾ ਦੇਣਾ ਸ਼ਰੇਆਮ ਨਰੇਗਾ ਐਕਟ 2005 ਦੀ ਉਲੰਘਣਾ ਹੈ ਤੇ ਕਾਨੂੰਨ ਮੁਤਾਬਕ ਇਸ ਸਜ਼ਾਯੋਗ ਹੈ।ਉਨ੍ਹਾ ਕਿਹਾ ਕਿ ਨਰੇਗਾ ਮੇਟਾਂ ਨੂੰ ਲੇਬਰ ਵਾਲੀ ਦਿਹਾੜੀ ਦੇ ਕੇ ਪ੍ਰਸ਼ਾਸਨ ਮੇਟਾਂ ਦੇ ਨੁਕਸਾਨ ਦੇ ਨਾਲ ਨਾਲ ਲੇਬਰ ਦੇ ਹਿੱਸੇ ਦੇ ਫੰਡ ਦੀ ਵੀ ਦੁਰਵਰਤੋਂ ਕਰ ਰਿਹਾ ਹੈ।ਉਨ੍ਹਾਂ ਇਹ ਵੀ ਆਖਿਆ ਕਿ ਨਰੇਗਾ ਮੇਟਾਂ ਨੂੰ ਲਾਉਣ ਤੇ ਹਟਾਉਣ ਲਈ ਸਿਆਸੀ ਦਬਾਅ ਬਣਾਉਣਾ ਬੰਦ ਕੀਤਾ ਜਾਵੇ, ਸਿਰਫ ਸਰਪੰਚਾਂ ਦੇ ਕਹਿਣ 'ਤੇ ਹੀ ਕਿਸੇ ਮੇਟ ਨੂੰ ਨਾ ਹਟਾਇਆ ਜਾਵੇ ਤੇ ਨਾ ਲਾਇਆ ਜਾਵੇ।ਕਾਨੂੰਨ ਮੁਤਾਬਕ ਮੇਟ ਨੂੰ ਰੱਖਣ ਤੇ ਹਟਾਉਣ ਲਈ ਗ੍ਰਾਮ ਸਭਾ ਵਿੱਚ ਮਤਾ ਪਾਸ ਕਰਾਇਆ ਜਾਵੇ।ਇਨ੍ਹਾਂ ਧਰਨਿਆਂ ਵਿੱਚ ਰਹਿੰਦੇ ਬਕਾਏ ਤਰੁੰਤ ਜਾਰੀ ਕਰਵਾਉਣ, ਨਰੇਗਾ ਮਜ਼ਦੂਰਾਂ ਦੀ ਦਿਹਾੜੀ 1000 ਰੁਪਏ ਕਰਨ, ਦਿਨਾਂ ਦੀ ਗਾਰੰਟੀ 200 ਕਰਨ, ਕੰਮ ਦਾ ਸਮਾਂ ਸ਼ੁਰੂਆਤ ਵਾਲਾ 6 ਘੰਟੇ ਕਰਨ, ਕੰਮ ਕਰਨ ਲਈ ਸੰਦ ਮੁਹੱਈਆ ਕਰਵਾਉਣ, ਕੰਮ ਵਾਲੀ ਜਗ੍ਹਾ 'ਤੇ ਮੌਤ ਹੋਣ ਜਾਂ ਪੂਰਨ ਅਪੰਗਤਾ ਦੀ ਹਾਲਤ ਵਿੱਚ ਦਿੱਤੀ ਜਾਣ ਵਾਲੀ ਐਕਸਗਰੇਸ਼ੀਆ ਗਰਾਂਟ 25 ਹਜ਼ਾਰ ਤੋਂ ਵਧਾ ਕੇ 5 ਲੱਖ ਕਰਵਾਉਣ ਲਈ ਵੀ ਆਵਾਜ਼ ਬੁਲੰਦ ਕੀਤੀ ਜਾਵੇਗੀ।ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਗੁਰਦਿੱਤ ਸਿੰਘ ਦੀਨਾ, ਮਹਿੰਦਰ ਸਿੰਘ ਧੂੜਕੋਟ, ਸਰਬਜੀਤ ਕੌਰ ਖੋਸਾ, ਪੂਜਾ ਕੌਰ, ਦਵਿੰਦਰ ਕੌਰ, ਸਰਬਜੀਤ ਕੌਰ ਮਹੇਸ਼ਰੀ, ਦਰਸ਼ਨ ਕੌਰ ਭੇਖਾ, ਸਬਰਾਜ ਸਿੰਘ ਢੁੱਡੀਕੇ, ਬਿੰਦਰ ਸਿੰਘ ਝੰਡੇਆਣਾ, ਬੋਹੜ ਸਿੰਘ ਬੁੱਟਰ, ਵੀਰਪਾਲ ਕੌਰ ਠੱਠੀ ਭਾਈ, ਬਿੰਦਰ ਕੌਰ ਗਲੋਟੀ ਆਦਿ ਆਗੂ ਹਾਜ਼ਰ ਸਨ।

# ਮੋਦੀ ਹਕੂਮਤ ਨੇ ਵੀ ਬੀ ਜੀ ਰਾਮ ਜੀ ਬਣਾ ਕੇ ਪੇਂਡੂ ਕਿਰਤੀਆਂ ਦੀ ਥਾਲੀ 'ਚ ਲੱਤ ਮਾਰੀ : ਗਦਾਈਆ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਦੀਆਂ ਰਾਜਨੀਤਕ ਪਾਰਟੀਆਂ ਨੇ ਨਰੇਗਾ ਕਾਮਿਆਂ ਵੱਲ ਪਿੱਠ ਕਰਕੇ ਇਹ ਸਾਬਿਤ ਕਰ ਦਿੱਤਾ ਕਿ ਇਨ੍ਹਾਂ ਪੇਂਡੂ ਗਰੀਬੜੇ ਜਿਹੇ ਲੋਕਾਂ ਨੂੰ ਜਦੋਂ ਮਰਜ਼ੀ ਬੁਰਕੀ ਪਾ ਕੇ ਵੋਟਾਂ ਹਾਸਲ ਕੀਤੀਆਂ ਜਾ ਸਕਦੀਆਂ ਹਨ, ਨਾ ਹੀ ਅਕਾਲੀਆਂ ਨੇ ਇਨ੍ਹਾਂ ਪੇਂਡੂ ਗਰੀਬ ਕਿਰਤੀਆਂ ਦੇ ਖੋਹੇ ਰੁਜ਼ਗਾਰ ਲਈ ਗੱਲ ਕੀਤੀ ਹੈ ਤੇ ਇਨ੍ਹਾਂ ਤੋਂ ਆਸ ਵੀ ਨਹੀਂ ਕੀਤੀ ਜਾ ਸਕਦੀ। ਕਾਂਗਰਸ ਨੇ ਸਿਆਸੀ ਲਾਹਾ ਲੈਣ ਲਈ ਰੈਲੀਆਂ ਤਾਂ ਕੀਤੀਆਂ, ਪਰ ਕਿਰਤੀਆਂ ਦੀ ਧਿਰ ਬਣ ਕੇ ਲੜਾਈ ਨਹੀਂ ਲੜ ਸਕੀ, ਜਦੋਂਕਿ ਨਰੇਗਾ 2005 ਨੂੰ ਕਮਿਊਨਿਸਟਾਂ ਦੇ ਦਬਾਅ ਹੇਠ ਮਨਮੋਹਨ ਸਿੰਘ ਦੀ ਸਰਕਾਰ ਯੂ ਪੀ ਏ-1 ਸਮੇਂ ਇਸ ਨੂੰ ਬਣਾਇਆ ਸੀ। ਆਮ ਆਦਮੀ ਪਾਰਟੀ ਦੀ ਪੰਜਾਬ ਵਿੱਚ ਸਰਕਾਰ ਹੋਣ ਦੇ ਬਾਵਜੂਦ ਉਸ ਨੇ ਲੜਾਈ ਤਿੱਖੀ ਨਹੀਂ ਕੀਤੀ, ਜਦੋਂ ਕਿ ਕੰਮ ਨਾ ਮਿਲਣ ਕਾਰਨ ਅੱਕੇ ਹੋਏ ਪੇਂਡੂ ਕਿਰਤੀ ਇਨ੍ਹਾਂ ਦੇ ਹੀ ਗਲ਼ ਪੈਣਗੇ, ਕਿਉਂਕਿ ਚਾਹੇ ਨਰੇਗਾ ਸੀ, ਚਾਹੇ ਹੁਣ ਵੀ ਬੀ ਜੀ ਰਾਮ ਜੀ ਹੋਵੇ, 10 ਮਹੀਨਿਆਂ ਤੋਂ ਲਗਾਤਾਰ ਨਰੇਗਾ ਕੰਮ ਬੰਦ ਹੋਣ ਕਾਰਨ ਇਨ੍ਹਾਂ ਕਿਰਤੀਆਂ ਲਈ ਦੋ ਡੰਗ ਰੋਟੀ ਦਾ ਜੁਗਾੜ ਕਰਨਾ ਬੇਹੱਦ ਔਖਾ ਹੋਇਆ ਪਿਆ, ਉਸਾਰੀ ਤੇ ਹੋਰ ਖ਼ੇਤਰਾਂ ਵਿੱਚ ਕੰਮ ਦਾ ਬੁਰਾ ਹਾਲ ਹੋਣ ਕਾਰਨ ਭੁੱਖਮਰੀ ਵਰਗੇ ਹਾਲਾਤ ਬਣੇ ਪਏ ਹਨ।

ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਵੱਲੋਂ ਪੰਜਾਬ ਵਿੱਚ ਸ਼ੁਰੂ ਕੀਤੀ ਹੋਈ ਚੇਤਨਾ ਮੁਹਿੰਮ ਤਹਿਤ ਪਿੰਡ ਗਲਵੱਟੀ ਭੀਲੋਵਾਲ, ਧਨੌਰੀ ਵਿਖੇ ਕਾਮਰੇਡ ਕਸ਼ਮੀਰ ਸਿੰਘ ਗਦਾਈਆ ਨੇ ਕੀਤਾ। ਉਨ੍ਹਾਂ ਕਿਹਾ ਕਿ ਪੇਂਡੂ ਕਿਰਤੀਆਂ ਲਈ ਬਣੇ ਨਰੇਗਾ 2005 ਦੇ ਤਹਿਤ 100 ਦਿਨ ਕੰਮ ਦੀ ਗਾਰੰਟੀ ਸੀ, ਪਰ ਕੇਂਦਰ ਦੀ ਮੋਦੀ ਹਕੂਮਤ ਨੇ ਵੀ ਬੀ ਜੀ ਰਾਮ ਜੀ ਬਣਾ ਕੇ ਪੇਂਡੂ ਕਿਰਤੀਆਂ ਦੀ ਥਾਲੀ ਵਿੱਚ ਲੱਤ ਮਾਰੀ ਦਿੱਤੀ, ਮੋਦੀ ਸਰਕਾਰ ਵੱਲੋਂ ਅੱਖੀਂ ਘੱਟਾ ਪਾਉਂਦਿਆਂ ਕੰਮ ਦਿਨ ਭਾਵੇਂ 125 ਦਿਨ ਕਰ ਦਿੱਤੇ ਹਨ, ਪਰ ਕੇਂਦਰ ਸਰਕਾਰ ਨੇ 60 : 40 ਅਨੁਪਾਤ ਕਰਕੇ ਕੰਮ ਦੀਆਂ ਸੰਭਾਵਨਾਵਾਂ ਨੂੰ ਮੱਧਮ ਕਰ ਦਿੱਤਾ, ਸੂਬਾ ਸਰਕਾਰਾਂ ਆਪਣੇ ਹਿੱਸੇ ਦੇ ਪੈਸੇ ਨਹੀਂ ਪਾਉਣਗੀਆਂ, ਜਿਸ ਕਰਕੇ ਕੰਮ ਨਹੀਂ ਮਿਲੇਗਾ।

ਨਰੇਗਾ ਆਗੂ ਨੇ ਕਿਹਾ ਕਿ ਸੂਬਾ ਸਰਕਾਰਾਂ ਨੂੰ ਕੇਂਦਰ ਦੇ ਇਸ ਫੈਸਲੇ ਵਿਰੁੱਧ ਅੰਦੋਲਨ ਕਰਨਾ ਚਾਹੀਦਾ ਹੈ, ਤਾਂ ਜੋ ਸੂਬਿਆਂ ਵਿੱਚ ਕੰਮ ਕਰਨ ਵਾਲੇ ਕਾਮੇ ਵੀ ਇਸ ਅੰਦੋਲਨ ਵਿੱਚ ਸ਼ਾਮਲ ਹੋ ਸਕਣ, ਸਰਕਾਰਾਂ ਵੱਲੋਂ ਦਿੱਤੇ ਜਾ ਰਹੇ ਵੋਟਾਂ ਵਟੋਰਨ ਵਾਲੇ ਲਾਲਚ ਚਾਹੇ ਉਹ ਮੇਰੀ ਰਸੋਈ ਦੇ ਤਹਿਤ ਨਿਗੂਣੀ ਜਿਹੀ ਰਾਸ਼ਨ ਕਿੱਟ ਹੋਵੇ, ਚਾਹੇ ਬੀਬੀਆਂ ਨੂੰ 1000 ਜਾਂ 1500 ਰੁਪਏ ਦਿੱਤੇ ਜਾਣ ਦੀਆਂ ਸਕੀਮਾਂ ਹੋਣ, ਇਹ ਚਿਰ ਸਥਾਈ ਨਹੀਂ ਹੋ ਸਕਦੀਆਂ ਹਨ, ਨਰੇਗਾ 2005 ਇੱਕ ਐਕਟ ਸੀ ਤੇ ਵੀ ਬੀ ਜੀ ਰਾਮ ਜੀ ਵੀ ਇੱਕ ਐਕਟ ਹੈ।ਇਸ ਲਈ ਇਸ ਕਾਨੂੰਨ ਦੇ ਤਹਿਤ ਕੇਂਦਰ 60:40 ਅਨੁਪਾਤ ਨੂੰ ਤਿਆਗ ਕੇ 60 ਦਿਨ ਕੰਮ ਨਾ ਦੇਣ ਵਾਲੀ ਪ੍ਰਵੀਜ਼ਨ ਨੂੰ ਤਿਆਗੇ ਤੇ ਕੰਮ ਦਿਨਾਂ ਦੀ ਗਿਣਤੀ 200 ਦਿਨ ਕਰਕੇ ਉਜ਼ਰਤਾਂ 1000 ਰੁਪਏ ਕਰੇ।

## ਯੂਨਾਈਟਡ ਅਕਾਲੀ ਦਲ 2027 'ਚ ਲੋਕ ਪੱਖੀ ਸਰਕਾਰ ਬਣਾਏਗਾ : ਰਣਸੀਂਹ



**ਨਿਹਾਲ ਸਿੰਘ ਵਾਲਾ (ਨਛੱਤਰ ਸੰਧੂ)**-ਯੂਨਾਇਟਡ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬੂਟਾ ਸਿੰਘ ਰਣਸੀਂਹ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਯੂਨਾਇਟਡ ਅਕਾਲੀ ਦਲ 2027 ਵਿੱਚ ਹੋਣ ਵਾਲੀਆਂ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਮੋਗਾ ਜ਼ਿਲ੍ਹੇ ਦੀਆਂ ਚਾਰੇ ਸੀਟਾਂ ਤੋਂ ਆਪਣੇ ਉਮੀਦਵਾਰ ਖੜ੍ਹੇ ਕਰਕੇ ਵੱਡੀ ਜਿੱਤ ਪ੍ਰਾਪਤ ਕਰੇਗਾ।ਜਥੇਦਾਰ ਰਣਸੀਂਹ ਨੇ ਕਿਹਾ ਕਿ ਅੱਜ ਪੰਜਾਬ ਦੀ ਹਾਲਤ ਬਹੁਤ ਮਾੜੀ ਹੋ ਚੁੱਕੀ ਹੈ, ਚਾਹੇ ਉਹ ਕਾਂਗਰਸੀ ਹੋਣ, ਅਕਾਲੀ ਦਲ ਹੋਵੇ ਜਾਂ ਆਮ ਆਦਮੀ ਪਾਰਟੀ ਦੀ ਸਰਕਾਰ ਹੋਵੇ।ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਵਿੱਚ ਲਾਉਣ ਤੋਂ ਇਲਾਵਾ ਹੋਰ ਕੁਝ ਨਹੀਂ ਕੀਤਾ।ਅੱਜ ਮਾਵਾਂ ਦੇ ਪੁੱਤ ਮਾਰੂ ਨਸ਼ਿਆਂ ਦਾ ਸੇਵਨ ਕਰਕੇ ਜ਼ਿੰਦਗੀਆਂ ਬਰਬਾਦ ਕਰ ਰਹੇ ਹਨ ਤੇ ਮਾਪੇ ਤੜਫ ਰਹੇ ਹਨ।ਉਨ੍ਹਾਂ ਕਿਹਾ ਕਿ ਅੱਜ ਪੰਜਾਬ ਵਿੱਚ ਰੁਜ਼ਗਾਰ ਨਾਮ ਦੀ ਕੋਈ ਚੀਜ਼ ਨਹੀਂ ਹੈ, ਨੌਜਵਾਨ ਹੱਥਾਂ ਵਿੱਚ ਡਿਗਰੀਆਂ ਲਈ ਵੇਲੇ ਫਿਰ ਰਹੇ ਹਨ।ਉਨ੍ਹਾਂ ਕਿਹਾ ਕਿ ਸਿੱਖ ਧਰਮ ਦਾ ਨੁਕਸਾਨ ਤੇ ਬੇਅਦਬੀਆਂ ਅਕਾਲੀ ਦਲ ਦੇ ਰਾਜ ਵਿੱਚ ਹੋਈਆਂ, ਪਰ ਹਾਲੇ ਤੱਕ ਹੋਰ ਕਿਸੇ ਵੀ ਸਰਕਾਰ ਨੇ ਬੇਅਦਬੀਆਂ ਰੋਕਣ 'ਤੇ ਕੋਈ ਵੀ ਕਾਨੂੰਨ ਨਹੀਂ ਬਣਾਇਆ ਤੇ ਦੋਸ਼ੀ ਸ਼ਰੇਆਮ ਘੁੰਮ ਰਹੇ ਹਨ।ਅਖੀਰ ਵਿੱਚ ਬੂਟਾ ਸਿੰਘ ਰਣਸੀਂਹ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਬੰਦੀ ਸਿੰਘਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ।ਕਿਸਾਨਾਂ ਦੀਆਂ ਹੋ ਰਹੀਆਂ ਖ਼ੁਦਕੁਸ਼ੀਆਂ ਨੂੰ ਰੋਕਣ ਲਈ ਉਨ੍ਹਾਂ ਦੇ ਕਰਜ਼ੇ ਮਾਫ ਕੀਤੇ ਜਾਣ ਤੇ ਆਨੰਦਪੁਰ ਸਾਹਿਬ ਦੇ ਮਤੇ ਦੀਆਂ ਜੋ ਮੰਗਾਂ ਪੰਜਾਬ ਦੇ ਹੱਕ ਹਨ, ਉਹ ਪ੍ਰਾਪਤ ਕਰਨ ਦੀ ਖਾਤਰ ਯੂਨਾਇਟਡ ਅਕਾਲੀ ਦਲ ਚੰਗੀ ਸਰਕਾਰ ਬਣਾਏਗਾ।ਇਸ ਸਮੇਂ ਉਨ੍ਹਾਂ ਨਾਲ ਜ਼ਿਲ੍ਹਾ ਪ੍ਰਧਾਨ ਕਰੋੜ ਸਿੰਘ ਤਲਵੰਡੀ ਭੰਗੇਰੀਆ, ਬਲਜੀਤ ਸਿੰਘ ਅਕਾਲੀਆ ਵਾਲਾ, ਜੀਤ ਸਿੰਘ ਸਰਪੰਚ ਕੋਰੇ ਵਾਲਾ, ਗੁਰਲਾਲ ਸਿੰਘ ਧਰਮਕੋਟ, ਜਗਸੀਰ ਸਿੰਘ ਡਾਲਾ, ਹਰਜਿੰਦਰ ਸਿੰਘ ਡਾਲਾ ਤੇ ਗੁਰਮੇਲ ਸਿੰਘ ਹੇਰਾਂ ਆਦਿ ਹਾਜ਼ਰ ਸਨ।

# ਜੈਤੋ ਰੈਲੀ ਤੋਂ ਪਹਿਲਾਂ ਪੁਲਸ ਨੇ ਸਹਾਇਕ ਪ੍ਰੋਫੈਸਰਾਂ ਨੂੰ ਥਾਣੇ ਡੱਕਿਆ

**ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ਼ ਕਰਵਾਇਆ ਰਿਹਾਅ ਤੇ ਸੰਘਰਸ਼ ਹੋਰ ਤਿੱਖਾ ਕਰਨ ਦਾ ਕੀਤਾ ਐਲਾਨ**



**ਜਲਾਲਾਬਾਦ (ਪਰਮਜੀਤ ਢਾਬਾਂ)**

ਫ਼ਰੀਦਕੋਟ ਪੁਲਸ ਪ੍ਰਸ਼ਾਸਨ ਨੇ ਐਤਵਾਰ ਸਵੇਰੇ ਮੂੰਹ ਹਨੇਰੇ ਹੀ 4 ਵਜੇ ਦੇ ਕਰੀਬ 1158 ਭਰਤੀ ਅਧੀਨ ਨਿਯੁਕਤ ਹੋਏ ਬਰਜਿੰਦਰਾ ਕਾਲਜ ਫ਼ਰੀਦਕੋਟ ਦੇ ਪ੍ਰੋਫ਼ੈਸਰਾਂ ਨੂੰ ਉਨ੍ਹਾਂ ਦੇ ਘਰਾਂ ਵਿੱਚੋਂ ਜਬਰੀ ਚੁੱਕ ਕੇ ਥਾਣੇ ਡੱਕ ਦਿੱਤਾ।ਇਸੇ ਤਰ੍ਹਾਂ ਪ੍ਰੋਫੈਸਰ ਸ਼ਮਸ਼ੇਰ ਗਿੱਲ ਨੂੰ ਉਨ੍ਹਾਂ ਦੇ ਘਰ ਹੀ ਪੁਲਸ ਪਹਿਰਾ ਬਿਠਾ ਕੇ ਨਜ਼ਰਬੰਦ ਕਰ ਲਿਆ ਗਿਆ।ਗੌਰਤਲਬ ਹੈ ਕਿ ਜੈਤੋ ਵਿਖੇ ਮੁੱਖ ਮੰਤਰੀ ਭਗਵੰਤ ਮਾਨ ਚੁਣਾਵੀ ਰੈਲੀ ਕਰ ਰਹੇ ਸਨ।ਪੁਲਸ ਪ੍ਰਸ਼ਾਸਨ ਨੂੰ ਇਹ ਡਰ ਸੀ ਕਿ ਕਿਤੇ 1158 ਸਹਾਇਕ ਪ੍ਰੋਫ਼ੈਸਰ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਮੁੱਖ ਮੰਤਰੀ ਭਗਵੰਤ ਮਾਨ ਦੀ ਰੈਲੀ ਵਿੱਚ ਨਾ ਪਹੁੰਚ ਜਾਣ। ਗ੍ਰਿਫ਼ਤਾਰ ਕੀਤੇ ਪ੍ਰੋਫ਼ੈਸਰ ਹਿਮਾਂਸ਼ੂ ਨੇ ਦੱਸਿਆ ਕਿ ਅੱਜ ਸਵੇਰੇ 4 ਵਜੇ ਦੇ ਕਰੀਬ ਪੁਲਸ ਦੀ ਧਾੜ ਇਸ ਤਰ੍ਹਾਂ ਉਨ੍ਹਾਂ ਦੇ ਘਰ ਪਹੁੰਚੀ, ਜਿਵੇਂ ਕਿ ਉਹ ਕੋਈ ਅਪਰਾਧੀ ਨੂੰ ਲੈਣ ਆਏ ਹੋਣ।ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀ ਅੱਜ ਇੱਕ ਵਿਭਾਗੀ ਇਮਤਿਹਾਨ ਵਿੱਚ ਡਿਊਟੀ ਲੱਗੀ ਹੋਈ ਸੀ ਤੇ 1158 ਫ਼ਰੰਟ ਵੱਲੋਂ ਮੁੱਖ ਮੰਤਰੀ ਦੀ ਜੈਤੋ ਰੈਲੀ ਵਿੱਚ ਜਾਣ ਦਾ ਕੋਈ ਐਲਾਨੀਆ ਪ੍ਰੋਗਰਾਮ ਵੀ ਨਹੀਂ ਸੀ।ਇਸ ਦੇ ਬਾਵਜੂਦ ਪੁਲਸ ਪ੍ਰਸ਼ਾਸਨ ਨੇ ਉਨ੍ਹਾਂ ਨੂੰ ਚੁੱਕ ਕੇ ਥਾਣੇ ਜਬਰੀ ਬੰਦ ਕਰ ਦਿੱਤਾ ਤੇ ਉਨ੍ਹਾਂ ਦਾ ਮੋਬਾਈਲ ਫੋਨ ਵੀ ਲੈ ਲਿਆ ਅਤੇ ਪਰਿਵਾਰਕ ਮੈਂਬਰਾਂ ਨਾਲ ਸੰਪਰਕ ਕਰਵਾਉਣ ਤੋਂ ਵੀ ਮਨ੍ਹਾ ਕਰ ਦਿੱਤਾ।ਗ੍ਰਿਫ਼ਤਾਰ ਕੀਤੇ ਇੱਕ ਹੋਰ ਪ੍ਰੋਫ਼ੈਸਰ ਡਾ. ਕੁਲਦੀਪ ਸਿੰਘ ਨੇ ਦੱਸਿਆ ਕਿ ਪੁਲਸ ਸਵੇਰ ਸਾਰ ਉਨ੍ਹਾਂ ਨੂੰ ਘਰੋਂ ਬਿਨਾਂ ਕੋਈ ਕਾਰਨ ਦੱਸੇ ਜਬਰੀ ਥਾਣੇ ਚੁੱਕ ਕੇ ਲੈ ਗਈ, ਜਿਸ ਕਰਕੇ ਉਨ੍ਹਾਂ ਦੇ ਘਰ ਪਰਵਾਰ ਵਿੱਚ ਚਿੰਤਾ ਦਾ ਆਲਮ ਬਣ ਗਿਆ।ਇਸੇ ਤਰ੍ਹਾਂ ਪ੍ਰੋਫ਼ੈਸਰ ਸ਼ਮਸ਼ੇਰ ਗਿੱਲ, ਜੋ ਕਿ ਕਾਲਜ ਤੋਂ ਦੂਰ ਇੱਕ ਪਿੰਡ ਵਿੱਚ ਰਹਿੰਦੇ ਹਨ, ਨੂੰ ਵੀ ਸਵੇਰ ਸਾਰ ਕਰੇ ਹੀ ਪੁਲਸ ਪਹਿਰਾ ਬਿਠਾ ਕੇ ਨਜ਼ਰਬੰਦ ਕਰ ਲਿਆ ਗਿਆ।ਇਸ ਦੀ ਖਬਰ ਜਦੋਂ 1158 ਫਰੰਟ ਦੇ ਬਾਕੀ ਸਾਥੀਆਂ ਨੂੰ ਲੱਗੀ ਤਾਂ ਉਹ ਭਰਾਤਰੀ ਤੇ ਵਿਦਿਆਰਥੀ ਜਥੇਬੰਦੀਆਂ ਸਮੇਤ ਥਾਣਾ ਸਿਟੀ ਫ਼ਰੀਦਕੋਟ ਪਹੁੰਚ ਗਏ, ਜਿੱਥੇ ਪੁਲਸ ਪ੍ਰਸ਼ਾਸਨ ਤੋਂ ਪ੍ਰੋਫ਼ੈਸਰਾਂ ਨੂੰ ਰਿਹਾਅ ਕਰਵਾਇਆ ਗਿਆ।ਮਗਰੋਂ ਜਥੇਬੰਦਕ ਆਗੂਆਂ ਨੇ ਸ਼ਮਸ਼ੇਰ ਗਿੱਲ ਦੇ ਘਰ ਤੋਂ ਪੁਲਸ ਪਹਿਰਾ ਲੋਕ ਰੋਹ ਦੇ ਜ਼ੋਰ 'ਤੇ ਖ਼ਤਮ ਕਰਵਾਇਆ।ਇਸ ਮੌਕੇ 1158 ਫਰੰਟ ਤੋਂ ਪਹੁੰਚੇ ਡਾ. ਸਤਵੀਰ ਤੇ ਪ੍ਰੋਫ਼ੈਸਰ ਜਸਕਰਨ ਨੇ ਕਿਹਾ ਕਿ ਆਪ ਸਰਕਾਰ ਲੋਕਾਂ ਦੀ ਜ਼ੁਬਾਨਬੰਦੀ ਕਰਨ ਦੇ ਚਾਲੇ ਪਈ ਹੋਈ ਹੈ।

ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਤੋਂ ਕੁਲਵਿੰਦਰ ਸਿੰਘ ਨੇ ਕਿਹਾ ਕਿ ਪੰਜਾਬ ਗੜਿਆਂ ਦੀ ਮਾਰ ਨਾਲ਼ ਉੱਜੜ ਰਿਹਾ ਹੈ ਤੇ ਮੁੱਖ ਮੰਤਰੀ ਕਿੱਕਲੀਆਂ ਪਾ ਰਿਹਾ ਹੈ।ਪੰਜਾਬ ਸਟੂਡੈਂਟ ਯੂਨੀਅਨ ਤੋਂ ਵਿਦਿਆਰਥੀਆਂ ਸਮੇਤ ਪਹੁੰਚੇ ਹਰਵੀਰ ਕੌਰ ਨੇ ਪੰਜਾਬ ਪੁਲਸ ਦੇ ਇਸ ਲੋਕ ਦੁਖੀ ਰਵੱਈਏ ਦੀ ਜੰਮ ਕੇ ਨਿਖੇਧੀ ਕੀਤੀ।ਪ੍ਰੋਫ਼ੈਸਰਾਂ ਦੀ ਰਿਹਾਈ ਲਈ ਸਾਥੀਆਂ ਸਮੇਤ ਪਹੁੰਚੇ ਪ੍ਰੋਫ਼ੈਸਰ ਗੁਰਤੇਜ ਸਫ਼ਰ, ਸਾਹਿਲ, ਰਕਸ਼ਕ, ਗੁਰਲਾਲ ਸਿੰਘ ਤੇ ਡਾ. ਸਤਨਾਮ ਨੇ ਆਉਂਦੇ ਦਿਨਾਂ ਵਿੱਚ ਪੰਜਾਬ ਸਰਕਾਰ ਵਿਰੁੱਧ ਹੋਰ ਤਿੱਖਾ ਸੰਘਰਸ਼ ਕਰਨ ਦਾ ਐਲਾਨ ਕੀਤਾ।

# ਐੱਮ ਡੀ ਐੱਸ ਇੰਟਰਨੈਸ਼ਨਲ ਸਕੂਲ 'ਚ ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਨਜਾਬਤ ਕੁਕਰੀਆਂ ਵਿਖੇ ਸਥਿਤ ਐੱਮ ਡੀ ਐੱਸ ਇੰਟਰਨੈਸ਼ਨਲ ਸਕੂਲ ਵਿੱਚ ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ ਬੜੀ ਹੀ ਸ਼ਰਧਾ, ਉਤਸ਼ਾਹ ਤੇ ਆਧਿਆਤਮਕ ਮਾਹੌਲ ਵਿੱਚ ਕੀਤੀ ਗਈ।ਇਸ ਮੌਕੇ ਸਕੂਲ ਵਿੱਚ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾਇਆ ਗਿਆ। ਗੁਰੂ ਘਰ ਦੇ ਵਜ਼ੀਰ ਭਾਈ ਗੁਰਪ੍ਰੀਤ ਸਿੰਘ ਨੇ ਬਹੁਤ ਹੀ ਮਿੱਠੀ, ਰਸਭਿੰਨੀ ਤੇ ਆਤਮਿਕ ਆਵਾਜ਼ ਵਿੱਚ ਸੰਗਤ ਨੂੰ ਸੁਖਮਨੀ ਸਾਹਿਬ ਦਾ ਪਾਠ ਸਰਵਣ ਕਰਵਾਇਆ ਗਿਆ।ਇਸ ਦੇ ਨਾਲ ਹੀ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਵੱਲੋਂ ਵੀ ਕੀਰਤਨ ਕੀਤਾ ਗਿਆ। ਸਮਾਗਮ ਦੌਰਾਨ ਸਕੂਲ ਦੀ ਚੜ੍ਹਦੀ ਕਲਾ, ਵਿਦਿਆਰਥੀਆਂ ਦੀ ਚੰਗੀ ਸਿਹਤ, ਉਨ੍ਹਾਂ ਦੇ ਚੰਗੇ ਚਾਲ-ਚਲਣ ਤੇ ਉੱਚੀ ਸਿੱਖਿਆ ਲਈ ਅਰਦਾਸ ਬੇਨਤੀ ਕੀਤੀ ਗਈ ਅਤੇ ਨਾਲ ਹੀ ਸਮਾਜ ਵਿੱਚ ਭਾਈਚਾਰੇ ਤੇ ਸ਼ਾਂਤੀ ਲਈ ਵੀ ਅਰਦਾਸ ਕੀਤੀ ਗਈ।ਇਸ ਮੌਕੇ ਸਕੂਲ ਮੈਨੇਜਮੈਂਟ, ਪ੍ਰਿੰਸੀਪਲ ਤੇ ਸਟਾਫ ਵੱਲੋਂ ਪੂਰੀ ਨਿਸ਼ਠਾ, ਸਤਿਕਾਰ ਤੇ ਸ਼ਰਧਾ ਨਾਲ ਸੇਵਾ ਨਿਭਾਈ ਗਈ।ਸਮਾਗਮ ਵਿੱਚ ਸਕੂਲ ਸ੍. ਸੁਖਦੇਵ ਸਿੰਘ, ਜਸਵਿੰਦਰ ਕੌਰ, ਪ੍ਰੋ (ਡਾ.) ਗੁਰਪ੍ਰੀਤ ਸਿੰਘ ਚੇਅਰਮੈਨ, ਐੱਮ. ਡੀ. ਹਰਪਿੰਦਰ ਕੌਰ, ਪ੍ਰਿੰਸੀਪਲ ਸੰਦੀਪ ਕੌਰ, ਵਾਈਸ ਪ੍ਰਿੰਸੀਪਲ ਤਰਨਜੀਤ ਕੌਰ, ਮਨਪ੍ਰੀਤ ਸਿੰਘ, ਤਲਵਿੰਦਰ ਸਿੰਘ, ਅਮਨਿੰਦਰ ਸਿੰਘ, ਸੁਖਜੀਵਨ ਸਿੰਘ ਪੀਆਰਓ ਸਮੇਤ ਟੀਚਿੰਗ ਤੇ ਨਾਨ-ਟੀਚਿੰਗ ਸਟਾਫ ਦੀ ਵਿਸ਼ੇਸ਼ ਹਾਜ਼ਰੀ ਰਹੀ।ਸਮਾਗਮ ਦੇ ਅੰਤ ਵਿੱਚ ਪਿਛਲੇ ਅਕਾਦਮਿਕ ਸੈਸ਼ਨ ਦੌਰਾਨ ਉੱਤਮ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਟ੍ਰਾਫੀਆਂ ਦੇ ਕੇ ਸਨਮਾਨਤ ਕੀਤਾ ਗਿਆ।ਅੰਤ ਵਿੱਚ ਸਮੂਹ ਮੈਨੇਜਮੈਂਟ ਤੇ ਪ੍ਰਿੰਸੀਪਲ ਵੱਲੋਂ ਸਾਰੇ ਵਿਦਿਆਰਥੀਆਂ ਨੂੰ ਨਵੇਂ ਸੈਸ਼ਨ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

# ਬਲਾਕ ਸੰਮਤੀ ਦੀ ਚੇਅਰਮੈਨੀ 'ਤੇ ਕਬਜ਼ਾ 'ਆਪ' ਦੀ ਮਜ਼ਬੂਤ ਸਥਿਤੀ ਨੂੰ ਦਰਸਾਉਂਦਾ : ਸੋਨੀ ਧਾਲੀਵਾਲ

**ਵਿਧਾਇਕ ਸੁਖਾਨੰਦ ਤੇ ਚੇਅਰਪਰਸਨ ਸਰਬਜੀਤ ਕੌਰ ਨੂੰ ਦਿੱਤੀ ਵਧਾਈ**



**ਬਾਘਾ ਪੁਰਾਣਾ (ਮਨੀ ਸਿੰਗਲਾ)**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੇ ਨੇੜਲੇ ਸਾਥੀ ਸੋਨੀ ਧਾਲੀਵਾਲ ਮਾੜੀ ਮੁਸਤਫਾ, ਸਰਪੰਚ ਗੁਰਭੇਜ ਸਿੰਘ ਮਾੜੀ ਮੁਸਤਫਾ, ਗੁਰਵੀਰ ਸਰਪੰਚ ਡੇਮਰੂ ਬਲਾਕ ਪ੍ਰਧਾਨ ਯੂਥ ਵਿੰਗ, ਪ੍ਰਦੀਪ ਰੋਡੇ ਯੂਥ ਆਪ ਆਗੂ, ਬੇਅੰਤ ਸਿੰਘ ਰੋਡੇ ਬਲਾਕ ਪ੍ਰਧਾਨ ਕਿਸਾਨ ਵਿੰਗ ਵੱਲੋਂ ਬਾਘਾ ਪੁਰਾਣਾ ਵਿੱਚ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਗਿਆ ਕਿ ਬਲਾਕ ਸੰਮਤੀ ਚੇਅਰਮੈਨੀ 'ਤੇ ਆਮ ਆਦਮੀ ਪਾਰਟੀ ਦਾ ਕਬਜ਼ਾ ਹੋਣਾ ਪਾਰਟੀ ਦੀ ਮਜ਼ਬੂਤ ਸਥਿਤੀ ਨੂੰ ਦਰਸਾਉਂਦਾ ਹੈ।ਉਨ੍ਹਾਂ ਕਿਹਾ ਕਿ ਇਹ ਜਿੱਤ ਪਾਰਟੀ ਦੀ ਨੀਤੀਆਂ ਤੇ ਹਲਕੇ ਵਿਚ ਕੀਤੇ ਵਿਕਾਸ ਕਾਰਜਾਂ ਦਾ ਨਤੀਜਾ ਹੈ।ਸੋਨੀ ਧਾਲੀਵਾਲ ਤੇ ਸਰਪੰਚ ਗੁਰਭੇਜ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਬੀਬੀ ਸਰਬਜੀਤ ਕੌਰ ਦਾ ਚੇਅਰਪਰਸਨ ਬਣਨਾ ਪੂਰੇ ਹਲਕੇ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਦੱਸਿਆ ਕਿ ਇਸ ਜਿੱਤ ਦਾ ਸਿਹਰਾ ਮੁੱਖ ਤੌਰ 'ਤੇ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਨੂੰ ਜਾਂਦਾ ਹੈ, ਜਿਨ੍ਹਾਂ ਦੀ ਲੀਡਰਸ਼ਿਪ ਤੇ ਮਿਹਨਤ ਕਾਰਨ ਪਾਰਟੀ ਨੂੰ ਇਹ ਕਾਮਯਾਬੀ ਮਿਲੀ ਹੈ।ਗੁਰਵੀਰ ਸਰਪੰਚ ਡੇਮਰੂ ਬਲਾਕ ਪ੍ਰਧਾਨ ਯੂਥ ਵਿੰਗ, ਪ੍ਰਦੀਪ ਰੋਡੇ ਯੂਥ ਆਪ ਆਗੂ, ਬੇਅੰਤ ਸਿੰਘ ਰੋਡੇ ਬਲਾਕ ਪ੍ਰਧਾਨ ਕਿਸਾਨ ਵਿੰਗ ਨੇ ਕਿਹਾ ਕਿ ਵਿਧਾਇਕ ਸੁਖਾਨੰਦ ਨੇ ਹਮੇਸ਼ਾ ਹੀ ਹਲਕੇ ਦੇ ਲੋਕਾਂ ਦੇ ਹਿੱਤਾਂ ਨੂੰ ਪਹਿਲ ਦਿੱਤੀ ਹੈ ਤੇ ਹਰ ਵਰਗ ਦੀ ਭਲਾਈ ਲਈ ਕੰਮ ਕੀਤਾ ਹੈ।ਧਾਲੀਵਾਲ ਨੇ ਬੀਬੀ ਸਰਬਜੀਤ ਕੌਰ ਨੂੰ ਚੇਅਰਪਰਸਨ ਬਣਨ 'ਤੇ ਵਧਾਈ ਦਿੰਦਿਆਂ ਕਿਹਾ ਕਿ ਉਹ ਆਪਣੀ ਜ਼ਿੰਮੇਵਾਰੀ ਨੂੰ ਇਮਾਨਦਾਰੀ ਨਾਲ ਨਿਭਾਉਣਗੇ ਤੇ ਹਲਕੇ ਦੇ ਵਿਕਾਸ ਲਈ ਨਵੇਂ ਮਾਪਦੰਡ ਸਥਾਪਤ ਕਰਨਗੇ।ਉਨ੍ਹਾਂ ਆਸ ਜਤਾਈ ਕਿ ਹੁਣ ਬਲਾਕ ਸੰਮਤੀ ਦੇ ਪੱਧਰ 'ਤੇ ਲੋਕ ਭਲਾਈ ਦੇ ਕੰਮਾਂ ਨੂੰ ਹੋਰ ਤੇਜ਼ੀ ਮਿਲੇਗੀ ਤੇ ਹਲਕੇ ਵਿੱਚ ਵਿਕਾਸ ਦੀ ਲਹਿਰ ਹੋਰ ਮਜ਼ਬੂਤ ਹੋਵੇਗੀ।ਅੰਤ ਵਿੱਚ ਸੋਨੀ ਧਾਲੀਵਾਲ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਹਲਕਾ ਬਾਘਾ ਪੁਰਾਣਾ ਵਿਕਾਸ ਦੇ ਮਾਮਲੇ ਵਿੱਚ ਇਕ ਮਿਸਾਲ ਬਣੇਗਾ ਤੇ ਲੋਕਾਂ ਨੂੰ ਹਰ ਸੰਭਵ ਸੁਵਿਧਾ ਮੁਹੱਈਆ ਕਰਵਾਈ ਜਾਵੇਗੀ।ਉਨ੍ਹਾਂ ਪਾਰਟੀ ਵਰਕਰਾਂ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਦੀ ਮਿਹਨਤ ਨਾਲ ਇਹ ਜਿੱਤ ਸੰਭਵ ਹੋਈ ਹੈ।

## ਬਾਬਾ ਮੋਨੀ ਜੀ ਇੰਸਟੀਚਿਊਸ਼ਨ ਦਾ ਬੀ ਏ ਭਾਗ ਪਹਿਲਾ ਦਾ ਨਤੀਜਾ ਸ਼ਾਨਦਾਰ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਬਾਬਾ ਮੋਨੀ ਜੀ ਮਹਾਰਾਜ ਗਰੁੱਪ ਆਫ ਇੰਸਟੀਚਿਊਸ਼ਨ ਲਹਿਰਾ ਮੁਹੱਬਤ ਦਾ ਬੀ. ਏ. ਭਾਗ-1 (ਸਮੈਸਟਰ-2) ਦਾ ਨਤੀਜਾ ਸ਼ਾਨਦਾਰ ਰਿਹਾ। ਵਿਦਿਆਰਥੀਆਂ ਨੇ ਵਧੀਆ ਪ੍ਰਦਰਸ਼ਨ ਕਰਦੇ ਹੋਏ ਕਾਲਜ ਦਾ ਨਾਮ ਰੌਸ਼ਨ ਕੀਤਾ। ਇਸ ਨਤੀਜੇ ਵਿੱਚ ਵਧੀਆ ਅੰਕਾਂ ਨਾਲ ਹਰਮਨਦੀਪ ਕੌਰ ਪੁੱਤਰੀ ਕੁਲਦੀਪ ਸਿੰਘ ਨੇ ਪਹਿਲਾ, ਜਸਪ੍ਰੀਤ ਕੌਰ ਪੁੱਤਰੀ ਜਗਤਾਰ ਸਿੰਘ ਨੇ ਦੂਜਾ ਤੇ ਪਪਨਦੀਪ ਕੌਰ ਪੁੱਤਰੀ ਜਸਕਰਨ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

ਕਾਲਜ ਪ੍ਰਿੰਸੀਪਲ ਤੇ ਸਟਾਫ ਨੇ ਵਿਦਿਆਰਥੀਆਂ ਨੂੰ ਵਧਾਈ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੰਦਿਆਂ ਕਿਹਾ ਕਿ ਵਿਦਿਆਰਥੀਆਂ ਦੀ ਮਿਹਨਤ ਤੇ ਅਧਿਆਪਕਾਂ ਦੀ ਰਹਿਨੁਮਾਈ ਨਾਲ ਹੀ ਇਹ ਸ਼ਾਨਦਾਰ ਨਤੀਜੇ ਸੰਭਵ ਹੋਏ ਹਨ। ਸਮੂਹ ਵਿਦਿਆਰਥੀਆਂ ਨੇ ਵੀ ਟਾਪਰਾਂ ਨੂੰ ਵਧਾਈ ਦਿੱਤੀ। ਇਸ ਉਪਲਬਧੀ ਨਾਲ ਕਾਲਜ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਗਈ।

# 'ਪੰਜਾਬ ਬਚਾਓ ਰੈਲੀ' ਦੀਆਂ ਤਿਆਰੀਆਂ ਮੁਕੰਮਲ, ਸੁਖਬੀਰ ਬਾਦਲ ਅੱਜ ਕਰਨਗੇ ਰੈਲੀ ਨੂੰ ਸੰਬੋਧਨ

**ਜ਼ਿਲ੍ਹਾ ਪ੍ਰਧਾਨ ਰੋਜ਼ੀ ਬਰਕੰਦੀ ਨੇ ਲਿਆ ਤਿਆਰੀਆਂ ਦਾ ਜਾਇਜ਼ਾ**



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਮੁਕਤਸਰ ਸ਼ਹਿਰ ਦੇ ਮਲੋਟ ਰੋਡ ਬਾਈਪਾਸ ਤੇ ਮੇਲਾ ਮਾਘੀ ਕਾਨਫਰੰਸ ਵਾਲੀ ਥਾਂ 'ਤੇ ਹੋਣ ਜਾ ਰਹੀ 'ਪੰਜਾਬ ਬਚਾਓ ਰੈਲੀ' ਦੀਆਂ ਤਿਆਰੀਆਂ ਪੂਰੀਆਂ ਹੋ ਗਈਆਂ ਨੇ ਤੇ ਅੱਜ 6 ਅਪ੍ਰੈਲ ਨੂੰ ਪ੍ਰਧਾਨ ਸੁਖਬੀਰ ਸਿੰਘ ਬਾਦਲ ਰੈਲੀ ਨੂੰ ਸੰਬੋਧਨ ਕਰਨਗੇ।ਇਸ ਸਬੰਧੀ ਐਤਵਾਰ ਨੂੰ ਜ਼ਿਲ੍ਹਾ ਪ੍ਰਧਾਨ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਤਿਆਰੀਆਂ ਦਾ ਜਾਇਜ਼ਾ ਲਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜ਼ਿਲ੍ਹਾ ਪ੍ਰਧਾਨ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਨੇ ਕਿਹਾ ਕਿ 'ਪੰਜਾਬ ਬਚਾਓ ਰੈਲੀ' ਸੂਬੇ ਦੀ ਰਾਜਨੀਤੀ ਵਿੱਚ ਇੱਕ ਨਵਾਂ ਮੋੜ ਸਾਬਿਤ ਹੋਵੇਗੀ।ਉਨ੍ਹਾਂ ਦਾਅਵਾ ਕੀਤਾ ਕਿ ਇਸ ਰੈਲੀ ਰਾਹੀਂ ਪਾਰਟੀ ਨੂੰ ਵੱਡਾ ਜਨ ਸਮਰਥਨ ਮਿਲੇਗਾ, ਜੋ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣ ਵਿੱਚ ਮਦਦਗਾਰ ਸਾਬਿਤ ਹੋਵੇਗਾ।ਇਸ ਪ੍ਰੈੱਸ ਕਾਨਫਰੰਸ ਦੌਰਾਨ ਰੈਲੀ ਦੇ ਪ੍ਰਬੰਧਾਂ, ਮਕਸਦ ਤੇ ਵੱਡੀ ਗਿਣਤੀ ਵਿੱਚ ਲੋਕਾਂ ਦੀ ਸ਼ਮੂਲੀਅਤ ਨੂੰ ਯਕੀਨੀ ਬਣਾਉਣ ਲਈ ਕੀਤੀਆਂ ਜਾ ਰਹੀਆਂ ਤਿਆਰੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ ਗਈ।ਇਸ ਦੇ ਨਾਲ ਹੀ ਪਾਰਟੀ ਵਰਕਰਾਂ ਨੂੰ ਵੱਖ-ਵੱਖ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਤਾਂ ਜੋ ਰੈਲੀ ਨੂੰ ਸਫਲ ਬਣਾਇਆ ਜਾ ਸਕੇ।

ਰੋਜ਼ੀ ਬਰਕੰਦੀ ਨੇ ਕਿਹਾ ਕਿ ਇਸ ਰੈਲੀ ਦਾ ਮੁੱਖ ਉਦੇਸ਼ ਪੰਜਾਬ ਦੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਨੂੰ ਉਜਾਗਰ ਕਰਨਾ ਹੈ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾਂ ਹੀ ਲੋਕ ਪੱਖੀ ਨੀਤੀਆਂ ਲਈ ਵਚਨਬੱਧ ਰਿਹਾ ਹੈ ਤੇ ਇਸ ਮੰਚ ਰਾਹੀਂ ਪਾਰਟੀ ਆਪਣੀ ਭਵਿੱਖੀ ਰਣਨੀਤੀ ਵੀ ਲੋਕਾਂ ਸਾਹਮਣੇ ਰੱਖੇਗੀ। ਉਨ੍ਹਾਂ ਸਮੂਹ ਪਾਰਟੀ ਵਰਕਰਾਂ ਤੇ ਆਮ ਜਨਤਾ ਨੂੰ ਅਪੀਲ ਕੀਤੀ ਕਿ ਵੱਡੀ ਗਿਣਤੀ ਵਿੱਚ 6 ਅਪ੍ਰੈਲ ਨੂੰ ਹੋਣ ਵਾਲੀ ਇਸ ਰੈਲੀ ਵਿੱਚ ਸ਼ਿਰਕਤ ਕਰਨ।ਇਸ ਮੌਕੇ ਆਕਾਸ਼ਦੀਪ ਮਿੱਢੂਖੇੜਾ, ਪੱਪੀ ਥਾਂਦੇਵਾਲਾ, ਬਿੰਦਰ ਗੋਨਿਆਣਾ, ਸੰਜੀਵ ਧੂੜੀਆ, ਮੇਜਰ ਸਿੰਘ ਵਧਾਈ ਸਮੇਤ ਹੋਰ ਵਰਕਰ ਹਾਜ਼ਰ ਸਨ।

# ਜੁਆਇੰਟ ਫੋਰਮ ਏਕਤਾ ਮੰਚ ਦੇ ਸੱਦੇ 'ਤੇ ਬਿਜਲੀ ਮੁਲਾਜ਼ਮਾਂ ਵੱਲੋਂ ਚੇਤਨਾ ਕਨਵੈਨਸ਼ਨ

**10 ਨੂੰ ਪਟਿਆਲਾ ਹੈੱਡ ਆਫਿਸ ਧਰਨੇ 'ਚ ਵੱਡੀ ਗਿਣਤੀ 'ਚ ਸ਼ਾਮਲ ਹੋਣ ਦਾ ਐਲਾਨ**



**ਜਗਰਾਉਂ (ਨਛੱਤਰ ਸੰਧੂ)**-ਪਾਵਰਕਾਮ ਦੀਆਂ ਪ੍ਰਮੁੱਖ ਜਥੇਬੰਦੀਆਂ ਜੁਆਇੰਟ ਫੋਰਮ ਏਕਤਾ ਮੰਚ ਗਰਿੱਡ ਸਬ ਸਟੇਸ਼ਨ ਯੂਨੀਅਨ ਰਜਿ: 24 ਪੈਨਸ਼ਨਰ ਯੂਨੀਅਨ ਏਟਕ ਪੈਨਸ਼ਨਰ ਵੈੱਲਫੇਅਰ ਫੈਡਰੇਸ਼ਨ ਉਕਤ ਸਮੂਹ ਜਥੇਬੰਦੀਆਂ ਦੇ ਸਾਂਝੇ ਮੰਚ ਦੇ ਸੱਦੇ 'ਤੇ ਦਿਹਾਤੀ ਸਰਕਲ ਲੁਧਿਆਣਾ ਦੀ ਕਨਵੈਨਸ਼ਨ ਸਰਕਲ ਪ੍ਰਧਾਨ ਹਰਵਿੰਦਰ ਸਿੰਘ, ਪ੍ਰਧਾਨ ਤਰਲੋਚਨ ਸਿੰਘ, ਪ੍ਰਧਾਨ ਜਸਪ੍ਰੀਤ ਸਿੰਘ ਦੇ ਪ੍ਰਧਾਨਗੀ ਮੰਡਲ ਹੇਠ ਕੀਤੀ ਗਈ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਗਰਿੱਡ ਸਬ ਸਟੇਸ਼ਨ ਯੂਨੀਅਨ ਪੰਜਾਬ ਪ੍ਰਧਾਨ ਜਸਵੀਰ ਸਿੰਘ, ਫੈਡਰੇਸ਼ਨ ਏਟਕ ਸੂਬਾ ਮੀਤ ਪ੍ਰਧਾਨ ਕਰਤਾਰ ਸਿੰਘ, ਜ਼ੋਨ ਕਨਵੀਨਰ ਚਰਨਜੀਤ ਸਿੰਘ, ਟੀ ਐੱਸ ਯੂ ਜ਼ੋਨ ਸਕੱਤਰ ਧਰਮਿੰਦਰ ਸਮੇਤ ਹੋਰ ਆਗੂ ਸ਼ਾਮਲ ਹੋਏ। ਇਸ ਸਮੇਂ ਫੈਡਰੇਸ਼ਨ ਏਟਕ ਵੱਲੋਂ ਸਰਕਲ ਪ੍ਰਧਾਨ ਹਰਵਿੰਦਰ ਸਿੰਘ ਲਾਲੂ, ਜ਼ੋਨ ਆਗੂ ਜਗਮੋਹਣ ਸਿੰਘ ਛੱਜਾਵਾਲ, ਗਗਨਦੀਪ ਸਿੰਘ, ਮਨਜਿੰਦਰ ਸਿੰਘ ਸੋਨਾ, ਸੁਖਦੇਵ ਸਿੰਘ, ਕਰਮਿੰਦਰ ਸਿੰਘ, ਗਰਮੀਤ ਸਿੰਘ, ਖੁਸ਼ਦੀਪ ਸਿੰਘ, ਜਸਵਿੰਦਰ ਸਿੰਘ, ਜਸਪਾਲ ਸਿੰਘ, ਜਰਨੈਲ ਸਿੰਘ, ਗੁਰਮੇਲ ਸਿੰਘ ਵਿਰਕ, ਗੌਰਵ ਭਾਰਦਵਾਜ ਅਤੇ ਟੀ ਐੱਸ ਯੂ ਵੱਲੋਂ ਸਰਕਲ ਪ੍ਰਧਾਨ ਤਰਲੋਚਨ ਸਿੰਘ, ਦਲਜੀਤ ਸਿੰਘ, ਮਨਮੋਹਣ ਸਿੰਘ, ਅਵਤਾਰ ਸਿੰਘ ਕਲੇਰ, ਹਰਵਿੰਦਰ ਸਿੰਘ, ਹਰਪ੍ਰੀਤ ਸਿੰਘ, ਅਵਤਾਰ ਸਿੰਘ ਤੇ ਗਰਿੱਡ ਸਬ ਸਟੇਸ਼ਨ ਯੂਨੀਅਨ ਆਗੂ ਡਵੀਜ਼ਨ ਪ੍ਰਧਾਨ ਕੇਵਲ ਕ੍ਰਿਸ਼ਨ, ਮੀਤ ਪ੍ਰਧਾਨ ਤੇਜਿੰਦਰ ਸਿੰਘ ਸਮੇਤ ਆਗੂ ਸਾਹਿਬਾਨ ਵੱਲੋਂ ਸੰਬੋਧਨ ਕਰਦਿਆਂ ਪਾਵਰਕਾਮ ਮੈਨੇਜਮੈਂਟ ਤੇ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਪੈਂਡਿੰਗ ਮੰਗਾਂ ਲਾਗੂ ਨਾ ਕਰਨ ਦੀ ਨਿੰਦਾ ਕੀਤੀ ਗਈ। ਇਸ ਸਮੇਂ ਕੱਚੇ ਕਾਮੇ ਪੱਕੇ ਕਰਨ, ਪੁਰਾਣੀ ਪੈਨਸ਼ਨ ਬਹਾਲ ਕਰਨ, ਪੈਂਡਿੰਗ ਮਹਿੰਗਾਈ ਭੱਤਾ ਰਿਲੀਜ਼ ਕਰਨ, ਸਕੇਲਾਂ ਦਾ ਬਕਾਇਆ ਯਕਮੁਸ਼ਤ ਦੇਣ, ਨਵੇਂ ਸਹਾਇਕ ਲਾਈਨਮੈਨ ਦੀ ਹੋਈ ਸਹਿਮਤੀ ਮੁਤਾਬਕ ਬੇਸਿਕ ਲਾਗੂ ਕਰਨ, ਨਵੀਂ ਭਰਤੀ ਮੁਲਾਜ਼ਮਾਂ 'ਤੇ ਛੇਵਾਂ ਪੇ ਸਕੇਲ ਦੇਣ, ਖਾਲੀ ਅਸਾਮੀਆਂ ਰੈਗੂਲਰ ਭਰਤੀ ਰਾਹੀਂ ਭਰਨ ਦੀ ਮੰਗ ਕੀਤੀ ਗਈ। ਉਕਤ ਮੰਗਾਂ ਦੀ ਪ੍ਰਾਪਤੀ ਲਈ ਦਿਹਾਤੀ ਸਰਕਲ ਸਮੁੱਚੀ ਮੈਂਬਰਸਿਪ ਵੱਲੋਂ 10 ਅਪ੍ਰੈਲ ਨੂੰ ਹੈੱਡ ਆਫਿਸ ਧਰਨੇ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਗਿਆ।

# ਭਾਈ ਰਣਜੀਤ ਸਿੰਘ ਢੱਡਰੀਆਂ ਵਾਲਿਆਂ ਸਮੇਤ ਦਰਜਨਾਂ ਆਗੂਆਂ ਨੇ ਲਾਲ ਸਿੰਘ ਦੇ ਪਰਵਾਰ ਨਾਲ ਕੀਤਾ ਦੁੱਖ ਸਾਂਝਾ



**ਪਟਿਆਲਾ (ਰਾਜਿੰਦਰ ਸਿੰਘ)**

ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸਾਬਕਾ ਪ੍ਰਧਾਨ ਤੇ ਸਾਬਕਾ ਖ਼ਜ਼ਾਨਾ ਮੰਤਰੀ ਸਵ. ਲਾਲ ਸਿੰਘ ਦੇ ਅਕਾਲ ਚਲਾਣੇ ਤੋਂ ਬਾਅਦ ਉਨ੍ਹਾਂ ਦੇ ਪਟਿਆਲਾ ਸਥਿਤ ਨਿਵਾਸ ਸਥਾਨ 'ਤੇ ਵੱਖ-ਵੱਖ ਰਾਜਸੀ ਪਾਰਟੀਆਂ ਦੇ ਆਗੂਆਂ, ਪ੍ਰਸ਼ਾਸਨਕ ਤੇ ਪੁਲਸ ਅਧਿਕਾਰੀਆਂ ਦਾ ਤਾਂਤਾ ਲੱਗਿਆ ਹੋਇਆ ਹੈ।ਗੁਰਦਵਾਰਾ ਪਰਮੇਸ਼ਵਰ ਦੁਆਰ ਦੇ ਮੁੱਖੀ ਭਾਈ ਰਣਜੀਤ ਸਿੰਘ ਢੱਡਰੀਆਂ ਵਾਲਿਆਂ, ਹਰਦਿਆਲ ਸਿੰਘ ਕੰਬੋਜ ਸਾਬਕਾ ਐੱਮ ਐੱਲ ਏ, ਅਜੀਤ ਸਿੰਘ ਮੋਫ਼ਰ ਸਬਕਾ ਐਮ ਐੱਲ ਏ, ਮੈਡਮ ਪਰਪੀਤ ਬਰਾੜ ਸਾਬਕਾ ਜਰਨਲ ਸਕੱਤਰ ਕਾਂਗਰਸ, ਸੁਖਜੀਤ ਸਿੰਘ ਲੋਹਗੜ੍ਹ ਸਾਬਕਾ ਐੱਮ ਐੱਲ ਏ, ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਰਣਜੋਧ ਹਡਾਣਾ, ਪੀ ਆਰ ਟੀ ਸੀ ਦੇ ਚੇਅਰਮੈਨ ਹਰਪਾਲ ਜੁਨੇਜਾ, ਸ਼ਿਵ ਸੈਨਾ ਆਗੂ ਪਵਨ ਗੁਪਤਾ, ਸੁਖਵਿੰਦਰ ਸਿੰਘ ਡੇਨੀ ਸਾਬਕਾ ਵਿਧਾਇਕ, ਸੁਨੀਲ ਦੱਤੀ, ਸਾਬਕਾ ਵਿਧਾਇਕ ਸ਼੍ਰੋਮਣੀ ਦੇ ਆਗੂ ਐੱਨ ਕੇ ਸ਼ਰਮਾ, ਸਬਕਾ ਵਿਧਾਇਕ ਤਰਸੇਮ ਬਾਂਸਲ, ਸਾਬਕਾ ਜ਼ਿਲ੍ਹਾ ਪ੍ਰਧਾਨ ਕਾਂਗਰਸ ਸਮਸ਼ੇਰ ਸਿੰਘ ਗੋਪਾਲ ਸਵੀਟ ਵਾਲੇ, ਧਰਮ ਸਿੰਘ ਪਹਾੜਪੁਰ, ਸੁਰਿੰਦਰ ਸਿੰਘ ਮਿੱਤਲ, ਹਰਮੇਲ ਸਿੰਘ ਮਕੋਰੜ, ਗੋਪਾਲ ਸਿੰਘ ਸਾਬਕਾ ਸਰਪੰਚ ਹਸਨਪੁਰ ਕੰਬੋਆਂ ਨੇ ਪਹੁੰਚ ਕੇ ਸਵ. ਲਾਲ ਸਿੰਘ ਦੇ ਪੁੱਤਰ ਰਾਜਿੰਦਰ ਸਿੰਘ (ਸਾਬਕਾ ਵਿਧਾਇਕ), ਬੀਬਾ ਰਵਿੰਦਰ ਕੌਰ ਤੇ ਸਮੁੱਚੇ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ।

ਇਸ ਮੌਕੇ ਭਾਈ ਰਣਜੀਤ ਸਿੰਘ ਨੇ ਕਿਹਾ ਕਿ ਸਵ. ਲਾਲ ਸਿੰਘ ਇਕ ਬੁੱਧੀਮਾਨ, ਸਭ ਧਰਮਾਂ ਦਾ ਸਤਿਕਾਰ ਕਰਨ ਵਾਲੇ ਤੇ ਇਕ ਗ਼ੈਰ-ਵਿਵਾਦਤ ਇਨਸਾਨ ਸਨ, ਜਿਨ੍ਹਾਂ ਨੇ ਹਮੇਸ਼ਾ ਪਾਰਟੀਬਾਜ਼ੀ ਤੋਂ ਉਪਰ ਉੱਠ ਕੇ ਲੋਕ ਹਿੱਤਾਂ ਲਈ ਕੰਮ ਕੀਤਾ।ਉਨਾਂ ਕਿਹਾ ਕਿ ਲਾਲ ਸਿੰਘ ਨੇ ਪੰਜਾਬ ਤੇ ਸਮਾਜ ਦੀ ਮਜ਼ਬੂਤੀ ਲਈ ਵੱਡਾ ਯੋਗਦਾਨ ਪਾਇਆ ਤੇ ਉਨ੍ਹਾਂ ਦੇ ਵਿਰੋਧੀ ਨਾਲ ਵੀ ਹਮੇਸ਼ਾ ਸੁਖਾਵੇਂ ਸਬੰਧ ਰਹੇ। ਅਫ਼ਸੋਸ ਪ੍ਰਗਟ ਕਰਨਵਾਲਿਆਂ 'ਚ ਤਰਸੇਮ ਸਿੰਘ ਝੰਡੀ, ਸਾਬਕਾ ਪ੍ਰਧਾਨ ਬਲਾਕ ਸੰਮਤੀ, ਰਣਜੀਤ ਸਿੰਘ ਕੇ ਐੱਸ ਫਾਰਮ ਡਕਾਲਾ, ਰਾਣਾ ਕਾਹਨ ਸਿੰਘ ਮਜਾਲ, ਰਾਜ ਕੁਮਾਰ ਡਕਾਲਾ, ਨਾਇਬ ਸਿੰਘ ਭਾਨਰੀ, ਬਲਾਕ ਪ੍ਰਧਾਨ ਸਰਪੰਚ ਦਵਿੰਦਰ ਸਿੰਘ ਰਾਮਗੜ੍ਹ, ਦਮੋਦਰ ਸਿੰਘ ਸਨੌਰ ਸਮੇਤ ਵੱਡੀ ਗਿਣਤੀ 'ਚ ਪਤਵੰਤੇ ਸੱਜਣ ਸ਼ਾਮਲ ਸਨ।ਲਾਲ ਸਿੰਘ ਦੀ ਅੰਤਿਮ ਅਰਦਾਸ 10 ਅਪ੍ਰੈਲ ਦੁਪਹਿਰ 12 ਵਜੇ ਤੋਂ ਦੁਪਹਿਰ 1 ਵਜੇ ਤੱਕ ਗੁਰਦੁਆਰਾ ਸਾਹਿਬ ਸ਼੍ਰੀ ਮੋਤੀ ਬਾਗ ਪਟਿਆਲਾ ਵਿਖੇ ਹੋਵੇਗੀ।

# ਕਿਸਾਨਾਂ ਵੱਲੋਂ ਮਹਿਲ ਕਲਾਂ 'ਚ ਰੋਸ ਮੁਜ਼ਾਹਰਾ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**

ਭਾਰਤੀ ਕਿਸਾਨ ਯੂਨੀਅਨ (ਸਿੱਧੂਪੁਰ) ਦੀ ਬਲਾਕ ਮਹਿਲ ਕਲਾਂ ਦੀ ਅਗਵਾਈ ਹੇਠ ਮੁੱਖ ਮਾਰਗ ਉਪਰ ਮਹਿਲ ਕਲਾਂ ਵਿਖੇ ਕਿਸਾਨਾਂ ਵੱਲੋਂ ਪੰਜਾਬ ਸਰਕਾਰ ਖਿਲਾਫ਼ ਰੋਸ ਮੁਜ਼ਾਹਰਾ ਕੀਤਾ ਗਿਆ।ਆਗੂਆਂ ਨੇ ਮੁੱਖ ਮੰਤਰੀ ਦੀ ਮੋਗਾ ਰੈਲੀ ਦੌਰਾਨ ਕਿਸਾਨਾਂ ਨੂੰ ਗ੍ਰਿਫ਼ਤਾਰ ਕੀਤੇ ਜਾਣ ਦੇ ਵਿਰੋਧ 'ਚ ਮੁੱਖ ਮੰਤਰੀ ਪੰਜਾਬ ਦੀ ਅਰਥੀ ਫੂਕ ਕੇ ਫੜੇ ਕਿਸਾਨਾਂ ਦੀ ਬਿਨਾਂ ਸ਼ਰਤ ਰਿਹਾਈ ਦੀ ਮੰਗ ਕੀਤੀ।ਇਸ ਮੌਕੇ ਆਗੂਆਂ ਜਸਪਾਲ ਸਿੰਘ ਕਲਾਲ ਮਾਜਰਾ, ਕਰਨੈਲ ਸਿੰਘ ਗਾਂਧੀ, ਨਛੱਤਰ ਸਿੰਘ ਸਹੌਰ, ਸੁਖਵਿੰਦਰ ਸਿੰਘ ਖਿਆਲੀ, ਗਿਆਨ ਸਿੰਘ ਬਾਜਵਾ, ਬਲਵਿੰਦਰ ਸਿੰਘ ਬਿੰਦੂ, ਜਗਪਾਲ ਸਿੰਘ ਸਹਿਜੜਾ ਨੇ ਮੋਗਾ ਰੈਲੀ ਦੌਰਾਨ ਕਿਸਾਨਾਂ ਨੂੰ ਗ੍ਰਿਫ਼ਤਾਰ ਕੀਤੇ ਜਾਣ ਦੀ ਨਿੰਦਾ ਕਰਦਿਆਂ ਕਿਹਾ ਕਿ ਇੱਕ ਪਾਸੇ ਸਰਕਾਰ ਆਪਣੇ ਆਪ ਨੂੰ ਕਿਸਾਨ ਹਿਤੈਸ਼ੀ ਦੱਸਦੀ ਨਹੀਂ ਥੱਕਦੀ, ਜਦ ਕਿ ਦੂਜੇ ਪਾਸੇ ਆਪਣੀਆਂ ਹੱਕੀ ਮੰਗਾਂ ਮੰਗਣ ਵਾਲੇ ਕਿਸਾਨਾਂ ਉੱਤੇ ਲਾਠੀਚਾਰਜ ਤੇ ਗ੍ਰਿਫ਼ਤਾਰ ਕਰਕੇ ਹੱਕ ਸੱਚ ਦੀ ਆਵਾਜ਼ ਨੂੰ ਦਬਾਉਣ ਦਾ ਭਰਮ ਪਾਲਿਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਮੋਗਾ ਰੈਲੀ ਦੌਰਾਨ ਕਿਸਾਨਾਂ ਨੂੰ ਜੇਲ੍ਹਾਂ 'ਚ ਸੁੱਟਣਾ ਸੂਬਾ ਸਰਕਾਰ ਦੀ ਮਾੜੀ ਕਾਰਜਕਾਰੀ ਨੂੰ ਬੇਨਕਾਬ ਕਰਦਾ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਮੌਜੂਦਾ ਸਰਕਾਰ ਦੇ ਕਾਰਜਕਾਲ ਦੌਰਾਨ ਹੱਕਾਂ ਲਈ ਸੰਘਰਸ਼ ਕਰ ਰਹੇ ਕਿਸਾਨਾਂ ਉਪਰ ਅੰਨ੍ਹੇਵਾਹ ਲਾਠੀਚਾਰਜ, ਅੱਥਰੂ ਗੈਸ ਛੱਡਣੀ ਇਕ ਆਮ ਗੱਲ ਬਣ ਗਈ ਹੈ।ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਗ੍ਰਿਫਤਾਰ ਕੀਤੇ ਕਿਸਾਨਾਂ ਨੂੰ ਤੁਰੰਤ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇ। ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਗ੍ਰਿਫਤਾਰ ਕੀਤੇ ਕਿਸਾਨਾਂ ਨੂੰ ਰਿਹਾਅ ਨਾ ਕੀਤਾ ਤਾਂ ਭਾਕਿਯੂ ਸਿੱਧੂਪੁਰ ਵੱਲੋਂ ਆਉਣ ਵਾਲੇ ਸਮੇਂ 'ਚ ਤਿੱਖੇ ਸੰਘਰਸ਼ ਦਾ ਬਿਗੁਲ ਵਜਾਇਆ ਜਾਵੇਗਾ। ਇਸ ਮੌਕੇ ਕਿਸਾਨ ਆਗੂ ਦਰਸ਼ਨ ਸਿੰਘ ਗੰਗੋਹਰ, ਲੱਖਾ ਸਿੰਘ ਮੂੰਮ, ਰਘਬੀਰ ਸਿੰਘ, ਰਣਵੀਰ ਸਿੰਘ ਸਹੌਰ, ਮਹਿੰਦਰ ਸਿੰਘ, ਨਾਇਬ ਸਿੰਘ ਪੰਡੋਰੀ, ਬਲਦੇਵ ਸਿੰਘ ਮੂੰਮ, ਦਰਬਾਰਾ ਸਿੰਘ ਸਹੌਰ ਸਮੇਤ ਹੋਰ ਕਈ ਕਿਸਾਨ ਵਰਕਰ ਹਾਜ਼ਰ ਸਨ।

# ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵੱਲੋਂ ਮੁਫ਼ਤ ਅੱਖਾਂ ਦਾ ਚੈੱਕਅੱਪ ਕੈਂਪ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਪੰਜਾਬ ਦੀ ਕੈਬਨਿਟ ਮੰਤਰੀ ਤੇ ਪ੍ਰਸਿੱਧ ਅੱਖਾਂ ਦੇ ਰੋਗ ਦੀ ਮਾਹਰ ਡਾ. ਬਲਜੀਤ ਕੌਰ ਵੱਲੋਂ ਫਰੀਦਕੋਟ ਦੀ ਬਲਬੀਰ ਬਸਤੀ ਵਿਖੇ ਗੁਰੂ ਰਵਿਦਾਸ ਧਰਮਸ਼ਾਲਾ ਵਿੱਚ ਮੁਫ਼ਤ ਅੱਖਾਂ ਦੇ ਚੈੱਕਅਪ ਕੈਂਪ ਲਾਇਆ ਗਿਆ।ਇਹ ਕੈਂਪ ਲਾਇਨਜ਼ ਕਲੱਬ ਸ੍ਰੀ ਮੁਕਤਸਰ ਸਾਹਿਬ ਦੇ ਸਹਿਯੋਗ ਨਾਲ ਲਗਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਮਰੀਜ਼ਾਂ ਨੇ ਪਹੁੰਚ ਕੇ ਆਪਣੀਆਂ ਅੱਖਾਂ ਦੀ ਜਾਂਚ ਕਰਵਾਈ।ਇਸ ਮੌਕੇ ਡਾ. ਬਲਜੀਤ ਕੌਰ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਅੱਖਾਂ ਨਾਲ ਸੰਬੰਧਤ ਬਿਮਾਰੀਆਂ ਜਿਵੇਂ ਚਿੱਟਾ ਮੋਤੀਆ, ਕਾਲਾ ਮੋਤੀਆ ਤੇ ਨਜ਼ਰ ਦੀ ਕਮੀ ਆਮ ਹੋ ਰਹੀ ਹੈ, ਜਿਸ ਕਰਕੇ ਸਮੇਂ-ਸਿਰ ਜਾਂਚ ਤੇ ਇਲਾਜ ਬਹੁਤ ਜ਼ਰੂਰੀ ਹੈ।ਉਨ੍ਹਾਂ ਦੱਸਿਆ ਕਿ ਇਸ ਕੈਂਪ ਦੌਰਾਨ ਮਰੀਜ਼ਾਂ ਦੀਆਂ ਅੱਖਾਂ ਦੀ ਵਿਸਥਾਰ ਨਾਲ ਜਾਂਚ ਕੀਤੀ ਗਈ ਤੇ ਜ਼ਰੂਰਤ ਅਨੁਸਾਰ ਮੁਫ਼ਤ ਦਵਾਈਆਂ ਤੇ ਐਨਕਾਂ ਵੀ ਵੰਡੀਆਂ ਗਈਆਂ।ਜਿਨ੍ਹਾਂ ਮਰੀਜ਼ਾਂ ਨੂੰ ਆਪ੍ਰੇਸ਼ਨ ਦੀ ਲੋੜ ਹੋਵੇਗੀ, ਉਨ੍ਹਾਂ ਦੇ ਟੈਸਟ ਕਰਕੇ ਆਪ੍ਰੇਸ਼ਨ ਲਈ ਸਮਾਂ ਦਿੱਤਾ ਜਾਵੇਗਾ ਤੇ ਲੋੜ ਅਨੁਸਾਰ ਲੈਂਜ਼ ਲਗਾਏ ਜਾਣਗੇ।ਉਨ੍ਹਾਂ ਕਿਹਾ ਕਿ ਇਹ ਸਾਰੀ ਸਹੂਲਤ ਮਰੀਜ਼ਾਂ ਨੂੰ ਬਿਲਕੁਲ ਮੁਫ਼ਤ ਮੁਹੱਈਆ ਕਰਵਾਈ ਜਾ ਰਹੀ ਹੈ।ਇਸ ਮੌਕੇ ਲਾਇਨਜ਼ ਕਲੱਬ ਸ੍ਰੀ ਮੁਕਤਸਰ ਸਾਹਿਬ ਦੇ ਪ੍ਰਧਾਨ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਆਪਣੇ ਪਿਤਾ ਦੀ ਯਾਦ ਵਿੱਚ ਇਹ ਕੈਂਪ ਲਗਾਇਆ ਗਿਆ ਹੈ ਤੇ ਕਲੱਬ ਵੱਲੋਂ ਲੋਕ ਸੇਵਾ ਦੇ ਕੰਮ ਲਗਾਤਾਰ ਜਾਰੀ ਰਹਿਣਗੇ।ਕੈਂਪ ਦੌਰਾਨ ਇਲਾਜ ਕਰਵਾਉਣ ਆਏ ਮਰੀਜ਼ਾਂ ਨੇ ਪੰਜਾਬ ਸਰਕਾਰ ਤੇ ਡਾ. ਬਲਜੀਤ ਕੌਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਮੁਫ਼ਤ ਇਲਾਜ ਦੀ ਸਹੂਲਤ ਮਿਲੀ ਹੈ, ਜਿਸ ਨਾਲ ਉਨ੍ਹਾਂ ਨੂੰ ਵੱਡਾ ਲਾਭ ਹੋਇਆ ਹੈ।ਇਸ ਮੌਕੇ ਸਿਵਲ ਹਸਪਤਾਲ ਦੀ ਡਾਕਟਰਾਂ ਦੀ ਟੀਮ ਤੇ ਹੋਰ ਸਟਾਫ ਵੀ ਮੌਜੂਦ ਰਿਹਾ।

# ਬਰਸਟ ਨੇ 7 ਕਰੋੜ ਦੇ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ



**ਸਮਾਣਾ (ਇਕਬਾਲ ਸਿੰਘ ਬੱਲ)**-ਪੰਜਾਬ ਦੇ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਵਿੱਚ ਵਿਕਾਸ ਕਾਰਜਾਂ ਦੀ ਹਨੇਰੀ ਚੱਲ ਰਹੀ ਹੈ।ਪੰਜਾਬ ਸਰਕਾਰ ਵੱਲੋਂ ਪਿੰਡਾਂ ਦੀਆਂ ਲਿੰਕ ਸੜਕਾਂ ਦੇ ਨਵੀਨੀਕਰਨ ਤੇ ਮੁਰੰਮਤ ਦੇ ਕੰਮ ਤੇਜ਼ੀ ਨਾਲ ਕੀਤੇ ਜਾ ਰਹੇ ਹਨ, ਤਾਂ ਜੋ ਪਿੰਡ ਵਾਸੀਆਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ੍. ਹਰਚੰਦ ਸਿੰਘ ਬਰਸਟ ਚੇਅਰਮੈਨ, ਪੰਜਾਬ ਮੰਡੀ ਬੋਰਡ ਤੇ ਸੂਬਾ ਜਨਰਲ ਸਕੱਤਰ, ਆਮ ਆਦਮੀ ਪਾਰਟੀ, ਪੰਜਾਬ ਵੱਲੋਂ ਹਲਕਾ ਸਮਾਣਾ ਵਿਖੇ ਲਗਭਗ 7 ਕਰੋੜ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਦਿਆਂ ਕੀਤਾ ਗਿਆ।ਇਸ ਮਗਰੋਂ ਸ੍. ਬਰਸਟ ਵੱਲੋਂ ਸਮਾਣਾ ਦਫ਼ਤਰ ਵਿਖੇ ਲੋਕ ਮਿਲਣੀ ਦੌਰਾਨ ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ ਸਮੇਤ ਵੱਡੀ ਗਿਣਤੀ 'ਚ ਪਹੁੰਚੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ, ਜਿਨ੍ਹਾਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਗਿਆ।

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਸਮਾਣਾ ਭਵਾਨੀਗੜ੍ਹ ਰੋਡ ਤੋਂ ਬੱਲਮਗੜ੍ਹ ਵਾਇਆ ਕੁਲਾਰਾਂ ਨਾਲ ਲਿੰਕ ਭੇਡਪੁਰੀ, ਦੋਦੜਾ ਸੜਕ ਦੇ ਨਿਰਮਾਣ ਕਾਰਜਾਂ ਦਾ ਉਦਘਾਟਨ ਕੀਤਾ ਗਿਆ।ਇਹ 10.80 ਕਿਲੋਮੀਟਰ ਲੰਬਾਈ ਵਾਲੀ ਸੜਕ ਕਰੀਬ 4.30 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਵੇਗੀ।ਇਸੇ ਤਰ੍ਹਾਂ ਸਮਾਣਾ-ਭਵਾਨੀਗੜ੍ਹ ਰੋਡ ਤੋਂ ਹਾਈ ਸਕੂਲ ਆਫ਼ ਐਮੀਨੈਂਸ ਮਾਰਕਿਟ ਕਮੇਟੀ ਸਮਾਣਾ ਵਾਇਆ ਸੇਂਟ ਥਰੇਸਾ ਸਕੂਲ ਜਾਣ ਵਾਲੀ 4.13 ਕਿਲੋਮੀਟਰ ਲੰਬਾਈ ਵਾਲੀ ਸੜਕ ਬਣਾਉਣ ਦਾ ਕੰਮ ਵੀ ਸ਼ੁਰੂ ਕਰਵਾਇਆ ਗਿਆ, ਜਿਸ ਨੂੰ 10 ਫੁੱਟ ਤੋਂ 18 ਫੁੱਟ ਚੌੜਾ ਕੀਤਾ ਜਾਵੇਗਾ। ਇਹ ਸੜਕ ਲਗਭਗ 2.86 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਵੇਗੀ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਨੂੰ ਆਵਾਜਾਈ ਲਈ ਚੰਗੀਆਂ ਸੜਕਾਂ ਮੁਹੱਈਆ ਕਰਵਾਉਣਾ ਹੈ, ਜਿਸ ਦੇ ਤਹਿਤ ਸੂਬੇ ਦੀਆਂ ਸੜਕਾਂ ਦੇ ਨਵੀਨੀਕਰਨ ਤੇ ਮੁਰੰਮਤ ਦੇ ਕਾਰਜਾਂ ਨੂੰ ਤੇਜ਼ੀ ਨਾਲ ਪੂਰਾ ਕੀਤਾ ਜਾ ਰਿਹਾ ਹੈ।ਸ੍. ਬਰਸਟ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਸੂਬੇ ਤੇ ਹਲਕਾ ਸਮਾਣਾ ਦੇ ਵਿਕਾਸ ਵਿੱਚ ਕਿਸੇ ਕਿਸਮ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਇਸ ਮੌਕੇ ਸਮੂਹ ਪਿੰਡ ਵਾਸੀਆਂ ਵੱਲੋਂ ਪੰਜਾਬ ਸਰਕਾਰ ਦੇ ਵਿਕਾਸਕਾਰੀ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ ਗਈ ਤੇ ਸ. ਹਰਚੰਦ ਸਿੰਘ ਬਰਸਟ ਦਾ ਦਿਲੋਂ ਧੰਨਵਾਦ ਕੀਤਾ ਗਿਆ।

# ਬੁੱਢਾ ਨਾਲਾ ਤੇ ਫੈਕਟਰੀਆਂ ਦੇ ਜ਼ਹਿਰੀਲੇ ਪਾਣੀ ਨਾਲ ਹਰੀਕੇ ਹੈੱਡ 'ਚ ਲੱਖਾਂ ਮੱਛੀਆਂ ਦੀ ਮੌਤ

## ■ ਫੈਕਟਰੀ ਮਾਲਕਾਂ 'ਤੇ ਹੋਵੇ ਹੱਤਿਆ ਦਾ ਪਰਚਾ ਦਰਜ : ਸੁੱਖ ਗਿੱਲ ਮੋਗਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਦੇ ਹਰੀਕੇ ਹੈੱਡ 'ਤੇ ਸਤਲੁਜ ਦਰਿਆ ਵਿੱਚ ਲੱਖਾਂ ਦੀ ਗਿਣਤੀ ਵਿੱਚ ਮੱਛੀਆਂ ਮਰੀਆਂ ਮਿਲਣ ਕਾਰਨ ਇਲਾਕੇ ਵਿੱਚ ਚਿੰਤਾ ਤੇ ਗੁੱਸੇ ਦਾ ਮਾਹੌਲ ਬਣ ਗਿਆ ਹੈ। ਕਿਸਾਨ ਆਗੂਆਂ ਤੇ ਵਾਤਾਵਰਣ ਪ੍ਰੇਮੀਆਂ ਨੇ ਇਸ ਘਟਨਾ ਲਈ ਦਰਿਆ ਵਿੱਚ ਛੱਡੇ ਜਾ ਰਹੇ ਗੰਦੇ ਪਾਣੀ ਨੂੰ ਮੁੱਖ ਕਾਰਨ ਦੱਸਿਆ ਹੈ। ਸੁੱਖ ਗਿੱਲ ਮੋਗਾ ਸੂਬਾ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਤੋਤੇਵਾਲ ਆਗੂ ਅਜ਼ਾਦ ਕਿਸਾਨ ਮੋਰਚਾ ਪੰਜਾਬ ਨੇ ਕਿਹਾ ਕਿ ਫੈਕਟਰੀਆਂ ਵੱਲੋਂ ਛੱਡਿਆ ਜਾ ਰਿਹਾ ਗੰਦਾ ਪਾਣੀ ਤੇ ਲੁਧਿਆਣਾ ਦੇ ਬੁੱਢੇ ਨਾਲੇ ਦਾ ਗੰਦ ਅਤੇ ਜ਼ਹਿਰੀਲਾ ਪਾਣੀ ਦਰਿਆ ਵਿੱਚ ਪੈਣ ਕਾਰਨ ਜਲ ਜੀਵਨ ਨੂੰ ਭਾਰੀ ਨੁਕਸਾਨ ਪਹੁੰਚ ਰਿਹਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਇਸ ਸਾਰੀ ਸਥਿਤੀ ਲਈ ਪੰਜਾਬ ਸਰਕਾਰ ਜ਼ਿੰਮੇਵਾਰ ਹੈ, ਜੋ ਕਿ ਦਰਿਆ ਪ੍ਰਦੂਸ਼ਣ ਨੂੰ ਰੋਕਣ ਵਿੱਚ ਅਸਫਲ ਰਹੀ ਹੈ। ਆਗੂਆਂ ਨੇ ਮੰਗ ਕੀਤੀ ਕਿ ਤੁਰੰਤ ਪ੍ਰਭਾਵ ਨਾਲ ਗੰਦੇ ਪਾਣੀ ਨੂੰ ਦਰਿਆ ਵਿੱਚ ਪਾਉਣਾ ਬੰਦ ਕੀਤਾ ਜਾਵੇ ਤੇ ਫੈਕਟਰੀ ਮਾਲਕ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ। ਸੁੱਖ ਗਿੱਲ ਨੇ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਜਲਦੀ ਕੋਈ ਢੁੱਕਵੇਂ ਕਦਮ ਨਾ ਚੁੱਕੇ ਗਏ ਤਾਂ ਆਉਣ ਵਾਲੇ ਦਿਨਾਂ ਵਿੱਚ ਵੱਡਾ ਸੰਘਰਸ਼ ਸ਼ੁਰੂ ਕੀਤਾ ਜਾਵੇਗਾ। ਇਸ ਘਟਨਾ ਨੇ ਸਤਲੁਜ ਦਰਿਆ ਦੀ ਸਫ਼ਾਈ ਤੇ ਵਾਤਾਵਰਣ ਸੰਭਾਲ ਨੂੰ ਲੈ ਕੇ ਫਿਰ ਇੱਕ ਵਾਰ ਗੰਭੀਰ ਚਰਚਾ ਛੇੜ ਦਿੱਤੀ ਹੈ। ਇਸ ਮੌਕੇ ਬਲਵਿੰਦਰ ਸਿੰਘ ਸੰਧੂ ਕੋਰ ਕਮੇਟੀ ਮੈਂਬਰ ਪੰਜਾਬ, ਗੁਰਚਰਨ ਸਿੰਘ ਤੋਤੇਵਾਲ ਜ਼ਿਲ੍ਹਾ ਪ੍ਰਧਾਨ ਮੋਗਾ, ਰਾਜਾ ਸੰਧੂ, ਸੁੱਖ ਮੱਲ੍ਹੀ ਮੈਂਬਰ ਕੋਰ ਕਮੇਟੀ ਪੰਜਾਬ, ਦਲਜੀਤ ਸਿੰਘ ਸਰਪੰਚ ਜਨਰਲ ਸਕੱਤਰ ਪੰਜਾਬ, ਪਿੱਪਲ ਸਿੰਘ ਕੋਟ ਸਦਰ ਖਾਂ ਕੋਰ ਕਮੇਟੀ ਮੈਂਬਰ ਪੰਜਾਬ, ਗੁਰਪ੍ਰੀਤ ਸਿੰਘ ਫਿਰੋਜ਼ਸ਼ਾਹ, ਤਰਨਜੀਤ ਸਿੰਘ ਗਿੱਲ ਕਰਮੂੰਵਾਲਾ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ, ਗੁਰਮੇਜ ਸਿੰਘ ਕਰਮੂੰਵਾਲਾ ਮੈਂਬਰ ਕੋਰ ਕਮੇਟੀ ਪੰਜਾਬ, ਕੁਲਜੀਤ ਸਿੰਘ ਰੌਂਤਾ ਯੂਥ ਪ੍ਰਧਾਨ ਮੋਗਾ, ਚੰਦਨਦੀਪ ਸਿੰਘ ਰੌਂਤਾ ਬਲਾਕ ਪ੍ਰਧਾਨ ਨਿਹਾਲ ਸਿੰਘ ਵਾਲਾ, ਬੋਹੜ ਸਿੰਘ ਇਕਾਈ ਪ੍ਰਧਾਨ ਦਾਨੇਵਾਲਾ ਹਾਜ਼ਰ ਸਨ ।

# ਸ੍ਰੀ ਰਾਮ ਕਾਲਜ ਡੱਲਾ ਵਿਖੇ ਵਿਦਾਇਗੀ ਪਾਰਟੀ




**ਹਠੂਰ (ਨਛੱਤਰ ਸੰਧੂ)**-ਸ੍ਰੀ ਰਾਮ ਕਾਲਜ ਡੱਲਾ ਵਿਖੇ ਵਿਦਾਇਗੀ ਪਾਰਟੀ ਕਰਵਾਈ ਗਈ। ਕਾਲਜ ਦੇ ਪ੍ਰਿੰਸੀਪਲ ਪ੍ਰਭਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਬੀ ਏ ਭਾਗ ਤੀਜਾ, ਐੱਮ ਏ ਭਾਗ ਦੂਜਾ ਤੇ ਪੀ.ਜੀ.ਡੀ.ਸੀ.ਏ. ਦੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਜੂਨੀਅਰਜ਼ ਵੱਲੋਂ ਵਿਦਾਇਗੀ ਪਾਰਟੀ ਦਿੱਤੀ ਗਈ।ਜੂਨੀਅਰ ਵਿਦਿਆਰਥੀਆਂ ਵੱਲੋਂ ਕਾਲਜ 'ਚੋਂ ਪੜ੍ਹਾਈ ਪੂਰੀ ਕਰਨ ਵਾਲੇ ਵਿਦਿਆਰਥੀਆਂ ਨੂੰ ਅੱਗੋਂ ਹੋਰ ਬੁਲੰਦੀਆਂ ਪ੍ਰਾਪਤ ਕਰਨ ਦੀਆਂ ਸ਼ੁਭ-ਕਾਮਨਾਵਾਂ ਵੀ ਦਿੱਤੀਆਂ ਗਈਆਂ।ਇਸ ਪਾਰਟੀ ਨੂੰ ਖੁਸ਼ਨੁਮਾ ਬਣਾਉਣ ਲਈ ਜੂਨੀਅਰ ਵਿਦਿਆਰਥੀਆਂ ਵੱਲੋਂ ਆਪਣੇ ਸੀਨੀਅਰ ਵਿਦਿਆਰਥੀਆਂ ਲਈ ਰੰਗਾਰੰਗ ਪ੍ਰੋਗਰਾਮ ਵੀ ਤਿਆਰ ਕੀਤਾ ਗਿਆ।ਇਸ ਵਿੱਚ ਗੀਤ ਸਮੂਹ ਨਾਚ, ਗਿੱਧਾ, ਭੰਗੜਾ, ਸ਼ੇਅਰੋ ਸ਼ਾਇਰੀ ਆਦਿ ਦੇ ਨਾਲ ਨਾਲ ਸੀਨੀਅਰ ਵਿਦਿਆਰਥੀਆਂ ਤੋਂ ਮਾਡਲਿੰਗ ਵੀ ਕਰਵਾਈ ਗਈ।ਇਸ ਵਿੱਚ ਤਿੰਨ ਰਾਊਂਡ ਰੱਖੇ ਗਏ।ਪਹਿਲਾ ਰਾਊਂਡ ਮਾਡਲਿੰਗ ਤੇ ਆਪਣੀ ਜਾਣ ਪਛਾਣ ਨਾਲ ਸੰਬੰਧਤ ਸੀ।ਦੂਜਾ ਰਾਊਂਡ ਪ੍ਰਤੀਭਾਗੀਆਂ ਦੀ ਪ੍ਰਤਿਭਾ ਨਾਲ ਸੰਬੰਧਤ ਮੁਕਾਬਲਾ ਸੀ। ਤੀਜਾ ਰਾਊਂਡ ਪ੍ਰਸ਼ਨ ਉੱਤਰੀ ਰਾਊਂਡ ਸੀ।ਇਨ੍ਹਾਂ ਤਿੰਨਾਂ ਰਾਊਂਡ ਵਿੱਚੋਂ ਅੱਵਲ ਰਹਿਣ ਵਾਲੇ ਇੱਕ ਲੜਕੀ ਤੇ ਇੱਕ ਲੜਕੇ ਨੂੰ ਮਿਸ ਫੇਅਰਵੈੱਲ ਤੇ ਮਿਸਟਰ ਫੇਅਰਵੈੱਲ ਚੁਣਿਆ ਗਿਆ।ਇਨ੍ਹਾਂ ਮੁਕਾਬਲਿਆਂ ਵਿੱਚੋਂ ਮਿਸ ਫੇਅਰਵੈੱਲ ਦਾ ਖਿਤਾਬ ਬੀ. ਕਾਮ ਭਾਗ ਤੀਜਾ ਦੀ ਵਿਦਿਆਰਥਣ ਕਿਰਨਜੀਤ ਕੌਰ ਤੇ ਮਿਸਟਰ ਫੇਅਰਵੈੱਲ ਦਾ ਖਿਤਾਬ ਬੀ. ਕਾਮ ਭਾਗ ਤੀਜਾ ਦੇ ਵਿਦਿਆਰਥੀ ਨਵਜੋਤ ਸਿੰਘ ਨੇ ਜਿੱਤਿਆ।ਕਾਲਜ ਦੇ ਪ੍ਰਿੰਸੀਪਲ ਪ੍ਰਭਜੀਤ ਸਿੰਘ ਨੇ ਮਿਸ ਫੇਅਰਵੈੱਲ ਤੇ ਮਿਸਟਰ ਫੇਅਰਵੈੱਲ ਨੂੰ ਵਧਾਈਆਂ ਦਿੰਦਿਆਂ ਸਾਰੇ ਹੀ ਵਿਦਿਆਰਥੀਆਂ ਨੂੰ ਅਗਾਂਹ ਵੀ ਚੰਗੇਰੇ ਭਵਿੱਖ ਲਈ ਹੋਰ ਉਸਾਰੂ ਪੁਲਾਂਘਾਂ ਪੁੱਟਣ ਲਈ ਸ਼ੁਭ-ਕਾਮਨਾਵਾਂ ਦਿੱਤੀਆਂ।ਅੰਤ 'ਚ ਸੀਨੀਅਰ ਵਿਦਿਆਰਥੀਆਂ ਵੱਲੋਂ ਪ੍ਰਿੰਸੀਪਲ ਅਧਿਆਪਕਾਂ ਤੇ ਆਪਣੇ ਜੂਨੀਅਰ ਵਿਦਿਆਰਥੀ ਸਾਥੀਆਂ ਦਾ ਧੰਨਵਾਦ ਕਰਦੇ ਹੋਏ ਆਪਣੇ ਅਧਿਆਪਕਾਂ ਦੇ ਦੱਸੇ ਰਸਤਿਆਂ 'ਤੇ ਚੱਲਣ ਦਾ ਵਾਅਦਾ ਕੀਤਾ।ਇਸ ਤਰ੍ਹਾਂ ਇਹ ਦਿਨ ਯਾਦਗਾਰ ਹੋ ਨਿੱਬੜਿਆ।

# ਬੀ ਐੱਫ ਜੀ ਆਈ ਵਿਖੇ 'ਯੁੱਧ ਨਸ਼ਿਆਂ ਵਿਰੁੱਧ' ਵਿਸ਼ੇਸ਼ ਪ੍ਰੋਗਰਾਮ ਕਰਵਾਇਆ



**ਬਠਿੰਡਾ (ਪਰਵਿੰਦਰ ਜੀਤ ਸਿੰਘ)**
ਬਾਬਾ ਫ਼ਰੀਦ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਬਠਿੰਡਾ (ਬੀ ਐੱਫ ਜੀ ਆਈ) ਦੇ ਸੈਂਟਰ ਫਾਰ ਸਟੂਡੈਂਟ ਵੈੱਲਫੇਅਰ ਵੱਲੋਂ ਪੰਜਾਬ ਪੁਲਸ ਬਠਿੰਡਾ ਦੇ ਸਹਿਯੋਗ ਨਾਲ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਇੱਕ ਵਿਸ਼ੇਸ਼ ਪ੍ਰੋਗਰਾਮ ਕੀਤਾ ਗਿਆ, ਜਿਸ ਵਿੱਚ ਡੀ.ਜੀ.ਪੀ. ਡਾ. ਜਤਿੰਦਰ ਜੈਨ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਉਨ੍ਹਾਂ ਨਾਲ ਡੀ ਆਈ ਬਠਿੰਡਾ ਰੇਂਜ ਸ੍. ਹਰਜੀਤ ਸਿੰਘ (ਆਈ ਪੀ ਐੱਸ), ਐੱਸ ਐੱਸ ਪੀ ਬਠਿੰਡਾ ਡਾ. ਜਯੋਤੀ ਯਾਦਵ ਬੈਂਸ (ਆਈ.ਪੀ.ਐੱਸ.), ਡੀ ਐੱਸ ਪੀ ਬਠਿੰਡਾ ਰੂਰਲ ਸ੍. ਹਰਵਿੰਦਰ ਸਿੰਘ ਸਰਾਂ (ਪੀ ਪੀ ਐੱਸ), ਡੀ.ਐੱਸ.ਪੀ. ਐੱਨ ਡੀ ਪੀ ਐੱਸ, ਬਠਿੰਡਾ ਸ੍. ਗੁਰਪ੍ਰੀਤ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ।ਬਾਬਾ ਫ਼ਰੀਦ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਬਠਿੰਡਾ ਦੇ ਚੇਅਰਮੈਨ ਡਾ. ਗੁਰਮੀਤ ਸਿੰਘ ਧਾਲੀਵਾਲ ਨੇ ਮੁੱਖ ਮਹਿਮਾਨ ਤੇ ਆਏ ਹੋਏ ਹੋਰਨਾਂ ਪਤਵੰਤਿਆਂ ਨੂੰ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਜੀ ਆਇਆਂ ਆਖਿਆ। ਡਾ. ਗੁਰਮੀਤ ਸਿੰਘ ਧਾਲੀਵਾਲ ਨੇ ਆਪਣੇ ਭਾਸ਼ਣ ਦੌਰਾਨ ਪੰਜਾਬ ਸਰਕਾਰ ਦੁਆਰਾ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਤਾਰੀਫ਼ ਕਰਦਿਆ ਬੀ.ਐੱਫ.ਜੀ.ਆਈ. ਵੱਲੋਂ ਪੰਜਾਬ ਪੁਲਸ ਨੂੰ ਇਸ ਮੁਹਿੰਮ ਦੀ ਸਫਲਤਾ ਲਈ ਹਰ ਸੰਭਵ ਸਹਾਇਤਾ ਦੇਣ ਦਾ ਭਰੋਸਾ ਦਿੱਤਾ। ਐੱਸ.ਐੱਸ.ਪੀ. ਬਠਿੰਡਾ ਡਾ. ਜਯੋਤੀ ਯਾਦਵ ਬੈਂਸ ਨੇ ਸੈਮੀਨਾਰ ਹਾਲ ਵਿੱਚ ਮੌਜੂਦ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਸ਼ੇ ਨਾਲ ਜਿੱਥੇ ਇੱਕ ਵਿਅਕਤੀ ਦਾ ਨਿੱਜੀ ਨੁਕਸਾਨ ਹੁੰਦਾ ਹੈ, ਉੱਥੇ ਹੀ ਪਰਿਵਾਰ, ਸਮਾਜ ਤੇ ਰਾਸ਼ਟਰ ਨੂੰ ਵੀ ਭਾਰੀ ਨੁਕਸਾਨ ਹੁੰਦਾ ਹੈ।ਇਸ ਲਈ ਸਾਨੂੰ ਰਾਸ਼ਟਰ ਨਿਰਮਾਣ ਪ੍ਰਤੀ ਆਪਣਾ ਫਰਜ਼ ਨਿਭਾਉਂਦਿਆਂ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਆਪਣੀ ਬਣਦੀ ਭੂਮਿਕਾ ਨਿਭਾਉਣ ਦਾ ਅਹਿਦ ਕਰਨਾ ਚਾਹੀਦਾ ਹੈ। ਡੀ.ਜੀ.ਪੀ. ਜਤਿੰਦਰ ਜੈਨ ਨੇ ਕਿਹਾ ਕਿ ਦੇਸ਼ ਦੇ ਹਰ ਨਾਗਰਿਕ ਦਾ ਫਰਜ਼ ਹੈ ਕਿ ਉਹ ਸਮਾਜ ਤੇ ਰਾਸ਼ਟਰ ਵਿਰੋਧੀ ਗਤੀਵਿਧੀਆਂ ਦੀ ਤੁਰੰਤ ਜਾਣਕਾਰੀ ਪੁਲਸ ਨੂੰ ਦੇਵੇ ਤਾਂ ਜੋ ਗਲਤ ਅਨਸਰਾਂ ਨੂੰ ਸਮਾਂ ਰਹਿੰਦੇ ਨੱਥ ਪਾਈ ਜਾ ਸਕੇ।ਇਸ ਤੋਂ ਇਲਾਵਾ ਉਨ੍ਹਾਂ ਵਿਦਿਆਰਥੀਆਂ ਨੂੰ ਮਨ ਲਾ ਕੇ ਪੜ੍ਹਾਈ ਕਰਨ ਲਈ ਪ੍ਰੇਰਦਿਆਂ ਨਸ਼ਿਆਂ ਤੋਂ ਦੂਰ ਰਹਿਣ ਲਈ ਕਿਹਾ।

ਇਸ ਤੋਂ ਇਲਾਵਾ ਬੀ ਐੱਫ ਜੀ ਆਈ ਦੇ ਡਿਪਟੀ ਡਾਇਰੈਕਟਰ (ਕੈਰੀਅਰ ਗਾਇਡੈਂਸ ਐਂਡ ਕੌਂਸਲਿੰਗ) ਸ੍ਰੀ ਬੀ. ਡੀ. ਸ਼ਰਮਾ ਤੇ ਡੀ. ਐੱਸ. ਪੀ. ਗੁਰਪ੍ਰੀਤ ਸਿੰਘ ਨੇ ਵੀ ਸੰਬੋਧਨ ਕੀਤਾ। ਪ੍ਰੋਗਰਾਮ ਦੇ ਅਖੀਰ ਵਿੱਚ ਆਏ ਹੋਏ ਮਹਿਮਾਨਾਂ ਨੂੰ ਚੇਅਰਮੈਨ ਡਾ. ਗੁਰਮੀਤ ਸਿੰਘ ਧਾਲੀਵਾਲ ਤੇ ਪ੍ਰਬੰਧਕਾਂ ਵੱਲੋਂ ਸਨਮਾਨ ਚਿੰਨ੍ਹ ਭੇਟ ਕੀਤੇ ਗਏ।

# 'ਨਵਜਾਤ ਬੱਚਿਆਂ 'ਚ ਨਿਊਰੋਲੋਜੀਕਲ ਬਿਮਾਰੀਆਂ' ਵਿਸ਼ੇ 'ਤੇ ਵਰਕਸ਼ਾਪ



**ਸਮਰਾਲਾ (ਸੁਰਜੀਤ ਸਿੰਘ)**
ਪੀ ਜੀ ਆਈ ਦੇ ਐਡਵਾਂਸਡ ਪੀਡੀਐਟ੍ਰਿਕ ਸੈਂਟਰ ਦੇ ਆਡੀਟੋਰੀਅਮ ਵਿੱਚ ਡਾਇਰੈਕਟਰ ਪ੍ਰੋ. ਵਿਵੇਕ ਲਾਲ ਨੇ ਨਵਜਾਤ ਬੱਚਿਆਂ ਦੀਆਂ ਨਿਊਰੋਲੌਜੀਕਲ ਬਿਮਾਰੀਆਂ ਨਾਲ ਸਬੰਧਤ ਵਰਕਸ਼ਾਪ ਦਾ ਉਦਘਾਟਨ ਕੀਤਾ।ਪੀਜੀਆਈ ਦੇ ਪੀਡੀਐਟ੍ਰਿਕਸ ਤੇ ਨਿਓਨੇਟੋਲੋਜੀ ਦੇ ਪੂਰਵ ਮੁਖੀ ਪ੍ਰੋ. ਓ. ਐੱਨ. ਭਾਖੂ ਵੀ ਇਸ ਮੌਕੇ ਹਾਜ਼ਰ ਰਹੇ।ਪ੍ਰੋ. ਵਿਵੇਕ ਲਾਲ, ਜੋ ਖੁਦ ਇੱਕ ਮਾਹਰ ਐਡਲਟ ਨਿਊਰੋਲੋਜਿਸਟ ਹਨ, ਨੇ ਨਿਓਨੇਟੋਲੋਜੀ ਯੂਨਿਟ ਦੀ ਇਸ ਚੁਣੌਤੀਪੂਰਨ ਵਿਸ਼ੇ 'ਤੇ ਵਰਕਸ਼ਾਪ ਕਰਵਾਉਣ ਲਈ ਪ੍ਰਸੰਸਾ ਕੀਤੀ।ਉਨ੍ਹਾਂ ਆਪਣੇ ਤਜਰਬੇ ਸਾਂਝੇ ਕਰਦਿਆਂ ਦੱਸਿਆ ਕਿ ਮਜ਼ਬੂਤ ਕਲੀਨੀਕਲ ਗਿਆਨ ਨੂੰ ਆਧੁਨਿਕ ਜਾਂਚ ਤਕਨੀਕਾਂ ਨਾਲ ਜੋੜਨਾ ਬਹੁਤ ਜ਼ਰੂਰੀ ਹੈ।ਪ੍ਰੋ. ਪ੍ਰਵੀਨ ਕੁਮਾਰ ਵਿਭਾਗ ਮੁਖੀ ਪੀਡੀਐਟ੍ਰਿਕਸ ਤੇ ਵਰਕਸ਼ਾਪ ਦੇ ਚੇਅਰਪਰਸਨ ਨੇ ਇਸ ਤਰ੍ਹਾਂ ਦੀਆਂ ਫੋਕਸਡ ਵਰਕਸ਼ਾਪਾਂ ਦੀ ਮਹੱਤਤਾ 'ਤੇ ਚਾਨਣ ਪਾਇਆ ਤੇ ਕਿਹਾ ਕਿ ਇਹ ਵਰਕਸ਼ਾਪਾਂ ਆਪਣੇ ਪ੍ਰੈਕਟੀਕਲ ਸੁਭਾਅ ਕਰਕੇ ਡੈਲੀਗੇਟਾਂ ਵਿੱਚ ਹਰਮਨ ਪਿਆਰੀ ਹਨ।ਪ੍ਰੋ. ਸੌਰਭ ਦੱਤਾ ਪ੍ਰਬੰਧਕੀ ਸਕੱਤਰ ਨੇ ਦੱਸਿਆ ਕਿ ਇਹ 10ਵੀਂ ਸਿੰਗਲ ਥੀਮ ਵਰਕਸ਼ਾਪ ਹੈ ਤੇ ਹਰ ਵਾਰ ਅਗਲੇ ਵਿਸ਼ੇ ਦੀ ਚੋਣ ਵਿੱਚ ਡੈਲੀਗੇਟਾਂ ਦੀ ਭੂਮਿਕਾ ਹੁੰਦੀ ਹੈ।ਡਾ. ਜੋਗਿੰਦਰ ਕੁਮਾਰ ਸਹਿ ਪ੍ਰਬੰਧਕੀ ਸਕੱਤਰ ਨੇ ਅੰਤ ਵਿੱਚ ਸਾਰਿਆਂ ਦਾ ਧੰਨਵਾਦ ਕੀਤਾ।ਵਰਕਸ਼ਾਪ ਦੇ ਵਿਗਿਆਨਕ ਸੈਸ਼ਨ ਦੀ ਸ਼ੁਰੂਆਤ ਡਾ. ਸੁਪਰੀਤ ਖੁਰਾਨਾ ਦੇ ਲੈਕਚਰ ਨਾਲ ਹੋਈ, ਜਿਸ ਵਿੱਚ ਉਨ੍ਹਾਂ ਨੇ ਨਵਜਾਤ ਬੱਚਿਆਂ ਦੀ ਨਾਰਮਲ ਨਿਊਰੋਲੋਜੀਕਲ ਜਾਂਚ ਬਾਰੇ ਵੀਡੀਓਜ਼ ਰਾਹੀਂ ਸਹੀ ਤਰੀਕਿਆਂ ਦੀ ਜਾਣਕਾਰੀ ਦਿੱਤੀ।ਤ੍ਰਿਵੇਂਦਰਮ ਤੋਂ ਆਏ ਮਾਹਰ ਡਾ. ਨਵੀਨ ਜੈਨ ਨੇ ਦਿਮਾਗੀ ਸਮੱਸਿਆ ਵਾਲੇ ਨਵਜਾਤ ਬੱਚੇ ਦੀ ਜਾਂਚ ਦੇ ਤਰੀਕੇ ਬਾਰੇ ਦੱਸਿਆ।ਪ੍ਰੋ. ਸੌਰਭ ਦੱਤਾ ਨੇ ਨਵਜਾਤ ਬੱਚਿਆਂ ਵਿੱਚ ਮੈਨਿੰਜਾਈਟਿਸ ਦੀ ਪਛਾਣ ਤੇ ਇਲਾਜ ਵਿੱਚ ਆਉਣ ਵਾਲੀਆਂ ਗਲਤੀਆਂ ਬਾਰੇ ਜਾਣਕਾਰੀ ਦਿੱਤੀ। ਪ੍ਰੋ. ਦੀਪਕ ਚਾਵਲਾ ਨੇ ਜਨਮ ਸਮੇਂ ਆਕਸੀਜਨ ਦੀ ਘਾਟ ਕਾਰਨ ਦਿਮਾਗ ਨੂੰ ਹੋਣ ਵਾਲੇ ਨੁਕਸਾਨ ਦੀ ਪਛਾਣ, ਦਰਜਾਬੰਦੀ ਤੇ ਇਲਾਜ ਬਾਰੇ ਵਿਆਖਿਆ ਕੀਤੀ।ਦਿੱਲੀ ਤੋਂ ਡਾ. ਨਵੀਨ ਪ੍ਰਕਾਸ਼ ਗੁਪਤਾ ਨੇ ਅਧੂਰੇ ਸਮੇਂ ਜੰਮੇ ਬੱਚਿਆਂ ਵਿੱਚ ਦਿਮਾਗੀ ਖ਼ੂਨ ਵਹਿਣ ਜਾਂ ਵਾਈਟ ਮੈਟਰ ਨੂੰ ਨੁਕਸਾਨ ਬਾਰੇ ਲੈਕਚਰ ਦਿੱਤਾ।

# ਅਨੁਸੂਚਿਤ ਜਾਤੀਆਂ ਦੇ ਲੋਕਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਪ੍ਰਤੀ ਜਾਗਰੂਕ ਕਰੋ : ਜਸਵੀਰ ਸਿੰਘ ਗੜ੍ਹੀ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਅਨੁਸੂਚਿਤ ਜਾਤੀਆਂ ਨਾਲ ਸਬੰਧਤ ਲੋਕਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਪ੍ਰਤੀ ਜਾਗਰੂਕ ਕਰਨ ਲਈ, ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਸ੍ਰੀ ਜਸਵੀਰ ਸਿੰਘ ਗੜ੍ਹੀ ਨੇ ਪਿੰਡ ਘੁੱਦਾ ਵਿਖੇ ਇੱਕ ਵਿਸ਼ਾਲ ਜਾਗਰੂਕਤਾ ਪ੍ਰੋਗਰਾਮ ਦੀ ਪ੍ਰਧਾਨਗੀ ਕੀਤੀ।ਇਸ ਮੌਕੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਦੱਸਿਆ ਕਿ ਉਨ੍ਹਾਂ ਦੀ ਫੇਰੀ ਦਾ ਮੁੱਖ ਉਦੇਸ਼ ਲੋਕਾਂ ਨੂੰ ਭਾਰਤੀ ਸੰਵਿਧਾਨ ਦੇ ਪਿਤਾਮਾ ਡਾ. ਭੀਮ ਰਾਓ ਅੰਬੇਡਕਰ ਦੇ ਜੀਵਨ ਤੇ ਸੰਘਰਸ਼ਾਂ ਤੋਂ ਜਾਣੂ ਕਰਵਾਉਣਾ ਸੀ।ਡਾ. ਭੀਮ ਰਾਓ ਅੰਬੇਡਕਰ ਬਾਰੇ ਬੋਲਦਿਆਂ ਉਨ੍ਹਾਂ ਕਿਹਾ ਕਿ ਜੇਕਰ ਅੱਜ ਅਨੁਸੂਚਿਤ ਜਾਤੀਆਂ ਲਈ ਬਰਾਬਰ ਮੌਕੇ ਯਕੀਨੀ ਬਣਾਏ ਜਾ ਰਹੇ ਹਨ, ਤਾਂ ਇਹ ਸਿਰਫ਼ ਬਾਬਾ ਅੰਬੇਡਕਰ ਦੇ ਯੋਗਦਾਨ ਕਾਰਨ ਹੈ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਕੰਮਕਾਜ, ਭਾਰਤੀ ਸੰਵਿਧਾਨ ਤੇ ਦੇਸ਼ ਦੇ ਕਾਨੂੰਨਾਂ ਤਹਿਤ ਗਰੀਬਾਂ, ਦੱਬੇ-ਕੁਚਲੇ, ਅਨੁਸੂਚਿਤ ਜਾਤੀਆਂ ਤੇ ਪੱਛੜੇ ਵਰਗਾਂ ਲਈ ਅਧਿਕਾਰਾਂ, ਹੱਕਾਂ ਤੇ ਸਮਾਜਿਕ ਸੁਰੱਖਿਆ ਪ੍ਰਬੰਧਾਂ ਬਾਰੇ ਵੀ ਜਾਗਰੂਕ ਕੀਤਾ ਜਾ ਰਿਹਾ ਹੈ।ਇਸ ਮੌਕੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਕਿਹਾ ਕਿ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਬਾਬਾ ਸਾਹਿਬ ਦੀ ਵਿਚਾਰਧਾਰਾ ਨੂੰ ਲਗਾਤਾਰ ਕਾਇਮ ਰੱਖ ਰਹੀ ਹੈ ਤੇ ਸਮਾਜ ਦੇ ਸਾਰੇ ਵਰਗਾਂ ਦੀ ਭਲਾਈ ਲਈ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਜੇਕਰ ਕੋਈ ਪੰਜਾਬ ਦੇ ਮਾਹੌਲ ਨੂੰ ਖਰਾਬ ਕਰਨ ਦੀ ਕੋਸ਼ਿਸ਼ ਕਰਦਾ ਹੈ ਤਾਂ ਉਸ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਯਕੀਨੀ ਬਣਾਈ ਜਾਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਦਲਿਤ ਸੈਨਾ ਦੇ ਸੂਬਾ ਪ੍ਰਧਾਨ ਸ੍ਰੀ ਗੁਰਤੇਜ ਸਿੰਘ, ਵਿੱਤ ਮੈਂਬਰ ਤੇ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਸਨ।

# ਨਿੱਜੀ ਸਕੂਲਾਂ ਤੇ ਦੁਕਾਨਦਾਰਾਂ ਦੀ ਮਨਮਾਨੀ ਤੋਂ ਮਾਪੇ ਪ੍ਰੇਸ਼ਾਨ

**ਮਾਨਸਾ (ਰੀਤਵਾਲ)**-ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ ਹੁੰਦੇ ਹੀ ਅਨੇਕਾਂ ਨਿੱਜੀ ਸਕੂਲਾਂ ਵੱਲੋਂ ਮਾਪਿਆਂ 'ਤੇ ਆਰਥਿਕ ਬੋਝ ਵਧਾਉਣ ਦੇ ਦੋਸ਼ ਲੱਗ ਰਹੇ ਹਨ, ਜਿਸ ਨੂੰ ਲੈ ਕੇ ਇਹ ਮਾਮਲਾ ਪੂਰੇ ਸੂਬੇ ਵਿੱਚ ਤੇ ਸੋਸ਼ਲ ਮੀਡੀਆ 'ਤੇ ਬਹੁਤ ਗਰਮਾਇਆ ਹੋਇਆ ਹੈ।ਇਕੱਤਰ ਕੀਤੀ ਜਾਣਕਾਰੀ ਅਨੁਸਾਰ ਜ਼ਿਲ੍ਹੇ ਦੀਆਂ ਵੱਖ ਵੱਖ ਮੰਡੀਆਂ ਤੇ ਕਸਬਿਆਂ ਵਿੱਚ ਅਨੇਕਾਂ ਕਿਤਾਬਾ ਵਾਲੇ ਦੁਕਾਨਦਾਰਾਂ ਵੱਲੋਂ ਕੁਝ ਨਿੱਜੀ ਸਕੂਲਾਂ ਵਾਲਿਆਂ ਨਾਲ ਗੰਢਤੁੱਪ ਕਰਕੇ ਪਹਿਲੀ ਕਲਾਸ ਤੋਂ ਲੈ ਕੇ ਅੱਠਵੀਂ ਕਲਾਸ ਤੱਕ ਦੇ ਵਿਦਿਆਰਥੀਆਂ ਲਈ ਕਿਤਾਬਾਂ ਦੇ ਸੈੱਟ ਚਾਰ/ਪੰਜ ਹਜ਼ਾਰ ਤੋਂ ਅੱਠ ਹਜ਼ਾਰ ਰੁਪਏ ਤੱਕ ਵੇਚੇ ਜਾ ਰਹੇ ਹਨ, ਜਿਸ ਨਾਲ ਆਮ ਪਰਿਵਾਰਾਂ ਲਈ ਬੱਚਿਆਂ ਦੀ ਪੜ੍ਹਾਈ ਮਹਿੰਗੀ ਹੋ ਰਹੀ ਹੈ।ਬਹੁਤੇ ਮਾਪਿਆਂ ਦਾ ਕਹਿਣਾ ਹੈ ਕਿ ਹਰ ਸਾਲ ਸਕੂਲਾਂ ਵੱਲੋਂ ਨਵੀਆਂ ਕਿਤਾਬਾਂ ਲਗਾਈਆਂ ਜਾਂਦੀਆਂ ਹਨ ਤੇ ਪੁਰਾਣੀਆਂ ਕਿਤਾਬਾਂ ਦੀ ਵਰਤੋਂ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਂਦੀ।ਇਸ ਕਾਰਨ ਉਨ੍ਹਾਂ ਨੂੰ ਹਰ ਸਾਲ ਮਹਿੰਗੀਆਂ ਕਿਤਾਬਾਂ ਖ੍ਰੀਦਣ ਲਈ ਮਜਬੂਰ ਹੋਣਾ ਪੈਂਦਾ ਹੈ।ਕਈ ਮਾਪਿਆਂ ਨੇ ਤਾਂ ਇਥੋਂ ਤੱਕ ਵੀ ਦੋਸ਼ ਲਾਇਆ ਕਿ ਕੁਝ ਪ੍ਰਾਈਵੇਟ ਸਕੂਲਾਂ ਵੱਲੋਂ ਖਾਸ ਦੁਕਾਨਾਂ ਤੋਂ ਹੀ ਕਿਤਾਬਾਂ ਖ੍ਰੀਦਣ ਲਈ ਕਿਹਾ ਜਾਂਦਾ ਹੈ, ਜਿੱਥੇ ਕਿਤਾਬਾਂ ਦੇ ਰੇਟ ਆਮ ਮਾਰਕੀਟ ਨਾਲੋਂ ਕਾਫ਼ੀ ਵੱਧ ਹੁੰਦੇ ਹਨ।ਮਾਪਿਆਂ ਨੇ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਕਿ ਕਿਤਾਬਾਂ ਦੇ ਰੇਟ ਨਿਰਧਾਰਤ ਕੀਤੇ ਜਾਣ ਤੇ ਸਕੂਲਾਂ ਵੱਲੋਂ ਕਿਸੇ ਇਕ ਵਿਸ਼ੇਸ਼ ਦੁਕਾਨ ਤੋਂ ਖਰੀਦ ਦੀ ਜ਼ਬਰਦਸਤੀ 'ਤੇ ਰੋਕ ਲਗਾਈ ਜਾਵੇ।

# ਕੇਂਦਰ ਹਰ ਪੱਖੋਂ ਕਰ ਰਿਹੈ ਪੰਜਾਬ ਨਾਲ ਵਿਤਕਰਾ : ਬਰਿੰਦਰ ਗੋਇਲ



**ਬਰੇਟਾ (ਰੀਤਵਾਲ)**-ਪੰਜਾਬ ਸਰਕਾਰ ਦੇ ਜਲ ਤੇ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਕੇਂਦਰ ਪੰਜਾਬ ਨਾਲ ਹਰ ਪੱਖੋਂ ਵਿਤਕਰਾ ਕਰ ਰਿਹਾ ਤੇ ਉਸ ਦਾ ਇਹ ਵਿਤਕਰਾ ਲਗਾਤਾਰ ਜਾਰੀ ਹੈ। ਵਰਿੰਦਰ ਗੋਇਲ ਬਰੇਟਾ ਵਿਖੇ ਆਪਣੇ ਨਿੱਜੀ ਦੋਸਤ ਅਕਾਲੀ ਆਗੂ ਸਿਕੰਦਰ ਸਿੰਘ ਜ਼ੈਲਦਾਰ ਦੇ ਮਾਤਾ ਦੀ ਬੇਵਕਤੀ ਮੌਤ 'ਤੇ ਅਫਸੋਸ ਕਰਨ ਲਈ ਪਹੁੰਚੇ ਸਨ।ਉਨ੍ਹਾਂ ਗੱਲਬਾਤ ਕਰਦਿਆਂ ਕਿਹਾ ਕਿ ਅੱਜ ਸਥਿਤੀ ਇਹ ਹੈ ਕਿ ਪੰਜਾਬ ਅੰਦਰ ਸੈਲਰਾਂ 'ਚ ਝੋਨਾ ਖਰਾਬ ਹੋ ਰਿਹਾ ਹੈ ਤੇ ਗੋਦਾਮਾਂ ਵਿੱਚ ਚੌਲ ਲਗਾਉਣ ਦੀ ਜਗ੍ਹਾ ਨਹੀਂ ਹੈ, ਜਦਕਿ ਹਰਿਆਣਾ ਵਿੱਚ ਇਸ ਤਰ੍ਹਾਂ ਦੀ ਕੋਈ ਦਿੱਕਤ ਨਹੀਂ ਆਈ।ਉਨ੍ਹਾਂ ਕਿਹਾ ਕਿ ਆਮ ਤੌਰ 'ਤੇ 31 ਮਾਰਚ ਤੱਕ ਝੋਨਾ ਗੁਦਾਮਾਂ ਵਿੱਚ ਲਗਾ ਦਿੱਤਾ ਜਾਂਦਾ ਸੀ, ਪਰ ਗੁਦਾਮਾਂ ਵਿੱਚ ਜਗ੍ਹਾ ਨਾ ਹੋਣ ਕਾਰਨ ਇਹ ਝੋਨਾ ਨਹੀਂ ਲੱਗਦਾ, ਜਿਸ ਨਾਲ ਫਸਲ ਦੀ ਕਟੌਤੀ ਤੇ ਹੋਰ ਨੁਕਸਾਨ ਹੋ ਜਾਂਦੇ ਹਨ।ਉਨ੍ਹਾਂ ਕਿਹਾ ਕਿ ਇਹ ਸਭ ਲਈ ਕੇਂਦਰ ਸਰਕਾਰ ਜ਼ਿੰਮੇਵਾਰ ਹੈ ਤੇ ਇਸ ਦੇ ਸਾਰੇ ਵਿਭਾਗ ਕੇਂਦਰ ਅਧੀਨ ਆਉਂਦੇ ਹਨ।ਬਰਿੰਦਰ ਗੋਇਲ ਨੇ ਕਿਹਾ ਕਿ ਜਦੋਂ ਇਹ ਸਮੱਸਿਆ ਆ ਰਹੀ ਹੈ ਤਾਂ ਇਸ ਦਾ ਅਸਰ ਕਿਸਾਨ, ਮਜ਼ਦੂਰ, ਆੜ੍ਹਤੀਆ, ਵਪਾਰੀ ਤੇ ਆਮ ਵਰਗ 'ਤੇ ਪੈਂਦਾ ਹੈ, ਪਰ ਇਸ ਲਈ ਕੇਂਦਰ ਸਰਕਾਰ ਪੰਜਾਬ ਨੂੰ ਜ਼ਿੰਮੇਵਾਰ ਠਹਿਰਾ ਰਹੀ ਹੈ, ਜਦਕਿ ਪੰਜਾਬ ਦੇ ਹੱਥ ਵੱਸ ਕੁਝ ਨਹੀਂ।ਉਨ੍ਹਾਂ ਕਿਹਾ ਕਿ ਕੇਂਦਰ ਹਰ ਵੇਲੇ ਪੰਜਾਬ ਨੂੰ ਨਕਾਮ ਦਿਖਾਉਣ ਦੀ ਕੋਸ਼ਿਸ਼ ਕਰਦਾ ਹੈ, ਜਦਕਿ ਕੇਂਦਰ ਦੀਆਂ ਪੰਜਾਬ ਨੂੰ ਮਿਲਣ ਵਾਲੀਆਂ ਯੋਜਨਾਵਾਂ, ਫੰਡਾਂ, ਸਕੀਮਾਂ ਤੇ ਜੀ.ਐੱਸ.ਟੀ. ਆਦਿ ਰੋਕ ਕੇ ਰੱਖਣਾ ਸਭ ਕੇਂਦਰ ਦੀ ਚਾਲ ਹੈ।ਸ੍ਰੀ ਗੋਇਲ ਨੇ ਕਿਹਾ ਕਿ ਪੰਜਾਬ ਸਰਕਾਰ ਕੇਂਦਰ ਸਰਕਾਰ ਦੇ ਇਸ ਵਿਤਕਰੇ ਵਿਰੁੱਧ ਲੜਦੀ ਆ ਰਹੀ ਹੈ।ਉਨ੍ਹਾਂ ਕਿਹਾ ਕਿ ਆੜ੍ਹਤੀਆਂ ਦੀਆਂ ਸਮੱਸਿਆਵਾਂ ਵੀ ਕੇਂਦਰ ਨਾਲ ਜੁੜੀਆਂ ਹੋਈਆਂ ਹਨ। ਪੰਜਾਬ ਸਰਕਾਰ ਨੂੰ ਬਿਨਾਂ ਵਜ੍ਹਾ ਅਸਲੀ ਜ਼ਿੰਮੇਵਾਰ ਦੱਸ ਕੇ ਕੇਂਦਰ ਆਪਣਾ ਪੱਲਾ ਝਾੜ ਰਹੀ ਹੈ।ਇਸ ਮੌਕੇ ਨਰਿੰਦਰ ਗੋਇਲ, ਨਗਰ ਕੌਂਸਲ ਬਰੇਟਾ ਦੇ ਸਾਬਕਾ ਪ੍ਰਧਾਨ ਲਛਮਣ ਦਾਸ, 'ਆਪ' ਆਗੂ ਲਲਿਤ ਜੈਨ, ਪ੍ਰਧਾਨ ਕੇਵਲ ਸ਼ਰਮਾ, ਗੁਰਦੀਪ ਸਿੰਘ ਟੋਡਰਪੁਰ, ਕਾਕੂ ਸਿੰਘ, ਯਾਦਵਿੰਦਰ ਸਿੰਘ ਜ਼ੈਲਦਾਰ, ਗੁਲਾਬ ਸਿੰਘ, ਗੁਰਮੇਲ ਸਿੰਘ, ਸੇਵਾ ਸਿੰਘ ਤੋਂ ਇਲਾਵਾ ਹੋਰ ਵੀ ਮੌਜੂਦ ਸਨ।

# ਸੰਧਵਾਂ ਗੁਰਦੁਆਰਾ ਗੁਰੂ ਰਾਮ ਦਾਸ ਪੁਰੀ ਪੁੱਜੇ

## ਭਗਤ ਬਾਬਾ ਮਿਲਖਾ ਸਿੰਘ ਦੀ ਸਿਹਤ ਦਾ ਹਾਲ ਜਾਣਿਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਗੁਰਦੁਆਰਾ ਗੁਰੂ ਰਾਮ ਦਾਸ ਪੁਰੀ ਅਰਮਾਨਪੁਰਾ 'ਚ ਪਹੁੰਚ ਕੇ ਭਗਤ ਬਾਬਾ ਮਿਲਖਾ ਸਿੰਘ ਦੀ ਸਿਹਤ ਦਾ ਹਾਲ ਜਾਣਿਆ ਤੇ ਉਨ੍ਹਾਂ ਦੀ ਸਿਹਤ ਯਾਬੀ ਲਈ ਕਾਮਨਾ ਕੀਤੀ। ਸਪੀਕਰ ਨੇ ਗੁਰਦੁਆਰਾ ਗੁਰੂ ਰਾਮ ਦਾਸ ਪੁਰੀ ਵੱਲੋਂ ਕਰਵਾਏ ਜਾ ਰਹੇ ਧਾਰਮਿਕ ਸਮਾਗਮ ਤੇ ਲੋਕ ਭਲਾਈ ਦੇ ਕੰਮਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਸੰਤ ਮਹਾਂਪੁਰਸ਼ ਜਿੱਥੇ ਗੁਰਬਾਣੀ ਰਾਹੀਂ ਲੋਕਾਂ ਨੂੰ ਪ੍ਰਮਾਤਮਾ ਨਾਲ ਜੋੜਦੇ ਹਨ, ਉਥੇ ਲੋਕ ਭਲਾਈ ਦੇ ਕੰਮਾਂ ਦੇ ਜਰੀਏ ਸਮਾਜ ਅੰਦਰ ਫੈਲੀਆਂ ਕੁਰੀਤੀਆਂ ਨੂੰ ਵੀ ਖ਼ਤਮ ਕਰ ਲਈ ਵੱਡੇ ਯਤਨ ਕਰ ਰਹੇ ਹਨ। ਇਸ ਮੌਕੇ ਭਗਤ ਬਾਬਾ ਮਿਲਖਾ ਸਿੰਘ ਵੱਲੋਂ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੂੰ ਸਿਰੋਪਾ ਦੇ ਸਨਮਾਨਤ ਕੀਤਾ ਗਿਆ। ਦੱਸ ਦਈਏ ਕਿ ਭਗਤ ਬਾਬਾ ਮਿਲਖਾ ਸਿੰਘ ਪਿਛਲੇ ਕੁਝ ਸਮੇਂ ਤੋਂ ਬੀਮਾਰ ਚੱਲੇ ਆ ਰਹੇ ਹਨ ਤੇ ਮੋਹਾਲੀ ਦੇ ਫੋਰਟਿਸ ਹਸਪਤਾਲ ਦੇ ਡਾਕਟਰ ਉਨ੍ਹਾਂ ਦਾ ਇਲਾਜ ਕਰ ਰਹੇ ਹਨ। ਇਸ ਮੌਕੇ ਇੰਦਰਪਾਲ ਸਿੰਘ ਮੈਨੇਜਰ ਗੁਰੂ ਰਾਮ ਦਾਸ ਪਬਲਿਕ ਸਕੂਲ ਸ਼ਾਹਦੀਨ ਵਾਲਾ, ਅਮਰੀਕ ਸਿੰਘ ਨੰਬਰਦਾਰ, ਭਾਈ ਨਿਰਵੈਰ ਸਿੰਘ, ਮਨਪ੍ਰੀਤ ਸਿੰਘ ਸਾਬਕਾ ਸਰਪੰਚ, ਮਨਿਦਰ ਸਿੰਘ, ਗੁਰਚਰਨ ਸਿੰਘ ਸਾਬਕਾ ਸਰਪੰਚ, ਸੁਖਦੇਵ ਸਿੰਘ ਹਾਜ਼ਰ ਸਨ।

# ਸ਼ਹਿਜ਼ਾਦੀ ਵਿਖੇ ਟੀਬੀ ਸਕਰੀਨਿੰਗ ਕੈਂਪ ਲਗਾਇਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਭਾਰਤ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤੇ ਸਿਵਲ ਸਰਜਨ ਡਾ. ਰਾਜੀਵ ਪਰਾਸ਼ਰ ਦੀਆਂ ਹਦਾਇਤਾਂ ਮੁਤਾਬਕ ਸੰਪੂਰਨ ਅਭਿਆਨ 2.0 ਦੇ ਤਹਿਤ ਅੱਜ ਸੀਐਚਸੀ ਫਿਰੋਜ਼ਸ਼ਾਹ ਦੀ ਟੀਮ ਵੱਲੋਂ ਪਿੰਡ ਸ਼ਹਿਜ਼ਾਦੀ ਵਿਖੇ ਟੀਬੀ ਸਕਰੀਨਿੰਗ ਕੈਂਪ ਲਗਾਇਆ ਗਿਆ। ਸਕਰੀਨਿੰਗ ਕੈਂਪ ਵਿੱਚ ਪਿੰਡ ਵਾਸੀਆਂ ਦੇ ਮੁਫ਼ਤ ਐਕਸਰੇ ਵੀ ਕੀਤੇ ਗਏ। ਇਸ ਮੌਕੇ ਜਾਣਕਾਰੀ ਦਿੰਦਿਆਂ ਰਣਜੀਤ ਸਿੰਘ ਸੀਨੀਅਰ ਟਰੀਟਮੈਂਟ ਸੁਪਰਵਾਈਜ਼ਰ ਨੇ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਟੀਬੀ ਮੁਕਤ ਭਾਰਤ ਦਾ ਟੀਚਾ ਮਿਥਿਆ ਗਿਆ ਹੈ, ਜਿਸ ਤਹਿਤ ਬਲਾਕ ਫਿਰੋਜ਼ਸ਼ਾਹ ਦੇ ਕਈ ਪਿੰਡਾਂ ਨੂੰ ਹਾਈ ਰਿਸਕ ਕੈਟਾਗਰੀ ਵਿੱਚ ਰੱਖਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਹਾਈ ਰਿਸਕ ਏਰੀਏ ਦੇ ਵਿਚ ਸਿਹਤ ਵਿਭਾਗ ਦੀ ਟੀਮ ਵੱਲੋਂ ਕੈਂਪ ਲਗਾ ਕੇ ਲੋਕਾਂ ਨੂੰ ਜਾਗਰੂਕ ਕਰਨ ਦੇ ਨਾਲ-ਨਾਲ ਉਨ੍ਹਾਂ ਦੇ ਟੀਬੀ ਦੇ ਟੈਸਟ ਤੇ ਐਕਸਰੇ ਮੁਫ਼ਤ ਕੀਤੇ ਜਾਂਦੇ ਹਨ। ਇਸੇ ਲੜੀ ਤਹਿਤ ਅੱਜ ਪਿੰਡ ਸ਼ਹਿਜ਼ਾਦੀ ਵਿਖੇ ਟੀਬੀ ਸਕਰੀਨਿੰਗ ਕੀਤੀ ਗਈ। ਕੈਂਪ ਵਿੱਚ ਵੱਡੀ ਗਿਣਤੀ ਲੋਕਾਂ ਵੱਲੋਂ ਟੀਬੀ ਦੀ ਜਾਂਚ ਕਰਵਾਈ ਗਈ। ਇਸ ਦੌਰਾਨ ਜਾਂਚ ਵਿੱਚ ਪੌਜ਼ਟਿਵ ਪਾਏ ਜਾਣ ਵਾਲੇ ਮਰੀਜ਼ਾਂ ਦਾ ਇਲਾਜ ਸਰਕਾਰੀ ਹਸਪਤਾਲਾਂ ਵਿੱਚ ਫ਼ਰੀ ਕੀਤਾ ਜਾਵੇਗਾ। ਹਰਦੀਪ ਸਿੰਘ ਬਲਾਕ ਐਕਸਟੈਂਸ਼ਨ ਐਜੂਕੇਟਰ ਵੱਲੋਂ ਟੀਬੀ ਦੇ ਲੱਛਣ ਤੇ ਇਸ ਦੇ ਇਲਾਜ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਇਸ ਮੌਕੇ ਹਰਪ੍ਰੀਤ ਕੌਰ ਰੇਡੀਓਗ੍ਰਾਫਰ, ਮਨਪ੍ਰੀਤ ਕੌਰ ਸੀਐੱਚਓ, ਸਰਪੰਚ ਜਗਮੀਤ ਸਿੰਘ, ਸਰਪੰਚ ਗੁਰਪ੍ਰੀਤ ਸਿੰਘ, ਮੈਂਬਰ ਪੰਚਾਇਤ ਧਰਮਪ੍ਰੀਤ ਸਿੰਘ ਤੇ ਪਿੰਡ ਵਾਸੀ ਹਾਜ਼ਰ ਸਨ।

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਵੱਲੋਂ 11 ਨੂੰ ਸੰਗਰੂਰ 'ਚ ਸੂਬਾ ਪੱਧਰੀ ਰੈਲੀ : ਆਗੂ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਵੱਲੋਂ ਵਿਧਾਨ ਸਭਾ ਚੋਣਾਂ ਵੇਲੇ ਮੈਡੀਕਲ ਪ੍ਰੈਕਟੀਸ਼ਨਰਾਂ ਦੀ ਹੱਕੀ ਮੰਗਾਂ ਨੂੰ ਪੂਰਾ ਕਰਨ ਦਾ ਵਾਅਦਾ ਕਰਕੇ ਮੁੜ ਜਥੇਬੰਦੀ ਦੇ ਆਗੂਆਂ ਨੂੰ ਗੱਲਬਾਤ ਤੱਕ ਦਾ ਸਮਾਂ ਵੀ ਨਾ ਦੇਣ, ਚਾਰ ਸਾਲ ਬੀਤ ਜਾਣ ਦੇ ਬਾਵਜੂਦ ਅੱਜ ਤੱਕ ਉੱਕਾ ਹੀ ਧਿਆਨ ਨਾ ਦੇਣ 'ਤੇ ਪੰਜਾਬ ਦੇ ਸਮੂਹ ਮੈਡੀਕਲ ਪ੍ਰੈਕਟੀਸ਼ਨਰ 'ਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਸਰਕਾਰ ਵੱਲੋਂ ਕੀਤੀ ਵਾਅਦਾ ਖਿਲਾਫੀ ਵਿਰੁੱਧ ਜਥੇਬੰਦੀ ਦੇ ਸੂਬਾਈ ਪ੍ਰਧਾਨ ਧੰਨਾ ਮੱਲ ਗੋਇਲ ਦੇ ਦਿਸ਼ਾਂ ਨਿਰਦੇਸ਼ਾਂ ਅਨੁਸਾਰ 11 ਅਪ੍ਰੈਲ ਨੂੰ ਸੂਬਾ ਪੱਧਰੀ ਵਿਸ਼ਾਲ ਰੈਲੀ ਮੁੱਖ ਮੰਤਰੀ ਦੀ ਸੰਗਰੂਰ ਕੋਠੀ ਮੂਹਰੇ ਕੀਤੀ ਜਾ ਰਹੀ ਹੈ।ਇਸ ਸਬੰਧੀ ਤਿਆਰੀਆਂ ਨੂੰ ਲੈ ਕੇ ਜਥੇਬੰਦੀ ਦੀ ਬਲਾਕ ਮਹਿਲ ਕਲਾਂ ਦੀ ਅਹਿਮ ਮੀਟਿੰਗ ਬਲਾਕ ਪ੍ਰਧਾਨ ਡਾ: ਦਲਬਾਰ ਸਿੰਘ ਮਹਿਲ ਕਲਾਂ ਦੀ ਅਗਵਾਈ ਹੇਠ ਹੋਈ।ਇਸ ਮੌਕੇ ਰੈਲੀ ਦੀਆਂ ਤਿਆਰੀਆਂ ਨੂੰ ਤੇਜ਼ ਕਰਨ ਲਈ ਵਰਕਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ।ਸੂਬਾ ਕਮੇਟੀ ਮੈਂਬਰ ਡਾ: ਕੇਸਰ ਖਾਨ, ਜ਼ਿਲ੍ਹਾ ਸਕੱਤਰ ਅਮਰਜੀਤ ਸਿੰਘ ਕਾਲਸਾਂ, ਬਾਰੂ ਮੁਹੰਮਦ, ਮੀਤ ਪ੍ਰਧਾਨ ਨਿਰਭੈ ਸਿੰਘ ਨਿਹਾਲੂਵਾਲ ਨੇ ਕਿਹਾ ਕਿ ਰੈਲੀ ਨੂੰ ਕਾਮਯਾਬ ਬਣਾਉਣ ਲਈ ਬਲਾਕ ਪੱਧਰ 'ਤੇ ਤਿਆਰੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ।ਉਨ੍ਹਾਂ ਦੱਸਿਆ ਕਿ ਪਿੰਡਾਂ ਤੇ ਸਰਕਲਾਂ 'ਚ ਵਰਕਰਾਂ ਨਾਲ ਲਗਾਤਾਰ ਸੰਪਰਕ ਕੀਤਾ ਜਾ ਰਿਹਾ ਹੈ ਤੇ ਕਾਫਲੇ ਬਣਾ ਕੇ ਸੰਗਰੂਰ ਪਹੁੰਚਣ ਲਈ ਰੋਡ ਮੈਪ ਤਿਆਰ ਕੀਤਾ ਗਿਆ ਹੈ।ਮੀਟਿੰਗ ਦੌਰਾਨ ਇਹ ਵੀ ਫੈਸਲਾ ਕੀਤਾ ਗਿਆ ਕਿ 11 ਅਪ੍ਰੈਲ ਨੂੰ ਤੈਅ ਸਮੇਂ ਅਨੁਸਾਰ ਕਾਫਲੇ ਇਕੱਠੇ ਰਵਾਨਾ ਹੋਣਗੇ ਤੇ ਅਨੁਸ਼ਾਸਨ ਵਿੱਚ ਰਹਿ ਕੇ ਰੈਲੀ 'ਚ ਭਰਵੀ ਸ਼ਮੂਲੀਅਤ ਯਕੀਨੀ ਬਣਾਈ ਜਾਵੇਗੀ।ਇਸ ਮੌਕੇ ਅਮਰਜੀਤ ਸਿੰਘ ਐੱਮ ਕੇ, ਬਚਿੱਤਰ ਸਿੰਘ ਕਲੇਰ, ਹਰਬੰਸ ਸਿੰਘ ਗੁਰਮਾ, ਹਰੀ ਸਿੰਘ ਮੂੰਮ, ਅਨਵਰ ਚੰਨਣਵਾਲ, ਗੁਰਮੀਤ ਸਿੰਘ ਦੀਵਾਨਾ, ਬੇਅੰਤ ਸਿੰਘ ਮੂੰਮ, ਜਸਵੀਰ ਸਿੰਘ ਹਮੀਦੀ, ਮੇਜਰ ਸਿੰਘ ਛਾਪਾ, ਸ਼ਿਵਜੀ ਹਮੀਦੀ, ਲਿਆਕਤ ਅਲੀ, ਸੁਖਵਿੰਦਰ ਸਿੰਘ ਕਾਲਸਾਂ, ਜੰਗ ਬਹਾਦਰ ਬੋਪਾ ਰਾਏ, ਬਲਵੰਤ ਸਿੰਘ ਹਰਦਾਸਪੁਰਾ ਸਮੇਤ ਹੋਰ ਹਾਜ਼ਰ ਸਨ।

# ਏਡਿਡ ਅਧਿਆਪਕ ਤੇ ਕਰਮਚਾਰੀ ਗਿਆਰਾਂ ਮਹੀਨਿਆਂ ਤੋਂ ਤਨਖਾਹਾਂ ਤੋਂ ਵਾਂਝੇ : ਮਿਸ਼ਰਾ ਸਿੰਘ

## ■ 9 ਨੂੰ ਅਥਾਰਟੀ ਨੂੰ ਖ਼ੂਨ ਨਾਲ ਲਿਖਿਆ ਮੰਗ ਪੱਤਰ ਦਿੱਤਾ ਜਾਵੇਗਾ : ਬਰਾੜ



**ਧੂਰੀ (ਮਨੋਹਰ ਸਿੰਘ ਸੱਗੂ)**-ਪੰਜਾਬ ਰਾਜ ਸਰਕਾਰੀ ਸਹਾਇਤਾ ਪ੍ਰਾਪਤ ਸਕੂਲ ਕਰਮਚਾਰੀ ਯੂਨੀਅਨ ਸੰਗਰੂਰ ਇਕਾਈ ਦੀ ਅਹਿਮ ਮੀਟਿੰਗ ਜ਼ਿਲ੍ਹਾ ਸਕੱਤਰ ਅਵਤਾਰ ਸਿੰਘ ਬਰਾੜ ਦੀ ਅਗਵਾਈ ਹੇਠ ਮਾਲਵਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਧੂਰੀ ਵਿਖੇ ਹੋਈ।ਮੀਟਿੰਗ ਉਪਰੰਤ ਜਥੇਬੰਦੀ ਵੱਲੋਂ ਜਾਰੀ ਪ੍ਰੈੱਸ ਨੋਟ ਅਨੁਸਾਰ ਬਲਾਕ ਪ੍ਰਧਾਨ ਮਿਸ਼ਰਾ ਸਿੰਘ ਨੇ ਸਟੇਟ ਪ੍ਰਧਾਨ ਗੁਰਮੀਤ ਸਿੰਘ ਮਦਨੀਪੁਰ ਦੇ ਹਵਾਲੇ ਨਾਲ ਆਪਣੇ ਸੰਬੋਧਨ 'ਚ ਕਿਹਾ ਕਿ ਏਡਿਡ ਸਕੂਲਾਂ ਦੇ ਕਰਮਚਾਰੀਆਂ ਨੂੰ ਸਰਕਾਰੀ ਕਰਮਚਾਰੀਆਂ ਦੇ ਨਿਯਮਾਂ ਅਨੁਸਾਰ ਆਟੋ-ਪੈਰਿਟ ਲਾਗੂ ਕਰਨੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਰਾਜ ਦੇ ਅਨੇਕਾਂ ਏਡਿਡ ਸਕੂਲਾਂ ਨੂੰ ਗਿਆਰਾਂ ਮਹੀਨਿਆਂ ਤੋਂ ਗ੍ਰਾਂਟ ਜਾਰੀ ਨਾ ਹੋਣ ਕਾਰਨ ਅਧਿਆਪਕਾਂ ਤੇ ਕਰਮਚਾਰੀਆਂ ਨੂੰ ਆਪਣੀ ਘਰ ਗ੍ਰਿਹਸਥੀ ਚਲਾਉਣੀ ਮੁਸ਼ਕਲ ਹੋ ਰਹੀ ਹੈ।ਸਾਬਕਾ ਜ਼ਿਲ੍ਹਾ ਪ੍ਰਧਾਨ ਨਰਿੰਦਰ ਵਰਮਾ ਨੇ ਕਿਹਾ ਕਿ ਜੇਕਰ ਸਰਕਾਰ ਨੇ ਆਪਣਾ ਵਤੀਰਾ ਨਾ ਬਦਲਿਆ ਤਾਂ ਸੰਘਰਸ਼ ਤਿੱਖਾ ਕੀਤਾ ਜਾਵੇਗਾ।ਸਾਬਕਾ ਪ੍ਰਿੰਸੀਪਲ ਨਵਿੰਦਰ ਸਿੰਘ ਪੰਧੇਰ ਨੇ ਕਿਹਾ ਕਿ ਸਰਕਾਰੀ ਵਿਭਾਗਾਂ ਵਾਂਗ ਏਡਿਡ ਅਧਿਆਪਕਾਂ ਤੇ ਕਰਮਚਾਰੀਆਂ ਦੀ ਤਨਖਾਹ ਹਰ ਮਹੀਨੇ ਲਗਾਤਾਰ ਜਾਰੀ ਹੋਣੀ ਯਕੀਨੀ ਬਣਾਈ ਜਾਵੇ।ਅਵਤਾਰ ਸਿੰਘ ਬਰਾੜ ਨੇ ਕਿਹਾ ਕਿ 9 ਅਪ੍ਰੈਲ ਨੂੰ ਸਵੇਰੇ 11 ਵਜੇ ਮਾਲਵਾ ਖਾਲਸਾ ਸਕੂਲ ਧੂਰੀ ਵਿਖੇ ਮੀਟਿੰਗ ਕੀਤੀ ਜਾਵੇਗੀ ਤੇ ਮੀਟਿੰਗ ਉਪਰੰਤ ਯੂਨੀਅਨ ਦੇ ਅਧਿਆਪਕਾਂ ਵੱਲੋਂ 'ਖ਼ੂਨ' ਨਾਲ ਲਿਖਿਆ ਮੰਗ ਪੱਤਰ ਮੁੱਖ ਮੰਤਰੀ ਕੈਂਪਸ ਦਫ਼ਤਰ ਧੂਰੀ ਵਿਖੇ ਸਮਰੱਥ ਅਥਾਰਟੀ ਨੂੰ ਦਿੱਤਾ ਜਾਵੇਗਾ।

ਹੋਰਨਾਂ 'ਚ ਪ੍ਰਿੰਸੀਪਲ ਸਰਬਜੀਤ ਕੌਰ, ਸਾਬਕਾ ਪ੍ਰਿੰਸੀਪਲ ਧਰਮਿੰਦਰ ਕੁਮਾਰ, ਪ੍ਰਦੀਪ ਚੰਦ, ਬਲਕਾਰ ਸਿੰਘ, ਕਿਰਨਜੀਤ ਕੌਰ ਆਦਿ ਮੌਜੂਦ ਸਨ।

# ਸੂਬੇ ਅੰਦਰ ਸ਼੍ਰੋਮਣੀ ਅਕਾਲੀ ਦਲ ਦੇ ਹੱਕ 'ਚ ਲਹਿਰ ਬਣ ਚੁੱਕੀ ਹੈ : ਸੰਤ ਘੁੰਨਸ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਰਾਜ ਸਰਕਾਰ ਦੇ ਲਾਰਿਆਂ ਤੋਂ ਅੱਕੇ ਲੋਕ ਹੁਣ ਸੂਬੇ ਅੰਦਰ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣ ਦਾ ਮਨ ਬਣਾਈ ਬੈਠੇ ਹਨ। ਇਹ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਮੀਤ ਪ੍ਰਧਾਨ ਸੰਤ ਬਲਵੀਰ ਸਿੰਘ ਘੁੰਨਸ ਮੈਂਬਰ ਸ਼੍ਰੋਮਣੀ ਕਮੇਟੀ ਨੇ ਕੀਤਾ।ਸੰਤ ਘੁੰਨਸ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਵੱਲੋਂ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਸਾਰੇ ਹਲਕਿਆਂ ਅੰਦਰ ਮਜ਼ਬੂਤ ਯੋਜਨਾਬੰਦੀ ਤੇ ਤਿਆਰੀਆਂ ਹੁਣੇ ਤੋਂ ਹੀ ਜੰਗੀ ਪੱਧਰ 'ਤੇ ਚੱਲ ਰਹੀਆਂ ਹਨ।ਉਨ੍ਹਾਂ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਗਤੀਸ਼ੀਲ ਅਗਵਾਈ ਹੇਠ ਪੰਜਾਬ ਭਰ 'ਚ ਹਲਕਾ ਵਾਰ ਹੋ ਰਹੀਆਂ ਰੈਲੀਆਂ ਦੇ ਵੱਡੇ ਇਕੱਠ ਦੱਸ ਰਹੇ ਹਨ ਕਿ ਕੋਈ ਵੀ ਤਾਕਤ ਸ਼੍ਰੋਮਣੀ ਦਲ ਦੀ ਅਗਵਾਈ ਹੇਠ ਬਨਣ ਵਾਲੀ ਅਗਲੀ ਸਰਕਾਰ ਨੂੰ ਰੋਕ ਨਹੀਂ ਸਕੇਗੀ।ਸੰਤ ਘੁੰਨਸ ਨੇ ਕਿਹਾ ਕਿ ਆਪ ਸਰਕਾਰ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਨਹੀਂ ਉੱਤਰੀ ਤੇ ਕੀਤੇ ਵਾਅਦੇ, ਗਰੰਟੀਆਂ ਅੱਜ ਵੀ ਅਧੂਰੇ ਰਹੇ ਹਨ।ਉਨ੍ਹਾਂ ਦੋਸ਼ ਲਗਾਇਆ ਕਿ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਲੋਕਾਂ 'ਚ ਨਿਰਾਸ਼ਾ ਪਾਈ ਜਾ ਰਹੀ ਹੈ।ਅੱਕੇ ਲੋਕ ਆਪਣਾ ਗੁੱਸਾ ਆਗਾਮੀ ਵਿਧਾਨ ਸਭਾ ਚੋਣਾਂ 'ਚ ਸ਼੍ਰੋਮਣੀ ਅਕਾਲੀ ਦਲ ਦੇ ਹੱਕ ਵਿੱਚ ਵੱਡਾ ਫਤਵਾ ਦੇ ਕੇ ਕੱਢਣਗੇ।ਇਸ ਮੌਕੇ ਭਾਈ ਪਰਮਜੀਤ ਸਿੰਘ ਖ਼ਾਲਸਾ, ਬਲਦੇਵ ਸਿੰਘ ਗਾਗੇਵਾਲ, ਕੁਲਵੰਤ ਸਿੰਘ ਟਿੱਬਾ, ਡਾ: ਸੁਖਵਿੰਦਰ ਸਿੰਘ ਨਿਹਾਲੂਵਾਲ, ਚੇਅਰਮੈਨ ਲਛਮਣ ਸਿੰਘ ਮੂੰਮ, ਸੁਖਵਿੰਦਰ ਸਿੰਘ ਸੁੱਖਾ, ਨਿਸ਼ਾਨ ਸਿੰਘ ਭੋਲਾ, ਸਰਪੰਚ ਬਚਿੱਤਰ ਸਿੰਘ ਧਾਲੀਵਾਲ, ਸੁਖਬੀਰ ਸਿੰਘ ਸੋਖੀ, ਭਿੰਦਰ ਸਿੰਘ ਸੇਖੋਂ ਆਦਿ ਹਾਜ਼ਰ ਸਨ।

# 2027 'ਚ ਬਦਲਾਅ ਲਈ ਲੋਕ ਤਿਆਰ : ਅਕਾਲੀ ਆਗੂ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂਆਂ ਨੇ ਦਾਅਵਾ ਕੀਤਾ ਹੈ ਕਿ ਸੂਬੇ ਦੇ ਲੋਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਸਰਕਾਰ ਤੋਂ ਨਿਰਾਸ਼ ਹੋ ਚੁੱਕੇ ਹਨ ਤੇ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੀ ਬੇਸਬਰੀ ਨਾਲ ਉਡੀਕ ਕਰ ਰਹੇ ਹਨ, ਤਾਂ ਜੋ ਇਸ ਸਰਕਾਰ ਦਾ ਬਿਸਤਰਾ ਗੋਲ ਕੀਤਾ ਜਾ ਸਕੇ।ਇਹ ਪ੍ਰਗਟਾਵਾ ਸਰਪੰਚ ਜਗਮੋਹਨ ਸਿੰਘ ਜੈ ਸਿੰਘ ਵਾਲਾ, ਸੰਜੀਵ ਬਿੱਟੂ ਰੋਡੇ ਸਰਕਲ ਪ੍ਰਧਾਨ, ਸਾਬਕਾ ਕੌਂਸਲਰ ਚਰਨਪ੍ਰੀਤ ਸਿੰਘ ਬਰਾੜ, ਯੂਥ ਅਕਾਲੀ ਆਗੂ ਵਿੱਕੀ ਫੂਲੇਵਾਲੀਆ, ਗੋਰਾ ਸੰਗਤਪੁਰਾ ਤੇ ਹਰਜਿੰਦਰ ਸਿੰਘ ਸਰਪੰਚ ਰੋਡੇ ਵੱਲੋਂ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ ਗਿਆ।ਉਨ੍ਹਾਂ ਕਿਹਾ ਕਿ ਸੂਬੇ ਵਿੱਚ ਮੌਜੂਦਾ ਸਰਕਾਰ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਨਹੀਂ ਉੱਤਰੀ ਤੇ ਹਰ ਵਰਗ ਵਿੱਚ ਨਿਰਾਸ਼ਾ ਦਾ ਮਾਹੌਲ ਬਣਿਆ ਹੋਇਆ ਹੈ।ਆਗੂਆਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਸੂਬੇ ਭਰ ਵਿੱਚ ਕੀਤੀਆਂ ਜਾ ਰਹੀਆਂ ਪੰਜਾਬ ਬਚਾਓ ਰੈਲੀਆਂ ਨੂੰ ਲੋਕਾਂ ਵੱਲੋਂ ਵੱਡਾ ਸਹਿਯੋਗ ਮਿਲ ਰਿਹਾ ਹੈ।ਉਨ੍ਹਾਂ ਦੱਸਿਆ ਕਿ ਇਨ੍ਹਾਂ ਰੈਲੀਆਂ ਵਿੱਚ ਆਪ ਮੁਹਾਰੇ ਇਕੱਠ ਹੋ ਰਹੇ ਹਨ, ਜੋ ਇਸ ਗੱਲ ਦਾ ਸਾਫ਼ ਸੰਕੇਤ ਹੈ ਕਿ ਪੰਜਾਬ ਦੇ ਲੋਕ ਮੁੜ ਅਕਾਲੀ ਦਲ ਦੀ ਸਰਕਾਰ ਦੇਖਣਾ ਚਾਹੁੰਦੇ ਹਨ ਤੇ ਸੁਖਬੀਰ ਸਿੰਘ ਬਾਦਲ ਨੂੰ ਅਗਲੇ ਮੁੱਖ ਮੰਤਰੀ ਵਜੋਂ ਵੇਖ ਰਹੇ ਹਨ।ਉਨ੍ਹਾਂ ਕਿਹਾ ਕਿ ਹਲਕਾ ਬਾਘਾ ਪੁਰਾਣਾ ਵਿੱਚ ਵੀ ਸ਼੍ਰੋਮਣੀ ਅਕਾਲੀ ਦਲ ਦੀ ਪਕੜ ਦਿਨੋਂ ਦਿਨ ਮਜ਼ਬੂਤ ਹੋ ਰਹੀ ਹੈ। ਉਨ੍ਹਾਂ ਦੱਸਿਆ ਕਿ ਜਥੇਦਾਰ ਤੀਰਥ ਸਿੰਘ ਮਾਹਲਾ, ਜੋ ਕਿ ਹਲਕਾ ਇੰਚਾਰਜ ਹਨ, ਪਿਛਲੇ ਲੰਮੇ ਸਮੇਂ ਤੋਂ ਇਲਾਕੇ ਵਿੱਚ ਨਿਰਸਵਾਰਥ ਸੇਵਾਵਾਂ ਨਿਭਾਅ ਰਹੇ ਹਨ ਅਤੇ ਲੋਕਾਂ ਦੇ ਦੁੱਖ-ਸੁੱਖ ਵਿੱਚ ਹਮੇਸ਼ਾ ਨਾਲ ਖੜ੍ਹੇ ਰਹਿੰਦੇ ਹਨ।ਆਗੂਆਂ ਨੇ ਕਿਹਾ ਕਿ ਯੂਥ ਆਗੂ ਸੁਖਜੀਤ ਸਿੰਘ ਮਾਹਲਾ ਵੀ ਨੌਜਵਾਨਾਂ ਵਿੱਚ ਖਾਸੀ ਪਕੜ ਰੱਖਦੇ ਹਨ ਤੇ ਪਾਰਟੀ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਮਿਹਨਤ ਕਰ ਰਹੇ ਹਨ।ਉਨ੍ਹਾਂ ਦਾ ਦਾਅਵਾ ਹੈ ਕਿ ਇਸ ਵਾਰ ਹਲਕੇ ਦੇ ਲੋਕ ਬਦਲਾਅ ਲਈ ਤਿਆਰ ਹਨ ਤੇ ਬਾਘਾ ਪੁਰਾਣਾ ਤੋਂ ਜਥੇਦਾਰ ਤੀਰਥ ਸਿੰਘ ਮਾਹਲਾ ਨੂੰ ਭਾਰੀ ਵੋਟਾਂ ਨਾਲ ਜਿਤਾ ਕੇ ਵਿਧਾਨ ਸਭਾ ਵਿੱਚ ਭੇਜਣਗੇ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅਕਾਲੀ ਦਲ ਦੀਆਂ ਨੀਤੀਆਂ ਤੇ ਪ੍ਰੋਗਰਾਮਾਂ ਨੂੰ ਸਮਝ ਕੇ ਪਾਰਟੀ ਦਾ ਸਾਥ ਦੇਣ।ਅੰਤ ਵਿੱਚ ਆਗੂਆਂ ਨੇ ਵਿਸ਼ਵਾਸ ਜਤਾਇਆ ਕਿ 2027 ਦੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਵੱਡੀ ਜਿੱਤ ਦਰਜ ਕਰੇਗਾ ਤੇ ਪੰਜਾਬ ਵਿੱਚ ਮੁੜ ਖੁਸ਼ਹਾਲੀ ਤੇ ਤਰੱਕੀ ਦਾ ਦੌਰ ਵਾਪਸ ਆਵੇਗਾ।

# ਸਰਵਹਿੱਤਕਾਰੀ ਵਿੱਦਿਆ ਮੰਦਰ ਨੇ ਬੀਰੋਕੇ ਕਲਾਂ 'ਚ ਬਾਲ ਸੰਸਕਾਰ ਕੇਂਦਰ ਖੋਲ੍ਹਿਆ



**ਭੀਖੀ (ਗੁਰਿੰਦਰ ਸਿੰਘ ਔਲਖ)**-ਸਰਵਹਿੱਤਕਾਰੀ ਵਿੱਦਿਆ ਮੰਦਰ ਵੱਲੋਂ ਪਿੰਡ ਬੀਰੋਕੇ ਕਲਾਂ (ਜ਼ਿਲ੍ਹਾ ਮਾਨਸਾ) ਵਿਖੇ 'ਸੰਤ ਬਾਬਾ ਅਲੱਖ ਰਾਮ ਜੀ ਬਾਲ ਸੰਸਕਾਰ ਕੇਂਦਰ' ਖੋਲ੍ਹਿਆ ਗਿਆ।ਇਸ ਮੌਕੇ ਜਾਣਕਾਰੀ ਦਿੰਦਿਆਂ ਸਕੂਲ ਪ੍ਰਿੰਸੀਪਲ ਡਾਕਟਰ ਗਗਨਦੀਪ ਪਰਾਸ਼ਰ ਨੇ ਦੱਸਿਆ ਕਿ ਸਰਵਹਿੱਤਕਾਰੀ ਵਿੱਦਿਆ ਮੰਦਰ ਭੀਖੀ ਵੱਲੋਂ ਪਹਿਲਾਂ ਵੀ ਤਿੰਨ ਬਾਲ ਸੰਸਕਾਰ ਕੇਂਦਰ ਸਫਲਤਾਪੂਰਵਕ ਚਲਾਏ ਜਾ ਰਹੇ ਹਨ।ਇਸੇ ਕੜੀ ਤਹਿਤ ਅੱਜ ਸੰਤ ਬਾਬਾ ਅਲੱਖ ਰਾਮ ਜੀ ਬਾਲ ਸੰਸਕਾਰ ਕੇਂਦਰ ਪਿੰਡ ਬੀਰੋਕੇ ਕਲਾਂ ਵਿੱਚ ਸ਼ੁਰੂ ਕੀਤਾ ਗਿਆ।ਇਸ ਮੌਕੇ ਪਿੰਡ ਦੀ ਪੰਚਾਇਤ, ਸੰਤ ਬਾਬਾ ਬਾਲਕ ਨਾਥ ਜੀ, ਪਿੰਡ ਵਾਸੀਆਂ, ਸਕੂਲ ਦੀ ਪ੍ਰਬੰਧਕ ਕਮੇਟੀ, ਸਾਬਕਾ ਸਰਪੰਚ ਬਲਵੀਰ ਸਿੰਘ, ਮੌਜੂਦਾ ਸਰਪੰਚ ਸ੍. ਗੁਰਮੀਤ ਸਿੰਘ, ਸਕੂਲ ਅਧਿਆਪਕਾਂ ਦੀ ਹਾਜ਼ਰੀ ਵਿੱਚ ਇਸ ਬਾਲ ਸੰਸਕਾਰ ਕੇਂਦਰ ਦਾ ਉਦਘਾਟਨ ਦੀਪ ਜਗਾ ਕੇ ਕੀਤਾ ਗਿਆ।ਇਸ ਮੌਕੇ ਪਿੰਡ ਵਾਸੀਆਂ ਤੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਸਕੂਲ ਪ੍ਰਿੰਸੀਪਲ ਡਾਕਟਰ ਗਗਨਦੀਪ ਪਰਾਸ਼ਰ ਨੇ ਕਿਹਾ ਇਹ ਸੰਸਕਾਰ ਕੇਂਦਰ ਬੱਚਿਆਂ ਨੂੰ ਚੰਗੇ ਸੰਸਕਾਰ, ਨੈਤਿਕ ਮੁੱਲ ਤੇ ਸਿੱਖਿਆ ਦੇ ਨਾਲ ਜੋੜਨ ਵਾਸਤੇ ਇੱਕ ਮਹੱਤਵਪੂਰਨ ਕਦਮ ਹੈ।ਅਸੀਂ ਆਸ ਕਰਦੇ ਹਾਂ ਕਿ ਇਹ ਕੇਂਦਰ ਬੱਚਿਆਂ ਦੇ ਚੰਗੇ ਭਵਿੱਖ ਦੀ ਨੀਂਹ ਮਜ਼ਬੂਤ ਕਰੇਗਾ।ਇਸ ਮੌਕੇ ਪਿੰਡ ਦੇ 30 ਦੇ ਕਰੀਬ ਬੱਚੇ, ਉਨ੍ਹਾਂ ਦੇ ਮਾਪੇ ਹਾਜ਼ਰ ਸਨ।

# 10000 ਰੁਪਏ ਰਿਸ਼ਵਤ ਲੈਂਦਾ ਨਾਇਬ ਕੋਰਟ ਵਿਜੀਲੈਂਸ ਵੱਲੋਂ ਰੰਗੇ-ਹੱਥੀਂ ਕਾਬੂ



ਲੁਧਿਆਣਾ, (ਰਾਜ ਸਿੰਗਲਾ) : ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਚੱਲ ਰਹੀ ਭ੍ਰਿਸ਼ਟਾਚਾਰ ਵਿਰੁੱਧ ਮੁਹਿੰਮ ਦੌਰਾਨ ਲੁਧਿਆਣਾ ਅਦਾਲਤ ਵਿੱਚ ਨਾਇਬ ਕੋਰਟ ਵਜੋਂ ਤਾਇਨਾਤ ਸਹਾਇਕ ਸਬ-ਇੰਸਪੈਕਟਰ ਤਰਲੋਚਨ ਸਿੰਘ ਨੂੰ 10000 ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਹੈ।ਇੱਥੇ ਇਹ ਜਾਣਕਾਰੀ ਸਾਂਝੀ ਕਰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਚੰਡੀਗੜ੍ਹ ਰੋਡ, ਲੁਧਿਆਣਾ ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤਕਰਤਾ ਵਿਰੁੱਧ ਇੱਕ ਕੇਸ ਦਰਜ ਸੀ ਤੇ ਗ੍ਰਿਫ਼ਤਾਰੀ ਦੌਰਾਨ ਸ਼ਿਕਾਇਤਕਰਤਾ ਦੀ ਲਾਇਸੈਂਸ-ਸ਼ੁਦਾ ਪਿਸਤੌਲ ਵੀ ਪੁਲਸ ਨੇ ਕਬਜ਼ੇ ਵਿੱਚ ਲੈ ਲਈ ਸੀ। ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਉਸ ਦਾ ਲਾਇਸੈਂਸੀ ਪਿਸਤੌਲ ਵਾਪਸ ਲੈਣ ਸਬੰਧੀ ਕੇਸ ਵਿੱਚ ਉਸ ਦੀ ਮਦਦ ਕਰਨ ਦੇ ਬਦਲੇ ਦੋਸ਼ੀ ਨਾਇਬ ਕੋਰਟ ਨੇ 10,000 ਰੁਪਏ ਦੀ ਰਿਸ਼ਵਤ ਤੇ ਸਕੈਚਰ ਸ਼ੂਅਜ਼ ਦੀ ਮੰਗ ਕੀਤੀ।ਸ਼ਿਕਾਇਤਕਰਤਾ ਨੇ ਰਿਸ਼ਵਤ ਤੇ ਸਕੈਚਰ ਸ਼ੂਅਜ਼ ਮੰਗਣ ਵਾਲੀ ਸਾਰੀ ਗੱਲਬਾਤ ਰਿਕਾਰਡ ਕਰ ਲਈ ਸੀ।ਸ਼ਿਕਾਇਤਕਰਤਾ ਰਿਸ਼ਵਤ ਦੇਣ ਜਾਂ ਕੋਈ ਵੀ ਹੋਰ ਗੈਰ-ਕਾਨੂੰਨੀ ਢੰਗ ਵਰਤਣ ਲਈ ਤਿਆਰ ਨਹੀਂ ਸੀ, ਇਸ ਲਈ ਉਸ ਨੇ ਵਿਜੀਲੈਂਸ ਬਿਊਰੋ ਰੇਂਜ ਲੁਧਿਆਣਾ ਨਾਲ ਰਾਬਤਾ ਕੀਤਾ। ਉਸ ਦੀ ਸ਼ਿਕਾਇਤ 'ਤੇ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਦੋਸ਼ੀ ਨਾਇਬ ਕੋਰਟ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 10000 ਰੁਪਏ ਰਿਸ਼ਵਤ ਦੀ ਰਕਮ ਤੇ ਸਲੇਟੀ ਰੰਗ ਦੇ ਸਕੈਚਰ ਸ਼ੂਅਜ਼ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ।ਇਸ ਸਬੰਧੀ ਦੋਸ਼ੀ ਵਿਰੁੱਧ ਵਿਜੀਲੈਂਸ ਬਿਊਰੋ ਪੁਲਸ ਸਟੇਸ਼ਨ ਲੁਧਿਆਣਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ ਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਟੁੱਟਿਆ ਬਿਜਲੀ ਦਾ ਖੰਭਾ ਕਿਸੇ ਵੱਡੇ ਹਾਦਸੇ ਦੀ ਉਡੀਕ 'ਚ!

ਲੌਂਗੋਵਾਲ, (ਪ੍ਰਦੀਪ ਸੱਪਲ)-ਕਸਬੇ ਅੰਦਰ ਪੱਤੀ ਗਾਹੂ ਨੇੜੇ ਜੱਟਾਂ ਦੀ ਡੇਅਰੀ ਕੋਲ ਪਿਛਲੇ ਕਾਫੀ ਸਮੇਂ ਤੋਂ ਮੇਨ ਸੜਕ 'ਤੇ ਟੁੱਟਿਆ ਬਿਜਲੀ ਦਾ ਖੰਭਾ ਕਿਸੇ ਵੱਡੇ ਹਾਦਸੇ ਦੀ ਉਡੀਕ ਕਰ ਰਿਹਾ ਹੈ।ਇਸ ਬਾਰੇ ਜਾਣਕਾਰੀ ਦਿੰਦਿਆਂ ਨਗਰ ਕੌਂਸਲ ਪ੍ਰਧਾਨ ਪਰਮਿੰਦਰ ਕੌਰ ਬਰਾੜ ਨੇ ਦੋਸ਼ ਲਗਾਉਂਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਬਿਜਲੀ ਬੋਰਡ ਦੇ ਅਧਿਕਾਰੀਆਂ ਤੇ ਸਬੰਧਤ ਜੇ.ਈ. ਨੂੰ ਕਈ ਵਾਰ ਕਿਹਾ ਗਿਆ ਹੈ ਕਿ ਇਸ ਟੁੱਟੇ ਹੋਏ ਖੰਭੇ ਨੂੰ ਪੁੱਟ ਕੇ ਇੱਥੇ ਨਵਾਂ ਖੰਭਾ ਲਗਾਇਆ ਜਾਵੇ।ਉਨ੍ਹਾਂ ਕਿਹਾ ਕਿ ਇਹ ਰੋਡ 'ਤੇ ਬਹੁਤ ਆਵਾਜਾਈ ਰਹਿੰਦੀ ਹੈ ਤੇ ਇਸ ਦੇ ਨਾਲ ਹੀ ਇੱਥੇ ਦੁੱਧ ਦੀ ਡੇਅਰੀ ਬਣੀ ਹੋਈ ਹੈ, ਜਿੱਥੇ ਲੋਕਾਂ ਦੀ ਬਹੁਤ ਭੀੜ ਲੱਗੀ ਰਹਿੰਦੀ ਹੈ ਤੇ ਨਾਲ ਹੀ ਇਹ ਸੜਕ ਸਵਰਗ ਆਸ਼ਰਮ ਨੂੰ ਜਾਂਦੀ ਹੈ ਤੇ ਇਸ ਦੇ ਨਜ਼ਦੀਕ ਪ੍ਰਾਚੀਨ ਸ਼ਿਵ ਮੰਦਰ ਵੀ ਹੈ ਜਿੱਥੇ ਸ਼ਰਧਾਲੂਆਂ ਦਾ ਹਰ ਰੋਜ਼ ਆਉਣਾ-ਜਾਣਾ ਰਹਿੰਦਾ ਹੈ।ਇਸ ਦੇ ਬਾਵਜੂਦ ਬਿਜਲੀ ਬੋਰਡ ਦੇ ਅਧਿਕਾਰੀਆਂ ਦੇ ਕੰਨ 'ਤੇ ਅੱਜ ਤੱਕ ਜੂੰ ਨਹੀਂ ਸਰਕੀ।ਨਗਰ ਕੌਂਸਲ ਪ੍ਰਧਾਨ ਦਾ ਇਹ ਵੀ ਕਹਿਣਾ ਹੈ ਕਿ ਜੇਕਰ ਇੱਥੇ ਕੋਈ ਵੱਡਾ ਹਾਦਸਾ ਵਾਪਰਦਾ ਹੈ ਤਾਂ ਉਸ ਦੀ ਸਾਰੀ ਜ਼ਿੰਮੇਵਾਰੀ ਸੰਬੰਧਤ ਜੇ. ਈ. ਦੀ ਹੋਵੇਗੀ।ਉਨ੍ਹਾਂ ਕਿਹਾ ਕਿ ਜਦੋਂ ਇੱਕ ਨਗਰ ਕੌਂਸਲ ਪ੍ਰਧਾਨ ਦੇ ਵਾਰ-ਵਾਰ ਕਹਿਣ 'ਤੇ ਇਹ ਟੁੱਟਿਆ ਖੰਭਾ ਨਹੀਂ ਬਦਲਿਆ ਜਾ ਰਿਹਾ ਤਾਂ ਆਮ ਲੋਕਾਂ ਦਾ ਕੀ ਹਾਲ ਹੁੰਦਾ ਹੋਵੇਗਾ? ਹੁਣ ਵੇਖਣਾ ਇਹ ਹੋਵੇਗਾ ਕਿ ਬਿਜਲੀ ਬੋਰਡ ਦੇ ਅਧਿਕਾਰੀਆਂ ਵੱਲੋਂ ਇਹ ਖੰਭਾ ਬਦਲਿਆ ਜਾਵੇਗਾ ਜਾਂ ਹਾਲੇ ਵੀ ਉਹ ਕਿਸੇ ਵੱਡੇ ਹਾਦਸੇ ਦੀ ਉਡੀਕ ਕਰ ਰਹੇ ਹਨ।



# ਖੰਨਾ ਪੁਲਸ ਵੱਲੋਂ ਨਸ਼ਾ ਤਸਕਰਾਂ ਦੀ 42.45 ਲੱਖ ਦੀ ਜਾਇਦਾਦ ਫ੍ਰੀਜ਼

ਦੋਰਾਹਾ, (ਹਰਮਿੰਦਰ ਸੇਠ)-ਪੰਜਾਬ ਪੁਲਸ ਵੱਲੋਂ ਚਲਾਈ ਜਾ ਰਹੀ ਗੈਂਗਸਟਰ 'ਤੇ ਵਾਰ ਮੁਹਿੰਮ ਤਹਿਤ ਖੰਨਾ ਪੁਲਸ ਨੇ ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰਦਿਆਂ ਦੋ ਦੋਸ਼ੀਆਂ ਦੀ ਕੁੱਲ ?42,45,600 ਮੁੱਲ ਦੀ ਜਾਇਦਾਦ ਕੰਪਟੈਂਟ ਅਥਾਰਟੀ ਦਿੱਲੀ ਰਾਹੀਂ ਫ੍ਰੀਜ਼ ਕਰਵਾ ਦਿੱਤੀ ਹੈ।ਇਹ ਕਾਰਵਾਈ ਮਾਨਯੋਗ ਡੀਜੀਪੀ ਪੰਜਾਬ ਤੇ ਡੀਆਈਜੀ ਲੁਧਿਆਣਾ ਰੇਂਜ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਡਾ. ਦਰਪਨ ਆਹਲੂਵਾਲੀਆ ਆਈਪੀਐੱਸ ਸੀਨੀਅਰ ਕਪਤਾਨ ਪੁਲਸ ਖੰਨਾ ਦੀ ਅਗਵਾਈ ਹੇਠ ਕੀਤੀ ਗਈ।ਇਸ ਦੌਰਾਨ ਡੀ.ਐੱਸ.ਪੀ. ਪਾਇਲ ਸ੍ਰ. ਜਸਬਿੰਦਰ ਸਿੰਘ ਖਹਿਰਾ ਤੇ ਐੱਸਐੱਚਓ ਦੋਰਾਹਾ ਸ਼੍ਰੀ ਆਕਾਸ਼ ਦੱਤ ਵੱਲੋਂ ਦੋਸ਼ੀਆਂ ਦੇ ਘਰ ਦੇ ਬਾਹਰ ਆਰਡਰ ਕਾਪੀ ਵੀ ਲਗਾਈ ਗਈ।ਡੀਐੱਸਪੀ ਪਾਇਲ ਸ. ਜਸਬਿੰਦਰ ਸਿੰਘ ਖਹਿਰਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਦੋਸ਼ੀ ਧਰਮਵੀਰ ਉਰਫ ਗੁੱਜਰ ਪੁੱਤਰ ਸੁਰਿੰਦਰਪਾਲ ਸਿੰਘ ਤੇ ਗੀਤਾ ਪਤਨੀ ਸੁਰਿੰਦਰਪਾਲ ਸਿੰਘ ਵਾਸੀ ਡਾਕਖਾਨੇ ਵਾਲੀ ਗਲੀ, ਸਾਹਮਣੇ ਗੁਰੂ ਨਾਨਕ ਕਾਲਜ ਦੋਰਾਹਾ ਦੀ ਚੱਲ ਤੇ ਅਚੱਲ ਜਾਇਦਾਦ ਨੂੰ ਫ੍ਰੀਜ਼ ਕੀਤਾ ਗਿਆ ਹੈ।ਇਸ ਵਿੱਚ 36 ਲੱਖ ਮੁੱਲ ਦਾ ਪਲਾਟ, ?6,17,500 ਦੀ ਇਮਾਰਤ ਤੇ 28,100 ਡਰੱਗ ਮਨੀ ਸ਼ਾਮਲ ਹੈ।ਪੁਲਸ ਅਨੁਸਾਰ, ਇਸ ਕਾਰਵਾਈ ਤੋਂ ਬਾਅਦ ਦੋਸ਼ੀ ਨਾ ਤਾਂ ਇਸ ਜਾਇਦਾਦ ਨੂੰ ਵੇਚ ਸਕਣਗੇ ਤੇ ਨਾ ਹੀ ਇਸ ਦੀ ਮਲਕੀਅਤ ਤਬਦੀਲ ਕਰ ਸਕਣਗੇ।ਇਸ ਸਬੰਧੀ ਥਾਣਾ ਦੋਰਾਹਾ ਵਿੱਚ ਮੁਕੱਦਮਾ ਨੰਬਰ 145 ਮਿਤੀ 13 ਸਤੰਬਰ 2025 ਅਧੀਨ ਐੱਨ.ਡੀ.ਪੀ.ਐੱਸ. ਐਕਟ ਦੀਆਂ ਧਾਰਾਵਾਂ 21/61/85 ਤਹਿਤ ਪਹਿਲਾਂ ਹੀ ਮਾਮਲਾ ਦਰਜ ਹੈ।



ਉਕਤ ਮਾਮਲੇ ਵਿੱਚ ਪੁਲਸ ਵੱਲੋਂ ਪਹਿਲਾਂ 500 ਗ੍ਰਾਮ ਆਈਸ, 150 ਗ੍ਰਾਮ ਹੈਰੋਇਨ, ?28,100 ਡਰੱਗ ਮਨੀ ਤੇ ਵਿਦੇਸ਼ੀ ਕਰੰਸੀ ਵੀ ਬਰਾਮਦ ਕੀਤੀ ਜਾ ਚੁੱਕੀ ਹੈ।ਇਸ ਮੌਕੇ ਡੀਐਸਪੀ ਪਾਇਲ ਜਸਬਿੰਦਰ ਸਿੰਘ ਖਹਿਰਾ ਨੇ ਕਿਹਾ ਕਿ ਨਸ਼ਾ ਤਸਕਰਾਂ ਖ਼ਿਲਾਫ਼ ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾ ਰਿਹਾ ਹੈ ਤੇ ਕਿਸੇ ਵੀ ਦੋਸ਼ੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ।ਇਸ ਮੌਕੇ ਐੱਸ ਐੱਚ ਓ ਦੋਰਾਹਾ ਆਕਾਸ਼ ਦੱਤ ਮੌਜੂਦ ਸਨ।

# ਸਰਕਾਰ ਸਿੱਖਿਆ ਦਾ ਅਧਿਕਾਰ ਐਕਟ 2009 ਨੂੰ ਸਾਰੇ ਪ੍ਰਾਈਵੇਟ ਸਕੂਲਾਂ 'ਚ ਲਾਗੂ ਕਰਵਾਏ : ਅਸ਼ੋਕ ਮੋਹਿੰਦਰਾ



ਮੱਖੂ, (ਰਛਪਾਲ ਸਿੰਘ ਸੰਧੂ) : ਪੰਜਾਬ ਸਰਕਾਰ ਗਰੀਬ ਬੱਚਿਆਂ ਦੀ ਭਲਾਈ ਲਈ ਸਾਰੇ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਰਾਹੀਂ ਪ੍ਰਾਈਵੇਟ ਸਕੂਲਾਂ ਨੂੰ ਇਹ ਹਦਇਤ ਜਾਰੀ ਕਰੇ ਕਿ 25 ਪ੍ਰਤੀਸ਼ਤ ਰਾਖਵਾਂਕਰਨ ਦੇ ਅਨੁਸਾਰ ਗਰੀਬ ਬੱਚਿਆਂ ਦਾ ਦਾਖਲਾ ਕੀਤਾ ਜਾਵੇ ਤਾਂ ਜੋ ਗਰੀਬ ਬੱਚੇ ਵੀ ਪ੍ਰਾਈਵੇਟ ਸਕੂਲ ਵਿੱਚ ਦਾਖਲਾ ਲੈ ਸਕਣ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭੀਮ ਕ੍ਰਾਂਤੀ ਦੇ ਸੰਸਥਾਪਕ ਅਸ਼ੋਕ ਮੋਹਿੰਦਰਾ ਨੇ ਕਰਦਿਆਂ ਕਿਹਾ ਕਿ ਮਾਣਯੋਗ ਪਾਰਲੀਮੈਂਟ ਨੇ 2009 ਵਿੱਚ ਇੱਕ ਸਿੱਖਿਆ ਦਾ ਅਧਿਕਾਰ ਐਕਟ ਬਣਾਇਆ ਸੀ, ਜਿਸ ਵਿੱਚ ਅੱਠਵੀਂ ਜਮਾਤ ਤੱਕ ਦੇ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਵੱਲੋਂ 25 ਪ੍ਰਤੀਸ਼ਤ ਰਾਖਵਾਂਕਰਨ ਦੇਣ ਦੇ ਹੁਕਮ ਜਾਰੀ ਕੀਤੇ ਸਨ, ਜਿਸ ਵਿਚ 2011 ਵਿੱਚ ਪੰਜਾਬ ਸਰਕਾਰ ਨੇ ਇੱਕ ਸੋਧ ਕਰਕੇ 7(4) ਰੂਲ ਪਾਸ ਕਰਕੇ ਇਸ ਐਕਟ ਵਿੱਚ ਰੋਕ ਲਗਾਉਣ ਦੀ ਕੋਸ਼ਿਸ਼ ਕੀਤੀ ਤੇ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਵਿੱਚ ਦਾਖਲਾ ਲੈਣ ਵਿੱਚ ਪ੍ਰੇਸ਼ਾਨੀ ਆਉਣ ਲੱਗੀ, ਜਿਸ ਕਾਰਨ 20 ਦਸੰਬਰ 2024 ਨੂੰ ਮਾਣਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਦਾ ਫੈਸਲਾ ਆਇਆ, ਜਿਸ ਵਿੱਚ 7(4)2011 ਨੂੰ ਖਤਮ ਕਰਕੇ ਬੱਚਿਆਂ ਨੂੰ ਦੁਬਾਰਾ ਸਿੱਖਿਆ ਦਾ ਅਧਿਕਾਰ ਦੇਣ ਦਾ ਫੈਸਲਾ ਦਿੱਤਾ।ਅਸ਼ੋਕ ਮੋਹਿੰਦਰਾ ਨੇ ਪੰਜਾਬ ਸਰਕਾਰ ਨੂੰ ਬੇਨਤੀ ਕੀਤੀ ਕਿ ਜ਼ਿਲ੍ਹੇ ਦੇ ਸਾਰੇ ਪ੍ਰਾਈਵੇਟ ਸਕੂਲਾਂ ਨੂੰ ਮਾਣਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਹੁਕਮਾਂ ਅਨੁਸਾਰ ਜ਼ਿਲ੍ਹਾ ਸਿੱਖਿਆ ਅਫ਼ਸਰ ਰਾਹੀਂ ਹਦਾਇਤ ਕੀਤੀ ਜਾਵੇ ਕਿ 25 ਪ੍ਰਤੀਸ਼ਤ ਰਾਖਵਾਂਕਰਨ ਪ੍ਰਾਈਵੇਟ ਸਕੂਲਾਂ ਵਿੱਚ ਲਾਗੂ ਕੀਤਾ ਜਾਵੇ।ਜੋ ਵੀ ਪ੍ਰਾਈਵੇਟ ਸਕੂਲ ਦਾਖਲੇ ਤੋਂ ਇਨਕਾਰ ਕਰਦਾ ਹੈ, ਉਸ ਖਿਲਾਫ਼ ਕਾਨੂੰਨੀ ਕਰਵਾਈ ਕੀਤੀ ਜਾਵੇ।

# ਸੁਖਬੀਰ ਬਾਦਲ ਤੇ ਬਲਰਾਮ ਜਾਖੜ ਨੇ ਲਾਲ ਸਿੰਘ ਦੇ ਪਰਵਾਰ ਨਾਲ ਕੀਤਾ ਦੁੱਖ ਸਾਂਝਾ



ਪਟਿਆਲਾ, (ਰਾਜਿੰਦਰ ਸਿੰਘ) : ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸਾਬਕਾ ਪ੍ਰਧਾਨ ਤੇ ਸਾਬਕਾ ਖ਼ਜ਼ਾਨਾ ਮੰਤਰੀ ਸਵ. ਲਾਲ ਸਿੰਘ ਦੇ ਅਕਾਲ ਚਲਾਣੇ ਤੋਂ ਬਾਅਦ ਉਨ੍ਹਾਂ ਦੇ ਪਟਿਆਲਾ ਸਥਿਤ ਨਿਵਾਸ ਸਥਾਨ 'ਤੇ ਵੱਖ-ਵੱਖ ਰਾਜਸੀ ਪਾਰਟੀਆਂ ਦੇ ਆਗੂਆਂ, ਪ੍ਰਸ਼ਾਸਨਕ ਤੇ ਪੁਲਸ ਅਧਿਕਾਰੀਆਂ ਦਾ ਤਾਂਤਾ ਲੱਗਿਆ ਹੋਇਆ ਹੈ।ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਬੀਜੇਪੀ ਦੇ ਪੰਜਾਬ ਪ੍ਰਧਾਨ ਬਲਰਾਮ ਜਾਖੜ ਵੱਲੋਂ ਆਪਣੇ ਹੋਰ ਦਰਜ਼ਨਾਂ ਪਾਰਟੀ ਆਗੂਆਂ ਸਮੇਤ ਸਵ. ਲਾਲ ਸਿੰਘ ਦੀ ਰਿਹਾਇਸ਼ 'ਤੇ ਜਾ ਕੇ ਉਨ੍ਹਾਂ ਦੇ ਸਪੁੱਤਰ ਸਾਬਕਾ ਐੱਮ ਐੱਲ ਏ ਰਾਜਿੰਦਰ ਸਿੰਘ ਤੇ ਪਰਵਾਰ ਨਾਲ ਆਪਣਾ ਦੁੱਖ ਸਾਂਝਾ ਕੀਤਾ। ਇਸ ਮੌਕੇ ਅਕਾਲੀ ਆਗੂ ਕ੍ਰਿਪਾਲ ਸਿੰਘ ਬਡੂੰਗਰ, ਜਸਪਾਲ ਸਿੰਘ ਚੱਠਾ ਐੱਸ ਕੇ ਸ਼ਰਮਾ, ਬਰਨਾਲਾ ਦੇ ਵਿਧਾਇਕ ਕਾਲਾ ਢਿੱਲੋਂ, ਕਬੀਰ ਦਾਸ, ਵਿਕਰਮ ਚੌਹਾਨ ਸਾਬਕਾ ਐੱਮ ਐੱਲ ਏ, ਅਜੀਤ ਸਿੰਘ ਮੋਫ਼ਰ ਸਬਕਾ ਐੱਮ ਐੱਲ ਏ, ਮੈਡਮ ਪਰਪੀਤ ਬਰਾੜ ਸਾਬਕਾ ਜਰਨਲ ਸਕੱਤਰ ਕਾਂਗਰਸ, ਸ਼ਿਵ ਸੈਨਾ ਆਗੂ ਪਵਨ ਗੁਪਤਾ, ਸੁਖਵਿੰਦਰ ਸਿੰਘ ਡੈਨੀ ਸਾਬਕਾ ਵਿਧਾਇਕ, ਸੁਨੀਲ ਦੱਤੀ, ਸਾਬਕਾ ਵਿਧਾਇਕ ਸ਼੍ਰੋਮਣੀ ਦੇ ਆਗੂ ਐੱਨ ਕੇ ਸ਼ਰਮਾ ਨੇ ਸਵ. ਲਾਲ ਸਿੰਘ ਦੇ ਪੁੱਤਰ ਰਾਜਿੰਦਰ ਸਿੰਘ (ਸਾਬਕਾ ਵਿਧਾਇਕ) ਬੀਬਾ ਰਵਿੰਦਰ ਕੌਰ ਤੇ ਸਮੁੱਚੇ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ।

ਇਸ ਮੌਕੇ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਸਵ. ਲਾਲ ਸਿੰਘ ਇਕ ਬੁੱਧੀਮਾਨ, ਸਭ ਧਰਮਾਂ ਤੇ ਪਾਰਟੀਆਂ ਦੇ ਆਗੂਆਂ ਦਾ ਸਤਿਕਾਰ ਕਰਨ ਵਾਲੇ ਤੇ ਇਕ ਗ਼ੈਰ-ਵਿਵਾਦਿਤ ਰਾਜਸੀ ਆਗੂ ਸਨ ਸਨ, ਜਿਨ੍ਹਾਂ ਦੇ ਚਲੇ ਜਾਣ ਨਾਲ ਜਿੱਥੇ ਪਰਵਾਰ ਨੂੰ ਵੱਡਾ ਘਾਟਾ ਪਿਆ ਹੈ, ਉੱਥੇ ਪੰਜਾਬ ਨੂੰ ਇਕ ਚੰਗੇ ਰਾਜ ਨੇਤਾ ਦੀ ਘਾਟ ਪੈ ਗਈ ਹੈ। ਬੀਜੇਪੀ ਦੇ ਸੂਬਾ ਪ੍ਰਧਾਨ ਬਲਰਾਮ ਜਾਖੜ ਨੇ ਕਿਹਾ ਕਿ ਉਨ੍ਹਾਂ ਸਵ. ਲਾਲ ਸਿੰਘ ਤੋਂ ਰਾਜਨੀਤੀ ਦੇ ਗੁਣ ਸਿੱਖੇ। ਜਾਖੜ ਨੇ ਕਿਹਾ ਕਿ ਸਵ. ਲਾਲ ਸਿੰਘ ਨੇ ਪੰਜਾਬ 'ਚ ਕਾਂਗਰਸ ਪਾਰਟੀ ਨੂੰ ਹਮੇਸ਼ਾ ਮਜ਼ਬੂਤ ਬਣਾਉਣ ਲਈ ਸਖਤ ਮਿਹਨਤ ਕੀਤੀ। ਇਸ ਮੌਕੇ ਸੁਰਿੰਦਰ ਮਿੱਤਲ, ਸੀਤਲ ਸਿੰਘ ਭਾਨਰਾ, ਕਾਮਰੇਡ ਰੇਸ਼ਮ ਅਜ਼ਾਦ ਸਮੇਤ ਵੱਡੀ ਗਿਣਤੀ 'ਚ ਪਤਵੰਤੇ ਸੱਜਣ ਸ਼ਾਮਲ ਸਨ।

## COURT NOTICE

(U/o 5 Rule 20 CPC)
In The Court of Sh. Gurinder Singh
Civil Judge (Junior Division) Ludhiana
Next Date, Purpose of case, Orders and Judgments as well as other case information is available on http://ecourts.gov.in
CNR No. PBLD02-000601-2026
Next Date:- 04-05-2026
Paramdeep Singh Vs.
Bhupinder Singh S/o Kuldeep Singh
Publication Issued To:
Bhupinder Singh S/o Kuldeep Singh
Harwinder Kaur W/o Bhupinder Singh
Harjit Singh S/o Bhupinder Singh
Sukhwant Singh S/o Bhupinder Singh
All R/o House No. 16/48. Laxman Nagar, Vishwakarma Chowk, Miller Ganj Ludhiana, at Present Residing at H.No. 884, St. No. 4, Manjit Singh Nagar, Ludhiana

Whereas it has been proved to the satisfaction of the Court that the defendant(s)/respondent(s) above named cannot be served in the ordinary way of service. Hence, this proclamation under order 5 Rule 20 CPC is hereby issued against him/them and should appear personally or through their counsel on 04-05-2026 at 10:00 a.m.

Take notice that, in default of his/their appearance on the day before mentioned, the above said case will be heard and determined in his/their absence according to law.

Given under my hand and the seal of the Court, this 30-03-2026.

Civil Judge (Junior Division) Ludhiana

## COURT NOTICE

In the Court of
Ms. Icy Jaswal
Judicial Magistrate - Ist Class
Ludhiana
CNR No.:- PBLD03-001824-2024
Next Date:-07-05-2026
EKTA
VS.
GIRISH
Detail of offence:-
Notice To:
Girish S/o Hans Raj R/o H. No. 31, Lane-1, Shiv Bhahar, Jalandhar, Mob. No. 89687-33281, 98726-12693

in above titled case, the accused could not be served. It is ordered that accused should appear in person or through counsel on 07-05-2026 at 10.00 a.m.

For details logon to https://highcourtchd.gov.in/?mod=district_notice&district=mogacourt

Judicial Magistrate - Ist Class
Ludhiana
Dated, this day of 03-04-2026

# ਚੋਰਾਂ-ਲੁਟੇਰਿਆਂ ਤੇ ਸਮਾਜ ਵਿਰੋਧੀ ਅਨਸਰਾਂ ਦੇ ਹੌਸਲੇ ਬੁਲੰਦ, ਪੁਲਸ ਪ੍ਰਸ਼ਾਸਨ ਖਾਮੋਸ਼ : ਐਡਵੋਕੇਟ ਉੱਡਤ

## ਨਸ਼ਿਆਂ ਵਿਰੁੱਧ ਸਰਕਾਰ ਦਾ ਯੁੱਧ ਮਹਿਜ਼ ਸਿਆਸੀ ਡਰਾਮਾ



ਸਰਦੂਲਗੜ੍ਹ/ਝੁਨੀਰ (ਆਤਮਾ ਸਿੰਘ ਪਮਾਰ)-ਪੰਜਾਬ 'ਚ ਨਸ਼ਿਆਂ ਦਾ ਛੇਵਾਂ ਦਰਿਆ ਨਿਰਵਿਘਨ ਵਹਿ ਰਿਹਾ ਹੈ ਤੇ ਨਸ਼ਿਆਂ ਵਿਰੁੱਧ ਮਾਨ ਸਰਕਾਰ ਦਾ ਯੁੱਧ ਮਹਿਜ ਇੱਕ ਸਿਆਸੀ ਡਰਾਮੇ ਤੋਂ ਵੱਧ ਕੁੱਝ ਵੀ ਨਹੀਂ, ਸਗੋਂ ਪੰਜਾਬ 'ਚ ਰਵਾਇਤੀ ਪਾਰਟੀਆਂ ਦੀਆਂ ਸਰਕਾਰਾਂ ਨਾਲੋਂ ਵੀ ਵੱਡੇ ਪੈਮਾਨੇ 'ਤੇ ਨਸ਼ੇ ਦੀ ਸਪਲਾਈ ਹੋ ਰਹੀ ਹੈ।ਚੋਰਾਂ ਲੁਟੇਰਿਆਂ ਤੇ ਸਮਾਜ ਵਿਰੋਧੀ ਅਨਸਰਾਂ ਦੇ ਹੌਸਲੇ ਸੱਤਵੇਂ ਅਸਮਾਨ 'ਤੇ ਚੜ੍ਹੇ ਹੋਏ ਹਨ।ਪੁਲਸ ਪ੍ਰਸ਼ਾਸਨ ਮੂਕ ਦਰਸ਼ਕ ਬਣ ਕੇ ਸਿਰਫ ਤਮਾਸ਼ਾ ਹੀ ਨਹੀਂ ਦੇਖ ਰਿਹਾ, ਸਗੋਂ ਇਨ੍ਹਾਂ ਦੀ ਪੁਸ਼ਤ ਪੁਨਾਹੀ ਵੀ ਕਰ ਰਿਹਾ ਹੈ।ਇਸ ਸਬੰਧੀ ਪ੍ਰੈੱਸ ਬਿਆਨ ਜਾਰੀ ਕਰਦਿਆਂ ਸੀਪੀਆਈ ਦੇ ਸੂਬਾਈ ਆਗੂ ਐਡਵੋਕੇਟ ਕੁਲਵਿੰਦਰ ਸਿੰਘ ਉੱਡਤ ਨੇ ਕਿਹਾ ਕਿ ਸਰਦੂਲਗੜ੍ਹ ਹਲਕੇ ਦੇ ਪਿੰਡਾਂ 'ਚ ਲਗਾਤਾਰ ਚੋਰੀਆਂ ਹੋ ਰਹੀਆਂ ਹਨ, ਨਸ਼ੇ 'ਚ ਧੁੱਤ ਬੇਰੁਜ਼ਗਾਰ ਨੌਜਵਾਨ ਆਮ ਲੋਕਾਂ ਲਈ ਦੈਂਤ ਬਣ ਕੇ ਸਰੇਆਮ ਘੁੰਮ ਰਹੇ ਹਨ, ਨਸ਼ੇ ਦੀ ਸਪਲਾਈ ਡੋਰ ਟੂ ਡੋਰ ਹੋ ਰਹੀ ਹੈ, ਸਪਲਾਈ ਕਰਨ 'ਚ ਕੁੜੀਆਂ ਵੀ ਪਿੱਛੇ ਨਹੀਂ ਰਹੀਆਂ।ਉੱਡਤ ਨੇ ਕਿਹਾ ਕਿ ਸਮਾਜ ਵਿਰੋਧੀ ਅਨਸਰਾਂ ਦੇ ਵਧਦੇ ਹੌਸਲਿਆਂ ਤੋਂ ਆਮ ਜਨਜੀਵਨ 'ਚ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ ਤੇ ਲੋਕ ਖੇਤਾਂ ਵਾਲੀਆਂ ਮੋਟਰਾਂ ਦੇ ਸਟਾਰਟਰ ਤੇ ਤਾਰਾਂ ਵੀ ਖੋਲ ਕੇ ਘਰਾਂ 'ਚ ਰੱਖਣ ਲਈ ਮਜਬੂਰ ਹਨ।ਐਡਵੋਕੇਟ ਉੱਡਤ ਨੇ ਕਿਹਾ ਕਿ ਪੰਜਾਬ ਸਰਕਾਰ ਨਸ਼ਾਂ ਤਸਕਰਾਂ ਤੇ ਪੁਲਸ ਪ੍ਰਸ਼ਾਸਨ ਦਾ ਗੱਠਜੋੜ ਤੋੜਨ ਦੀ ਥਾਂ ਮੀਡੀਆ ਰਾਹੀਂ ਡਰਾਮੇ ਕਰਨ 'ਚ ਮਸਰੂਫ ਹੈ। ਆਪ ਆਗੂ ਤੇ ਬਿਊਰੋਕ੍ਰੇਸੀ ਨਸ਼ੇ ਦੀ ਕਾਲੀ ਕਮਾਈ ਨਾਲ ਮਾਲੋਮਾਲ ਹੋ ਰਹੇ ਹਨ ਤੇ ਆਮ ਲੋਕਾਂ ਦਾ ਜੀਵਨ ਪੂਰੀ ਤਰ੍ਹਾਂ ਦੁੱਭਰ ਹੋ ਚੁੱਕਾ ਹੈ।

# ਰੋਟਰੀ ਕਲੱਬ ਆਫ਼ ਗ੍ਰੇਟਰ ਵੱਲੋਂ 7 ਲੜਕੀਆਂ ਦੇ ਸਮੂਹਕ ਵਿਆਹ



ਰਾਜਪੁਰਾ, (ਰਮੇਸ਼ ਕਟਾਰੀਆ)-ਰੋਟਰੀ ਕਲੱਬ ਆਫ਼ ਗ੍ਰੇਟਰ ਰਾਜਪੁਰਾ ਵੱਲੋਂ ਸਮਾਜ ਸੇਵਾ ਦੀ ਮਿਸਾਲ ਕਾਇਮ ਕਰਦਿਆਂ ਆਰਥਿਕ ਤੌਰ 'ਤੇ ਕਮਜ਼ੋਰ ਪਰਵਾਰਾਂ ਦੇ ਵਿਆਹ ਯੋਗ ਬੱਚਿਆਂ ਦੇ ਸਮੂਹਕ ਵਿਆਹ ਸਮਾਰੋਹ ਕਲੱਬ ਦੇ ਪ੍ਰਧਾਨ ਡਾ. ਸੁਰਿੰਦਰ ਕੁਮਾਰ ਦੀ ਅਗਵਾਈ ਹੇਠ ਰੋਟਰੀ ਸਦਨ ਨਿੱਕਾ ਸਿੰਘ ਕਾਲੋਨੀ, ਭੋਗਲਾਂ ਰੋਡ, ਰਾਜਪੁਰਾ ਵਿਖੇ ਕੀਤਾ ਗਿਆ, ਜਿਸ ਵਿੱਚ ਅਰੁਣ ਬਾਂਕਾ ਐੱਮ ਡੀ ਨੁਟ੍ਰਿਕਾਨਾ ਕੈਟਲ ਫੀਡ ਨੇ ਮੁੱਖ ਮਹਿਮਾਨ, ਦੀਪਕ ਸੂਦ ਯੂ ਐੱਸ ਏ, ਵਿਨੇਸ਼ ਚੁੱਘ ਤੇ ਸ਼੍ਰੀ ਤਰਸੇਮ ਜੋਸ਼ੀ ਨੇ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕਰਦੇ ਹੋਏ ਨਵੇਂ ਵਿਹਾਏ ਜੋੜਿਆਂ ਨੂੰ ਅਸ਼ੀਰਵਾਦ ਦਿੱਤਾ।ਇਸ ਮੌਕੇ ਕਲੱਬ ਦੇ ਪ੍ਰਧਾਨ ਡਾ. ਸੁਰਿੰਦਰ ਕੁਮਾਰ ਨੇ ਦੱਸਿਆ ਕਿ ਇਸ ਉਪਰਾਲੇ ਦਾ ਮਕਸਦ ਆਰਥਿਕ ਤੌਰ 'ਤੇ ਕਮਜ਼ੋਰ ਪਰਵਾਰਾਂ ਦੀ ਮਦਦ ਕਰਨਾ ਤੇ ਸਮਾਜ ਵਿੱਚ ਸੇਵਾ ਦੀ ਭਾਵਨਾ ਨੂੰ ਮਜ਼ਬੂਤ ਕਰਨਾ ਹੈ। ਕਲੱਬ ਦੇ ਸਕੱਤਰ ਇੰਜ. ਮਨੋਜ ਮੋਦੀ ਨੇ ਕਿਹਾ ਕਿ ਕਲੱਬ ਵੱਲੋਂ ਲਗਾਤਾਰ ਸਮਾਜ ਭਲਾਈ ਦੇ ਕਾਰਜ ਕੀਤੇ ਜਾ ਰਹੇ ਹਨ, ਜਿਸ ਦੇ ਤਹਿਤ ਅੱਜ 7 ਜ਼ਰੂਰਤਮੰਦ ਪਰਵਾਰਾਂ ਦੇ ਬੱਚਿਆਂ ਦੇ ਵਿਆਹ ਪਰਵਾਰਾਂ ਦੇ ਰੀਤੀ ਰਿਵਾਜ ਅਨੁਸਾਰ ਕਰਵਾਏ ਗਏ ਹਨ ਤੇ ਨਵ-ਵਿਆਹਿਆਂ ਨੂੰ ਘਰ ਦੀ ਜ਼ਰੂਰਤ ਦਾ ਸਾਰਾ ਸਾਮਾਨ ਕਲੱਬ ਵੱਲੋਂ ਦਿੱਤਾ ਗਿਆ। ਇਸ ਮੌਕੇ ਕਲੱਬ ਦੇ ਕੈਸ਼ੀਅਰ ਐੱਸ. ਪੀ. ਨੰਦਰਾਜੋਗ, ਸਤਵਿੰਦਰ ਸਿੰਘ ਚੌਹਾਨ, ਇਸ਼ਵਰ ਲਾਲ, ਓ. ਪੀ. ਅਰੋੜਾ, ਰਤਨ ਸ਼ਰਮਾ, ਅਨਿਲ ਵਰਮਾ, ਸੰਜੀਵ ਗੋਇਲ, ਮਾਨ ਸਿੰਘ, ਗੁਰਦੀਪ ਸਿੰਘ, ਪਵਨ ਚੁਘ, ਸੋਹਣ ਸਿੰਘ, ਪ੍ਰਿੰਸੀਪਲ ਜੋਤੀ ਪੁਰੀ, ਵਿਨੋਦ ਕੁਮਾਰ ਮੌਡਰਨ ਲੈਬ ਤੇ ਦਿਨੇਸ਼ ਸਚਦੇਵਾ ਸਮੇਤ ਵੱਡੀ ਗਿਣਤੀ ਵਿੱਚ ਪਤਵੰਤੇ ਸੱਜਣ ਮੌਜੂਦ ਸਨ।

# ਕੈਬਨਿਟ ਮੰਤਰੀ ਬਰਿੰਦਰ ਗੋਇਲ ਵੱਲੋਂ ਵੱਖ-ਵੱਖ ਪਿੰਡਾਂ 'ਚ ਸੰਵਾਦ ਪ੍ਰੋਗਰਾਮ



ਮੂਣਕ, (ਰਾਜਪਾਲ ਸਿੰਗਲਾ)-ਪੰਜਾਬ ਸਰਕਾਰ ਦੇ ਚਾਰ ਸਾਲਾਂ ਦੀਆਂ ਪ੍ਰਾਪਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਅਤੇ ਜਨਤਾ ਨਾਲ ਸਿੱਧਾ ਸੰਵਾਦ ਕਾਇਮ ਕਰਨ ਦੇ ਉਦੇਸ਼ ਨਾਲ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਹਲਕੇ ਦੇ ਪਿੰਡ ਚੂੜਲ ਕਲਾਂ, ਚੂੜਲ ਖੁਰਦ, ਗੁਰੂ ਨਾਨਕ ਨਗਰ, ਰਾਮਪੁਰਾ ਜਵਾਹਰਵਾਲਾ ਤੇ ਗੋਬਿੰਦਪੁਰਾ ਜਵਾਹਰਵਾਲਾ ਵਿੱਚ ਸੰਵਾਦ ਪ੍ਰੋਗਰਾਮ ਕਰਵਾਏ ਗਏ।ਇਨ੍ਹਾਂ ਪ੍ਰੋਗਰਾਮਾਂ ਦੌਰਾਨ ਸ੍ਰੀ ਗੋਇਲ ਨੇ ਪੰਜਾਬ ਸਰਕਾਰ ਵੱਲੋਂ ਪਿਛਲੇ ਚਾਰ ਸਾਲਾਂ ਵਿੱਚ ਕੀਤੇ ਗਏ ਵੱਡੇ ਵਿਕਾਸ ਕਾਰਜਾਂ ਤੇ ਲੋਕ-ਹਿਤੈਸ਼ੀ ਫ਼ੈਸਲਿਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸਰਕਾਰ ਨੇ ਸਿੱਖਿਆ, ਸਿਹਤ, ਬਿਜਲੀ, ਪਾਣੀ, ਕਾਨੂੰਨ-ਵਿਵਸਥਾ ਤੇ ਭ੍ਰਿਸ਼ਟਾਚਾਰ ਖ਼ਿਲਾਫ਼ ਲੜਾਈ ਦੇ ਖੇਤਰ ਵਿੱਚ ਇਤਿਹਾਸਕ ਕਦਮ ਚੁੱਕੇ ਹਨ।ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਮੰਤਵ ਆਮ ਲੋਕਾਂ ਨੂੰ ਸੁਵਿਧਾਵਾਂ ਦੇਣ ਤੇ ਉਨ੍ਹਾਂ ਦੀ ਜ਼ਿੰਦਗੀ ਨੂੰ ਸੁਖਾਲਾ ਬਣਾਉਣਾ ਹੈ।ਇਸ ਦੇ ਨਾਲ ਹੀ ਉਨ੍ਹਾਂ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਵੀ ਧਿਆਨ ਨਾਲ ਸੁਣੀਆਂ ਗਈਆਂ ਤੇ ਮੌਕੇ 'ਤੇ ਹੀ ਸਬੰਧਤ ਅਧਿਕਾਰੀਆਂ ਨੂੰ ਹੱਲ ਲਈ ਨਿਰਦੇਸ਼ ਦਿੱਤੇ ਗਏ।ਇਨ੍ਹਾਂ ਸੰਵਾਦ ਪ੍ਰੋਗਰਾਮਾਂ ਵਿੱਚ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ, ਪਾਰਟੀ ਵਰਕਰਾਂ ਤੇ ਇਲਾਕੇ ਦੇ ਮਾਣਯੋਗ ਵਿਅਕਤੀਆਂ ਨੇ ਸ਼ਮੂਲੀਅਤ ਕੀਤੀ ਤੇ ਸਰਕਾਰ ਦੇ ਕੰਮਾਂ ਪ੍ਰਤੀ ਸੰਤੁਸ਼ਟੀ ਜਤਾਈ।

## COURT NOTICE

(U/O 5 Rule 20 CPC)
In The Court of
Ms. Amanpreet Kaur
Civil Judge Junior Division - 10, Patiala
CNR No. PBPT02-002035-2025
Next Date:- 11-05-2026
Santosh Kumari
Vs.
Kawaljit Singh Bhinder
Publication Issued To:
1. Kawaljit Singh Bhinder
Father: Nishan Singh Bhinder
R/O H. No. 138, Sector 28-a, Chandigarh, 98141-78760
2. Baljit Singh Manager (The Business Central) R/o Village Mehmdpur Jattan, Teh. and Distt. Patiala, 70090-40369

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 11-05-2026 at 10:00 a.m.

For details logon to https://highcourtchd.gov.in/?mod=district_notice&district=patiala

Civil Judge Junior Division - 10
Patiala
Dated, this day of 03-04-2026

## COURT NOTICE

(U/o 5 Rule 20 CPC)
In The Court of
Parminder Kaur Bains
Civil Judge (Senior Division), Amritsar
CNR No. PBAS02-000643-2025
Next Date:-03-07-2026
Canara Bank Having its head office at Bangalore and inter alia a Branch Office at Village and Post Office Bundala, Amritsar through its Senior Branch Manager Shri Charanjit Ram
Vs.
Gurmeet Kaur W/o Daljit Singh R/o Pati Janni Ki Village and Post Office Bundala, Amritsar
Suit for Recovery of Rs. 12,85,000/-
Publication Issued To:
Gurmeet Kaur
:- Daljit Singh, Pati Janni Ki VPO. Bundala, Amritsar

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 03-07-2026 at 10:00 a.m.

For details logon to https://highcourtchd.gov.in/?trs=district_notice&district=Amritsar

Civil Judge (Senior Division)
Amritsar
Dated, this day of 03-04-2026

## COURT NOTICE

(U/O 5 Rule 20 CPC)
(Succession Case)
In The Court of
Dr. Sushil Bodh
Additional Civil Judge (Senior Division), Jalandhar
CNR No. PBJL02-005669-2025
Next Date:- 04-05-2026
Jitesh Sondhi
Vs.
General Public
Notice To:
General Public
General Public

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 04-05-2026 at 10 a.m.

For details logon to https://highcourtchd.gov.in/?mod=district_notice&district=Jalandhar

Additional Civil Judge (Senior Division) Jalandhar
Dated, this day of 03-04-2026

# ਪਰਸ਼ੂਰਾਮ ਜਨਮ ਉਤਸਵ ਮਨਾਉਣ ਸੰਬੰਧੀ ਮੀਟਿੰਗ

ਲੋਹੀਆਂ ਖਾਸ (ਯੋਗੇਸ਼ਵਰ)- ਬ੍ਰਹਮਲੀਨ ਮਹੰਤ ਸ਼੍ਰੀ ਸ਼ਾਂਤੀ ਗਿਰੀ ਜੀ ਮਹਾਰਾਜ ਤੇ ਬ੍ਰਹਮਲੀਨ ਮਹੰਤ ਰਵਿੰਦਰਾ ਗਿਰੀ ਮਹਾਰਾਜ ਦੀ ਅਪਾਰ ਕਿਰਪਾ ਸਦਕਾ ਪ੍ਰਾਚੀਨ ਸ਼ਿਵ ਮੰਦਿਰ ਦੇ ਗੱਦੀਨਸ਼ੀਨ ਮਹਾਂ ਮੰਡਲੇਸ਼ਵਰ ਮਹੰਤ ਸ਼ਿਪਰਾ ਗਿਰੀ ਮਹਾਰਾਜ ਜੀ ਦੇ ਅਸ਼ੀਰਵਾਦ ਨਾਲ ਤੇ ਮਹੰਤ ਜੈ ਰਾਮ ਗਿਰੀ ਦੀ ਅਗਵਾਈ 'ਚ ਭਗਵਾਨ ਪਰਸ਼ੂਰਾਮ ਜਨਮ ਉਤਸਵ ਪ੍ਰਾਚੀਨ ਸ਼ਿਵ ਮੰਦਿਰ ਲੋਹੀਆਂ ਖਾਸ ਵਿੱਚ ਮਨਾਉਣ ਲਈ ਮੀਟਿੰਗ ਕੀਤੀ ਗਈ। ਇਸ ਮੌਕੇ ਭਗਵਾਨ ਪਰਸ਼ੂਰਾਮ ਜਨਮ ਉਤਸਵ ਮਨਾਉਣ ਸੰਬੰਧੀ ਪ੍ਰਧਾਨ ਦਰਸ਼ਨ ਕੁਮਾਰ ਸੱਦੀ ਤੇ ਖਜ਼ਾਨਚੀ ਦਾਸ ਵੱਲੋਂ ਦੱਸਿਆ ਗਿਆ ਕਿ 19 ਅਪ੍ਰੈਲ ਨੂੰ ਭਗਵਾਨ ਪਰਸ਼ੂਰਾਮ ਜਨਮ ਉਤਸਵ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾਵੇਗਾ।ਸ੍ਰੀ ਸੁੰਦਰ ਕਾਂਡ ਜੀ ਦਾ ਪਾਠ ਭੋਗ ਪਾਏ ਜਾਣਗੇ। ਇਸ ਮੌਕੇ ਮਹੰਤ ਜੈ ਰਾਮ ਗਿਰੀ ਮਹਾਰਾਜ ਵੱਲੋਂ ਕੀਰਤਨ ਕੀਤਾ ਜਾਵੇਗਾ। ਉਪਰੰਤ ਲੰਗਰ ਪ੍ਰਸ਼ਾਦ ਅਟੁੱਟ ਵਰਤਾਇਆ ਜਾਵੇਗਾ।

# ਇਫਕੋ ਨੇ 4106 ਕਰੋੜ ਤੋਂ ਵੱਧ ਮੁਨਾਫਾ ਕਮਾ ਕੇ ਬਣਾਇਆ ਰਿਕਾਰਡ

ਚੰਡੀਗੜ੍ਹ- ਇੰਡੀਅਨ ਫਾਰਮਰਜ਼ ਫਰਟੀਲਾਈਜ਼ਰ ਕੋਆਪਰੇਟਿਵ ਲਿਮਟਿਡ ਨੇ ਵਿੱਤੀ ਸਾਲ 2025-26 ਵਿੱਚ 4,106 ਕਰੋੜ ਰੁਪਏ ਤੋਂ ਵੱਧ ਪ੍ਰੀ-ਟੈਕਸ ਮੁਨਾਫਾ ਕਮਾ ਕੇ ਇਕ ਵੱਡੀ ਉਪਲਬਧੀ ਹਾਸਲ ਕੀਤੀ ਹੈ। ਇਸ ਸਾਲ ਇਫਕੋ ਨੇ 118.75 ਲੱਖ ਮੈਟ੍ਰਿਕ ਟਨ ਖਾਦਾਂ ਵੇਚੀਆਂ ਅਤੇ 119.68 ਲੱਖ ਮੈਟ੍ਰਿਕ ਟਨ ਦੀ ਸਪਲਾਈ ਕਰਕੇ ਨਵਾਂ ਰਿਕਾਰਡ ਬਣਾਇਆ। ਇਸ ਨਾਲ ਕਿਸਾਨਾਂ ਨੂੰ ਸਮੇਂ +ਤੇ ਖਾਦ ਮਿਲੀ ਅਤੇ ਖੇਤੀਬਾੜੀ ਨੂੰ ਮਜਬੂਤੀ ਮਿਲੀ। ਨੈਨੋ ਖਾਦਾਂ ਦੀ ਮੰਗ ਵੀ ਤੇਜ਼ੀ ਨਾਲ ਵਧੀ ਹੈ ਤੇ ਵਿਕਰੀ 30.1 ਲੱਖ ਬੋਤਲਾਂ ਤੋਂ ਪਾਰ ਹੋ ਗਈ ਹੈ। ਇਹ ਖਾਦਾਂ ਸਸਤੀ ਤੇ ਪਰਿਆਵਰਣ ਲਈ ਚੰਗੀਆਂ ਹਨ, ਇਸ ਲਈ ਕਿਸਾਨਾਂ ਵੱਲੋਂ ਇਨ੍ਹਾਂ ਨੂੰ ਵਧੀਆ ਸਵਾਗਤ ਮਿਲ ਰਿਹਾ ਹੈ।ਸੰਸਥਾ ਦੇ ਚੇਅਰਮੈਨ ਦਿਲੀਪ ਸੰਘਾਨੀ ਨੇ ਕਿਹਾ ਕਿ ਇਹ ਸਿਰਫ਼ ਅੰਕੜਿਆਂ ਦੀ ਗੱਲ ਨਹੀਂ, ਸਗੋਂ ਕਿਸਾਨਾਂ ਦੀ ਮਿਹਨਤ, ਕਰਮਚਾਰੀਆਂ ਦੀ ਲਗਨ ਤੇ ਸਹਿਕਾਰੀ ਸੋਚ ਦੀ ਜਿੱਤ ਹੈ।

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਵੱਲੋਂ ਮੁੱਖ ਮੰਤਰੀ ਦੀ ਰਿਹਾਇਸ਼ ਦੇ ਘਿਰਾਓ ਦਾ ਐਲਾਨ



ਬਲਾਚੌਰ (ਜਸਵਿੰਦਰ ਬੈਂਸ)- ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ (ਰਜਿ 295) ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਇੱਕ ਅਹਿਮ ਐਮਰਜੈਂਸੀ ਮੀਟਿੰਗ ਲਵਾਸਾ ਹਸਪਤਾਲ ਵਿਖੇ ਜ਼ਿਲ੍ਹਾ ਪ੍ਰਧਾਨ ਡਾ. ਕਸ਼ਮੀਰ ਸਿੰਘ ਢਿੱਲੋਂ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਸੂਬਾ ਕਮੇਟੀ ਦੇ ਪ੍ਰਧਾਨ ਧੰਨਾ ਮੱਲ ਗੋਇਲ ਤੇ ਸੂਬਾਈ ਲੀਡਰਸ਼ਿਪ ਦੇ ਫੈਸਲੇ ਅਨੁਸਾਰ 11 ਅਪ੍ਰੈਲ ਨੂੰ ਸੰਗਰੂਰ ਵਿਖੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਰਿਹਾਇਸ਼ ਦਾ ਘਿਰਾਓ ਕਰਨ ਦੀ ਰਣਨੀਤੀ ਉਲੀਕੀ ਗਈ। ?ਮੀਟਿੰਗ ਨੂੰ ਸੰਬੋਧਨ ਕਰਦਿਆਂ ਡਾ. ਕਸ਼ਮੀਰ ਸਿੰਘ ਢਿੱਲੋਂ ਨੇ ਕਿਹਾ ਕਿ ਸਰਕਾਰ ਨੇ ਸੱਤਾ ਵਿੱਚ ਆਉਣ ਸਮੇਂ ਮੈਡੀਕਲ ਪ੍ਰੈਕਟੀਸ਼ਨਰਾਂ ਨਾਲ ਵਾਅਦਾ ਕੀਤਾ ਸੀ ਕਿ ਕਾਨੂੰਨ ਵਿੱਚ ਸੋਧ ਕਰਕੇ ਜਾਂ ਨਵਾਂ ਕਾਨੂੰਨ ਬਣਾ ਕੇ ਉਨ੍ਹਾਂ ਨੂੰ ਕੰਮ ਕਰਨ ਦਾ ਰੈਗੂਲਰ ਅਧਿਕਾਰ ਦਿੱਤਾ ਜਾਵੇਗਾ। ਪਰ ਸਰਕਾਰ ਨੇ ਆਪਣਾ ਵਾਅਦਾ ਪੂਰਾ ਨਹੀਂ ਕੀਤਾ। ?ਐਸੋਸੀਏਸ਼ਨ ਨੇ ਫੈਸਲਾ ਕੀਤਾ ਹੈ ਕਿ ਪੰਜਾਬ ਭਰ ਦੇ ਮੈਡੀਕਲ ਪ੍ਰੈਕਟੀਸ਼ਨਰ ਇਕੱਠੇ ਹੋ ਕੇ ਆਪਣੀਆਂ ਮੰਗਾਂ ਲਈ ਸੰਗਰੂਰ ਵਿਖੇ ਵੱਡਾ ਰੋਸ ਪ੍ਰਦਰਸ਼ਨ ਕਰਨਗੇ। ਡਾ. ਢਿੱਲੋਂ ਨੇ ਜ਼ਿਲ੍ਹੇ ਦੇ ਸਮੂਹ ਪ੍ਰੈਕਟੀਸ਼ਨਰਾਂ ਨੂੰ ਅਪੀਲ ਕੀਤੀ ਕਿ ਉਹ 11 ਅਪ੍ਰੈਲ ਦਿਨ ਸ਼ਨੀਵਾਰ ਨੂੰ ਆਪਣੇ ਸਾਰੇ ਕੰਮ ਛੱਡ ਕੇ ਵੱਡੀ ਗਿਣਤੀ ਵਿੱਚ ਸੰਗਰੂਰ ਪਹੁੰਚਣ। ਜ਼ਿਲ੍ਹੇ ਦੇ ਪ੍ਰਮੁੱਖ ਮੈਂਬਰਾਂ ਵਿੱਚ ਡਾ: ਧਰਮਜੀਤ ਸਿੰਘ, ਡਾ: ਰਾਮ ਜੀ ਦਾਸ, ਡਾ: ਟੇਕਾ ਸੈਣੀ, ਡਾ: ਕੁਲਬੀਰ, ਡਾ: ਪਰਸ਼ੋਤਮ, ਡਾ: ਸੰਦੀਪ ਜੋਸ਼ੀ, ਡਾ: ਨਾਮਦੇਵ, ਡਾ: ਕਸ਼ਮੀਰ ਬੰਗਾ, ਡਾ: ਬਿਮਲ ਭਾਰਟਾ, ਡਾ: ਕੁਲਵਿੰਦਰ, ਡਾ: ਜਗਦੀਸ਼, ਡਾ: ਰਾਜੇਸ਼ ਤੇ ਡਾ: ਹਰਜਿੰਦਰ ਸਮੇਤ ਵੱਡੀ ਗਿਣਤੀ ਵਿੱਚ ਮੈਂਬਰ ਹਾਜ਼ਰ ਸਨ।

# ਦੋਰਾਹਾ ਦੇ ਸਮਾਜ ਸੇਵਕ ਗੁਰਦੇਵ ਸਿੰਘ ਮਠਾੜੂ ਨਹੀਂ ਰਹੇ



ਦੋਰਾਹਾ, (ਹਰਮਿੰਦਰ ਸੇਠ) : ਦੋਰਾਹਾ ਦੇ ਉੱਘੇ ਸਮਾਜ ਸੇਵਕ ਸ੍ਰ. ਗੁਰਦੇਵ ਸਿੰਘ ਮਠਾੜੂ (ਕੁਲਾੜੀ ਵਾਲਿਆਂ) ਦਾ ਕੱਲ੍ਹ ਸ਼ਾਮ ਦਿਹਾਂਤ ਹੋ ਗਿਆ।ਉਹ ਪਿਛਲੇ ਕਾਫੀ ਸਮੇਂ ਤੋਂ ਬਿਮਾਰ ਚੱਲ ਰਹੇ ਸਨ ਤੇ ਉਨ੍ਹਾਂ ਦੇ ਦਿਹਾਂਤ ਨਾਲ ਦੋਰਾਹਾ ਤੇ ਆਸ-ਪਾਸ ਦੇ ਇਲਾਕਿਆਂ ਵਿੱਚ ਗਹਿਰਾ ਸ਼ੋਕ ਪਾਇਆ ਜਾ ਰਿਹਾ ਹੈ।ਉਨ੍ਹਾਂ ਦੀ ਮੌਤ ਦੀ ਖ਼ਬਰ ਮਿਲਦੇ ਹੀ ਸਮਾਜਿਕ, ਧਾਰਮਿਕ ਤੇ ਰਾਜਨੀਤਕ ਵਰਗਾਂ ਵਿੱਚ ਦੁੱਖ ਦੀ ਲਹਿਰ ਦੌੜ ਗਈ।ਮਰਹੂਮ ਗੁਰਦੇਵ ਸਿੰਘ ਮਠਾੜੂ ਆਪਣੇ ਜੀਵਨ ਦੌਰਾਨ ਸਮਾਜ ਸੇਵਾ ਦੇ ਖੇਤਰ ਵਿੱਚ ਕਾਫੀ ਸਰਗਰਮ ਰਹੇ।ਉਹ ਸਾਦਗੀ ਭਰੀ ਜੀਵਨ ਸ਼ੈਲੀ ਤੇ ਨਿਮਰ ਸੁਭਾਓ ਕਰਕੇ ਇਲਾਕੇ ਵਿੱਚ ਵਿਸ਼ੇਸ਼ ਪਹਿਚਾਣ ਰੱਖਦੇ ਸਨ।ਉਨ੍ਹਾਂ ਨੇ ਕਈ ਸਮਾਜਿਕ ਤੇ ਧਾਰਮਿਕ ਗਤੀਵਿਧੀਆਂ ਵਿੱਚ ਆਪਣਾ ਮਹੱਤਵਪੂਰਨ ਯੋਗਦਾਨ ਪਾਇਆ, ਜਿਸ ਕਾਰਨ ਉਹ ਹਰ ਵਰਗ ਦੇ ਲੋਕਾਂ ਵਿੱਚ ਕਾਫੀ ਮਾਣ-ਸਨਮਾਨ ਦੇ ਹੱਕਦਾਰ ਸਨ।ਉਨ੍ਹਾਂ ਦਾ ਅੰਤਿਮ ਸੰਸਕਾਰ ਐਤਵਾਰ ਸਵੇਰੇ 11:30 ਵਜੇ ਸ਼ਿਵਪੁਰੀ ਸ਼ਮਸ਼ਾਨ ਘਾਟ, ਦੋਰਾਹਾ ਵਿਖੇ ਕੀਤਾ ਗਿਆ।ਇਸ ਮੌਕੇ ਵੱਡੀ ਗਿਣਤੀ ਵਿੱਚ ਰਿਸ਼ਤੇਦਾਰਾਂ, ਦੋਸਤਾਂ, ਜਾਣ-ਪਛਾਣ ਵਾਲਿਆਂ ਤੇ ਸ਼ਹਿਰ ਵਾਸੀਆਂ ਨੇ ਹਾਜ਼ਰੀ ਭਰ ਕੇ ਮਰਹੂਮ ਨੂੰ ਅੰਤਿਮ ਵਿਦਾਈ ਦਿੱਤੀ।ਮ੍ਰਿਤਕ ਦੇਹ ਨੂੰ ਅੱਗ ਉਨ੍ਹਾਂ ਦੇ ਸਪੁੱਤਰਾਂ ਗਗਨਪਾਲ ਸਿੰਘ ਮਠਾੜੂ ਤੇ ਕੁਲਜੀਤ ਸਿੰਘ ਮਠਾੜੂ ਵੱਲੋਂ ਦਿੱਤੀ ਗਈ।ਅੰਤਿਮ ਸੰਸਕਾਰ ਦੌਰਾਨ ਮਾਹੌਲ ਗਮਗੀਨ ਰਿਹਾ ਤੇ ਹਾਜ਼ਰ ਲੋਕਾਂ ਦੀਆਂ ਅੱਖਾਂ ਨਮ ਸਨ।ਇਸ ਮੌਕੇ ਵੱਖ-ਵੱਖ ਸਮਾਜਿਕ, ਧਾਰਮਿਕ ਤੇ ਰਾਜਨੀਤਕ ਪਾਰਟੀਆਂ ਦੇ ਆਗੂਆਂ ਨੇ ਹਾਜ਼ਰੀ ਭਰਦੇ ਹੋਏ ਪਰਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।ਇਸ ਦੁੱਖ ਦੀ ਘੜੀ ਵਿਚ ਹਰਮਨ ਮਠਾੜੂ, ਅਵਤਾਰ ਸਿੰਘ ਗੁਰਥਲੀ, ਕੌਂਸਲਰ ਮਨਦੀਪ ਮਾਂਗਟ, ਨੰਬਰਦਾਰ ਰਾਮ ਪ੍ਰਕਾਸ਼ ਪੱਪੂ, ਚੇਅਰਮੈਨ ਸੁਖਵਿੰਦਰ ਸਿੰਘ ਨੋਨਾ, ਪੰਕਜ ਗੌਤਮ, ਥਾਣੇਦਾਰ ਨਛੱਤਰ ਸਿੰਘ, ਸੁਦਰਸ਼ਨ ਆਨੰਦ, ਸੁਰੇਸ਼ ਆਨੰਦ, ਨਵੀਨ ਕਪਿਲਾ, ਵਿਜੈ ਮਰਵਾਹਾ, ਨਰਿੰਦਰ ਮਰਵਾਹਾ ਕੇਸ਼ਵਾਨੰਦ, ਮਾਸਟਰ ਨਾਜਰ ਸਿੰਘ, ਨੋਰਾਤਾ ਸਿੰਘ ਮਾਨ, ਡਾ. ਸੰਜੀਵ, ਡਾ. ਗਗਨ, ਐਡਵੋਕੇਟ ਜੈਕਰਨ ਸ਼ਰਮਾ, ਰਵੀ ਬੈਨੀਪਾਲ ਜੀਵਨ ਸਿੰਘ, ਮੁਨੀਸ਼ ਵੋਹਰਾ ਅਵਨੀਤ ਆਨੰਦ , ਪਰਮਿੰਦਰ ਮਰਵਾਹਾ ਤੋਂ ਇਲਾਵਾ ਹੋਰ ਕਈ ਪ੍ਰਮੁੱਖ ਵਿਅਕਤੀਆਂ ਨੇ ਹਾਜ਼ਰੀ ਭਰੀ ਤੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ।

# ਕਲਾਸੀਫਾਈਡ ਇਸ਼ਤਿਹਾਰ

## Change of Name

I, Muskan D/o Lakhvir Dass R/o Village Harsi Pind, Teh. Tanda, Dasuya, Distt. Hoshiarpur- 144212, Punjab. I have changed my name from Muskan to Muskan Thaper. All concerned please note.

I Monika W/o Amrik Lal R/o Village Dhanal kalan PO Phoolpur District Jalandhar declare that I Have changed my name from Monika to Monika Kaur .

I, Nisha d/o Manohar Lal w/o Mangal Sain r/o B.X-242, St. No.5, Kishan Pura, Jalandhar, Punjab-144004 have changed my name to Nisha Verma. All Please Note.

I, Sukhdev s/o Dheru Ram r/o VPO. Nurpur Dona, Distt. Kapurthala, Punjab have changed my name from Sukhdev to Sukhdev Singh. (Surname as Singh) All Please Note.

I, Beeba w/o Ajit Pal Singh r/o VPO. Sofi Pind, Distt. Jalandhar, Punjab-144005, India have changed my name from Beeba to Simran. All Please Note.

I, Asha Rani w/o Pawan Kumar r/o Village Kandola Khurd, Po. Pasla, Tehsil Phillaur, Distt.Jalandhar My name as Asha (Given name) and Rani (Surname). All Please Note.

I, Jit Singh s/o Hazara Singh r/o Vill. Ratta Kadim, Po. Khalu, Distt.Kapurthala have correction in my name from Jit Singh to Jeet Singh. All Please Note.

I, Rakesh Kumar S/o Mohinder Singh R/o Village Tund, Po. Garhdiwala, Tehsil Dasuya, Distt. Hoshiarpur, Punjab have changed my given name as Rakesh & Surname as Kumar. All Please Note.

I, Vanshika Jhamat D/o Joginder Pal R/o Nangal Shama Po Ladhewali, Distt Jalandhar Punjab 144007 have change my name from Vanshika to Vanshika Jhamat and declare that Vanshika is my Given name and Jhamat is my Surname.

I, Jagga Singh son of Mehar Singh resident of 889, Fatehgarh Churian Road, Near Fouji Karyana Store, Sanjay Gandhi Colony, Amritsar, Punjab, India have changed the name of my minor daughter from Kushi to Khushi Kaur. All concerned please note.

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਬੇਦਖਲੀ ਨੋਟਿਸ

ਮੈਂ ਹਰਦਿਆਲ ਸਿੰਘ ਪੁੱਤਰ ਸਵਰਨ ਵਾਸੀ ਪਿੰਡ ਤੇ ਡਾਕਖਾਨਾ ਮੁਹਾਰ ਤਹਿਸੀਲ ਅਜਨਾਲਾ/ਲੋਪੋਕੇ ਜ਼ਿਲਾਂ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮਲਕੀਤ ਸਿੰਘ ਜੋ ਕਿ ਮੇਰੇ ਕਹਿਣੇ ਤੋ ਬਾਹਰ ਹੈ । ਜਿਸ ਕਰਕੇ ਮੈਂ ਉਸਨੂੰ ਆਪਣੀ ਚੱਲ - ਅਚੱਲ ਜਾਇਦਾਦ ਤੋ ਬੇਦਖਲ ਕਰਦਾ ਹਾਂ । ਜੇਕਰ ਇਹ ਭਵਿੱਖ ਵਿੱਚ ਕੋਈ ਮਾੜਾ ਕੰਮ ਕਰਦਾ ਹੈ ਤਾਂ ਇਸਦਾ ਜ਼ਿੰਮੇਵਾਰ ਖੁਦ ਹੋਵੇਗਾ । ਅੱਜ ਤੋ ਬਾਅਦ ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ਤੇ ਮੇਰਾ ਜਾਂ ਮੇਰੇ ਬਾਕੀ ਪਰਿਵਾਰ/ਰਿਸ਼ਤੇਦਾਰਾਂ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਹੈ । ਸਾਰੇ ਸਕੇ ਸਬੰਧੀ ਨੋਟ ਕਰਨ ।

ਮੈਂ, ਸਤਵਿੰਦਰ ਸ਼ਰਮਾ ਪੁੱਤਰ ਬਾਬੂ ਰਾਮ, ਵਾਸੀ ਮਕਾਨ ਨੰਬਰ 356/3 ਰੁਲੀਆ ਰਾਮ ਕਾਲੋਨੀ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ-143521, ਮੇਰਾ ਲੜਕਾ ਅਜੇ ਕੁਮਾਰ ਅਤੇ ਉਸ ਦੀ ਪਤਨੀ ਮੇਰੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ ਜੋ ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਸੁਰਜੀਤ ਸਿੰਘ ਪੁੱਤਰ ਕਰਪਾਲ ਸਿੰਘ ਵਾਸੀ ਪਿੰਡ ਬੂਟ ਡਾਕਖਾਨਾ ਸੁਭਾਨਪੁਰ ਜ਼ਿਲ੍ਹਾਂ ਕਪੂਰਥਲਾ ਦਾ ਰਹਿਣ ਵਾਲਾ ਹਾਂ ਤੇ ਬਿਆਨ ਕਰਦਾ ਹਾਂ ਕੇ ਮੇਰਾ ਲੜਕਾ ਜੋਗਿੰਦਰ ਸਿੰਘ ਤੇ ਨੂੰਹ ਕੁਲਵਿੰਦਰ ਕੌਰ ਮੇਰੇ ਕਹਿਣੇਕਾਰ ਤੋਂ ਬਾਹਰ ਹਨ। ਹਰ ਤਰ੍ਹਾਂ ਦੇ ਫੈਸਲੇ ਆਪਣੀ ਮਨਮਰਜੀ ਨਾਲ ਲੈ ਰਹੇ ਹਨ । ਬਿਨਾਂ ਮਤਲਬ ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ। ਮੈ ਇਨ੍ਹਾਂ ਦੋਨਾਂ ਜਣਿਆ ਨੂੰ ਆਪਣੀ ਸਾਰੀ ਚੱਲ- ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ। ਅੱਜ ਤੋਂ ਬਾਅਦ ਮੇਰਾ ਤੇ ਮੇਰੇ ਪਰਿਵਾਰ ਦਾ ਜੋਗਿੰਦਰ ਸਿੰਘ ਤੇ ਉਸ ਦੀ ਪਤਨੀ ਕੁਲਵਿੰਦਰ ਕੌਰ ਨਾਲ ਕੋਈ ਤਅਲਕ ਵਾਸਤਾ ਨਹੀਂ ਹੈ। ਇਸ ਲਈ ਇਨ੍ਹਾਂ ਦੋਨਾਂ ਜਣਿਆ ਦੇ ਨਾਲ ਲੈਣ- ਦੇਣ ਕਰਨ ਵਾਲਾ ਖ਼ੁਦ ਜ਼ਿੰਮੇਵਾਰ ਹੋਵੇਗਾ। ਸਬੰਧਿਤ ਨੋਟ ਕਰਨ।

ਅਸੀਂ ਰਾਕੇਸ਼ ਗੁਪਤਾ ਪੁੱਤਰ ਕੁਲਦੀਪ ਚੰਦ ਅਗਰਵਾਲ ਵਾ ਅਨੂੰ ਗੁਪਤਾ ਪਤਨੀ ਰਾਕੇਸ਼ ਗੁਪਤਾ , ਵਾਸੀਆਨ ਮਕਾਨ ਨੰਬਰ 627 , ਗੁਰੂ ਗੋਬਿੰਦ ਸਿੰਘ ਐਵੀਨਿਊ, ਨੇੜੇ ਟ੍ਰਿਨਿਟੀ ਕਾਲਜ , ਜਲੰਧਰ ਇਹ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਤਲਿਨ ਗੁਪਤਾ ਅਤੇ ਉਸਦੀ ਪਤਨੀ ਤਮੰਨਾ ਗੁਪਤਾ ਸਾਡੇ ਕਹਿਣੇ ਤੋਂ ਬਾਹਰ ਹਨ । ਇਸ ਲਈ ਅਸੀਂ ਇਹਨਾ ਨੂੰ ਆਪਣੀ ਚੱਲ - ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਹਨਾ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ । ਸੰਬਧਿਤ ਨੋਟ ਕਰਨ।

ਅਸੀਂ, ਸੋਢੀ ਰਾਮ ਪੁੱਤਰ ਜੋਗਿੰਦਰ ਰਾਮ ਅਤੇ ਜਸਵਿੰਦਰ ਪਤਨੀ ਸੋਢੀ ਰਾਮ, ਵਾਸੀ ਮਕਾਨ ਨੰ. 418, ਵਾਰਡ ਨੰ: 03, ਮੁਹੱਲਾ ਬਾਵਿਆਂ ਸ਼ਾਹਕੋਟ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ-144702, ਪੰਜਾਬ, ਭਾਰਤ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਲਵਪ੍ਰੀਤ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਵੱਖਰਾ ਕਿਸੇ ਅਣਦੱਸੀ ਜਗ੍ਹਾ 'ਤੇ ਰਹਿ ਰਿਹਾ ਹੈ। ਸਾਡੇ ਨਾਲ ਲੜਾਈ-ਝਗੜਾ ਅਤੇ ਤੰਗ-ਪ੍ਰੇਸ਼ਾਨ ਕਰਦਾ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡਾ ਤੇ ਸਾਡੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ। ਸੰਬੰਧਤ ਨੋਟ ਕਰਨ।

ਮੈਂ, ਤਰਲੋਕ ਸਿੰਘ ਪੁੱਤਰ ਹਰਭਜਨ ਸਿੰਘ ਵਾਸੀ ਪਿੰਡ ਸੋਹੀਆਂ, ਡਾਕਖਾਨਾ ਕੁਰਾਲਾ ਕਲਾਂ, ਤਹਿਸੀਲ ਟਾਂਡਾ ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰੀ ਪਤਨੀ ਸ਼ੀਤਲ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

## ਆਮ ਸੂਚਨਾ

ਮੈਂ ਪੰਮੀ ਕੌਰ ਪਤਨੀ ਮੇਜਰ ਸਿੰਘ ਪਿੰਡ ਉਗੋਕੇ ਤਹਿ ਪਾਤੜਾਂ (ਪਟਿਆਲਾ) ਬਿਆਨ ਕਰਦੀ ਹਾਂ ਕਿ ਮੇਰੇ ਕਾਗਜ਼ਾਤਾਂ ਵਿੱਚ ਮੇਰਾ ਨਾਮ ਪਰਮਜੀਤ ਕੌਰ ਉਰਫ ਪੰਮੀ ਕੌਰ ਦਰਜ ਹੈ। ਮੇਰਾ ਸਹੀ ਨਾਮ ਪੰਮੀ ਕੌਰ ਪੜ੍ਹਿਆ ਜਾਵੇ।

## COURT NOTICE

In the Court of
Ms. Jyoti Kumari
Judicial Magistrate - Ist Class
Ludhiana
CNR No.:- PBLD03-071645-2022
Next Date:-05-05-2026
M/S SHRIRAM TRANSPORT FINANCE CO. LTD.
Vs.
Harpreet Singh
Detail of offence:-
Notice To:
Harpreet Singh
S/o Basant Singh, R/o H. No. 48, Mukundpur, Ludhiana-141206

In above titled case, the accused could not be served. It is ordered that accused should appear in person or through Counsel on 05-05-2026 at 10.00 a.m.

For details logon to https://highcourtchd.gov.in/?mod=district_notice&district=mogacourt.

Judicial Magistrate Ist Class
Ludhiana
Dated, this day of 03-04-2026

## COURT NOTICE

FORM NO. 3
In the Court of Ms. Muskaan
Judicial Magistrate- Ist Class
Ludhiana
Nex83case information is available on http://ecourts.gov
CRM/5743/2025
CNR NO.PBLD03-094956-2025
Next Date:-05-05-2026
Gurpreet Kaur Vs Amrik Singh
The Plaintiff prays for declaration that The Plaintiff prays for permanent Injunction against Defendant No. restraining them/him from
Publication Issued To:
1. Amrik Singh S/o Sh. Surjit Singh, Village Haidon, Near Govt. Primary School Tehsil Samrala, District Ludhiana

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 05-05-2026 at 10:00 a.m.

For details logon to https://highcourtchd.gov.in/?trs=district_notice&district=Ludhiana.

Judicial Magistrate - Ist Class,
Ludhiana
Dated, this day of 01-04-2026

## ਆਮ ਜਨਤਾ ਨੂੰ ਸੂਚਨਾ ਗੁੰਮ ਹੋਏ ਦਸਤਾਵੇਜ਼ ਬਾਰੇ

ਆਮ ਜਨਤਾ ਦੇ ਧਿਆਨ ਵਿੱਚ ਲਿਆਂਦਾ ਜਾਂਦਾ ਹੈ ਕਿ ਮੈਂ, ਜਤਿੰਦਰ ਕੌਰ (ਆਧਾਰ ਨੰ. 5712-9913-8720) ਪੁੱਤਰੀ ਸੁਖਚੈਨ ਸਿੰਘ, ਵਾਸੀ ਮਕਾਨ ਨੰ. 2412/9, ਰੇਲਵੇ ਰੋਡ ਨਿਊ ਜਵਾਹਰ ਨਗਰ, ਆਦਮਪੁਰ, ਤਹਿਸੀਲ ਅਤੇ ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੈਂ ਜਾਇਦਾਦ ਜੋ ਕਿ 8 ਮਰਲੇ 2 ਸਰਸਾਈ ਜੋ ਕਿ ਪਿੰਡ ਗਾਜ਼ੀਪੁਰ, ਤਹਿਸੀਲ ਆਦਮਪੁਰ ਜ਼ਿਲ੍ਹਾ ਜਲੰਧਰ ਵਿੱਚ ਸਥਿਤ ਹੈ, ਜਿਸ ਦੇ ਖਸਰਾ ਨੰਬਰ 3//14/3, 15/2, 15/3, 4//11, 20, 4//12, 13/1, 4//19 ਹਨ, ਦੀ ਮਾਲਕ ਹਾਂ ਅਤੇ ਮੈਂ ਜਿਸ ਦੀ ਬੈਨਾਮਾ ਨੰਬਰ 2023-24/1/1/244 ਮਿਤੀ 07.06.2023 ਸਬ-ਰਜਿਸਟਰਾਰ ਆਦਮਪੁਰ ਅਤੇ ਤਤੀਮਾ ਨਾਮਾ ਨੰਬਰ 2025-26/1/1/1265 ਮਿਤੀ 10.12.2025 ਸਬ-ਰਜਿਸਟਰਾਰ ਆਦਮਪੁਰ ਰਾਹੀਂ ਮਾਲਕ ਬਣੀ ਹਾਂ ਅਤੇ ਜਿਸ ਦਾ ਇੰਤਕਾਲ ਨੰਬਰ 3877 ਹੈ। ਮੇਰੀ ਉਪਰੋਕਤ ਜਾਇਦਾਦ ਨਾਲ ਸੰਬੰਧਤ ਪਿਛਲੇ ਮਾਲਕੀ ਦੇ ਦਸਤਾਵੇਜ਼ ਗੁਆਚ ਗਏ ਹਨ, ਜੋ ਕਿ ਇਸ ਪ੍ਰਕਾਰ ਹਨ :

(i) ਅਸਲ ਤਬਦੀਲ ਮਲਕੀਅਤ ਨਾਮਾ ਨੰਬਰ 114 ਮਿਤੀ 04.05.2017 ਸਬ ਰਜਿਸਟਰਾਰ, ਆਦਮਪੁਰ ਹੈ, ਜੋਕਿ ਗੁਰਬਚਨ ਸਿੰਘ ਪੁੱਤਰ ਨਾਮਾ ਦੇ ਨਾਮ 'ਤੇ ਹੈ ਅਤੇ,

(ii) ਅਸਲੀ ਬੈਨਾਮਾ ਨੰ. 342 ਮਿਤੀ 15.07.1997 ਸਬ-ਰਜਿਸਟਰਾਰ, ਆਦਮਪੁਰ ਜੋ ਕਿ ਸਰਬਜੀਤ ਕੌਰ ਪਤਨੀ ਗੁਰਬਚਨ ਸਿੰਘ ਦੇ ਨਾਮ 'ਤੇ ਹੈ।

ਮੈਂ ਉਕਤ ਟਾਈਟਲ ਦਸਤਾਵੇਜ਼ਾਂ ਦੇ ਗੁੰਮ ਹੋਣ ਦੇ ਸੰਬੰਧ ਵਿੱਚ ਇੱਕ ਪੋਸਟ ਇਨਫੋਰਮੇਸ਼ਨ ਰਿਪੋਰਟ ਨੰ. LR No. 704347/2026 ਮਿਤੀ 04.04.2026 ਨੂੰ ਸੇਵਾ ਕੇਂਦਰ, ਆਦਮਪੁਰ ਜ਼ਿਲ੍ਹਾ ਜਲੰਧਰ ਵਿਖੇ ਵੀ ਦਰਜ ਕਰਵਾਈ ਹੈ ਪਰ ਅੱਜ ਤੱਕ ਮੈਨੂੰ ਇਹ ਦਸਤਾਵੇਜ਼ ਨਹੀਂ ਲੱਭ ਸਕੇ। ਜੇਕਰ ਕਿਸੇ ਨੂੰ ਉੱਪਰ ਦੱਸੇ ਗਏ ਮਾਲਕੀ ਦਸਤਾਵੇਜ਼ ਮਿਲਦੇ ਹਨ ਤਾਂ ਕਿਰਪਾ ਕਰਕੇ ਉਪਰੋਕਤ ਪਤੇ 'ਤੇ ਮੈਨੂੰ ਵਾਪਸ ਕਰੋ ਅਤੇ ਮੇਰੇ ਨਾਲ ਮੋਬਾਇਲ ਨੰ. ਜੋ ਕਿ 98769-82670 'ਤੇ ਸੰਪਰਕ ਕਰੋ। ਉਪਰੋਕਤ ਜਾਇਦਾਦ ਨੂੰ ਮੈਂ ਸਟੇਟ ਬੈਂਕ ਆਫ਼ ਇੰਡੀਆ, ਖੁਰਦਪੁਰ ਬ੍ਰਾਂਚ, ਆਦਮਪੁਰ, ਜ਼ਿਲ੍ਹਾ ਜਲੰਧਰ ਕੋਲ ਗਿਰਵੀ ਰੱਖ ਰਹੀ ਹਾਂ। ਕਿ ਉਕਤ ਤਬਦੀਲ ਮਲਕੀਅਤ ਨਾਮਾ ਅਤੇ ਬੈਨਾਮਾ ਮੇਰੇ ਦੁਆਰਾ ਜਾਂ ਕਿਸੇ ਵੀ ਪਿਛਲੇ ਮਾਲਕ ਦੁਆਰਾ ਕਿਸੇ ਵੀ ਬੈਂਕ ਜਾਂ ਵਿੱਤੀ ਸੰਸਥਾ ਕੋਲ ਗਿਰਵੀ ਨਹੀਂ ਰੱਖੇ ਗਏ ਹਨ। ਜੇਕਰ ਕੋਈ ਵਿਅਕਤੀ ਉਪਰੋਕਤ ਜਾਇਦਾਦ 'ਤੇ ਕਿਸੇ ਵੀ ਹਿੱਤ ਜਾਂ ਮਾਲਕੀ ਦਾ ਦਾਅਵਾ ਕਰਦਾ ਹੈ ਜਾਂ ਕਿਸੇ ਹੋਰ ਤਰ੍ਹਾਂ ਕੋਈ ਇਤਰਾਜ਼ ਰੱਖਦਾ ਹੈ ਤਾਂ ਉਹ ਇਸ ਨੋਟਿਸ ਜਾਰੀ ਹੋਣ ਦੀ ਮਿਤੀ ਤੋਂ 7 ਦਿਨਾਂ ਦੇ ਅੰਦਰ ਉਕਤ ਬੈਂਕ ਨੂੰ ਲਿਖਤੀ ਰੂਪ ਵਿੱਚ ਪ੍ਰਤੀਨਿਧਤਾ/ਇਤਰਾਜ਼ ਦਰਜ ਕਰਵਾ ਸਕਦਾ ਹੈ। ਕਿਰਪਾ ਕਰਕੇ ਸਾਰੇ ਧਿਆਨ ਦਿਓ।

## ਦਫਤਰ ਨਗਰ ਕੌਂਸਲ ਕਰਤਾਰਪੁਰ ਜ਼ਿਲ੍ਹਾ ਜਲੰਧਰ

### ਪਬਲਿਕ ਨੋਟਿਸ

ਇਸ ਨੋਟਿਸ ਰਾਹੀਂ ਹਰ ਆਮ ਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰੀਤੂ ਵਰਮਾ (ਪਤਨੀ) ਵਾ ਹਰਮਨਦੀਪ (ਪੁੱਤਰ) ਵਾ ਦੀਪੀਕਾ ਵਰਮਾ (ਪੁੱਤਰੀ) ਵਾ ਬਾਬੁਲ ਵਰਮਾ (ਪੁੱਤਰੀ) ਵਾ ਅਨੀਸ਼ਾ ਵਰਮਾ (ਪੁੱਤਰੀ) ਲੇਟ ਵਿਮਲ ਕੁਮਾਰ ਵਾਸੀਆਨ ਮਲਹਨਾ ਕਰਤਾਰਪੁਰ ਜ਼ਿਲ੍ਹਾ ਜਲੰਧਰ ਵੱਲੋਂ ਲਿਖਤੀ ਬੇਨਤੀ ਕੀਤੀ ਹੈ ਕਿ ਮਕਾਨ ਯੂ.ਆਈ.ਡੀ. ਨੰਬਰ ਬੀ-03-0075-ਏ ਰਕਬਾ ਲਗਭਗ 6 ਮਰਲੇ ਵਾਕਿਆ ਮਲਹਨਾ ਮੁਹੱਲਾ ਕਰਤਾਰਪੁਰ ਸਾਡੇ ਪਤੀ/ਪਿਤਾ ਵਿਮਲ ਕੁਮਾਰ ਦੀ ਮਲਕੀਤੀ ਹੈ।ਬਿਨੈਕਾਰਾਂ ਨੇ ਆਪਣੇ ਸਵੈ-ਘੋਸ਼ਣਾ ਪੱਤਰ, ਕੌਂਸਲਰ ਕੋਮਲ ਅਗਰਵਾਲ ਦਾ ਸਵੈ-ਘੋਸ਼ਣਾ ਪੱਤਰ, ਵਿਮਲ ਕੁਮਾਰ ਦੇ ਮੌਤ ਦੇ ਸਰਟੀਫਿਕੇਟ ਦੀ ਕਾਪੀ, ਪੁਰਾਣੀ ਬੈਨਾਮਾ ਦੀ ਫੋਟੋ ਕਾਪੀ, ਆਧਾਰ ਕਾਰਡ ਦੀ ਕਾਪੀਆਂ ਨਾਲ ਨੱਥੀ ਕੀਤੀਆਂ ਗਈਆਂ ਹਨ।

ਬਿਨੈਕਾਰਾਂ ਨੇ ਸਵੈ-ਘੋਸ਼ਣਾ ਪੱਤਰ ਦਿੱਤੇ ਹਨ ਕਿ ਰੀਤੂ ਵਰਮਾ (ਪਤਨੀ) ਵਾ ਹਰਮਨਦੀਪ (ਪੁੱਤਰ) ਵਾ ਦੀਪੀਕਾ ਵਰਮਾ (ਪੁੱਤਰੀ) ਵਾ ਬਾਬੁਲ ਵਰਮਾ (ਪੁੱਤਰੀ) ਵਾ ਅਨੀਸ਼ਾ ਵਰਮਾ (ਪੁੱਤਰੀ) ਲੇਟ ਵਿਮਲ ਕੁਮਾਰ ਤੋਂ ਇਲਾਵਾ ਇਸ ਮਕਾਨ ਦਾ ਹੋਰ ਕੋਈ ਕਾਨੂੰਨੀ ਵਾਰਸ ਨਹੀਂ ਹੈ।ਹੁਣ ਸਾਡੇ ਪਿਤਾ ਵਿਮਲ ਕੁਮਾਰ ਦੀ ਮੌਤ ਮਿਤੀ 23.01.2024 ਨੂੰ ਹੋ ਚੁੱਕੀ ਹੈ।ਬਿਨੈਕਾਰਾਂ ਨੇ ਹਲਫੀਆ ਬਿਆਨ ਪੱਤਰ ਰਾਹੀਂ ਬੇਨਤੀ ਕੀਤੀ ਹੈ ਕਿ ਉਕਤ ਪ੍ਰਾਪਰਟੀ ਨਗਰ ਕੌਂਸਲ ਦੇ ਰਿਕਾਰਡ ਵਿੱਚ ਵਿਮਲ ਕੁਮਾਰ ਦੇ ਉਪਰੋਕਤ ਦਰਸਾਏ ਵਾਰਸਾਂ ਦੇ ਨਾਵਾਂ 'ਤੇ ਬਰਾਬਰ- ਬਰਾਬਰ ਦਰਜ/ਟਰਾਂਸਫਰ ਕਰ ਦਿੱਤੀ ਜਾਵੇ ਅਤੇ ਨਗਰ ਕੌਂਸਲ ਦੇ ਰਿਕਾਰਡ ਵਿੱਚ ਦਰਜ ਕਰਨ ਲਈ ਕੌਂਸਲਰ ਕੋਮਲ ਅਗਰਵਾਲ ਨੇ ਵੀ ਸਵੈ-ਘੋਸ਼ਣਾ ਪੱਤਰ ਰਾਹੀਂ ਸਿਫਾਰਿਸ਼ ਕੀਤੀ ਹੈ।ਨਗਰ ਕੌਂਸਲ ਦੇ ਟੀ.ਐੱਸ.1 ਰਿਕਾਰਡ ਵਿੱਚ ਦਰਜ ਨਹੀਂ ਹੈ ਅਤੇ ਪ੍ਰਾਪਰਟੀ ਟੈਕਸ ਦੇ ਸਰਵੇ ਰਿਕਾਰਡ ਵਾਲੇ ਕਾਲਮ ਵਿੱਚ ਖਾਲੀ ਹੈ।

ਇਸ ਲਈ ਉਕਤ ਪ੍ਰਾਪਰਟੀ ਦਾ ਇੰਦਰਾਜ਼ ਦਰਖਾਸਤ ਅਨੁਸਾਰ ਪ੍ਰਾਪਰਟੀ ਟੈਕਸ ਸਰਵੇ ਰਿਕਾਰਡ ਵਿੱਚ ਪ੍ਰਾਪਰਟੀ ਟੈਕਸ ਮੰਤਵ ਲਈ ਰੀਤੂ ਵਰਮਾ (ਪਤਨੀ) ਵਾ ਹਰਮਨਦੀਪ (ਪੁੱਤਰ) ਵਾ ਦੀਪੀਕਾ ਵਰਮਾ (ਪੁੱਤਰੀ) ਵਾ ਬਾਬੁਲ ਵਰਮਾ (ਪੁੱਤਰੀ) ਵਾ ਅਨੀਸ਼ਾ ਵਰਮਾ (ਪੁੱਤਰੀ) ਲੇਟ ਵਿਮਲ ਕੁਮਾਰ ਦੇ ਨਾਵਾਂ 'ਤੇ ਪ੍ਰਾਪਰਟੀ ਟੈਕਸ ਸਰਵੇ ਰਿਕਾਰਡ ਵਿੱਚ ਦਰਜ/ਟਰਾਂਸਫਰ ਕਰਨ ਲਈ 2 ਅਖ਼ਬਾਰਾਂ ਵਿੱਚ 30 ਦਿਨਾਂ ਦੇ ਅੰਦਰ-ਅੰਦਰ ਇਤਰਾਜ਼ ਲੈਣੇ ਜ਼ਰੂਰੀ ਹਨ।ਇਸ ਸੰਬੰਧੀ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਨੋਟਿਸ ਛਪਣ ਤੋਂ 30 ਦਿਨਾਂ ਦੇ ਅੰਦਰ- ਅੰਦਰ ਇਸ ਦਫਤਰ ਵਿਖੇ ਲਿਖਤੀ ਤੌਰ 'ਤੇ ਕਰ ਸਕਦਾ ਹੈ।ਇਸ ਤੋਂ ਬਾਅਦ ਵਿੱਚ ਆਏ ਕਿਸੇ ਵੀ ਇਤਰਾਜ਼ 'ਤੇ ਵਿਚਾਰ/ਗੌਰ ਨਹੀਂ ਕੀਤਾ ਜਾਵੇਗਾ।

ਸਹੀ/-ਕਾਰਜ ਸਾਧਕ ਅਫਸਰ ਨਗਰ ਕੌਂਸਲ ਕਰਤਾਰਪੁਰ।

## ਆਈ ਐੱਨ ਸੀ -25 ਏ

ਜਨਤਕ ਲਿਮਟਿਡ ਕੰਪਨੀ ਨੂੰ ਪ੍ਰਾਈਵੇਟ ਲਿਮਟਿਡ ਕੰਪਨੀ 'ਚ ਤਬਦੀਲ ਕਰਨ ਸੰਬੰਧੀ ਇਸ਼ਤਿਹਾਰ
ਸਨਮੁਖ ਖੇਤਰੀ ਡਾਇਰੈਕਟਰ, ਕਾਰਪੋਰੇਟ ਮਾਮਲੇ ਮੰਤਰਾਲਾ, ਉੱਤਰੀ ਖੇਤਰੀ ਡਾਇਰੈਕਟੋਰੇਟ II, ਚੰਡੀਗੜ੍ਹ
ਕੰਪਨੀ ਐਕਟ, 2013, ਕੰਪਨੀ ਐਕਟ, 2013 ਦੇ ਸੈਕਸ਼ਨ 14 ਅਤੇ ਕੰਪਨੀਜ਼ (ਇਨਕਾਰਪੋਰੇਸ਼ਨ) ਰੂਲਜ਼ 2014 ਦੇ ਰੂਲ 41 ਦੇ ਮਾਮਲੇ 'ਚ
ਅਤੇ
ਮੈਸਰਜ਼ ਸਰਵੋਤਮ ਲੀਜ਼ਿੰਗ ਐਂਡ ਰੀਅਲ ਅਸਟੇਟਸ ਲਿਮਟਿਡ ਜਿਸ ਦਾ ਸੀ ਆਈ ਐੱਨ : ਯੂ 65910 ਪੀ ਬੀ 1990 ਪੀ ਐੱਲ ਸੀ 035255 ਅਤੇ ਰਜਿਸਟਰਡ ਦਫ਼ਤਰ 39, ਨੰਦੜਾ ਬਿਲਡਿੰਗ ਸਾਹਮਣੇ ਜਨਰਲ ਬੱਸ ਸਟੈਂਡ, ਜੀ. ਟੀ ਰੋਡ ਜਲੰਧਰ-144001, ਪੰਜਾਬ, ਇੰਡੀਆ (ਬਿਨੈਕਰਤਾ)

ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ 16 ਮਾਰਚ, 2026 ਨੂੰ ਕੰਪਨੀ ਦੀ ਹੋਈ ਅਸਾਧਾਰਨ ਜਨਰਲ ਮੀਟਿੰਗ ਦੌਰਾਨ ਕੰਪਨੀ ਨੂੰ ਪ੍ਰਾਈਵੇਟ ਲਿਮਟਿਡ ਕੰਪਨੀ 'ਚ ਤਬਦੀਲ ਕਰਨ ਸੰਬੰਧੀ ਪਾਸ ਕੀਤੇ ਗਏ ਵਿਸ਼ੇਸ਼ ਮਤੇ ਦੇ ਮੱਦੇਨਜ਼ਰ ਕੇਂਦਰ ਸਰਕਾਰ ਨੂੰ ਉਕਤ ਰੂਲਜ਼ ਨਾਲ ਪੜ੍ਹੇ ਜਾਂਦੇ ਕੰਪਨੀਜ਼ ਐਕਟ 2013 ਦੇ ਸੈਕਸ਼ਨ 14 ਅਧੀਨ ਇਸ ਦੀ ਪੁਸ਼ਟੀ ਲਈ ਅਰਜ਼ੀ ਦੇਣ ਦੀ ਤਜਵੀਜ਼ ਹੈ।

ਕੰਪਨੀ ਦੇ ਇਸ ਤਜਵੀਜ਼ਤ ਬਦਲਾਅ/ਰੁਤਬੇ ਕਾਰਨ ਜੇਕਰ ਕਿਸੇ ਵਿਅਕਤੀ ਦੇ ਹਿੱਤ ਪ੍ਰਭਾਵਿਤ ਹੁੰਦੇ ਹਨ ਤਾਂ ਉਹ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 14 ਦਿਨਾਂ ਦੇ ਅੰਦਰ ਇਸ ਦਾ ਕਾਰਨ/ਇਤਰਾਜ਼ ਆਪਣੇ ਹਲਫੀਆ ਬਿਆਨ ਦੇ ਨਾਲ ਹਿੱਤਾਂ ਦੀ ਕਿਸਮ ਅਤੇ ਅਰਜ਼ੀ ਦੇ ਵਿਰੋਧ ਦੇ ਅਧਾਰ, ਰਜਿਸਟਰਡ ਡਾਕ ਰਾਹੀਂ ਖੇਤਰੀ ਡਾਇਰੈਕਟਰ, ਉੱਤਰ ਖੇਤਰੀ ਡਾਇਰੈਕਟਰ II ਤੀਜੀ ਮੰਜ਼ਲ ਵਿਖੇ ਸਥਿਤ, ਕਾਰਪੋਰੇਟ ਭਵਨ, ਪਲਾਟ ਨੰ: 4-ਬੀ, ਸੈਕਟਰ 27 ਬੀ, ਪਿੰਨ-160019, ਚੰਡੀਗੜ੍ਹ ਨੂੰ ਬਿਨੈਕਰਤਾ ਕੰਪਨੀ ਦੇ ਰਜਿਸਟਰਡ ਦਫ਼ਤਰ 39, ਨੰਦੜਾ ਬਿਲਡਿੰਗ ਸਾਹਮਣੇ ਜਨਰਲ ਬੱਸ ਸਟੈਂਡ, ਜੀ ਟੀ ਰੋਡ, ਜਲੰਧਰ - 144001, ਪੰਜਾਬ, ਭਾਰਤ ਦੇ ਪਤੇ 'ਤੇ ਨਕਲ ਨਾਲ ਭੇਜ ਸਕਦਾ ਹੈ।

ਬੋਰਡ ਦੇ ਵਾਸਤੇ ਅਤੇ ਤਰਫੋਂ
ਸਰਵੋਤਮ ਲੀਜ਼ਿੰਗ ਐਂਡ ਰੀਅਲ ਅਸਟੇਟਸ ਲਿਮਟਿਡ
ਜੋਬਨਬੀਰ ਸਿੰਘ (ਡਾਇਰੈਕਟਰ) ਡੀ ਆਈ ਐੱਨ : 09512316
ਪਤਾ : 39, ਨੰਦੜਾ ਬਿਲਡਿੰਗ ਸਾਹਮਣੇ ਜਨਰਲ ਬੱਸ ਸਟੈਂਡ, ਜੀ. ਟੀ ਰੋਡ ਜਲੰਧਰ, ਪੰਜਾਬ, ਭਾਰਤ -144001
ਮਿਤੀ : 6 ਅਪ੍ਰੈਲ 2026 ਸਥਾਨ : ਜਲੰਧਰ

# ਮਿੱਡ ਡੇ ਮੀਲ ਵਰਕਰਜ਼ ਯੂਨੀਅਨ ਵੱਲੋਂ ਐੱਮ ਐੱਲ ਏ ਨੂੰ ਰੋਸ ਪੱਤਰ ਦੇਣ ਦਾ ਫੈਸਲਾ

**ਜਲੰਧਰ (ਰਾਜੇਸ਼ ਥਾਪਾ)**- ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਨਿਗੂਣੇ ਜਿਹੇ ਮਾਣ ਭੱਤੇ 'ਤੇ ਕੰਮ ਕਰਦੀਆਂ ਮਿੱਡ-ਡੇ-ਮੀਲ ਵਰਕਰਜ਼ ਯੂਨੀਅਨ ਪੰਜਾਬ ਦੀ ਮੀਟਿੰਗ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਸੂਬਾ ਸੀਨੀਅਰ ਮੀਤ ਪ੍ਰਧਾਨ ਪਰਵੀਨ ਬਾਲਾ ਫ਼ਤਿਹਗੜ੍ਹ ਸਾਹਿਬ ਦੀ ਪ੍ਰਧਾਨਗੀ ਹੇਠ ਆਯੋਜਿਤ ਕੀਤੀ ਗਈ। ਇਸ ਮੀਟਿੰਗ ਨੂੰ ਵਿਸ਼ੇਸ਼ ਤੌਰ ਤੇ ਸੰਬੋਧਨ ਕਰਦਿਆਂ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਨੇ ਕਿਹਾ ਕਿ ਕੇਂਦਰ ਅਤੇ ਰਾਜ ਸਰਕਾਰਾਂ ਵਿਸ਼ਵ ਬੈਂਕ ਅਤੇ ਸਰਮਾਏਦਾਰਾਂ ਦੇ ਦਬਾਅ ਹੇਠ ਜਨਤਕ ਅਦਾਰਿਆਂ ਨੂੰ ਖਤਮ ਕਰੀ ਜਾ ਰਹੀਆਂ ਹਨ। ਸਰਕਾਰੀ ਮਹਿਕਮਿਆਂ ਅੰਦਰ ਰੈਗੂਲਰ ਅਤੇ ਪੂਰੇ ਸਕੇਲਾਂ ਤੇ ਮੁਲਾਜ਼ਮਾਂ ਦੀ ਭਰਤੀ ਕਰਨ ਦੀ ਬਜਾਏ ਠੇਕੇ ਅਤੇ ਨਿਗੂਣੇ ਜਿਹੇ ਮਾਣ ਭੱਤਿਆਂ 'ਤੇ ਭਰਤੀ ਕਰਕੇ ਇਹਨਾਂ ਮੁਲਾਜ਼ਮਾਂ ਦਾ ਆਰਥਿਕ ਅਤੇ ਸਮਾਜਿਕ ਸੋਸ਼ਣ ਕੀਤਾ ਜਾ ਰਿਹਾ ਹੈ। ਸਟੇਜ ਦੀ ਕਾਰਵਾਈ ਚਲਾਉਂਦਿਆਂ ਜਥੇਬੰਦੀ ਦੀ ਸੂਬਾ ਜਨਰਲ ਸਕੱਤਰ ਕਮਲਜੀਤ ਕੌਰ ਹੁਸ਼ਿਆਰਪੁਰ ਨੇ ਜਥੇਬੰਦੀ ਵਲੋਂ ਪਿਛਲੇ ਸਮੇਂ ਵਿੱਚ ਕੀਤੇ ਗਏ ਕੰਮਾਂ ਦੀ ਜਾਣਕਾਰੀ ਸਾਂਝੀ ਕੀਤੀ। ਮੀਟਿੰਗ ਵਿੱਚ ਆਗੂਆਂ ਨੇ ਸਾਂਝੇ ਤੌਰ ਤੇ ਮੰਗ ਕੀਤੀ ਕਿ ਕੀਤੇ ਗਏ ਚੋਣ ਵਾਅਦੇ ਅਨੁਸਾਰ ਮਾਣ ਭੱਤਾ ਤੁਰੰਤ ਦੁੱਗਣਾ ਕੀਤਾ ਜਾਵੇ। ਜਦੋਂ ਤੱਕ




ਰੈਗੂਲਰ ਨਹੀਂ ਕੀਤਾ ਜਾਂਦਾ ਉਦੋਂ ਤੱਕ ਘੱਟੋ ਘੱਟ ਉਜਰਤ ਨੂੰ ਲਾਗੂ ਕਰਦੇ ਹੋਏ 26000/- ਰੁਪਏ ਮਿਹਨਤਾਨਾ ਦਿੱਤਾ ਜਾਵੇ।ਮਿੱਡ ਡੇ ਮੀਲ ਵਰਕਰ ਦੇ ਅਚਨਚੇਤ ਛੁੱਟੀ ਲੈਣ ਸਮੇਂ ਖਾਣਾ ਬਣਾਉਣ ਲਈ ਬਦਲਵਾਂ ਪ੍ਰਬੰਧ ਸਕੂਲ ਮੁਖੀ ਕਰੇ, ਵਰਕਰਾਂ ਨੂੰ ਸਾਲ ਦੌਰਾਨ ਦੋ ਵਰਦੀਆਂ ਦਿੱਤੀਆਂ ਜਾਣ ਆਦਿ ਮੰਗ ਪੱਤਰ ਵਿੱਚ ਦਰਜ਼ ਮੰਗਾਂ ਲਈ ਸੰਘਰਸ਼ ਨੂੰ ਤੇਜ਼ ਕਰਨ ਦਾ ਫੈਸਲਾ ਕੀਤਾ ਗਿਆ। ਇਸ ਮੀਟਿੰਗ ਵਿੱਚ ਸੀਨੀਅਰ ਮੀਤ ਪ੍ਰਧਾਨ ਪ੍ਰਵੀਨ ਬਾਲਾ ਫ਼ਤਿਹਗੜ੍ਹ ਸਾਹਿਬ,ਮੀਤ ਪ੍ਰਧਾਨ ਮਮਤਾ ਸੈਦਪੁਰ ਕਪੂਰਥਲਾ, ਕਰਮਜੀਤ ਕੌਰ ਬਰਨਾਲਾ, ਜਨਰਲ ਸਕੱਤਰ ਕਮਲਜੀਤ ਕੌਰ ਹੁਸ਼ਿਆਰਪੁਰ,ਜੁਆਇੰਟ ਸਕੱਤਰ ਚਰਨਜੀਤ ਕੌਰ ਮਾਹਲ,ਕੈਸ਼ੀਅਰ ਕਮਲੇਸ ਕੌਰ ਰੋਪੜ,ਸਹਾਇਕ ਕੈਸ਼ੀਅਰ ਸੁਖਵਿੰਦਰ ਕੌਰ ਤਰਨਤਾਰਨ,ਪ੍ਰੈੱਸ ਸਕੱਤਰ ਸਿਮਰਨਜੀਤ ਕੌਰ ਪਾਸਲਾ-ਜਲੰਧਰ, ਕੁਲਵਿੰਦਰ ਕੌਰ ਮੋਹਾਲੀ,ਸਿਬਲਜੀਤ ਕੌਰ ਫਰੀਦਕੋਟ, ਕਰਮਜੀਤ ਕੌਰ,ਆਸਾ ਰਾਣੀ,ਮਹਿੰਦਰ ਕੌਰ,ਹਰਮੇਸ ਕੌਰ ਰੋਪੜ,ਮਨਜੀਤ ਕੌਰ, ਕੁਲਵਿੰਦਰ ਕੌਰ ਅੰਦਹੇੜੀ, ਸੁਖਵਿੰਦਰ ਰਾਮ ਜਲੰਧਰ ਆਦਿ ਹਾਜ਼ਰ ਸਨ। ਮੀਟਿੰਗ ਵਿੱਚ ਵਿਚਾਰ ਵਟਾਂਦਰਾ ਕਰਨ ਤੋਂ ਬਾਅਦ ਅਗਲੇ ਸੰਘਰਸ਼ ਦਾ ਐਲਾਨ ਕਰਦਿਆਂ 19,20 ਅਤੇ 21 ਅਪ੍ਰੈਲ ਤੱਕ ਜ਼ਿਲ੍ਹਾ ਪੱਧਰ ਤੇ ਐੱਮ ਐੱਲ ਏ ਨੂੰ ਮੰਗ ਪੱਤਰ ਦੇਣ ਦਾ ਫੈਸਲਾ ਕੀਤਾ। 3 ਮਈ ਨੂੰ ਸਿੱਖਿਆ ਮੰਤਰੀ ਦੇ ਹਲਕੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੂਬਾ ਪੱਧਰੀ ਰੈਲੀ ਕਰਨ ਦਾ ਫੈਸਲਾ ਕੀਤਾ ਗਿਆ।

# ਵਿਧਾਇਕ ਵੱਲੋਂ ਡੇਰਾ ਬੱਸੀ ਦੀਆਂ ਮੰਡੀਆਂ ਦਾ ਦੌਰਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਧਨੌਨੀ, ਅਮਲਾਲਾ, ਲਾਲੜੂ, ਜੜੌਤ, ਤਸਿੰਬਲੀ, ਸਮਗੋਲੀ ਦੀਆਂ ਅਨਾਜ ਮੰਡੀ ਵਿੱਚ ਕਣਕ ਦੀ ਖਰੀਦ ਸ਼ੁਰੂ ਕਰਵਾਈ। ਉਨ੍ਹਾਂ ਨੇ ਕਣਕ ਲੈ ਕੇ



ਆਏ ਕਿਸਾਨ ਦਾ ਸਿਰੋਪਾਓ ਪਾ ਕੇ ਸਨਮਾਨ ਕੀਤਾ ਗਿਆ ਤੇ ਮੂੰਹ ਮਿੱਠਾ ਕਰਵਾ ਕੇ ਖਰੀਦ ਪ੍ਰਕਿਰਿਆ ਦੀ ਸ਼ੁਭ ਸ਼ੁਰੂਆਤ ਕੀਤੀ ਗਈ।ਉਨ੍ਹਾਂ ਨੇ ਧਨੌਨੀ ਮੰਡੀ ਵਿੱਚ ਕਿਸਾਨ ਮੇਜਰ ਸਿੰਘ (ਪਿੰਡ ਪਰਾਗਪੁਰ ਦੀ ਐਮ ਐਮ ਟ੍ਰੇਡਰਜ਼ ਅਤੇ ਕਿਸਾਨ ਰਾਜਬੀਰ ਸਿੰਘ ਪੁੱਤਰ ਅਮਰ ਸਿੰਘ ਦੀ ਜਗਨ ਨਾਥ ਪਵਨ ਕੁਮਾਰ (ਜੇ ਐਨ ਪੀ ਕੇ) ਵਿਖੇ ਭਾਅ ਲਗਵਾ ਕੇ ਖਰੀਦ ਸ਼ੁਰੂ ਕਰਵਾਈ।ਅਮਲਾਲਾ ਮੰਡੀ ਵਿਖੇ ਕਿਸਾਨ ਸਰਬਜੀਤ ਸਿੰਘ ਪੁੱਤਰ ਸੱਜਣ ਸਿੰਘ ਦੀ ਐਨ ਐਨ ਐਂਟਰਪ੍ਰਾਈਜ਼ਜ਼ ਵਿਖੇ, ਲਾਲੜੂ ਮੰਡੀ ਵਿਖੇ ਕਿਸਾਨ ਨਵਿੰਦਰ ਕੁਮਾਰ ਦੀ ਜੂਮਾ ਰਾਮ ਭਗਵਾਨ ਦਾਸ ਦੀ ਦੁਕਾਨ ਤੇ, ਜੜੌਤ ਮੰਡੀ ਵਿਖੇ ਕਿਸਾਨ ਗੁਰਲਾਲ ਸਿੰਘ ਪੁੱਤਰ ਬਨਾਰਸੀ ਦਾਸ ਦੀ ਕਰਨ ਐਂਟਰਪ੍ਰਾਈਜ਼ਜ਼ ਵਿਖੇ, ਤਸਿੰਬਲੀ ਮੰਡੀ ਵਿਖੇ ਕਿਸਾਨ ਬਲਜੀਤ ਸਿੰਘ ਪੁੱਤਰ ਸੰਤ ਸਿੰਘ ਦੀ ਆੜ੍ਹਤੀ ਰਘੁਨਾਥ ਦਾਸ ਸੋਹਣ ਲਾਲ ਅਤੇ ਸਮਗੌਲੀ ਮੰਡੀ ਵਿਖੇ ਕਿਸਾਨ ਜੈ ਸਿੰਘ ਪੁੱਤਰ ਛੱਜੂ ਸਿੰਘ ਦੀ ਆੜ੍ਹਤੀ ਮੰਗਲਾ ਟਰੇਡਿੰਗ ਕੰਪਨੀ ਦੀ ਦੁਕਾਨ ਤੇ ਖਰੀਦ ਦੀ ਸ਼ੁਰੂਆਤ ਕਰਵਾਈ। ਇਸ ਦੌਰਾਨ ਮਨੁੱਖਤਾ ਦੇ ਨਾਤੇ ਦੁੱਖ ਸਾਂਝਾ ਕਰਦੇ ਹੋਏ ਪਿੰਡ ਅੰਤਾਲਾ ਦੀ ਸੁਮਨ ਰਾਣੀ ਨੂੰ, ਜਿਨ੍ਹਾਂ ਦੇ ਪਤੀ ਸੁਖਬੀਰ ਸਿੰਘ ਦੀ ਸੱਪ ਦੇ ਡੰਗਣ ਨਾਲ ਤੇ ਪਿੰਡ ਭੁਖੜੀ ਦੀ ਰਜਨੀ ਦੇਵੀ ਨੂੰ, ਜਿਨ੍ਹਾਂ ਦੇ ਪਤੀ ਰਣਧੀਰ ਸਿੰਘ ਦੀ ਖੇਤ ਵਿੱਚ ਕਰੰਟ ਲੱਗਣ ਕਾਰਨ ਮੌਤ ਹੋਈ, ਨੂੰ 2-2 ਲੱਖ ਰੁਪਏ ਦੀ ਆਰਥਿਕ ਸਹਾਇਤਾ ਵੀ ਪ੍ਰਦਾਨ ਕੀਤੀ ਗਈ।

## ਕੈਂਪ 'ਚ ਮਰੀਜ਼ਾਂ ਦਾ ਚੈੱਕਅੱਪ ਤੇ ਫਰੀ ਦਵਾਈ ਦਿੱਤੀ

**ਗੁਰਾਇਆ (ਬਿੰਦਰ ਸੁਮਨ)**- ਰੋਟਰੀ ਕਲੱਬ ਮਿਡਟਾਊਨ ਗੁਰਾਇਆ ਵਲੋਂ ਹਰਜਿੰਦਰ ਸਿੰਘ ਸੈਹਬੀ ਦੀ ਦੇਖ ਰੇਖ ਹੇਠ ਐਸ ਪੀ ਐਸ ਹਸਪਤਾਲ ਲੁਧਿਆਣਾ ਦੇ ਸਹਿਯੋਗ ਨਾਲ ਮਲਟੀਸਪੈਸਲਿਟੀ ਕੈਂਪ ਬਾਬਾ ਸੰਗ ਪਬਲਿਕ ਲਾਇਬ੍ਰੇਰੀ ਪਿੰਡ ਸੰਗ ਢੇਸੀਆ ਵਿਖੇ ਲਗਾਇਆ ਗਿਆ, ਕੈਂਪ ਦੀ ਸ਼ੁਰੂਆਤ ਪਿੰਡ ਦੇ ਸਰਪੰਚ ਪਰਮਜੀਤ ਕੌਰ ਤੇ ਪੰਚਾਇਤ ਮੈਂਬਰਾਂ ਵਲੋਂ ਕੀਤੀ ਗਈ। ਕੈਂਪ ਦੌਰਾਨ ਦਿਲ ਦੇ ਰੋਗ, ਜਨਾਨਾ ਰੋਗ, ਜੋੜਾਂ ਅਤੇ ਹੱਡੀਆਂ ਦੇ ਮਾਹਰ ਡਾਕਟਰਾਂ ਦੀ ਟੀਮ ਵਲੋਂ ਮਰੀਜ਼ਾ ਦਾ ਚੈਕਅੱਪ ਕਰਕੇ ਫਰੀ ਦਵਾਈ ਦਿੱਤੀ ਗਈ। ਇਸ ਮੌਕੇ ਮਰੀਜ਼ਾਂ ਦੇ ਈ ਸੀ ਜੀ ਵੀ ਫਰੀ ਕੀਤੀ ਗਈ। ਕੁਲਵੰਤ ਸਿੰਘ ਸੱਗੂ ਨੇ ਕਿਹਾ ਕਿ ਰੋਟਰੀ ਕਲੱਬ ਮਿਡਟਾਊਨ ਗੁਰਾਇਆ ਵਲੋਂ ਜੋਗਿੰਦਰ ਸਿੰਘ ਕਲਸੀ ਕਨੇਡਾ ਨਿਵਾਸੀ ਦੇ ਉਦਮ ਨਾਲ ਇਹ ਕੈਂਪ ਲਗਾਇਆ ਗਿਆ, ਉਨਾਂ ਕਿਹਾ ਕਿ ਕਲੱਬ ਇਹੋ ਜਿਹੇ ਕਾਰਜ ਕਰਦੀ ਰਹਿੰਦੀ ਹੈ, ਆਉਣ ਵਾਲੇ ਸਮੇਂ ਦੌਰਾਨ ਵੀ ਇਹ ਕਾਰਜ ਜਾਰੀ ਰਹਿਣਗੇ। ਕਲੱਬ ਵੱਲੋਂ ਡਾਕਟਰਾਂ ਦੀ ਟੀਮ ਤੇ ਸਹਿਯੋਗੀਆਂ ਨੂੰ ਯਾਦਗਾਰੀ ਚਿੰਨ ਦੇ ਕੇ ਸਨਮਾਨਤ ਕੀਤਾ ਗਿਆ। ਸਰਪੰਚ ਪਰਮਜੀਤ ਕੌਰ, ਕੁਲਵੰਤ ਸਿੰਘ ਸੱਗੂ, ਬਲਦੇਵ ਸਿੰਘ ਭੋਗਲ, ਸੈਕਟਰੀ ਕਮਲ ਕੁਮਾਰ, ਨਤੀਸ਼ ਗਨਤਰਾ, ਐਡਵੋਕੇਟ ਠਾਕੁਰ, ਜਸਵਿੰਦਰ ਪਾਠਕ, ਸੁਖਜੀਤ ਸਿੰਘ ਪੰਚ, ਚਰਨਜੀਤ ਸਿੰਘ ਪੰਚ, ਸੀਤਾ ਦੇਵੀ ਪੰਚ, ਤੀਰਥ ਕੌਰ ਪੰਚ ਤੋਂ ਇਲਾਵਾ ਪਿੰਡ ਵਾਸੀ ਹਾਜ਼ਰ ਸਨ।



## ਵਿਸਾਖੀ ਮੇਲਾ 12 ਤੋਂ

**ਕਪੂਰਥਲਾ (ਮਨਜੀਤ ਮਾਨ)**- ਬਾਬਾ ਬ੍ਰਹਮ ਦਾਸ ਮੇਲਾ ਪ੍ਰਬੰਧਕ ਕਮੇਟੀ ਵੱਲੋ ਸਮੂਹ ਨਗਰ ਨਿਵਾਸੀਆਂ ਅਤੇ ਪ੍ਰਵਾਸੀ ਭਾਰਤੀਆਂ ਦੇ ਸਹਿਯੋਗ ਨਾਲ ਢਿੱਲਵਾਂ ਦਾ ਵਿਸਾਖੀ ਮੇਲਾ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 12 ਤੋ 14 ਅਪ੍ਰੈਲ ਤੱਕ ਬਾਬਾ ਬ੍ਰਹਮ ਦਾਸ ਜੀ ਦੇ ਪਵਿੱਤਰ ਅਸਥਾਨ ਤੇ ਬੜੀ ਸ਼ਰਧਾ ਪੂਰਵਕ ਤੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ। ਬਾਬਾ ਬ੍ਰਹਮ ਦਾਸ ਪ੍ਰਬੰਧਕ ਕਮੇਟੀ ਵਲੋ ਮਿਲੀ ਜਾਣਕਾਰੀ ਅਨੁਸਾਰ 12 ਅਪ੍ਰੈਲ ਨੂੰ ਵਾਲੀਬਾਲ ਟੂਰਨਾਮੈਂਟ ਦੇ ਮੈਚ ਕਰਵਾਏ ਜਾਣਗੇ। ਕਬੱਡੀ ਓਪਨ ਪਿੰਡ ਪੱਧਰ ਤੇ 70 ਕਿਲੋ ਦੇ ਫਾਈਨਲ ਮੈਚ 14 ਅਪ੍ਰੈਲ ਵਿਸਾਖੀ ਵਾਲੇ ਦਿਨ ਕਰਵਾਏ ਜਾਣਗੇ। ਓਪਨ ਪਿੰਡ ਪੱਧਰ ਦਾ ਪਹਿਲਾ ਇਨਾਮ 81000 ਤੇ ਦੂਜਾ ਇਨਾਮ 71000 ਦਾ ਦਿੱਤਾ ਜਾਵੇਗਾ। 14 ਅਪ੍ਰੈਲ ਵਿਸਾਖੀ ਵਾਲੇ ਦਿਨ ਵਿਸ਼ਾਲ ਸਭਿਆਚਾਰਕ ਪ੍ਰੋਗਰਾਮ ਦੌਰਾਨ ਪੰਜਾਬ ਦੇ ਪ੍ਰਸਿੱਧ ਗਾਇਕ ਰੰਗਲੇ ਸਰਦਾਰ ਤੇ ਮੈਡਮ ਮਾਹੀ ਆਪਣੇ ਗੀਤਾਂ ਨਾਲ ਸੰਗਤਾ ਨੂੰ ਨਿਹਾਲ ਕਰਨਗੇ। ਤਿੰਨੋ ਦਿਨ ਬਾਬਾ ਜੀ ਲੰਗਰ ਅਤੁੱਟ ਚਲੇਗਾ।

## ਪੰਜਵੀਂ ਦਾ ਨਤੀਜਾ ਸੌ ਫ਼ੀਸਦੀ

**ਆਦਮਪੁਰ (ਪਰਮਜੀਤ ਸਿੰਘ)**- ਪੰਜਾਬ ਸਕੂਲ ਸਿੱਖਿਆ ਬੋਰਡ ਦੁਆਰਾ ਪੰਜਵੀਂ ਜਮਾਤ ਦਾ ਨਤੀਜਾ ਐਲਾਨ ਕੀਤਾ ਗਿਆ। ਜਿਸ ਵਿੱਚ ਰੇਨਬੋ ਪਬਲਿਕ ਸਕੂਲ ਸਤੋਵਾਲੀ (ਆਦਮਪੁਰ) ਦਾ ਨਤੀਜਾ ਸੌ ਫ਼ੀਸਦੀ ਰਿਹਾ। ਪ੍ਰਿੰਸੀਪਲ ਜੋਧ ਸਿੰਘ ਡੋਗਰਾ ਨੇ ਦੱਸਿਆ ਕਿ ਸਾਡੇ ਸਕੂਲ ਦੇ 47 ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਪਹਿਲਾਂ ਸਥਾਨ ਹਾਸਲ ਕੀਤਾ। ਜਮਾਤ ਵਿੱਚੋ ਦਵਿਜ, ਹਰਲੀਨ ਬਸਰਾ, ਸੁਖਮਨ ਕੌਰ ਨੇ 1008 ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਦੀਸ਼ਕਾ ਕੁਮਾਰੀ ਨੇ 99.2% ਅੰਕ ਪ੍ਰਾਪਤ ਕਰਕੇ ਦੂਸਰਾ ਸਥਾਨ, ਗੁਰਜੱਸ ਰਾਮ,ਜੇਸਮੀਨ ਕੌਰ ਨੇ 98% ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਲ ਕਰਕੇ ਆਪਣੇ ਮਾਤਾ-ਪਿਤਾ ਤੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਸਕੂਲ ਦੇ ਚੇਅਰਮੈਨ ਅਨਿਲ ਕੁਮਾਰ ਸ਼ਰਮਾ ਅਤੇ ਪ੍ਰਿੰਸੀਪਲ ਨੇ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦੇ ਹੋਏ ਕਿਹਾ ਕਿ ਰੇਨਬੋ ਪਬਲਿਕ ਸਕੂਲ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ।




# ਸ਼੍ਰੋਮਣੀ ਅਕਾਲੀ ਦਲ ਦੀ ਮੀਟਿੰਗ

**ਅੱਡਾ ਸਰਾਂ (ਜਸਵੀਰ ਕਾਜਲ)**- ਸ਼੍ਰੋਮਣੀ ਅਕਾਲੀ ਦਲ ਬਾਦਲ ਹਲਕਾ ਟਾਂਡਾ ਉੜਮੁੜ ਅਧੀਨ ਪੈਂਦੇ ਅੱਡਾ ਸਰਾਂ ਵਿਖੇ ਸੁਰਜੀਤ ਸਿੰਘ ਜੌੜਾ ਸਰਕਲ ਪ੍ਰਧਾਨ ਅੱਡਾ ਸਰਾਂ ਦੀ ਅਗਵਾਈ ਵਿੱਚ ਪਾਰਟੀ



ਵਰਕਰਾਂ ਦੀ ਮੀਟਿੰਗ ਕਰਵਾਈ ਗਈ। ਮੀਟਿੰਗ ਵਿੱਚ ਮੁੱਖ ਬੁਲਾਰੇ ਵਜੋਂ ਪਹੁੰਚੇ ਅਰਵਿੰਦਰ ਸਿੰਘ ਰਸੂਲਪੁਰ ਹਲਕਾ ਇੰਚਾਰਜ ਟਾਂਡਾ, ਕਮਲਜੀਤ ਸਿੰਘ ਕੁਲਾਰ ਸੀਨੀਅਰ ਯੂਥ ਪ੍ਰਧਾਨ ਪੰਜਾਬ ਨੇ ਪਾਰਟੀ ਦੇ ਅਹਿਮ ਗਤੀਵਿਧੀਆਂ ਬਾਰੇ ਵਿਚਾਰ ਵਟਾਂਦਰਾ ਕੀਤਾ। 2027 ਵਿੱਚ ਹੋਣ ਵਾਲੀਆਂ ਚੋਣਾਂ ਸੰਬੰਧੀ ਅਹਿਮ ਯੋਜਨਾਵਾਂ ਬਣਾਈਆਂ।ਇਸ ਮੌਕੇ ਮਨਜੀਤ ਸਿੰਘ ਸੈਕਟਰੀ ਮੀਤ ਪ੍ਰਧਾਨ ਜਿਲਾ ਹੁਸ਼ਿਆਰਪੁਰ, ਸਤਨਾਮ ਸਿੰਘ ਢਿੱਲੋ ਸੀਨੀਅਰ ਮੀਤ ਪ੍ਰਧਾਨ ਜ਼ਿਲ੍ਹਾ ਹੁਸ਼ਿਆਰਪੁਰ, ਪਰਮਜੀਤ ਸਿੰਘ ਧਾਮੀਆਂ ਨੇ ਹਲਕਾ ਇੰਚਾਰਜ ਅਤੇ ਪਾਰਟੀ ਵਰਕਰਾਂ ਦਾ ਇਸ ਮੀਟਿੰਗ ਵਿੱਚ ਪਹੁੰਚਣ ਤੇ ਵਿਸ਼ੇਸ਼ ਧੰਨਵਾਦ ਕੀਤਾ।ਉਨ੍ਹਾਂ ਕਿਹਾ ਸ੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਵੀਰ ਸਿੰਘ ਬਾਦਲ ਵੱਲੋਂ ਹਰ ਵਰਗ ਦੇ ਲੋਕਾਂ ਲਈ ਸਕੀਮਾਂ ਲੈ ਕੇ ਆਉਣ ਨਾਲ ਲੋਕ ਅਕਾਲੀ ਦਲ ਦੇ ਝੰਡੇ ਹੇਠ ਇਕੱਠੇ ਹੋਣੇ ਸ਼ੁਰੂ ਹੋ ਗਏ ਹਨ। ਇਸ ਮੌਕੇ ਪ੍ਰਿਤਪਾਲ ਸਿੰਘ ਦਾਤਾ ਸਰਕਲ ਪ੍ਰਧਾਨ ਅੱਡਾ ਚੌਲਾਂਗ, ਮਨਜੀਤ ਸਿੰਘ ਧਾਲੀਵਾਲ ਕੰਧਾਲਾ ਜੱਟਾਂ, ਬਲਦੇਵ ਸਿੰਘ ਬੜੈਚ ਇਕਬਾਲ ਢਡਿਆਲ, ਗੁਰਵਿੰਦਰ ਸਿੰਘ ਗਿੰਦਾ ਮੋਹਕਮਗੜ, ਕੁਲਦੀਪ ਸਿੰਘ ਜਤਿੰਦਰ ਸਿੰਘ ਲੰਬੜਦਾਰ ਪਿੰਡ ਗੜੀ, ਕਾਨ ਸਿੰਘ ਨੰਗਲ ਜਮਾਲ, ਰਵਿੰਦਰ ਸਿੰਘ ,ਗੁਰਦੀਪ ਸਿੰਘ ਨੰਗਲ ਫਰੀਦ ,ਚਰਨਜੀਤ ਸਿੰਘ ਬਾਜਵਾ, ਕੁਲਦੀਪ ਸਿੰਘ ਬੱਧਣ, ਚੈਨ ਸਿੰਘ, ਕਸ਼ਮੀਰ ਸਿੰਘ, ਸੁਖਵਿੰਦਰ ਸਿੰਘ, ਪਰਮਜੀਤ ਸਿੰਘ, ਸੰਦੀਪ ਸਿੰਘ ਜੌੜਾ ਤੇ ਹੋਰ ਪਾਰਟੀ ਵਰਕਰ ਹਾਜ਼ਰ ਸਨ।

## ਖਪਤਕਾਰ ਗੈਸ ਏਜੰਸੀ ਨਾਲ ਸਹਿਯੋਗ ਕਰਨ : ਸੋਈ

**ਦਸੂਹਾ (ਕਰਨੈਲ ਮਾਂਗਟ)**- ਗੈਸ ਏਜੰਸੀ ਦਸੂਹਾ ਦੇ ਮਾਲਕ ਜਗਦੀਸ਼ ਸਿੰਘ ਸੋਈ ਨੇ ਕਿਹਾ ਕਿ ਦੇਸ਼ ਵਿੱਚ ਐਸਮਾ ਲੱਗਿਆ ਹੋਇਆ ਹੈ ਤੇ ਇਸ ਔਖੇ ਸਮੇਂ ਖਪਤਕਾਰਾਂ ਨੂੰ ਗੈਸ ਏਜੰਸੀ ਨਾਲ ਸਹਿਯੋਗ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਖਪਤਕਾਰ ਕਮਰਸ਼ੀਅਲ ਸਿਲੰਡਰ ਨਾ ਹੋਣ ਕਾਰਨ ਘਰੇਲੂ ਸਿਲੰਡਰ ਦਾ ਇਸਤੇਮਾਲ ਕਰ ਲੈਂਦੇ ਹਨ ਜੋ ਕਿ ਉਨਾਂ ਲਈ ਬੋਝ ਹੈ। ਉਨਾਂ ਕਿਹਾ ਕਿ ਏਜੰਸੀ ਵੱਲੋਂ ਘਰੇਲੂ ਗੈਸ ਦਾ ਕੰਟਰੋਲ ਕਰਨ ਲਈ 25 ਤੋਂ 45 ਦਿਨ ਦੀ ਬੁਕਿੰਗ ਦਾ ਸਮਾਂ ਕਰ ਦਿੱਤਾ ਗਿਆ ਹੈ ਜਦਕਿ ਘਰੇਲੂ ਸਿਲੰਡਰ ਦੀ ਕੋਈ ਵੀ ਸਮੱਸਿਆ ਦਰਪੇਸ਼ ਨਹੀਂ ਆ ਰਹੀ। ਉਹਨਾਂ ਖਪਤਕਾਰਾਂ ਨੂੰ ਅਪੀਲ ਕੀਤੀ ਕਿ ਜੇਕਰ ਗੈਸ ਏਜੰਸੀ ਵੱਲੋਂ ਭੇਜਿਆ ਗਿਆ ਸਟਾਫ ਵੱਧ ਪੈਸੇ ਮੰਗਦਾ ਹੈ ਤਾਂ ਉਹਨਾਂ ਦੇ ਧਿਆਨ ਵਿੱਚ ਲਿਆਂਦਾ ਜਾਵੇ। ਇਸ ਮੌਕੇ ਤੇ ਗੁਰਜੀਤ ਸਿੰਘ ਮਿੱਠੀ ਗਿੱਲ, ਮੈਨੇਜਰ ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।



## ਦੀ ਜੱਟ ਸਿੱਖ ਕੌਂਸਲ ਨੇ ਵਿਦਿਆਰਥੀਆਂ ਨੂੰ ਦਿੱਤੀ ਸਕਾਲਰਸ਼ਿਪ

**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖਾਲਸਾ ਕਾਲਜ ਜਲੰਧਰ ਜਿੱਥੇ ਜ਼ਰੂਰਤਮੰਦ ਤੇ ਹੋਣਹਾਰ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਦੇ ਕੇ ਉਨ੍ਹਾਂ ਦੀ ਪੜ੍ਹਾਈ ਵਿਚ ਮਦਦ ਕਰਦਾ ਹੈ ਉੱਥੇ ਵੱਖ-ਵੱਖ ਗੈਰ ਸਰਕਾਰੀ ਸਮਾਜ ਭਲਾਈ ਸੰਸਥਾਵਾਂ ਦੇ ਹੋਣਹਾਰ ਵਿਦਿਆਰਥੀਆਂ



ਨੂੰ ਸਕਾਲਰਸ਼ਿਪ ਦੇਣ ਲਈ ਵੀ ਪ੍ਰੇਰਿਤ ਕਰਦਾ ਹੈ। ਇਸੇ ਤਹਿਤ ਦੀ ਜੱਟ ਸਿੱਖ ਕੌਂਸਿਲ (ਰਜਿ:) ਵੱਲੋਂ 45 ਹਜ਼ਾਰ ਰੁਪਏ ਦੀ ਸਕਾਲਰਸ਼ਿਪ ਰਾਸ਼ੀ ਲੋੜਵੰਦ ਹੋਣਹਾਰ ਵਿਦਿਆਰਥੀਆਂ ਨੂੰ ਪ੍ਰਦਾਨ ਕੀਤੀ। ਇਸ ਸਮਾਗਮ ਵਿਚ ਜੱਟ ਸਿੱਖ ਕੌਂਸਿਲ ਦੇ ਪ੍ਰਧਾਨ ਕੁਲਜੀਤ ਸਿੰਘ ਹੇਅਰ ਬਤੌਰ ਮੁੱਖ ਮਹਿਮਾਨ ਸਾਮਲ ਹੋਏ। ਉਨ੍ਹਾਂ ਦੇ ਨਾਲ ਵਿਸ਼ੇਸ਼ ਤੌਰ 'ਤੇ ਫਾਇਨਾਂਸ ਸੈਕੇਟਰੀ ਸੁਖਬਹਾਰ ਸਿੰਘ ਤੇ ਸਮੂਹ ਮੈਂਬਰ ਸਹਿਬਾਨ ਹਾਜ਼ਰ ਹੋਏ। ਸਮਾਗਮ ਵਿਚ ਸ਼ਾਮਲ ਹੋਏ ਮਹਿਮਾਨਾਂ ਦਾ ਸਵਾਗਤ ਜਸਪਾਲ ਸਿੰਘ ਵੜੈਚ, ਸੰਯੁਕਤ ਸਕੱਤਰ ਗਵਰਨਿੰਗ ਕੌਂਸਲ ਲਾਇਲਪੁਰ ਖਾਲਸਾ ਕਾਲਜ ਜਲੰਧਰ ਤੇ ਪ੍ਰਿੰਸੀਪਲ ਡਾ. ਰਸ਼ਪਾਲ ਸਿੰਘ ਸੰਧੂ ਨੇ ਕੀਤਾ। ਸੰਯੁਕਤ ਸਕੱਤਰ ਜਸਪਾਲ ਸਿੰਘ ਵੜੈਚ ਨੇ ਆਪਣੇ ਭਾਸ਼ਨ ਵਿਚ ਕਿਹਾ ਕਿ ਦੀ ਜੱਟ ਸਿੱਖ ਕੌਂਸਿਲ ਦਾ ਗਠਨ ਪਿਛਲੇ ਲੰਮੇ ਸਮੇਂ ਤੋਂ ਕਾਲਜ ਦੇ ਹੋਣਹਾਰ ਜ਼ ਰ ੂ ਰ ਤ ਮ ੰ ਦ ਵਿਦਿਆਰਥੀਆਂ ਨੂੰ ਇਹ ਸਕਾਲਰਸ਼ਿਪ ਦਿੰਦੀ ਆ ਰਹੀ। ਪ੍ਰਿੰਸੀਪਲ ਡਾ. ਰਸ਼ਪਾਲ ਸਿੰਘ ਸੰਧੂ ਨੇ ਜਸਪਾਲ ਸਿੰਘ ਵੜੈਚ ਤੇ ਦੀ ਜੱਟ ਸਿੱਖ ਕੌਂਸਿਲ ਦੇ ਪ੍ਰਧਾਨ ਸ. ਕੁਲਜੀਤ ਸਿੰਘ ਹੇਅਰ, ਫਾਇਨਾਂਸ ਸੈਕੇਟਰੀ ਸੁਖਬਹਾਰ ਸਿੰਘ, ਗੁਰਇਕਬਾਲ ਸਿੰਘ ਢਿਲੋਂ, ਰਾਜਾ ਕਾਹਲੋਂ, ਬਲਜਿੰਦਰ ਸਿੰਘ ਢੱਡਾ, ਧਰਮਿੰਦਰ ਸਿੰਘ ਚਾਹਲ ਤੇ ਤਜਿੰਦਰ ਸਿੰਘ ਸੋਹਲ ਮੈਂਬਰ ਦਾ ਧੰਨਵਾਦ ਕੀਤਾ। ਜੱਟ ਸਿੱਖ ਕੌਂਸਲ ਵਲੋਂ ਵਿਦਿਆਰਥੀਆਂ ਪ੍ਰਭਜੋਤ ਸਿੰਘ, ਰਮਨਪ੍ਰੀਤ ਕੌਰ, ਗੁਰਪ੍ਰੀਤ ਸਿੰਘ, ਕਿਰਨਦੀਪ ਕੌਰ, ਸਹਿਜਪ੍ਰੀਤ ਕੌਰ, ਅਰਸ਼ਦੀਪ ਕੌਰ, ਗਗਨਦੀਪ ਸਿੰਘ, ਗੁਰਸਿਮਰਨ ਕੌਰ ਤੇ ਅਮਨਪ੍ਰੀਤ ਕੌਰ ਨੂੰ ਸਕਾਲਰਸ਼ਿਪ ਤਕਸੀਮ ਕੀਤੀ।

# ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਕਨਵੈਨਸ਼ਨ 17 ਮਈ ਨੂੰ

**ਜਲੰਧਰ (ਰਾਜੇਸ਼ ਥਾਪਾ)**- ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਦੀ ਮੀਟਿੰਗ ਫਰੰਟ ਦੇ ਕਨਵੀਨਰ ਰਣਜੀਤ ਸਿੰਘ ਰਾਣਵਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੇ ਫੈਸਲੇ ਸੰਬੰਧੀ ਪ੍ਰੈੱਸ ਬਿਆਨ ਜਾਰੀ ਕਰਦਿਆਂ ਸਾਂਝਾ ਫਰੰਟ ਦੇ ਕਨਵੀਨਰਜ਼ ਸਤੀਸ਼ ਰਾਣਾ, ਭਜਨ ਸਿੰਘ ਗਿੱਲ, ਬਾਜ ਸਿੰਘ ਖਹਿਰਾ, ਗੁਰਪ੍ਰੀਤ ਸਿੰਘ ਗੰਡੀਵਿੰਡ, ਕੁਲਵਰਨ ਸਿੰਘ, ਜਗਦੀਸ਼ ਸਿੰਘ ਚਾਹਲ , ਰਾਧੇ ਸ਼ਾਮ, ਜਸਵੀਰ ਸਿੰਘ ਤਲਵਾੜਾ, ਬੋਬਿੰਦਰ ਸਿੰਘ, ਕਰਮਜੀਤ ਸਿੰਘ ਬੀਹਲਾ, ਗੁਲਜਾਰ ਖਾਂ ਨੇ ਦੱਸਿਆ ਕਿ ਮੀਟਿੰਗ ਦੌਰਾਨ ਸਰਕਾਰ ਦੇ ਮੁਲਾਜ਼ਮ ਅਤੇ ਪੈਨਸ਼ਨਰਜ਼ ਵਿਰੋਧੀ ਵਤੀਰੇ ਦੀ ਤਿੱਖੇ ਸ਼ਬਦਾਂ ਵਿੱਚ ਨਿਖੇਧੀ ਕੀਤੀ। ਆਗੂਆਂ ਨੇ ਸਰਕਾਰ ਵੱਲੋਂ 01.01.2004 ਤੋਂ ਪਹਿਲਾਂ ਵਾਲਾ ਤਨਖਾਹ ਢਾਂਚਾ ਖਤਮ ਕਰਕੇ ਰੱਖ ਦਿੱਤਾ ਗਿਆ ਹੈ। ਜਿਸ ਤਨਖਾਹ ਢਾਂਚੇ ਦੇ ਤਹਿਤ ਗਰੇਡ ਪੇਅ ਦੀ ਥਾਂ ਤਨਖਾਹ ਸਕੇਲ ਮਿਲਦੇ ਸਨ, ਪੁਰਾਣੀ ਪੈਨਸ਼ਨ ਸਕੀਮ ਮਿਲਦੀ ਸੀ, ਵੱਖ-ਵੱਖ ਤਰ੍ਹਾਂ ਦੇ ਭੱਤੇ ਮਿਲਦੇ ਸਨ, ਏ ਸੀ ਪੀ ਸਕੀਮ ਦਾ ਲਾਭ ਮਿਲਦਾ ਸੀ, ਪ੍ਰਵੇਸ਼ਨਲ ਪੀਰੀਅਡ ਦੌਰਾਨ ਪੂਰੀ ਤਨਖਾਹ ਭੱਤਿਆਂ ਸਮੇਤ ਮਿਲਦੀ ਸੀ, ਹਰ ਮੁਲਾਜ਼ਮ ਨੂੰ ਪੰਜਾਬ ਦੇ ਆਪਣੇ ਤਨਖਾਹ ਸਕੇਲ ਮਿਲਦੇ ਸਨ, ਜੋ



ਮਹਿਗਾਈ ਭੱਤਾ ਪਹਿਲਾਂ ਮਿਲਦਾ ਸੀ, ਹੁਣ ਉਸ ਮਹਿਗਾਈ ਭੱਤੇ ਨੂੰ ਵੀ ਕੇਂਦਰ ਨਾਲੋਂ ਡੀਲਿੰਕ ਕਰਕੇ ਰੱਖ ਦਿੱਤਾ ਗਿਆ ਹੈ। ਇਹਨਾਂ ਮੰਗਾਂ ਨੂੰ ਬਹਾਲ ਕਰਾ ਕੇ ਲਾਗੂ ਕਰਾਉਣ ਲਈ 17 ਮਈ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਸੂਬਾ ਪਧਰੀ ਵਿਸ਼ਾਲ ਕਨਵੈਨਸ਼ਨ ਕਰਕੇ ਤਿੱਖੇ ਸੰਘਰਸ਼ਾਂ ਦਾ ਐਲਾਨ ਕਰਨ ਦਾ ਫੈਸਲਾ ।ਉਕਤ ਆਗੂਆਂ ਆਖਿਆ ਕਿ 1 ਮਈ ਨੂੰ ਮਜ਼ਦੂਰ ਦਿਹਾੜੇ ਮੌਕੇ ਸਮੁੱਚੇ ਪੰਜਾਬ ਅੰਦਰ ਸਾਂਝੇ ਤੌਰ ਤੇ ਬਾਕੀ ਟ੍ਰੇਡ ਯੂਨੀਅਨ ਅਤੇ ਮਜ਼ਦੂਰ ਜਮਾਤ ਨਾਲ ਰਲ ਕੇ ਸਾਂਝੇ ਸੰਘਰਸ਼ ਇੱਕਠ ਕੀਤੇ ਜਾਣਗੇ। ਉਕਤ ਆਗੂਆਂ ਤੋਂ ਇਲਾਵਾ ਸੁਰਿੰਦਰ ਰਾਮ ਕੁੱਸਾ, ਕੁਲਵੰਤ ਸਿੰਘ, ਸੁਖਮਿੰਦਰ ਸਿੰਘ, ਕੁਲਦੀਪ ਸਿੰਘ ਦੌੜਕਾ, ਬਿਕਰ ਸਿੰਘ, ਗੁਰਮੇਲ ਸਿੰਘ ਮੈਲਡੇ, ਜਗਮੇਲ ਸਿੰਘ, ਮਨਜੀਤ ਸਿੰਘ ਗਿੱਲ, ਰਸ਼ਪਾਲ ਸਿੰਘ, ਹਰਜੀਤ ਸਿੰਘ, ਕੇਵਲ ਸਿੰਘ, ਬਨਵੈਤ ਸਿੰਘ,ਅਤਰ ਸਿੰਘ ਆਦਿ ਆਗੂ ਵੀ ਹਾਜ਼ਰ ਸਨ।

# ਸੰਗਤ ਹੀ ਗੁਰੂਆਂ ਦਾ ਰੂਪ ਹੁੰਦੀ : ਵੇਦਾਂਤ ਅਚਾਰੀਆ ਚੇਤਨਾ ਨੰਦ ਭੂਰੀਵਾਲੇ

**ਬਲਾਚੌਰ, (ਜਸਵਿੰਦਰ ਬੈਂਸ)**- ਸਤਿਗੁਰੂ ਬ੍ਰਹਮਸਾਗਰ ਭੂਰੀਵਾਲੇ ਗੁਰਗੱਦੀ ਪਰੰਪਰਾ ਗਰੀਬਦਾਸੀਯ ਸੰਪਰਦਾਇ ਦੇ ਤੀਸਰੇ ਮੁਖੀ ਬ੍ਰਹਮਲੀਨ ਸਤਿਗੁਰੂ ਬ੍ਰਹਮਾਨੰਦ ਮਹਾਰਾਜ ਗਊਆਂ ਵਾਲਿਆਂ (ਭੂਰੀਵਾਲਿਆਂ) ਦੇ ਨਿਰਮਾਣ ਦਿਵਸ (ਬਰਸੀ) ਸਮਾਗਮ ਜੋ 29, 30 ਅਪ੍ਰੈਲ ਅਤੇ ਪਹਿਲੀ ਮਈ ਨੂੰ ਕਰਵਾਇਆ ਜਾ ਰਿਹਾ ਹੈ, ਉਸ ਬਾਰੇ ਸੇਵਾਦਾਰਾਂ ਦੀ ਪਲੇਠੀ ਮੀਟਿੰਗ ਸਤਿਗੁਰੂ ਵੇਦਾਂਤ ਅਚਾਰੀਆ ਸਵਾਮੀ ਚੇਤਨਾ ਨੰਦ ਜੀ ਮਹਾਰਾਜ ਕਾਸ਼ੀਵਾਲਿਆਂ (ਭੂਰੀਵਾਲਿਆਂ) ਦੀ ਸਰਪ੍ਰਸਤੀ ਹੇਠ ਹੋਈ। ਇਸ ਮੌਕੇ ਸੇਵਾਦਾਰਾਂ ਨੂੰ ਉਪਦੇਸ਼ ਦਿੰਦਿਆਂ ਵੇਦਾਂਤ ਅਚਾਰੀਆ ਨੇ ਫਰਮਾਇਆ ਕਿ ਗੁਰੂਦੇਵ ਗਊਆਂ ਵਾਲਿਆਂ ਨੇ ਜਨ-ਕਲਿਆਣ ਮਨੁੱਖਤਾ ਦੀ ਭਲਾਈ ਲਈ ਜੋ ਵਿਸ਼ਾਲ ਕਾਰਜ ਕੀਤੇ, ਉਨ੍ਹਾਂ ਦਾ ਦੇਣ ਤਾਂ ਦਿੱਤਾ ਨਹੀਂ ਜਾ ਸਕਦਾ ਪਰ ਉਨ੍ਹਾਂ ਦੇ ਦਰਸਾਏ ਮਾਰਗ ਸਿਮਰਨ ਸੇਵਾ ਉਤੇ ਚਲਦੇ ਹੋਏ ਗੁਰੂਆਂ ਦੀਆਂ ਖੁਸ਼ੀਆਂ ਪ੍ਰਾਪਤ ਕਰ ਸਕਦੇ ਹਾਂ। ਅਚਾਰੀਆ ਨੇ ਸਮਾਗਮ ਦੀ ਰੂਪ-ਰੇਖਾ ਦੱਸਦੇ ਹੋਏ ਚਾਨਣਾ ਪਾਇਆ ਕਿ 29 ਅਪ੍ਰੈਲ ਨੂੰ ਸਤਿਗੁਰੂ ਬਾਬਾ ਜਗਤਗੁਰੂ ਅਚਾਰੀਆ ਗਰੀਬਦਾਸ ਮਹਾਰਾਜ ਦੀ ਅੰਮ੍ਰਿਤਮਈ ਬਾਣੀ ਦੇ ਅਖੰਡ ਪਾਠ ਦੇ ਪ੍ਰਕਾਸ਼ ਕੀਤੇ ਜਾਣਗੇ। 30 ਅਪ੍ਰੈਲ ਨੂੰ ਬਾਣੀ ਦੇ ਮੱਧ ਦੇ ਭੋਗ ਲੱਗਣਗੇ। ਇਸ ਦਿਨ ਵੱਖ-ਵੱਖ ਮੈਗਾ ਮੈਡੀਕਲ ਕੈਂਪ ਲਗਾਏ ਜਾਣਗੇ, ਜਿਸ ਵਿਚ ਐਲੋਪੈਥੀ



ਆਯੁਰਵੈਦਿਕ, ਹੋਮਿਓਪੈਥੀ ਤੋਂ ਇਲਾਵਾ ਗਊਆਂ ਵਾਲਿਆਂ ਦੀ ਯਾਦ ਵਿਚ ਖੂਨਦਾਨ ਕੈਂਪ ਵੀ ਪਿਛਲੇ ਸਾਲਾਂ ਦੀ ਤਰ੍ਹਾਂ ਲਗਾਇਆ ਜਾਵੇਗਾ।

ਇਸ ਮੌਕੇ ਰਾਤਰੀ ਸੰਧਿਆ ਆਰਤੀ ਉਪਰੰਤ ਸੰਤ-ਮਹਾਪੁਰਸ਼ ਪ੍ਰਵਚਨ ਕਰਨਗੇ ਅਤੇ ਪਹਿਲੀ ਮਈ ਅੰਤਰਰਾਸ਼ਟਰੀ ਮਜ਼ਦੂਰ ਦਿਵਸ ਵਾਲੇ ਦਿਨ ਗਰੀਬਾਂ ਦੇ ਮਸੀਹਾ ਸਮਾਜ ਦੀ ਸੇਵਾ ਦੀ ਮਜ਼ਦੂਰੀ ਲਈ ਆਪਣਾ ਪੂਰਾ ਜੀਵਨ ਲਗਾਉਣ ਵਾਲੇ ਸਤਿਗੁਰੂ ਗਊਆਂ ਵਾਲਿਆਂ ਨੂੰ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਸੱਜਦਾ ਕਰਨਗੀਆਂ। ਇਸ ਦਿਨ 1 ਮਈ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ। ਉਕਤ ਸਮਾਗਮ ਭਾਵੇਂ ਰਸਮੀ ਤੌਰ ਉਤੇ 29 ਅਪ੍ਰੈਲ ਨੂੰ ਸ਼ੁਰੂ ਹੋਵੇਗਾ ਪਰ ਸੰਗਤਾਂ 20 ਅਪ੍ਰੈਲ ਤੋਂ ਹੀ ਆਉਣੀਆ ਸ਼ੁਰੂ ਹੋ ਜਾਂਦੀਆਂ ਹਨ, ਜਿਨ੍ਹਾਂ ਦੀ ਸਹੂਲਤ ਲਈ ਸੇਵਾਦਾਰਾਂ ਦੇ ਕੁਝ ਵਿੰਗ ਹੁਣ ਤੋਂ ਹੀ ਸੇਵਾਵਾਂ ਸੰਭਾਲਣਗੇ।

## ਨਵੇਂ ਵਿਦਿਅਕ ਸੈਸ਼ਨ ਦੀ ਸ਼ੁਰੂਆਤ ਮੌਕੇ ਧਾਰਮਿਕ ਸਮਾਗਮ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਸਨਰਾਈਜ਼ ਕਾਨਵੈਂਟ ਇੰਟਰਨੈਸ਼ਨਲ ਸਕੂਲ ਮੰਨਣਹਾਨਾ ਵਿਖੇ ਨਵੇਂ ਅਕਾਦਮਿਕ ਸੈਸ਼ਨ 2026-27 ਦੀ ਸ਼ੁਰੂਆਤ ਮੌਕੇ ਚੇਅਰਮੈਨ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਦੇ ਦਿਸ਼ਾ ਨਿਰਦੇਸ਼ ਤਹਿਤ ਪ੍ਰਿੰਸੀਪਲ ਕੁਲਜੀਤ ਕੌਰ ਸੰਧੂ ਦੀ ਅਗਵਾਈ ਵਿਚ ਧਾਰਮਿਕ ਸਮਾਗਮ ਸ਼ਰਧਾਪੂਰਵਕ ਕਰਵਾਇਆ ਗਿਆ।ਨਵੇ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਬ੍ਰਹਮ ਆਸ਼ੀਰਵਾਦ ਨਾਲ ਹੋਈ।ਸ੍ਰੀ ਸੁਖਮਨੀ ਸਾਹਿਬ ਜੀ ਦੇ ਰੂਹਾਨੀ ਪਾਠ ਦਾ ਭੋਗ ਪਾਇਆ ਗਿਆ ਉਪਰੰਤ ਭਾਈ ਇਕਬਾਲ ਸਿੰਘ ਦੇ ਜਥੇ ਵੱਲੋਂ ਰਸ ਭਿਨਾ ਕੀਰਤਨ ਕੀਤਾ ਗਿਆ ਜਿਸ ਨਾਲ ਸਕੂਲ ਦਾ ਵਾਤਾਵਰਣ ਸ਼ਾਂਤੀ, ਸਕਾਰਾਤਮਕਤਾ ਅਤੇ ਅਧਿਆਤਮਿਕ ਊਰਜਾ ਨਾਲ ਭਰ ਗਿਆ। ਸਕੂਲ ਚੇਅਰਮੈਨ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਤੇ ਪ੍ਰਿੰਸੀਪਲ ਸ਼੍ਰੀਮਤੀ ਕੁਲਜੀਤ ਕੌਰ ਸੰਧੂ ਨੇ ਬੱਚਿਆਂ ਦੇ ਵਧੀਆ ਭਵਿੱਖ ਲਈ ਸ਼ੁਭਕਾਮਨਾਵਾਂ ਕਰਦਿਆਂ ਅਰਦਾਸ ਕੀਤੀ ਤੇ ਬੱਚਿਆਂ ਨੂੰ ਅਨੁਸ਼ਾਸਨ ਵਿੱਚ ਰਹਿ ਕੇ ਪੜ੍ਹਾਈ ਲਈ ਪ੍ਰੇਰਿਤ ਕੀਤਾ। ਸਕੂਲ ਡਾਇਰੈਕਟਰ ਅਨਿਲ ਅਗਰਵਾਲ ਸਮੂਹ ਸਕੂਲ ਸਟਾਫ ਮੈਂਬਰਜ ਅਤੇ ਵਿਦਿਆਰਥੀ ਹਾਜਰ ਸਨ।



## ਸੁਖਬੀਰ ਬਾਦਲ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਪੂਰੀ ਤਰ੍ਹਾਂ ਮਜ਼ਬੂਤ : ਲੱਖੀ, ਮਿਆਣੀ

**ਟਾਂਡਾ ਉੜਮੁੜ (ਜਸਵਿੰਦਰ ਸੰਧੂ)**- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਜਿਹਨਾਂ ਦੀ ਅਗਵਾਈ ਹੇਠ ਅਕਾਲੀ ਦਲ ਪੂਰੀ ਤਰ੍ਹਾਂ ਮਜਬੂਤ ਹੈ ਤੇ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਦਿਨੋ ਦਿਨ ਮਜਬੂਤ ਹੋ ਰਿਹਾ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਦੇ ਜ਼ਿਲ੍ਹਾ ਪ੍ਰਧਾਨ ਸ ਲਖਵਿੰਦਰ ਸਿੰਘ ਲੱਖੀ ਤੇ ਸਾਬਕਾ ਮੰਤਰੀ ਚੌਧਰੀ ਬਲਵੀਰ ਸਿੰਘ ਮਿਆਣੀ ਨੇ ਗੱਲਬਾਤ ਕਰਨ ਸਮੇਂ ਕੀਤਾ। ਉਨਾਂ ਦੇ ਨਾਲ ਸ਼੍ਰੋਮਣੀ ਅਕਾਲੀ ਦਲ ਐੱਸ ਸੀ ਵਿੰਗ ਹੁਸ਼ਿਆਰਪੁਰ ਦੇ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਮੋਮੀ, ਕੁਲਵਿੰਦਰ ਸਿੰਘ ਕਿੰਦਾ, ਮਨਜੋਤ ਸਿੰਘ ਰਿਆੜ ਵੀ ਹਾਜ਼ਰ ਸੀ। ਉਹਨਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੀ ਸੁਚੱਜੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਮਜਬੂਤ ਹੋ ਰਿਹਾ ਹੈ ਤੇ ਸੁਖਬੀਰ ਸਿੰਘ ਬਾਦਲ ਹੀ ਇੱਕੋ ਇੱਕ ਅਜਿਹੇ ਆਗੂ ਹਨ ਜਿਹੜੇ ਸ਼੍ਰੋਮਣੀ ਅਕਾਲੀ ਦਲ ਨੂੰ ਬੁਲੰਦੀਆਂ ਤੇ ਪਹੁੰਚਾ ਸਕਦੇ ਹਨ।



## ਰਵਿੰਦਰ ਵੈਸ਼ਨਵ ਮਹਾਂਮੰਤਰੀ ਨਿਯੁਕਤ



**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਬ੍ਰਾਹਮਣ ਸਮਾਜ ਦੀਆਂ ਹੱਕੀ ਮੰਗਾਂ ਅਤੇ ਸਮਾਜਿਕ ਇਕਜੁੱਟਤਾ ਨੂੰ ਲੈ ਕੇ ਡੇਰਾਬੱਸੀ ਵਿਖੇ ਇੱਕ ਅਹਿਮ ਮੀਟਿੰਗ ਹੋਈ, ਜਿਸ ਵਿੱਚ ਜਿੱਥੇ ਸਮਾਜਿਕ ਮੁੱਦਿਆਂ 'ਤੇ ਚਰਚਾ ਕੀਤੀ ਗਈ, ਉੱਥੇ ਹੀ ਸੰਗਠਨ ਦਾ ਵਿਸਥਾਰ ਕਰਦਿਆਂ ਨਵੀਆਂ ਨਿਯੁਕਤੀਆਂ ਵੀ ਕੀਤੀਆਂ ਗਈਆਂ। ਅਖਿਲ ਭਾਰਤੀ ਬ੍ਰਾਹਮਣ ਸਮਾਜ ਮਹਾਪੰਚਾਇਤ ਦੇ ਰਾਸ਼ਟਰੀ ਸੰਯੋਜਕ ਅਮਿਤ ਭਾਰਗਵ ਦੀ ਅਗਵਾਈ ਹੇਠ ਹੋਈ ਇਸ ਮੀਟਿੰਗ ਵਿੱਚ ਡੇਰਾਬੱਸੀ ਦੇ ਸਾਬਕਾ ਕੌਂਸਲਰ ਰਵਿੰਦਰ ਵੈਸ਼ਨਵ ਨੂੰ ਵੱਡੀ ਜ਼ਿੰਮੇਵਾਰੀ ਸੌਂਪਦਿਆਂ ਸੰਗਠਨ ਦਾ ਰਾਸ਼ਟਰੀ ਸੰਗਠਨ ਮਹਾਂਮੰਤਰੀ ਨਿਯੁਕਤ ਕੀਤਾ ਗਿਆ ਹੈ। ?ਇਹ ਮੀਟਿੰਗ ਡੇਰਾਬੱਸੀ ਦੀ ਗਲੀ ਨੰਬਰ 5, ਸਰਸਵਤੀ ਵਿਹਾਰ ਸਥਿਤ ਭਗਵਾਨ ਪਰਸ਼ੂਰਾਮ ਭਵਨ ਵਿਖੇ ਬੁਲਾਈ ਗਈ ਸੀ। ਇਸ ਮੌਕੇ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਤੋਂ ਕੋਰ ਕਮੇਟੀ ਦੇ ਮੈਂਬਰਾਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦਾ ਮੁੱਖ ਏਜੰਡਾ ਬ੍ਰਾਹਮਣ ਸਮਾਜ ਦੀਆਂ ਚਿਰਾਂ ਤੋਂ ਲਟਕਦੀਆਂ ਪੰਜ ਪ੍ਰਮੁੱਖ ਮੰਗਾਂ ਬਾਰੇ ਰਣਨੀਤੀ ਤਿਆਰ ਕਰਨਾ ਅਤੇ ਭਗਵਾਨ ਪਰਸ਼ੂਰਾਮ ਦੇ ਜਨਮ ਉਤਸਵ ਨੂੰ ਸੂਬਾ ਪੱਧਰ 'ਤੇ ਵਿਸ਼ਾਲ ਰੂਪ ਵਿੱਚ ਮਨਾਉਣ ਬਾਰੇ ਵਿਚਾਰ-ਵਟਾਂਦਰਾ ਕਰਨਾ ਸੀ।

## ਡੈਮੋਕ੍ਰੈਟਿਕ ਟੀਚਰਜ਼ ਫਰੰਟ ਤੇ ਡੈਮੋਕ੍ਰੈਟਿਕ ਸਕੂਲ ਟੀਚਰਜ਼ ਐਸੋਸੀਏਸ਼ਨ ਵੱਲੋਂ ਰੋਸ ਪ੍ਰਦਰਸ਼ਨ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਪਹਿਲੀ ਸਤੰਬਰ 2025 ਦੇ ਸੁਪਰੀਮ ਕੋਰਟ ਦੇ ਟੀ ਈ ਟੀ ਨੂੰ ਪਿਛਲੇ ਸਮੇਂ ਤੋਂ ਲਾਗੂ ਕਰਨ ਦੇ ਫੈਸਲੇ ਦੇ ਵਿਰੋਧ ਵਿੱਚ ਟੀਚਰਜ਼ ਫੈਡਰੇਸ਼ਨ ਆਫ ਇੰਡੀਆ ਵੱਲੋਂ ਦਿੱਤੇ ਸੱਦੇ ਅਨੁਸਾਰ ਰਾਮ ਲੀਲਾ ਮੈਦਾਨ ਦਿੱਲੀ ਵਿਖੇ ਵੱਡੀ ਗਿਣਤੀ ਵਿੱਚ ਅਧਿਆਪਕਾਂ ਨੇ ਰੋਸ ਪ੍ਰਦਰਸ਼ਨ ਕੀਤਾ।ਇਸ ਮੌਕੇ ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ ਨੇ ਸੰਬੋਧਨ ਕਰਦੇ ਹੋਏ ਟੀ ਈ ਟੀ ਦੀ ਬੇਲੋੜੀ ਸ਼ਰਤ ਹਟਾਉਣ ਲਈ ਦੇਸ਼ ਦੀ ਸੰਸਦ ਵਿੱਚ ਸਿੱਖਿਆ ਦੇ ਅਧਿਕਾਰ ਕਾਨੂੰਨ-2009 ਵਿੱਚ ਲੋੜੀਂਦੀ ਸੋਧ ਦਾ ਕਾਨੂੰਨ ਪਾਸ ਕਰਨ ਦੀ ਮੰਗ ਕੀਤੀ। ਡੀ ਟੀ ਐੱਫ ਪੰਜਾਬ ਨਾਲ ਸੰਘਰਸ਼ ਵਿੱਚ ਸ਼ਾਮਲ ਡੈਮੋਕ੍ਰੈਟਿਕ ਸਕੂਲ ਟੀਚਰ ਐਸੋਸੀਏਸ਼ਨ ਹਰਿਆਣਾ ਦੇ ਚੇਅਰਮੈਨ ਧਰਮਿੰਦਰ ਢਾਂਡਾ ਨੇ ਆਪਣੇ ਸੰਬੋਧਨ ਦੌਰਾਨ ਨਿੱਜੀਕਰਨ ਪੱਖੀ ਕੌਮੀ ਸਿੱਖਿਆ ਨੀਤੀ ਨੂੰ ਰੱਦ ਕਰਨ ਦੀ ਮੰਗ ਉਭਾਰੀ। ਹੋਰਨਾਂ ਤੋਂ ਇਲਾਵਾ ਮੁਕੇਸ਼ ਕੁਮਾਰ ਸੰਯੁਕਤ ਸਕੱਤਰ,ਸੁਖਦੇਵ ਡਾਨਸੀਵਾਲ ਸੂਬਾ ਪ੍ਰਚਾਰ ਸਕੱਤਰ, ਡਾ. ਰਾਮਸ਼ਰਨ, ਸੁਖਵਿੰਦਰ ਗਿਰ, ਮੇਘ ਰਾਜ, ਅਮਨ ਵਸਿਸ਼ਟ,ਜਰਨੈਲ ਸਿੰਘ, ਰਮੇਸ਼ ਮਲਕੋਵਾਲ, ਰਾਜ ਸੈਣੀ, ਮਨਜੀਤ ਲਹਿਰਾ, ਪਵਨ ਕੁਮਾਰ ਨਾਭਾ, ਰਵਿੰਦਰ ਰਾਜਨ, ਹਰਬੰਸ ਸਿੰਘ, ਭੀਮ ਸਿੰਘ, ਰੇਖਾ, ਵਰਿੰਦਰ, ਸੁਭਾਸ਼ ਸ਼ਰਮਾ ਵਿਸ਼ਣੂ ਅਤੇ ਵੇਦਪਾਲ ਨੇ ਵੀ ਸ਼ਮੂਲੀਅਤ ਕੀਤੀ।ਆਗੂਆਂ ਨੇ ਦੱਸਿਆ ਕਿ ਸਰਕਾਰ ਵੱਲੋਂ ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ ਵੱਲੋਂ ਸੰਗਰੂਰ ਵਿਖੇ 11 ਅਪ੍ਰੈਲ ਨੂੰ ਸੁਪਰੀਮ ਕੋਰਟ ਦੇ ਟੀ ਈ ਟੀ ਸਬੰਧੀ ਫੈਸਲੇ ਖਿਲਾਫ ਰੀਵਿਊ ਪਟੀਸ਼ਨ ਦਾਇਰ ਨਾ ਕਰਨ, ਇਸ ਖਿਲਾਫ ਵਿਧਾਨ ਸਭਾ ਵਿੱਚ ਮਤਾ ਨਾ ਪਾਸ ਕਰਨ, ਪੰਜਾਬ ਦੀ ਸਥਾਨਕ ਹਾਲਤਾਂ ਅਨੁਸਾਰ ਸਿੱਖਿਆ ਨੀਤੀ ਨਾ ਬਣਾਉਣ ਤੇ ਪੁਰਾਣੀ ਪੈਨਸ਼ਨ ਦਾ ਨੋਟੀਫਿਕੇਸ਼ਨ ਜਾਰੀ ਕਰਨ ਦੇ ਬਾਵਜੂਦ ਲਾਗੂ ਨਾ ਕਰਨ ਦੇ ਵਿਰੋਧ ਵਿੱਚ ਮੁੱਖ ਮੰਤਰੀ ਦੀ ਰਿਹਾਇਸ਼ ਵੱਲ 'ਵਾਅਦਾ ਖਿਲਾਫੀ ਮਾਰਚ' ਕੀਤਾ ਜਾਏਗਾ।




## ਧਾਰਮਿਕ ਸਮਾਗਮਾਂ ਤੇ ਸ਼ੋਭਾ ਯਾਤਰਾ 'ਚ ਮਰਿਆਦਾ ਬਣਾਈ ਰੱਖਣੀ ਚਾਹੀਦੀ : ਸ਼ਰਮਾ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਕਿਸੇ ਵੀ ਧਾਰਮਿਕ ਸਮਾਗਮ ਜਾਂ ਸ਼ੋਭਾ ਯਾਤਰਾ ਨੂੰ ਸਖ਼ਤ ਮਰਿਆਦਾ ਅੰਦਰ ਆਯੋਜਿਤ ਕੀਤਾ ਜਾਣਾ ਚਾਹੀਦਾ ਹੈ। ਇਹ ਵਿਚਾਰ ਸ਼ਿਵ ਸੈਨਾ ਯੂ ਬੀ ਟੀ ਦੇ ਫਗਵਾੜਾ ਸ਼ਹਿਰ ਦੇ ਪ੍ਰਧਾਨ ਰਮਨ ਸ਼ਰਮਾ ਨੇ ਇੱਕ ਪ੍ਰੈਸ ਰਿਲੀਜ਼ ਵਿੱਚ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਅਕਸਰ ਦੇਖਿਆ ਜਾਂਦਾ ਹੈ ਕਿ ਲੋਕ ਧਾਰਮਿਕ ਸਮਾਗਮਾਂ ਵਿੱਚ ਮਰਿਆਦਾ ਦਾ ਧਿਆਨ ਨਹੀਂ ਰੱਖਦੇ। ਲੋਕ ਧਾਰਮਿਕ ਸਮਾਗਮਾਂ ਵਿੱਚ ਜੁੱਤੀਆਂ ਅਤੇ ਚੱਪਲਾਂ ਪਾ ਕੇ ਸ਼ਾਮਲ ਹੁੰਦੇ ਹਨ ਤੇ ਸ਼ੋਭਾ ਯਾਤਰਾ ਦੌਰਾਨ ਵੀ, ਲੋਕ ਅਕਸਰ ਇਸ ਤੱਥ ਨੂੰ ਨਜ਼ਰਅੰਦਾਜ਼ ਕਰਦੇ ਹਨ ਕਿ ਦੇਵੀ ਦੇਵਤਿਆਂ ਦੀ ਪਾਲਕੀ ਚੁੱਕਣ ਵਾਲੇ ਜੁੱਤੀਆਂ ਅਤੇ ਚੱਪਲਾਂ ਪਾ ਕੇ ਚੱਲਦੇ ਹਨ, ਜੋ ਕਿ ਪੂਰੀ ਤਰ੍ਹਾਂ ਗ਼ਲਤ ਹੈ। ਉਨ੍ਹਾਂ ਕਿਹਾ ਕਿ ਜੇਕਰ ਲੋਕ ਨੰਗੇ ਪੈਰ ਨਹੀਂ ਤੁਰ ਸਕਦੇ, ਤਾਂ ਪਾਲਕੀ ਨੂੰ ਰੱਥ ਜਾਂ ਵਾਹਨ ਵਿੱਚ ਲਿਜਾਇਆ ਜਾ ਸਕਦਾ ਹੈ। ਰਮਨ ਸ਼ਰਮਾ ਨੇ ਕਿਹਾ ਕਿ ਧਾਰਮਿਕ ਸਮਾਗਮ ਤੇ ਸ਼ੋਭਾ ਯਾਤਰਾ ਸਿਰਫ਼ ਉਤਸ਼ਾਹ ਦਿਖਾਉਣ ਦਾ ਸਾਧਨ ਨਹੀਂ ਹਨ, ਸਗੋਂ ਸਾਡੀ ਆਸਥਾ, ਸੱਭਿਆਚਾਰ ਅਤੇ ਕਦਰਾਂ-ਕੀਮਤਾਂ ਦਾ ਪ੍ਰਤੀਬਿੰਬ ਵੀ ਹਨ। ਇਨ੍ਹਾਂ ਸਮਾਗਮਾਂ ਦੌਰਾਨ ਮਰਿਆਦਾ ਬਣਾਈ ਰੱਖਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਜਗਰਾਤਿਆਂ, ਸ਼ੋਭਾ ਯਾਤਰਾ ਜਾਂ ਭਜਨ ਸੰਧਿਆ ਦੌਰਾਨ ਭਗਵਾਨ ਦੇ ਸਵਰੂਪ ਬਣਾ ਕੇ ਨੱਚਣਾ ਪਰਮਾਤਮਾ ਦੇ ਰੂਪ ਦਾ ਅਪਮਾਨ ਮੰਨਿਆ ਜਾਂਦਾ ਹੈ। ਸ਼ਰਧਾ ਨਾਲ ਨੱਚਣਾ ਭਾਵ ਮੰਨਿਆ ਜਾਂਦਾ ਹੈ, ਪਰ ਪਹਿਰਾਵੇ ਪਾ ਕੇ ਸਟੇਜ 'ਤੇ ਪ੍ਰਦਰਸ਼ਨ ਕਰਨਾ ਪ੍ਰਦਰਸ਼ਨ ਹੈ ਤੇ ਇਸ 'ਤੇ ਪਾਬੰਦੀ ਲਗਾਈ ਜਾਣੀ ਚਾਹੀਦੀ ਹੈ।



## ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਵੱਲੋਂ ਸ਼ਿਵ ਵੰਦਨਾ ਕਰਵਾਈ



**ਫਿਲੌਰ (ਨਿਰਮਲ)**- ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਵੱਲੋਂ ਸ਼ਿਵ ਮੰਦਰ, ਚੌਧਰੀਆਂ ਮੁਹੱਲਾ, ਫਿਲੌਰ ਵਿੱਚ ਸ਼ਿਵ ਵੰਦਨਾ ਭਜਨ ਪ੍ਰਭਾਤ ਦਾ ਆਯੋਜਨ ਕੀਤਾ ਗਿਆ। ਇਸ ਵਿੱਚ ਆਸ਼ੂਤੋਸ਼ ਮਹਾਰਾਜ ਜੀ ਦੀ ਸ਼ਿਸ਼ਿਆ ਸਾਧਵੀ ਗਰਿਮਾ ਭਾਰਤੀ ਨੇ ਕਿਹਾ ਕਿ ਸਾਡੇ ਸਮੂਹ ਧਰਮ ਗ੍ਰੰਥਾਂ ਵਿੱਚ ਦਰਸਾਇਆ ਗਿਆ ਹੈ ਕਿ ਪਰਮਾਤਮਾ ਦਾ ਨਿਵਾਸ ਸਥਾਨ ਹਰ ਇਕ ਮਨੁੱਖ ਦਾ ਅੰਤਰ ਘਟ ਹੈ। ਅੱਜ ਜੇ ਅਸੀਂ ਸਮਾਜਕ ਮਾਹੌਲ ਨੂੰ ਵੇਖੀਏ ਤਾਂ ਲੋੜ ਹੈ ਕਿ ਮਨੁੱਖ ਆਪਣੇ ਅੰਦਰਲੇ ਤੀਰਥ ਵਿੱਚ ਇਸ਼ਨਾਨ ਕਰਕੇ ਪਵਿੱਤਰ ਹੋਵੇ, ਕਿਉਂਕਿ ਮਨੁੱਖ ਅੰਦਰੋਂ ਵੱਧ ਮੈਲਾ ਹੈ। ਬ੍ਰਹਮ ਗਿਆਨ ਦਾ ਪ੍ਰਸਾਰ ਕਰਕੇ ਮਨੁੱਖਤਾ ਨੂੰ ਏਕਤਾ ਵਿੱਚ ਜੋੜਨਾ ਅਤੇ ਸਥਾਈ ਸ਼ਾਂਤੀ ਪ੍ਰਦਾਨ ਕਰਨਾ ਹੀ ਦਿਵਯ ਜਯੋਤੀ ਜਾਗਰਤੀ ਸੰਸਥਾਨ ਦਾ ਮੁੱਖ ਉਦੇਸ਼ ਹੈ। ਸਾਧਵੀ ਅਖੰਡ ਜੋਤੀ ਭਾਰਤੀ, ਚੰਦਰਪ੍ਰਭਾ ਭਾਰਤੀ, ਨਿਰਮਲ ਜੋਤੀ ਭਾਰਤੀ ਅਤੇ ਕ੍ਰਿਤਿਕਾ ਭਾਰਤੀ ਨੇ ਭਜਨ ਦਾ ਗਾਇਨ ਕਰਕੇ ਸਭ ਨੂੰ ਭਾਵ-ਵਿਭੋਰ ਕਰ ਦਿੱਤਾ।

# ਇਨੋਸੈਂਟ ਹਾਰਟਸ ਨੇ ਬਿਜ਼ਨੋਵਾ ਤੇ ਮਿੰਨੀ ਹੈਕਾਥਾਨ 2026 ਕਰਵਾਈ

**ਜਲੰਧਰ (ਸ਼ੈਲੀ ਐਲਬਰਟ)**- ਇਨੋਸੈਂਟ ਹਾਰਟਸ ਗਰੁੱਪ ਆਫ ਇੰਸਟੀਚਿਊਸ਼ਨਜ਼ ਨੇ ਵਿਦਿਆਰਥੀਆਂ ਵਿੱਚ ਨਵੀਂ ਸੋਚ, ਰਚਨਾਤਮਕਤਾ ਅਤੇ ਅਨੁਭਵਾਤਮਕ ਸਿੱਖਿਆ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਬਿਜ਼ਨੋਵਾ -ਬਿਜ਼ਨਸ ਆਈਡੀਆ ਪਿਚਿੰਗ ਅਤੇ ਮਿਨੀ ਹੈਕਾਥਾਨ 2026 ਦਾ ਆਯੋਜਨ ਕੀਤਾ, ਜਿਸ ਨਾਲ ਉਨ੍ਹਾਂ ਨੂੰ ਆਪਣੇ ਉਦਯਮੀ ਅਤੇ ਤਕਨੀਕੀ ਹੁਨਰਾਂ ਨੂੰ ਪ੍ਰਦਰਸ਼ਿਤ ਕਰਨ ਦਾ ਮੌਕਾ ਮਿਲਿਆ। ਮੈਨੇਜਮੈਂਟ ਵਿਭਾਗ ਵੱਲੋਂ ਐੱਮ ਬੀ ਏ, ਬੀ ਬੀ ਏ ਤੇ ਬੀ ਕਾਮ ਦੇ ਵਿਦਿਆਰਥੀਆਂ ਲਈ ਬਿਜ਼ਨੋਵਾ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦਾ ਮਕਸਦ ਵਿਦਿਆਰਥੀਆਂ ਦੀ ਕਾਰੋਬਾਰੀ ਸੋਚ ਨੂੰ ਵਿਕਸਤ ਕਰਨਾ ਸੀ। ਇਹ ਆਯੋਜਨ ਵਿਕਸਿਤ ਭਾਰਤ 2047 ਦੇ ਵਿਜ਼ਨ ਦੇ ਅਨੁਸਾਰ ਕੀਤਾ ਗਿਆ, ਜੋ ਨਵੀਂ ਸੋਚ, ਲੀਡਰਸ਼ਿਪ ਅਤੇ ਮੈਨੇਜਰੀਅਲ ਉਤਕ੍ਰਿਸ਼ਟਤਾ ਨੂੰ ਵਧਾਵਾ ਦਿੰਦਾ ਹੈ।ਭਾਗੀਦਾਰਾਂ ਨੇ ਆਪਣੇ ਵਿਚਾਰ ਰਚਨਾਤਮਕ ਸਟਾਲਾਂ ਤੇ ਪਾਵਰਪੋਇੰਟ



ਪ੍ਰਜ਼ੈਂਟੇਸ਼ਨਾਂ ਰਾਹੀਂ ਪੇਸ਼ ਕੀਤੇ। ਜੇਤੂ ਟੀਮ– ਸਿਮਰਪ੍ਰੀਤ ਕੌਰ, ਸਿਦਕਪ੍ਰੀਤ ਕੌਰ, ਸਹਜਪ੍ਰੀਤ ਕੌਰ, ਏਕਤਾ ਤੇ ਕਮਲਪ੍ਰੀਤ ਕੌਰ ( ਬੀ ਕਾਮ ਚੌਥਾ ਸਮੈਸਟਰ) ਨੂੰ ਉਨ੍ਹਾਂ ਦੇ ਆਈਡੀਆ ਬਿਜ਼ਨੋਵਾ: ਸਮਾਰਟ ਵੇ ਸੈਗਰੇਗੇਸ਼ਨ ਸਿਸਟਮ ਲਈ ਸਨਮਾਨਤ ਕੀਤਾ ਗਿਆ, ਜੋ ਸਮਾਰਟ ਕਚਰਾ ਪ੍ਰਬੰਧਨ 'ਤੇ ਆਧਾਰਿਤ ਹੈ।ਸਕੂਲ ਆਫ ਇਨਫੋਰਮੇਸ਼ਨ ਟੈਕਨੋਲੋਜੀ ਨੇ ਆਈਟੀ ਕਲੱਬ ਦੇ ਸਹਿਯੋਗ ਨਾਲ ਆਈਟੀ ਲੈਬ ਵਿੱਚ ਮਿਨੀ ਹੈਕਾਥਾਨ 2026 ਦਾ ਆਯੋਜਨ ਕੀਤਾ। ਇਸ ਵਿੱਚ ਟਾਈਪਿੰਗ, ਕੈਨਵਾ ਡਿਜ਼ਾਇਨਿੰਗ ਅਤੇ ਵੈੱਬ ਡਿਜ਼ਾਇਨਿੰਗ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਟਾਈਪਿੰਗ ਮੁਕਾਬਲੇ ਵਿੱਚ ਲਵਪ੍ਰੀਤ ਸਿੰਘ ਪਹਿਲੇ, ਦੀਆ ਦੂਜੇ ਅਤੇ ਸੁਮਨਦੀਪ ਕੌਰ ਤੀਜੇ ਸਥਾਨ 'ਤੇ ਰਹੇ। ਕੈਨਵਾ ਡਿਜ਼ਾਇਨਿੰਗ ਵਿੱਚ ਨਵਜੋਤ ਪਹਿਲੇ, ਮੁਹੰਮਦ ਉਸ਼ੈਦ ਅਤੇ ਸਾਨੀਆ ਸਾਂਝੇ ਤੌਰ 'ਤੇ ਦੂਜੇ ਅਤੇ ਕੋਮਲਪ੍ਰੀਤ ਕੌਰ ਤੀਜੇ ਸਥਾਨ 'ਤੇ ਰਹੀ। ਵੈੱਬ ਡਿਜ਼ਾਇਨਿੰਗ ਵਿੱਚ ਨਵਨੀਤ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ।

# ਸਿਲਵਰ ਓਕ ਸਕੂਲ 'ਚ ਹਾਕੀ ਟੂਰਨਾਮੈਂਟ ਦਾ ਉਦਘਾਟਨ

**ਟਾਂਡਾ ਉੜਮੁੜ (ਜਸਵਿੰਦਰ ਸੰਧੂ)**- ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਾਹਬਾਜ਼ਪੁਰ ਵਿਖੇ ਚੱਲ ਰਹੇ ਆਲ ਇੰਡੀਆ ਗਰਾਸ ਰੂਟ ਹਾਕੀ



ਟੂਰਨਾਮੈਂਟ 2026 ਦੇ ਦੂਸਰੇ ਦਿਨ ਦਾ ਉਦਘਾਟਨ ਚੇਅਰਮੈਨ ਤਰਲੋਚਨ ਸਿੰਘ, ਵਾਈਸ ਚੇਅਰਪਰਸਨ ਕਮਲੇਸ਼ ਕੌਰ ਤੇ ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਕੀਤਾ। ਦਿਨ ਦਾ ਸਭ ਤੋਂ ਪਹਿਲਾਂ ਮੈਚ ਉੱਤਰ ਪ੍ਰਦੇਸ਼ ਤੇ ਹਰਿਆਣੇ ਦੀਆਂ ਲੜਕੀਆਂ ਦੀਆਂ ਟੀਮਾਂ ਵਿਚਕਾਰ ਸ਼ੁਰੂ ਹੋਇਆ।ਇਸ ਦੌਰਾਨ ਚੇਅਰਮੈਨ ਤਰਲੋਚਨ ਸਿੰਘ, ਵਾਈਸ ਚੇਅਰਪਰਸਨ ਕਮਲੇਸ਼ ਕੌਰ ਤੇ ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਦੋਨਾਂ ਟੀਮਾਂ ਦੇ ਖਿਡਾਰੀਆਂ ਦੇ ਨਾਲ ਜਾਣ ਪਛਾਣ ਕੀਤੀ ਤੇ ਉਹਨਾਂ ਨੂੰ ਆਸ਼ੀਰਵਾਦ ਦਿੱਤਾ। ਉਪਰੰਤ ਤਮਾਮ ਕੋਚ ਸਾਹਿਬਾਨ ਤੇ ਸਕੂਲ ਦੇ ਖੇਡ ਵਿਭਾਗ ਦੇ ਸੁਰੇਸ਼ ਸਿੰਘ, ਪੰਕਜ, ਬਲਦੇਵ ਸਿੰਘ, ਸੁਸ਼ੀਲ ਕੁਮਾਰ, ਰੁਪਿੰਦਰ ਕੌਰ, ਅਮਰਜੀਤ ਕੌਰ ਸੈਣੀ ਤੇ ਸੰਜੀਵ ਕੁਮਾਰ ਦਾ ਇਹਨਾਂ ਮੁਕਾਬਲਿਆਂ ਦੇ ਇੰਨੇ ਸੁਚੱਜੇ ਢੰਗ ਨਾਲ ਵਧੀਆ ਇੰਤਜ਼ਾਮ ਕਰਨ ਦੇ ਲਈ ਧੰਨਵਾਦ ਕੀਤਾ।ਚੇਅਰਮੈਨ ਤਰਲੋਚਨ ਸਿੰਘ ਨੇ ਟੂਰਨਾਮੈਂਟ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾ ਰਹੇ ਆਫਿਸ਼ਅਲ ਵਿਨੇ ਕੁਮਾਰ ਪੁੰਦੀਰ, ਨਰਿੰਦਰ ਕੁਮਾਰ, ਬਿੱਟੂ ਕੁਮਾਰ ਦਾਸ, ਸੰਜੇ ਸ਼ਰਮਾ, ਅਕਸ਼ੇ ਕੁਮਾਰ ਤੇ ਆਰ ਕੇ ਵਾਜਪਾਈ ਦਾ ਧੰਨਵਾਦ ਕੀਤਾ। ਪਹਿਲੇ ਮੈਚ ਦੇ ਨਤੀਜੇ ਵਿੱਚ ਲੜਕੀਆਂ ਦੇ ਮੁਕਾਬਲੇ ਵਿੱਚ ਹਰਿਆਣੇ ਦੀ ਟੀਮ ਨੇ ਉੱਤਰ ਪ੍ਰਦੇਸ਼ ਦੀ ਟੀਮ ਨੂੰ 8-3 ਦੇ ਫਰਕ ਨਾਲ ਹਰਾਇਆ। ਟੂਰਨਾਮੈਂਟ ਦਾ ਦੂਸਰਾ ਮੈਚ ਪੰਜਾਬ ਅਤੇ ਹਰਿਆਣੇ ਦੀਆਂ ਲੜਕੀਆਂ ਦੀਆਂ ਟੀਮਾਂ ਵਿਚਕਾਰ ਖੇਡਿਆ ਗਿਆ। ਜਿਸ ਵਿੱਚ ਪੰਜਾਬ ਅਤੇ ਹਰਿਆਣੇ ਦੀਆਂ ਦੀਆਂ ਟੀਮਾਂ ਵਿੱਚ ਹੋਏ ਮੁਕਾਬਲੇ ਵਿੱਚ ਪੰਜਾਬ ਦੀ ਟੀਮ 2-1 ਨਾਲ ਜੇਤੂ ਰਹੀ।

## ਗਮਾਡਾ ਵਿਰੁੱਧ ਧਰਨੇ 'ਚ ਅੱਜ ਕਾਂਗਰਸੀ ਵਰਕਰ ਸ਼ਾਮਲ ਹੋਣਗੇ : ਸਿੱਧੂ

**ਮੋਹਾਲੀ (ਗੁਰਜੀਤ ਬਿੱਲਾ)** ਪੰਜਾਬ ਦੇ ਸਾਬਕਾ ਸਿਹਤ ਮੰਤਰੀ ਤੇ ਸੀਨੀਅਰ ਕਾਂਗਰਸੀ ਆਗੂ ਬਲਬੀਰ ਸਿੰਘ ਸਿੱਧੂ ਨੇ ਇਥੇ ਕਿਹਾ ਹੈ ਕਿ ਮੋਹਾਲੀ ਵਿਧਾਨ ਸਭਾ ਹਲਕੇ ਦੇ ਕਾਂਗਰਸੀ ਵਰਕਰ ਵੱਡੀ ਗਿਣਤੀ ਵਿਚ ਅੱਜ ਕਿਸਾਨਾਂ ਵਲੋਂ ਗਮਾਡਾ ਵਿਰੁੱਧ ਲਗਾਤਾਰ ਦਿੱਤੇ ਜਾ ਰਹੇ ਧਰਨੇ ਵਿਚ ਪੂਰੇ ਉਤਸ਼ਾਹ ਨਾਲ ਸ਼ਾਮਲ ਹੋਣਗੇ। ਉਹਨਾਂ ਕਿਹਾ ਕਿ ਉਹ ਪਿਛਲੇ ਕਈ ਦਿਨਾਂ ਤੋਂ ਹਲਕੇ ਦੇ ਪਿੰਡਾਂ ਦਾ ਦੌਰਾ ਕਰਕੇ ਲੋਕਾਂ ਨੂੰ ਧਰਨੇ ਵਿਚ ਸ਼ਾਮਲ ਹੋਣ ਲਈ ਲਾਮਬੰਦ ਕਰ ਰਹੇ ਹਨ।ਸਿੱਧੂ ਨੇ ਗਮਾਡਾ ਦੀਆਂ ਨੀਤੀਆਂ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਇਹ ਅਦਾਰਾ ਲਗਾਤਾਰ ਕਿਸਾਨ ਦੀ ਲੁੱਟ ਕਰਦਾ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਗਮਾਡਾ ਵੱਲੋਂ ਕਿਸਾਨਾਂ ਦੀਆਂ ਕੀਮਤੀ ਜ਼ਮੀਨਾਂ ਤਾਂ ਕੌਡੀਆਂ ਦੇ ਭਾਅ ਐਕੁਆਇਰ ਕਰ ਲਈਆਂ ਜਾਂਦੀਆਂ ਹਨ, ਪਰ ਉਨ੍ਹਾਂ ਦੇ ਹਿੱਤਾਂ ਨੂੰ ਪੂਰੀ ਤਰ੍ਹਾਂ ਅਣਗੌਲਿਆ ਕੀਤਾ ਜਾ ਰਿਹਾ ਹੈ। ਆਪਣੀ ਹੀ ਜ਼ਮੀਨ ਦੇ ਢੁਕਵੇਂ ਮੁਆਵਜ਼ੇ ਅਤੇ ਹੱਕਾਂ ਲਈ ਕਿਸਾਨਾਂ ਨੂੰ ਸੜਕਾਂ 'ਤੇ ਬੈਠਣ ਲਈ ਮਜਬੂਰ ਕਰਨਾ ਬੇਹੱਦ ਮੰਦਭਾਗਾ ਹੈ।



## ਰੋਸ ਪ੍ਰਦਰਸ਼ਨ ਅੱਜ



**ਮਹਿਤਪੁਰ (ਰਾਜਾ)**- ਭਾਰਤੀ ਕਿਸਾਨ ਯੂਨੀਅਨ ਡਕੌਂਦਾ ਜ਼ਿਲ੍ਹਾ ਪ੍ਰਧਾਨ ਸਿੰਘ ਲੋਹਗੜ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਖੇਤੀ ਪ੍ਰਧਾਨ ਸੂਬਾ ਹੈ ਅਤੇ ਖੇਤੀ ਹੀ ਪੰਜਾਬ ਦੇ ਅਰਥਚਾਰੇ ਦਾ ਧੁਰਾ ਹੈ। ਉਹਨਾਂ ਕਿਹਾ ਕਿ ਅਸੀਂ ਅਮਰੀਕਾ ਨਾਲ ਹੋਈ ਟਰੇਡਿੰਗ ਡੀਲ ਦਾ ਵਿਰੋਧ ਕਰਦੇ ਹਾਂ। ਮਨਰੇਗਾ ਦਾ ਕੰਮ ਘੱਟ ਦੇਣ ਵਿਰੁੱਧ ਡੀ ਸੀ ਦਫਤਰ ਅੱਗੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।

## ਸਬ ਕਮੇਟੀ ਨਾਲ ਮੀਟਿੰਗ ਦੇ ਭਰੋਸੇ ਤੋਂ ਬਾਅਦ ਅੱਜ ਦਾ ਧਰਨਾ ਮੁਲਤਵੀ

**ਨਕੋਦਰ (ਮਨਜੀਤ ਮਾਨ)**- ਜਲ ਸਪਲਾਈ ਅਤੇ ਸੈਨੀਟੇਸ਼ਨ ਵਰਕਰ ਯੂਨੀਅਨ ਪੰਜਾਬ ਰਜਿ. 26 ਦੇ ਸੂਬਾ ਪ੍ਰਧਾਨ ਦਰਸ਼ਵੀਰ ਸਿੰਘ ਰਾਣਾ , ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਸੰਗਰੂਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿਭਾਗ ਅਧੀਨ ਇੱਕ ਵਰਕਰ ਦੇ ਰੂਪ ਵਿੱਚ



ਪਿਛਲੇ 18-20 ਸਾਲਾਂ ਤੋਂ ਸੇਵਾਵਾਂ ਨਿਭਾ ਰਹੇ ਇੰਨਲਿਸਟਮੈਂਟ ਤੇ ਆਊਟਸੋਰਸਿੰਗ ਕਾਮਿਆਂ ਵੱਲੋਂ ਪਿਛਲੀਆਂ ਸਰਕਾਰਾਂ ਤੇ ਮੌਜੂਦਾ ਸਰਕਾਰ ਦੇ ਖਿਲਾਫ ਆਪਣੀਆਂ ਮੰਗਾਂ ਮਨਵਾਉਣ ਲਈ ਲਾ ਮਿਸਾਲ ਸੰਘਰਸ਼ ਕੀਤੇ ਪਰ ਸਰਕਾਰਾਂ ਦੇ ਭਰੋਸੇ ਦੇ ਬਾਅਦ ਵੀ ਅੱਜ ਤੱਕ ਕੋਈ ਬੂਰ ਨਹੀਂ ਪਿਆ,ਜਿਸ ਕਰਕੇ ਵਰਕਰਾਂ ਵਿੱਚ ਸਰਕਾਰ ਪ੍ਰਤੀ ਰੋਸ ਪਾਇਆ ਜਾ ਰਿਹਾ ਹੈ। ਜਥੇਬੰਦੀ ਵੱਲੋਂ ਸੰਘਰਸ਼ ਨੂੰ ਤਿੱਖਾ ਰੂਪ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਕੋਠੀ ਦਾ 6 ਅਪ੍ਰੈਲ ਨੂੰ ਘਿਰਾਓ ਕਰਨ ਦਾ ਐਲਾਨ ਕੀਤਾ ਗਿਆ ਸੀ ਜਿਸ ਦੇ ਦਬਾਅ ਸਦਕਾ ਜ਼ਿਲ੍ਹਾ ਪ੍ਰਸ਼ਾਸਨ ਸੰਗਰੂਰ ਵੱਲੋਂ 10 ਅਪ੍ਰੈਲ ਨੂੰ ਸਬ ਕਮੇਟੀ ਪੰਜਾਬ ਸਰਕਾਰ ਸਮੇਤ ਵਿਭਾਗੀ ਅਧਿਕਾਰੀਆਂ ਨਾਲ ਚੰਡੀਗੜ੍ਹ ਵਿਖੇ ਮੀਟਿੰਗ ਤੈਅ ਕੀਤੀ ਗਈ ਹੈ। ਉਨ੍ਹਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਮੀਟਿੰਗ ਕਰਨ ਤੋਂ ਟਾਲਮਟੋਲ ਕੀਤਾ ਜਾ ਮੀਟਿੰਗ ਦੌਰਾਨ ਮੰਗਾਂ ਦਾ ਨਿਪਟਾਰਾ ਨਹੀਂ ਕੀਤਾ ਜਾਂਦਾ ਤਾਂ ਜਥੇਬੰਦੀ ਵੱਲੋਂ 11 ਅਪ੍ਰੈਲ ਨੂੰ ਸੂਬੇ ਭਰ 'ਚ ਜ਼ਿਲ੍ਹਾ ਪੱਧਰੀ ਤੇ ਸਰਕਾਰ ਦੇ ਅਰਥੀ ਫੂਕ ਮੁਜ਼ਾਹਰੇ ਕੀਤੇ ਜਾਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੂਬਾ ਸੀਨੀਅਰ ਮੀਤ ਪ੍ਰਧਾਨ ਜਸਵੀਰ ਸਿੰਘ ਸ਼ੀਰਾ ਤੇ ਹਰਜਿੰਦਰ ਸਿੰਘ ਮਾਨ, ਸੂਬਾ ਵਿੱਤ ਸਕੱਤਰ ਬਲਜਿੰਦਰ ਸਿੰਘ ਸਮਾਣਾ, ਸੂਬਾ ਜੁਆਇੰਟ ਸਕੱਤਰ ਸੁਖਵਿੰਦਰ ਸਿੰਘ ਖਰਲ, ਪ੍ਰੈੱਸ ਸਕੱਤਰ ਦਵਿੰਦਰ ਸਿੰਘ ਨਾਭਾ, ਸੂਬਾ ਮੀਤ ਪ੍ਰਧਾਨ ਲਾਲ ਸਿੰਘ ਗੁਰਦਾਸਪੁਰ, ਸੂਬਾ ਮੀਤ ਪ੍ਰਧਾਨ ਜਰਨੈਲ ਸਿੰਘ ਫਤਿਹਗੜ੍ਹ ਸਾਹਿਬ, ਸੂਬਾ ਪ੍ਰਚਾਰ ਸਕੱਤਰ ਇੰਦਰਜੀਤ ਸਿੰਘ ਕਪੂਰਥਲਾ, ਸੂਬਾ ਜੁਆਇੰਟ ਪ੍ਰੈੱਸ ਸਕੱਤਰ ਬਲਵੀਰ ਸਿੰਘ ਹਿਰਦਾਪੁਰ, ਸੂਬਾ ਮੀਤ ਪ੍ਰਧਾਨ ਅੰਮ੍ਰਿਤਪਾਲ ਸਿੰਘ ਬਠਿੰਡਾ, ਜੁਆਇੰਟ ਵਿੱਤ ਸਕੱਤਰ ਜਸਵੀਰ ਸਿੰਘ ਮਾਨਸਾ ਆਦਿ ਹਾਜ਼ਰ ਸਨ।

## ਪ੍ਰਸ਼ਾਸਨ ਗੈਰ-ਕਾਨੂੰਨੀ ਮਾਈਨਿੰਗ ਨੂੰ ਰੋਕਣ 'ਚ ਫੇਲ੍ਹ ਸਾਬਤ ਹੋਇਆ : ਗੁਰਨੇਕ ਸਿੰਘ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਗੜ੍ਹਸ਼ੰਕਰ ਦੇ ਨਾਲ ਲੱਗਦੇ ਪਿੰਡਾਂ ਵਿੱਚ ਚੱਲ ਰਹੀ ਗੈਰਕਾਨੂੰਨੀ ਮਾਈਨਿੰਗ ਤੋ ਮਾਇਨਿੰਗ ਮਾਫੀਆ ਚੁਸਤ ਤੇ ਮਾਇਨਿੰਗ ਵਿਭਾਗ ਦੇ ਅਧਿਕਾਰੀ ਸੁਸਤ ਨਜਰ ਆ ਰਹੇ ਹਨ। ਇਹ ਮਾਇਨਿੰਗ ਹਲਕੇ ਵਿੱਚ ਚੱਲ ਰਹੀ ਨਜਾਇਜ਼ ਮਾਈਨਿੰਗ ਦਾ ਗੋਰਖ ਧੰਦਾ ਪਿਛਲੇ ਲੰਬੇ ਸਮੇਂ ਤੋਂ ਜ਼ੋਰਾਂ ਸ਼ੋਰਾਂ ਵਿੱਚ ਚੱਲ ਰਿਹਾ ਹੈ। ਇਸ ਦੇ ਬਾਰੇ ਪਿੰਡਾਂ ਦੇ ਲੋਕਾਂ ਨੇ ਕਿਹਾ ਕਿ ਸਥਾਨਕ ਮਾਇਨਿੰਗ ਵਿਭਾਗ ਦੇ ਧਿਆਨ ਵਿੱਚ ਲਿਆਣ ਤੋ ਬਾਅਦ ਵੀ ਗੈਰਕਾਨੂੰਨੀ ਮਾਈਨਿੰਗ ਨਹੀ ਰੁਕ ਰਹੀ ਨਹੀਂ ਰੁਕ ਰਹੀ। ਦੱਸਣ ਯੋਗ ਹੈ ਕਿ ਨਾਜਾਇਜ ਮਾਈਨਿੰਗ ਹੁਣ ਪਿੰਡਾਂ ਦੇ ਖੇਤਾਂ ਵਿੱਚ ਵੀ ਆਮ ਦੇਖਣ ਨੂੰ ਮਿਲ ਰਹੀ ਹੈ। ਸਥਾਨਕ ਪਿੰਡਾਂ ਦੇ ਕੁਝ ਲੋਕਾਂ ਦੀ ਦੱਸਣ ਮੁਤਾਬਕ ਰਾਤ ਸਮੇਂ ਹੋ ਰਹੀ ਧੜੱਲੇ ਨਾਲ ਮਾਈਨਿੰਗ ਨੇ ਆਮ ਲੋਕਾਂ ਦਾ ਜਿਉਣਾ ਮੁਸ਼ਕਲ ਕੀਤਾ ਹੋਇਆ ਹੈ ਕਿਉਂਕਿ ਰਾਤ ਸਮੇਂ ਲਗਾਤਾਰ ਮਿੱਟੀ ਨਾਲ ਭਰੀਆਂ ਓਵਰਲੋਡ ਟਰਾਲੀਆਂ ਲੰਘ ਰਹੀਆਂ ਹਨ । ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਸਥਾਨਕ ਇਲਾਕੇ ਦੇ ਪਹਾੜੀ ਖੇਤਰ ਨਾਲ ਲੱਗਦੇ ਪਿੰਡਾਂ ਵਿੱਚ ਮਾਈਨਿੰਗ ਅੱਜ ਵੀ ਦੇਖੀ ਜਾ ਸਕਦੀ ਹੈ ਅਤੇ ਹੁਣ ਮਾਈਨਿੰਗ ਮਾਫੀਆ ਬਿਨਾ ਪਰਮਿਟ ਪਿੰਡਾਂ ਦੇ ਖੇਤਾਂ ਵਿੱਚ ਵੀ ਮਿੱਟੀ ਚੁੱਕਦਾ ਨਜ਼ਰ ਆ ਰਿਹਾ ਹੈ ਜਿਸਦੀ ਮਿਸਾਲ ਗੜ੍ਹਸ਼ੰਕਰ ਦੇ ਚੜ੍ਹਦੇ ਪਾਸੇ ਦੇ ਕਈ ਪਿੰਡਾ ਵਿੱਚ ਹੋ ਨਜਾਇਜ਼ ਮਾਈਨਿੰਗ ਦੀ ਹੈ ਪਰ ਇਹ ਸਭ ਆਉਣ ਵਾਲੇ ਸਮੇਂ ਲਈ ਘਾਤਿਕ ਸਾਬਤ ਹੋਵੇਗੀ। ਇਸ ਸਬੰਧੀ ਗੱਲਬਾਤ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਆਗੂ ਗੁਰਨੇਕ ਸਿੰਘ ਭੱਜਲ ਨੇ ਕਿਹਾ ਕਿ ਸਥਾਨਕ ਪ੍ਰਸ਼ਾਸਨ ਅਤੇ ਸਰਕਾਰ ਨਜਾਇਜ ਮਾਈਨਿੰਗ ਨੂੰ ਰੋਕਣ ਵਿੱਚ ਫੇਲ ਸਾਬਤ ਹੋਈ ਹੈ ਅਤੇ ਉਹਨਾਂ ਕਿਹਾ ਪਹਿਲਾਂ ਤਾਂ ਪਹਾੜੀ ਖੇਤਰ ਵਿੱਚ ਜੋਰਾ ਸ਼ੋਰਾਂ ਨਾਲ ਨਜਾਇਜ਼ ਮਾਈਨਿੰਗ ਹੋ ਰਹੀ ਸੀ ਹੁਣ ਤਾਂ ਪਿੰਡਾਂ ਦਿਆਂ ਖੇਤਾਂ ਵਿੱਚ ਦਿਨ ਰਾਤ ਆਮ ਮਾਈਨਿੰਗ ਦੇਖਣ ਨੂੰ ਮਿਲ ਰਹੀ ਹੈ। ਇਸ ਸੰਬਧੀ ਮਾਈਨਿੰਗ ਵਿਭਾਗ ਦੇ ਐਸ ਡੀ ਓ ਨਾਲ ਫੋਨ ਤੇ ਸੰਪਰਕ ਕੀਤਾ ਤਾਂ ਓਹਨਾ ਦੇ ਫੋਨ ਤੇ ਸੰਪਰਕ ਨਹੀਂ ਹੋ ਸਕਿਆ ਅਤੇ ਵਿਭਾਗ ਦੇ ਜੇ. ਈ ਲਵਪ੍ਰੀਤ ਸਿੰਘ ਨਾਲ ਫੋਨ ਤੇ ਇਸ ਮਾਮਲੇ ਸਬੰਧੀ ਪੱਖ ਜਾਣੀਆ ਤਾ ਉਨਾ ਨੇ ਕਿਹਾ ਕਿ ਇਹ ਮਾਮਲਾ ਉਹਨਾਂ ਦੇ ਪਹਿਲਾਂ ਹੀ ਧਿਆਨ ਵਿੱਚ ਹੈ ਅਤੇ ਖੁਦ ਮੌਕਾ ਦੇਖ ਰਹੇ ਹਨ ਤੇ ਜਲਦ ਹੀ ਹੋ ਰਹੀ ਮਾਈਨਿੰਗ ਤੇ ਕਾਬੂ ਪਾਇਆ ਜਾਵੇਗਾ।



## ਪੀ ਡਬਲਿਊ ਡੀ, ਜਲ ਸਪਲਾਈ ਤਾਲਮੇਲ ਸੰਘਰਸ਼ ਕਮੇਟੀ ਵੱਲੋ ਧਰਨਾ 16 ਨੂੰ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਪੀ ਡਬਲਿਊ ਡੀ, ਅਤੇ,ਜਲ ਸਪਲਾਈ ਤਾਲਮੇਲ ਸੰਘਰਸ ਕਮੇਟੀ ਵਲੋਂ ਸੈਨੀਟੇਸ਼ਨ ਵਿਭਾਗ ਵਿੱਚ ਕੰਮ ਕਰਦੇ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਤੇ ਜ਼ੋਰ ਦੇਣ ਲਈ 16 ਅਪ੍ਰੈਲ ਨੂੰ ਵਿਭਾਗ ਦੇ ਮੁੱਖ ਦਫਤਰ ਅੱਗੇ ਸੂਬਾ ਪੱਧਰੀ ਰੋਸ ਧਰਨਾ ਦਿੱਤਾ ਜਾ ਰਿਹਾ ਹੈ।



ਇਸ ਸਬੰਧੀ ਜਾਣਕਾਰੀ ਦਿੰਦਿਆਂ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਆਗੂ ਮਲਾਗਰ ਸਿੰਘ ਖਮਾਣੋਂ ਨੇ ਦੱਸਿਆ ਕਿ ਵਿਭਾਗ ਵਿਚ ਲੰਮੇ ਸਮੇਂ ਤੋਂ ਲਗਾਤਾਰ ਕੰਮ ਕਰਦੇ ਇਨਲਿਸਟਮੈਂਟ, ਆਊਟਸੋਰਸਿੰਗ ਕਾਮਿਆਂ ਨੂੰ ਵਿਭਾਗ ਵਿੱਚ ਪੱਕਾ ਕਰਨ, ਉਜਰਤਾਂ ਵਿੱਚ ਵਾਧਾ ਕਰਨ, ਟੈਸਟ ਪਾਸ ਦਰਜਾ ਚਾਰ ਫੀਲਡ ਮੁਲਾਜ਼ਮਾਂ ਦੀਆਂ ਪ੍ਰਮੋਸ਼ਨਾਂ ਕਰਨ, ਤਰਸ ਦੇ ਆਧਾਰ ਤੇ ਨੌਕਰੀਆਂ ਦੇਣ, ਪੇਂਡੂ ਜਲ ਸਪਲਾਈ ਸਕੀਮਾਂ ਤੇ ਪੰਚਾਇਤੀਕਰਨ ਦੀ ਨੀਤੀ ਰੱਦ ਕਰਨ, ਬਰਾਬਰ ਕੰਮ ਬਰਾਬਰ ਤਨਖਾਹ ਦੇ ਬਕਾਏ ਜਾਰੀ ਕਰਨ, ਟੈਕਨੀਸ਼ੀਅਨ ਕਰਮਚਾਰੀਆਂ ਤੋਂ ਜੂਨੀਅਰ ਇੰਜੀਨੀਅਰ ਦਾ ਟੈਸਟ ਪੰਜਾਬੀ ਵਿੱਚ ਲੈਣ, ਮਾਰਚ 2021 ਦੇ ਨਿਯਮਾਂ ਮੁਤਾਬਕ ਨਵੀਂ ਭਰਤੀ ਕਰਨ, ਰੁਜ਼ਗਾਰ ਨੂੰ ਉਜਾੜੂ ਨੀਤੀ ਸਕਾਡਾ ਤੇ ਆਈ ਟੀ ਈ ਓ ਨੀਤੀ ਨੂੰ ਰੱਦ ਕਰਨ, ਪੇਂਡੂ ਜਲ ਸਪਲਾਈ ਸਕੀਮਾਂ ਦੀ ਖਸਤਾ ਹੋ ਰਹੀ ਹਾਲਤ ਵਿੱਚ ਸੁਧਾਰ ਕਰਨ, ਰੈਵਨਿਊ ਕਨੈਕਟਰਾਂ ਦੇ ਭੱਤੇ ਵਿੱਚ ਵਾਧਾ ਕਰਨ, ਸਮੇਤ ਪੇਂਡੂ ਭੱਤਾ ਬਹਾਲ ਕਰਨ, ਇੱਕ ਜਥੇਬੰਦੀ ਦੇ ਕਹਿਣ ਤੇ ਦਰਜਾ ਚਾਰ ਮੁਲਾਜ਼ਮਾਂ ਦੀ ਸਪੈਸ਼ਲ ਇੰਕਰੀਮੈਂਟ ਦੀ ਰਿਕਵਰੀ ਬੰਦ ਕਰਨ, ਹਰੇਕ ਸਕੀਮ ਤੇ ਦੋ ਮੁਲਾਜ਼ਮਾਂ ਦੀ ਤੈਨਾਤੀ ਕਰਨ ਆਦਿ ਮੰਗਾਂ ਲਈ ਪੀ ਡਬਲਿਊ ਡੀ ਜਲ ਸਪਲਾਈ ਤਾਲਮੇਲ ਸੰਘਰਸ਼ ਕਮੇਟੀ ਵੱਲੋਂ ਵਿਭਾਗ ਦੇ ਮੁੱਖ ਦਫਤਰ ਮੋਹਾਲੀ ਵਿਖੇ 16 ਅਪ੍ਰੈਲ ਨੂੰ ਸੂਬਾ ਪੱਧਰੀ ਧਰਨਾ ਦਿੱਤਾ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਮੁਲਾਜ਼ਮ ਆਗੂ ਸੁਖਨੰਦਨ ਸਿੰਘ ਮੈਣੀਆਂ, ਮਨਜੀਤ ਸਿੰਘ ਧਾਲੀਵਾਲ, ਦਵਿੰਦਰ ਸਿੰਘ ਨਾਭਾ, ਅਤੇ ਸਰਬਜੀਤ ਸਿੰਘ ਭੁੱਲਰ ਨੇ ਆਖਿਆ ਕਿ ਜੇਕਰ ਵਿਭਾਗੀ ਮੁਖੀ ਵੱਲੋਂ ਮੰਗਾਂ ਸਬੰਧੀ ਗੱਲਬਾਤ ਲਈ ਮੀਟਿੰਗ ਦਾ ਸਮਾਂ ਨਾ ਦਿੱਤਾ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।

## ਬਲਬੀਰ ਸਿੱਧੂ ਨੇ ਪਿੰਡ-ਪਿੰਡ ਜਾ ਕੇ ਗਮਾਡਾ ਦੀਆਂ ਧੱਕੇਸ਼ਾਹੀਆਂ ਖ਼ਿਲਾਫ਼ ਕੀਤਾ ਜਾਗਰੂਕ

**ਮੋਹਾਲੀ (ਗੁਰਜੀਤ ਬਿੱਲਾ)**- ਸੀਨੀਅਰ ਕਾਂਗਰਸੀ ਆਗੂ ਅਤੇ ਪੰਜਾਬ ਦੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਵੱਲੋਂ ਪਿੰਡ-ਪਿੰਡ ਜਾ ਕੇ ਲੋਕਾਂ ਨੂੰ ਸਰਕਾਰ ਅਤੇ ਗਮਾਡਾ ਦੀਆਂ ਧੱਕੇਸ਼ਾਹੀਆਂ ਖਿਲਾਫ਼ ਤੇ



ਕਿਸਾਨਾਂ ਨੂੰ ਉਨ੍ਹਾਂ ਦੇ ਹੱਕਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਦੌਰਾਨ ਉਨ੍ਹਾਂ ਵੱਲੋਂ ਲੋਕਾਂ ਨੂੰ 6 ਅਪ੍ਰੈਲ ਨੂੰ ਹੋਣ ਵਾਲੇ ਧਰਨੇ ਪ੍ਰਦਰਸ਼ਨ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਵੀ ਕੀਤੀ ਗਈ।ਸਿੱਧੂ ਨੇ ਕਿਹਾ ਕਿ ਮੌਜੂਦਾ ਸਰਕਾਰ ਗਮਾਡਾ ਰਾਹੀਂ ਕਿਸਾਨਾਂ ਨਾਲ ਨਾਇਨਸਾਫ਼ੀ ਕਰ ਰਹੀ ਹੈ ਅਤੇ ਇਹ ਨੀਤੀਆਂ ਸਿੱਧੇ ਤੌਰ 'ਤੇ ਕਿਸਾਨ ਵਿਰੋਧੀ ਹਨ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਬਿਨਾਂ ਯੋਗ ਮੁਆਵਜ਼ਾ ਦਿੱਤੇ ਕਿਸਾਨਾਂ ਤੋਂ ਜ਼ਮੀਨ ਹਾਸਲ ਕਰ ਰਹੀ ਹੈ, ਜੋ ਕਿ ਪੂਰੀ ਤਰ੍ਹਾਂ ਧੱਕੇਸ਼ਾਹੀ ਹੈ।ਉਨ੍ਹਾਂ ਕਿਹਾ ਕਿ ਜਦੋਂ ਪਲਾਟਾਂ ਦੀ ਵੰਡ ਕੀਤੀ ਜਾਂਦੀ ਹੈ ਤਾਂ ਕਿਸਾਨਾਂ ਦੀ ਥਾਂ ਵਪਾਰਕ ਘਰਾਣਿਆਂ ਨੂੰ ਤਰਜੀਹ ਦਿੱਤੀ ਜਾਂਦੀ ਹੈ। ਇਹ ਗੱਲ ਸਪਸ਼ਟ ਕਰਦੀ ਹੈ ਕਿ ਸਰਕਾਰ ਦਾ ਧਿਆਨ ਲੋਕ ਭਲਾਈ ਦੀ ਥਾਂ ਮੋਟਾ ਮੁਨਾਫ਼ਾ ਕਮਾਉਣ ਵੱਲ ਹੈ।ਸਿੱਧੂ ਨੇ ਗਮਾਡਾ ਦੀ ਉਸ ਨੀਤੀ 'ਤੇ ਵੀ ਸਵਾਲ ਉਠਾਏ ਜਿਸ ਅਨੁਸਾਰ ਕੋਨੇ ਜਾਂ ਪਾਰਕ ਦੇ ਸਾਹਮਣੇ ਪਲਾਟ ਲੈਣ ਵਾਲਿਆਂ ਤੋਂ ਵਾਧੂ ਰਕਮ ਵਸੂਲੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰਕਿਰਿਆ ਗਲਤ ਹੈ ਅਤੇ ਇਸ ਨੂੰ ਤੁਰੰਤ ਰੋਕਿਆ ਜਾਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਗਮਾਡਾ, ਜੋ ਲੋਕਾਂ ਨੂੰ ਸਸਤੇ ਘਰ ਮੁਹੱਈਆ ਕਰਵਾਉਣ ਲਈ ਬਣਾਇਆ ਗਿਆ ਸੀ, ਹੁਣ ਨਿੱਜੀ ਕੰਪਨੀਆਂ ਵਾਂਗ ਕੰਮ ਕਰ ਰਿਹਾ ਹੈ ਅਤੇ ਸਿਰਫ਼ ਮੁਨਾਫ਼ੇ 'ਤੇ ਧਿਆਨ ਦੇ ਰਿਹਾ ਹੈ।ਸਿੱਧੂ ਵੱਲੋਂ ਪੱਤੋਂ, ਮਨੌਲੀ, ਰੁੜਕਾ, ਧਰਮਗੜ੍ਹ, ਸੇਖਣ ਮਾਜਰਾ, ਬੜੀ, ਮਾਣਕਪੁਰ ਕੱਲਰ, ਕੁਰੜਾ, ਕੁਰੜੀ, ਬਾਕਰਪੁਰ, ਮੋਟੇ ਮਾਜਰਾ, ਤੰਗੋਰੀ, ਨਡਿਆਲੀ, ਮਟਰਾਂ, ਸਿਆਊ, ਕੰਡਾਲਾ, ਸਫ਼ੀਪੁਰ, ਝਿਊਰਹੇੜੀ, ਅਲੀਪੁਰ ਅਤੇ ਜਗਤਪੁਰਾ ਸਮੇਤ ਕਈ ਪਿੰਡਾਂ ਵਿੱਚ ਜਾ ਕੇ ਮੀਟਿੰਗਾਂ ਕੀਤੀਆਂ ਗਈਆਂ। ਇਨ੍ਹਾਂ ਮੀਟਿੰਗਾਂ ਵਿੱਚ ਲੋਕਾਂ ਆਪਣੇ ਹੱਕਾਂ ਲਈ ਇਕਜੁੱਟ ਹੋਣ ਦਾ ਸੰਕਲਪ ਲਿਆ।ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਵਿੱਚ ਗਮਾਡਾ ਦੀਆਂ ਨੀਤੀਆਂ ਖਿਲਾਫ਼ ਭਾਰੀ ਰੋਸ ਹੈ ਅਤੇ ਲੋਕ ਆਪਣੀ ਜ਼ਮੀਨ 'ਤੇ ਕਿਸੇ ਵੀ ਤਰ੍ਹਾਂ ਦੀ ਜ਼ਬਰਦਸਤੀ ਨੂੰ ਸਹਿਣ ਨਹੀਂ ਕਰਨਗੇ। ਬਲਬੀਰ ਸਿੰਘ ਸਿੱਧੂ ਨੇ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਕਿਸਾਨਾਂ ਦੇ ਨਾਲ ਖੜ੍ਹੀ ਰਹੇਗੀ ਅਤੇ ਉਨ੍ਹਾਂ ਦੇ ਹੱਕਾਂ ਦੀ ਲੜਾਈ ਲੜਦੀ ਰਹੇਗੀ।

## ਖਾਲਸਾ ਏਡ ਵੱਲੋਂ ਦੋ ਟਰੈਕਟਰ ਤੇ ਖੇਤੀ ਦੀ ਵਰਤੋਂ ਲਈ ਦਿੱਤੇ ਸੰਦ



**ਮੇਹਟੀਆਣਾ (ਜਗਤਾਰ ਭੁੰਗਰਨੀ)**- ਪਿੰਡ ਹਾਰਟਾ ਵਿਖੇ ਖਾਲਸਾ ਏਡ ਵੱਲੋਂ ਸਾਂਝੀ ਖੇਤੀ ਪ੍ਰੋਜੈਕਟ ਤਹਿਤ ਦੋ ਟਰੈਕਟਰ ਅਤੇ ਖੇਤੀ ਦੀ ਵਰਤੋਂ ਲਈ ਸੰਦ ਦਿੱਤੇ ਗਏ। ਇਸ ਮੌਕੇ ਬਾਬਾ ਪਰਮਜੀਤ ਸਿੰਘ ਹੈਡ ਗ੍ਰੰਥੀ ਹਾਲਟਾਂ ਨੇ ਅਰਦਾਸ ਬੇਨਤੀ ਕੀਤੀ। ਖਾਲਸਾ ਏਡ ਟੀਮ ਦੇ ਮੈਂਬਰ ਲਖਵੀਰ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਖਾਲਸਾ ਏਡ ਟੀਮ ਪਿਛਲੇ ਕਾਫੀ ਸਮੇਂ ਤੋਂ ਸਮਾਜ ਭਲਾਈ ਦੇ ਕੰਮ ਕਰਦੀ ਆ ਰਹੀ ਹੈ। ਉਹਨਾਂ ਦੱਸਿਆ ਹੈ ਕਿ ਕੁਦਰਤੀ ਆਫਤ ਤੇ ਲੋੜਵੰਦ ਜਨਤਾ ਦੀ ਸਮਾਜ ਸੇਵਾ ਵਿੱਚ ਵੱਧ ਚੜ ਕੇ ਯੋਗਦਾਨ ਪਾਇਆ ਜਾ ਰਿਹਾ ਹੈ। ਪਿੰਡ ਵਾਸੀਆਂ ਵਲੋਂ ਖਾਲਸਾ ਏਡ ਦੀ ਸਮੁੱਚੀ ਟੀਮ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ ਖਾਲਸਾ ਏਡ ਟੀਮ ਦੇ ਮੈਂਬਰ ਲਖਵੀਰ ਸਿੰਘ, ਗਗਨਦੀਪ ਸਿੰਘ, ਜਗਦੇਵ ਸਿੰਘ, ਜਥੇਦਾਰ ਮਾਸਟਰ ਹਰਬੰਸ ਸਿੰਘ ਹਾਰਟਾ ਹਰਮਿੰਦਰ ਸਿੰਘ ਲਾਲੀ, ਮਨਜਿੰਦਰ ਸਿੰਘ ਲਾਡੀ ਹਾਰਟਾ, ਸਿਮਰਨ ਪ੍ਰੀਤ ਸਿੰਘ ਹਾਰਟਾ, ਅਜੀਤ ਪਾਲ ਸਿੰਘ, ਰਵਿੰਦਰ ਸਿੰਘ ਕਾਲੀ, ਰਵਿੰਦਰ ਸਿੰਘ ਸੈਣੀ ਸ੍ਰੀ ਅਨੰਦਪੁਰ ਸਾਹਿਬ, ਜਸਪ੍ਰੀਤ ਸਿੰਘ, ਭਾਗ ਸਿੰਘ ਹਾਰਟਾ, ਜੋਗਾ ਸਿੰਘ, ਬਗੀਚਾ ਸਿੰਘ, ਪ੍ਰਗਟ ਸਿੰਘ, ਅਮਰਜੀਤ ਸਿੰਘ, ਬਲਵੀਰ ਸਿੰਘ, ਪਰਮਿੰਦਰ ਸਿੰਘ, ਸੰਤੋਖ ਸਿੰਘ, ਗੁਰਮੀਤ ਸਿੰਘ, ਚਮਕੌਰ ਸਿੰਘ, ਲਖਵਿੰਦਰ ਸਿੰਘ, ਹਰਵਿੰਦਰ ਸਿੰਘ, ਸਰਬਜੀਤ ਸਿੰਘ, ਹਰਮਿੰਦਰ ਸਿੰਘ ਆਦਿ ਹਾਜ਼ਰ ਸਨ।

## ਮੋਹਾਲੀ ਪ੍ਰੈੱਸ ਕਲੱਬ ਦੀ ਚੋਣ 'ਚ ਸ਼ਾਹੀ ਪ੍ਰਧਾਨ ਤੇ ਪਟਵਾਰੀ ਜਨਰਲ ਸਕੱਤਰ ਚੁਣੇ

**ਮੋਹਾਲੀ (ਗੁਰਜੀਤ ਬਿੱਲਾ)**- ਮੋਹਾਲੀ ਪ੍ਰੈੱਸ ਕਲੱਬ ਦੀ ਸਾਲ 2026-27 ਲਈ ਗਵਰਨਿੰਗ ਬਾਡੀ ਦੀ ਚੋਣ ਵਿਚ ਸ਼ਾਹੀ-ਪਟਵਾਰੀ ਗਰੁੱਪ ਜੇਤੂ ਕਰਾਰ ਦਿੱਤਾ ਗਿਆ। ਮੁੱਖ ਚੋਣ ਕਮਿਸ਼ਨਰ ਹਰਿੰਦਰ ਪਾਲ ਸਿੰਘ ਹੈਰੀ ਤੇ ਚੋਣ ਕਮਿਸ਼ਨਰ ਕੁਲਵਿੰਦਰ ਸਿੰਘ ਬਾਵਾ ਤੇ ਗੁਰਮੀਤ ਸਿੰਘ ਰੰਧਾਵਾ ਦੀ ਪ੍ਰਧਾਨਗੀ ਹੇਠ ਹੋਈ ਇਸ ਚੋਣ ਵਿਚ ਕਰੀਬ 4.30 ਵਜੇ ਮੁੱਖ ਚੋਣ ਕਮਿਸ਼ਨਰ ਵਲੋਂ ਚੋਣ ਨਤੀਜੇ ਦਾ ਐਲਾਨ ਕੀਤਾ ਗਿਆ, ਜਿਸ ਵਿਚ ਸ਼ਾਹੀ-ਪਟਵਾਰੀ ਗਰੁੱਪ ਨੂੰ ਜੇਤੂ ਐਲਾਨਿਆ ਗਿਆ। ਮੁੱਖ ਚੋਣ ਕਮਿਸ਼ਨਰ ਅਤੇ ਚੋਣ ਕਮਿਸ਼ਨਰਜ਼ ਵਲੋਂ ਸ਼ਾਹੀ-ਪਟਵਾਰੀ ਪੈਨਲ ਦੇ 9 ਅਹੁਦੇਦਾਰਾਂ - ਗੁਰਮੀਤ ਸਿੰਘ ਸ਼ਾਹੀ, ਪ੍ਰਧਾਨ , ਜਨਰਲ ਸਕੱਤਰ ਸੁਖਦੇਵ ਸਿੰਘ ਪਟਵਾਰੀ, ਸੀ. ਮੀਤ ਪ੍ਰਧਾਨ ਮਨਜੀਤ ਸਿੰਘ ਚਾਨਾ, ਮੀਤ ਪ੍ਰਧਾਨ ਵਿਜੇ ਪਾਲ ਤੇ ਮੈਡਮ ਨੀਲਮ ਠਾਕੁਰ, ਜਥੇਬੰਦਕ ਸਕੱਤਰ ਵਿਜੇ ਕੁਮਾਰ, ਜੁਆਇੰਟ ਸਕੱਤਰ ਡਾ. ਰਵਿੰਦਰ ਕੌਰ ਤੇ ਸੰਦੀਪ ਬਿੰਦਰਾ ਅਤੇ ਕੈਸ਼ੀਅਰ ਰਾਜੀਵ ਤਨੇਜਾ ਦੀ ਨਵੀਂ ਬਾਡੀ ਨੂੰ ਜੇਤੂ ਐਲਾਨਿਆ ਗਿਆ।

## ਯੂਥ ਕਲੱਬ ਨੇ ਬੱਚਿਆਂ ਦੇ ਦੌੜ ਮੁਕਾਬਲੇ ਕਰਵਾਏ

**ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ ਸ਼ਰਮਾ)**- ਸਵਰਗਵਾਸੀ ਅਜੀਤ ਸਿੰਘ ਰਾਗੀ ਨੂੰ ਸਮਰਪਿਤ ਨਵਾਂ ਪਿੰਡ ਦੋਨੇਵਾਲ ਯੂਥ ਕਲੱਬ ਵੱਲੋਂ ਸ਼ਹੀਦ ਊਧਮ ਸਿੰਘ ਸਟੇਡੀਅਮ ਨਵਾਂ ਪਿੰਡ ਦੋਨੇਵਾਲ ਵਿੱਚ ਬੱਚਿਆਂ ਦਾ ਪਹਿਲਾ ਦੌੜ ਮੁਕਾਬਲਾ ਕਰਵਾਇਆ ਗਿਆ। ਜਿਸ ਵਿੱਚ ਵੱਖ-ਵੱਖ ਪਿੰਡਾਂ ਦੇ ਬੱਚਿਆਂ ਨੇ ਭਾਗ ਲਿਆ। ਇਸ ਸਮਾਗਮ ਵਿੱਚ ਅਕਾਲੀ ਦਲ ਦੇ ਹਲਕਾ ਇੰਚਾਰਜ ਐਡਵੋਕੇਟ ਬਚਿੱਤਰ ਸਿੰਘ ਕੁਹਾੜ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਦੌੜ ਮੁਕਾਬਲੇ ਵਿੱਚ ਜੇਤੂ ਰਹੇ ਬੱਚਿਆਂ ਨੂੰ ਪ੍ਰਬੰਧਕਾਂ ਵੱਲੋਂ ਨਗਦ ਰਾਸ਼ੀ ਦੇ ਕੇ ਸਨਮਾਨਤ ਕੀਤਾ।ਇਨਾਮਾਂ ਦੀ ਰਾਸ਼ੀ ਗੁਰਕਰਨ ਸਿੰਘ ਸ਼ੰਮੀ ਵੱਲੋਂ ਦਿੱਤੀ ਗਈ। ਇਸ ਮੌਕੇ ਪਰਮਜੀਤ ਸਿੰਘ ਨੰਬਰਦਾਰ, ਸਰਪੰਚ ਅਵਤਾਰ ਸਿੰਘ, ਸੰਤੋਖ ਸਿੰਘ ਵਾਈਸ ਚੇਅਰਮੈਨ ਬਲਾਕ ਸੰਮਤੀ, ਗੁਰਕਰਨ ਸਿੰਘ ਸ਼ੰਮੀ, ਬਗੀਚਾ ਸਿੰਘ, ਪ੍ਰੋਫੈਸਰ ਗੁਰਵਿੰਦਰ ਸਿੰਘ, ਗੁਰਲਾਲ ਸਿੰਘ, ਜਸਵੰਤ ਸਿੰਘ, ਸਾਧੂ ਸਿੰਘ , ਸਾਬਕਾ ਸਰਪੰਚ ਰਾਜਾ ਚੰਦੀ , ਬਲਵਿੰਦਰ ਸਿੰਘ ਆੜ੍ਹਤੀਆ ਸਮੇਤ ਹੋਰ ਪਿੰਡ ਵਾਸੀ ਹਾਜ਼ਰ ਸਨ।



## ਮਹਿਲਾਵਾਂ ਨੂੰ ਰੋਜ਼ਗਾਰਮੁਖੀ ਸਿਖਲਾਈ ਪ੍ਰਦਾਨ

**ਚੰਡੀਗੜ੍ਹ (ਸੁਰਜੀਤ ਸੁਮਨ)**- ਵੂਮੈਨ ਐਂਡ ਚਾਈਲਡ ਵੈਲਫੇਅਰ ਸੋਸਾਇਟੀ, ਸੈਕਟਰ 454, ਚੰਡੀਗੜ੍ਹ ਵੱਲੋਂ 15 ਦਿਵਸੀ ਸਿਲਾਈ ਮਸ਼ੀਨ ਸਿਖਲਾਈ ਪ੍ਰੋਗਰਾਮ ਦਾ ਸਫਲ ਆਯੋਜਨ ਕੀਤਾ ਗਿਆ। ਇਹ ਪ੍ਰੋਗਰਾਮ ਖਾਦੀ ਅਤੇ ਗ੍ਰਾਮ ਉਦਯੋਗ ਆਯੋਗ, ਸੂਖਮ, ਲਘੂ ਅਤੇ ਮੱਧਮ ਉਦਯੋਗ ਮੰਤਰਾਲਾ, ਭਾਰਤ ਸਰਕਾਰ ਵੱਲੋਂ ਚਲਾਈ ਜਾ ਰਹੀ ਗ੍ਰਾਮੀਣ ਉਦਯੋਗ ਵਿਕਾਸ ਯੋਜਨਾ ਦੇ ਤਹਿਤ ਕਰਵਾਇਆ ਗਿਆ। ਇਹ ਸਿਖਲਾਈ ਪ੍ਰੋਗਰਾਮ 17 ਤੋਂ 31 ਮਾਰਚ ਤੱਕ ਗੁਰਦੁਆਰਾ ਸਿੰਘ ਸਭਾ, ਸੈਕਟਰ 45, ਬੁੜੈਲ, ਚੰਡੀਗੜ੍ਹ ਵਿਖੇ ਆਯੋਜਿਤ ਕੀਤਾ ਗਿਆ, ਜਿਸ ਦਾ ਸੰਚਾਲਨ ਰਾਜ ਦਫ਼ਤਰ, ਖਾਦੀ ਅਤੇ ਗ੍ਰਾਮ ਉਦਯੋਗ ਆਯੋਗ, ਐਮ.ਐਸ.ਐਮ.ਈ. ਭਵਨ, ਸੈਕਟਰ 22-ਸੀ, ਚੰਡੀਗੜ੍ਹ ਵੱਲੋਂ ਕੀਤਾ ਗਿਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਇਲਾਕੇ ਦੀਆਂ ਲੋੜਵੰਦ ਮਹਿਲਾਵਾਂ ਅਤੇ ਯੁਵਤੀਆਂ ਨੂੰ ਆਤਮਨਿਰਭਰ ਬਣਾਉਣਾ ਅਤੇ ਉਨ੍ਹਾਂ ਲਈ ਰੋਜ਼ਗਾਰ ਦੇ ਮੌਕੇ ਉਪਲਬਧ ਕਰਵਾਉਣਾ ਸੀ। ਇਸ ਸਿਖਲਾਈ ਵਿੱਚ ਚੰਡੀਗੜ੍ਹ ਅਤੇ ਪੰਜਾਬ ਨਾਲ ਸੰਬੰਧਤ ਲਗਭਗ 20 ਮਹਿਲਾਵਾਂ ਅਤੇ ਯੁਵਤੀਆਂ ਨੇ ਭਾਗ ਲਿਆ। ਸੰਸਥਾ ਦੀ ਸੰਸਥਾਪਕ ਤੇ ਪ੍ਰਧਾਨ ਪੂਜਾ ਬਕਸ਼ੀ ਦੇ ਮਾਰਗਦਰਸ਼ਨ ਹੇਠ ਆਯੋਜਿਤ ਇਸ ਪ੍ਰੋਗਰਾਮ ਦੌਰਾਨ ਭਾਗੀਦਾਰਾਂ ਨੂੰ ਤਜਰਬੇਕਾਰ ਅਧਿਆਪਿਕਾਂ ਵੱਲੋਂ ਸਿਲਾਈ ਨਾਲ ਸੰਬੰਧਿਤ ਵਿਹਾਰਿਕ ਅਤੇ ਤਕਨੀਕੀ ਸਿਖਲਾਈ ਪ੍ਰਦਾਨ ਕੀਤੀ ਗਈ।



## ਜਾਖੜ ਦੱਸਣ ਮੋਗਾ 'ਚ ਰੈਲੀ ਕਰਨ ਆਏ ਆਗੂ ਕੀ ਕੋਟਕਪੂਰਾ ਤੋਂ ਆਏ ਸਨ : ਪੰਨੂ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸਟੇਟ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਪੰਜਾਬ ਭਾਜਪਾ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਵੱਲੋਂ ਅੰਮ੍ਰਿਤਸਰ ਧਰਨੇ ਦੌਰਾਨ ਦਿੱਤੇ ਗਏ ਬਿਆਨ 'ਤੇ ਤਿੱਖਾ ਪਲਟਵਾਰ ਕੀਤਾ ਹੈ। ਪੰਨੂ ਨੇ ਕਿਹਾ ਕਿ ਜਾਖੜ ਸਾਹਿਬ ਕਹਿ ਰਹੇ ਸਨ ਕਿ ਪੰਜਾਬ ਵਾਲਿਆਂ ਨੂੰ ਬਾਹਰਲਿਆਂ ਨੂੰ ਬਾਹਰ ਦਾ ਰਸਤਾ ਦਿਖਾਉਣਾ ਚਾਹੀਦਾ ਹੈ।ਪੰਨੂ ਨੇ ਜਾਖੜ ਨੂੰ ਸਵਾਲ ਕਰਦਿਆਂ ਪੁੱਛਿਆ ਕਿ ਜਾਖੜ ਸਾਹਿਬ ਪਿਛਲੇ ਦਿਨੀਂ ਜੋ ਤੁਹਾਡੇ ਨੇਤਾ ਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਮੋਗਾ ਵਿੱਚ ਰੈਲੀ ਕਰਨ ਆਏ ਸਨ, ਕੀ ਉਹ ਕੋਟਕਪੂਰਾ ਤੋਂ ਚੱਲ ਕੇ ਆਏ ਸਨ ? ਜੋ ਲੋਕ ਖੁਦ ਦਿੱਲੀ ਦੇ ਇਸ਼ਾਰਿਆਂ 'ਤੇ ਪੰਜਾਬ ਦੀ ਸਿਆਸਤ ਕਰ ਰਹੇ ਹਨ, ਉਨ੍ਹਾਂ ਨੂੰ ਦੂਜਿਆਂ ਨੂੰ ਬਾਹਰੀ ਦੱਸਣ ਦਾ ਕੋਈ ਨੈਤਿਕ ਅਧਿਕਾਰ ਨਹੀਂ ਹੈ।ਬਲਤੇਜ ਪੰਨੂ ਨੇ ਭਾਜਪਾ ਤੇ ਜਾਖੜ 'ਤੇ ਹਮਲਾ ਬੋਲਦਿਆਂ ਕਿਹਾ ਕਿ ਤੁਹਾਨੂੰ ਅਸਲ ਤਕਲੀਫ਼ ਇਸ ਗੱਲ ਦੀ ਹੈ ਕਿ ਅੱਜ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਹੈ, ਜੋ ਸਧਾਰਨ ਘਰਾਂ ਦੇ ਧੀਆਂ-ਪੁੱਤਾਂ ਦੀ ਸਰਕਾਰ ਹੈ। ਤੁਹਾਡੇ ਵਰਗੇ ਰਸੂਖਦਾਰ ਆਗੂਆਂ ਨੂੰ ਇਹ ਹਜ਼ਮ ਨਹੀਂ ਹੋ ਰਿਹਾ ਕਿ ਇੱਕ ਆਮ ਇਨਸਾਨ ਸੱਤਾ ਦੀ ਕੁਰਸੀ 'ਤੇ ਬੈਠ ਕੇ ਜਨਤਾ ਦੀ ਸੇਵਾ ਕਿਵੇਂ ਕਰ ਰਿਹਾ ਹੈ। ਤੁਸੀਂ ਧਰਨੇ ਵਿੱਚ ਜੋ ਵੀ ਜ਼ਹਿਰ ਉਗਲਿਆ ਹੈ, ਪੰਜਾਬ ਦੇ ਲੋਕ ਉਸ ਨੂੰ ਚੰਗੀ ਤਰ੍ਹਾਂ ਸਮਝਦੇ ਹਨ। ਸੂਬੇ ਦੀ ਜਨਤਾ ਜਾਣਦੀ ਹੈ ਕਿ ਅਸਲੀ ਚਿੱਟੇ ਤੇ ਭ੍ਰਿਸ਼ਟਾਚਾਰ ਦੇ ਸਰਪ੍ਰਸਤ ਕੌਣ ਰਹੇ ਹਨ।



## 6 ਸੜਕਾਂ ਦਾ 2.40 ਕਰੋੜ ਦੀ ਲਾਗਤ ਨਾਲ ਹੋਵੇਗਾ ਨਵੀਨੀਕਰਨ : ਵਿਧਾਇਕ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਵਿਧਾਨ ਸਭਾ ਹਲਕਾ ਚੱਬੇਵਾਲ ਤੋਂ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਪਿੰਡ ਚੇਲਾ ਵਿਖੇ ਪਿੰਡ ਵਾਸੀਆਂ ਤੱਕ ਪਹੁੰਚ ਕੀਤੀ।ਇਸ ਮੌਕੇ ਤੇ ਪਿੰਡ ਵਾਸੀਆਂ ਨੂੰ ਜਾਣਕਾਰੀ ਦਿੱਤੀ ਕਿ ਪਿੰਡ ਚੇਲਾ ਨੂੰ ਲਗਦੀਆਂ 6 ਸੜਕਾਂ ਦਾ 2.40 ਕਰੋੜ ਰੁਪਏ ਦੀ ਲਾਗਤ ਨਾਲ ਨਵੀਨੀਕਰਨ ਕੀਤਾ ਜਾ ਰਿਹਾ ਹੈ ਜਿਸ ਨਾਲ ਚੇਲਾ ਤੇ ਇਸ ਦੇ ਆਲੇ-ਦੁਆਲੇ ਦੇ ਦਰਜ਼ਨਾਂ ਪਿੰਡਾਂ ਦੇ ਵਸਨੀਕਾਂ ਦੀ ਆਵਾਜਾਈ ਹੋਰ ਸੁਖਾਲੀ ਹੋ ਜਾਵੇਗੀ।ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਪਿੰਡ ਚੱਕ ਮੂਸਾ ਦਾਤਾ ਚੇਲਾ ਤੋਂ ਈਸਪੁਰ ਤੱਕ 3 ਕਿਲੋਮੀਟਰ ਲੰਬਾਈ ਵਾਲੀ ਸੜਕ ਦਾ ਕੰਮ 45 ਲੱਖ ਰੁਪਏ ਦੀ ਲਾਗਤ ਨਾਲ ਮੁਕੰਮਲ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਮਖ਼ਸੂਸਪੁਰ ਤੋਂ ਪੰਡੋਰੀ ਗੰਗਾ ਵਾਇਆ ਚੇਲਾ 1.8 ਕਿਲੋਮੀਟਰ ਲੰਬਾਈ ਵਾਲੀ ਸੜਕ ਦਾ ਕੰਮ ਮੁਕੰਮਲ ਹੋਣ ਨਾਲ ਲੋਕਾਂ ਨੂੰ ਵੱਡੀ ਸਹੂਲਤ ਮਿਲੇਗੀ। ਉਨ੍ਹਾਂ ਦੱਸਿਆ ਕਿ ਇਹ ਕਾਰਜ 35 ਲੱਖ ਰੁਪਏ ਦੀ ਲਾਗਤ ਨਾਲ ਨੇਪਰੇ ਚੜ੍ਹੇਗਾ। ਇਸੇ ਤਰ੍ਹਾਂ ਸੰਤ ਬਾਬਾ ਹਰੀ ਸਿੰਘ ਕੁਟੀਆ ਤੋਂ ਪਿੰਡ ਚੇਲਾ ਤੱਕ 34 ਲੱਖ ਰੁਪਏ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤੋਂ ਪਿੰਡ ਚੇਲਾ ਪੰਡੋਰੀ ਤੱਕ ਸੜਕ ਦੇ ਨਵੀਨੀਕਰਨ 'ਤੇ 21 ਲੱਖ ਰੁਪਏ ਖਰਚੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਚੇਲਾ ਤੋਂ ਨਹਿਰ ਦੀ ਪੱਟੀ ਤੱਕ ਇਕ ਕਿਲੋਮੀਟਰ ਸੜਕ ਨੂੰ 18 ਲੱਖ ਰੁਪਏ ਦੀ ਲਾਗਤ ਨਾਲ ਸੁਖਾਲੀ ਆਵਾਜਾਈ ਵਾਲੀ ਸੜਕ ਬਣਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ ਪਿੰਡ ਕੋਟ ਫਤੂਹੀ ਤੋਂ ਮੰਨਣਹਾਨਾ-ਚੱਕ ਮੂਸਾ-ਦਾਤਾ -ਚੇਲਾ ਨੂੰ ਈਸਪੁਰ ਤੱਕ 5.2 ਕਿਲੋਮੀਟਰ ਲੰਬਾਈ ਵਾਲੀ ਸੜਕ ਨੂੰ ਵੀ 87 ਲੱਖ ਰੁਪਏ ਦੀ ਲਾਗਤ ਨਾਲ ਬਹੁਤ ਹੀ ਵਧੀਆ ਸੜਕ ਵਿਚ ਤਬਦੀਲ ਕੀਤਾ ਜਾ ਰਿਹਾ ਹੈ।ਡਾ. ਇਸ਼ਾਂਕ ਕੁਮਾਰ ਨੇ ਦੱਸਿਆ ਕਿ ਇਹਨਾਂ ਸੜਕਾਂ ਦੇ ਕੰਮ ਦੀ ਟੈਂਡਰ ਪ੍ਰਕਿਰਿਆ ਮੁਕੰਮਲ ਹੋ ਚੁੱਕੀ ਹੈ ਅਤੇ ਜਲਦ ਹੀ ਨਿਰਮਾਣ ਕਾਰਜ ਕਾਰਜ ਸ਼ੁਰੂ ਕਰ ਦਿੱਤਾ ਜਾਵੇਗਾ ਅਤੇ ਇਹ ਸਾਰੀਆਂ ਸੜਕਾਂ ਨੂੰ ਨਵੀਂ ਦਿੱਖ ਪ੍ਰਦਾਨ ਕੀਤੀ ਜਾਵੇਗੀ। ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਪਿੰਡ ਚੇਲਾ ਵਿਚ 15 ਲੱਖ ਰੁਪਏ ਦੀ ਲਾਗਤ ਨਾਲ ਲਗਾਏ ਜਾ ਰਹੇ ਟਿਊਬਵੈੱਲ ਦਾ ਵੀ ਨੀਂਹ ਪੱਥਰ ਰੱਖਦਿਆਂ ਕਿਹਾ ਕਿ ਲੋਕਾਂ ਨੂੰ ਪੀਣ ਵਾਲੇ ਪਾਣੀ ਦੀ ਸੁਚੱਜੀ ਸਪਲਾਈ ਅਸਰਦਾਰ ਢੰਗ ਨਾਲ ਮੁਹੱਈਆ ਕਰਵਾਈ ਜਾਵੇਗੀ ਅਤੇ ਕੋਈ ਵੀ ਪਰਿਵਾਰ ਪਾਣੀ ਦੀ ਉਪਲਬੱਧਤਾ ਤੋਂ ਵਾਂਝਾ ਨਹੀਂ ਰਹੇਗਾ। ਇਸ ਮੌਕੇ ਤੇ ਸਰਪੰਚ ਬਲਜੀਤ ਕੌਰ ਨੇ ਪਿੰਡ ਵਾਸੀਆਂ ਦੀ ਮੰਗ ਤੇ ਸ਼ਮਸ਼ਾਨਘਾਟ ਦੀ ਸ਼ੈਡ ਲਈ 3 ਲੱਖ ਅਤੇ ਸੀਵਰੇਜ ਲਈ 1.50 ਲੱਖ ਦੀ ਗ੍ਰਾਂਟ ਜਾਰੀ ਕੀਤੇ ਜਾਨ ਲਈ ਵਿਧਾਇਕ ਡਾ. ਇਸ਼ਾਂਕ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਸਾਬਕਾ ਸਰਪੰਚ ਹਰਦੀਪ ਸਿੰਘ, ਡਾ. ਵਿਪਨ ਪੰਚਨੰਗਲ, ਸਾਬਕਾ ਸਰਪੰਚ ਗੋਪਾਲ ਦਾਤਾ, ਸਾਬਕਾ ਸਰਪੰਚ ਕਾਲੂਪੁਰ ਦਵਿੰਦਰ, ਤਰਲੋਚਨ ਪੰਚ, ਹਰਪਾਲ ਪੰਚ, ਅਮਰਜੀਤ ਕੌਰ ਪੰਚ, ਮਾਸਟਰ ਬਲਵੀਰ ਸਿੰਘ, ਅਵਤਾਰ ਸਿੰਘ, ਚਰਨਦਾਸ ਪੰਚ, ਭੁਪਿੰਦਰ ਸਿੰਘ , ਰਾਜਵਿੰਦਰ ਸਿੰਘ, ਬਲਵੀਰ ਸਿੰਘ, ਰਾਜ ਕੁਮਾਰ ਆਦਿ ਮਜੂਦ ਸਨ।



## ਦਰਬਾਰ ਬਾਬਾ ਹਾਥੀ ਰਾਮ ਗੁਣਾਚੌਰ ਦਾ 30 ਲੱਖ ਦਾ ਬਜਟ ਪੇਸ਼

**ਫਿਲੌਰ (ਨਿਰਮਲ)**- ਨਜ਼ਦੀਕੀ ਪਿੰਡ ਗੁਣਾਚੌਰ ਦੇ ਗੁਆਰ ਭਾਈਚਾਰੇ ਦੇ ਉੱਤਰੀ ਭਾਰਤ ਦੇ ਸਭ ਤੋਂ ਵੱਡੇ ਦਰਬਾਰ ਬਾਬਾ ਹਾਥੀ ਰਾਮ ਜੀ ਦੀ ਪ੍ਰਬੰਧਕ ਕਮੇਟੀ ਵਲੋਂ ਪ੍ਰਧਾਨ ਡਾ . ਕੁਲਵੰਤ ਰਾਮਾ ਨਗਰ ਦੀ ਅਗਵਾਈ ਤੇ ਸਮੂਹ ਸੰਗਤ ਦੀ ਹਾਜ਼ਰੀ 'ਚ ਸਾਲ 2025-26 ਦਾ 30 ਲੱਖ 6 ਹਜ਼ਾਰ 970 ਰੁਪਏ ਦਾ ਬੱਜਟ ਪੇਸ਼ ਕੀਤਾ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਨੁਮਾਇੰਦੇ ਅਕਾਊਂਟੈਂਟ ਮੁਕੇਸ਼ ਗੁਲਾਟੀ ਤੇ ਮੁੱਖ ਸੇਵਾਦਾਰ ਬਾਬਾ ਸੁਰਿੰਦਰ ਸਿੰਘ ਵੀ ਹਾਜ਼ਰ ਸਨ। ਪ੍ਰਧਾਨ ਡਾ. ਰਾਮਾ ਨੇ ਦੱਸਿਆ ਕਿ ਸੰਗਤ ਦੇ ਇਸ ਚੜ੍ਹਾਵੇ ਵਾਲੇ ਬੱਜਟ ਵਿਚੋਂ 27 ਲੱਖ 54 ਹਜ਼ਾਰ 963 ਰੁਪਏ ਦਰਬਾਰ ਦੇ ਪ੍ਰਬੰਧਾਂ ਤੇ ਉਸਾਰੀਆਂ ਲਈ ਖਰਚੇ ਗਏ।ਡਾ. ਰਾਮਾ ਨੇ ਸਮੂਹ ਸੰਗਤ ਦਾ ਧੰਨਵਾਦ ਕਰਦਿਆਂ ਕਿਹਾ ਕਿ ਬਾਬਾ ਹਾਥੀ ਰਾਮ ਦੀ ਕਿਰਪਾ ਤੇ ਸੰਗਤ ਦੇ ਅਸ਼ੀਰਵਾਦ ਨਾਲ ਪ੍ਰਬੰਧਕ ਕਮੇਟੀ ਇਤਿਹਾਸ ਦਾ ਹੁਣ ਤੱਕ ਦਾ ਸਭ ਤੋਂ ਵੱਡਾ ਬੱਜਟ ਪੇਸ਼ ਕਰ ਸਕੀ ਹੈ ਅਤੇ ਉਹਨਾਂ ਇਹ ਵੀ ਕਿਹਾ ਕਿ ਪ੍ਰਬੰਧਕ ਕਮੇਟੀ ਦਾ ਸਮੁੱਚਾ ਕਾਰਜ ਪਾਰਦਰਸ਼ੀ ਹੈ ਤੇ ਕੋਈ ਵੀ ਮੈਂਬਰ ਜਦੋਂ ਮਰਜ਼ੀ ਹਿਸਾਬ ਪੁੱਛ ਸਕਦਾ ਹੈ। ਦੱਸਣਯੋਗ ਹੈ ਕਿ ਸੰਗਤ 'ਚ ਇਹ ਗੱਲ ਚਰਚਾ ਦਾ ਵਿਸ਼ਾ ਬਣੀ ਹੋਈ ਹੈ ਕਿ ਪ੍ਰਧਾਨ ਡਾ. ਕੁਲਵੰਤ ਰਾਮਾ ਤੇ ਚੇਅਰਮੈਨ ਪਰਮਜੀਤ ਕੁਲਥਮ ਦੀ ਜੋੜੀ ਦੀ ਅਗਵਾਈ ਨੇ ਦਰਬਾਰ ਦੀ ਤਰੱਕੀ ਨੂੰ ਕਈ ਗੁਣਾ ਤੇਜ਼ ਕਰ ਦਿੱਤਾ ਹੈ ਜਿਸ ਕਾਰਨ ਦਰਬਾਰ ਦੀ ਨੁਹਾਰ ਹੀ ਬਦਲ ਗਈ ਹੈ।



## ਸ਼ਾਂਤਪੁਰੀ ਨੇ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਪੂਰਾ ਕੀਤਾ : ਚਾਹਲ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਜਸਬੀਰ ਸਿੰਘ ਸ਼ਾਂਤਪੁਰੀ ਨੇ ਚੌਂਤੀ ਸਾਲ ਵੱਖ-ਵੱਖ ਮੰਚਾਂ ਉੱਤੇ ਕੰਮ ਕਰਦਿਆਂ ਆਪਣੇ ਰੁਤਬੇ ਉੱਤੇ ਆਂਚ ਨਹੀਂ ਆਉਣ ਦਿੱਤੀ ਅਤੇ ਵਿਭਾਗ ਵੱਲੋਂ ਸੌਂਪੀ ਹਰ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਪੂਰਾ ਕੀਤਾ।ਉਸ ਦਾ ਕਾਰਜ ਅੱਜ ਆਪਣੇ ਆਪ ਮੂੰਹੋਂ ਬੋਲਦਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਗੌਰਮਿੰਟ ਟੀਚਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ ਨੇ ਪਿੰਡ ਮੁੰਡੀਆਂ ਵਿਖੇ ਕੀਤਾ, ਜਿੱਥੇ ਕਿ ਸ਼ਾਂਤਪੁਰੀ ਦਾ ਸਰਕਾਰੀ ਮਿਡਲ ਸਕੂਲ ਵਿਖੇ ਵਿਦਾਇਗੀ ਸਮਾਰੋਹ ਕੀਤਾ ਜਾ ਰਿਹਾ ਸੀ। ਇਸ ਮੌਕੇ ਵੱਖ-ਵੱਖ ਬੁਲਾਰਿਆਂ ਨੇ ਸ਼ਾਂਤਪੁਰੀ ਨਾਲ ਕੀਤੇ ਕਾਰਜਾਂ ਬਾਰੇ ਚਰਚਾ ਕੀਤੀ। ਸ਼ਾਂਤਪੁਰੀ ਨੇ ਵੀ ਇਸ ਕਾਰਜ ਲਈ ਅਤੇ ਆਪਣੇ ਅਨੁਭਵ ਬਿਆਨਦਿਆਂ ਆਈਆਂ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਇਤਿਹਾਸ ਦੇ ਲੈਕਚਰਰ ਰਾਬਿੰਦਰ ਸਿੰਘ ਰੱਬੀ ਨੇ ਸ਼ਾਂਤਪੁਰੀ ਬਾਰੇ ਲਿਖੀ ਇੱਕ ਕਵਿਤਾ ਵੀ ਸੁਣਾਈ ਅਤੇ ਇੱਕ ਸੋਵੀਨਰ ਵੀ ਤਿਆਰ ਕੀਤਾ। ਸਕੂਲ ਇੰਚਾਰਜ ਮੈਡਮ ਸ਼ਿਵਾਲੀ ਸ਼ਰਮਾ, ਸਰਕਾਰੀ ਹਾਈ ਸਕੂਲ ਦੁੱਮਣਾ ਦੇ ਮੁੱਖ ਅਧਿਆਪਕ ਗੁਰਪ੍ਰੀਤ ਕੌਰ ਦੁੱਮਣਾ, ਸਮਾਜ ਸੇਵਕ ਨਵਦੀਪ ਸਿੰਘ ਟੋਨੀ (ਇੰਚਾਰਜ ਬਿਜ਼ਨਸ ਬਲਾਸਟਰ), ਡਾ. ਦਲਜੀਤ ਰਾਣੀ, ਪ੍ਰੀਤੀ ਬਾਲਾ ਕੁਰਾਲੀ, ਸਤਵੀਰ ਕੌਰ ਮਾਣੇਮਾਜਰਾ, ਕਰਮਜੀਤ ਸਿੰਘ ਲੱਕੀ ਅਤੇ ਹਰਜਪ ਸਿੰਘ ਕੁਰਾਲੀ ਤੋਂ ਇਲਾਵਾ ਹੋਰ ਕਈ ਬੁਲਾਰਿਆਂ ਨੇ ਸੰਬੋਧਿਤ ਕੀਤਾ। ਸਕੂਲ ਦੇ ਵਿਦਿਆਰਥੀਆਂ ਤੇ ਵਿਦਿਆਰਥਣਾਂ ਨੇ ਵੱਖ-ਵੱਖ ਸੱਭਿਆਚਾਰਕ ਵੰਨਗੀਆਂ ਰਾਹੀਂ ਸਭ ਦਾ ਮਨ ਮੋਹਿਆ। ਇਸ ਮੌਕੇ ਬੀ ਆਰ ਸੀ ਅਜੇ ਅਰੋੜਾ, ਚੰਦਰ ਸ਼ੇਖਰ , ਅਮਨਦੀਪ ਕੌਰ, ਮਨਦੀਪ ਕੌਰ ਕੰਪਿਊਟਰ ਫੈਕਲਟੀ , ਜਸਪਾਲ ਕੌਰ ਬਦਨਪੁਰ, ਕੁਲਬੀਰ ਕੌਰ , ਬਾਵਾ ਸਿੰਘ ਕੁਰਾਲੀ, ਦਵਿੰਦਰ ਕੌਰ ਢੰਗਰਾਲੀ, ਦਿਲਜੋਤ ਕੌਰ, ਏਕਮਜੋਤ ਕੌਰ, ਜਗਵੀਰ ਸਿੰਘ ਖਰੜ, ਰਾਜਵੀਰ ਕੌਰ ਕਲਾਰਾਂ, ਦਵਿੰਦਰ ਕੌਰ ਕੰਧੋਲਾ, ਅਮਨਦੀਪ ਕੌਰ ਸਮਾਣਾ ਕਲਾਂ, ਹਰਪ੍ਰੀਤ ਕੌਰ ਓਇੰਦ, ਮਨਿੰਦਰ ਕੌਰ ਬਰਸਾਲ ਪੁਰ, ਸ਼ੀਨੂੰ ਧਨੌਰੀ, ਮਨਦੀਪ ਕੌਰ ,ਰੁਪਿੰਦਰ ਕੌਰ ਕਾਈਨੌਰ, ਰੁਬਨੀਸ਼ ਕੌਰ ਅਧਰੇੜਾ, ਰੁਪਿੰਦਰ ਕੌਰ ਸੋਤਲ ਬਾਬਾ, ਰਵਿੰਦਰ ਕੌਰ ਕਕਰਾਲੀ, ਹਰਮਨਦੀਪ ਕੌਰ ਸੋਤਲ ਬਾਬਾ, ਰਾਜਿੰਦਰ ਸਿੰਘ ਚੇਅਰਮੈਨ ਸਕੂਲ ਮੈਨੇਜਮੈਂਟ ਕਮੇਟੀ ਮੁੰਡੀਆਂ, ਗੁਰਤੇਜ ਸਿੰਘ , ਸ਼ਵਾਤੀ ਚਾਵਲਾ,ਬਲਜਿੰਦਰ ਕੌਰ, ਰਣਜੀਤ ਕੌਰ ਅਤੇ ਸਿਮਰਨਜੀਤ ਕੌਰ ਆਦਿ ਹਾਜ਼ਰ ਸਨ। ਮੰਚ ਸੰਚਾਲਨ ਜਗਜੀਤ ਸਿੰਘ ਢੰਗਰਾਲੀ ਨੇ ਬਾਖੂਬੀ ਕਰ ਕੇ ਸਰੋਤਿਆਂ ਦਾ ਧਿਆਨ ਖਿੱਚਿਆ।



## ਡਾ. ਅੰਬੇਡਕਰ ਦੇ ਜੀਵਨ 'ਤੇ ਪ੍ਰਸ਼ਨ ਪ੍ਰਤੀਯੋਗਤਾ ਕਰਵਾਈ

**ਬੰਗਾ (ਅਵਤਾਰ ਕਲੇਰ)**- ਹਲਕਾ ਬੰਗਾ ਦੇ ਪਿੰਡ ਬਖਲੌਰ ਵਿਖੇ ਡਾ. ਅੰਬੇਡਕਰ ਚੈਰੀਟੇਬਲ ਸੋਸਾਇਟੀ (ਰਜਿ.) ਵਲੋਂ ਐਨ ਆਰ ਆਈ, ਸਮੂਹ ਗ੍ਰਾਮ ਪੰਚਾਇਤ ਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਦਿਨ 'ਤੇ ਡਾ ਭੀਮ ਰਾਓ ਅੰਬੇਡਕਰ ਦੇ ਇਤਿਹਾਸ ਤੇ ਪ੍ਰਸ਼ਨ ਪ੍ਰਤੀਯੋਗਤਾ ਸਰਕਾਰੀ ਹਾਈ ਸਕੂਲ ਵਿਖੇ ਕਰਵਾਈ ਗਈ। ਇਸ ਪ੍ਰਤੀਯੋਗਤਾ ਵਿੱਚ ਇਲਾਕੇ ਦੇ ਵੱਖ ਵੱਖ ਪਿੰਡਾਂ ਬਖਲੌਰ, ਮਾਲੋਮਜਾਰਾ, ਸ਼ੇਖੂਪੁਰ, ਰਟੈਂਡਾ, ਗੜ੍ਹੀ ਅਜੀਤ ਸਿੰਘ, ਲੜੋਆ, ਮੋਰੋਂ, ਸਾਧਪੁਰ, ਢੱਕ ਮਜਾਰਾ ਦੇ 105 ਬੱਚਿਆਂ ਨੇ ਭਾਗ ਲਿਆ। ਪ੍ਰਤਿਯੋਗਤਾ ਵਿੱਚ 77 ਲੜਕੀਆਂ ਤੇ 28 ਲੜਕਿਆਂ ਨੇ ਪੇਪਰ ਦਿੱਤਾ। ਇਸ ਪ੍ਰਤੀਯੋਗਤਾ ਲਈ ਪਿਛਲੇ ਦਿਨੀ ਸਕੂਲੀ ਬੱਚਿਆ ਨੂੰ ਸੋਸਾਇਟੀ ਵੱਲੋਂ ਦਿਤੀਆਂ ਕਿਤਾਬਾਂ ਵਿੱਚੋਂ ਸਰਕਾਰੀ ਹਾਈ ਸਕੂਲ ਦੇ ਸਟਾਫ ਵਲੋਂ ਬੱਚਿਆਂ ਨੂੰ ਡਾ. ਭੀਮ ਰਾਓ ਅੰਬੇਡਕਰ ਦੇ ਜੀਵਨ ਤੇ ਪੜ੍ਹਾਈ ਕਰਵਾਈ ਜਾ ਰਹੀ ਸੀ। ਸੋਸਾਇਟੀ ਦੇ ਪ੍ਰਧਾਨ ਰਾਮ ਪ੍ਰਕਾਸ਼ ਚੁੰਬਰ, ਲੈਕ.ਮੱਖਣ ਲਾਲ, ਜੋਗਰਾਜ ਸੁਮਨ ਨੇ ਦੱਸਿਆ ਕਿ ਪੰਜਵੀ ,ਛੇਵੀ ,ਸੱਤਵੀ, ਅੱਠਵੀਂ ਦਾ ਗਰੁੱਪ ਅਤੇ ਨੌਂਵੀ ਦਸਵੀ,ਗਿਆਰਵੀ, ਬਾਰਵੀ ਦੇ ਦੋ ਗਰੁੱਪ ਬਣਾਕੇ ਬੱਚਿਆ ਨੂੰ ਦਿਤੀਆ ਗਈਆ ਕਿਤਾਬਾਂ ਵਿੱਚੋਂ ਪ੍ਰਸ਼ਨ ਪ੍ਰਤੀਯੋਗਤਾ ਕਰਵਾਈ ਗਈ ਹੈ। ਜਿਹੜੇ ਵੀ ਇਨਾਂ ਗਰੁੱਪਾਂ ਵਿੱਚੋਂ ਪਹਿਲੇ ਪੰਜ ਬੱਚੇ ਪੁਜੀਸ਼ਨਾਂ ਪ੍ਰਾਪਤ ਕਰਨਗੇ ਉਨਾ ਬੱਚਿਆ ਦਾ ਸੋਸਾਇਟੀ ਵਲੋ 14 ਅਪ੍ਰੈਲ ਨੂੰ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ ਤੇ ਇਸ ਪ੍ਰਤੀਯੋਗਤਾ 'ਚ ਭਾਗ ਲੈਣ ਵਾਲੇ ਸਾਰੇ ਬੱਚਿਆ ਦਾ ਮਾਣ ਸਨਮਾਨ ਕੀਤਾ ਜਾਵੇਗਾ। ਇਸ ਮੌਕੇ ਸਰਪੰਚ ਪੁਨੂੰ ਰਾਮ, ਰਜਿੰਦਰ ਪਾਲ ਪੰਚ, ਸੁਸਾਇਟੀ ਪ੍ਰਧਾਨ ਰਾਮ ਪ੍ਰਕਾਸ਼ ਚੁੰਬਰ, ਲੈਕ. ਮੱਖਣ ਲਾਲ ਬਖਲੌਰ, ਜੋਗਰਾਜ ਸੁਮਨ, ਜਸਵਿੰਦਰ ਸਰੋਆ,ਸਕੂਲ ਇੰਚਾਰਜ ਅਮਰ ਖੁੱਤਣ, ਪ੍ਰਦੀਪ ਕੁਮਾਰ, ਇਕਬਾਲ ਸੁਮਨ, ਸੁਨੀਲ ਸੁਮਨ, ਮਨਦੀਪ ਸਰੋਆ, ਬੇਦ ਪ੍ਰਕਾਸ਼, ਵਿਨੈ ਸਰੋਆ, ਰਿਟਾਇਰਡ ਕੈਪਟਨ ਬੂਟਾ ਸਿੰਘ, ਅਸ਼ੋਕ ਕੁਮਾਰ ਮਹਿਮੀ, ਰਤਨ ਕਿਸ਼ੋਰ, ਜਸਪਾਲ ਸੁਮਨ, ਬਿੱਟੂ ਸੁਮਨ, ਤੀਰਥ ਰਾਮ, ਮੰਗਤ ਰਾਮ ਢੰਡਾ, ਸੁਖਵਿੰਦਰ ਚੁੰਬਰ ਆਦਿ ਹਾਜ਼ਰ ਸਨ।



## ਧਾਰਮਿਕ ਸਮਾਗਮ ਨਾਲ ਨਵੇਂ ਵਿਦਿਅਕ ਸੈਸ਼ਨ ਦਾ ਆਗਾਜ਼

**ਸੁਲਤਾਨਪੁਰ ਲੋਧੀ (ਹਨੀ)**- ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸੁਲਤਾਨਪੁਰ ਲੋਧੀ ਵਿਖੇ ਨਵੇਂ ਵਿਦਿਅਕ ਸੈਸ਼ਨ ਦੀ ਆਰੰਭਤਾ ਮੌਕੇ ਪਰਮਾਤਮਾ ਦਾ ਓਟ ਆਸਰਾ ਲੈਂਦਿਆਂ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ ਦੇ ਵਿੱਚ ਸਕੂਲ ਮੈਨੇਜਮੈਂਟ, ਸਮੂਹ ਸਟਾਫ ਤੇ ਵਿਦਿਆਰਥੀਆਂ ਦੁਆਰਾ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਜਾਪ ਕੀਤੇ ਗਏ ਅਤੇ ਵਿਦਿਅਕ ਅਦਾਰੇ ਤੇ ਵਿਦਿਆਰਥੀਆਂ ਦੀ ਚੜ੍ਹਦੀ ਕਲਾ ਲਈ ਅਰਦਾਸ ਬੇਨਤੀਆਂ ਕੀਤੀਆਂ ਗਈਆਂ ।ਸੈਸ਼ਨ ਦੇ ਆਰੰਭ ਵਿੱਚ ਸਕੂਲ ਦੇ ਪਹਿਲੇ ਦਿਨ ਜਿੱਥੇ ਵਿਦਿਆਰਥੀਆਂ ਵਿੱਚ ਬਹੁਤ ਹੀ ਉਤਸ਼ਾਹ ਦੇਖਿਆ ਗਿਆ, ਉੱਥੇ ਹੀ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਦਾ ਬਹੁਤ ਹੀ ਨਿੱਘਾ ਸਵਾਗਤ ਕੀਤਾ ਗਿਆ।ਅਧਿਆਪਕਾਂ ਦੁਆਰਾ ਬੱਚਿਆਂ ਨੂੰ ਬਹੁਤ ਸਾਰੀਆਂ ਫਨ ਗਤੀਵਿਧੀਆਂ ਕਰਵਾਈਆਂ ਗਈਆਂ ਜਿਹਨਾਂ ਦਾ ਬੱਚਿਆਂ ਨੇ ਬਹੁਤ ਹੀ ਆਨੰਦ ਮਾਣਿਆ ।ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ ,ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਡਾਇਰੈਕਟਰ ਸਕੂਲ ਇੰਜੀਨੀਅਰ ਹਰਨਿਆਮਤ ਕੌਰ ,ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਅਤੇ ਪ੍ਰਿੰਸੀਪਲ ਰੇਨੂੰ ਅਰੋੜਾ ਨੇ ਸਮੁੱਚੇ ਸਟਾਫ ਨੂੰ ਪਹਿਲਾਂ ਦੀ ਤਰ੍ਹਾਂ ਹੀ ਵਿਦਿਆਰਥੀਆਂ ਨੂੰ ਲਗਨ , ਮਿਹਨਤ ਅਤੇ ਪਿਆਰ ਨਾਲ ਪੜ੍ਹਾਉਣ ਲਈ ਪ੍ਰੇਰਿਤ ਕੀਤਾ।



## ਕਿਰਤੀ ਕਿਸਾਨ ਯੂਨੀਅਨ ਦੀ ਮੀਟਿੰਗ

**ਬੰਗਾ (ਅਵਤਾਰ ਕਲੇਰ)**- ਕਿਰਤੀ ਕਿਸਾਨ ਯੂਨੀਅਨ ਇਲਾਕਾ ਬੰਗਾ ਦੀ ਮੀਟਿੰਗ ਗੁਰਦੇਵ ਸਿੰਘ ਚੌਹੜ ਦੀ ਪ੍ਰਧਾਨਗੀ ਹੇਠ ਬੀਬੀ ਅਮਰ ਕੌਰ ਯਾਦਗਾਰੀ ਹਾਲ ਖੱਟਕੜ ਕਲਾਂ ਵਿਖੇ ਹੋਈ । ਮੀਟਿੰਗ ਵਿੱਚ ਕਿਰਤੀ ਕਿਸਾਨ ਯੂਨੀਅਨ ਦੀ ਮੈਂਬਰਸ਼ਿਪ ਕਰਨ ਦਾ ਫੈਸਲਾ ਕੀਤਾ ਗਿਆ। ਕਿਸਾਨ ਮੰਗਾਂ ਦੀ ਪ੍ਰਾਪਤੀ ਲਈ ਸੰਯੁਕਤ ਕਿਸਾਨ ਮੋਰਚੇ ਵਲੋਂ 6 ਅਪ੍ਰੈਲ ਨੂੰ ਡਿਪਟੀ ਕਮਿਸ਼ਨਰ ਦਫਤਰਾਂ ਅੱਗੇ ਧਰਨੇ ਦਿੱਤੇ ਜਾਣਗੇ। ਇਹਨਾਂ ਧਰਨਿਆਂ ਨੂੰ ਸਫਲ ਬਣਾਉਣ ਲਈ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚਣ ਦਾ ਸੱਦਾ ਦਿੱਤਾ ਗਿਆ। ਮੀਟਿੰਗ ਨੂੰ ਤਰਸੇਮ ਸਿੰਘ ਬੈਂਸ, ਸੋਹਣ ਸਿੰਘ ਅਟਵਾਲ ਨੇ ਸੰਬੋਧਨ ਕਰਦਿਆਂ ਕਿਸਾਨ ਮੰਗਾਂ ਦੀ ਚਰਚਾ ਕਰਦਿਆਂ ਕਿਹਾ ਕਿ ਫਸਲਾਂ ਤੇ ਐਮ ਐਸ ਪੀ ਦਿੱਤੀ ਜਾਵੇ। ਬਿਜਲੀ ਬਿੱਲ 2025, ਬੀਜ ਸੋਧ ਬਿੱਲ 2025 ਰੱਦ ਕੀਤਾ। ਇਸ ਮੌਕੇ ਪ੍ਰਧਾਨ ਗੁਰਦੇਵ ਸਿੰਘ ਚੌਹੜ, ਸੋਹਣ ਸਿੰਘ ਅਟਵਾਲ, ਬਲਜਿੰਦਰ ਸਿੰਘ ਮੁਸਾਪੁਰ, ਜਸਵੀਰ ਸਿੰਘ ਨੰਬਰਦਾਰ , ਕਸ਼ਮੀਰ ਸਿੰਘ ਮੱਲਪੁਰ ਅੜਕਾਂ, ਨਿਰਮਲ ਸਿੰਘ ਨੰਬਰਦਾਰ, ਕਸ਼ਮੀਰ ਸਿੰਘ ਕਾਹਮਾ, ਕੁਲਵੀਰ ਸਿੰਘ ਮੁਸਾਪੁਰ, ਬਹਾਦਰ ਸਿੰਘ ਮੁਸਾਪੁਰ,ਸੁਖਵੀਰ ਸਿੰਘ ਮੁਸਾਪੁਰ, ਮਲਕੀਤ ਸਿੰਘ ਪੱਲੀ ਉੱਚੀ ਹਾਜ਼ਰ ਸਨ।



## ਸੇਵਾ-ਮੁਕਤੀ 'ਤੇ ਪ੍ਰਿੰਸੀਪਲ ਸੰਜੀਵ ਕੁਮਾਰ ਨੂੰ ਕੀਤਾ ਸਨਮਾਨਤ

**ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ)**- ਨਵਾਂ ਪਿੰਡ ਦੋਨੇਵਾਲ ਤੇ ਟੁਰਨਾ ਦੇ ਸਰਕਾਰੀ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਸੰਜੀਵ ਕੁਮਾਰ ਨੂੰ ਆਪਣੀਆਂ ਬੇਦਾਗ ਸੇਵਾਵਾਂ ਨਿਭਾਉਂਦੇ ਹੋਏ ਆਪਣੇ ਅਹੁਦੇ ਤੋਂ ਸੇਵਾ ਮੁਕਤ ਹੋਏ। ਇਸ ਸੇਵਾ ਮੁਕਤੀ ਸਮਾਰੋਹ ਸਮੇਂ ਨਵਾਂ ਪਿੰਡ ਦੋਨੇਵਾਲ ਅਤੇ ਪਿੰਡ ਟੁਰਨਾ ਦੀ ਸਮੂਹ ਨਗਰ ਪੰਚਾਇਤ, ਸਕੂਲ ਪ੍ਰਬੰਧਕ ਕਮੇਟੀ ਅਤੇ ਸਮੂਹ ਸਟਾਫ ਵੱਲੋਂ ਉਹਨਾਂ ਨੂੰ ਵਿਦਾਇਗੀ ਪਾਰਟੀ ਦਿੱਤੀ ਗਈ। ਇਸ ਸਮਾਰੋਹ ਮੌਕੇ ਨਵਾਂ ਪਿੰਡ ਦੋਨੇਵਾਲ ਦੇ ਨੰਬਰਦਾਰ ਪਰਮਜੀਤ ਸਿੰਘ, ਸੰਤੋਖ ਸਿੰਘ ਵਾਈਸ ਚੇਅਰਮੈਨ ਬਲਾਕ ਸੰਮਤੀ ਅਤੇ ਨਵਾਂ ਪਿੰਡ ਦੋਨੇਵਾਲ ਦੇ ਸਰਪੰਚ ਅਵਤਾਰ ਸਿੰਘ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਪ੍ਰਿੰਸੀਪਲ ਸੰਜੀਵ ਕੁਮਾਰ ਰੋਜ਼ਾਨਾ 150 ਕਿਲੋਮੀਟਰ ਦਾ ਸਫਰ ਤੈਅ ਕਰਕੇ ਸਮੇਂ ਸਿਰ ਸਕੂਲ ਪਹੁੰਚ ਕੇ ਆਪਣੀ ਡਿਊਟੀ ਬਾਖੂਬੀ ਨਿਭਾਉਂਦੇ ਰਹੇ। ਉਹਨਾਂ ਕਿਹਾ ਕਿ ਸਿੱਖਿਆ ਵਿਭਾਗ ਵੱਲੋਂ ਪ੍ਰਿੰਸੀਪਲ ਸੰਜੀਵ ਕੁਮਾਰ ਦੀਆਂ ਵਧੀਆ ਸੇਵਾਵਾਂ ਪ੍ਰਤੀ ਦੇਖਦੇ ਹੋਏ ਹਮੇਸ਼ਾ ਬਣਦਾ ਮਾਣ ਸਨਮਾਨ ਦਿੱਤਾ ਜਾਂਦਾ ਰਿਹਾ ਹੈ । ਇਸ ਮੌਕੇ ਸਟੇਜ ਸਕੱਤਰ ਦੀ ਭੂਮਿਕਾ ਮਾਸਟਰ ਵਿਜੇ ਕੁਮਾਰ ਵਿਗ ਨੇ ਬਾਖੂਬੀ ਨਿਭਾਈ।ਇਸ ਮੌਕੇ ਪਰਮਜੀਤ ਸਿੰਘ ਨੰਬਰਦਾਰ, ਸਰਪੰਚ ਅਵਤਾਰ ਸਿੰਘ, ਸੰਤੋਖ ਸਿੰਘ ਵਾਇਸ ਚੇਅਰਮੈਨ, ਦਰਸ਼ਨ ਸਿੰਘ ਸਰਪੰਚ ਟੁਰਨਾ, ਪੰਚ ਸੁਖਵਿੰਦਰ ਸਿੰਘ, ਪੰਚ ਗੁਰਮੁਖ ਸਿੰਘ, ਪੰਚ ਚਰਨਜੀਤ ਚੰਨੀ, ਬਲਵੀਰ ਸਿੰਘ ਚੇਅਰਮੈਨ, ਗੁਰਲਾਲ ਸਿੰਘ, ਰਾਜਵੰਤ ਸਿੰਘ ਰਾਜਾ ਸਾਬਕਾ ਸਰਪੰਚ, ਬਲਵਿੰਦਰ ਸਿੰਘ ਆੜ੍ਹਤੀਆ, ਮਾਸਟਰ ਕੁਲਵਿੰਦਰ ਸਿੰਘ ਜੋਸਨ, ਜਸਵੀਰ ਸਿੰਘ, ਅਮਰਜੀਤ ਸਿੰਘ, ਜਸਵਿੰਦਰ ਸਿੰਘ, ਸਤਪਾਲ ਤਾਸਪੁਰ, ਆਸ਼ੂ ਮਹਿੰਦਰੂ, ਸੁਖਮੰਦਰ ਸਿੰਘ, ਬਲਵਿੰਦਰ ਸਿੰਘ, ਮੁਖਤਿਆਰ ਸਿੰਘ, ਮਾਸਟਰ ਰਵੀ ਸ਼ੰਕਰ, ਕੁਲਦੀਪ ਸਿੰਘ ਵਿਜੇ ਕੁਮਾਰ ਵਿਗ, ਦਮਨਦੀਪ ਸਿੰਘ, ਸੰਦੀਪ ਕੁਮਾਰ, ਨਰਿੰਦਰ, ਸਰਬਜੀਤ ਕੌਰ, ਹਰਜਿੰਦਰ ਕੌਰ, ਮਨਦੀਪ ਕੌਰ, ਕਿਰਨ ਬਾਲਾ, ਨਵਦੀਪ ਕੌਰ, ਮਨਪ੍ਰੀਤ ਕੌਰ, ਜਸਵੰਤ ਕੌਰ, ਜਸਵੀਰ ਕੌਰ, ਸੁਰਜੀਤ ਕੌਰ, ਤਰਨਪ੍ਰੀਤ ਕੌਰ, ਆਦਿ ਹਾਜ਼ਰ ਸਨ।



## ਖੇਤਾਂ ਤੋਂ ਪਲੇਟ ਤੱਕ - ਪੰਜਾਬ ਦੀ ਖੇਤੀਬਾੜੀ ਨੂੰ ਮਜ਼ਬੂਤ ਕਰਨ ਲਈ ਇੱਕ ਨਿਵੇਕਲੀ ਪਹਿਲਕਦਮੀ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਟਿਕਾਊ ਖੇਤੀਬਾੜੀ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦਿਆਂ, ਪੰਜਾਬ ਰਾਜ ਖੁਰਾਕ ਕਮਿਸ਼ਨ ਨੇ ਆਰ ਈ: ਜੈਨਰੇਟਿੰਗ ਪੰਜਾਬ ਦੇ ਸਹਿਯੋਗ ਨਾਲ ਮਿੱਟੀ ਤੋਂ ਥਾਲੀ ਪਹਿਲਕਦਮੀ ਦੀ ਸ਼ੁਰੂਆਤ ਕੀਤੀ, ਜਿਸ ਦਾ ਉਦੇਸ਼ ਰਾਜ ਭਰ ਵਿੱਚ ਮਿੱਟੀ ਦੀ ਸਿਹਤ ਨੂੰ ਬਹਾਲ ਕਰਨਾ ਅਤੇ ਖੇਤੀ ਪ੍ਰਣਾਲੀ ਨੂੰ ਮਜ਼ਬੂਤ ਬਣਾਉਣਾ ਹੈ।ਇਸ ਸਮਾਗਮ ਦੀ ਪ੍ਰਧਾਨਗੀ ਕਰਦੇ ਹੋਏ ਚੇਅਰਮੈਨ ਬਾਲ ਮੁਕੰਦ ਸ਼ਰਮਾ ਨੇ ਮਿੱਟੀ ਦੀ ਘਟਦੀ ਉਪਜਾਊ ਸ਼ਕਤੀ, ਭੂਮੀਗਤ ਪਾਣੀ ਦੀ ਕਮੀ ਅਤੇ ਵਾਤਾਵਰਣੀ ਚੁਣੌਤੀਆਂ ਨਾਲ ਨਜਿੱਠਣ ਲਈ ਸਾਂਝੀ ਪਹੁੰਚ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਸੈਮੀਨਾਰ ਦਾ ਅਰੰਭ ਕਰਦਿਆਂ ਮਿਸ ਸੁਮਿਤ ਸੰਧੂ (ਦਿੱਲੀ), ਸੰਸਥਾਪਕ ਸਟੀਵਰਡ, ਆਰ ਈ: ਜੈਨਰੇਟਿੰਗ ਪੰਜਾਬ ਨੂੰ ਏਜੰਡਾ ਪੇਸ਼ ਕਰਨ ਲਈ ਸੱਦਾ ਦਿੱਤਾ।ਸੈਮੀਨਾਰ ਵਿੱਚ ਪੰਜਾਬ, ਯੂ ਐਸ ਏ ਅਤੇ ਯੂਕੇ ਤੋਂ ਆਏ ਲਗਭਗ ਡੇਢ ਦਰਜਨ ਮਾਹਰਾਂ ਅਤੇ ਚੁਣਵੇਂ ਕਿਸਾਨਾਂ ਨੇ ਭਾਗ ਲਿਆ ਅਤੇ ਆਪਣੇ ਵਿਚਾਰ ਸਾਂਝੇ ਕੀਤੇ। ਚਰਚਾ ਦੌਰਾਨ ਔਰਗੈਨਿਕ ਖੇਤੀ, ਬਦਲਵਾਂ ਫਸਲੀ ਚੱਕਰ, ਗੰਡੋਇਆ ਅਧਾਰਿਤ ਖਾਦ, ਮਿੱਟੀ ਵਿੱਚ ਜੈਵਿਕ ਕਾਰਬਨ, ਪਾਣੀ ਦੀ ਸਮਝਦਾਰ ਵਰਤੋਂ, ਫੂਡ ਪ੍ਰੋਸੈਸਿੰਗ ਅਤੇ ਐਕਸਪੋਰਟ ਵਰਗੇ ਅਹਿਮ ਮਸਲਿਆਂ 'ਤੇ ਵਿਚਾਰ ਹੋਇਆ। ਸਾਰੇ ਵਿਚਾਰਾਂ ਦਾ ਕੇਂਦਰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ ਨਾਲ ਜੁੜਿਆ ਰਿਹਾ।ਸੈਮੀਨਾਰ ਦੇ ਭਾਗੀਦਾਰਾਂ ਵਿੱਚ ਸੁਮਿਤ ਸੰਧੂ (ਦਿੱਲੀ), ਮੁਕਤੀ ਕੁਮਾਰ (ਜੰਮਪਲ, ਇੰਗਲੈਂਡ), ਜੋਤੀ ਸਰੂਪ (ਉਨਤੀ ਕਾਰਪੋਰੇਟਿਵ), ਰਜਨੀਸ਼ ਸ਼ਰਮਾ (ਗੰਡੋਇਆ ਦੀ ਖਾਦ ਬਣਾਉਣ ਵਿੱਚ ਮਾਹਰ), ਜਤਿੰਦਰ ਕੌਰ ਅਰੋੜਾ (ਸਾਬਕਾ ਕਾਰਜਕਾਰੀ ਨਿਰਦੇਸ਼ਕ, ਵਿਗਿਆਨ ਅਤੇ ਤਕਨਾਲੋਜੀ ਕੌਂਸਲ), ਰਿਪਨਦੀਪ ਸਿੰਘ (ਸਹਾਇਕ ਡਾਇਰੈਕਟਰ, ਚੰਡੀਗੜ੍ਹ ਯੂਨੀਵਰਸਿਟੀ, ਘੜੂੰਆਂ), ਤਰੁਨ ਸੇਨ (ਮੈਨੇਜਰ, ਪੰਜਾਬ ਐਗਰੋ ਇੰਡਸਟਰੀਜ਼ ਕਾਰਪੋਰੇਸ਼ਨ ਲਿਮਿਟੇਡ), ਐਨ. ਐਸ. ਬਰਾੜ (ਚੇਅਰਮੈਨ, ਪੈਗਰੋ ਫ੍ਰੋਜ਼ਨ ਫੂਡਜ਼ ਪ੍ਰਾਈਵੇਟ ਲਿਮਿਟੇਡ), ਕੇ. ਬੀ. ਸਿੰਘ (ਡਾਇਰੈਕਟਰ, ਪਾਮੇਟੀ, ਪੀ.ਏ.ਯੂ.), ਜਸਪ੍ਰੀਤ ਸਿੰਘ (ਹਲਦੀ ਉਤਪਾਦਕ ਕਿਸਾਨ), ਚਮਕੌਰ ਸਿੰਘ (ਮੋਗਾ), ਗੁਰਮੁਖ ਸਿੰਘ (ਬਟਾਲਾ), ਧਾਲੀਵਾਲ ਸਾਹਿਬ (ਯੂਐਸਏ), ਸਰਬਜੀਤ ਬਾਜਵਾ (ਅੰਮ੍ਰਿਤਸਰ), ਮਾਹਿਰ ਸੱਤ ਸਿੰਘ ਜੀ ਅਤੇ ਹੋਰ ਕਈ ਅਗਾਂਹਵਧੂ ਕਿਸਾਨ ਅਤੇ ਵਿਦਵਾਨ ਸ਼ਾਮਲ ਸਨ।ਇਸ ਤੋਂ ਇਲਾਵਾ, ਕਮਿਸ਼ਨ ਦੇ ਮੈਂਬਰ ਜਸਵੀਰ ਸਿੰਘ ਸੇਖੋਂ ਅਤੇ ਚੇਤਨ ਪ੍ਰਕਾਸ਼ ਧਾਲੀਵਾਲ ਵੀ ਮੌਜੂਦ ਰਹੇ। ਉਨ੍ਹਾਂ ਚੇਅਰਮੈਨ ਬਾਲ ਮੁਕੰਦ ਸ਼ਰਮਾ ਦੀ ਅਗਵਾਈ ਦੀ ਪ੍ਰਸੰਸਾ ਕੀਤੀ।ਮੁਕਤੀ ਕੁਮਾਰ (ਕਾਰਬਨ ਸਾਵੀ, ਯੂਕੇ) ਨੇ ਮਿੱਟੀ ਵਿੱਚ ਜੈਵਿਕ ਕਾਰਬਨ ਦੀ ਮਹੱਤਤਾ ਉਜਾਗਰ ਕੀਤੀ, ਜਦਕਿ ਡਾ. ਬਲਜਿੰਦਰ ਸਿੰਘ ਸੈਣੀ (ਮੁਖੀ, ਟਾਟਾ ਟਰੱਸਟ ਪੰਜਾਬ) ਨੇ ਮਿੱਟੀ ਦੀ ਗੁਣਵੱਤਾ ਸੁਧਾਰਨ ਲਈ ਵਿਹਾਰਕ ਸਿਫ਼ਾਰਸ਼ਾਂ ਸਾਂਝੀਆਂ ਕੀਤੀਆਂ।



## ਜਥੇ. ਮਨਜੀਤ ਸਿੰਘ ਅਕਾਲ ਚਲਾਣਾ ਕਰ ਗਏ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਰਾਜਪੁਰ ਭਾਈਆਂ (ਹੁਸ਼ਿਆਰਪੁਰ) ਦੇ ਸਾਬਕਾ ਸਰਪੰਚ ਮਨਜੀਤ ਸਿੰਘ ਆਪਣੀ ਸੰਸਾਰਕ ਯਾਤਰਾ ਪੂਰੀ ਕਰਦੇ ਹੋਏ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ ਹਨ। ਮਨਜੀਤ ਸਿੰਘ ਦਾ ਜਾਣਾ ਸਿਰਫ਼ ਇੱਕ ਪਰਵਾਰ ਲਈ ਨਹੀਂ, ਸਗੋਂ ਪੂਰੇ ਇਲਾਕੇ ਤੇ ਪ੍ਰਵਾਸੀ ਪੰਜਾਬੀ ਭਾਈਚਾਰੇ ਲਈ ਇੱਕ ਨਾ ਪੂਰਾ ਹੋਣ ਵਾਲਾ ਘਾਟਾ ਹੈ। 1947 ਦੀ ਵੰਡ ਦੇ ਸੰਘਰਸ਼ ਤੋਂ ਲੈ ਕੇ ਕੈਨੇਡਾ ਵਿੱਚ ਇੱਕ ਸਫਲ ਕਾਰੋਬਾਰੀ ਸਥਾਪਿਤ ਹੋਣ ਤੱਕ, ਉਹਨਾਂ ਦਾ ਜੀਵਨ ਮਿਹਨਤ ਤੇ ਇਮਾਨਦਾਰੀ ਦੀ ਮਿਸਾਲ ਰਿਹਾ। ਸੱਤ ਸਮੁੰਦਰ ਪਾਰ ਰਹਿ ਕੇ ਵੀ ਉਹਨਾਂ ਦਾ ਦਿਲ ਹਮੇਸ਼ਾ ਆਪਣੇ ਪਿੰਡ ਦੀ ਮਿੱਟੀ ਅਤੇ ਲੋਕਾਂ ਦੀ ਸੇਵਾ ਲਈ ਧੜਕਦਾ ਸੀ। ਜਥੇਦਾਰ ਮਨਜੀਤ ਸਿੰਘ ਦਾ ਅੰਤਿਮ ਸਸਕਾਰ ਉਹਨਾਂ ਦੇ ਸਪੁੱਤਰ ਦੇ ਵਿਦੇਸ਼ ਤੋਂ ਪਰਤਣ ਉਪਰੰਤ ਕੀਤਾ ਜਾਵੇਗਾ। ਸਸਕਾਰ ਦੀ ਮਿਤੀ ਤੇ ਸਮੇਂ ਦੀ ਜਾਣਕਾਰੀ ਜਲਦ ਹੀ ਸਾਂਝੀ ਕੀਤੀ ਜਾਵੇਗੀ।



## ਵਿਦਿਆਰਥੀਆਂ ਨੇ ਪੁਸਤਕ ਮੇਲੇ 'ਚ ਲਿਆ ਹਿੱਸਾ



**ਚੀਮਾ ਮੰਡੀ (ਰਵਿੰਦਰ ਚੀਮਾ)**-ਮਾਡਰਨ ਕਾਲਜ ਬੀਰ ਕਲਾਂ (ਸੰਗਰੂਰ) ਦੀ ਤਰਫੋਂ ਵਿਦਿਆਰਥੀਆਂ ਨੂੰ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਲੱਗੇ ਪੁਸਤਕ ਮੇਲੇ ਲਈ ਲਿਜਾਇਆ ਗਿਆ।ਇਸ ਦੌਰੇ ਦੌਰਾਨ ਵਿਦਿਆਰਥੀਆਂ ਨੇ ਵੱਖ-ਵੱਖ ਵਿਸ਼ਿਆਂ ਨਾਲ ਸੰਬੰਧਤ ਪੁਸਤਕਾਂ ਦਾ ਅਧਿਐਨ ਕੀਤਾ ਤੇ ਨਵੀਂ ਜਾਣਕਾਰੀ ਹਾਸਲ ਕੀਤੀ।ਪੁਸਤਕ ਮੇਲੇ ਵਿੱਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ ਤੇ ਆਪਣੇ ਰੁਚੀ ਅਨੁਸਾਰ ਕਈ ਪੁਸਤਕਾਂ ਵੀ ਖਰੀਦੀਆਂ।ਇਸ ਮੌਕੇ ਉਨ੍ਹਾਂ ਨੂੰ ਪੜ੍ਹਾਈ ਦੇ ਮਹੱਤਵ ਤੇ ਪੁਸਤਕਾਂ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ ਗਿਆ।ਕਾਲਜ ਪ੍ਰਬੰਧਕਾਂ ਵੱਲੋਂ ਇਸ ਤਰ੍ਹਾਂ ਦੇ ਸਿਖਿਆਤਮਕ ਦੌਰਿਆਂ ਨੂੰ ਵਿਦਿਆਰਥੀਆਂ ਦੀ ਗਿਆਨ-ਵ੍ਰਿਧੀ ਲਈ ਲਾਭਕਾਰੀ ਦੱਸਿਆ ਗਿਆ। ਵਿਦਿਆਰਥੀਆਂ ਨੇ ਵੀ ਇਸ ਉਪਰਾਲੇ ਲਈ ਕਾਲਜ ਦਾ ਧੰਨਵਾਦ ਕੀਤਾ।

## ਮਾਤਾ ਗੁਜਰੀ ਸਕੂਲ ਨੇ ਕੇ ਜੀ ਤੋਂ ਲੈ ਕੇ ਪੰਜਵੀਂ ਕਲਾਸ ਦੇ ਨਤੀਜੇ ਐਲਾਨੇ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇਵੀਗੜ੍ਹ ਵਿੱਚ ਯੂ.ਕੇ.ਜੀ. ਤੇ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਦੇ ਸਾਲਾਨਾ ਨਤੀਜੇ ਸਬੰਧੀ ਕਨਵੋਕੇਸ਼ਨ ਸਮਾਰੋਹ ਕਰਵਾਇਆ ਗਿਆ।ਇਸ ਮੌਕੇ ਨੰਨ੍ਹੇ-ਮੁੰਨੇ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕਰਕੇ ਉਨ੍ਹਾਂ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ।ਸਮਾਰੋਹ ਦੀ ਸ਼ੁਰੂਆਤ ਗਣੇਸ਼ ਵੰਦਨਾ ਨਾਲ ਕੀਤੀ ਗਈ।ਇਸ ਤੋਂ ਬਾਅਦ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਪੂਨਮ ਧੀਮਾਨ ਨੇ ਹਾਜ਼ਰ ਮਾਤਾ-ਪਿਤਾ ਤੇ ਮਹਿਮਾਨਾਂ ਦਾ ਜੀ ਆਇਆਂ ਆਖ ਕੇ ਸਵਾਗਤ ਕੀਤਾ।ਯੂ.ਕੇ.ਜੀ. ਤੇ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਨੇ ਆਪਣੇ ਭਾਸ਼ਣਾਂ ਰਾਹੀਂ ਇਸ ਯਾਦਗਾਰੀ ਦਿਨ ਦੀ ਖੁਸ਼ੀ ਤੇ ਸਿੱਖਿਆ ਦੇ ਖੇਤਰ ਵਿੱਚ ਨਵਾਂ ਕਦਮ ਚੁੱਕਣ ਦੇ ਜਜ਼ਬੇ ਨੂੰ ਪ੍ਰਗਟਾਇਆ।ਇਸ ਦੇ ਨਾਲ ਹੀ ਵਿਦਿਆਰਥੀਆਂ ਵੱਲੋਂ ਸਟੇਜ 'ਤੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤੇ ਗਏ, ਜਿਨ੍ਹਾਂ ਵਿੱਚ ਲੋਕ ਗੀਤ ਤੇ ਡਾਂਸ ਸ਼ਾਮਲ ਸਨ।ਇਸ ਮੌਕੇ ਸਕੂਲ ਦੇ ਡਾਇਰੈਕਟਰ ਭੁਪਿੰਦਰ ਸਿੰਘ, ਪ੍ਰੈਜ਼ੀਡੈਂਟ ਰਵਿੰਦਰ ਕੌਰ, ਪ੍ਰਿੰਸੀਪਲ ਪੂਨਮ ਧੀਮਾਨ ਤੇ ਅਕਾਦਮਿਕ ਡਾਇਰੈਕਟਰ ਤੇਜਿੰਦਰ ਕੌਰ ਵਾਲੀਆ ਨੇ ਮਾਤਾ-ਪਿਤਾ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਉਹ ਆਪਣੇ ਬੱਚਿਆਂ ਨਾਲ ਨਜ਼ਦੀਕੀ ਬਣਾਈ ਰੱਖਣ ਤੇ ਸਮੇਂ-ਸਮੇਂ 'ਤੇ ਉਨ੍ਹਾਂ ਦੀ ਸਹੀ ਅਗਵਾਈ ਕਰਨ।ਵਿਦਿਆਰਥੀਆਂ ਦੇ ਮਾਤਾ-ਪਿਤਾ ਨੇ ਵੀ ਆਪਣੇ ਵਿਚਾਰ ਸਾਂਝੇ ਕਰਕੇ ਖੁਸ਼ੀ ਦਾ ਇਜ਼ਹਾਰ ਕੀਤਾ।ਅੰਤ ਵਿੱਚ ਸਮਾਰੋਹ ਦੀ ਸਮਾਪਤੀ ਰਾਸ਼ਟਰੀ ਗਾਨ ਨਾਲ ਕੀਤੀ ਗਈ।

## ਆਤਮਜੀਤ ਕੌਰ ਨੇ ਪੰਜਾਬ ਸਟੇਟ ਰੋਇੰਗ ਚੈਂਪੀਅਨਸ਼ਿਪ 'ਚ ਮੈਡਲ ਜਿੱਤੇ



**ਜਗਰਾਉਂ (ਅਮਿਤ ਖੰਨਾ)**-ਮਾਲਵੇ ਦੀ ਪ੍ਰਸਿੱਧ ਸੰਸਥਾ ਸਪਰਿੰਗ ਡਿਊ ਪਬਲਿਕ ਸਕੂਲ ਦੀ ਹੋਣਹਾਰ ਵਿਦਿਆਰਥਣ ਤਮਜੀਤ ਕੌਰ ਨੇ ਮੁੱਲਾਂਪੁਰ ਦਾਖਾ ਵਿਖੇ ਪੰਜਾਬ ਸਟੇਟ ਰੋਇੰਗ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਿੰਗਲ ਮੁਕਾਬਲੇ ਵਿੱਚ ਸੋਨੇ ਦਾ ਤਮਗਾ ਤੇ ਡਬਲਜ਼ ਮੁਕਾਬਲੇ ਵਿੱਚ ਚਾਂਦੀ ਦਾ ਤਮਗਾ ਜਿੱਤ ਕੇ ਆਪਣੇ ਸਕੂਲ, ਮਾਪਿਆਂ ਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ।ਇਸ ਉਪਲਬਧੀ ਨਾਲ ਸਕੂਲ ਪਰਵਾਰ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ ਤੇ ਹਰ ਪਾਸੇ ਵਧਾਈਆਂ ਦਾ ਮਾਹੌਲ ਬਣਿਆ ਹੋਇਆ ਹੈ।ਸਕੂਲ ਦੀ ਪ੍ਰਿੰਸੀਪਲ ਰੀਨਾ ਜੈਦਿਕਾ ਨੇ ਆਤਮਜੀਤ ਕੌਰ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸਫਲਤਾ ਉਸ ਦੀ ਲਗਾਤਾਰ ਮਿਹਨਤ, ਅਨੁਸ਼ਾਸਨ ਤੇ ਦ੍ਰਿੜ੍ਹ ਇਰਾਦੇ ਦਾ ਨਤੀਜਾ ਹੈ।ਉਨ੍ਹਾਂ ਦੱਸਿਆ ਕਿ ਸਕੂਲ ਹਮੇਸ਼ਾ ਵਿਦਿਆਰਥੀਆਂ ਨੂੰ ਖੇਡਾਂ ਤੇ ਪੜ੍ਹਾਈ ਦੋਵੇਂ ਖੇਤਰਾਂ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕਰਦਾ ਹੈ ਤੇ ਆਤਮਜੀਤ ਕੌਰ ਦੀ ਇਹ ਕਾਮਯਾਬੀ ਹੋਰ ਵਿਦਿਆਰਥੀਆਂ ਲਈ ਵੀ ਪ੍ਰੇਰਨਾ ਬਣੇਗੀ।ਇਸ ਮੌਕੇ ਵਾਈਸ ਪ੍ਰਿੰਸੀਪਲ ਬੇਅੰਤ ਕੁਮਾਰ ਤੇ ਸਕੂਲ ਦੇ ਮੈਨੇਜਮੈਂਟ ਮੈਂਬਰਾਂ ਨੇ ਵੀ ਆਤਮਜੀਤ ਕੌਰ ਨੂੰ ਦਿਲੋਂ ਵਧਾਈ ਦਿੰਦਿਆਂ ਕਿਹਾ ਕਿ ਸਕੂਲ ਪ੍ਰਬੰਧਕ ਸਮਿਤੀ ਹਮੇਸ਼ਾ ਵਿਦਿਆਰਥੀਆਂ ਨੂੰ ਹਰ ਖੇਤਰ ਵਿੱਚ ਅੱਗੇ ਵਧਾਉਣ ਲਈ ਵਚਨਬੱਧ ਹੈ।ਇਸ ਮੌਕੇ ਸਮੂਹ ਮੈਨੇਜਮੈਂਟ ਮੈਂਬਰਜ਼ ਪ੍ਰੈਜ਼ੀਡੈਂਟ ਮਨਜੋਤ ਚੌਹਾਨ, ਚੇਅਰਮੈਨ ਬਲਦੇਵ ਬਾਵਾ, ਮੈਨੇਜਿੰਗ ਡਾਇਰੈਕਟਰ ਸੁਖਵਿੰਦਰ ਛਾਬੜਾ, ਡਾਇਰੈਕਟਰ ਨਵਨੀਤ ਚੌਹਾਨ, ਮੈਨੇਜਰ ਮਨਦੀਪ ਚੌਹਾਨ, ਮੈਨੇਜਿੰਗ ਡਾਇਰੈਕਟਰ ਬਹਾਦਰ ਸਿੰਘ ਸਿੱਧੂ ਤੇ ਹਰਜੀਤ ਸਿੰਘ ਸਿੱਧੂ ਯੂ.ਐੱਸ.ਏ. ਹਾਜ਼ਰ ਸਨ।

## ਨਨਕਾਣਾ ਸਾਹਿਬ ਕਾਲਜ ਦੀਆਂ ਵਿਦਿਆਰਥਣਾਂ ਨੇ ਲਗਾਏ ਬੂਟੇ




**ਸਮਰਾਲਾ (ਸੁਰਜੀਤ ਸਿੰਘ)**-ਅਜੋਕੇ ਸਮੇਂ ਵਿੱਚ ਪਲੀਤ ਹੋ ਰਹੇ ਵਾਤਾਵਰਨ ਦੀ ਸਾਂਭ ਸੰਭਾਲ ਦੇ ਮਨਸੂਬੇ ਨੂੰ ਲੈ ਕੇ ਨਨਕਾਣਾ ਸਾਹਿਬ ਨੈਸ਼ਨਲ ਕਾਲਜ ਆਫ ਐਜੂਕੇਸ਼ਨ ਕੋਟ ਗੰਗੂ ਰਾਏ ਦੀ ਪ੍ਰਿੰਸੀਪਲ ਡਾ. ਬਲਜੀਤ ਕੌਰ ਤੇ ਪ੍ਰੋਗਰਾਮ ਕੋਆਰਡੀਨੇਟਰ ਡਾ. ਮੀਤਾ ਦੀ ਅਗਵਾਈ ਹੇਠ ਵਾਤਾਵਰਨ, ਜੰਗਲਾਤ ਤੇ ਜਲਵਾਯੂ ਪਰਿਵਰਤਨ ਮੰਤਰਾਲਾ ਭਾਰਤ ਸਰਕਾਰ ਵੱਲੋਂ ਸਪਾਂਸਰ, ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨੋਲੋਜੀ ਸਟੇਟ ਨੋਡਲ ਏਜੰਸੀ ਦੀ ਨਿਰਦੇਸ਼ਨਾ ਹੇਠ ਕਾਲਜ ਦੇ ਐੱਨ.ਐੱਸ.ਐੱਸ. ਵਿੰਗ ਵੱਲੋਂ ਈਕੋ ਵਾਤਾਵਰਣ ਸਿੱਖਿਆ ਪ੍ਰੋਗਰਾਮ ਤਹਿਤ ਬੂਟੇ ਲਗਾਉਣ ਦੀ ਮੁਹਿੰਮ ਚਲਾਈ ਗਈ, ਜਿਸ ਵਿੱਚ ਵਿਦਿਆਰਥਣਾਂ ਨੇ ਕਾਲਜ ਕੈਂਪਸ ਦੇ ਬਾਗ਼ ਤੇ ਆਲੇ ਦੁਆਲੇ ਦੀਆਂ ਖਾਲੀ ਥਾਵਾਂ ਵਿੱਚ ਬਹੁਤ ਹੀ ਸਲੀਕੇ ਨਾਲ ਛਾਂਦਾਰ ਤੇ ਫਲਦਾਰ ਬੂਟੇ ਲਗਾਏ।ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਬਲਜੀਤ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਹਿਜ਼ ਬੂਟੇ ਲਗਾ ਕੇ ਹੀ ਕੰਮ ਨਿੱਬੜ ਨਹੀਂ ਜਾਂਦਾ, ਬਲਕਿ ਬੂਟਿਆਂ ਦਾ ਪਾਲਣ ਪੋਸ਼ਣ ਕਰਕੇ ਉਨ੍ਹਾਂ ਦੇ ਵੱਡੇ ਹੋਣ ਤੱਕ ਦੀ ਜ਼ਿੰਮੇਵਾਰੀ ਲੈਣੀ ਬਣਦੀ ਹੈ।ਉਨ੍ਹਾਂ ਕਿਹਾ ਕਿ ਅੱਜ ਦੇ ਪਲੀਤ ਵਾਤਾਵਰਨ ਵਿੱਚ ਜੰਗਲਾਂ ਨੂੰ ਉਜਾੜਨ ਤੋਂ ਬਚਾਉਣਾ ਬਹੁਤ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਦਰੱਖਤ ਜਿੱਥੇ ਧਰਤੀ ਦਾ ਸ਼ਿੰਗਾਰ ਹਨ, ਉਥੇ ਉਹ ਇਨਸਾਨ ਨੂੰ ਮਿੱਠੇ ਫਲ ਵੀ ਦਿੰਦੇ ਹਨ।ਉਨ੍ਹਾਂ ਕਿਹਾ ਕਿ ਦਰੱਖਤਾਂ ਨੂੰ ਕੱਟਣਾ ਬਹੁਤ ਵੱਡਾ ਗੁਨਾਹ ਹੈ।ਇਸੇ ਦੌਰਾਨ ਕਾਲਜ ਵਿੱਚ ਸਹੀ ਕੂੜਾ ਪ੍ਰਬੰਧਨ ਨੂੰ ਉਤਸ਼ਾਹਤ ਕਰਨ ਲਈ ਕੂੜੇ ਨੂੰ ਵੱਖ ਕਰਨ ਵਾਸਤੇ ਹਰੇ ਤੇ ਨੀਲੇ ਡਸਟਬਿਨ ਰੱਖੇ ਗਏ।

## ਮਹਿਲਾਵਾਂ ਨੂੰ ਜਲਦ ਹੀ ਮੁਹੱਈਆ ਕਰਵਾਈ ਜਾਵੇਗੀ ਸਨਮਾਨ ਰਾਸ਼ੀ : ਖੁੱਡੀਆਂ



**ਲੰਬੀ ਗਿੱਦੜਬਾਹਾ/ਓਮ ਪ੍ਰਕਾਸ਼ ਸ਼ੇਖੂ (ਜਸਵੰਤ ਗਿੱਲ ਛੱਤਿਆਣਾ)**-ਪੰਜਾਬ ਦੇ ਕੈਬਨਿਟ ਮੰਤਰੀ ਸ੍ਰ. ਗੁਰਮੀਤ ਸਿੰਘ ਖੁੱਡੀਆਂ ਵੱਲੋਂ ਆਪਣੇ ਗ੍ਰਹਿ ਖੁੱਡੀਆਂ ਵਿਖੇ ਮਹਿਲਾ ਵਿੰਗ ਦੇ ਅਹੁਦੇਦਾਰਾਂ ਨਾਲ ਇੱਕ ਮਹੱਤਵਪੂਰਨ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਮਹਿਲਾਵਾਂ ਨਾਲ ਸੰਬੰਧਤ ਵੱਖ-ਵੱਖ ਮੁੱਦਿਆਂ 'ਤੇ ਵਿਸਤਾਰ ਨਾਲ ਚਰਚਾ ਕੀਤੀ ਗਈ ਤੇ ਉਨ੍ਹਾਂ ਦੇ ਸੁਝਾਅ ਵੀ ਧਿਆਨ ਨਾਲ ਸੁਣੇ ਗਏ।ਇਸ ਮੌਕੇ ਕੈਬਨਿਟ ਮੰਤਰੀ ਸ੍ਰ. ਖੁੱਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣ ਲਈ ਉਨ੍ਹਾਂ ਨੂੰ ਮਹੀਨਾਵਾਰ 1500 ਰੁਪਏ ਤੇ 1000 ਰੁਪਏ ਦੀ ਆਰਥਿਕ ਸਹਾਇਤਾ ਦੇਣ ਲਈ ਵਿਉਂਤਬੰਦੀ ਤਿਆਰ ਕੀਤੀ ਜਾ ਰਹੀ ਹੈ।ਇਸ ਸੰਬੰਧੀ ਪੰਜਾਬ ਸਰਕਾਰ ਵੱਲੋਂ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ ਤੇ 13 ਅਪ੍ਰੈਲ ਤੋਂ ਰਜਿਸਟ੍ਰੇਸ਼ਨ ਸ਼ੁਰੂ ਹੋ ਜਾਵੇਗੀ ਤੇ ਇਹ ਫੈਸਲਾ ਮਹਿਲਾਵਾਂ ਦੀ ਭਲਾਈ ਲਈ ਇੱਕ ਮਹੱਤਵਪੂਰਨ ਕਦਮ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮਹਿਲਾਵਾਂ ਦੀ ਸਮਾਜਿਕ ਤੇ ਆਰਥਿਕ ਸੁਰੱਖਿਆ ਲਈ ਲਗਾਤਾਰ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਮਹਿਲਾਵਾਂ ਨੂੰ ਦਿੱਤੀ ਜਾਣ ਵਾਲੀ ਇਹ ਆਰਥਿਕ ਮਦਦ ਉਨ੍ਹਾਂ ਨੂੰ ਆਤਮਨਿਰਭਰ ਬਣਾਉਣ ਵਿੱਚ ਮਦਦਗਾਰ ਸਾਬਿਤ ਹੋਵੇਗੀ ਤੇ ਘਰੇਲੂ ਖਰਚਾਂ ਵਿੱਚ ਵੀ ਕਾਫ਼ੀ ਰਾਹਤ ਮਿਲੇਗੀ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਭਲਾਈ ਸਕੀਮਾਂ ਬਾਰੇ ਸਹੀ ਜਾਣਕਾਰੀ ਹਾਸਲ ਕਰਕੇ ਇਨ੍ਹਾਂ ਦਾ ਵੱਧ ਤੋਂ ਵੱਧ ਲਾਭ ਲੈਣ।ਇਸ ਮੌਕੇ ਹਲਕਾ ਕੁਆਰਡੀਨੇਟਰ ਕੋਮਲਪ੍ਰੀਤ ਕੌਰ, ਜ਼ਿਲ੍ਹਾ ਪ੍ਰਧਾਨ ਪਰਮਿੰਦਰ ਕੌਰ, ਬਲਾਕ ਕੁਆਰਡੀਨੇਟਰ ਕੁਲਦੀਪ ਕੌਰ, ਮਨਪ੍ਰੀਤ ਕੌਰ, ਬੇਅੰਤ ਕੌਰ, ਰਮਨਦੀਪ ਕੌਰ ਤੇ ਮਨਜੀਤ ਕੌਰ ਹਾਜ਼ਰ ਸਨ।

# ਸਖ਼ਤ ਸਜ਼ਾਵਾਂ ਧਾਰਮਿਕ ਬੇਅਦਬੀ ਦੇ ਅਪਰਾਧ ਰੋਕਣ ਦੀ ਗਾਰੰਟੀ ਨਹੀਂ : ਤਰਕਸ਼ੀਲ ਸੁਸਾਇਟੀ

**ਬੇਅਦਬੀ ਦੀਆਂ ਘਟਨਾਵਾਂ ਪਿੱਛੇ ਸਰਕਾਰਾਂ ਦੀ ਨਾਕਾਮੀ ਜ਼ਿੰਮੇਵਾਰ**



**ਬਰਨਾਲਾ (ਰਾਜਿੰਦਰ ਬਰਾੜ)**-ਤਰਕਸ਼ੀਲ ਸੁਸਾਇਟੀ ਪੰਜਾਬ ਨੇ ਪੰਜਾਬ ਸਰਕਾਰ ਵੱਲੋਂ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਦੇ ਦੋਸ਼ੀਆਂ ਨੂੰ ਉਮਰ ਕੈਦ ਦੀ ਸਖ਼ਤ ਸਜ਼ਾ ਦਿਵਾਉਣ ਲਈ 13 ਅਪ੍ਰੈਲ ਨੂੰ ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ ਵਿੱਚ ਲਿਆਂਦੇ ਜਾ ਰਹੇ ਬਿੱਲ ਨੂੰ ਮੌਜੂਦਾ ਸਰਕਾਰ ਵੱਲੋਂ ਆਪਣੀਆਂ ਅਮਨ-ਕਾਨੂੰਨ ਦੀ ਮਾੜੀ ਹਾਲਤ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ, ਮਹਿੰਗਾਈ, ਖੁਦਕੁਸ਼ੀਆਂ ਦੀਆਂ ਸਮੱਸਿਆਵਾਂ ਤੋਂ ਧਿਆਨ ਲਾਂਭੇ ਹਟਾਉਣ ਤੇ ਆਮ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਭੜਕਾਉਣ ਦੀ ਮੌਕਾਪ੍ਰਸਤ ਫਿਰਕੂ ਸਿਆਸਤ ਕਰਾਰ ਦਿੰਦਿਆਂ ਇਸ ਤਜਵੀਜ਼ ਨੂੰ ਰੱਦ ਕਰਨ ਦੀ ਮੰਗ ਕੀਤੀ ਹੈ।

ਇਸ ਸਬੰਧੀ ਸੁਸਾਇਟੀ ਦੀ ਤਰਕਸ਼ੀਲ ਭਵਨ ਬਰਨਾਲਾ ਵਿਖੇ ਹੋਈ ਸੂਬਾ ਕਮੇਟੀ ਦੀ ਮੀਟਿੰਗ ਤੋਂ ਬਾਅਦ ਪ੍ਰੈੱਸ ਬਿਆਨ ਜਾਰੀ ਕਰਦਿਆਂ ਸੂਬਾ ਕਮੇਟੀ ਆਗੂਆਂ ਮਾਸਟਰ ਰਾਜਿੰਦਰ ਭਦੌੜ, ਰਾਜਪਾਲ ਬਠਿੰਡਾ, ਰਾਜੇਸ਼ ਅਕਲੀਆ, ਰਾਮ ਸਵਰਨ ਲੱਖੇਵਾਲੀ ਤੇ ਸੁਮੀਤ ਅੰਮ੍ਰਿਤਸਰ ਨੇ ਕਿਹਾ ਕਿ ਤਤਕਾਲੀ ਅਕਾਲੀ-ਭਾਜਪਾ, ਕਾਂਗਰਸ ਸਰਕਾਰਾਂ ਤੇ ਮੌਜੂਦਾ ਪੰਜਾਬ ਸਰਕਾਰ ਵੱਲੋਂ ਵੀ ਬੀਤੇ ਸਮੇਂ ਵਿੱਚ ਵਾਪਰੀਆਂ ਧਾਰਮਿਕ ਬੇਅਦਬੀਆਂ ਦੀਆਂ ਘਟਨਾਵਾਂ ਦੀ ਕੋਈ ਠੋਸ ਜਾਂਚ ਪੜਤਾਲ ਕਰਕੇ ਅਸਲ ਸੱਚਾਈ ਸਾਹਮਣੇ ਨਹੀਂ ਲਿਆਂਦੀ ਗਈ ਅਤੇ ਨਾ ਹੀ ਮੌਕੇ 'ਤੇ ਕਾਬੂ ਦੋਸ਼ੀਆਂ ਦੇ ਕਤਲ ਕਰਕੇ ਸਬੂਤ ਮਿਟਾਉਣ ਵਾਲਿਆਂ ਨੂੰ ਕੋਈ ਸਜ਼ਾ ਦਿਵਾਈ ਗਈ ਹੈ, ਜੋ ਕਿ ਸਰਕਾਰਾਂ ਦੀ ਘੋਰ ਨਾਕਾਮੀ ਹੈ।ਉਨ੍ਹਾਂ ਕਿਹਾ ਕਿ ਧਾਰਮਿਕ ਬੇਅਦਬੀ ਦੀਆਂ ਘਟਨਾਵਾਂ ਪਿੱਛੇ ਕੰਮ ਕਰਦੇ ਅਸਲ ਕਾਰਨਾਂ ਤੇ ਫ਼ਿਰਕੂ ਤਾਕਤਾਂ ਦਾ ਪਰਦਾਫਾਸ਼ ਕਰਕੇ ਹੀ ਅਜਿਹੇ ਅਪਰਾਧਾਂ ਨੂੰ ਖ਼ਤਮ ਕੀਤਾ ਜਾ ਸਕਦਾ ਹੈ ਸਖ਼ਤ ਸਜ਼ਾਵਾਂ ਦੇ ਕੇ ਨਹੀਂ।

ਇਸ ਮੌਕੇ ਸੂਬਾ ਕਮੇਟੀ ਆਗੂਆਂ ਸੁਖਵਿੰਦਰ ਬਾਗਪੁਰ, ਸੁਰਜੀਤ ਟਿੱਬਾ, ਗੁਰਪ੍ਰੀਤ ਸ਼ਹਿਣਾ ਤੇ ਮੋਹਨ ਬਡਲਾ ਨੇ ਇਸ ਕਾਨੂੰਨ ਦੀ ਦੁਰਵਰਤੋਂ ਹੋਣ ਦਾ ਖਦਸ਼ਾ ਜ਼ਾਹਰ ਕਰਦਿਆਂ ਦੋਸ਼ ਲਾਇਆ ਕਿ ਜਿਵੇਂ ਮੋਦੀ ਹਕੂਮਤ ਵੱਲੋਂ ਯੂਏਪੀਏ ਤੇ ਐੱਨਐੱਸਏ ਵਰਗੇ ਲੋਕ ਵਿਰੋਧੀ ਸਖ਼ਤ ਕਾਨੂੰਨਾਂ ਦੀ ਆਪਣੇ ਸਿਆਸੀ ਵਿਰੋਧੀਆਂ ਖ਼ਿਲਾਫ਼ ਦੁਰਵਰਤੋਂ ਕਰਕੇ ਉਨ੍ਹਾਂ ਨੂੰ ਕਈ ਕਈ ਸਾਲਾਂ ਤੋਂ ਜੇਲ੍ਹਾਂ ਵਿੱਚ ਨਜ਼ਰਬੰਦ ਕੀਤਾ ਗਿਆ ਹੈ, ਉਵੇਂ ਹੀ ਪੰਜਾਬ ਸਰਕਾਰ ਵੱਲੋਂ ਧਾਰਮਿਕ ਬੇਅਦਬੀ ਵਿਰੋਧੀ ਕਾਨੂੰਨ ਹੇਠ ਸਿਆਸੀ ਵਿਰੋਧੀਆਂ ਤੇ ਵਿਗਿਆਨਕ ਸੋਚ ਦੇ ਧਾਰਨੀਆਂ ਨੂੰ ਧਾਰਮਿਕ ਬੇਅਦਬੀ ਦੇ ਝੂਠੇ ਕੇਸਾਂ ਵਿੱਚ ਫਸਾ ਕੇ ਉਨ੍ਹਾਂ ਦੀ ਜ਼ਬਾਨਬੰਦੀ ਕੀਤੀ ਜਾਵੇਗੀ।ਤਰਕਸ਼ੀਲ ਆਗੂਆਂ ਨੇ ਸਪੱਸ਼ਟ ਕੀਤਾ ਕਿ ਸਰਕਾਰਾਂ ਵੱਲੋਂ ਸਖ਼ਤ ਸਜ਼ਾਵਾਂ ਦੇਣ ਦਾ ਕਾਨੂੰਨ ਬਣਾ ਕੇ ਲਾਗੂ ਕਰਨਾ ਕਿਸੇ ਅਪਰਾਧ ਨੂੰ ਖਤਮ ਕਰਨ ਦੀ ਗਾਰੰਟੀ ਨਹੀਂ ਹੋ ਸਕਦਾ, ਕਿਉਂਕਿ ਭਾਰਤੀ ਨਿਆਂ ਪ੍ਰਣਾਲੀ ਵਿੱਚ ਕਤਲ ਤੇ ਬਲਾਤਕਾਰ ਦੇ ਦੋਸ਼ੀਆਂ ਲਈ ਮੌਤ ਦੀ ਸਖ਼ਤ ਸਜ਼ਾ ਹੋਣ ਦੇ ਬਾਵਜੂਦ ਦੇਸ਼ ਵਿੱਚ ਕਤਲ ਤੇ ਬਲਾਤਕਾਰ ਦੇ ਅਪਰਾਧਾਂ ਵਿੱਚ ਕੋਈ ਕਮੀਂ ਨਹੀਂ ਆਈ, ਉਲਟਾ ਸਗੋਂ ਵਾਧਾ ਹੋਇਆ ਹੈ।

# ਪੀ ਐੱਮ ਸ੍ਰੀ ਸਰਕਾਰੀ ਹਾਈ ਸਕੂਲ ਸਮਾਓਂ ਵਿਖੇ ਸਾਲਾਨਾ ਸੱਭਿਆਚਾਰਕ ਸਮਾਗਮ



**ਮਾਨਸਾ (ਆਤਮਾ ਸਿੰਘ ਪਮਾਰ)**

ਪੀ ਐੱਮ ਸ੍ਰੀ ਸਰਕਾਰੀ ਹਾਈ ਸਕੂਲ ਸਮਾਓਂ ਵਿਖੇ ਮੈਗਾ ਪੀ ਟੀ ਐੱਮ ਤੇ ਸਕੂਲ ਦੇ ਸਾਲਾਨਾ ਸੱਭਿਆਚਾਰਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਅਫ਼ਸਰ ਸ੍ਰੀਮਤੀ ਨੀਲਮ ਰਾਣੀ ਨੇ ਆਪਣੀ ਟੀਮ ਸਮੇਤ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਸਿੱਖਿਆ ਅਧਿਕਾਰੀ ਨੇ ਇਸ ਸ਼ਾਨਦਾਰ ਸਮਾਗਮ ਦੀ ਸ਼ਲਾਘਾ ਕਰਦਿਆਂ ਸਕੂਲ ਮੁਖੀ ਹਰਜਿੰਦਰ ਸਿੰਘ ਵਿਰਦੀ, ਸਕੂਲ ਸਟਾਫ ਤੇ ਮਾਪਿਆਂ ਤੋਂ ਇਲਾਵਾ ਪਿੰਡ ਦੇ ਪਤਵੰਤੇ ਸੱਜਣਾਂ ਤੇ ਸਕੂਲ ਮੈਨੇਜਮੈਂਟ ਕਮੇਟੀ ਨੂੰ ਵਧਾਈ ਦਿੱਤੀ।ਸਕੂਲ ਮੁਖੀ ਹਰਜਿੰਦਰ ਸਿੰਘ ਨੇ ਸਕੂਲ ਦੀਆਂ ਪ੍ਰਾਪਤੀਆਂ ਗਿਣਾਉਂਦਿਆਂ ਕਿਹਾ ਕਿ ਸਕੂਲ ਦੇ ਬਹੁਤ ਸਾਰੇ ਵਿਦਿਆਰਥੀ ਮੈਰੀਟੋਰੀਅਸ ਸਕੂਲ 'ਚ ਦਾਖਲਾ ਲੈਣ ਲਈ ਯੋਗ ਹੋ ਗਏ ਹਨ।ਇਸ ਤੋਂ ਇਲਾਵਾ ਖੇਡਾਂ ਤੇ ਹੋਰ ਸਹਿਪਾਠ ਗਤੀਵਿਧੀਆਂ 'ਚ ਵੀ ਇੱਥੋਂ ਦੇ ਬੱਚਿਆਂ ਨੇ ਮੱਲਾਂ ਮਾਰੀਆਂ ਹਨ।ਉਨ੍ਹਾਂ ਦੱਸਿਆ ਕਿ ਵਿਭਾਗ, ਮਾਪਿਆਂ, ਪਤਵੰਤੇ ਸੱਜਣਾਂ ਤੇ ਇੱਥੋਂ ਸੇਵਾ ਮੁਕਤ ਹੋਏ ਅਧਿਆਪਕਾਂ ਦੇ ਸਹਿਯੋਗ ਸਦਕਾ ਅਸੀਂ ਪੂਰੇ ਸਕੂਲ ਨੂੰ ਏਅਰ ਕੰਡੀਸ਼ਨ ਕਰਨ 'ਚ ਵੀ ਸਫਲਤਾ ਹਾਸਲ ਕਰ ਲਈ ਹੈ।ਉਨ੍ਹਾਂ ਸਮੁੱਚੇ ਹਾਜ਼ਰੀਨ ਨੂੰ ਜੀ ਆਇਆਂ ਕਹਿੰਦਿਆਂ ਧੰਨਵਾਦ ਵੀ ਕੀਤਾ।ਇਸ ਮੌਕੇ ਸਕੂਲੀ ਵਿਦਿਆਰਥੀਆਂ ਵੱਲੋਂ ਇੱਕ ਨਾਟਕ, ਸਕਿਟਾਂ, ਗੀਤ ਸੰਗੀਤ ਤੋਂ ਇਲਾਵਾ ਗਿੱਧਾ ਤੇ ਭੰਗੜਾ ਪੇਸ਼ ਕਰਦਿਆਂ ਹੋਰ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ।ਇਸ ਮੌਕੇ ਵੱਖ ਵੱਖ ਖੇਤਰਾਂ 'ਚ ਵਧੀਆ ਕਾਰਗੁਜ਼ਾਰੀ ਵਾਲੇ ਵਿਦਿਆਰਥੀਆਂ ਨੂੰ ਸਕੂਲ ਪ੍ਰਬੰਧਕਾਂ ਵੱਲੋਂ ਸਨਮਾਨਤ ਕੀਤਾ ਗਿਆ।ਇਸ ਸਮੇਂ ਸਟੇਜ ਸਕੱਤਰ ਦੀ ਭੂਮਿਕਾ ਬਲਵਿੰਦਰ ਸਿੰਘ ਡੀ ਪੀ ਤੇ ਨੀਲਮ ਕੁਮਾਰੀ ਪੰਜਾਬੀ ਮਿਸਟਰੈੱਸ ਵੱਲੋਂ ਨਿਭਾਈ ਗਈ।ਸਮਾਗਮ ਦੌਰਾਨ ਗੁਰਮੇਜ ਸਿੰਘ ਪਿੰਡ ਕੋਆਰਡੀਨੇਟਰ ਯੁੱਧ ਨਸ਼ਿਆ ਵਿਰੁੱਧ, ਭੋਲਾ ਸਿੰਘ ਕਿਸਾਨ ਆਗੂ, ਕੁਲਦੀਪ ਸਿੰਘ ਚੇਅਰਮੈਨ ਬਲਾਕ ਸੰਮਤੀ ਮਾਨਸਾ, ਜਸਵੀਰ ਸਿੰਘ ਸੇਵਾ ਮੁਕਤ ਸਕੱਤਰ ਮਾਰਕੀਟ ਕਮੇਟੀ, ਗੁਰਤੇਜ ਸਿੰਘ ਸਾਬਕਾ ਸਰਪੰਚ, ਸਰੋਜ ਰਾਣੀ ਤੇ ਆਤਮਾ ਸਿੰਘ ਪਮਾਰ ਸੇਵਾ ਮੁਕਤ ਅਧਿਆਪਕ, ਸਮੂਹ ਸਟਾਫ, ਸਕੂਲ ਮੈਨੇਜਮੈਂਟ ਕਮੇਟੀ, ਗ੍ਰਾਮ ਪੰਚਾਇਤ ਸਮਾਓਂ, ਵੱਡੀ ਗਿਣਤੀ ਮਾਪੇ ਤੇ ਸਕੂਲ ਵਿਦਿਆਰਥੀ ਹਾਜ਼ਰ ਸਨ।

## ਬੇਅਦਬੀਆਂ ਰੋਕਣ ਲਈ ਸਖ਼ਤ ਕਾਨੂੰਨ ਬਣਾਉਣ ਦੀ ਲੋੜ : ਵਿੱਕੀ ਪਰੋਚਾ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਕ੍ਰਾਂਤੀਕਾਰੀ ਲੋਕ ਚੇਤਨਾ ਮੰਚ ਦੇ ਕੌਮੀ ਪ੍ਰਧਾਨ ਵਿੱਕੀ ਪਰੋਚਾ ਨੇ ਧਾਰਮਿਕ ਗ੍ਰੰਥਾਂ ਤੇ ਧਾਰਮਿਕ ਮੂਰਤੀਆਂ ਦੀ ਬੇਅਦਬੀ ਰੋਕਣ ਲਈ ਸਖ਼ਤ ਕਾਨੂੰਨ ਬਣਾਉਣ ਦੀ ਮੰਗ ਕੀਤੀ।ਵਿੱਕੀ ਪਰੋਚਾ ਨੇ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਤੇ ਦੇਸ਼ ਅੰਦਰ ਮਾੜੀ ਸੋਚ ਵਾਲੇ ਅਨਸਰ ਅਕਸਰ ਧਾਰਮਿਕ ਭਾਵਨਾਵਾਂ ਭੜਕਾ ਕੇ ਲੋਕਾਂ ਦੇ ਆਪਸੀ ਭਾਈਚਾਰੇ ਨੂੰ ਖਰਾਬ ਕਰਨ ਲਈ ਧਾਰਮਿਕ ਗ੍ਰੰਥਾਂ, ਧਾਰਮਿਕ ਮੂਰਤੀਆਂ ਤੇ ਬਾਬਾ ਸਾਹਿਬ ਡਾ: ਭੀਮ ਰਾਓ ਅੰਬੇਡਕਰ ਦੀ ਮੂਰਤੀ ਦੀ ਬੇਅਦਬੀ ਕਰਦੇ ਰਹਿੰਦੇ ਹਨ।ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਕਰੋੜਾਂ ਲੋਕਾਂ ਦੇ ਮਸੀਹਾ ਹਨ ਤੇ ਉਨ੍ਹਾਂ ਹਰੇਕ ਇਨਸਾਨ ਨੂੰ ਬਰਾਬਰ ਦੇ ਹੱਕ ਦਿੱਤੇ ਤਾਂ ਕਿ ਹਰ ਨਾਗਰਿਕ ਤਰੱਕੀ ਕਰ ਸਕੇ ਤੇ ਦੇਸ਼ ਮਜ਼ਬੂਤ ਬਣ ਸਕੇ।ਉਨ੍ਹਾਂ ਦੇਸ਼ ਦੀ ਏਕਤਾ ਨੂੰ ਦੇਸ਼ ਦੀ ਤਾਕਤ ਦਸਦਿਆਂ ਕਿਹਾ ਕਿ ਏਕਤਾ ਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਰੱਖਣ ਲਈ ਬੇਅਦਬੀਆਂ ਰੋਕਣ ਵਾਸਤੇ ਸਖ਼ਤ ਕਾਨੂੰਨ ਬਣਾਉਣ ਦੀ ਲੋੜ ਹੈ।

## ਹੈਰੋਇਨ ਸਣੇ 3 ਵਿਅਕਤੀ ਗ੍ਰਿਫ਼ਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਤੇ ਥਾਣਾ ਵੈਰੋਕੇ ਦੀ ਪੁਲਸ ਨੇ ਵੱਖ ਵੱਖ ਥਾਵਾਂ ਤੋਂ 12 ਗ੍ਰਾਮ ਹੈਰੋਇਨ ਸਣੇ 3 ਵਿਅਕਤੀਆਂ ਨੂੰ ਕਾਬੂ ਕੀਤਾ ਹੈ। ਥਾਣਾ ਸਿਟੀ ਜਲਾਲਾਬਾਦ ਵਿਖੇ ਦਰਜ ਮੁਕੱਦਮੇ ਦੇ ਜਾਂਚ ਅਧਿਕਾਰੀ ਐੱਚ. ਸੀ. ਬਲਜੀਤ ਸਿੰਘ ਨੇ ਦੱਸਿਆ ਕਿ ਜਦੋਂ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਮੁਕਤਸਰ ਅੱਡੇ ਕੋਲ ਓਵਰਬ੍ਰਿਜ ਹੇਠਾਂ ਜਲਾਲਾਬਾਦ ਪੁੱਜੀ ਤਾਂ ਜੋਨੀ ਤੇ ਕਮਲ ਕੁਮਾਰ ਉਰਫ ਸੋਨੂੰ ਨੂੰ ਸ਼ੱਕ ਦੇ ਬਿਨਾ ਕਾਬੂ ਕਰਕੇ ਉਸ ਪਾਸੋਂ ਸੁੱਟੇ ਗਏ ਲਿਫਾਫੇ ਦੀ ਤਲਾਸ਼ੀ ਲਈ ਗਈ ਤਾਂ ਉਸ ਵਿੱਚੋਂ 6 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਸਿਟੀ ਜਲਾਲਾਬਾਦ ਵਿਖੇ ਪੁਲਸ ਨੇ ਜੋਨੀ ਪੁੱਤਰ ਪੂਰਨ ਸਿੰਘ ਵਾਸੀ ਜੰਮੂ ਬਸਤੀ ਜਲਾਲਾਬਾਦ ਤੇ ਕਮਲ ਕੁਮਾਰ ਉਰਫ ਸੋਨੂੰ ਪੁੱਤਰ ਰਮੇਸ਼ ਕੁਮਾਰ ਵਾਸੀ ਮੁਹੱਲਾ ਰਠੌੜਾ ਵਾਲਾ ਜਲਾਲਾਬਾਦ ਖਿਲਾਫ ਮੁਕੱਦਮਾ ਦਰਜ ਕੀਤਾ ਗਿਆ ਹੈ। ਉਧਰ, ਥਾਣਾ ਵੈਰੋਕੇ ਵਿਖੇ ਦਰਜ ਮੁਕੱਦਮੇ ਦੇ ਜਾਂਚ ਅਧਿਕਾਰੀ ਮਹਿਲਾ ਹੌਲਦਾਰ ਕਿਰਨਦੀਪ ਕੌਰ ਨੇ ਦੱਸਿਆ ਕਿ ਗਸ਼ਤ ਦੌਰਾਨ ਪਿੰਡ ਅਰਨੀ ਵਾਲਾ ਨੇੜੇ ਇਕ ਨੌਜਵਾਨ ਤੁਰਿਆ ਆਉਂਦਾ ਦਿਖਾਈ ਦਿੱਤਾ, ਜੋ ਪੁਲਸ ਪਾਰਟੀ ਦੀ ਗੱਡੀ ਨੂੰ ਵੇਖ ਕੇ ਆਪਣੇ ਹੱਥ ਵਿੱਚ ਫੜੇ ਮੋਮੀ ਲਿਫਾਫੇ ਨੂੰ ਘਾਹ 'ਤੇ ਸੁੱਟ ਕੇ ਪਿੱਛੇ ਮੁੜਨ ਲੱਗਾ, ਜਿਸ ਨੂੰ ਪੁਲਸ ਨੇ ਕਾਬੂ ਕਰਕੇ ਸੁੱਟੇ ਲਿਫਾਫੇ ਦੀ ਚੈਕਿੰਗ ਕੀਤੀ ਗਈ ਤਾਂ ਉਸ ਵਿੱਚੋਂ 6 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਪਰਮਜੀਤ ਸਿੰਘ ਉਰਫ ਮੀਤਾ ਪੁੱਤਰ ਦਰਸ਼ਨ ਸਿੰਘ ਵਾਸੀ ਗੁਮਾਨੀਵਾਲਾ ਖੂਹ ਨੂੰ ਹੈਰੋਇਨ ਸਮੇਤ ਕਾਬੂ ਕਰਕੇ ਥਾਣਾ ਵੈਰੋਕੇ ਵਿਖੇ ਮੁਕੱਦਮਾ ਦਰਜ ਕੀਤਾ ਹੈ।

# ਚੇਅਰਮੈਨ ਰਣਜੋਧ ਸਿੰਘ ਹਡਾਣਾ ਵੱਲੋਂ ਹਲਕੇ ਦੇ ਪਿੰਡਾਂ ਦਾ ਤੂਫ਼ਾਨੀ ਦੌਰਾ

**ਵਿਸਾਖੀ ਵਾਲੇ ਦਿਨ ਤੋਂ ਘਰ-ਘਰ ਜਾ ਕੇ ਭਰੇ ਜਾਣਗੇ 1000-1500 ਰੁਪਏ ਵਾਲੇ ਫ਼ਾਰਮ : ਹਡਾਣਾ**



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਹਲਕਾ ਸਨੌਰ ਦੇ ਇੰਚਾਰਜ ਰਣਜੋਧ ਸਿੰਘ ਹਡਾਣਾ ਵੱਲੋਂ 'ਸ਼ਾਨਦਾਰ ਚਾਰ ਸਾਲ ਭਗਵੰਤ ਮਾਨ ਦੇ ਨਾਲ' ਮੁਹਿੰਮ ਤਹਿਤ ਹਲਕੇ ਦੇ ਵੱਖ-ਵੱਖ ਪਿੰਡਾਂ ਦਾ ਤੂਫ਼ਾਨੀ ਦੌਰਾ ਕੀਤਾ ਗਿਆ।ਇਸ ਦੌਰਾਨ ਉਨ੍ਹਾਂ ਨੇ ਪੰਜਾਬ ਸਰਕਾਰ ਦੀ ਇਸ ਮੁਹਿੰਮ ਤਹਿਤ ਪਿੰਡ ਵਾਸੀਆਂ ਨਾਲ ਸਿੱਧਾ ਰਾਬਤਾ ਕਰ ਕੇ ਗੱਲਬਾਤ ਕੀਤੀ ਤੇ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ।ਇਸ ਮੌਕੇ ਰਾਮ ਇੰਦਰ ਜਮਨਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਗੁਰਮੇਲ ਸਿੰਘ ਖਾਕਟਾ ਹਲਕਾ ਕੋਆਰਡੀਨੇਟਰ ਕਿਸਾਨ ਵਿੰਗ, ਅਮਰਿੰਦਰ ਰਾਠੀਆ ਬਲਾਕ ਪ੍ਰਧਾਨ, ਦਵਿੰਦਰ ਸਿੰਘ ਮਾੜੂ, ਯੁਵਰਾਜ ਐੱਮ ਸੀ, ਮਨਦੀਪ ਸਿੰਘ ਮੈਂਬਰ ਬਲਾਕ ਸੰਮਤੀ, ਆਪ ਆਗੂ, ਵਰਕਰ ਤੇ ਪਿੰਡਾਂ ਦੇ ਹੋਰ ਪਤਵੰਤੇ ਲੋਕ ਮੌਜੂਦ ਰਹੇ। ਹਡਾਣਾ ਨੇ ਮਲਕਪੁਰ ਜੱਟਾ, ਚੌਰਾ, ਨੈਣਾਂ, ਭੁਨਰਹੇੜੀ, ਬਰਕਤਪੁਰ ਤੇ ਹੋਰਨਾਂ ਪਿੰਡਾਂ ਵਿੱਚਲੇ ਇਕੱਠਾਂ ਨੂੰ ਸੰਬੋਧਨ ਕਰਦਿਆਂ ਸ. ਹਡਾਣਾ ਨੇ ਇੱਕ ਅਹਿਮ ਐਲਾਨ ਕੀਤਾ ਕਿ ਮਾਨ ਸਰਕਾਰ ਵੱਲੋਂ ਮਹਿਲਾਵਾਂ ਨੂੰ ਦਿੱਤੀ ਜਾਣ ਵਾਲੀ ਵਿੱਤੀ ਸਹਾਇਤਾ 1000-1500 ਰੁਪਏ ਦੇ ਫ਼ਾਰਮ ਵਿਸਾਖੀ ਵਾਲੇ ਦਿਨ ਤੋਂ ਭਰਨੇ ਸ਼ੁਰੂ ਕੀਤੇ ਜਾਣਗੇ।ਉਨ੍ਹਾਂ ਦੱਸਿਆ ਕਿ ਪ੍ਰਸ਼ਾਸਨਕ ਟੀਮਾਂ ਤੇ ਵਲੰਟੀਅਰ ਖੁਦ ਘਰ-ਘਰ ਜਾ ਕੇ ਇਹ ਫ਼ਾਰਮ ਭਰਨਗੇ ਤਾਂ ਜੋ ਕਿਸੇ ਵੀ ਲੋੜਵੰਦ ਮਹਿਲਾ ਨੂੰ ਦਫ਼ਤਰਾਂ ਦੇ ਚੱਕਰ ਨਾ ਕੱਟਣੇ ਪੈਣ।ਹਡਾਣਾ ਨੇ ਪਿੰਡਾਂ ਦੇ ਵਿਕਾਸ ਲਈ ਨਵੇਂ ਪ੍ਰੋਜੈਕਟਾਂ ਨੂੰ ਜਲਦ ਸ਼ੁਰੂ ਕਰਵਾਉਣ ਦਾ ਭਰੋਸਾ ਦਿੰਦਿਆਂ ਕਿਹਾ ਕਿ ਹਲਕੇ ਵਿੱਚ ਪੰਚਾਇਤ ਘਰਾਂ, ਖੇਡ ਗਰਾਊਂਡਾਂ ਤੇ ਸੜਕਾਂ ਦੀ ਕੋਈ ਘਾਟ ਨਹੀਂ ਰਹਿਣ ਦਿੱਤੀ ਜਾਵੇਗੀ।ਇਸ ਦੌਰਾਨ ਪਿੰਡਾਂ ਦੀਆਂ ਪੰਚਾਇਤਾਂ ਤੇ ਪਤਵੰਤੇ ਸੱਜਣਾਂ ਨੇ ਸ੍ਰ. ਹਡਾਣਾ ਦਾ ਨਿੱਘਾ ਸਵਾਗਤ ਕੀਤਾ ਤੇ ਵਿਕਾਸ ਕਾਰਜਾਂ ਲਈ ਮਾਨ ਸਰਕਾਰ ਦਾ ਧੰਨਵਾਦ ਕੀਤਾ।ਇਸ ਮੌਕੇ ਉਨ੍ਹਾਂ ਨਾਲ ਪਾਰਟੀ ਦੇ ਸੀਨੀਅਰ ਆਗੂ, ਬਲਾਕ ਪ੍ਰਧਾਨ ਤੇ ਵੱਡੀ ਗਿਣਤੀ ਵਿੱਚ ਵਰਕਰ ਮੌਜੂਦ ਸਨ।

## ਪਬਲਿਕ ਕਾਲਜੀਏਟ ਸਕੂਲ ਦਾ ਸੱਤ ਰੋਜ਼ਾ ਐੱਨ ਐੱਸ ਐੱਸ ਕੈਂਪ ਸੰਪੰਨ



**ਸਮਾਣਾ (ਇਕਬਾਲ ਸਿੰਘ ਬੱਲ)**-ਪਬਲਿਕ ਕਾਲਜ ਸਮਾਣਾ ਅਧੀਨ ਚਲਾਏ ਜਾ ਰਹੇ ਪਬਲਿਕ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਸਮਾਣਾ ਦੇ ਐੱਨ.ਐੱਸ.ਐੱਸ. ਵਿਭਾਗ ਵੱਲੋਂ ਸਹਾਇਕ ਡਾਇਰੈਕਟਰ ਜ਼ਿਲ੍ਹਾ ਯੁਵਕ ਸੇਵਾਵਾਂ ਪਟਿਆਲਾ ਦੇ ਨਿਰਦੇਸ਼ਾ ਤਹਿਤ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਸਿੱਧੂ ਦੀ ਅਗਵਾਈ ਹੇਠ ਸੱਤ ਰੋਜ਼ਾ ਐੱਨ.ਐੱਸ.ਐੱਸ. ਕੈਂਪ ਲਗਾਇਆ ਗਿਆ।ਇਸ ਕੈਂਪ ਦੌਰਾਨ ਵਲੰਟੀਅਰਜ਼ ਲਈ ਵੱਖ-ਵੱਖ ਗਤੀਵਿਧੀਆਂ ਜਿਵੇਂ ਵੱਚ-ਵੱਖ ਖੇਡਾਂ, ਸਵੱਛਤਾ ਅਭਿਆਨ ਤੇ ਯੁੱਧ ਨਸ਼ਿਆਂ ਵਿਰੁੱਧ ਵਿਸ਼ਿਆਂ 'ਤੇ ਪੋਸਟਰ ਮੇਕਿੰਗ ਤੇ ਸਲੋਗਨ ਲੇਖਣ ਮੁਕਾਬਲਿਆਂ ਤੋਂ ਇਲਾਵਾ ਲੈਕਚਰ ਸੈਸ਼ਨ ਤੇ ਸੱਭਿਆਚਾਰਕ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ।ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਨੇ ਕੈਂਪ ਦੌਰਾਨ ਬਹੁਤ ਹੀ ਜ਼ਿੰਮੇਵਾਰੀ ਤੇ ਤਨਦੇਹੀ ਨਾਲ ਸਾਰੀਆਂ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਵਲੰਟੀਅਰਜ਼ ਦੀ ਸ਼ਲਾਘਾ ਕੀਤੀ।ਕੈਂਪ ਦੌਰਾਨ ਸਰਕਾਰੀ ਹਾਈ ਸਕੂਲ ਕੁਤਬਨਪੁਰ ਤੇ ਮੈਡਮ ਹਰਪ੍ਰੀਤ ਕੌਰ ਤੇ ਸਰਕਾਰੀ ਹਾਈ ਸਕੂਲ, ਸਹਿਜਪੁਰ ਕਲਾਂ ਤੋਂ ਸਾਇੰਸ ਟੀਚਿਰ ਤੇ ਰਾਸ਼ਟਰੀ ਬੈਡਮਿੰਟਨ ਖਿਡਾਰੀ ਜੀਵਨਜੋਤ ਸਿੰਘ ਨੇ ਵਲੰਟੀਅਰਜ਼ ਨੂੰ ਸਫਲ ਤੇ ਸਵਸਥ ਜੀਵਨ ਜੀਉਣ ਸਬੰਧੀ ਲੈਕਚਰ ਦਿੱਤੇ।ਕੈਂਪ ਦੇ ਸਮਾਪਤੀ ਸਮਾਰੋਹ ਮੌਕੇ ਵਾਈਸ ਪ੍ਰਿੰਸੀਪਲ ਤੇ ਮੁਖੀ ਕਾਮਰਸ ਵਿਭਾਗ ਡਾ. ਹਰਕੀਰਤਨ ਕੌਰ ਨੇ ਵਲੰਟੀਅਰਜ਼ ਨੂੰ ਕੈਂਪ ਦੌਰਾਨ ਪ੍ਰਾਪਤ ਕੀਤੀਆਂ ਉਪਲਬਧੀਆਂ ਨੂੰ ਸਮਾਜ ਵਿੱਚ ਲਾਗੂ ਕਰਕੇ ਚੰਗੇ ਸਮਾਜ ਦਾ ਨਿਰਮਾਣ ਕਰਨ ਲਈ ਪ੍ਰੇਰਿਤ ਕੀਤਾ।ਉਨ੍ਹਾਂ ਇਸ ਮੌਕੇ ਹਾਜ਼ਰ ਅਧਿਆਪਕ ਸਾਹਿਬਾਨ ਪ੍ਰੋ. ਹਰਪ੍ਰੀਤ ਕੌਰ ਮੁਖੀ ਰਾਜਨੀਤੀ ਸ਼ਾਸਤਰ ਵਿਭਾਗ, ਪ੍ਰੋ. ਅਸ਼ਵਨੀ ਕੁਮਾਰ ਕੈਂਪ ਇੰਚਾਰਜ ਤੋਂ ਇਲਾਵਾ ਪ੍ਰੋ. ਮੋਨੀਕਾ ਗੋਇਲ ਤੇ ਪ੍ਰੋ. ਪਰਮਜੀਤ ਕੌਰ ਨਾਲ ਮਿਲ ਕੇ ਸਾਰੇ ਵਲੰਟੀਅਰਜ਼ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ। ਕੈਂਪ ਇੰਚਾਰਜ ਪ੍ਰੋ. ਅਸ਼ਵਨੀ ਕੁਮਾਰ ਵੱਲੋਂ ਇਸ ਕੈਂਪ ਨੂੰ ਸਫਲ ਬਣਾਉਣ ਲਈ ਪ੍ਰਿੰਸੀਪਲ, ਸਮੂਹ ਸਟਾਫ ਤੇ ਵਲੰਟੀਅਰਜ਼ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।

## ਜਾਤੀ ਅਧਾਰਤ ਆਰਥਿਕ ਸਰਵੇਖਣ ਵਧੀਆ ਕਦਮ : ਚੇਅਰਮੈਨ ਦੀਪਕ ਸੂਦ



**ਰਾਜਪੁਰਾ (ਰਮੇਸ਼ ਕਟਾਰੀਆ)**-ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਸੂਬੇ ਵਿੱਚ ਸ਼ੁਰੂ ਕਰਵਾਇਆ ਗਿਆ ਜਾਤੀ ਆਧਾਰਤ ਆਰਥਿਕ ਸਰਵੇਖਣ ਇੱਕ ਵਧੀਆ ਕਦਮ ਹੈ, ਜਿਸ ਨਾਲ ਲੋਕਾਂ ਨੂੰ ਬਿਹਤਰ ਆਰਥਿਕ ਤੇ ਸਮਾਜਿਕ ਸੁਰੱਖਿਆ ਪ੍ਰਦਾਨ ਕਰਨ ਵਿੱਚ ਸਹਾਇਤਾ ਮਿਲੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮਾਰਕੀਟ ਕਮੇਟੀ ਰਾਜਪੁਰਾ ਦੇ ਚੇਅਰਮੈਨ ਤੇ ਉੱਘੇ ਆਪ ਆਗੂ ਦੀਪਕ ਸੂਦ ਵੱਲੋਂ ਇੱਕ ਪ੍ਰੈੱਸ ਬਿਆਨ ਜਾਰੀ ਕਰਦਿਆਂ ਕੀਤਾ ਗਿਆ।ਚੇਅਰਮੈਨ ਦੀਪਕ ਸੂਦ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਦੇ ਕਾਰਜ ਕਾਲ ਵਿੱਚ ਪਿਛਲੇ ਸੱਤ ਦਹਾਕਿਆਂ ਤੋਂ ਵੀ ਜ਼ਿਆਦਾ ਵਿਕਾਸ ਦੇ ਕਾਰਜ ਹੋਏ ਹਨ ਤੇ ਹੁਣ ਕਰਵਾਏ ਜਾ ਰਹੇ ਜਾਤੀ ਅਧਾਰਤ ਆਰਥਿਕ ਸਰਵੇਖਣ ਨਾਲ ਪਿੰਡਾਂ ਤੇ ਸ਼ਹਿਰਾਂ ਵਿੱਚ ਰਹਿੰਦੇ ਲੋਕਾਂ ਦੀ ਅਸਲ ਆਰਥਿਕ ਸਥਿਤੀ ਦੇ ਅੰਕੜੇ ਸਾਹਮਣੇ ਆਉਣਗੇ, ਜਿਸ ਨਾਲ ਸਰਕਾਰ ਵੱਲੋਂ ਲੋਕਾਂ ਨੂੰ ਆਰਥਿਕ ਤੇ ਸਮਾਜਿਕ ਸੁਰੱਖਿਆ ਦੇ ਲਾਭ ਦੇਣ ਲਈ ਸਹੂਲਤਾਂ ਪ੍ਰਦਾਨ ਕਰਨ ਵਿੱਚ ਮਦਦ ਮਿਲੇਗੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਚਾਰ ਸਾਲ ਦੀਆਂ ਪ੍ਰਾਪਤੀਆਂ ਵਿੱਚ ਪੰਚਾਇਤਾਂ ਦੇ ਸਰਪੰਚਾਂ ਦਾ ਮਾਣ ਭੱਤਾ 1200 ਤੋਂ ਵਧਾ ਕੇ 2000 ਪ੍ਰਤੀ ਮਹੀਨਾ ਕਰਨਾ, ਪੇਂਡੂ ਤੇ ਸ਼ਹਿਰੀ ਵਿਕਾਸ ਲਈ ਹਜ਼ਾਰਾਂ ਕਰੋੜ ਰੁਪਏ ਖਰਚ ਕਰਨਾ, ਪੰਜਾਬ ਦੀ ਜਵਾਨੀ ਨੂੰ ਖੇਡਾਂ ਵਾਲੇ ਪਾਸੇ ਤੋਰਨ ਲਈ 3000 ਖੇਡ ਮੈਦਾਨ ਵਿਕਸਿਤ ਕਰਨਾ, ਪੰਚਾਇਤਾਂ ਲਈ 500 ਨਵੇਂ ਪੰਚਾਇਤ ਘਰ ਬਣਾਉਣਾ, ਛੱਪੜਾਂ ਦੀ ਸਫ਼ਾਈ ਦਾ ਕੰਮ ਸ਼ੁਰੂ ਕਰਨਾ, ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਸ਼ੁਰੂ ਕਰਨਾ ਪ੍ਰਮੁੱਖ ਹਨ।ਉਨ੍ਹਾਂ ਕਿਹਾ ਕਿ ਲੋਕ ਮਾਨ ਸਰਕਾਰ ਦੀਆਂ ਚਾਰ ਸਾਲ ਦੀਆਂ ਦੀਆਂ ਪ੍ਰਾਪਤੀਆਂ ਤੋਂ ਬਹੁਤ ਖੁਸ਼ ਹਨ ਤੇ ਹੁਣ ਤੋਂ ਹੀ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਆਪ ਦੇ ਹੱਕ ਵਿੱਚ ਹਵਾ ਚੱਲਣ ਲੱਗ ਪਈ ਹੈ, ਜਿਸ ਨਾਲ ਇਹ ਤੈਅ ਹੈ ਕਿ ਪੰਜਾਬ ਵਿੱਚ ਮੁੜ ਭਗਵੰਤ ਮਾਨ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੇਗੀ।

# ਆਜ਼ਾਦੀ ਘੁਲਾਟੀਆ ਜਥੇਬੰਦੀ ਦੇ ਵਫ਼ਦ ਵੱਲੋਂ ਪ੍ਰਨੀਤ ਕੌਰ ਨਾਲ ਮੁਲਾਕਾਤ

**ਕੇਂਦਰ ਆਜ਼ਾਦੀ ਘੁਲਾਟੀਆਂ ਦੇ ਪਰਵਾਰਾਂ ਨੂੰ ਰਾਸ਼ਟਰੀ ਪਰਵਾਰਾਂ ਦਾ ਦਰਜਾ ਦੇਵੇ : ਧਾਲੀਵਾਲ**



**ਨਾਭਾ (ਵਰਿੰਦਰ ਵਰਮਾ)**

ਦੇਸ਼ ਦੀ ਆਜ਼ਾਦੀ ਲਈ ਵੱਖ ਵੱਖ ਅੰਦੋਲਨਾਂ ਵਿੱਚ ਭਾਗ ਲੈ ਕੇ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਮਹਾਨ ਦੇਸ਼ ਭਗਤਾਂ, ਆਜ਼ਾਦੀ ਘੁਲਾਟੀਆਂ ਤੇ ਉਨ੍ਹਾਂ ਦੇ ਪਰਵਾਰਾਂ ਦੀ ਭਲਾਈ ਲਈ ਕੰਮ ਕਰ ਰਹੀ ਸੁਤੰਤਰਤਾ ਸੰਗਰਾਮੀ ਉੱਤਰਾਧਿਕਾਰੀ ਐਸੋਸੀਏਸ਼ਨ ਪੰਜਾਬ ਰਜਿ. 234 ਦੇ ਵਫ਼ਦ ਵੱਲੋਂ ਸਾਬਕਾ ਵਿਦੇਸ਼ ਰਾਜ ਮੰਤਰੀ ਪ੍ਰਨੀਤ ਕੌਰ ਨਾਲ ਵਿਸ਼ੇਸ਼ ਮੁਲਾਕਾਤ ਕੀਤੀ ਗਈ।ਸੂਬਾ ਜਨਰਲ ਸਕੱਤਰ ਇੰਦਰਪਾਲ ਸਿੰਘ ਧਾਲੀਵਾਲ ਸੋਨੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਆਜ਼ਾਦੀ ਘੁਲਾਟੀਆਂ ਤੇ ਉਨ੍ਹਾਂ ਦੇ ਪਰਵਾਰਾਂ ਦੀਆਂ ਸਨਮਾਨ ਸਹੂਲਤਾਂ ਨੂੰ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ।ਸੂਬਾ ਕਮੇਟੀ ਵੱਲੋਂ ਸਨਮਾਨ ਸਹੂਲਤਾਂ ਨੂੰ ਲਾਗੂ ਕਰਵਾਉਣ ਲਈ ਕੇਂਦਰ ਸਰਕਾਰ ਨਾਲ ਗੱਲਬਾਤ ਕਰਨ ਦੀ ਤਜਵੀਜ਼ ਰੱਖੀ ਗਈ ਹੈ।ਉਸੇ ਤਹਿਤ ਜਥੇਬੰਦੀ ਦੇ ਸੂਬਾਈ ਆਗੂਆਂ ਨੇ ਮਹਾਰਾਣੀ ਪ੍ਰਨੀਤ ਕੌਰ ਨਾਲ ਮੁਲਾਕਾਤ ਦੌਰਾਨ ਦੇਸ਼ ਭਗਤ ਆਜ਼ਾਦੀ ਘੁਲਾਟੀਆਂ ਤੇ ਉਨ੍ਹਾਂ ਦੇ ਪਰਵਾਰਾਂ ਦੀਆਂ ਸਨਮਾਨ ਸਹੂਲਤਾਂ ਨੂੰ ਕੇਂਦਰ ਸਰਕਾਰ ਦੇ ਧਿਆਨ ਹੇਠ ਲਿਆਉਣ ਦੀ ਅਪੀਲ ਕੀਤੀ।ਸੂਬਾ ਕਨਵੀਨਰ ਪ੍ਰਕਾਸ਼ ਸਿੰਘ ਧਾਲੀਵਾਲ ਨੇ ਸਾਬਕਾ ਵਿਦੇਸ਼ ਰਾਜ ਮੰਤਰੀ ਮਹਾਰਾਣੀ ਪ੍ਰਨੀਤ ਕੌਰ ਨੂੰ ਜਾਣੂ ਕਰਵਾਇਆ ਕਿ ਆਜ਼ਾਦੀ ਲਈ ਸਭ ਤੋਂ ਵੱਧ ਕੁਰਬਾਨੀਆਂ ਪੰਜਾਬ ਦੇ ਯੋਧਿਆਂ ਨੇ ਦਿੱਤੀਆਂ ਹਨ।ਉਨ੍ਹਾਂ ਦੇ ਪਰਵਾਰਾਂ ਨੂੰ ਸਨਮਾਨ ਦੇ ਤੌਰ 'ਤੇ ਵਿਸ਼ੇਸ਼ ਸਹੂਲਤਾਂ ਦੇਣ ਲਈ ਕੇਂਦਰ ਸਰਕਾਰ ਨੂੰ ਵਿਚਾਰ ਕਰਨਾ ਚਾਹੀਦਾ ਹੈ।ਆਗੂਆਂ ਨੇ ਕਿਹਾ ਕਿ ਦੇਸ਼ ਦੀ ਖਾਤਰ ਆਜ਼ਾਦੀ ਸੰਗਰਾਮ ਦੌਰਾਨ ਅਹਿਮ ਭੂਮਿਕਾ ਨਿਭਾਉਣ ਵਾਲੇ ਮਹਾਨ ਦੇਸ਼ ਭਗਤਾਂ ਦੇ ਪਰਵਾਰਾਂ ਨੂੰ ਰਾਸ਼ਟਰੀ ਪਰਵਾਰਾਂ ਦਾ ਦਰਜਾ ਦਿੱਤਾ ਜਾਵੇ।ਸਨਮਾਨ ਸਹੂਲਤਾਂ ਦੇ ਤੌਰ 'ਤੇ ਫਸਟ ਕਲਾਸ ਰੇਲ ਸਫ਼ਰ ਦੀ ਸਹੂਲਤ, ਸਟੇਟ ਹਾਈਵੇ ਤੇ ਲੱਗੇ ਟੋਲ ਟੈਕਸ ਦੀ ਛੂਟ, ਮਿਲਟਰੀ ਕੈਂਟੀਨ ਦੀ ਸਹੂਲਤ, ਕੇਂਦਰੀ ਦੇ ਮਹਿਕਮਿਆਂ ਵਿੱਚ ਨੌਕਰੀਆਂ ਵਿੱਚ ਰਾਖਵਾਂਕਰਨ ਲਾਗੂ ਕਰਨ, ਆਜ਼ਾਦੀ ਘੁਲਾਟੀਆਂ ਦੇ ਪਰਵਾਰਾਂ ਲਈ ਪੈਨਸ਼ਨ ਸਕੀਮ ਆਦਿ ਲਈ ਗੰਭੀਰਤਾ ਨਾਲ ਵਿਚਾਰ ਕੀਤਾ ਜਾਵੇ।ਸੁਤੰਤਰਤਾ ਸੰਗਰਾਮੀ ਜਥੇਬੰਦੀ ਦੇ ਆਗੂਆਂ ਨੇ ਪ੍ਰਨੀਤ ਕੌਰ ਤੋਂ ਮੰਗ ਕੀਤੀ ਕਿ ਜਥੇਬੰਦੀ ਦੇ ਪੰਜ ਮੈਂਬਰੀ ਵਫ਼ਦ ਦੀ ਵਿਸ਼ੇਸ਼ ਮੀਟਿੰਗ ਦੇਸ਼ ਦੇ ਗ੍ਰਹਿ ਮੰਤਰੀ ਨਾਲ ਤਹਿ ਕਰਵਾਈ ਜਾਵੇ।ਸਾਬਕਾ ਵਿਦੇਸ਼ ਰਾਜ ਮੰਤਰੀ ਮਹਾਰਾਣੀ ਪ੍ਰਨੀਤ ਕੌਰ ਨੇ ਆਗੂਆਂ ਨੂੰ ਵਿਸ਼ਵਾਸ ਦਿਵਾਇਆ ਕਿ ਆਉਣ ਵਾਲੇ ਦਿਨਾਂ ਵਿੱਚ ਜਥੇਬੰਦੀ ਦੀ ਅਗਵਾਈ ਹੇਠ ਆਜ਼ਾਦੀ ਘੁਲਾਟੀਆਂ ਤੇ ਉਨ੍ਹਾਂ ਦੇ ਪਰਵਾਰਾਂ ਨੂੰ ਮਿਲ ਕੇ ਸਨਮਾਨ ਸਹੂਲਤਾਂ ਸਬੰਧੀ ਤਜਵੀਜ਼ ਤਿਆਰ ਕੀਤੀ ਜਾਵੇਗੀ।ਉਪਰੰਤ ਉਸੇ ਤਜਵੀਜ਼ ਨੂੰ ਕੇਂਦਰ ਸਰਕਾਰ ਦੇ ਨੁਮਾਇੰਦਿਆਂ ਨਾਲ ਵਿਚਾਰਿਆ ਜਾਵੇਗਾ।

## ਬਲੌਸਮਜ਼ ਕਾਨਵੈਂਟ ਸਕੂਲ ਵੱਲੋਂ ਨਵੇਂ ਸੈਸ਼ਨ ਦੀ ਆਰੰਭਤਾ



**ਜਗਰਾਉਂ (ਅਮਿਤ ਖੰਨਾ)**-ਬਲੌਸਮਜ਼ ਕਾਨਵੈਂਟ ਸਕੂਲ ਵੱਲੋਂ ਨਵੇਂ ਸੈਸ਼ਨ ਦੀ ਆਰੰਭਤਾ 'ਤੇ ਵਿਦਿਆਰਥੀਆਂ ਨੂੰ ਜੀ ਆਇਆਂ ਆਖਦੇ ਉਨ੍ਹਾਂ ਦਾ ਅਗਲੇਰੀਆਂ ਜਮਾਤਾਂ ਵਿੱਚ ਪਹੁੰਚਣ 'ਤੇ ਸਵਾਗਤ ਕੀਤਾ ਗਿਆ।ਸਾਰੇ ਹੀ ਵਿਦਿਆਰਥੀ ਬਹੁਤ ਹੀ ਚਾਅ ਤੇ ਨਵੀਂ ਉਮੀਦ ਨਾਲ ਸਕੂਲ ਪਹੁੰਚੇ ਤੇ ਫੁੱਲਾਂ ਦੀ ਵਰਖਾ ਨਾਲ ਹੋਏ ਸਵਾਗਤ ਦਾ ਖੁਸ਼ੀ ਨਾਲ ਆਨੰਦ ਮਾਣਿਆ।ਇਸ ਖੁਸ਼ੀ ਦੇ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ: ਨਵਨੀਤ ਕੌਰ ਨੇ ਕਿਹਾ ਕਿ ਸਕੂਲ ਭਵਿੱਖ ਨੂੰ ਸੰਵਾਰਨ ਦਾ ਸਥਾਨ ਹੁੰਦਾ ਹੈ।ਵਿਦਿਆਰਥੀਆਂ ਦੇ ਸੁਪਨਿਆਂ ਨੂੰ ਪੂਰਾ ਕਰਨ ਲਈ ਅਸੀਂ ਹਮੇਸ਼ਾ ਉਨ੍ਹਾਂ ਦੀ ਸੋਚ ਤੇ ਉਮੀਦਾਂ ਨੂੰ ਪਹਿਲ ਦਿੰਦੇ ਹਾਂ।ਅਸੀਂ ਨਵੇਂ ਸੈਸ਼ਨ 'ਤੇ ਇਨ੍ਹਾਂ ਨੂੰ ਨਵੀਂ ਸੋਚ ਨਾਲ ਅੱਗੇ ਦੀਆਂ ਜਮਾਤਾਂ ਲਈ ਤਿਆਰੀ ਸ਼ੁਰੂ ਕਰਵਾ ਰਹੇ ਹਾਂ ਤਾਂ ਜੋ ਆਉਣ ਵਾਲੇ ਸਾਲਾਂ ਵਿੱਚ ਚੰਗੇ ਨਤੀਜੇ ਸਾਹਮਣੇ ਆਉਣ ਤੇ ਉਨ੍ਹਾਂ ਦਾ ਸਰਵ-ਪੱਖੀ ਵਿਕਾਸ ਵੀ ਹੋ ਸਕੇ।ਇਸ ਮੌਕੇ ਸਕੂਲ ਦੇ ਪ੍ਰੈਜ਼ੀਡੈਂਟ ਸ੍ਰ: ਮਨਪ੍ਰੀਤ ਸਿੰਘ ਬਰਾੜ ਨੇ ਕਿਹਾ ਕਿ ਮਾਪਿਆਂ ਨੂੰ ਵਿਸ਼ਵਾਸ ਦਿਵਾਉਂਦੇ ਹਾਂ ਕਿ ਅਸੀਂ ਵਿਦਿਆਰਥੀਆਂ ਦੇ ਭਵਿੱਖ ਨੂੰ ਉੱਜਵਲ ਕਰਨ ਲਈ ਵਚਨਬੱਧ ਹਾਂ।

## ਲਾਈਨ ਕਲੱਬ ਸੁਨਾਮ ਵੱਲੋਂ ਸੋਹਣੇ ਗੱਭਰੂ ਨਾਈਟ ਫੰਕਸ਼ਨ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਲਾਈਨ ਕਲੱਬ ਸੁਨਾਮ (ਪ੍ਰਾਈਮ) ਵੱਲੋਂ ਸ਼ਹਿਰ ਦੇ ਇਕ ਰੈਸਟੋਰੈਂਟ ਵਿੱਚ ਸੋਹਣੇ ਗੱਭਰੂ ਨਾਮ ਨਾਲ ਰੰਗਾਰੰਗ ਨਾਈਟ ਫੰਕਸ਼ਨ ਕਰਵਾਇਆ ਗਿਆ।ਇਹ ਪ੍ਰੋਗਰਾਮ ਪ੍ਰਧਾਨ ਪਵਿੱਤਰ ਸਿੰਗਲਾ ਤੇ ਚੇਅਰਮੈਨ ਅੰਕੁਰ ਜ਼ਖਮੀ ਦੀ ਅਗਵਾਈ ਹੇਠ ਵੱਡੇ ਉਤਸ਼ਾਹ ਨਾਲ ਆਯੋਜਿਤ ਕੀਤਾ ਗਿਆ।ਇਸ ਦੌਰਾਨ ਕਲੱਬ ਦੇ ਮੈਂਬਰਾਂ ਤੇ ਹਾਜ਼ਰ ਮਹਿਮਾਨਾਂ ਨੇ ਖੂਬ ਰੌਣਕ ਲਗਾਈ ਤੇ ਪ੍ਰੋਗਰਾਮ ਦਾ ਪੂਰਾ ਆਨੰਦ ਮਾਣਿਆ।ਸਮਾਗਮ ਵਿੱਚ ਭਾਈਚਾਰੇ ਤੇ ਮਿਲਾਪ ਦਾ ਮਾਹੌਲ ਵੇਖਣ ਨੂੰ ਮਿਲਿਆ।ਇਸ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਡੀਐੱਸਪੀ ਹਰਵਿੰਦਰ ਸਿੰਘ ਖਹਿਰਾ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਕਲੱਬ ਦੇ ਮੈਂਬਰਾਂ ਸੰਜੀਵ ਮੈਨਨ, ਕੁਲਵਿੰਦਰ ਨਾਮਧਾਰੀ ਤੇ ਹੋਰ ਸਾਥੀਆਂ ਵੱਲੋਂ ਉਨ੍ਹਾਂ ਨੂੰ ਸਨਮਾਨ ਚਿੰਨ੍ਹ ਭੇਟ ਕੀਤਾ ਗਿਆ।ਸਮਾਗਮ ਵਿੱਚ ਰਾਕੇਸ਼ ਅਰੋੜਾ (ਬੱਬੂ), ਡਾ. ਅੰਸ਼ੂਮਨ ਫੁੱਲ, ਬਲੀ ਕੁਮਾਰ, ਅਨਿਲ ਭਾਟੀਆ, ਸੋਨੂ ਕੁਮਾਰ, ਗੁਲਸ਼ਨ ਕੁਮਾਰ, ਟੋਨੀ, ਦਿਪਾਂਸ਼ੂ ਕਾਂਸਲ, ਗੁਰਦੀਪ ਸਿੰਘ ਖੋਖਰ, ਪ੍ਰਿੰਸ ਜਿੰਦਲ ਸਮੇਤ ਕਈ ਪ੍ਰਮੁੱਖ ਹਸਤੀਆਂ ਹਾਜ਼ਰ ਰਹੀਆਂ।ਇਸ ਤੋਂ ਇਲਾਵਾ ਸੰਜੀਵ ਮੈਨਨ (ਖੇਤਰ ਮੁੱਖ ਸਲਾਹਕਾਰ), ਅੰਕਿਤ ਪਾਹੂਜਾ (ਜ਼ੈੱਡ.ਸੀ), ਰਾਜੇਸ਼ ਕੁਮਾਰ, ਡਾ. ਪੁਨੀਤ ਗੋਇਲ, ਰੌਬਿਨ ਵਾਸਨ, ਚੇਤਨ ਖੱਤਰੀ, ਅਭਿਸ਼ੇਕ ਜਿੰਦਲ, ਡਾ. ਗੁਰਜੀਤ ਸਿੰਘ, ਰਮਨੀਕ ਬਹਿਣੀਪਾਲ, ਪ੍ਰਿਤਪਾਲ ਮਲੀ, ਸੋਨੂ ਖਿਪਲਾ, ਸਨੀ ਸ਼ਰਮਾ, ਕੁਲਵਿੰਦਰ, ਅਸ਼ੋਕ ਕੁਮਾਰ, ਉਮੇਸ਼ ਸਿੰਗਲਾ, ਰਾਕੇਸ਼ ਅਰੋੜਾ, ਰੋਹਿਤ ਤੇ ਤਰੁਣ ਸਮੇਤ ਵੱਡੀ ਗਿਣਤੀ ਵਿੱਚ ਪਤਵੰਤੇ ਮੌਜੂਦ ਸਨ।

## ਕੁੜੀਆਂ ਦੀ ਨੈਸ਼ਨਲ ਸਟਾਈਲ ਕਬੱਡੀ ਚੈਂਪੀਅਨਸ਼ਿਪ ਕਰਵਾਈ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਯੂਨੀਵਰਸਲ ਕਾਲਜ ਪਾਤੜਾਂ ਵਿੱਚ ਕੁੜੀਆਂ ਦਾ ਨੈਸ਼ਨਲ ਸਟਾਈਲ ਕਬੱਡੀ ਚੈਂਪੀਅਨਸ਼ਿਪ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ, ਜਿਸ ਵਿੱਚ 17 ਵੱਖ-ਵੱਖ ਸਕੂਲਾਂ ਦੀਆਂ ਟੀਮਾਂ ਨੇ ਭਾਗ ਲੈ ਕੇ ਆਪਣੇ ਹੁਨਰ ਦਾ ਪ੍ਰਦਰਸ਼ਨ ਕੀਤਾ।ਚੈਂਪੀਅਨਸ਼ਿਪ ਵਿੱਚ ਮੁੱਖ ਮਹਿਮਾਨ ਵਜੋਂ ਇੰਜੀਨੀਅਰ ਸੁਖਵੰਤ ਸਿੰਘ ਧੀਮਾਨ ਐਡੀਸ਼ਨਲ ਸੁਪਰਿਟੈਂਡਿੰਗ ਇੰਜੀਨੀਅਰ ਪਾਵਰਕਾਮ ਨੇ ਸ਼ਿਰਕਤ ਕੀਤੀ ਜਦੋਂ ਕਿ ਵਿਸ਼ੇਸ਼ ਮਹਿਮਾਨਾਂ ਵਜੋਂ ਇੰਜੀਨੀਅਰ ਚਰਨਜੀਤ ਸਿੰਘ, ਇੰਜੀਨੀਅਰ ਆਸ਼ੀਸ਼ ਐੱਸਡੀਓ ਪਾਵਰਕਾਮ, ਤਜਿੰਦਰ ਸਿੰਘ ਸਿੱਧੂ ਚੇਅਰਮੈਨ, ਗੁਰੂ ਤੇਗ ਬਹਾਦਰ ਆਈਟੀਆਈ ਦੁਗਾਲ ਸ਼ਾਮਲ ਹੋਏ।ਇਸ ਮੌਕੇ ਕਾਲਜ ਦੇ ਚੇਅਰਮੈਨ ਬਲਜੀਤ ਸਿੰਘ, ਕਾਲਜ ਦੇ ਵਾਈਸ ਚੇਅਰਮੈਨ ਵੀਰਇੰਦਰ ਸਿੰਘ ਧਾਲੀਵਾਲ ਤੇ ਸੈਕਟਰੀ ਪਰਮਿੰਦਰ ਸਿੰਘ ਘੱਗਾ ਨੇ ਖਿਡਾਰਨਾਂ ਨੂੰ ਸੰਬੋਧਨ ਕੀਤਾ।ਆਖੀਰ ਵਿੱਚ ਜੇਤੂ ਟੀਮਾਂ ਨੂੰ ਯੂਨੀਵਰਸਲ ਕਾਲਜ ਪਾਤੜਾਂ ਵੱਲੋਂ ਨਗਦ ਇਨਾਮ ਤੇ ਟਰਾਫੀਆਂ ਨਾਲ ਸਨਮਾਨਤ ਕੀਤਾ ਗਿਆ।ਪਹਿਲਾ ਸਥਾਨ ਪ੍ਰਾਪਤ ਕਰਨ ਵਾਲੀ ਟੀਮ ਨੂੰ 11,000 ਰੁਪਏ/- ਦਾ ਨਗਦ ਇਨਾਮ ਤੇ ਟਰਾਫੀ ਦਿੱਤੀ ਗਈ, ਜਦਕਿ ਦੂਜੇ ਸਥਾਨ ਵਾਲੀ ਟੀਮ ਨੂੰ 7,000 ਰੁਪਏ/- ਦਾ ਨਗਦ ਇਨਾਮ ਤੇ ਟਰਾਫੀ ਪ੍ਰਦਾਨ ਕੀਤੀ ਗਈ।ਕਾਲਜ ਦੇ ਡਾਇਰੈਕਟਰ ਡਾ. ਅਮਰੀਸ਼ ਧਵਨ ਤੇ ਪ੍ਰਿੰਸੀਪਲ ਯਾਦਵਿੰਦਰ ਸਿੰਘ ਨੇ ਕਿਹਾ ਕਿ ਇਹ ਚੈਂਪੀਅਨਸ਼ਿਪ ਨਾ ਸਿਰਫ਼ ਖੇਡਾਂ ਨੂੰ ਉਤਸ਼ਾਹਤ ਕਰਨ ਵਾਲੀ ਸਾਬਿਤ ਹੋਈ, ਸਗੋਂ ਕੁੜੀਆਂ ਦੇ ਆਤਮ ਵਿਸ਼ਵਾਸ ਤੇ ਸਸ਼ਕਤੀਕਰਨ ਵੱਲ ਇੱਕ ਮਜ਼ਬੂਤ ਕਦਮ ਵੀ ਰਹੀ।

## ਸਟੇਟ ਇੰਡੋਰ ਰੋਇੰਗ ਚੈਂਪੀਅਨਸ਼ਿਪ 'ਚ ਗੋਕਰਨ ਸਿੰਘ ਨੇ ਜਿੱਤੇ ਮੈਡਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਲੁਧਿਆਣਾ ਵਿੱਚ 6ਵੀਂ ਸਟੇਟ ਇੰਡੋਰ ਰੋਇੰਗ ਚੈਂਪੀਅਨਸ਼ਿਪ ਵਿੱਚ ਮੋਗਾ ਦੇ ਉੱਭਰਦੇ ਖਿਡਾਰੀ ਗੋਕਰਨ ਸਿੰਘ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ ਹੈ।ਅੰਡਰ-17 ਵਰਗ ਦੇ ਪੇਅਰ ਇਵੈਂਟ ਵਿੱਚ ਉਨ੍ਹਾਂ ਬਿਹਤਰੀਨ ਤਾਲਮੇਲ ਤੇ ਅਨੁਸ਼ਾਸਨ ਦਾ ਪ੍ਰਦਰਸ਼ਨ ਕਰਦੇ ਹੋਏ ਗੋਲਡ ਮੈਡਲ ਹਾਸਲ ਕੀਤਾ, ਜਦਕਿ 200 ਮੀਟਰ ਰੋਇੰਗ ਮੁਕਾਬਲੇ ਵਿੱਚ ਸਿਲਵਰ ਮੈਡਲ ਜਿੱਤ ਕੇ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਇਆ।ਗੋਕਰਨ ਸਿੰਘ ਦੀ ਇਹ ਕਾਮਯਾਬੀ ਸਿਰਫ਼ ਜਿੱਤ ਤੱਕ ਸੀਮਿਤ ਨਹੀਂ ਹੈ, ਸਗੋਂ ਇਹ ਉਨ੍ਹਾਂ ਦੀ ਖੇਡ ਭਾਵਨਾ (ਸਪੋਰਟਸਮੈਨਸ਼ਿਪ), ਮਿਹਨਤ ਤੇ ਸਮਰਪਣ ਦਾ ਪ੍ਰਤੀਕ ਵੀ ਹੈ।ਮੁਕਾਬਲੇ ਦੌਰਾਨ ਉਨ੍ਹਾਂ ਅਨੁਸ਼ਾਸਨ, ਟੀਮ ਵਰਕ ਤੇ ਮੁਕਾਬਲੇ ਪ੍ਰਤੀ ਸਕਾਰਾਤਮਕ ਸੋਚ ਦਾ ਪ੍ਰਦਰਸ਼ਨ ਕਰਦੇ ਹੋਏ ਹੋਰ ਖਿਡਾਰੀਆਂ ਲਈ ਮਿਸਾਲ ਕਾਇਮ ਕੀਤੀ।ਇਸ ਉਪਲਬਧੀ ਨਾਲ ਹੀ ਗੋਕਰਨ ਸਿੰਘ ਦੀ ਚੋਣ ਰਾਸ਼ਟਰੀ ਪੱਧਰ ਦੇ ਮੁਕਾਬਲਿਆਂ ਲਈ ਵੀ ਹੋ ਗਈ ਹੈ, ਜੋ ਮੋਗਾ ਲਈ ਮਾਣ ਵਾਲੀ ਗੱਲ ਹੈ।ਹੁਣ ਉਨ੍ਹਾਂ ਤੋਂ ਦੇਸ਼ ਪੱਧਰ 'ਤੇ ਵੀ ਸ਼ਾਨਦਾਰ ਪ੍ਰਦਰਸ਼ਨ ਦੀ ਉਮੀਦ ਕੀਤੀ ਜਾ ਰਹੀ ਹੈ।ਇਸ ਮੌਕੇ ਖਿਡਾਰੀ ਦੇ ਪਿਤਾ ਜਗਸੀਰ ਸਿੰਘ ਤੇ ਮਾਤਾ ਜਸਪ੍ਰੀਤ ਕੌਰ ਨੂੰ ਵਧਾਈ ਦਿੰਦਿਆਂ ਮੋਗਾ ਜ਼ਿਲ੍ਹਾ ਭਾਜਪਾ ਪ੍ਰਧਾਨ ਡਾ. ਹਰਜੋਤ ਕਮਲ ਸਿੰਘ ਨੇ ਕਿਹਾ ਕਿ ਗੋਕਰਨ ਸਿੰਘ ਵਰਗੇ ਪ੍ਰਤਿਭਾਸ਼ਾਲੀ ਖਿਡਾਰੀ ਨੌਜਵਾਨਾਂ ਲਈ ਪ੍ਰੇਰਨਾ ਸਰੋਤ ਹਨ।ਉਨ੍ਹਾਂ ਕਿਹਾ ਕਿ ਖੇਡਾਂ ਰਾਹੀਂ ਨਾ ਸਿਰਫ਼ ਸਰੀਰਕ ਵਿਕਾਸ ਹੁੰਦਾ ਹੈ, ਸਗੋਂ ਅਨੁਸ਼ਾਸਨ, ਟੀਮ ਭਾਵਨਾ ਤੇ ਸਕਾਰਾਤਮਕ ਸੋਚ ਵੀ ਵਿਕਸਿਤ ਹੁੰਦੀ ਹੈ।ਡਾ. ਹਰਜੋਤ ਕਮਲ ਸਿੰਘ ਨੇ ਗੋਕਰਨ ਸਿੰਘ ਦੇ ਕੋਚ ਤੇ ਪੂਰੇ ਪਰਿਵਾਰ ਨੂੰ ਵੀ ਵਧਾਈ ਦਿੱਤੀ ਤੇ ਖਿਡਾਰੀ ਨੂੰ ਭਵਿੱਖ ਵਿੱਚ ਹੋਰ ਮਿਹਨਤ ਕਰਕੇ ਉੱਚਾਈਆਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ। ਮੋਗਾ ਦਾ ਇਹ ਸਿਤਾਰਾ ਹੁਣ ਰਾਸ਼ਟਰੀ ਪੱਧਰ 'ਤੇ ਆਪਣੀ ਚਮਕ ਬਿਖੇਰਨ ਲਈ ਤਿਆਰ ਹੈ ਤੇ ਪੂਰੇ ਜ਼ਿਲ੍ਹੇ ਨੂੰ ਉਸ ਤੋਂ ਵੱਡੀਆਂ ਉਮੀਦਾਂ ਹਨ।

## ਵਿਵੇਕਾਨੰਦ ਵਰਲਡ ਸਕੂਲ 'ਚ 'ਨੋ-ਬੈਗ ਡੇ' ਦਾ ਸਫਲ ਆਯੋਜਨ




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਿਵੇਕਾਨੰਦ ਵਰਲਡ ਸਕੂਲ ਫਿਰੋਜ਼ਪੁਰ ਵਿਖੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਨੂੰ ਧਿਆਨ ਵਿੱਚ ਰੱਖਦੇ ਹੋਏ ਸ਼ਨੀਵਾਰ ਨੂੰ ਵਿਸ਼ੇਸ਼ ਤੌਰ 'ਤੇ 'ਨੋ-ਬੈਗ ਡੇ' ਦਾ ਸਫਲ ਆਯੋਜਨ ਕੀਤਾ ਗਿਆ। ਇਹ ਪਹਿਲ ਸਕੂਲ ਦੀ 'ਬਿਓਂਡ ਬੁਕਸ-ਬਿਲਡਿੰਗ ਸਕਿਲਜ਼' ਸੋਚ ਅਧੀਨ ਕੀਤੀ ਗਈ, ਜਿਸ ਦਾ ਮਕਸਦ ਵਿਦਿਆਰਥੀਆਂ ਨੂੰ ਰਵਾਇਤੀ ਪੜ੍ਹਾਈ ਤੋਂ ਅੱਗੇ ਲੈ ਜਾ ਕੇ ਉਨ੍ਹਾਂ ਨੂੰ ਜੀਵਨ ਨਾਲ ਜੁੜੀਆਂ ਲਾਜ਼ਮੀ ਕੁਸ਼ਲਤਾਵਾਂ ਨਾਲ ਜੋੜਨਾ ਹੈ। ਇਸ ਸੰਬੰਧੀ ਸਕੂਲ ਦੇ ਡਾਇਰੈਕਟਰ ਡਾ. ਐੱਸ ਐੱਨ ਰੁਦਰਾ ਨੇ ਦੱਸਿਆ ਕਿ ਸਕੂਲ ਲਗਾਤਾਰ ਵਿਦਿਆਰਥੀਆਂ ਦੇ ਸਮੂਹਕ ਵਿਕਾਸ ਲਈ ਯਤਨਸ਼ੀਲ ਹੈ ਤੇ ਇਹ ਪ੍ਰੋਗਰਾਮ ਉਸੇ ਦਿਸ਼ਾ ਵਿੱਚ ਇਕ ਮਹੱਤਵਪੂਰਨ ਕਦਮ ਹੈ। ਇਸ ਮੌਕੇ ਵਿਦਿਆਰਥੀਆਂ ਨੇ ਸਕੇਟਿੰਗ, ਸ਼ੂਟਿੰਗ, ਮਾਰਸ਼ਲ ਆਰਟਸ, ਫੈਂਸਿੰਗ, ਸ਼ਤਰੰਜ, ਬਾਸਕਟਬਾਲ, ਵਾਲੀਬਾਲ ਤੇ ਕ੍ਰਿਕਟ ਵਰਗੀਆਂ ਵੱਖ-ਵੱਖ ਖੇਡ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਭਾਗ ਲਿਆ। ਇਸ ਦੇ ਨਾਲ ਹੀ ਸੰਗੀਤ ਗਾਇਨ ਤੇ ਵਾਦਨ, ਆਰਟ ਐਂਡ ਕਰਾਫਟ ਤੇ ਡਾਂਸ ਵਰਗੀਆਂ ਰਚਨਾਤਮਕ ਗਤੀਵਿਧੀਆਂ ਵਿੱਚ ਵੀ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਪ੍ਰੋਗਰਾਮ ਦਾ ਮੁੱਖ ਅਕਰਸ਼ਣ ਕਲਾਸ 9ਵੀਂ ਤੋਂ 12ਵੀਂ ਤੱਕ ਦੇ ਵਿਦਿਆਰਥੀਆਂ ਲਈ 'ਕਮਿਊਨੀਕੇਸ਼ਨ ਸਕਿਲਜ਼' 'ਤੇ ਕਰਵਾਇਆ ਗਿਆ ਵਿਸ਼ੇਸ਼ ਸੈਮੀਨਾਰ ਰਿਹਾ, ਜਿਸ ਦਾ ਸੰਚਾਲਨ ਸਕੂਲ ਦੇ ਚੇਅਰਮੈਨ ਡਾ. ਗੌਰਵ ਸਾਗਰ ਭਾਸਕਰ ਨੇ ਕੀਤਾ। ਡਾ. ਭਾਸਕਰ ਨੇ ਵਿਦਿਆਰਥੀਆਂ ਨੂੰ ਸਰੀਰਕ ਪੋਸ਼ਚਰ, ਅੱਖਾਂ ਵਿੱਚ ਅੱਖਾਂ ਪਾ ਕੇ ਗੱਲ ਕਰਨ ਆਈ ਕਾਂਟੈਕਟ ਅਤੇ ਸਪੱਸ਼ਟ ਤੇ ਸਧਾਰਨ ਭਾਸ਼ਾ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ। ਇਹ ਪੂਰਾ 'ਨੋ-ਬੈਗ ਡੇ' ਵਿਦਿਆਰਥੀਆਂ ਲਈ ਸਿੱਖਿਆ, ਮਨੋਰੰਜਨ ਤੇ ਪ੍ਰੇਰਨਾ ਨਾਲ ਭਰਪੂਰ ਇਕ ਯਾਦਗਾਰ ਤਜਰਬਾ ਸਾਬਿਤ ਹੋਇਆ। ਸਕੂਲ ਪ੍ਰਬੰਧਨ ਨੇ ਕਿਹਾ ਕਿ ਭਵਿੱਖ ਵਿਚ ਵੀ ਇਸ ਤਰ੍ਹਾਂ ਦੇ ਪ੍ਰੋਗਰਾਮ ਕਰਵਾਏ ਜਾਂਦੇ ਰਹਿਣਗੇ, ਤਾਂ ਜੋ ਵਿਦਿਆਰਥੀਆਂ ਦਾ ਸਰਬਪੱਖੀ ਵਿਕਾਸ ਯਕੀਨੀ ਬਣਾਇਆ ਜਾ ਸਕੇ ਤੇ ਉਹ ਜੀਵਨ ਵਿੱਚ ਲਗਾਤਾਰ ਅੱਗੇ ਵਧਦੇ ਹੋਏ ਨਵੀਆਂ ਉੱਚਾਈਆਂ ਹਾਸਲ ਕਰ ਸਕਨ।

# ਪੈਨਸ਼ਨਰਜ਼ ਐਂਡ ਸੀਨੀਅਰ ਸਿਟੀਜ਼ਨ ਵੈੱਲਫੇਅਰ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ

**ਪੱਟੀ, (ਬਲਦੇਵ ਸਿੰਘ ਸੰਧੂ)**-ਪੰਜਾਬ ਸਰਕਾਰ ਦਾ ਡੀਏ ਅਤੇ ਹੋਰ ਮੰਗਾਂ ਤੋਂ ਮੁਨਕਰ ਹੋਣਾ ਪੈਨਸ਼ਨਰਜ਼ ਅਤੇ ਮੁਲਾਜ਼ਮ ਵਰਗ ਲਈ ਵੰਗਾਰ ਬਲਦੇਵ ਸਿੰਘ ਕੱਲਾ ਗਾਂਧੀ ਪਾਰਕ ਤਰਨ ਤਾਰਨ ਪੈਨਸ਼ਨਰਜ਼ ਐਂਡ ਸੀਨੀਅਰ ਸਿਟੀਜ਼ਨ ਵੈੱਲਫੇਅਰ ਐਸੋਸੀਏਸ਼ਨ ਰਜਿਸਟਰਡ ਨੰਬਰ 152 ਟੀ ਟੀ ਜ਼ਿਲ੍ਹਾ ਤਰਨ ਤਾਰਨ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਬਲਦੇਵ ਸਿੰਘ ਕੱਲਾ ਦੀ ਪ੍ਰਧਾਨਗੀ ਹੇਠ ਗਾਂਧੀ ਪਾਰਕ ਤਰਨ ਤਾਰਨ ਵਿਖੇ ਹੋਈ।ਸਭ ਤੋਂ ਪਹਿਲਾਂ ਵਿਛੜ ਚੁੱਕੇ ਸਾਥੀਆਂ ਨੂੰ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾ ਦੇ ਫੁੱਲ ਭੇਟ ਕੀਤੇ। ਪ੍ਰੈੱਸ ਦੇ ਨਾਂਅ ਬਿਆਨ ਜਾਰੀ ਕਰਦੇ ਹੋਏ ਸਤਪਾਲ ਸ਼ਰਮਾ ਜ਼ਿਲ੍ਹਾ ਜਨਰਲ ਸਕੱਤਰ ਨੇ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਪੈਨਸ਼ਨਰਜ਼ ਦੀਆਂ ਮੰਗਾਂ ਮੰਨਣ ਤੋਂ ਭੱਜ ਰਹੀ ਹੈ।ਪਿਛਲੇ ਚਾਰ ਸਾਲ ਤੋਂ ਮੰਗਾਂ ਮੰਨਣ ਦੀ ਬਜਾਏ ਪੈਨਸ਼ਨਰ ਅਤੇ ਮੁਲਾਜ਼ਮ ਵਰਗ ਨੂੰ ਪਰੇਸ਼ਾਨ ਕੀਤਾ ਜਾ ਰਿਹਾ ਹੈ, 16% ਡੀਏ ਜਾਮ ਕੀਤਾ ਹੋਇਆ ਹੈ, 2.59 ਦਾ ਫੈਕਟਰ ਲਾਗੂ ਨਹੀਂ ਕੀਤਾ ਜਾ ਰਿਹਾ। ਮੰਗ ਕੀਤੀ ਗਈ ਕਿ ਨਵੀਂ ਮੈਡੀਕਲ ਸਹੂਲਤ ਰੱਦ ਕਰਦੇ ਹੋਏ 10 ਲੱਖ ਤੱਕ ਦਾ ਮੁਫਤ ਬੀਮਾ ਕੀਤਾ ਜਾਵੇ। ਈ ਕੇ ਵਾਈ ਸੀ ਦਾ ਨਵਾਂ ਸੱਪ ਕੱਢ ਕੇ ਪੈਨਸ਼ਨਰਾਂ ਦੇ ਗਲਾਂ ਵਿੱਚ ਪਾਇਆ ਜਾ ਰਿਹਾ ਹੈ। ਸੂਬਾ ਕਮੇਟੀ ਮੈਂਬਰ ਜਗਤਾਰ ਸਿੰਘ ਆਸਲ ਨੇ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦੀਆਂ ਆਰਥਿਕ ਨੀਤੀਆਂ ਦੀ ਆਲੋਚਨਾ ਕਰਦੇ ਹੋਏ ਕਿਹਾ ਕਿ ਦੋਵੇਂ ਸਰਕਾਰਾਂ ਘੋਰ ਆਰਥਿਕ ਸੰਕਟ ਵਿੱਚ ਫਸ ਚੁੱਕੀਆਂ ਹਨ। ਮੰਗਾਂ ਨੂੰ ਲੈ ਕੇ ਪੈਨਸ਼ਨਰ ਅਤੇ ਮੁਲਾਜ਼ਮ ਲਗਾਤਾਰ ਸੰਘਰਸ਼ ਕਰ ਰਹੇ ਹਨ, ਸਰਕਾਰ ਕੁਝ ਵੀ ਦੇਣ ਲਈ ਤਿਆਰ ਨਹੀਂ ਹੈ। ਸ਼ਿੰਗਾਰਾ ਸਿੰਘ ਘੜਕਾਂ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਭਾਰਤ ਸਰਕਾਰ ਦੀ ਵਿਦੇਸ਼ ਨੀਤੀ ਦੇਸ਼ ਦੇ ਲੋਕਾਂ ਲਈ ਘਾਤਕ ਸਿੱਧ ਹੋ ਰਹੀ ਹੈ, ਮਹਿੰਗਾਈ ਲਗਾਤਾਰ ਵੱਧ ਰਹੀ ਹੈ ਤੇਲ ਅਤੇ ਗੈਸ ਦੀਆਂ ਕੀਮਤਾਂ ਵੱਧ ਰਹੀਆਂ ਹਨ ਅਤੇ ਅਤੇ ਆਰਜ਼ੀ ਥੁੜ ਪੈਦਾ ਕੀਤੀ ਜਾ ਰਹੀ ਹੈ। ਬੁਲਾਰੇ ਸਾਥੀਆਂ ਵਿੱਚ ਬਲਦੇਵ ਸਿੰਘ ਕੈਸ਼ੀਅਰ, ਤੇਜਿੰਦਰ ਸਿੰਘ ਕੱਲਾ, ਚੇਅਰਮੈਨ ਗੁਰਦੇਵ ਸਿੰਘ ਸੰਧੂ, ਬਲਵਿੰਦਰ ਸਿੰਘ, ਪ੍ਰਗਟ ਸਿੰਘ, ਮੰਗਲ ਸਿੰਘ ਸਰਹਾਲੀ, ਦਵਿੰਦਰ ਸਿੰਘ ਬਿੱਟੂ, ਓਂਕਾਰ ਸਿੰਘ, ਬਖਸ਼ੀਸ਼ ਸਿੰਘ ਜਵੰਦਾ, ਅਸ਼ਵਨੀ ਕੁਮਾਰ, ਧਰਮ ਸਿੰਘ ਪੱਟੀ ਆਦਿ ਨੇ ਆਪੋ ਆਪਣੇ ਵਿਚਾਰ ਪੇਸ਼ ਕੀਤੇ। ਮੀਟਿੰਗ ਵਿੱਚ ਸੈਂਕੜੇ ਸਾਥੀ ਸ਼ਾਮਿਲ ਹੋਏ ਜਿਨਾਂ ਵਿੱਚ ਮੁੱਖ ਰੂਪ ਵਿੱਚ ਕਸ਼ਮੀਰ ਸਿੰਘ ਬੁਰਜ, ਚਾਨਣ ਸਿੰਘ ਪੱਟੀ, ਗੋਪਾਲ ਸਿੰਘ, ਅਵਤਾਰ ਸਿੰਘ, ਗੁਰਨਾਮ ਸਿੰਘ, ਬਲਬੀਰ ਸਿੰਘ, ਬੀਰ ਮਸੀਹ, ਜੋਗਾ ਸਿੰਘ, ਭੁਪਿੰਦਰ ਸਿੰਘ, ਹਰਜਿੰਦਰ ਸਿੰਘ, ਮਹਿੰਦਰ ਸਿੰਘ ਢੋਟੀਆਂ, ਸੁਖਦੇਵ ਸਿੰਘ ਗੰਡੀਵਿੰਡ, ਨਿਰਮਲ ਸਿੰਘ, ਸੁਰਜੀਤ ਸਿੰਘ, ਕੁਲਵਿੰਦਰ ਸਿੰਘ, ਰਮੇਸ਼, ਸ਼ਕਤੀ ਕੁਮਾਰ, ਸ਼ਸ਼ੀ ਬਾਲਾ, ਸੋਮਨਾਥ, ਹਰਬੰਸ ਸਿੰਘ, ਪ੍ਰੀਤਮ ਸਿੰਘ, ਰਜਿੰਦਰ ਸਿੰਘ, ਦਲਬੀਰ ਸਿੰਘ, ਜਸਵੰਤ ਸਿੰਘ, ਨਿਰੰਜਨ ਸਿੰਘ, ਦਰਸ਼ਨ ਕੌਰ, ਉਸਮਾ, ਬਾਘਾ ਸਿੰਘ, ਸੁਖਦੇਵ ਸਿੰਘ ਬਾਗੜੀਆਂ, ਸਿਮਰਜੀਤ ਕੌਰ, ਸੁਖਵਿੰਦਰਜੀਤ ਸਿੰਘ, ਬਚਿੱਤਰ ਸਿੰਘ, ਕੁਲਵੰਤ ਸਿੰਘ ਸ਼ਾਮਿਲ ਸਨ। ਪ੍ਰਧਾਨ ਬਲਦੇਵ ਸਿੰਘ ਕੱਲਾ ਨੇ ਸਫਲ ਮੀਟਿੰਗ ਲਈ ਸਾਥੀਆਂ ਨੂੰ ਵਧਾਈ ਦਿੱਤੀ ਅਤੇ ਸਹਿਯੋਗੀ ਸਾਥੀਆਂ ਦਾ ਧੰਨਵਾਦ ਕੀਤਾ।



# ਬਿਜਲੀ ਕਾਮਿਆਂ ਨੂੰ ਪਟਿਆਲਾ ਦੇ ਰੋਸ ਧਰਨੇ 'ਚ ਵਹੀਰਾਂ ਘੱਤ ਕੇ ਪਹੁੰਚਣ ਦਾ ਸੱਦਾ

**ਪਟਿਆਲਾ (ਨ ਜ਼ ਸ)**-ਬਿਜਲੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਪ੍ਰਮੁੱਖ ਜਥੇਬੰਦੀਆਂ ਦੇ ਸਾਂਝੇ ਥੜੇ ਪੀਐੱਸਈਬੀ ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰਜ਼, ਗਰਿੱਡ ਸਬ-ਸਟੇਸ਼ਨ ਇੰਪਲਾਈਜ਼ ਯੂਨੀਅਨ ਰਜਿ :24, ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ ਏਟਕ, ਪੈਨਸ਼ਨਰ ਵੈੱਲਫੇਅਰ ਫੈਡਰੇਸ਼ਨ ਪਹਿਲਵਾਨ ਨਾਲ ਸਬੰਧਤ ਆਗੂਆਂ ਨੇ ਸਾਂਝਾ ਪ੍ਰੈੱਸ ਬਿਆਨ ਜਾਰੀ ਕਰਕੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਸੋਸ਼ਲ ਮੀਡੀਆ ਵਿੱਚ ਬਿਜਲੀ ਮੁਲਾਜ਼ਮਾਂ ਬਾਰੇ ਕੀਤੀਆਂ ਅਪਮਾਨਜਨਕ ਟਿੱਪਣੀਆਂ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ।ਜਥੇਬੰਦੀਆਂ ਦੇ ਆਗੂਆਂ ਗੁਰਪ੍ਰੀਤ ਸਿੰਘ ਗੰਡੀਵਿੰਡ, ਕੁਲਵਿੰਦਰ ਸਿੰਘ ਢਿੱਲੋਂ, ਹਰਪਾਲ ਸਿੰਘ, ਗੁਰਵੇਲ ਸਿੰਘ ਬੱਲਪੁਰੀਆ, ਗੁਰਭੇਜ ਸਿੰਘ ਢਿੱਲੋਂ, ਬਲਜੀਤ ਸਿੰਘ ਮੋਦਲਾ, ਰਵੇਲ ਸਿੰਘ ਸਹਾਏਪੁਰ, ਦੇਵਿੰਦਰ ਸਿੰਘ ਪਿਸ਼ੌਰ, ਕੌਰ ਸਿੰਘ ਸੋਹੀ, ਦਲੀਪ ਕੁਮਾਰ, ਜਸਵੀਰ ਸਿੰਘ ਆਂਡਲੂ, ਇੰਜ : ਰਣਜੀਤ ਸਿੰਘ ਢਿੱਲੋਂ, ਪਵਨਪ੍ਰੀਤ ਸਿੰਘ, ਰਾਧੇ ਸ਼ਿਆਮ, ਬਾਬਾ ਅਮਰਜੀਤ ਸਿੰਘ, ਗੁਰਪਿਆਰ ਸਿੰਘ ਆਦਿ ਨੇ ਕਿਹਾ ਕਿ ਪੰਜਾਬ ਦਾ ਬਿਜਲੀ ਢਾਂਚਾ ਖੜਾ ਕਰਦਿਆਂ ਅਤੇ ਖਪਤਕਾਰਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਮੁਹੱਈਆ ਕਰਵਾਉਂਦਿਆਂ ਸੈਂਕੜੇ ਬਿਜਲੀ ਮੁਲਾਜ਼ਮਾਂ ਨੇ ਆਪਣੀਆਂ ਕੀਮਤੀ ਜਾਨਾਂ ਗਵਾਈਆਂ ਹਨ ।ਅੱਜ ਵੀ ਪੰਜਾਹ ਹਜ਼ਾਰ ਅਸਾਮੀਆਂ ਖ਼ਾਲੀ ਹੋਣ ਕਰਕੇ ਬਹੁਤ ਘੱਟ ਸਟਾਫ਼ ਹੋਣ ਦੇ ਬਾਵਜੂਦ ਦਿਨੋਂ ਦਿਨ ਵਧ ਰਹੇ ਕੰਮ ਦੇ ਦਬਾਅ ਹੇਠ ਬਿਜਲੀ ਮੁਲਾਜ਼ਮ ਲਗਾਤਾਰ ਹਾਦਸਿਆਂ ਦੇ ਸ਼ਿਕਾਰ ਹੋ ਕੇ ਕੁੱਝ ਕੀਮਤੀ ਜਾਨਾਂ ਤੋਂ ਹੱਥ ਧੋ ਰਹੇ ਹਨ ਅਤੇ ਕੁੱਝ ਜ਼ਿੰਦਗੀ ਭਰ ਲਈ ਅਪਾਹਜ ਹੋ ਕੇ ਪਰਿਵਾਰਾਂ 'ਤੇ ਬੋਝ ਬਣ ਰਹੇ ਹਨ ਜਿਸ ਬਾਰੇ ਪਾਵਰ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਨੇ ਕਦੀ ਵੀ ਸੰਜੀਦਗੀ ਨਾਲ ਵਿਚਾਰ ਨਹੀਂ ਕੀਤਾ ਪਰ ਬਹੁਤ ਦੁੱਖ ਦੀ ਗੱਲ ਹੈ ਕਿ ਸੂਬੇ ਦੇ ਮੁੱਖ ਮੰਤਰੀ ਪਾਵਰ ਅਤੇ ਟ੍ਰਾਂਸਕੋ ਕਾਰਪੋਰੇਸ਼ਨਾਂ ਦੇ ਘਟੀਆ ਪ੍ਰਬੰਧਾਂ ਨੂੰ ਠੀਕ ਕਰਨ ਲਈ ਲੋੜੀਂਦੀ ਮਾਤਰਾ ਵਿੱਚ ਨਾ ਤਾਂ ਰੈਗੂਲਰ ਭਰਤੀ ਕਰ ਰਹੇ ਹਨ ਅਤੇ ਨਾ ਹੀ ਤਕਨੀਕ ਦੇ ਯੁੱਗ ਵਿੱਚ ਕੰਮ ਕਰਨ ਲਈ ਅਧੁਨਿਕ ਸਾਜ਼ੋ ਸਾਮਾਨ ਦੀ ਖਰੀਦ ਬਾਰੇ ਵਿਚਾਰ ਕਰ ਰਹੇ ਹਨ, ਉਲਟਾ ਮੁਲਾਜ਼ਮਾਂ ਪ੍ਰਤੀ ਗੈਰ-ਜ਼ਿੰਮੇਵਰਾਨਾ ਟਿੱਪਣੀਆਂ ਕਰਕੇ ਮੁਲਾਜ਼ਮਾਂ ਦੇ ਮਨੋਬਲ ਨੂੰ ਨੀਵਾਂ ਕਰਨ ਦਾ ਕੰਮ ਕਰ ਰਹੇ ਹਨ।

ਆਗੂਆਂ ਨੇ ਕਿਹਾ ਕਿ ਹਾਦਸਿਆਂ ਵਿੱਚ ਜ਼ਖਮੀ ਕਰਮਚਾਰੀਆਂ ਦੇ ਕੈਸ਼ਲੈੱਸ ਇਲਾਜ ਦੇ ਮਸਲੇ ਨੂੰ ਮੀਟਿੰਗਾਂ ਵਿੱਚ ਮੰਨ ਕੇ ਮੈਨੇਜਮੈਂਟ ਵੱਲੋਂ ਲਾਗੂ ਨਹੀਂ ਕੀਤਾ ਜਾ ਰਿਹਾ।ਆਗੂਆਂ ਨੇ ਮੁੱਖ ਮੰਤਰੀ ਦੇ ਬਿਆਨ ਨੂੰ ਮੰਦਭਾਗਾ ਦੱਸਦਿਆਂ ਅਫਸੋਸ ਜ਼ਾਹਰ ਕਰਦੇ ਹੋਏ ਕਿਹਾ ਕਿ ਚਾਹੀਦਾ ਤਾਂ ਇਹ ਸੀ ਕਿ ਬਿਜਲੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਮਸਲੇ ਹੱਲ ਕਰਕੇ ਬਹੁਤ ਰਿਸਕ ਵਿੱਚ ਕੰਮ ਕਰਨ ਬਦਲੇ ਕਾਮਿਆਂ ਦੀ ਹੌਂਸਲਾ ਅਫਜ਼ਾਈ ਕੀਤੀ ਜਾਂਦੀ ਪਰ ਮੁੱਖ ਮੰਤਰੀ ਲੋਕਾਂ ਵਿੱਚ ਬਿਜਲੀ ਕਾਮਿਆਂ ਪ੍ਰਤੀ ਹਕੀਕਤਾਂ ਦੇ ਉਲਟ ਅਜਿਹੀ ਬਿਆਨਬਾਜ਼ੀ ਕਰਕੇ ਮੁਲਾਜ਼ਮਾਂ ਦਾ ਅਕਸ ਖਰਾਬ ਕਰ ਰਹੇ ਹਨ। ਆਗੂਆਂ ਨੇ ਕਿਹਾ ਕਿ ਪਿਛਲੇ ਸਾਲ ਅਗਸਤ ਵਿੱਚ ਪੰਜਾਬ ਦੇ ਵਿੱਤ ਮੰਤਰੀ ਅਤੇ ਬਿਜਲੀ ਮੰਤਰੀ ਨਾਲ ਹੋਈਆਂ ਸਹਿਮਤੀਆਂ ਨੂੰ ਲਾਗੂ ਕਰਨ ਦੀ ਬਜਾਏ ਮੁੱਖ ਮੰਤਰੀ ਸਾਹਿਬ ਲੋਕਾਂ ਨੂੰ ਫੋਕੀਆਂ ਗੱਲਾਂ ਸੁਣਾ ਕੇ ਪੱਲਾ ਝਾੜ ਰਹੇ ਹਨ।ਆਗੂਆਂ ਨੇ ਪਾਵਰਕਾਮ ਤੇ ਟ੍ਰਾਂਸਕੋ ਦੀ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਤੇ ਬਿਜਲੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਜਾਇਜ਼ ਮਸਲਿਆਂ ਨੂੰ ਜਾਣਬੁੱਝ ਕੇ ਲਮਕਾਅ ਅਵਸਥਾ ਵਿੱਚ ਰੱਖਣ ਦੇ ਦੋਸ਼ ਲਗਾਉਂਦਿਆਂ ਰੋਸ ਵਜੋਂ 10 ਅਪਰੈਲ ਨੂੰ ਮੁੱਖ ਦਫਤਰ ਪਟਿਆਲਾ ਅੱਗੇ ਰੋਸ ਧਰਨਾ ਲਗਾ ਕੇ ਪਾਵਰ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਖਿਲਾਫ਼ ਜ਼ੋਰਦਾਰ ਪਿੱਟ ਸਿਆਪਾ ਕਰਨ ਲਈ ਬਿਜਲੀ ਕਾਮਿਆਂ ਨੂੰ ਵਹੀਰਾਂ ਘੱਤ ਕੇ ਪਹੁੰਚਣ ਦਾ ਸੱਦਾ ਦਿੱਤਾ।

## ਖਾਲਸਾ ਕਾਲਜ ਆਫ ਲਾਅ ਵਿਖੇ ਕ੍ਰਿਮੀਨਲ ਮੂਟ ਕੋਰਟਾਂ ਲੱਗੀਆਂ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਖਾਲਸਾ ਕਾਲਜ ਆਫ਼ ਲਾਅ ਵਿਖੇ ਗਿਆਰਾਂ ਕ੍ਰਿਮੀਨਲ ਮੂਟ ਕੋਰਟਾਂ ਦਾ ਆਯੋਜਨ ਕੀਤਾ ਗਿਆ। ਕਾਲਜ ਦੇ ਡਾਇਰੈਕਟਰ-ਕਮ-ਪ੍ਰਿੰਸੀਪਲ ਪ੍ਰੋ. (ਡਾ.) ਜਸਪਾਲ ਸਿੰਘ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕਰਵਾਏ ਗਏ ਉਕਤ ਪ੍ਰੋਗਰਾਮ ਦੀ ਪ੍ਰਧਾਨਗੀ ਅਨਿਲ ਸ਼ਰਮਾ, ਸੰਦੀਪ ਕਪੂਰ, ਅਮਨਦੀਪ ਸ਼ਰਮਾ, ਵਿਭੋਰ ਤਨੇਜਾ, ਰਾਜੀਵ ਜੋਸ਼ੀ, ਸ਼ਸ਼ੀਵੀਰ ਸ਼ਰਮਾ, ਗੁਰਪ੍ਰੀਤ ਸਿੰਘ ਪਾਹਵਾ, ਸ਼ੇਰ ਸਿੰਘ ਸੋਢੀ, ਸੁਪ੍ਰੀਆ ਕੱਕੜ, ਰਜਨੀ ਸ਼ਰਮਾ ਅਤੇ ਦੀਪਕ ਸ਼ਰਮਾ, ਜ਼ਿਲ੍ਹਾ ਅਦਾਲਤ ਦੇ ਸੀਨੀਅਰ ਵਕੀਲਾਂ ਵੱਲੋਂ ਕੀਤੀ ਗਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ. ਜਸਪਾਲ ਸਿੰਘ ਨੇ ਕਿਹਾ ਕਿ ਉਕਤ ਮੂਟ ਕੋਰਟਾਂ 'ਚ ਬੀ. ਏ. ਐੱਲ. ਐੱਲ. ਬੀ. (ਐੱਫ. ਵਾਈ. ਆਈ. ਸੀ.) 10ਵੇਂ ਸਮੈਸਟਰ ਦੇ ਵਿਦਿਆਰਥੀਆਂ ਦੀਆਂ 6 ਟੀਮਾਂ, ਬੀ. ਕਾਮ. ਐੱਲ. ਐੱਲ. ਬੀ. (ਐੱਫ. ਵਾਈ. ਆਈ. ਸੀ.) 10ਵੇਂ ਸਮੈਸਟਰ ਦੀਆਂ 3 ਟੀਮਾਂ ਅਤੇ ਐੱਲ. ਐੱਲ. ਬੀ. (ਟੀ. ਵਾਈ. ਸੀ.) ਸਮੈਸਟਰ 6ਵੇਂ ਦੀਆਂ 2 ਟੀਮਾਂ ਨੇ ਭਾਗ ਲਿਆ। ਉਨ੍ਹਾਂ ਕਿਹਾ ਕਿ ਇਨ੍ਹਾਂ ਵਿਦਿਆਰਥੀਆਂ ਨੇ ਕਤਲ, ਐੱਨ. ਡੀ. ਪੀ. ਐੱਸ., ਭ੍ਰਿਸ਼ਟਾਚਾਰ, ਅਗਵਾ, ਡਿਜੀਟਲ ਧੋਖਾਧੜੀ ਆਦਿ ਵੱਖ-ਵੱਖ ਵਿਸ਼ਿਆਂ 'ਤੇ ਆਪਣੇ ਕੇਸ ਪੇਸ਼ ਕੀਤੇ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੇ ਆਪਣੇ ਕੇਸਾਂ ਦੀ ਤਿਆਰੀ ਪ੍ਰੈਕਟਿਕਲ ਟ੍ਰੇਨਿੰਗ ਕੋਆਰਡੀਨੇਟਰ ਅਤੇ ਐਸੋਸੀਏਟ ਪ੍ਰੋਫੈਸਰ ਡਾ. ਸੀਮਾ ਰਾਣੀ ਤੋਂ ਇਲਾਵਾ ਡਾ. ਪੂਰਨਿਮਾ ਖੰਨਾ, ਡਾ. ਦਿਵਿਆ ਸ਼ਰਮਾ, ਡਾ. ਮੋਹਿਤ ਸੈਣੀ, ਡਾ. ਰੇਣੂ ਸੈਣੀ, ਡਾ. ਪਵਨਦੀਪ ਕੌਰ, ਡਾ. ਗੁਰਜਿੰਦਰ ਕੌਰ, ਡਾ. ਅਨੀਤਾ ਸ਼ਰਮਾ, ਡਾ. ਹਰਜੋਤ ਕੌਰ, ਪ੍ਰੋ. ਉਤਕਰਸ਼ ਸੇਠ, ਪ੍ਰੋ. ਜਸਦੀਪ ਸਿੰਘ ਅਤੇ ਪ੍ਰੋ. ਹੇਮਾ ਸਿੰਘ ਦੀ ਅਗਵਾਈ ਹੇਠ ਕੀਤੀ। ਇਸ ਮੌਕੇ ਉਕਤ ਪ੍ਰੀਜ਼ਾਈਡਿੰਗ ਅਫਸਰਾਂ ਨੇ ਵਿਦਿਆਰਥੀਆਂ ਵੱਲੋਂ ਮੂਲ ਸਮੱਸਿਆਵਾਂ ਦੀ ਤਿਆਰੀ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਅਦਾਲਤਾਂ 'ਚ ਅਸਲ ਅਭਿਆਸ 'ਚ ਹੋਣ 'ਤੇ ਕੇਸ ਤਿਆਰ ਕਰਨ 'ਚ ਸਖ਼ਤ ਮਿਹਨਤ ਕਰਨ ਲਈ ਮਾਰਗਦਰਸ਼ਨ ਕੀਤਾ। ਇਸ ਮੌਕੇ ਡਾ. ਗੁਨੀਸ਼ਾ ਸਲੂਜਾ, ਡਾ. ਰਸ਼ਿਮਾ ਚੰਗੋਤਰਾ, ਪ੍ਰੋ. ਪ੍ਰਤਿਭਾ ਗਿੱਲ, ਪ੍ਰੋ. ਜਸਪ੍ਰੀਤ ਕੌਰ, ਪ੍ਰੋ. ਜਸਪਿੰਦਰ ਕੌਰ, ਪ੍ਰੋ. ਮਨਸੀਰਤ ਕੌਰ, ਪ੍ਰੋ. ਪ੍ਰੇਰਨਾ, ਪ੍ਰੋ. ਪਲਵਿੰਦਰ ਕੌਰ ਆਦਿ ਹਾਜ਼ਰ ਸਨ।




## ਪੱਤਰਕਾਰ ਬਲਜੀਤ ਸਿੰਘ ਕਾਹਲੋਂ ਦਾ ਦੇਹਾਂਤ

ਚਵਿੰਡਾ ਦੇਵੀ (ਖ਼ੁਸ਼ਹਾਲ ਸੁੰਦਰ)-ਪੱਤਰਕਾਰ ਭਾਈਚਾਰੇ ਨੂੰ ਉਸ ਵੇਲੇ ਗਹਿਰਾ ਸਦਮਾ ਲੱਗਾ, ਜਦ ਮਜੀਠਾ ਹਲਕੇ ਤੋਂ ਜਗ ਬਾਣੀ ਦੇ ਸੀਨੀਅਰ ਪੱਤਰਕਾਰ ਬਲਜੀਤ ਸਿੰਘ ਕਾਹਲੋਂ ਦਾ ਦਿਹਾਂਤ ਹੋ ਗਿਆ। ਇਸ ਦੁੱਖ ਦੀ ਘੜੀ ਵਿੱਚ ਸਮੂਹ ਪੱਤਰਕਾਰ ਭਾਈਚਾਰਾ, ਕਿਸਾਨ ਜਥੇਬੰਦੀਆਂ, ਰਾਜਨੀਤਕ ਪਾਰਟੀਆਂ ਆਦਿ ਨੇ ਕਾਹਲੋਂ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਇਸ ਸਬੰਧੀ ਪੱਤਰਕਾਰ ਬਲਜੀਤ ਸਿੰਘ ਕਾਹਲੋਂ ਦੇ ਭਰਾ ਕੁਲਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਬਲਜੀਤ ਪਿਛਲੇ ਕੁੱਝ ਦਿਨਾਂ ਤੋਂ ਸਿਹਤ ਪਖੋਂ ਠੀਕ ਨਹੀਂ ਸਨ। ਹਾਰਟ ਅਟੈਕ ਆਉਣ ਕਾਰਨ ਉਨ੍ਹਾਂ ਨੂੰ ਐਸਕਾਰਟ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਸੀ ਅਤੇ ਉਨ੍ਹਾ ਦੀ ਹਾਲਤ ਵਿੱਚ ਸੁਧਾਰ ਆਉਣ 'ਤੇ ਡਾਕਟਰਾਂ ਵੱਲੋਂ ਘਰ ਭੇਜ ਦਿੱਤਾ ਗਿਆ, ਪਰ ਮੁੜ ਅਟੈਕ ਆਉਣ ਕਾਰਨ ਬਲਜੀਤ ਸਿੰਘ ਕਾਹਲੋਂ ਅਕਾਲ ਚਲਾਣਾ ਕਰ ਗਏ। ਪੱਤਰਕਾਰ ਭਾਈਚਾਰੇ ਨੇ ਅਰਦਾਸ ਕੀਤੀ ਕਿ ਪਰਮਾਤਮਾ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ ਅਤੇ ਬਲਜੀਤ ਕਾਹਲੋਂ ਨੂੰ ਆਪਣੇ ਚਰਨਾਂ ਵਿੱਚ ਸਥਾਨ ਦੇਣ।



## ਨਵਜੋਤ ਕੌਰ ਨੇ ਮਿਸ ਫਰੈਸ਼ਰ ਤੇ ਜਸਪ੍ਰੀਤ ਸਿੰਘ ਨੇ ਮਿਸਟਰ ਫਰੈਸ਼ਰ ਦਾ ਖਿਤਾਬ ਜਿੱਤਿਆ

ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਖਾਲਸਾ ਕਾਲਜ ਆਫ ਨਰਸਿੰਗ ਵਿਖੇ ਨਵੇਂ ਵਿਦਿਆਰਥੀਆਂ ਦਾ ਸਵਾਗਤ ਕਰਨ ਲਈ ਫਰੈਸ਼ਰ ਪਾਰਟੀ ਦਾ ਆਯੋਜਨ ਕੀਤਾ ਗਿਆ। ਕਾਲਜ ਪ੍ਰਿੰਸੀਪਲ ਡਾ. ਅਮਨਪ੍ਰੀਤ ਕੌਰ ਦੇ ਸਹਿਯੋਗ ਨਾਲ ਕਰਵਾਏ ਗਏ ਉਕਤ ਸਮਾਰੋਹ ਦਾ ਮੁੱਖ ਉਦੇਸ਼ ਨਵੇਂ ਵਿਦਿਆਰਥੀਆਂ ਨੂੰ ਕਾਲਜ ਦੇ ਮਾਹੌਲ ਨਾਲ ਜਾਣੂ ਕਰਵਾਉਣਾ ਅਤੇ ਉਨ੍ਹਾਂ ਨੂੰ ਸੀਨੀਅਰ ਵਿਦਿਆਰਥੀਆਂ ਨਾਲ ਮਿਲਾਪ ਦਾ ਮੌਕਾ ਦੇਣਾ ਸੀ। ਉਕਤ ਸਮਾਗਮ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਕੀਰਤਨ ਗਾਇਨ ਨਾਲ ਕੀਤੀ ਗਈ। ਉਪਰੰਤ ਪ੍ਰਿੰ: ਡਾ. ਅਮਨਪ੍ਰੀਤ ਕੌਰ ਨੇ ਨਵੇਂ ਵਿਦਿਆਰਥੀਆਂ ਨੂੰ ਜੀ ਆਇਆਂ ਕਹਿੰਦਿਆਂ ਭਵਿੱਖ ਲਈ ਸ਼ੁਭ ਇੱਛਾਵਾਂ ਦਿੱਤੀਆਂ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੀ ਪੜ੍ਹਾਈ 'ਚ ਲਗਨ ਅਤੇ ਸੇਵਾ ਭਾਵਨਾ ਨਾਲ ਅਗਾਂਹ ਵੱਧਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਨਰਸਿੰਗ ਸਿਰਫ਼ ਇਕ ਪੇਸ਼ਾ ਨਹੀਂ, ਸਗੋਂ ਮਨੁੱਖਤਾ ਦੀ ਸੇਵਾ ਕਰਨ ਦਾ ਸਭ ਤੋਂ ਵੱਡਾ ਜ਼ਰੀਆ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦੌਰਾਨ ਨਵੇਂ ਵਿਦਿਆਰਥੀਆਂ ਨੇ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਮੌਕੇ ਗਿੱਧਾ, ਭੰਗੜਾ, ਗੀਤ ਅਤੇ ਮਾਡਲਿੰਗ ਵਰਗੀਆਂ ਕਲਾਤਮਕ ਪੇਸ਼ਕਾਰੀਆਂ ਨੇ ਦਰਸ਼ਕਾਂ ਨੂੰ ਮੋਹ ਲਿਆ। ਇਸ ਮੌਕੇ ਨਵਜੋਤ ਕੌਰ "ਮਿਸ ਫਰੈਸ਼ਰ" ਅਤੇ ਜਸਪ੍ਰੀਤ ਸਿੰਘ "ਮਿਸਟਰ ਫਰੈਸ਼ਰ" ਦੇ ਖਿਤਾਬ ਨਾਲ ਨਿਵਾਜੇ ਗਏ ਜਦਕਿ ਸਮਾਇਲਪ੍ਰੀਤ ਕੌਰ ਮਿਸ ਚਾਰਮਿੰਗ ਅਤੇ ਵਿਨੈ ਮਿਸਟਰ ਹੈਂਡਸਮ ਚੁਣੇ ਗਏ ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਚੋਣ ਪੇਸ਼ਕਾਰੀ, ਆਤਮ-ਵਿਸ਼ਵਾਸ ਅਤੇ ਵਿਅਕਤੀਗਤ ਗੁਣਾਂ ਦੇ ਆਧਾਰ 'ਤੇ ਕੀਤੀ ਗਈ। ਸਮਾਗਮ ਨੇ ਸਮੂਹ ਵਿਦਿਆਰਥੀਆਂ 'ਚ ਭਾਈਚਾਰੇ ਅਤੇ ਏਕਤਾ ਦੀ ਭਾਵਨਾ ਨੂੰ ਮਜ਼ਬੂਤ ਕੀਤਾ। ਉਪਰੰਤ ਪ੍ਰਿੰ: ਡਾ. ਅਮਨਪ੍ਰੀਤ ਕੌਰ ਨੇ ਜੇਤੂ ਵਿਦਿਆਰਥੀਆਂ ਨੂੰ ਇਨਾਮਾਂ ਨਾਲ ਸਨਮਾਨਿਤ ਵੀ ਕੀਤਾ।



## ਬਾਵਾ ਸੁਜਿੰਦਰ ਸਿੰਘ ਲਾਲੀ ਦੀ ਯਾਦ 'ਚ ਲਗਾਇਆ ਮੁਫਤ ਮੈਡੀਕਲ ਕੈਂਪ

ਸ੍ਰੀ ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)-ਸ਼੍ਰੋਮਣੀ ਅਕਾਲੀ ਦਲ ਨਾਲ ਲੰਮੇ ਸਮੇਂ ਤੋਂ ਜੁੜੇ ਬਾਵਾ ਪਰਿਵਾਰ ਵੱਲੋਂ ਸਵਰਗਵਾਸੀ ਬਾਵਾ ਸੁਜਿੰਦਰ ਸਿੰਘ ਲਾਲੀ ਦੀ ਨਿੱਘੀ ਯਾਦ ਨੂੰ ਤਾਜ਼ਾ ਕਰਦਿਆਂ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ ਜਿਸ ਵਿੱਚ ਇਲਾਕੇ ਭਰ ਤੋਂ ਆਏ ਲੋਕਾਂ ਨੇ ਆਪਣੀਆਂ ਦੁੱਖ ਤਕਲੀਫਾਂ ਅਤੇ ਸਿਹਤ ਬਾਰੇ ਮੋਹਾਲੀ ਤੋਂ ਆਏ ਉੱਘੇ ਡਾਕਟਰਾਂ ਕੋਲੋਂ ਆਪਣੀ ਸਿਹਤ ਦੀ ਜਾਂਚ ਕਾਰਵਾਈ ਅਤੇ ਫ੍ਰੀ ਟੈਸਟ ਕਰਵਾਏ। ਸੈਂਕੜਿਆਂ ਦੇ ਹਿਸਾਬ ਨਾਲ ਆਏ ਮਰੀਜ਼ਾਂ ਨੇ ਇਸ ਕੈਂਪ ਦਾ ਫਾਇਦਾ ਉਠਾਇਆ ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਬਾਵਾ ਹਰਪ੍ਰੀਤ ਸਿੰਘ ਮਿੰਨਾ ਅਤੇ ਗੁਰਮੁਖ ਸਿੰਘ ਗੁਰੀ ਬਾਵਾ ਨੇ ਦੱਸਿਆ ਕਿ ਇਲਾਕੇ ਦੀਆਂ ਸੰਗਤਾਂ ਨੂੰ ਮੁਫਤ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਲਗਾਏ ਗਏ ਇਸ ਕੈਂਪ ਵਿੱਚ ਫੋਰਟਿਸ ਹਸਪਤਾਲ ਚੰਡੀਗੜ੍ਹ ਦੇ ਮਾਹਿਰ ਡਾਕਟਰਾਂ ਵੱਲੋਂ ਸੈਂਕੜੇ ਮਰੀਜ਼ਾਂ ਦੀ ਜਾਂਚ ਕਰਨ ਉਪਰੰਤ ਦਵਾਈਆਂ ਦਿੱਤੀਆਂ ਗਈਆਂ।ਉਨ੍ਹਾਂ ਕਿਹਾ ਕਿ ਅਸੀਂ ਸਤਿਕਾਰਯੋਗ ਪਿਤਾ ਬਾਵਾ ਸੁਜਿੰਦਰ ਸਿੰਘ ਲਾਲੀ ਦੀ ਯਾਦ ਨੂੰ ਸਮਰਪਿਤ ਖੇਡ ਮੇਲੇ ਅਤੇ ਮੁਫ਼ਤ ਮੈਡੀਕਲ ਕੈਂਪਾਂ ਦਾ ਸਿਲਸਿਲਾ ਇਸੇ ਤਰ੍ਹਾਂ ਜਾਰੀ ਰੱਖਾਂਗੇ।ਉਨ੍ਹਾਂ ਨੇ ਕਿਹਾ ਕਿ ਉਹ ਹਰ ਸਾਲ ਫਰਵਰੀ ਦੇ ਮਹੀਨੇ ਵਿੱਚ ਗਰੀਬ ਪਰਿਵਾਰਾਂ ਦੀਆਂ 21 ਬੇਟੀਆਂ ਦੇ ਵਿਆਹ ਆਪਣੇ ਵਿੱਦਿਆ ਗਾਰਡਨ ਪੈਲੇਸ ਵਿੱਚ ਫਰੀ ਕਰਨਗੇ।ਇਸ ਕੈਂਪ ਉਪਰੰਤ ਅਕਾਲੀ ਆਗੂਆਂ ਵੱਲੋਂ ਇੱਕ ਅਹਿਮ ਮੀਟਿੰਗ ਕਰਕੇ ਆਉਂਦੀਆਂ ਵਿਧਾਨ ਸਭਾ ਚੋਣਾਂ ਦੇ ਸੰਬੰਧ ਵਿੱਚ ਅਹਿਮ ਵਿਚਾਰ ਵਟਾਂਦਰਾ ਕੀਤਾ ਗਿਆ ਜਿਸ ਵਿਚ ਸਾਬਕਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਜਥੇਦਾਰ ਪ੍ਰੇਮ ਸਿੰਘ ਪੰਨੂ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਜਥੇਦਾਰ ਗੁਰਬਚਨ ਸਿੰਘ ਕਰਮੂੰਵਾਲਾ, ਸ਼੍ਰੋਮਣੀ ਅਕਾਲੀ ਦਲ ਮੀਤ ਪ੍ਰਧਾਨ ਕੁਲਦੀਪ ਸਿੰਘ ਔਲਖ, ਜਰਨਲ ਸਕੱਤਰ ਕੁਲਦੀਪ ਸਿੰਘ ਲਾਹੌਰੀਆ, ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਧੂੰਦਾ, ਗੁਰਮੇਜ ਸਿੰਘ ਡੀਸੀ, ਡਾਕਟਰ ਮਨਜੀਤ ਸਿੰਘ ਮੱਲ੍ਹੀ, ਹਰਦੇਵ ਸਿੰਘ ਮੱਲ੍ਹੀ ਜਿੰਮ ਵਾਲੇ, ਰਾਜਾ ਰੰਧਾਵਾ ਧੂੰਦਾ, ਮਨਦੀਪ ਸਿੰਘ ਆਦਿ ਹਾਜ਼ਰ ਸਨ।



# ਬੇਮੌਸਮੀ ਬਾਰਿਸ਼ ਨੇ ਅੰਨਦਾਤੇ ਦੀਆਂ ਆਸਾਂ 'ਤੇ ਫੇਰਿਆ ਪਾਣੀ

**ਅਟਾਰੀ (ਸਤਬੀਰ ਸਿੰਘ ਭੀਲ)**-ਅਟਾਰੀ ਤੇ ਇਸ ਦੇ ਆਸ-ਪਾਸ ਦੇ ਪਿੰਡਾਂ ਵਿਚ ਹੋਈ ਭਾਰੀ ਬੇਮੌਸਮੀ ਬਾਰਿਸ਼ ਤੇ ਬਾਅਦ 'ਚ ਚੱਲੇ ਝੱਖੜ ਨਾਲ ਐਨ ਪੱਕਣ ਕਿਨਾਰੇ ਪਹੁੰਚੀ ਕਣਕ ਦੀ ਫਸਲ ਨੂੰ ਜ਼ਮੀਨ 'ਤੇ ਵਿਛਾ ਦਿੱਤਾ ਹੈ, ਜਿਸ ਨਾਲ ਅੰਨਦਾਤੇ ਦੀਆਂ ਸਧਰਾਂ 'ਤੇ ਪਾਣੀ ਫਿਰ ਗਿਆ ਹੈ ਕਿਉਂਕਿ ਕਣਕ ਦੇ ਜ਼ਮੀਨ 'ਤੇ ਵਿਛ ਜਾਣ ਨਾਲ ਵੱਡੇ ਪੱਧਰ 'ਤੇ ਝਾੜ ਘਟ ਜਾਣ ਦੀ ਸੰਭਾਵਨਾ ਹੈ।ਜੇ ਮੌਸਮ ਸਹੀ ਰਹਿੰਦਾ ਤਾਂ 13 ਅਪ੍ਰੈਲ ਨੇੜੇ ਇਹ ਫਸਲ ਤਿਆਰ ਹੋ ਕੇ ਮੰਡੀਆਂ 'ਚ ਪਹੁੰਚ ਜਾਣੀ ਸੀ ਪਰ ਕੁਦਰਤ ਨੂੰ ਸ਼ਾਇਦ ਮਨਜ਼ੂਰ ਨਹੀਂ ਸੀ।ਕਿਸਾਨ ਪਹਿਲਾਂ ਹੀ ਸਰਕਾਰਾਂ ਦੀਆਂ ਗਲਤ ਨੀਤੀਆਂ ਦਾ ਸ਼ਿਕਾਰ ਹੋ ਕੇ ਖ਼ੁਦਕੁਸ਼ੀਆਂ ਕਰ ਰਿਹਾ ਹੈ।ਹੁਣ ਉਸ ਦੀਆਂ ਮੁਸ਼ਕਲਾਂ 'ਚ ਹੋਰ ਵਾਧਾ ਹੋ ਗਿਆ ਹੈ।ਬਾਬਾ ਸੋਹਣ ਸਿੰਘ ਭਕਨਾ ਯਾਦਗਾਰੀ ਫਾਊਂਡੇਸ਼ਨ ਦੇ ਪ੍ਰਧਾਨ ਜਸਬੀਰ ਸਿੰਘ ਗਿੱਲ ਨੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਚੱਲ ਰਹੀ ਈਰਾਨ ਤੇ ਅਮਰੀਕ ਜੰਗ ਦੌਰਾਨ ਪਹਿਲਾਂ ਹੀ ਜਨਤਾ 'ਤੇ ਮਹਿੰਗਾਈ ਦਾ ਅਸਰ ਪੈ ਰਿਹਾ ਹੈ ਤੇ ਦੂਜਾ ਚੱਲ ਰਹੇ ਖਰਾਬ ਮੌਸਮ ਨਾਲ ਕਿਸਾਨਾਂ ਦੀ ਪੁੱਤਾਂ ਵਾਂਗ ਪਾਲੀ ਕਣਕ ਦੀ ਫਸਲ ਦਾ ਭਾਰੀ ਨੁਕਸਾਨ ਹੋ ਰਿਹਾ ਹੈ ਜੋ ਕਿ ਬਹੁਤ ਹੀ ਚਿੰਤਾ ਦਾ ਵਿਸ਼ਾ ਹੈ। ਕਿਸਾਨ ਆਗੂ ਜੋਗਾ ਸਿੰਘ ਖਹਿਰਾ ਤੇ ਹੋਰ ਆਗੂਆਂ ਨੇ ਵੀ ਕਿਹਾ ਕਿ ਭਾਵੇਂ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਖਰਾਬ ਮੌਸਮ ਨਾਲ ਕਣਕ ਦੀ ਫਸਲ ਦੇ ਹੋਏ ਨੁਕਸਾਨ ਦੀਆਂ ਗਿਰਦਾਵਰੀਆਂ ਦੇ ਹੁਕਮ ਕਰ ਦਿੱਤੇ ਜਾਂਦੇ ਹਨ ਪਰ ਬਹੁਤੀ ਵਾਰ ਇਹ ਹੁਕਮ ਕਾਗਜ਼ਾਂ 'ਚ ਹੀ ਰਹਿ ਜਾਂਦੇ ਹਨ।



## ਸ਼੍ਰੀਮਦਭਾਗਵਤ ਕਥਾ ਗਿਆਨ ਯੱਗ ਭਲਕ ਤੋਂ

**ਛੇਹਰਟਾ, (ਮਨੋਜ ਕੁਮਾਰ)**-ਹਵੇਲੀ ਸ਼੍ਰੀ ਗੋਵਰਧਨ ਨਾਥ ਮਜੀਠ ਮੰਡੀ ਵਿਖੇ 7 ਅਪ੍ਰੈਲ ਤੋਂ 13 ਅਪ੍ਰੈਲ ਤੱਕ ਹਫ਼ਤਾਵਾਰੀ ਸ਼੍ਰੀਮਦਭਾਗਵਤ ਕਥਾ ਗਿਆਨ ਯੱਗ ਕਰਵਾਇਆ ਜਾ ਰਿਹਾ ਹੈ।



ਪੰਡਿਤ ਸ਼ਿਵਰਾਮ ਨੇ ਦੱਸਿਆ ਕਿ ਇਹ ਕਥਾ ਸ਼੍ਰੀ ਮੁਕਤਾਨੰਦ ਨਿਤਿਆਨੰਦ ਨਾਰਾਇਣ ਸਰਸਵਤੀ ਵੱਲੋਂ 7 ਅਪ੍ਰੈਲ ਤੋਂ 13 ਅਪ੍ਰੈਲ ਤਕ ਸ਼ਾਮ 4:00 ਤੋਂ 7:00 ਵਜੇ ਤਕ ਕੀਤੀ ਜਾਵੇਗੀ। 7 ਅਪ੍ਰੈਲ ਨੂੰ ਸਵੇਰੇ 11 ਵਜੇ ਸ਼ੋਭਾ ਯਾਤਰਾ ਕੱਢੀ ਜਾਵੇਗੀ। ਇਹ ਸ਼ੋਭਾ ਯਾਤਰਾ ਮਜੀਠ ਮੰਡੀ ਤੋਂ ਸ਼ੁਰੂ ਹੋ ਕੇ ਨਮਕ ਮੰਡੀ, ਪੁਰਸ਼ੋਤਮ ਦਾਸ ਜੀ ਮੰਦਰ, ਕਿਲਾ ਭੰਗੀਆਂ, ਸ਼ਕਤੀ ਨਗਰ, ਕਾਲੀ ਮਾਤਾ ਮੰਦਰ, ਟੁੰਡਾ ਤਾਲਾਬ ਤੋਂ ਹੁੰਦਾ ਹੋਈ ਮਜੀਠ ਮੰਡੀ ਵਿਖੇ ਪੁੱਜ ਕੇ ਸਮਾਪਤ ਹੋਵੇਗੀ। ਉਨ੍ਹਾਂ ਅੱਗੇ ਦੱਸਿਆ ਕਿ 14 ਅਪ੍ਰੈਲ ਨੂੰ ਸਵੇਰੇ 10 ਵਜੇ ਹਵਨ ਯੱਗ ਕੀਤਾ ਜਾਵੇਗਾ ਤੇ ਦੁਪਹਿਰ 12 ਵਜੇ ਭੰਡਾਰ ਕੀਤਾ ਜਾਵੇਗਾ।

# ਮੁੱਖ ਸੇਵਾਦਾਰ ਬਾਬਾ ਅਜੈਬ ਸਿੰਘ ਦੀ ਸੇਵਾ-ਮੁਕਤੀ ਮੌਕੇ ਸਮਾਗਮ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਪਿੰਡ ਧਾਰੀਵਾਲ ਕਲਾਂ ਦੇ ਚੀਮਾ ਪੱਤੀ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਅਜੈਬ ਸਿੰਘ ਦੀ ਸੇਵਾ ਮੁਕਤੀ ਮੌਕੇ ਧਾਰਮਿਕ ਸਮਾਗਮ ਕਰਵਾਇਆ ਗਿਆ।ਸਮਾਗਮ ਦੌਰਾਨ ਸ੍ਰੀ ਸੁਖਮਨੀ ਸਾਹਿਬ ਦੇ ਜਾਪ ਕੀਤੇ ਗਏ।ਉਪਰੰਤ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਪੱਤੀ ਚੀਮਾ ਦੇ ਬੀਬੀਆਂ ਦੇ ਜਥੇ ਵੱਲੋਂ ਸਬਦ ਕੀਰਤਨ ਕੀਤਾ ਗਿਆ।ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਮਨਜੀਤ ਸਿੰਘ ਗਿੱਲਮੰਝ ਵਾਲਿਆਂ ਨੇ ਗੁਰਮਤਿ ਵਿਚਾਰਾਂ ਕਰਦਿਆਂ ਸੰਗਤਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗ ਕੇ ਜੀਵਨ ਬਤੀਤ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਮੁੱਖ ਸੇਵਾਦਾਰ ਬਾਬਾ ਅਜੈਬ ਸਿੰਘ ਨੇ ਆਪਣੇ ਕਾਰਜਕਾਲ ਦੌਰਾਨ ਗੁਰਦੁਆਰਾ ਸਾਹਿਬ ਦੀ ਸੇਵਾ ਨਿਭਾਉਂਦਿਆਂ ਗੁਰਦੁਆਰਾ ਸਾਹਿਬ ਦੀ ਇਮਾਰਤ ਦੀ ਤਿਆਰੀ ਅਤੇ ਸੰਗਤਾਂ ਦੀ ਸੇਵਾ ਲਈ ਕੀਤੇ ਕਾਰਜਾਂ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਉਂਦਿਆਂ ਗੁਰਦੁਆਰਾ ਸਾਹਿਬ ਅਤੇ ਪੱਤੀ ਚੀਮਾ ਦੇ ਸ਼ਮਸ਼ਾਨਘਾਟ ਦੇ ਸੁੰਦਰੀਕਰਨ ਅਤੇ ਬਾਥਰੂਮ ਬਣਾਉਣ ਲਈ ਸੰਗਤਾਂ ਦੇ ਸਹਿਯੋਗ ਨਾਲ ਕੀਤੇ ਸਾਰੇ ਖਰਚੇ ਦਾ ਲੇਖਾ ਜੋਖਾ ਸੰਗਤਾਂ ਨਾਲ ਸਾਂਝਾ ਕੀਤਾ।ਇਸ ਮੌਕੇ ਮੁੱਖ ਸੇਵਾਦਾਰ ਬਾਬਾ ਅਜੈਬ ਸਿੰਘ ਵੱਲੋਂ ਸੁਖਮਨੀ ਸੇਵਾ ਸੋਸਾਇਟੀ ਜਥੇ ਦੀਆਂ ਬੀਬੀਆਂ ਨੂੰ ਸਿਰਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ।ਗੁਰਦੁਆਰਾ ਦੇ ਨਵੇਂ ਪ੍ਰਧਾਨ ਜੋਗਿੰਦਰ ਸਿੰਘ ਤੇ ਕਮੇਟੀ ਮੈਂਬਰਾਂ ਵੱਲੋਂ ਮੁੱਖ ਸੇਵਾਦਾਰ ਬਾਬਾ ਅਜੈਬ ਸਿੰਘ ਨੂੰ ਸਿਰੋਪਾਓ ਅਤੇ ਸ਼ਹੀਦ ਬਾਬਾ ਦੀਪ ਸਿੰਘ ਦੀ ਤਸਵੀਰ ਭੇਟ ਕਰਕੇ ਸਨਮਾਨਿਤ ਕੀਤਾ ਗਿਆ।ਸਮਾਗਮ ਵਿੱਚ ਸੁਖਮਨੀ ਸਾਹਿਬ ਸੁਸਾਇਟੀ ਜਥੇ ਦੀਆਂ ਬੀਬੀਆਂ ਵਿੱਚ ਰਾਜਵਿੰਦਰ ਕੌਰ, ਮਨੋਹਰ ਕੌਰ, ਰਾਜਵੀਰ ਕੌਰ, ਮਨਜੀਤ ਕੌਰ, ਬਲਵਿੰਦਰ ਕੌਰ, ਲਖਵਿੰਦਰ ਕੌਰ, ਬਲਬੀਰ ਕੌਰ, ਹਰਜਿੰਦਰ ਕੌਰ ਚੀਮਾ, ਸੁਖਜਿੰਦਰ ਕੌਰ, ਜਸਲੀਨ ਕੌਰ, ਹਰਜੀਤ ਕੌਰ, ਬਲਜੀਤ ਕੌਰ, ਅਮਰਜੀਤ ਕੌਰ, ਕੁਲਜੀਤ ਕੌਰ, ਪਰਮਜੀਤ ਕੌਰ, ਗੁਰਜੀਤ ਕੌਰ ਚੀਮਾ ਤੋਂ ਇਲਾਵਾ ਸੇਵਾਦਾਰ ਮੰਗਲ ਸਿੰਘ, ਸਲਵਿੰਦਰ ਸਿੰਘ ਨਾਮਧਾਰੀ, ਬਿਕਰਮਜੀਤ ਸਿੰਘ, ਸੁਰਜੀਤ ਸਿੰਘ, ਪੰਚ ਚੈਂਚਲ ਸਿੰਘ ਨਾਮਧਾਰੀ, ਮੇਵਾ ਸਿੰਘ, ਲੰਗਰ ਇੰਚਾਰਜ ਕਸ਼ਮੀਰ ਸਿੰਘ, ਕਸ਼ਮੀਰ ਸਿੰਘ, ਰਾਮ ਸਿੰਘ, ਵੀਰ ਸਿੰਘ ਆਦਿ ਸਮੇਤ ਸੰਗਤਾਂ ਸ਼ਾਮਲ ਸਨ।



# 176 ਅੰਮ੍ਰਿਤ ਅਭਿਲਾਖੀ ਖੰਡੇ ਬਾਟੇ ਦੀ ਪਾਹੁਲ ਲੈ ਕੇ ਗੁਰੂ ਵਾਲੇ ਬਣੇ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਖਾਲਸਾ ਸਾਜਨਾ ਦਿਵਸ ਅਤੇ ਭਾਈ ਤਾਰਾ ਸਿੰਘ ਵਾਂ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਡੇਰਾ ਬਾਬਾ ਨਾਨਕ ਵਿਖੇ ਧਰਮ ਪ੍ਰਚਾਰ ਕਮੇਟੀ ਵੱਲੋਂ ਅੰਮ੍ਰਿਤ ਸੰਚਾਰ ਕਰਵਾਇਆ ਗਿਆ ਜਿਸ ਵਿੱਚ 176 ਅੰਮ੍ਰਿਤ ਅਭਿਲਾਖੀਆਂ ਖੰਡੇ ਬਾਟੇ ਦੀ ਪਾਹੁਲ ਦੀ ਦਾਤ ਲੈ ਕੇ ਗੁਰੂ ਵਾਲੇ ਬਣੇ।ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਅੰਮ੍ਰਿਤਸਰ ਤੋਂ ਪੰਜ ਪਿਆਰਿਆਂ ਨੇ ਪਹੁੰਚ ਕੇ ਅੰਮ੍ਰਿਤ ਅਭਿਲਾਖੀਆਂ ਨੂੰ ਖੰਡੇ ਬਾਟੇ ਦੀ ਪਾਹੁਲ ਦੀ ਦਾਤ ਦਿੱਤੀ।ਅੰਮ੍ਰਿਤਪਾਨ ਕਰਨ ਵਾਲੀਆਂ ਸੰਗਤਾਂ ਨੂੰ ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਵੱਲੋਂ ਭੇਟਾ ਰਹਿਤ ਕਕਾਰ ਦਿੱਤੇ ਗਏ।ਅੰਮ੍ਰਿਤ ਸੰਚਾਰ ਸਮੇਂ ਸਹਿਜ ਪਾਠ ਸੰਸਥਾ ਵੱਲੋਂ ਵਿਸ਼ੇਸ਼ ਸਹਿਯੋਗ ਕੀਤਾ ਗਿਆ।ਇਸ ਮੌਕੇ ਬੀਬੀ ਜੋਗਿੰਦਰ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਮੈਨੇਜਰ ਸਤਨਾਮ ਸਿੰਘ ਗੋਸਲ, ਭਾਈ ਨਛੱਤਰ ਸਿੰਘ ਗ੍ਰੰਥੀ ਸਿੰਘ, ਭਾਈ ਗੁਰਜੰਟ ਸਿੰਘ, ਭਾਈ ਜਗਵਿੰਦਰ ਸਿੰਘ, ਭਾਈ ਜਗਦੀਪ ਸਿੰਘ ਪ੍ਰਚਾਰਕ, ਭਾਈ ਖੁਸ਼ਬੀਰ ਸਿੰਘ ਪ੍ਰਚਾਰਕ, ਭਾਈ ਜਸਪਾਲ ਸਿੰਘ ਸੋਹਲ ਪ੍ਰਚਾਰਕ, ਭਾਈ ਹਿੰਮਤਬੀਰ ਸਿੰਘ ਪ੍ਰਚਾਰਕ, ਭਾਈ ਖਜਾਨ ਸਿੰਘ ਕਵੀਸ਼ਰ, ਕਵੀਸ਼ਰੀ ਜਥਾ ਭਾਈ ਜ਼ੋਰਾਵਰ ਸਿੰਘ, ਭਾਈ ਬਲਜਿੰਦਰ ਸਿੰਘ, ਭਾਈ ਅਵਤਾਰ ਸਿੰਘ ਕਵੀਸ਼ਰ, ਜਗਦੀਪ ਸਿੰਘ ਰਿਕਾਰਡ ਕੀਪਰ, ਸੁਰਜੀਤ ਸਿੰਘ ਅਕਾਊਂਟੈਂਟ, ਹਰਜਿੰਦਰ ਸਿੰਘ ਲਾਲਾਨੰਗਲ, ਪਰਗਟ ਸਿੰਘ, ਮਲਕੀਤ ਸਿੰਘ, ਸੁਖਵਿੰਦਰ ਸਿੰਘ ਖਜਾਨਚੀ, ਹਰਵੰਤ ਸਿੰਘ ਗੋਸਲ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।



# ਆਂਗਣਵਾੜੀ ਸੈਂਟਰਾਂ ਲਈ ਖਰੀਦੇ ਫੋਨ ਦਿਹਾਤੀ ਵਿਕਾਸ ਮਹਿਕਮੇ ਨੂੰ ਦੇਣ ਦਾ ਵਿਰੋਧ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਧੀਆਂ ਸਤਿਕਾਰਯੋਗ ਯੋਜਨਾ ਵਿੱਚ ਆਂਗਣਵਾੜੀ ਵਰਕਰ ਤਾਂ ਹੀ ਡਾਟਾ ਆਨਲਾਈਨ ਕਰਨਗੀਆਂ ਜੇਕਰ ਸਰਕਾਰ ਸਮਾਰਟ ਫੋਨ ਦੇਵੇਗੀ। ਪ੍ਰੈੱਸ ਦੇ ਨਾਂਅ ਬਿਆਨ ਜਾਰੀ ਕਰਦੇ ਹੋਏ ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਬਲਾਕ ਅਜਨਾਲਾ ਦੇ ਪ੍ਰਧਾਨ ਹਰਜਿੰਦਰ ਕੌਰ ਹਰਦੋ ਪੁਤਲੀ ਨੇ ਕਿਹਾ ਕਿ ਸਰਕਾਰ ਨੇ ਜੋ ਸਮਾਰਟ ਫੋਨ ਆਂਗਣਵਾੜੀ ਪੋਸ਼ਣ ਅਭਿਆਨ ਦੇ ਅਧੀਨ ਆਂਗਣਵਾੜੀ ਸੈਂਟਰਾਂ ਵਿੱਚ ਦੇਣ ਲਈ ਖਰੀਦੇ ਸਨ ਉਹ ਫੋਨ ਹੁਣ ਸਰਵੇ ਕਰਨ ਲਈ ਰੂਰਲ ਡਿਵੈਲਪਮੈਂਟ ਮਹਿਕਮੇ ਨੂੰ ਦਿੱਤੇ ਜਾ ਰਹੇ ਹਨ, ਉਨ੍ਹਾਂ ਨੇ ਕਿਹਾ ਕਿ ਸਰਕਾਰ ਜੋ 13 ਅਪ੍ਰੈਲ ਨੂੰ ਮਾਵਾਂ ਧੀਆਂ ਸਤਿਕਾਰਯੋਗ ਯੋਜਨਾ ਸ਼ੁਰੂ ਕਰ ਰਹੀ ਹੈ ਉਸ ਵਿੱਚ ਜੋ ਫਾਰਮ ਆਂਗਣਵਾੜੀ ਵਰਕਰਾਂ ਨੂੰ ਆਪਣੇ ਫੋਨਾਂ ਤੋਂ ਭਰਨ ਲਈ ਕਿਹਾ ਜਾ ਰਿਹਾ ਹੈ, ਉਹ ਆਂਗਣਵਾੜੀ ਵਰਕਰ ਆਪਣੇ ਪਰਸਨਲ ਫੋਨਾਂ ਤੋਂ ਨਹੀਂ ਭਰਨਗੀਆਂ। ਜੇਕਰ ਸਰਕਾਰ ਆਂਗਣਵਾੜੀ ਵਰਕਰਾਂ ਨੂੰ ਸਮਾਰਟ ਫੋਨ ਦੇਵੇਗੀ ਜੋ ਪੋਸ਼ਣ ਅਭਿਆਨ ਦੇ ਅੰਦਰ ਉਨ੍ਹਾਂ ਲਈ ਖਰੀਦੇ ਗਏ ਹਨ, ਤਾਂ ਹੀ ਇਸ ਯੋਜਨਾ ਦੇ ਫਾਰਮ ਭਰੇ ਜਾਣਗੇ। ਉਨ੍ਹਾਂ ਨੇ ਮੰਗ ਕੀਤੀ ਕਿ ਇਨ੍ਹਾਂ ਫਾਰਮਾਂ ਨੂੰ ਅਪਲੋਡ ਕਰਨ ਲਈ ਘੱਟੋ-ਘੱਟ 100 ਰੁਪਏ ਪ੍ਰਤੀ ਫਾਰਮ ਆਂਗਣਵਾੜੀ ਵਰਕਰ ਨੂੰ ਦਿੱਤਾ ਜਾਵੇ।ਸਰਕਾਰ ਨੇ ਮਾਣ ਭੱਤਾ ਦੁੱਗਣਾ ਕਰਨ ਦਾ ਵਾਅਦਾ ਕਰਿਆ ਸੀ ਪਰ ਕੰਮ ਕਰਨ ਬਦਲੇ ਵੀ ਮਾਣ ਭੱਤਾ ਨਹੀਂ ਦਿੱਤਾ ਜਾਂਦਾ ਜੋ ਬਹੁਤ ਹੀ ਦੁੱਖ ਦੀ ਗੱਲ ਹੈ।



# ਭਾਜਪਾ ਜ਼ਿਲ੍ਹਾ ਪ੍ਰਧਾਨ ਹੀਰਾ ਵਾਲੀਆ ਦੀ ਅਗਵਾਈ ਹੇਠ ਲਗਾਈ ਦੋ ਰੋਜ਼ਾ ਵਰਕਸ਼ਾਪ

ਬਟਾਲਾ, (ਤਰਲੋਕ ਬੱਗਾ)-ਭਾਰਤੀ ਜਨਤਾ ਪਾਰਟੀ ਵੱਲੋਂ ਬਟਾਲਾ ਦਫਤਰ ਵਿਖੇ ਜਿਲਾ ਪ੍ਰਧਾਨ ਹਰਸਿਮਰਨ ਸਿੰਘ ਹੀਰਾ ਵਾਲੀਆ ਦੀ ਪ੍ਰਧਾਨਗੀ ਹੇਠ ਪੰਡਿਤ ਦੀਨ ਦਿਆਲ ਉਪਾਧਿਆ ਸਿਖਲਾਈ ਕੈਂਪ ਲਗਾਇਆ ਗਿਆ ਜਿਸ ਦਾ ਉਦਘਾਟਨ ਪੰਜਾਬ ਦੇ ਕਾਰਜਕਾਰਨੀ ਪ੍ਰਧਾਨ ਅਸ਼ਵਨੀ ਸ਼ਰਮਾ ਵੱਲੋਂ ਕੀਤਾ ਗਿਆ।ਇਸ ਮੌਕੇ ਉਨ੍ਹਾਂ ਦੱਸਿਆ ਕਿ ਵਰਕਸ਼ਾਪਾਂ ਵਿੱਚ ਕੇਂਦਰ ਸਰਕਾਰ ਵੱਲੋਂ ਸਾਰੀਆਂ ਸਹੂਲਤਾਂ ਦੀ ਜਾਣਕਾਰੀ ਦਿੱਤੀ ਜਾਏਗੀ।

ਇਸ ਮੌਕੇ ਵਰਕਸ਼ਾਪ ਵਿੱਚ ਫਤਿਹ ਜੰਗ ਸਿੰਘ ਬਾਜਵਾ, ਅਸ਼ਵਨੀ ਸੇਖੜੀ, ਅੰਬਿਕਾ ਖੰਨਾ, ਬਲਵਿੰਦਰ ਸਿੰਘ ਲਾਡੀ ਪੰਕਜ ਮਹਾਜਨ, ਉਮੇਸ਼ਵਰ ਮਹਾਜਨ ਵੱਲੋਂ ਸਾਰੇ ਸਰਕਲ ਪ੍ਰਧਾਨਾਂ ਅਤੇ ਉਨ੍ਹਾਂ ਦੀਆਂ ਟੀਮਾਂ ਨੂੰ ਪਾਰਟੀ ਵੱਲੋਂ ਲੱਗੀ ਡਿਊਟੀ ਅਨੁਸਾਰ ਸਾਰੀ ਜਾਣਕਾਰੀ ਦਿੱਤੀ ਗਈ।ਇਸ ਮੌਕੇ ਜ਼ਿਲ੍ਹਾ ਜਨਰਲ ਸੈਕਟਰੀ ਰੋਸ਼ਨ ਲਾਲ, ਵਾਈਸ ਪ੍ਰਧਾਨ ਸ਼ਕਤੀ ਸ਼ਰਮਾ, ਭੂਸ਼ਣ ਬਜਾਜ, ਪੰਕਜ ਸ਼ਰਮਾ, ਆਸ਼ੂ ਹਾਂਡਾ, ਸਰਕਲ ਪ੍ਰਧਾਨ ਬਲਵਿੰਦਰ ਕੁਮਾਰ ਮਹਿਤਾ, ਸਰਕਲ ਪ੍ਰਧਾਨ ਦੀਪਕ ਜੋਸ਼ੀ, ਸਰਕਲ ਪ੍ਰਧਾਨ ਗੁਰਦੀਪ ਸਿੰਘ ਗੁਰਾਇਆ, ਸਰਕਲ ਪ੍ਰਧਾਨ ਹਰਪ੍ਰੀਤ ਸਿੰਘ ਬੇਦੀ, ਸਰਕਲ ਪ੍ਰਧਾਨ ਅਮਨਦੀਪ ਸਿੰਘ, ਵਰੁਣ ਡਡਵਾਲ, ਅੰਮ੍ਰਿਤਪਾਲ ਸਿੰਘ ਮਠਾਰੂ, ਗਗਨ ਮਸੀਹ, ਸੂਰਜ ਪ੍ਰਕਾਸ਼, ਅਨਿਲ ਭੱਟੀ, ਸੈਮੀ ਭੱਟੀ, ਸੰਦੀਪ ਆਜ਼ਾਦ, ਗਣੇਸ਼ ਕੁਮਾਰ, ਨਰਿੰਦਰ ਸਿੰਘ ਬਾਜਵਾ, ਬਾਲਕ੍ਰਿਸ਼ਨ, ਸੁਰਿੰਦਰ ਕੁਮਾਰ, ਰਮੇਸ਼ ਕੁਮਾਰ, ਜਤਿੰਦਰ ਕੁਮਾਰ, ਜਸਪਾਲ ਸਿੰਘ, ਸੁਰਿੰਦਰ ਕੁਮਾਰ ਬਿੱਟੂ, ਸੋਨੀਆ ਸ਼ਰਮਾ, ਰਾਧਾ ਰਾਣੀ, ਰੇਖਾ ਡਡਵਾਲ, ਪ੍ਰਿਯੰਕਾ ਸ਼ਰਮਾ, ਰਾਧਿਕਾ ਭੰਡਾਰੀ, ਕੁਸਮ ਸ਼ਰਮਾ, ਅਨੀਸ਼ ਅਗਰਵਾਲ ਆਦਿ ਹਾਜ਼ਰ ਸਨ।



# ਕੈਰੋਂ ਨੰਗਲ ਦੇ ਲੋਕ ਆਪ ਦੀਆਂ ਨੀਤੀਆਂ ਤੋਂ ਖੁਸ਼ : ਜਗਦੀਸ਼ ਸਿੰਘ

ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਬਲਾਕ ਪ੍ਰਧਾਨ ਜਗਦੀਸ਼ ਸਿੰਘ ਸ਼ਹਿਜ਼ਾਦਾ ਨੇ ਪਿੰਡ ਕੈਰੋਂ ਨੰਗਲ ਵਿਖੇ ਮੀਟਿੰਗ ਕੀਤੀ ਅਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਹਲਕਾ ਮਜੀਠਾ ਦੇ ਪਿੰਡਾਂ ਵਿੱਚ ਮੀਟਿੰਗਾਂ ਦੌਰਾਨ 'ਆਪ' ਨੂੰ ਪਿਆਰ ਕਰਦੇ ਲੋਕਾਂ ਦਾ ਬਹੁਤ ਵਧੀਆ ਹੁੰਗਾਰਾ ਮਿਲ ਰਿਹਾ ਹੈ ਅਤੇ ਹਲਕੇ ਦੇ ਲੋਕ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਖੁਸ਼ ਹਨ। ਉਨ੍ਹਾਂ ਦੇ ਸਾਥੀ ਗੁਰਪ੍ਰੀਤ ਸਿੰਘ ਫੌਜੀ ਯੂਥ ਹਲਕਾ ਪ੍ਰਧਾਨ ਨੇ ਦੱਸਿਆ ਕਿ ਪਿੰਡ 'ਚ ਤਲਬੀਰ ਸਿੰਘ ਗਿੱਲ ਨੇ ਜੋ ਬਹੁਤ ਪੁਰਾਣੇ ਸਮੇਂ ਤੋਂ ਖਰਾਬ ਸੜਕਾਂ ਸਨ ਉਨ੍ਹਾਂ ਸੜਕਾਂ ਦਾ ਨਿਰਮਾਣ ਕੀਤਾ ਹੈ ਅਤੇ ਗਲੀਆਂ, ਮੁਹੱਲਿਆਂ ਨੂੰ ਸਾਫ ਵੀ ਕਰਵਾਈਆ ਹੈ। ਸਮੂਹ ਮਜੀਠਾ ਹਲਕੇ ਵਿੱਚ ਨਵੀਆਂ ਸੜਕਾਂ ਦਾ ਵਿਕਾਸ ਵੀ ਜ਼ੋਰਾਂ ਨਾਲ ਕਰਾਇਆ ਜਾ ਰਿਹਾ । ਜ਼ਿਕਰਯੋਗ ਹੈ ਕਿ ਇੰਨਾ ਵਿਕਾਸ ਅੱਜ ਤੱਕ ਦੇਖਣ ਨੂੰ ਕਦੇ ਨਹੀਂ ਮਿਲਿਆ ਹੈ। ਉਨ੍ਹਾਂ ਕਿਹਾ ਕਿ ਸਮੁੱਚਾ ਹਲਕਾ ਸਰਦਾਰ ਤਲਬੀਰ ਸਿੰਘ ਗਿੱਲ ਦੇ ਨਾਲ ਹੈ ਅਤੇ 2027 ਦੀਆਂ ਵਿਧਾਨ ਸਭਾ ਦੀਆਂ ਚੋਣਾਂ 'ਚ ਉਨ੍ਹਾਂ ਦੀ ਜਿੱਤ ਹੋਵੇਗੀ ਅਤੇ ਹਲਕਾ ਮਜੀਠਾ ਦੀ ਵਾਗਡੋਰ ਸਾਂਭਣਗੇ।



# ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ ਦੀਨਾਨਗਰ ਵਿਖੇ ਲੱਗਾ ਮੈਗਾ ਰੋਜ਼ਗਾਰ ਮੇਲਾ

ਗੁਰਦਾਸਪੁਰ, (ਜਨਕ ਮਹਾਜਨ)-ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ, ਦੀਨਾਨਗਰ ਵਿਖੇ ਮੈਗਾ ਰੋਜ਼ਗਾਰ ਮੇਲਾ ਸਫਲਤਾਪੂਰਵਕ ਕਰਵਾਇਆ ਗਿਆ।ਇਹ ਸਮਾਗਮ ਪ੍ਰਿੰਸੀਪਲ ਡਾ. ਸਰਲਾ ਨਿਰੰਕਾਰੀ ਅਤੇ ਪ੍ਰਬੰਧਕ ਕਮੇਟੀ ਦੇ ਸਕੱਤਰ ਧਰਮ ਇੰਦੂ ਗੁਪਤਾ ਦੀ ਮਾਹਿਰ ਅਗਵਾਈ ਹੇਠ ਅਤੇ ਕੰਪਿਊਟਰ ਸਾਇੰਸ ਅਤੇ ਆਈ. ਟੀ ਦੇ ਪੋਸਟ ਗ੍ਰੈਜੂਏਟ ਵਿਭਾਗ ਦੇ ਮੁੱਖੀ ਅਤੇ ਪਲੇਸਮੈਂਟ ਸੈੱਲ ਦੇ ਕੋਆਰਡੀਨੇਟਰ ਡਾ. ਦੀਪਕ ਜੋਤੀ ਦੇ ਨਿਰਦੇਸ਼ਨ ਹੇਠ ਜ਼ਿਲ੍ਹਾ ਰੁਜ਼ਗਾਰ ਅਤੇ ਕਾਰੋਬਾਰ ਬਿਊਰੋ, ਗੁਰਦਾਸਪੁਰ ਦੇ ਸਹਿਯੋਗ ਨਾਲ ਕਰਵਾਇਆ ਗਿਆ।ਰਜਿੰਦਰ ਮਨਹਾਸ ਡੀਐੱਸਪੀ ਦੀਨਾਨਗਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਜ਼ਿਲ੍ਹਾ ਰੁਜ਼ਗਾਰ ਅਧਿਕਾਰੀ ਪਰਸ਼ੋਤਮ ਸਿੰਘ ਅਤੇ ਗਗਨ ਧਾਲੀਵਾਲ ਪਲੇਸਮੈਂਟ ਕੋਆਰਡੀਨੇਟਰ, ਜ਼ਿਲ੍ਹਾ ਰੁਜ਼ਗਾਰ ਅਤੇ ਕਾਰੋਬਾਰ ਬਿਊਰੋ ਨੇ ਇਸ ਮੈਗਾ ਰੋਜ਼ਗਾਰ ਮੇਲੇ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਇਸ ਮੈਗਾ ਜੌਬ ਫੇਅਰ ਵਿੱਚ ਲਗਭਗ 50 ਰਾਸ਼ਟਰੀ ਅਤੇ ਬਹੁ-ਰਾਸ਼ਟਰੀ ਕੰਪਨੀਆਂ ਨੇ ਹਿੱਸਾ ਲਿਆ ਅਤੇ ਵੱਖ-ਵੱਖ ਕੰਪਨੀਆਂ ਦੁਆਰਾ ਕਰਵਾਏ ਗਏ ਇੰਟਰਵਿਊਆਂ ਵਿੱਚ ਲਗਭਗ 507 ਚਾਹਵਾਨ ਸ਼ਾਮਲ ਹੋਏ ਤੇ ਜਿਸ ਵਿੱਚੋਂ 223 ਭਾਗੀਦਾਰਾਂ ਨੂੰ ਸ਼ਾਰਟ ਲਿਸਟਡ ਕੀਤਾ ਗਿਆ।ਪ੍ਰੋਗਰਾਮ ਵਿੱਚ ਨਵੇਂ ਵਿਦਿਆਰਥੀਆਂ ਤੋਂ ਲੈ ਕੇ ਤਜਰਬੇਕਾਰ ਪੇਸ਼ੇਵਰਾਂ ਤੱਕ ਦੇ ਉਮੀਦਵਾਰਾਂ ਦੀ ਭਾਗੀਦਾਰੀ ਦੇਖਣ ਨੂੰ ਮਿਲੀ।ਸਮਾਗਮ ਦੌਰਾਨ ਮੁੱਖ ਮਹਿਮਾਨ ਡੀਐੱਸਪੀ ਰਜਿੰਦਰ ਮਨਹਾਸ ਨੂੰ ਕਾਲਜ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਤੋਂ ਇਲਾਵਾ ਵੱਖ-ਵੱਖ ਕੰਪਨੀਆਂ ਦੇ ਪ੍ਰਤੀਨਿਧੀਆਂ ਜਿਨ੍ਹਾਂ ਵਿੱਚ ਫੂਡ ਕੋਸਟ ਇੰਟਰਨੈਸ਼ਨਲ ਦੇ ਐੱਚਆਰ ਕਰਮਚਾਰੀ, ਮੁਸਕਾਨ (ਐੱਚਆਰ ਇੰਡਸਟਰੀ), ਅਮਨਦੀਪ (ਜਗਦੰਬਾ ਟੈਕਸਟਾਈਲ), ਦੀਆਂ (ਡੀਵੀ ਇਲੈਕਟ੍ਰਾਨਿਕਸ), ਤ੍ਰਿਲੋਕ (ਵਿਸ਼ਾਲ ਇੰਜੀਨੀਅਰਿੰਗ), ਕਿਰਨ (ਮਾਰੂਤੀ ਸੁਜ਼ੂਕੀ), ਕਿਰਨ ਐਕਸਪਰਟ ਜੌਬ, ਆਸੀਸ਼ (ਸਟੈਪ ਐਜੂਕੇਅਰ), (ਆਈਬੀਟੀ), ਅਨਿਲ ਕੁਮਾਰ (ਐਸ.ਬੀ.ਲਾਈਫ), ਰਜਤ (ਪ੍ਰੇਕਸ਼ਾ ਇੰਸਟੀਚਿਊਟ), ਰਾਜਿੰਦਰ ਸਿੰਘ (ਯੈੱਸ ਬੈਂਕ), ਲਵਪ੍ਰੀਤ ਕੁਮਾਰ (ਕਰੀਅਰ 24/7), ਅਜੈ ਮਹਾਜਨ (ਪਾਵਰ ਸਿਸਟਮ ਕੰਟਰੋਲ), ਅੰਮ੍ਰਿਤ (ਪੇਟੀਐੱਮ), ਸੰਤੋਖ ਸਿੰਘ (ਐੱਸ.ਆਈ.ਐੱਸ), ਕਰੀਨਾ (ਸੀ.ਬੀ.ਏ. ਇਨਫੋਟੈਕ), ਗਗਨ ਧਾਲੀਵਾਲ (ਜ਼ਿਲ੍ਹਾ ਰੁਜ਼ਗਾਰ ਅਤੇ ਕਾਰੋਬਾਰ ਬਿਊਰੋ), ਅਤੇ ਪਰਸ਼ੋਤਮ ਚਿਬ (ਜ਼ਿਲ੍ਹਾ ਰੁਜ਼ਗਾਰ ਅਧਿਕਾਰੀ) ਸ਼ਾਮਲ ਹਨ, ਨੂੰ ਵੀ ਸਨਮਾਨਿਤ ਕੀਤਾ ਗਿਆ।ਇਸ ਮੌਕੇ ਕਾਲਜ ਦੇ ਲਲਿਤ ਕਲਾ ਵਿਭਾਗ ਦੀ ਮੁੱਖੀ ਪ੍ਰੋ. ਨੇਹਾ ਕਾਟਲ ਵੱਲੋਂ ਫ਼ਾਈਨ ਆਰਟਸ ਪ੍ਰਦਰਸ਼ਨੀ ਲਗਾਈ ਗਈ, ਜਦੋਂ ਕਿ ਗ੍ਰਹਿ ਵਿਗਿਆਨ ਵਿਭਾਗ ਦੀ ਮੁਖੀ ਪ੍ਰੋ. ਸੰਗੀਤਾ ਮਲਹੋਤਰਾ ਵੱਲੋਂ ਵਿਦਿਆਰਥੀਆਂ ਦੇ ਸਹਿਯੋਗ ਨਾਲ ਇੱਕ ਸਟਾਲ ਲਗਾਇਆ ਗਿਆ।ਇਸ ਮੌਕੇ ਮੰਚ ਸੰਚਾਲਨ ਦੀ ਭੂਮਿਕਾ ਡਾ. ਪੂਜਾ ਦੁਆਰਾ ਨਿਭਾਈ ਗਈ।



## ਸਪੋਰਟਸ ਵਿੰਗ ਸਕੂਲਾਂ (ਡੇਅ ਸਕਾਲਰ ਤੇ ਰੈਜ਼ੀਡੈਂਸ਼ੀਅਲ) ਖਿਡਾਰੀਆਂ ਦੇ ਟਰਾਇਲ ਅੱਜ

ਬਟਾਲਾ, (ਡਾ. ਮਲਵਿੰਦਰ ਸਿੰਘ)-ਖੇਡ ਵਿਭਾਗ ਪੰਜਾਬ ਵੱਲੋਂ ਸਾਲ 2026-27 ਦੇ ਸੈਸ਼ਨ ਲਈ ਸਪੋਰਟਸ ਵਿੰਗ ਸਕੂਲਾਂ (ਡੇਅ ਸਕਾਲਰ ਅਤੇ ਰੈਜ਼ੀਡੈਂਸ਼ੀਅਲ) ਦੇ ਹੋਣਹਾਰ ਖਿਡਾਰੀਆਂ/ਖਿਡਾਰਨਾਂ ਨੂੰ ਦਾਖਲ ਕਰਨ ਲਈ ਟਰਾਇਲ ਕਰਵਾਏ ਜਾਣੇ ਹਨ।



ਜਾਣਕਾਰੀ ਦਿੰਦਿਆਂ ਸਿਮਰਨਜੀਤ ਸਿੰਘ ਜ਼ਿਲ੍ਹਾ ਖੇਡ ਅਫਸਰ ਗੁਰਦਾਸਪੁਰ ਨੇ ਦੱਸਿਆ ਕਿ ਹਰ ਸਾਲ ਦੀ ਤਰਾਂ ਇਸ ਸਾਲ ਵੀ ਵੱਖ ਵੱਖ ਗੇਮਾਂ ਨੂੰ ਪ੍ਰਮੋਟ ਕਰਨ ਅਤੇ ਵੱਖ-ਵੱਖ ਗੇਮਾ ਵਿੱਚ ਖਿਡਾਰੀ/ਖਿਡਾਰਨਾਂ ਨੂੰ ਦਾਖਲ ਕਰਨ ਲਈ ਡੇ ਸਕਾਲਰ/ਰੈਜ਼ੀਡੈਂਸ਼ੀਅਲ ਸਪੋਰਟਸ ਵਿੰਗ ਸਕੂਲਾਂ ਵਿੱਚ ਸ਼ਾਮਿਲ ਕੀਤਾ ਜਾਣਾ ਹੈ।ਉਨ੍ਹਾਂ ਦੱਸਿਆ ਕਿ ਐਥਲੈਟਿਕਸ ਦੇ ਟਰਾਇਲ ਕੋਚਿੰਗ ਸੈਂਟਰ ਖੁਜਾਲਾ ਵਿਖੇ ਕਰਵਾਏ ਜਾਣਗੇ।ਹਾਕੀ ਦੇ ਟਰਾਇਲ ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਕਰਵਾਏ ਜਾਣਗੇ।ਫੁੱਟਬਾਲ ਦੇ ਟਰਾਇਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਲਾ ਅਫਗਾਨਾ, ਹੈਂਡਬਾਲ ਦੇ ਟਰਾਇਲ ਨੂੰ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਗੁਰਦਾਸਪੁਰ, ਵੇਟ ਲਿਫਟਿੰਗ ਦੇ ਟਰਾਇਲ ਬਾਬਾ ਜ਼ੋਰਾਵਰ ਸਿੰਘ ਫਤਿਹ ਸਿੰਘ ਖਾਲਸਾ ਸ.ਸ.ਸਕੂਲ ਧਾਰੀਵਾਲ ਵਿਖੇ ਹੋਣਗੇ।

# ਸਰਬੱਤ ਦਾ ਭਲਾ ਟਰੱਸਟ ਵੱਲੋਂ ਸਿਵਲ ਹਸਪਤਾਲ ਗੁਰਦਾਸਪੁਰ ਨੂੰ ਦੋ ਡੈੱਡ ਬਾਡੀ ਫਰੀਜ਼ਰ ਭੇਟ

ਧਾਰੀਵਾਲ, (ਮਨਦੀਪ ਵਿੱਕੀ)-ਡਾਕਟਰ ਐੱਸ. ਪੀ. ਸਿੰਘ ਉਬਰਾਏ ਦੀ ਯੋਗ ਸਰਪ੍ਰਸਤੀ ਹੇਠ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਰਵਿੰਦਰ ਸਿੰਘ ਮਠਾਰੂ, ਜ਼ਿਲ੍ਹਾ ਜਨਰਲ ਸਕੱਤਰ ਰਜਿੰਦਰ ਸਿੰਘ ਹੈਪੀ, ਕਾਨੂੰਨੀ ਸਲਾਹਕਾਰ ਐਡਵੋਕੇਟ ਹਰਸ਼ਮੀਤ ਸਿੰਘ ਵੱਲੋਂ ਸਿਵਲ ਹਸਪਤਾਲ ਗੁਰਦਾਸਪੁਰ ਵਿਖੇ ਮ੍ਰਿਤਕ ਦੇਹਾਂ ਦੀ ਸਾਂਭ ਸੰਭਾਲ ਕਰਨ ਲਈ 2 ਡੈੱਡ ਬਾਡੀ ਫਰੀਜ਼ਰ ਸਿਵਲ ਹਸਪਤਾਲ ਗੁਰਦਾਸਪੁਰ ਦੇ ਪ੍ਰਸ਼ਾਸਨ ਨੂੰ ਭੇਟ ਕੀਤੇ ਗਏ।ਇਸ ਦੌਰਾਨ ਵਿਸ਼ੇਸ਼ ਤੌਰ ਤੇ ਪਹੁੰਚੇ ਸਾਬਕਾ ਚੇਅਰਮੈਨ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਨੇਤਾ ਤੇ ਸਮਾਜ ਸੇਵੀ ਸ਼ਖ਼ਸੀਅਤ ਕੰਵਲਜੀਤ ਸਿੰਘ ਚਾਹਲ ਨੇ ਸਿਵਲ ਹਸਪਤਾਲ ਦੇ ਡਾਕਟਰਾਂ ਅਤੇ ਸਟਾਫ ਮੈਂਬਰਾਂ ਨੂੰ 2 ਡੈੱਡ ਬਾਡੀ ਫਰੀਜ਼ਰ ਸੌਂਪਦਿਆਂ ਕਿਹਾ ਕਿ ਡਾਕਟਰ ਐੱਸ. ਪੀ. ਸਿੰਘ ਉਬਰਾਏ ਵੱਲੋਂ ਵੱਲੋਂ ਮਾਨਵਤਾ ਦੀ ਸੇਵਾ ਦੇ ਲਈ ਬਹੁਤ ਹੀ ਨੇਕ ਤੇ ਪਰਉਪਕਾਰੀ ਕਾਰਜ ਕੀਤੇ ਜਾ ਰਹੇ ਹਨ। ਇਸ ਮੌਕੇ ਸਾਬਕਾ ਚੇਅਰਮੈਨ ਕੰਵਲਜੀਤ ਸਿੰਘ ਚਾਹਲ ਨੇ ਕਿਹਾ ਕਿ ਜਦ ਵੀ ਪੰਜਾਬ ਤੇ ਕੋਈ ਸੰਕਟ ਦੀ ਘੜੀ ਆਉਂਦੀ ਹੈ ਤਾਂ ਡਾਕਟਰ ਐੱਸ. ਪੀ. ਸਿੰਘ ਉਬਰਾਏ ਸਭ ਤੋਂ ਮੂਹਰੇ ਹੋ ਕੇ ਪੰਜਾਬੀਆਂ ਦਾ ਸਾਥ ਦੇਣ ਲਈ ਅੱਗੇ ਆ ਜਾਂਦੇ ਹਨ।ਉਨ੍ਹਾਂ ਕਿਹਾ ਕਿ ਡਾਕਟਰ ਉਬਰਾਏ ਵੱਲੋਂ ਆਪਣੀ ਨੇਕ ਕਿਰਤ ਕਮਾਈ ਦਾ 98 ਫੀਸਦੀ ਹਿੱਸਾ ਲੋੜਵੰਦਾਂ ਦੀ ਭਲਾਈ ਵਾਸਤੇ ਖਰਚ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਜ਼ਿਲ੍ਹਾ ਗੁਰਦਾਸਪੁਰ ਦੇ ਅੰਦਰ ਟਰੱਸਟ ਦੇ ਜ਼ਿਲ੍ਹਾ ਪ੍ਰਧਾਨ ਰਵਿੰਦਰ ਸਿੰਘ ਮਠਾਰੂ ਅਤੇ ਉਨ੍ਹਾਂ ਦੀ ਟੀਮ ਪੂਰੀ ਤਨਦੇਹੀ ਦੇ ਨਾਲ ਗਰੀਬਾਂ ਤੇ ਲੋੜਵੰਦਾਂ ਦੀ ਸੇਵਾ ਵਿੱਚ ਦਿਨ ਰਾਤ ਲੱਗੀ ਹੋਈ ਹੈ ।ਇਸ ਮੌਕੇ ਸਿਵਲ ਹਸਪਤਾਲ ਗੁਰਦਾਸਪੁਰ ਦੇ ਇੰਚਾਰਜ ਡਾ. ਰਵਿੰਦਰ ਸਿੰਘ ਨੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੁੱਖੀ ਡਾਕਟਰ ਐੱਸ. ਪੀ. ਸਿੰਘ ਉਬਰਾਏ ਅਤੇ ਜ਼ਿਲ੍ਹਾ ਪ੍ਰਧਾਨ ਰਵਿੰਦਰ ਸਿੰਘ ਮਠਾਰੂ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਦ ਵੀ ਸਾਡੇ ਜ਼ਿਲ੍ਹੇ ਨੂੰ ਕਿਸੇ ਕਿਸਮ ਦੀ ਵੀ ਸਹਾਇਤਾ ਦੀ ਲੋੜ ਪਈ ਹੈ ਤਾਂ ਡਾਕਟਰ ਉਬਰਾਏ ਵੱਲੋਂ ਪਹਿਲ ਦੇ ਆਧਾਰ ਤੇ ਸਾਡੀ ਲੋੜ ਨੂੰ ਪੂਰਾ ਕੀਤਾ ਗਿਆ ਹੈ। ਇਸ ਮੌਕੇ ਡਾਕਟਰ ਰਮਨਦੀਪ ਸਿੰਘ, ਸਟਾਫ ਨਰਸ ਭੁਪਿੰਦਰ ਕੌਰ, ਸਟਾਫ ਨਰਸ ਹਰਮੀਤ ਕੌਰ, ਸੁਖਮੀਤ ਕੌਰ, ਕਿਰਨਦੀਪ ਕੌਰ, ਚੰਚਲ ਸਿੰਘ, ਪਵਨ ਕੁਮਾਰ ,ਬਸੰਤ ਕੁਮਾਰ ਤੇ ਹਸਪਤਾਲ ਦੇ ਹੋਰ ਵੀ ਸਟਾਫ ਮੈਂਬਰ ਹਾਜ਼ਰ ਸਨ।




# ਰੰਧਾਵਾ ਨੇ ਪਿੰਡ ਮੇਘਾ 'ਚ ਲੋਕਾਂ ਨੂੰ ਸਰਕਾਰ ਦੀਆਂ ਪ੍ਰਾਪਤੀਆਂ ਬਾਰੇ ਕਰਵਾਇਆ ਜਾਣੂ

ਗੁਰਦਾਸਪੁਰ, (ਜਨਕ ਮਹਾਜਨ) ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਪਿੰਡ ਮੇਘਾ ਵਿਖੇ ਪਿੰਡ ਵਾਸੀਆਂ ਨੂੰ ਪੰਜਾਬ ਸਰਕਾਰ ਦੀਆਂ ਚਾਰ ਸਾਲਾਂ ਪ੍ਰਾਪਤੀਆਂ ਤੋਂ ਜਾਣੂੰ ਕਰਵਾਉਂਦਿਆਂ ਕਿਹਾ ਕਿ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਪਿਛਲੇ ਚਾਰ ਸਾਲਾਂ ਦੌਰਾਨ ਸੂਬੇ ਦੇ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕੀਤਾ ਹੈ, ਸਰਕਾਰ ਲੋਕ ਦੀਆਂ ਉਮੀਦਾਂ 'ਤੇ ਖਰਾ ਉਤਰੀ ਹੈ।ਉਨ੍ਹਾਂ ਕਿਹਾ ਕਿ ਆਪ ਵੱਲੋਂ ਦਿੱਤੀ ਗਰੰਟੀ ਅਨੁਸਾਰ ਔਰਤਾਂ ਨੂੰ 1,000 ਰੁਪਏ ਦੇਣ ਦਾ ਕੀਤਾ ਗਿਆ ਵਾਅਦਾ ਪੂਰਾ ਹੋ ਗਿਆ ਹੈ।90 ਫੀਸਦ ਘਰਾਂ ਦੇ ਬਿਜਲੀ ਦੇ ਬਿੱਲ ਜ਼ੀਰੋ ਆ ਰਹੇ ਹਨ।ਕਿਸਾਨਾਂ ਦੇ ਟਿਊਬਵੈੱਲਾਂ ਲਈ ਦਿਨ ਵੇਲੇ ਬਿਜਲੀ ਸਪਲਾਈ ਯਕੀਨੀ ਬਣਾਈ ਗਈ ਹੈ।10 ਲੱਖ ਰੁਪਏ ਦੀ ਮੁਫ਼ਤ ਸਿਹਤ ਬੀਮਾ ਯੋਜਨਾ ਵੀ ਲਾਗੂ ਕੀਤੀ ਗਈ ਹੈ। 985 ਆਮ ਆਦਮੀ ਕਲੀਨਿਕਾਂ ਰਾਹੀਂ ਮੁਫ਼ਤ ਇਲਾਜ, ਦਵਾਈਆਂ ਅਤੇ ਜਾਂਚ ਟੈਸਟ ਮੁਫ਼ਤ ਮੁਹੱਈਆ ਕਰਵਾਏ ਜਾ ਰਹੇ ਹਨ।2000 ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੇ ਨੀਟ ਅਤੇ ਜੇਈਈ ਪਰੀਖਿਆ ਪਾਸ ਕੀਤੀ ਹੈ।ਅਧਿਆਪਕਾਂ ਨੂੰ ਫਿਨਲੈਂਡ ਤੇ ਸਿੰਗਾਪੁਰ ਵਿਖੇ ਵਿਸ਼ਵ ਪੱਧਰੀ ਸਿਖਲਾਈ ਲਈ ਲਗਾਤਾਰ ਭੇਜਿਆ ਜਾ ਰਿਹਾ ਹੈ।9000 ਤੋਂ ਜ਼ਿਆਦਾ ਆਧੁਨਿਕ ਪੇਂਡੂ ਖੇਡ ਸਟੇਡੀਅਮ ਬਣਾਏ ਜਾ ਰਹੇ ਹਨ।40,000 ਕਿਲੋਮੀਟਰ ਪੇਂਡੂ ਲਿੰਕ ਸੜਕਾਂ ਦਾ ਮੁੜ ਨਿਰਮਾਣ ਕਰਵਾਇਆ ਗਿਆ ਹੈ।ਚਾਰ ਸਾਲਾਂ ਵਿੱਚ ਪੰਜਾਬ ਵਿੱਚ ਰਿਕਾਰਡ 1.55 ਲੱਖ ਕਰੋੜ ਰੁਪਏ ਦਾ ਨਿਵੇਸ਼ ਹੋਇਆ ਹੈ। 65000 ਤੋਂ ਜ਼ਿਆਦਾ ਸਰਕਾਰੀ ਨੌਕਰੀਆਂ ਮੁਹੱਈਆ ਕਰਵਾਈਆਂ ਗਈਆਂ ਹਨ ਅਤੇ 5.5 ਲੱਖ ਪ੍ਰਾਈਵੇਟ ਨੌਕਰੀਆਂ ਮੁਹੱਈਆ ਕਰਵਾਈਆਂ ਗਈਆਂ ਹਨ।ਭਾਰਤ ਦੀ ਪਹਿਲੀ ਸੜਕ ਸੁਰੱਖਿਆ ਫੋਰਸ ਦਾ ਗਠਨ ਪੰਜਾਬ ਵਿੱਚ ਕੀਤਾ ਗਿਆ ਹੈ, ਜਿਸ ਨਾਲ 50.12 ਫੀਸਦ ਮੌਤ ਦੀ ਦਰ ਘਟੀ ਹੈ।ਪਹਿਲੀ ਵਾਰ ਸ਼ਹੀਦ ਸੈਨਿਕਾਂ ਦੇ ਪਰਿਵਾਰਾਂ ਨੂੰ 1 ਕਰੋੜ ਰੁਪਏ ਦੀ ਰਾਸ਼ੀ ਮੁਹੱਈਆ ਕਰਵਾਈ ਗਈ ਹੈ।50 ਸਾਲ ਤੋਂ ਵੱਧ ਉਮਰ ਦੇ ਸਾਰੇ ਨਾਗਰਿਕਾਂ ਲਈ ਮੁਫਤ ਤੀਰਥ ਯਾਤਰਾ ਸ਼ੁਰੂ ਕੀਤੀ ਗਈ ਹੈ।

ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ 92000 ਨਸ਼ਾ ਤਸਕਰ ਗ੍ਰਿਫਤਾਰ ਕੀਤੇ ਗਏ ਹਨ ਅਤੇ 14,700 ਗੈਂਗਸਟਰਾਂ ਨੂੰ ਗ੍ਰਿਫ਼ਤਾਰ ਕੀਤਾ।



# ਧੁੱਸੀ ਬੰਨ੍ਹ 'ਤੇ ਪੱਕੀ ਸੜਕ ਬਣਾਉਣ ਲਈ ਸੀਚੇਵਾਲ ਨੇ ਮੁੱਖ ਮੰਤਰੀ ਨਾਲ ਕੀਤੀ ਚਰਚਾ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਤਲੁਜ ਦਰਿਆ ਦੇ ਧੁੱਸੀ ਬੰਨ੍ਹ ਨੂੰ ਮਜ਼ਬੂਤ ਬਣਾਈ ਰੱਖਣ ਲਈ ਗਿੱਦੜਪਿੰਡੀ ਤੋਂ ਫਿਲੌਰ ਤੱਕ ਪੱਕੀ ਸੜਕ ਬਣਾਉਣ ਬਾਰੇ ਵਿਚਾਰ ਵਟਾਦਰਾਂ ਕੀਤਾ। ਮੁੱਖ ਮੰਤਰੀ ਪੰਜਾਬ ਦੀ ਸਰਕਾਰੀ ਰਿਹਾਇਸ਼ 'ਤੇ ਮੁਲਾਕਾਤ ਕਰਨ ਉਪਰੰਤ ਸੰਤ ਸੀਚੇਵਾਲ ਨੇ ਦੱਸਿਆ ਇਸ ਗਿੱਦੜਪਿੰਡੀ ਤੋਂ ਫਿਲੌਰ ਤੱਕ ਸਤਲੁਜ ਦਰਿਆ ਦੇ ਧੁੱਸੀ ਬੰਨ੍ਹ 'ਤੇ 89 ਕਿਲੋਮੀਟਰ ਲੰਮੀ ਤੇ 18 ਫੁੱਟ ਚੌੜੀ ਪੱਕੀ ਸੜਕ ਬਣਾਈ ਜਾਣੀ ਹੈ।ਯਾਦ ਰਹੇ ਕਿ ਇਹ ਸੜਕ ਬਣਾਉਣ ਬਾਰੇ ਪਹਿਲੀ ਮੀਟਿੰਗ 12 ਜੂਨ 2023 ਨੂੰ ਚੰਡੀਗੜ੍ਹ ਦੇ ਪੰਜਾਬ ਭਵਨ ਵਿੱਚ ਹੋਈ ਸੀ। ਜਿਸ ਬਾਰੇ ਸੰਤ ਸੀਚੇਵਾਲ ਵੱਲੋਂ ਮੁੱਖ ਮੰਤਰੀ ਪੰਜਾਬ ਨੂੰ ਪੱਤਰ ਲਿਖਿਆ ਗਿਆ ਸੀ। ਇਹ ਮੀਟਿੰਗ ਉਸ ਵੇਲੇ ਦੇ ਕੈਬਨਿਟ ਮੰਤਰੀ ਮੀਤ ਹੇਅਰ ਦੀ ਅਗਵਾਈ ਵਿੱਚ ਹੋਈ ਸੀ। ਪੰਜਾਬ ਰਾਜ ਮੰਡੀ ਬੋਰਡ ਨੇ ਵੀ ਆਪਣੀ ਰਿਪੋਰਟ ਵਿੱਚ ਕਿਹਾ ਸੀ ਕਿ ਧੁੱਸੀ ਬੰਨ੍ਹ 'ਤੇ ਸੜਕ ਬਣਨ ਨਾਲ ਬੰਨ੍ਹ ਨੂੰ ਮਜ਼ਬੂਤੀ ਮਿਲੇਗੀ। ਮੰਡੀ ਬੋਰਡ ਦੇ ਇਸ ਸੜਕ 'ਤੇ 117 ਕਰੋੜ ਦੇ ਕਰੀਬ ਦੀ ਲਾਗਤ ਆਉਣ ਦਾ ਅਨੁਮਾਨ ਲਗਾਇਆ ਸੀ। ਸੰਤ ਸੀਚੇਵਾਲ ਨੇ ਦੱਸਿਆ ਕਿ ਇਹ ਸੜਕ ਨਬਾਰਡ ਏਜੰਸੀ ਦੀ ਮੱਦਦ ਨਾਲ ਬਣਾਈ ਜਾਣੀ ਸੀ। ਉਨ੍ਹਾਂ ਮੁੱਖ ਮੰਤਰੀ ਕੋਲੋ ਮੰਗ ਕੀਤੀ ਕਿ ਬਰਸਾਤਾਂ ਤੋਂ ਪਹਿਲਾਂ ਪਹਿਲਾਂ ਇਸ ਸੜਕ ਨੂੰ ਬਣਾਉਣ ਦੀ ਸ਼ੁਰੂਆਤ ਕਰ ਦਿੱਤੀ ਜਾਵੇ ਤਾਂ ਇਸ ਨਾਲ ਹੜ੍ਹ ਪ੍ਰਭਾਵਿਤ ਇਲਾਕੇ ਦੇ ਲੋਕਾਂ ਨੂੰ ਸੁਖ ਦਾ ਸਾਹ ਆਵੇਗਾ।



## ਮੁੱਖ ਮੰਤਰੀ ਬੁੱਢੇ ਦਰਿਆ 'ਤੇ ਆਉਣਗੇ

ਸੰਤ ਸੀਚੇਵਾਲ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਬੁੱਢੇ ਦਰਿਆ ਦੇ ਪ੍ਰਦੂਸ਼ਣ ਨੂੰ ਖਤਮ ਕਰਨ ਲਈ ਬਹੁਤ ਸੰਜੀਦਾ ਹਨ। ਉਨ੍ਹਾਂ ਮੁਲਾਕਾਤ ਉਪਰੰਤ ਭਰੋਸਾ ਦਿੱਤਾ ਕਿ ਉਹ ਅਪ੍ਰੈਲ ਦੇ ਆਖਰੀ ਵਿੱਚ ਬੁੱਢੇ ਦਰਿਆ ਦੀ ਸਫ਼ਾਈ ਦੇ ਚੱਲ ਰਹੇ ਕਾਰਜਾਂ ਦਾ ਜਾਇਜ਼ਾਂ ਲੈਣ ਲਈ ਆਉਣਗੇ।

# 42ਵਾਂ ਸਾਲਾਨਾ ਸੈਣੀ ਸੰਮੇਲਨ ਮਨਾਇਆ

**ਰੂਪਨਗਰ (ਰਜਿੰਦਰ ਸੈਣੀ)**- ਕਾਕਾ ਰਾਮ ਸੈਣੀ ਚੈਰੀਟੇਬਲ ਟਰੱਸਟ (ਰਜਿ.) ਵਲੋਂ ਸੈਣੀ ਭਵਨ ਵਿਖੇ 42ਵਾਂ ਸਾਲਾਨਾ ਸੈਣੀ ਸੰਮੇਲਨ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਗਿਆ।ਸਮੇਲਨ ਦੇ ਮੁੱਖ ਮਹਿਮਾਨ ਤਰਸੇਮ ਸੈਣੀ, ਪ੍ਰਧਾਨ ਆਲ ਇੰਡਿਆ ਰਾਈਸ ਸ਼ੈਲਰਜ਼ ਐਸੋਸੀਏਸ਼ਨ ਨੇ ਇਸ ਮੌਕੇ ਤੇ ਬੋਲਦਿਆ ਅਪੀਲ ਕੀਤੀ ਸਾਨੂੰ ਸਭ ਨੂੰ ਵੱਖ ਵੱਖ ਸੰਠਗਨਾਂ ਦੀ ਬਜਾਏ ਮਿਲਕੇ ਸਮਾਜ ਦੀ ਬੇਹਤਰੀ ਲਈ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਸੈਣੀ ਭਵਨ ਦੇ ਵਿਕਾਸ ਲਈ 50 ਹਜਾਰ ਰੁਪਏ ਦੇਣ ਦਾ ਐਲਾਨ ਕੀਤਾ। ਇਸ ਮੌਕੇ ਤੇ ਬੋਲਦਿਆਂ ਪੰਜਾਬ ਸਰਕਾਰ ਦੇ ਸੰਯੁਕਤ ਸਕੱਤਰ ਤੇਜਦੀਪ ਸਿੰਘ ਸੈਣੀ ਨੇ ਸੈਣੀ ਭਵਨ ਵੱਲੋਂ ਸਮਾਜ ਸੇਵਾ ਦੇ ਕਾਰਜਾਂ ਲਈ ਪ੍ਰਬੰਧਕਾਂ ਨੂੰ ਵਧਾਈ ਦਿੱਤੀ। ਰਾਮ ਕੁਮਾਰ ਚੇਅਰਮੈਨ ਪੰਜਾਬ ਰਾਜ ਸੈਣੀ ਭਲਾਈ ਬੋਰਡ ਨੇ ਬਰਾਦਰੀ ਪ੍ਰਤੀ ਸੈਣੀ ਭਵਨ ਦੀ ਸੋਚ ਦੀ ਪ੍ਰਸ਼ੰਸਾ। ਅਮਰਜੀਤ ਸਿੰਘ ਸੈਣੀ ਸਾਬਕਾ ਜ਼ਿਲ੍ਹਾ ਕਾਂਗਰਸ ਪ੍ਰਧਾਨ ਨੇ ਸੰਸਥਾ ਨੂੰ ਆਪਣੇ ਪ੍ਰਬੰਧ ਹੇਠ ਕਟਲੀ ਸਕੂਲ ਵੱਲੋਂ 21 ਹਜ਼ਾਰ ਰੁਪਏ ਦੇਣ ਦਾ ਐਲਾਨ ਕੀਤਾ। ਇਸ ਮੌਕੇ ਪਹੁੰਚੇ ਵਿਸ਼ੇਸ਼ ਮਹਿਮਾਨ ਇੰਜ. ਭਗਵਾਨ ਸਿੰਘ ਖੇਤਰੀ ਵਾਤਾਵਰਣ ਅਧਿਕਾਰੀ, ਹਰਿਆਣਾ ਨੇ ਸੰਸਥਾ ਨੂੰ ਵਧਾਈ ਦਿੱਤੀ ਅਤੇ ਇਕ ਲੱਖ ਰੁਪਏ ਦਾਨ ਦਿੱਤਾ। ਸਮਾਗਮ ਨੂੰ ਟਰੱਸਟੀ ਰਾਮ ਸਿੰਘ ਸਿੰਘ ਸੈਣੀ, ਦਵਿੰਦਰ ਸਿੰਘ ਜਟਾਣਾ ਤੋਂ ਇਲਾਵਾ ਉਘੇ ਲੇਖਕ ਡਾ. ਰਣਜੀਤ ਸਿੰਘ ਸਾਬਕਾ ਡੀਨ ਪੀ ਏ ਯੂ ਲੁਧਿਆਣਾ ਆਦਿ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਤੇ ਸੰਸਥਾ ਦੇ ਟਰੱਸਟੀਜ਼ ਇੰਜ. ਹਰਜੀਤ ਸਿੰਘ, ਦਲਜੀਤ ਸਿੰਘ, ਅਮਰਜੀਤ ਸਿੰਘ, ਡਾ. ਜਸਵੰਤ ਕੌਰ, ਐਡਵੋਕੇਟ ਰਾਵਿੰਦਰ ਸਿੰਘ ਮੁਡਰਾ, ਜਗਦੇਵ ਸਿੰਘ, ਰਾਜਿੰਦਰ ਸਿੰਘ ਗਿਰਨ, ਡਾ. ਹਰਚਰਨ ਦਾਸ ਸੇਰ, ਪ੍ਰਿਤਪਾਲ ਸਿੰਘ, ਹਰਜੀਤ ਸਿੰਘ ਗਿਰਨ, ਹਰਦੀਪ ਸਿੰਘ,ਪ੍ਰਿਸੀਪਲ ਰਾਵਿੰਦਰ ਕੌਰ, ਸੁਰਿੰਦਰ ਸਿੰਘ ਤੋ ਇਲਾਵਾ ਪ੍ਰਮੁੱਖ ਸ਼ਖਸੀਅਤਾ ਇਜ. ਕਰਨੈਲ ਸਿੰਘ, ਸੁਰਿੰਦਰ ਸਿੰਘ ਤੋਗੜ, ਅਵਤਾਰ ਸਿੰਘ ਲੌਂਗੀਆ ਆਦਿ ਵੀ ਹਾਜ਼ਰ ਸਨ। ਅਜ ਦੇ ਸਮਾਗਮ ਦਾ ਅਰੰਭ ਸ੍ਰੀ ਸੁਖਮਣੀ ਸਾਹਿਬ ਦਾ ਪਾਠ ਕਰਨ ਉਪਰੰਤ ਕੀਤਾ ਗਿਆ।ਸੰਤ ਬਾਬਾ ਅਵਤਾਰ ਸਿੰਘ ਵਲੋਂ ਸੈਣੀ ਭਵਨ ਦੀ ਚੜਦੀਕਲਾ ਲਈ ਅਰਦਾਸ ਕੀਤੀ ਗਈ।



# 'ਮੁੱਖ ਮੰਤਰੀ ਸਿਹਤ ਯੋਜਨਾ' ਸਭਨਾਂ ਲਈ ਸਮੇਂ ਸਿਰ ਇਲਾਜ ਯਕੀਨੀ ਬਣਾ ਰਹੀ : ਡਾ. ਬਲਬੀਰ ਸਿੰਘ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)** ਪੰਜਾਬ ਦੀ ਪ੍ਰਮੁੱਖ ਮੁੱਖ ਮੰਤਰੀ ਸਿਹਤ ਯੋਜਨਾ ਸਿਹਤ ਸੰਭਾਲ ਸੁਰੱਖਿਆ ਦੇ ਮਹੱਤਵਪੂਰਨ ਥੰਮ੍ਹ ਵਜੋਂ ਉੱਭਰ ਰਹੀ ਹੈ, ਜੋ ਪ੍ਰਤੀ ਪਰਵਾਰ 10 ਲੱਖ ਰੁਪਏ ਦੀ ਕਵਰੇਜ ਪ੍ਰਦਾਨ ਕਰਦੀ ਹੈ ਅਤੇ ਅਚਾਨਕ ਡਾਕਟਰੀ ਐਮਰਜੈਂਸੀ ਦੌਰਾਨ ਵਿੱਤੀ ਬੋਝ ਨੂੰ ਘਟਾਉਂਦੇ ਹੋਏ ਸਮੇਂ ਸਿਰ ਇਲਾਜ ਲੈਣ ਦੇ ਸਮਰੱਥ ਬਣਾਉਂਦੀ ਹੈ।ਕਈ ਬਿਮਾਰੀਆਂ ਜਿਵੇਂ ਦਿਲ ਦਾ ਦੌਰਾ, ਕੈਂਸਰ ਅਤੇ ਜਨਮ ਸਬੰਧੀ ਪੇਚੀਦਗੀਆਂ ਕਿਸੇ ਵੀ ਸਮੇਂ ਹਮਲਾ ਕਰ ਸਕਦੀਆਂ ਹਨ, ਇਸ ਲਈ ਪੰਜਾਬ ਸਰਕਾਰ ਦਾ ਦ੍ਰਿਸ਼ਟੀਕੋਣ ਵਿਆਪਕ ਪੱਧਰ 'ਤੇ ਜਨਤਕ ਸਿਹਤ ਦਖਲਅੰਦਾਜ਼ੀ ਰਾਹੀਂ ਡਾਕਟਰੀ ਲੋੜ ਅਤੇ ਕਿਫਾਇਤੀ ਇਲਾਜ ਦਰਮਿਆਨ ਪਾੜੇ ਨੂੰ ਪੂਰਨ 'ਤੇ ਕੇਂਦ੍ਰਿਤ ਹੈ।ਪੰਜਾਬ ਸਰਕਾਰ ਦੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਮੁਤਾਬਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚੱਲ ਰਹੀ ਇਹ ਯੋਜਨਾ ਹਰ ਪਰਵਾਰ ਨੂੰ ਪ੍ਰਤੀ ਵਰ੍ਹੇ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਪ੍ਰਦਾਨ ਕਰਦੀ ਹੈ। ਇਹ ਯੋਜਨਾ ਸਰਕਾਰੀ ਅਤੇ ਨਿੱਜੀ ਦੋਵੇਂ ਹਸਪਤਾਲਾਂ ਵਿੱਚ 2,300 ਤੋਂ ਵੱਧ ਬੀਮਾਰੀਆਂ ਦਾ ਇਲਾਜ ਕਵਰ ਕਰਦੀ ਹੈ। ਇਸ ਯੋਜਨਾ ਨੂੰ ਕਵਰੇਜ ਤੋਂ ਲੈ ਕੇ ਅਸਲ ਦੇਖਭਾਲ ਡਿਲੀਵਰੀ ਤੱਕ ਪੰਜਾਬ ਭਰ ਵਿੱਚ ਕਾਫ਼ੀ ਹੁਲਾਰਾ ਮਿਲਿਆ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ 33 ਲੱਖ ਤੋਂ ਵੱਧ ਪਰਿਵਾਰਾਂ ਨੂੰ ਇਸ ਯੋਜਨਾ ਅਧੀਨ ਨਾਮਜ਼ਦ ਕੀਤਾ ਗਿਆ ਹੈ, ਜਿਸ ਵਿੱਚ ਖਾਸ ਕਰਕੇ ਡਾਇਲਿਸਿਸ, ਕੈਂਸਰ ਅਤੇ ਦਿਲ ਵਰਗੀਆਂ ਗੰਭੀਰ ਬੀਮਾਰੀਆਂ ਦੇ ਇਲਾਜ ਲਈ ਲੱਖਾਂ ਮਰੀਜ਼ ਹਸਪਤਾਲਾਂ ਵਿੱਚ ਦਾਖਲ ਹੋਏ ਹਨ। ਪੰਜਾਬ ਦੀ ਰਾਜ ਸਿਹਤ ਏਜੰਸੀ ਅਨੁਸਾਰ ਇਸ ਯੋਜਨਾ ਤਹਿਤ 33 ਲੱਖ ਤੋਂ ਵੱਧ ਲਾਭਪਾਤਰੀਆਂ ਨੂੰ ਸਫਲਤਾਪੂਰਵਕ ਰਜਿਸਟਰ ਕੀਤਾ ਗਿਆ ਹੈ ਅਤੇ 1,98,793 ਮੁਫ਼ਤ ਇਲਾਜਾਂ ਨੂੰ ਮਨਜ਼ੂਰੀ ਦਿੱਤੀ ਹੈ, ਜਿਸਦੀ ਰਕਮ ਲਗਭਗ 3,30,01,32,533 ਰੁਪਏ ਬਣਦੀ ਹੈ। ਇਸ ਕੁੱਲ ਰਾਸ਼ੀ ਵਿੱਚੋਂ 59,34,18,468 ਪਹਿਲਾਂ ਹੀ ਹਸਪਤਾਲਾਂ ਨੂੰ ਵੰਡੇ ਜਾ ਚੁੱਕੇ ਹਨ। ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਹ ਸਕੀਮ ਰਾਜ ਭਰ ਵਿੱਚ ਬਰਾਬਰ ਸਿਹਤ ਸੰਭਾਲ ਪਹੁੰਚ ਨੂੰ ਯਕੀਨੀ ਬਣਾਉਣ ਲਈ ਇੱਕ ਵਿਆਪਕ ਯਤਨ ਦਾ ਹਿੱਸਾ ਹੈ। ਉਨ੍ਹਾਂ ਕਿਹਾ ਕਿ ਸਾਡਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕਿਸੇ ਵੀ ਪਰਵਾਰ ਨੂੰ ਵਿੱਤੀ ਔਕੜਾਂ ਕਾਰਨ ਇਲਾਜ ਵਿੱਚ ਦੇਰੀ ਦਾ ਸਾਹਮਣਾ ਨਾ ਕਰਨਾ ਪਵੇ।

# ਅਹਿਮ ਮੁੱਦਿਆਂ ਨੂੰ ਨਜ਼ਰਅੰਦਾਜ਼ ਕਰਨ ਲਈ ਚੱਢਾ ਦੀ ਨਿਖੇਧੀ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸੀਨੀਅਰ ਆਗੂਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਆਪ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਤੇ ਆਪ ਪੰਜਾਬ ਦੇ ਮੁੱਖ ਬੁਲਾਰੇ ਕੁਲਦੀਪ ਸਿੰਘ ਧਾਲੀਵਾਲ ਨੇ ਰਾਜ ਸਭਾ ਮੈਂਬਰ ਰਾਘਵ ਚੱਢਾ 'ਤੇ ਸੰਸਦ ਵਿੱਚ ਪੰਜਾਬ ਦੇ ਅਹਿਮ ਮੁੱਦੇ ਉਠਾਉਣ ਵਿੱਚ ਅਸਫਲ ਰਹਿਣ 'ਤੇ ਤਿੱਖਾ ਹਮਲਾ ਕੀਤਾ।ਆਗੂਆਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਵਾਰ-ਵਾਰ ਰਾਬਤਾ ਕਰਨ ਦੇ ਬਾਵਜੂਦ 8,500 ਕਰੋੜ ਰੁਪਏ ਦੇ ਆਰ ਡੀ ਐੱਫ ਬਕਾਏ, 60,000 ਕਰੋੜ ਰੁਪਏ ਦੇ ਜੀ ਐੱਸ ਟੀ ਨੁਕਸਾਨ ਅਤੇ 1,600 ਕਰੋੜ ਰੁਪਏ ਦੀ ਹੜ੍ਹ ਰਾਹਤ ਵਰਗੇ ਗੰਭੀਰ ਮੁੱਦਿਆਂ ਨੂੰ ਨਹੀਂ ਚੁੱਕਿਆ ਗਿਆ। ਇਸ ਚੁੱਪ ਨੂੰ ਪੰਜਾਬ ਦੇ ਲੋਕਾਂ ਅਤੇ ਫਤਵੇ ਨਾਲ ਵਿਸ਼ਵਾਸਘਾਤ ਕਰਾਰ ਦਿੰਦਿਆਂ ਆਗੂਆਂ ਨੇ ਕਿਹਾ ਕਿ ਕਿਸਾਨਾਂ ਦੇ ਸਰੋਕਾਰਾਂ ਅਤੇ ਹੜ੍ਹ ਪੀੜਤਾਂ ਦੀ ਦੁਰਦਸ਼ਾ ਨੂੰ ਨਾ ਉਠਾਉਣਾ ਜ਼ਮੀਨੀ ਹਕੀਕਤਾਂ ਤੋਂ ਪੂਰੀ ਤਰ੍ਹਾਂ ਟੁੱਟੇ ਹੋਣ ਨੂੰ ਦਰਸਾਉਂਦਾ ਹੈ।

# ਸੰਤ ਬਾਬਾ ਨਿਧਾਨ ਸਿੰਘ ਦੇ ਜਨਮ ਦਿਹਾੜੇ ਮੌਕੇ ਮੁਫ਼ਤ ਮੈਡੀਕਲ ਕੈਂਪ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਜੀ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ. ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ। ਸੰਸਥਾ ਵਲੋਂ ਇਲਾਕਾ ਨਿਵਾਸੀ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿ ਰਾਇ ਮਹਾਰਾਜ ਵੱਲੋਂ ਵਰਸਾਏ ਬਾਬਾ ਸ਼ੇਖ ਜੀ ਦੇ ਜੱਦੀ ਪਿੰਡ ਨੂਰੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਚਲਾਈ ਜਾ ਰਹੀ ਹੈ। ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨੂਰੜ ਅਤੇ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ (ਰਜਿ.) ਅਜਨੋਹਾ ਵਲੋਂ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਜਨਮ ਅਸਥਾਨ ਗੁਰਦੁਆਰਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ ਪਿੰਡ ਨਡਾਲੋਂ ਵਿਖੇ 171ਵਾਂ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ । ਮੈਡੀਕਲ ਕੈਂਪ ਵਿੱਚ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨੂਰੜ ਤੋਂ ਡਾਕਟਰਾਂ ਟੀਮ ਵਲੋਂ 250 ਮਰੀਜ਼ਾਂ ਦਾ ਚੈਕਅਪ ਕਰਕੇ ਮੁਫ਼ਤ ਵਿੱਚ ਦਵਾਈਆਂ ਦਿੱਤੀਆਂ ਗਈਆਂ। ਕੈਂਪ ਦੀ ਸਮਾਪਤੀ ਤੋਂ ਬਾਅਦ ਪ੍ਰਬੰਧਕ ਕਮੇਟੀ ਵੱਲੋਂ ਡਾਕਟਰਾਂ ਦੀ ਟੀਮ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਹਾਜ਼ਰ ਗੁਰੂ ਘਰ ਵਜ਼ੀਰ ਭਾਈ ਨਿਸ਼ਾਨ ਸਿੰਘ, ਪ੍ਰਧਾਨ ਜਸਵਿੰਦਰ ਸਿੰਘ,ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਬਲਜੀਤ ਸਿੰਘ ਬਿੱਲਾ ਅਜਨੋਹਾ, ਡਾਕਟਰ ਸਤਨਾਮ ਸਿੰਘ ਖਾਲਸਾ, ਉਂਕਾਰ ਸਿੰਘ ਖਾਲਸਾ ਨੂਰੜ,ਮੈਂਬਰ ਪ੍ਰਿੰਸੀਪਲ ਸਤਪਾਲ ਸਿੰਘ,ਗੁਰਮੁਖ ਸਿੰਘ, ਕਮਲਜੀਤ ਸਿੰਘ ਖਾਲਸਾ ਅਜਨੋਹਾ,ਪ੍ਰਧਾਨ ਬਲਵਿੰਦਰ ਸਿੰਘ ਬਿੱਟੂ ਅਜਨੋਹਾ ,ਪ੍ਰੀਆ ਨੂਰੜ, ਸੰਦੀਪ ਕੌਰ ਪਾਂਸਟਾ, ਲਵਪ੍ਰੀਤ ਕੌਰ ਸਰਹਾਲਾ, ਮਨਪ੍ਰੀਤ ਸਿੰਘ ਅਜਨੋਹਾ,ਸਤਨਾਮ ਸਿੰਘ ਸੱਤਾ ਅਜਨੋਹਾ, ਹਰਮੇਸ਼ ਸਿੰਘ, ਮਨਜੀਤ ਸਿੰਘ ਖਾਲਸਾ ਯੂ ਐਸ ਏ, ਹਰਮਨ ਸਿੰਘ ਖਾਲਸਾ ਨਡਾਲੋਂ, ਸੁਮੀਤ ਪਾਲ ਸਿੰਘ ਅਜਨੋਹਾ, ਵਰਿੰਦਰ ਪਾਲ ਸਿੰਘ ਪੰਜੋੜ, ਮਨਪ੍ਰੀਤ ਸਿੰਘ ਅਜਨੋਹਾ, ਪ੍ਰਿੰਸ ਪਰਮਾਰ, ਭੁਪਿੰਦਰ ਸਿੰਘ, ਜਸਵਿੰਦਰ ਕੌਰ, ਪਰਮਿੰਦਰ ਕੌਰ ਨੂਰੜ, ਬਰਜਿੰਦਰ ਕੌਰ, ਹਰਜੀਤ ਕੌਰ, ਗੁਰਪ੍ਰੀਤ ਕੌਰ, ਮਨਦੀਪ ਕੌਰ ਜੋਗਿੰਦਰ ਕੌਰ ਕੁਲਦੀਪ ਕੌਰ, ਭੁਪਿੰਦਰ ਸਿੰਘ ਸਰੂਪ ਸਿੰਘ ਬਲਜੀਤ ਕੌਰ ਨਡਾਲੋਂ ਆਦਿ ਹਾਜ਼ਰ ਸਨ।



# ਬ੍ਰਿਗੇਡੀਅਰ ਰਾਜ ਕੁਮਾਰ ਵੱਲੋਂ ਪ੍ਰਿੰਸੀਪਲ ਸਕੱਤਰ ਨਾਲ ਮੁਲਾਕਾਤ

**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)** ਬਲਾਚੌਰ ਹਲਕੇ ਵਿੱਚ ਜਲ ਸਰੋਤ ਵਿਭਾਗ ਨਾਲ ਸੰਬੰਧਿਤ ਸਮੱਸਿਆਵਾਂ ਦੇ ਹੱਲ ਲਈ ਬ੍ਰਿਗੇਡੀਅਰ ਰਾਜ ਕੁਮਾਰ (ਰਿਟਾਇਰਡ), ਚੇਅਰਮੈਨ ਗੁੱਜਰ ਵੈਲਫੇਅਰ ਬੋਰਡ ਪੰਜਾਬ, ਨੇ ਇਲਾਕੇ ਦੇ ਸਰਪੰਚਾਂ ਅਤੇ ਹੋਰ ਮੋਹਤਬਰ ਵਿਅਕਤੀਆਂ ਸਮੇਤ ਜਲ ਸਰੋਤ ਵਿਭਾਗ ਦੇ ਪ੍ਰਿੰਸੀਪਲ ਸਕੱਤਰ ਕ੍ਰਿਸ਼ਨ ਕੁਮਾਰ ਨਾਲ ਮੁਲਾਕਾਤ ਕੀਤੀ।ਚਰਚਾ ਦੌਰਾਨ ਬ੍ਰਿਗੇਡੀਅਰ ਰਾਜ ਕੁਮਾਰ ਨੇ ਪੁੱਛਿਆ ਕਿ ਕੰਢੀ ਨਹਿਰ ਦਾ ਮੁੱਖ ਉਦੇਸ਼ ਸ਼ਿਵਾਲਿਕ ਪਹਾੜੀਆਂ ਨਾਲ ਲੱਗਦੇ ਬੰਜਰ ਇਲਾਕਿਆਂ ਨੂੰ ਆਬਾਦ ਕਰਨਾ ਸੀ, ਪਰ ਇਸ ਦਾ ਵੱਧਤਰ ਲਾਭ ਪਲੇਨ ਇਲਾਕਿਆਂ ਨੂੰ ਮਿਲ ਰਿਹਾ ਹੈ, ਜਿੱਥੇ ਪਹਿਲਾਂ ਹੀ ਟਿਊਬਵੈਲ ਮੌਜੂਦ ਹਨ।ਇਸ 'ਤੇ ਪ੍ਰਿੰਸੀਪਲ ਸਕੱਤਰ ਕ੍ਰਿਸ਼ਨ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿੰਡ ਪੋਜੇਵਾਲ ਤੋਂ ਲੈ ਕੇ ਸੂਸ਼ੇਵਾਲ ਤੱਕ, ਰੌੜੀ, ਟੋਰੋਵਾਲ ਆਦਿ ਪਿੰਡਾਂ ਦੀ ਸਿੰਚਾਈ ਲਈ ਵੱਖਰਾ ਪ੍ਰੋਜੈਕਟ ਅੰਤਿਮ ਪੜਾਅ 'ਤੇ ਹੈ, ਜਿਸ ਨਾਲ ਲਗਭਗ 3-4 ਮਹੀਨਿਆਂ ਵਿੱਚ ਖੇਤਾਂ ਤੱਕ ਪਾਣੀ ਪਹੁੰਚਣ ਦੀ ਸੰਭਾਵਨਾ ਹੈ।ਬ੍ਰਿਗੇਡੀਅਰ ਰਾਜ ਕੁਮਾਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਤਕਰੀਬਨ 60 ਸਾਲਾਂ ਤੋਂ ਬੰਜਰ ਇਲਾਕਿਆਂ ਵਿੱਚ ਰਹਿੰਦੇ ਲੋਕਾਂ ਦੀ ਅਹਿਮ ਮੰਗ ਨੂੰ ਪੂਰਾ ਕਰਨ ਵੱਲ ਵੱਧ ਰਹੀ ਹੈ, ਜੋ ਆਪਣੇ ਆਪ ਵਿੱਚ ਇੱਕ ਵੱਡੀ ਉਪਲਬਧੀ ਹੋਵੇਗੀ।ਪ੍ਰਿੰਸੀਪਲ ਸਕੱਤਰ ਕ੍ਰਿਸ਼ਨ ਕੁਮਾਰ ਨੇ ਭਰੋਸਾ ਦਿਵਾਇਆ ਕਿ ਉਹ ਆਪਣੇ ਵਿਭਾਗ ਵੱਲੋਂ ਬਣਦੀ ਕਾਰਵਾਈ ਕਰਨਗੇ ਅਤੇ ਮਾਈਨਿੰਗ ਵਿਭਾਗ ਦੇ ਪ੍ਰਿੰਸੀਪਲ ਸਕੱਤਰ ਨੂੰ ਵੀ ਬ੍ਰਿਗੇਡੀਅਰ ਵੱਲੋਂ ਦਿੱਤੀ ਗਈ ਅਰਜ਼ੀ ਭੇਜਣਗੇ।



# ਡਾ. ਰਾਜ ਨੇ ਫਗਵਾੜਾ 'ਚ ਦੋ ਸੜਕਾਂ ਦਾ ਰੱਖਿਆ ਨੀਂਹ ਪੱਥਰ

**ਫਗਵਾੜਾ (ਡਾ. ਰਮਨ)** ਆਮ ਆਦਮੀ ਪਾਰਟੀ ਦੇ ਲੋਕ ਸਭਾ ਵਿਚ ਉਪ ਆਗੂ ਤੇ ਹੁਸ਼ਿਆਰਪੁਰ ਲੋਕ ਸਭਾ ਹਲਕੇ ਤੋਂ ਸੰਸਦ ਡਾ. ਰਾਜ ਕੁਮਾਰ ਚੱਬੇਵਾਲ ਦੇ ਅਥਕ ਯਤਨਾਂ ਤੇ ਮਿਹਨਤ ਨਾਲ ਫਗਵਾੜਾ ਵਿਧਾਨ ਸਭਾ ਹਲਕੇ ਵਿਚ ਲੰਬੇ ਸਮੇਂ ਤੋਂ ਲੰਬਿਤ ਦੋ ਸੜਕਾਂ ਦਾ ਨਿਰਮਾਣ ਹੁਣ ਬਹੁਤ ਜਲਦੀ ਸ਼ੁਰੂ ਕੀਤਾ ਜਾ ਰਿਹਾ ਹੈ।ਸੰਸਦ ਡਾ. ਰਾਜ ਨੇ ਇਨ੍ਹਾਂ ਸੜਕਾਂ ਦੇ ਨਿਰਮਾਣ ਕੰਮ ਦੀ ਸ਼ੁਰੂਆਤ ਲਈ ਨੀਂਹ ਪੱਥਰ ਰੱਖਿਆ।ਇਸ ਮੌਕੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਲੁਬਾਣਾ, ਸਾਬਕਾ ਮੰਤਰੀ ਜੋਗਿੰਦਰ ਸਿੰਘ ਮਾਨ ਤੇ ਆਪ ਦੇ ਹਲਕਾ ਇੰਚਾਰਜ ਹਰਨੂਰ ਸਿੰਘ ਹਰਜੀ ਮਾਨ ਵੀ ਖਾਸ ਤੌਰ 'ਤੇ ਹਾਜ਼ਰ ਸਨ।ਸੰਸਦ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਇਨ੍ਹਾਂ ਦੋਵਾਂ ਗ੍ਰਾਮੀਣ ਸੜਕਾਂ ਦੇ ਨਿਰਮਾਣ ਕੰਮ ਤੇ 9.45 ਕਰੋੜ ਰੁਪਏ ਖਰਚ ਹੋਣਗੇ ਅਤੇ ਇਨ੍ਹਾਂ ਸੜਕਾਂ ਦਾ ਕੰਮ ਸ਼ੁਰੂ ਕਰਕੇ ਜਲਦ ਤੋਂ ਜਲਦ ਮੁਕੰਮਲ ਕਰ ਦਿੱਤਾ ਜਾਵੇਗਾ। ਸੰਸਦ ਡਾ. ਰਾਜ ਨੇ ਦੱਸਿਆ ਕਿ ਪਹਿਲੀ ਸੜਕ ਪਿੰਡ ਮੌਲੀ ਤੋਂ ਪੰਡਵਾ ਤੇ ਜਗਤਪੁਰ ਜੱਟਾ ਹੁੰਦੀ ਹੋਈ ਫਗਵਾੜਾ-ਨਕੋਦਰ ਰੋਡ ਨਾਲ ਮਿਲੇਗੀ।ਸੰਸਦ ਡਾ. ਰਾਜ ਨੇ ਦੱਸਿਆ ਕਿ ਦੂਜੀ ਗ੍ਰਾਮੀਣ ਸੜਕ ਪਿੰਡ ਪੰਡਵਾ ਤੋਂ ਘੁੜਕਾ ਹੁੰਦੀ ਹੋਈ ਜ਼ਿਲ੍ਹਾ ਜਲੰਧਰ ਵਿਚ ਪੈਂਦੇ ਰੁੜਕਾ ਕਲਾਂ ਤੱਕ ਬਣੇਗੀ।



# ਨਵੇਂ ਅਕਾਦਮਿਕ ਸੈਸ਼ਨ ਮੌਕੇ ਧਾਰਮਿਕ ਸਮਾਗਮ ਕਰਵਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਸਨਰਾਈਜ਼ ਕਾਨਵੈਂਟ ਇੰਟਰਨੈਸ਼ਨਲ ਸਕੂਲ, ਮੰਨਣਹਾਨਾ ਵਿਖੇ ਨਵੇਂ ਅਕਾਦਮਿਕ ਸੈਸ਼ਨ 2026-27 ਦੀ ਸ਼ੁਰੂਆਤ ਮੌਕੇ ਚੇਅਰਮੈਨ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਦੇ ਦਿਸ਼ਾ ਨਿਰਦੇਸ਼ ਤਹਿਤ ਪ੍ਰਿੰਸੀਪਲ ਕੁਲਜੀਤ ਕੌਰ ਸੰਧੂ ਦੀ ਅਗਵਾਈ ਵਿਚ ਧਾਰਮਿਕ ਸਮਾਗਮ ਸ਼ਰਧਾਪੂਰਵਕ ਕਰਵਾਇਆ ਗਿਆ।ਇਸ ਨਵੇ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਬ੍ਰਹਮ ਆਸ਼ੀਰਵਾਦ ਨਾਲ ਹੋਈ।ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਦੇ ਰੂਹਾਨੀ ਪਾਠ ਦਾ ਭੋਗ ਪਾਇਆ ਗਿਆ ਉਪਰੰਤ ਭਾਈ ਇਕਬਾਲ ਸਿੰਘ ਦੇ ਜਥੇ ਵੱਲੋਂ ਰਸਭਿੰਨਾ ਕੀਰਤਨ ਕੀਤਾ ਗਿਆ।ਇਸ ਮੌਕੇ ਸਕੂਲ ਚੇਅਰਮੈਨ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਅਤੇ ਪ੍ਰਿੰਸੀਪਲ ਕੁਲਜੀਤ ਕੌਰ ਸੰਧੂ ਨੇ ਬੱਚਿਆਂ ਦੇ ਵਧੀਆ ਭਵਿੱਖ ਲਈ ਸ਼ੁੱਭਕਾਮਨਾਵਾਂ ਕਰਦਿਆਂ ਅਰਦਾਸ ਕੀਤੀ ਤੇ ਬੱਚਿਆਂ ਨੂੰ ਅਨੁਸ਼ਾਸਨ ਵਿੱਚ ਰਹਿ ਕੇ ਪੜ੍ਹਾਈ ਲਈ ਪ੍ਰੇਰਿਤ ਕੀਤਾ। ਇਸ ਸਮੇਂ ਸਕੂਲ ਡਾਇਰੈਕਟਰ ਅਨਿਲ ਅਗਰਵਾਲ, ਸਮੂਹ ਸਕੂਲ ਸਟਾਫ ਮੈਂਬਰਜ਼ ਅਤੇ ਵਿਦਿਆਰਥੀ ਹਾਜ਼ਰ ਸਨ।



# ਕਾਰ ਡਿਵਾਈਡਰ 'ਤੇ ਜਾ ਚੜ੍ਹੀ

**ਬਲਾਚੌਰ (ਜਸਵਿੰਦਰ ਬੈਂਸ)**- ਸਬ ਡਿਵੀਜ਼ਨ ਬਲਾਚੌਰ ਦੇ ਪਿੰਡ ਤਾਜੋਵਾਲ ਕੋਲ ਰਾਹਗੀਰਾਂ ਤੋਂ ਜਾਣਕਾਰੀ ਮਿਲੀ ਕੀ ਇੱਕ ਐਕਸੀਡੈਂਟ ਹੋਇਆ। ਸੜਕ ਸੁਰੱਖਿਆ ਫੋਰਸ ਦੀ ਟੀਮ ਨੇ ਮੌਕੇ ਤੇ ਪਹੁੰਚ ਕੇ ਦੇਖਿਆਂ ਸਵਿਫਟ ਕਾਰ ਨੰਬਰ ਪੀ ਬੀ 07 ਏ ਪੀ 0432 ਜਿਸ ਨੂੰ ਅਬਦੁਲ ਰਹਿਮਾਨ ਪੁੱਤਰ ਕਾਲਾ ਵਾਸੀ ਚਲਾ ਰਿਹਾ ਸੀ ਇਹ ਰੋਪੜ ਤੋਂ ਬਲਾਚੌਰ ਸਾਈਡ ਆ ਰਿਹਾ ਸੀ। ਪਿੰਡ ਫਤਿਹਪੁਰ ਢਾਬੇ ਦੇ ਕੋਲ ਕਿਸੇ ਅਣਪਛਾਤੀ ਗੱਡੀ ਨੇ ਟੱਕਰ ਮਾਰੀ। ਕਾਰ ਡਿਵਾਈਡਰ ਤੇ ਜਾ ਕੇ ਪਲਟੀ ਜਿਸ ਵਿੱਚ ਅਬਦੁਲ ਰਹਿਮਾਨ ਨੂੰ ਸੱਟਾਂ ਲੱਗੀਆਂ। ਮੌਕੇ ਤੇ ਪਹੁੰਚੀ ਸੜਕ ਸੁਰੱਖਿਆ ਦੀ ਟੀਮ ਨੇ ਐਨ ਐਚ ਆਈ ਦੀ ਐਂਬੂਲੈਂਸ ਰਾਹੀਂ ਇਸ ਨੂੰ ਹਸਪਤਾਲ ਪਹੁੰਚਾਇਆ। ਰਿਕਵਰੀ ਵੈਨ ਨਾਲ ਕਾਰ ਨੂੰ ਆਸਰੋਂ ਚੌਕੀ ਪਹੁੰਚਾਇਆ ਗਿਆ। ਇਹ ਜਾਣਕਾਰੀ ਏ ਐੱਸ ਆਈ ਰਾਮ ਸ਼ਾਹ ਨੇ ਕੰਟਰੋਲ ਰੂਮ ਤੇ ਆਸਰੋਂ ਚੌਕੀ ਨੂੰ ਦਿੱਤੀ।



# ਮੋਹਾਲੀ ਤੋਂ ਵਿਧਾਇਕ ਕੁਲਵੰਤ ਸਿੰਘ ਨੇ ਕੀਤੀ 18ਵੀਂ ਬੱਸ ਰਵਾਨਾ

**ਮੋਹਾਲੀ (ਗੁਰਜੀਤ ਬਿੱਲਾ)**- ਮੋਹਾਲੀ ਦੇ ਵਿਧਾਇਕ ਕੁਲਵੰਤ ਸਿੰਘ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਵਿਧਾਨ ਸਭਾ ਹਲਕਾ ਮੋਹਾਲੀ ਤੋਂ 18ਵੀਂ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਬਲਾਕ ਪ੍ਰਧਾਨ ਕੁਲਵੰਤ ਕੌਰ ਕੋਮਲ ਦੀ ਅਗਵਾਈ ਹੇਠ ਇਸ ਬੱਸ ਨੂੰ ਰਵਾਨਾ ਕਰਨ ਦੇ ਦੌਰਾਨ ਵਿਧਾਇਕ ਕੁਲਵੰਤ ਸਿੰਘ ਹੋਰਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਜੋ ਵੀ ਵਾਅਦੇ ਅਤੇ ਜੋ ਗਰੰਟੀਆਂ ਸੂਬੇ ਦੇ ਲੋਕਾਂ ਨੂੰ ਦਿੱਤੀਆਂ ਗਈਆਂ ਸਨ, ਉਹਨਾਂ ਨੂੰ ਪੂਰਾ ਕਰ ਲਿਆ ਗਿਆ ਹੈ ਅਤੇ ਉਸ ਤੋਂ ਵੀ ਅਗਾਂਹ ਜਾਂਦੇ ਹੋਏ ਲੋਕਾਂ ਦੀਆਂ ਚਿਰਕੋਣੀਆਂ ਮੰਗਾਂ ਦਾ ਸਥਾਈ ਹੱਲ ਕੀਤਾ ਜਾ ਰਿਹਾ ਹੈ, ਉੱਥੇ ਪੰਜਾਬ ਵਿੱਚ ਵਿਕਾਸ ਦੀ ਰਫਤਾਰ ਹੋਰ ਤੇਜ਼ ਹੋ ਗਈ। ਇਸ ਮੌਕੇ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਪੰਜਾਬ ਭਰ ਦੇ ਵਿੱਚੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਸ਼ਰਧਾਲੂ ਵੱਡੀ ਗਿਣਤੀ ਵਿੱਚ ਰੋਜ਼ਾਨਾ ਸ੍ਰੀ ਦਰਬਾਰ ਸਾਹਿਬ, ਦੁਰਗਿਆਣਾ ਮੰਦਰ, ਰਾਮ ਤੀਰਥ ਵਾਲਮੀਕੀ ਮੰਦਰ, ਜਲ੍ਹਿਆਂਵਾਲਾ ਬਾਗ ਅਤੇ ਬਾਘਾ ਬਾਰਡਰ ਜਾ ਰਹੇ ਹਨ। ਸਰਕਾਰ ਵੱਲੋਂ ਸ਼ਰਧਾਲੂਆਂ ਦੇ ਆਉਣ ਜਾਣ ਅਤੇ ਰਹਿਣ ਦਾ ਮੁਕੰਮਲ ਪ੍ਰਬੰਧ ਕੀਤਾ ਗਿਆ ਹੈ। ਸ਼ਰਧਾਲੂਆਂ ਦੇ ਨਾਲ ਮੈਡੀਕਲ ਮਾਹਰ ਅਤੇ ਗਾਈਡ ਵੀ ਹਰ ਵੇਲੇ ਮੌਜੂਦ ਰਹਿੰਦੇ ਹਨ। ਇਸ ਮੌਕੇ ਮੌਜੂਦ ਹਲਕਾ ਕੁਆਰਡੀਨੇਟਰ ਅਤੇ ਸਟੇਟ ਐਵਾਰਡੀ ਫੂਲਰਾਜ ਸਿੰਘ ਕਿਹਾ ਕਿ ਸ਼ਰਧਾਲੂਆਂ ਵਿੱਚ ਇਸ ਯਾਤਰਾ ਨੂੰ ਲੈ ਕੇ ਕਾਫੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਸ ਮੌਕੇ ਤੇ ਫੂਲ ਰਾਜ ਸਿੰਘ ਹੋਰਾਂ ਤੋਂ ਇਲਾਵਾ ਸੁਰਿੰਦਰ ਸਿੰਘ ਰੋਡਾ ਸੁਹਾਣਾ, ਨੰਬਰਦਾਰ ਹਰਸੰਗਤ ਸਿੰਘ ਸੁਹਾਣਾ, ਜਗਦੀਸ਼ ਸਿੰਘ ਸੁਹਾਣਾ ਜਗਤਾਰ ਸਿੰਘ, ਜਸਵਿੰਦਰ ਸਿੰਘ ਪਿੰਕਾ, ਸੁਖਦੇਵ ਸਿੰਘ ਸੁਹਾਣਾ, ਮਨੋਹਰ ਸਿੰਘ ਸੁਹਾਣਾ, ਰਣਧੀਰ ਸਿੰਘ ਸੁਹਾਣਾ, ਸਤਨਾਮ ਸਿੰਘ ਸੁਹਾਣਾ, ਮਾਨ ਸਿੰਘ, ਅਮਰ ਸਿੰਘ, ਮਨੋਹਰ ਲਾਲ, ਹਰੀ ਕਿਸ਼ੋਰ, ਸੁਖਦੇਵ ਸਿੰਘ, ਪਰਮਿੰਦਰ ਸਿੰਘ, ਨਿਰਮਲ ਸਿੰਘ, ਕੁਲਵੰਤ ਸਿੰਘ ਵੀ ਹਾਜ਼ਰ ਸਨ।



# ਬਲਵਿੰਦਰ ਸਿੰਘ ਲਾਡਾ ਦਾ ਸਨਮਾਨ



**ਬੰਗਾ (ਅਵਤਾਰ ਕਲੇਰ)**- ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਵਾਤਾਵਰਣ ਪ੍ਰੇਮੀ ਬਾਬਾ ਬਲਵਿੰਦਰ ਸਿੰਘ ਲਾਡਾ ਦੇ ਪੁੱਜਣ 'ਤੇ ਨਿੱਘਾ ਸਵਾਗਤ ਕੀਤਾ ਗਿਆ। ਬਾਬਾ ਬਲਵਿੰਦਰ ਸਿੰਘ ਲਾਡਾ ਨੇ ਦਿਲ ਟੁੰਬਵੀਆਂ ਗੱਲਾਂ ਕਰਦੇ ਹੋਏ ਮਨੁੱਖੀ ਜੀਵਨ ਦੀ ਖੋਜ ਬਾਬਤ ਵਿਚਾਰਾਂ ਦੀ ਸਾਂਝ ਪਾਈ। ਉਨ੍ਹਾਂ ਨੇ ਨਾਮ ਸਿਮਰਨ ਕਰਦੇ ਹੋਏ ਗੁਰੂ ਨਾਨਕ ਦੇਵ ਜੀ ਦੁਆਰਾ ਦਿੱਤੇ ਗਏ ਜੀਵਨ ਦੇ ਰਾਹ ਦਸੇਰੇ ਉਪਦੇਸ਼ ਕਿਰਤ ਕਰੋ, ਨਾਮ ਜਪੋ, ਅਤੇ ਵੰਡ ਛਕੋ ਤੇ ਚਾਨਣਾ ਪਾਇਆ। ਕਿਉਂਕਿ ਇਹ ਸਿਧਾਂਤ ਮਨੁੱਖ ਨੂੰ ਆਦਰਸ਼ ਅਤੇ ਸੰਤੁਲਿਤ ਜੀਵਨ ਜੀਣ ਦਾ ਮਾਰਗ ਪ੍ਰਦਾਨ ਕਰਦਾ ਹੈ। ਬਾਬਾ ਬਲਵਿੰਦਰ ਸਿੰਘ ਲਾਡਾ ਨੇ ਢਾਹਾਂ ਕਲੇਰਾਂ ਵਿਖੇ ਚੱਲਦੀਆਂ ਲੋਕ ਸੇਵਕ ਮੈਡੀਕਲ ਅਤੇ ਵਿਦਿਅਕ ਸੇਵਾਵਾਂ ਦੀ ਵੀ ਭਾਰੀ ਸ਼ਲਾਘਾ ਕੀਤੀ। ਇਸ ਤੋਂ ਪਹਿਲਾਂ ਸੰਸਥਾ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਬਾਬਾ ਬਲਵਿੰਦਰ ਸਿੰਘ ਲਾਡਾ ਦਾ ਨਿੱਘਾ ਜੀ ਆਇਆ ਕਰਦੇ ਹੋਏ ਢਾਹਾਂ ਕਲੇਰਾਂ ਵਿਖੇ ਚੱਲ ਰਹੇ ਮੈਡੀਕਲ ਅਤੇ ਵਿੱਦਿਅਕ ਅਦਾਰਿਆਂ ਸਬੰਧੀ ਜਾਣਕਾਰੀ ਦਿੱਤੀ। ਢਾਹਾਂ ਨੇ ਸਮੂਹ ਟਰੱਸਟ ਮੈਂਬਰਾਂ ਵੱਲੋਂ ਬਾਬਾ ਬਲਵਿੰਦਰ ਸਿੰਘ ਲਾਡੀ ਦਾ ਸਨਮਾਨ ਵੀ ਕੀਤਾ। ਇਸ ਮੌਕੇ ਜਗਜੀਤ ਸਿੰਘ ਸੋਢੀ, ਦਵਿੰਦਰ ਸਿੰਘ ਢਿੱਲੋਂ, ਭਾਈ ਜੋਗਾ ਸਿੰਘ ਤੇ ਜਸਬੀਰ ਸਿੰਘ ਨੂਰਪੁਰ ਪੱਤਰਕਾਰ ਵੀ ਹਾਜ਼ਰ ਸਨ।

# ਗੁਰਮਤਿ ਸਮਾਗਮ 8 ਨੂੰ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਡੇਰਾ ਕਾਰ ਸੇਵਾ ਮੋਰਿੰਡਾ ਵਲੋਂ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਜੀ, ਸ੍ਰੀ ਗੁਰੂ ਅਰਜਨ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਅਤੇ ਸਾਹਿਬਜ਼ਾਦਾ ਬਾਬਾ ਜੁਝਾਰ ਸਿੰਘ ਜੀ ਦੇ ਜਨਮ ਦਿਹਾੜੇ ਸਬੰਧੀ ਗੁਰਮਤਿ ਸਮਾਗਮ 8 ਅਪ੍ਰੈਲ ਨੂੰ ਇਤਿਹਾਸਕ ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ ਵਿਖੇ ਕਰਵਾਇਆ ਜਾ ਰਿਹਾ ਹੈ। ਇਹ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਮੈਨੇਜਰ ਦਵਿੰਦਰ ਸਿੰਘ ਨੇ ਦੱਸਿਆ ਕਿ ਇਹ ਗੁਰਮਤਿ ਸਮਾਗਮ 8 ਅਪ੍ਰੈਲ ਨੂੰ ਸਾਮ 6 ਵਜੇ ਤੋਂ ਲੈਕੇ ਰਾਤ 9 ਵਜੇ ਤੱਕ ਚਲੇਗਾ। ਇਸ ਸਮਾਗਮ ਦੌਰਾਨ ਭਾਈ ਸੇਵਕ ਸਿੰਘ ਕੰਵਲ, ਗਿਆਨੀ ਹਰਵਿੰਦਰ ਸਿੰਘ ਮਨੈਲੀ ਅਤੇ ਭਾਈ ਦਮਨਪ੍ਰੀਤ ਸਿੰਘ ਪਟਿਆਲਾ ਵਾਲੇ ਆਦਿ ਅਪਣੇ ਜਥਿਆਂ ਸਮੇਤ ਕਥਾ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ। ਮੈਨੇਜਰ ਦਵਿੰਦਰ ਸਿੰਘ ਨੇ ਸਮੂਹ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਗੁਰਮਤਿ ਸਮਾਗਮ ਵਿੱਚ ਸਹੀ ਸਮੇਂ ਪਹੁੰਚ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ।



# ਬ੍ਰਿਟਿਸ਼ ਲੌਰੀਏਟ ਸਕੂਲ ਵੱਲੋਂ ਅਤਿ-ਆਧੁਨਿਕ ਸ਼ੂਟਿੰਗ ਰੇਂਜ ਦੀ ਸ਼ੁਰੂਆਤ

**ਮੋਰਿੰਡਾ (ਗੁਰਜੀਤ ਬਿੱਲਾ)**- ਬ੍ਰਿਟਿਸ਼ ਲੌਰੀਏਟ ਸਕੂਲ ਨੇ ਆਪਣੇ ਖੇਡ ਢਾਂਚੇ ਨੂੰ ਹੋਰ ਮਜ਼ਬੂਤ ਬਣਾਉਂਦੇ ਹੋਏ ਕੈਂਪਸ ਵਿੱਚ ਅਤਿ-ਆਧੁਨਿਕ ਸ਼ੂਟਿੰਗ ਰੇਂਜ ਸਥਾਪਿਤ ਕੀਤੀ ਹੈ। ਇਸ ਨਵੀਂ ਸਹੂਲਤ ਨਾਲ ਵਿਦਿਆਰਥੀਆਂ ਨੂੰ ਨਿਪੁੰਨਤਾ-ਆਧਾਰਤ ਖੇਡਾਂ ਵਿੱਚ ਹੱਥ ਅਜ਼ਮਾਉਣ ਅਤੇ ਆਪਣੇ ਹੁਨਰਾਂ ਨੂੰ ਨਿਖਾਰਨ ਦਾ ਵਧੀਆ ਮੌਕਾ ਮਿਲੇਗਾ।ਸ਼ੂਟਿੰਗ ਖੇਡ ਨੂੰ ਧਿਆਨ, ਅਨੁਸ਼ਾਸਨ ਅਤੇ ਮਾਨਸਿਕ ਦ੍ਰਿੜਤਾ ਨੂੰ ਵਿਕਸਿਤ ਕਰਨ ਲਈ ਜਾਣਿਆ ਜਾਂਦਾ ਹੈ। ਸਕੂਲ ਵੱਲੋਂ ਕੀਤੀ ਗਈ ਇਹ ਪਹਿਲ ਵਿਦਿਆਰਥੀਆਂ ਨੂੰ ਮੁਕਾਬਲੇ ਵਾਲੀ ਸ਼ੂਟਿੰਗ ਵਿੱਚ ਆਪਣੀ ਪਹਿਚਾਣ ਬਣਾਉਣ ਲਈ ਪ੍ਰੇਰਿਤ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਅੱਗੇ ਵਧਣ ਲਈ ਤਿਆਰ ਕਰੇਗੀ।ਇਹ ਸਹੂਲਤ ਮਾਹਰ ਕੋਚ ਅਰਸ਼ਦੀਪ ਬੰਗਾ ਦੀ ਦੇਖ-ਰੇਖ ਹੇਠ ਚਲਾਈ ਜਾਵੇਗੀ, ਜੋ ਕਿ ਫਿਨਲੈਂਡ ਵਿੱਚ ਸਿਖਲਾਈ ਪ੍ਰਾਪਤ ਆਈਐਸਐਸਐਫ-ਪ੍ਰਮਾਣਿਤ ਕੋਚ ਹਨ ਅਤੇ ਤਿੰਨ ਸਾਲਾਂ ਤੱਕ ਭਾਰਤੀ ਸ਼ੂਟਿੰਗ ਟੀਮ ਦੇ ਕੋਰ ਮੈਂਬਰ ਰਹੇ ਹਨ। ਉਨ੍ਹਾਂ ਦੀ ਰਹਿਨੁਮਾਈ ਹੇਠ ਵਿਦਿਆਰਥੀਆਂ ਨੂੰ ਉੱਚ ਪੱਧਰੀ ਤਕਨੀਕੀ ਸਿਖਲਾਈ ਪ੍ਰਦਾਨ ਕੀਤੀ ਜਾਵੇਗੀ।ਗਰੁੱਪ ਦੇ ਚੇਅਰਮੈਨ ਗੁਰਵਿੰਦਰ ਸਿੰਘ ਬਾਹਰਾ ਨੇ ਕੈਂਪਸ ਦਾ ਦੌਰਾ ਕਰਕੇ ਨਵੀਂ ਸਹੂਲਤ ਦਾ ਜਾਇਜ਼ਾ ਲਿਆ। ਇਸ ਮੌਕੇ ਸਕੂਲ ਦੇ ਡਾਇਰੈਕਟਰ-ਪ੍ਰਿੰਸੀਪਲ ਡਾ. (ਕਰਨਲ) ਅਤੁਲ ਭੰਡਾਰੀ ਨੇ ਕਿਹਾ ਕਿ ਇਹ ਸ਼ੂਟਿੰਗ ਰੇਂਜ ਵਿਦਿਆਰਥੀਆਂ ਵਿੱਚ ਆਤਮਵਿਸ਼ਵਾਸ, ਧਿਆਨ ਅਤੇ ਅਨੁਸ਼ਾਸਨ ਨੂੰ ਮਜ਼ਬੂਤ ਕਰੇਗੀ।



# ਸੇਵਾ-ਮੁਕਤੀ 'ਤੇ ਅਧਿਆਪਕਾ ਸੀਤਾ ਦੇਵੀ ਰਾਜਪੂਤ ਸਨਮਾਨਤ

**ਫਗਵਾੜਾ (ਜਸਵਿੰਦਰ ਢੱਡਾ)**- ਸ੍ਰੀ ਮਹਾਂਵੀਰ ਜੈਨ ਮਾਡਲ ਸੀਨੀਅਰ ਸੈਕੰਡਰੀ ਸਕੂਲ ਹੁਸ਼ਿਆਰਪੁਰ ਰੋਡ ਫਗਵਾੜਾ ਵਿਖੇ 24 ਸਾਲਾਂ ਦੀਆਂ ਸਮਰਪਿਤ ਸੇਵਾਵਾਂ ਤੋਂ ਬਾਅਦ ਸੀਤਾ ਦੇਵੀ ਰਾਜਪੂਤ ਸੇਵਾ ਮੁਕਤ ਹੋ ਗਏ। ਸੇਵਾ ਮੁਕਤੀ ਮੌਕੇ ਪ੍ਰਿੰਸੀਪਲ ਜਗਪਾਲ ਸਿੰਘ ਦੀ ਅਗਵਾਈ ਵਿੱਚ ਸਕੂਲ ਸਟਾਫ ਵਲੋਂ ਵਿਦਾਇਗੀ ਸਮਾਰੋਹ ਆਯੋਜਿਤ ਕੀਤਾ ਗਿਆ ਜਿਸ ਵਿੱਚ ਮੈਡਮ ਸੀਤਾ ਦੇਵੀ ਵਲੋਂ ਨਿਭਾਈਆਂ ਸੇਵਾਵਾਂ ਦੀ ਪ੍ਰਸ਼ੰਸਾ ਕੀਤੀ ਗਈ। ਮੰਚ ਸੰਚਾਲਨ ਕਰਦਿਆਂ ਮੈਡਮ ਨੀਲਮ ਸ਼ਰਮਾ ਅਤੇ ਅਸ਼ੋਕ ਕੁਮਾਰ ਨੇ ਦੱਸਿਆ ਕਿ ਮੈਡਮ ਸੀਤਾ ਨੇ ਜਿੱਥੇ ਬੱਚਿਆਂ ਨੂੰ ਪਿਆਰ ਨਾਲ ਪੜ੍ਹਾਇਆ ਉੱਥੇ ਸਹਿਯੋਗੀ ਅਧਿਆਪਕਾਂ ਨਾਲ ਵੀ ਨੇੜਲਾ ਰਿਸ਼ਤਾ ਨਿਭਾਇਆ। ਆਪਣੇ ਸੰਬੋਧਨ ਵਿੱਚ ਪ੍ਰਿੰਸੀਪਲ ਜਗਪਾਲ ਸਿੰਘ ਨੇ ਦੱਸਿਆ ਕਿ ਮੈਡਮ ਸੀਤਾ ਵਲੋਂ ਪੜ੍ਹਾਉਣ ਦੇ ਇਲਾਵਾ ਸਹਿ ਅਕਾਦਮਿਕ ਪ੍ਰਤੀਯੋਗਤਾ ਵਿੱਚ ਹਿੱਸਾ ਲੈਣ ਲਈ ਬੱਚਿਆਂ ਨੂੰ ਕਿਸੇ ਬਾਹਰਲੇ ਸ਼ਹਿਰ ਵਿੱਚ ਵੀ ਲਿਜਾਣਾ ਪਿਆ ਤਾਂ ਵੀ ਖੁਸ਼ੀ ਨਾਲ ਡਿਊਟੀ ਨਿਭਾਈ। ਸਹਿਯੋਗੀ ਅਧਿਆਪਕਾਂ ਮੁਨੀਸ਼ ਮਲਹੋਤਰਾ, ਰਾਜਵਿੰਦਰ ਕੌਰ ਅਤੇ ਪ੍ਰਦੀਪ ਸਿੰਘ ਵਲੋਂ ਸੀਤਾ ਦੇਵੀ ਰਾਜਪੂਤ ਵਰਗੇ ਅਧਿਆਪਕਾਂ ਨੂੰ ਵਧੀਆ ਸਮਾਜ ਦੇ ਨਿਰਮਾਣ ਦੀ ਲੋੜ ਦੱਸਦਿਆਂ ਪ੍ਰੇਰਨਾਦਾਇਕ ਸੇਵਾ ਕਾਲ ਨੂੰ ਸਿੱਖਿਆ ਵਿਭਾਗ ਲਈ ਚਾਨਣ ਮੁਨਾਰਾ ਦੱਸਿਆ। ਸੀਤਾ ਦੇਵੀ ਰਾਜਪੂਤ ਦੇ ਪਤੀ ਲੈਕ. ਹਰਜਿੰਦਰ ਗੋਗਨਾ ਫਗਵਾੜਾ ਦੀਆਂ ਵੱਖ ਵੱਖ ਸਮਾਜ ਸੇਵੀ ਸੰਸਥਾਵਾਂ ਹਿੰਦੁਸਤਾਨ ਵੈਲਫੇਅਰ ਬਲੱਡ ਡੋਨਰਜ਼ ਕਲੱਬ, ਭਾਰਤ ਵਿਕਾਸ ਪਰਿਸ਼ਦ ਅਤੇ ਅਧਿਆਪਕ ਜਥੇਬੰਦੀਆਂ ਦੇ ਪ੍ਰਮੁੱਖ ਅਹੁਦੇਦਾਰ ਹਨ ਅਤੇ ਮੈਡਮ ਸੀਤਾ ਵੀ ਉਹਨਾਂ ਦੇ ਨਾਲ ਸਮਾਜ ਸੇਵਾ ਵਿੱਚ ਆਪਣਾ ਯੋਗਦਾਨ ਪਾਉਂਦੇ ਰਹਿੰਦੇ ਹਨ। ਸੰਸਥਾ ਵਲੋਂ ਉਹਨਾਂ ਨੂੰ ਮੋਮੈਂਟੋ ਅਤੇ ਦੁਸ਼ਾਲਾ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਪ੍ਰਦੀਪ ਸਿੰਘ, ਸੰਦੀਪ ਸਿੰਘ, ਨਿਰਮਲ ਸ਼ਰਮਾ, ਸਿੰਮੀ ਵਸ਼ਿਸ਼ਟ, ਬਿਮਲਾ ਵਰਮਾ, ਡਾ. ਸਰਬਤੇਜ ਸਿੰਘ, ਅੰਜਨਾ ਅਰੋੜਾ, ਯਾਚਨਾ, ਬਲਵਿੰਦਰ ਕੌਰ, ਭਾਵਨਾ, ਵਿਨੋਦ ਠਾਕੁਰ, ਮੋਨਿਕਾ, ਨਤੀਸ਼ਾ ਹਾਜ਼ਰ ਸਨ।



# ਸ੍ਰੀ ਗੁਰੂ ਰਵਿਦਾਸ ਦਾ ਪ੍ਰਕਾਸ਼ ਪੁਰਬ ਹਰਿਦੁਆਰ ਵਿਖੇ ਸ਼ਰਧਾਪੂਰਵਕ ਮਨਾਇਆ

**ਹੁਸ਼ਿਆਰਪੁਰ/ਹਰਿਦੁਆਰ (ਓ ਪੀ ਰਾਣਾ)**- ਸ੍ਰੀ ਗੁਰੂ ਰਵਿਦਾਸ ਦੇ 649ਵੇਂ ਪ੍ਰਕਾਸ਼ ਪੁਰਬ ਗੁਰੂ ਰਵਿਦਾਸ ਸਾਧੂ ਸੰਪਰਦਾਇਕ ਸੁਸਾਇਟੀ (ਰਜਿ.) ਪੰਜਾਬ ਦੇ ਚੇਅਰਮੈਨ ਸੰਤ ਸਰਵਣ ਦਾਸ ਬੋਹਣ, ਪ੍ਰਧਾਨ ਸੰਤ ਨਿਰਮਲ ਦਾਸ ਬਾਬੇ ਜੌੜੇ, ਜਨਰਲ ਸਕੱਤਰ ਸੰਤ ਇੰਦਰ ਦਾਸ ਸੇਖੈ, ਸੰਤ ਪਰਮਜੀਤ ਦਾਸ ਨਗਰ ਕੈਸ਼ੀਅਰ, ਸੰਤ ਸਰਵਣ ਦਾਸ ਲੁਧਿਆਣਾ ਸੀਨੀ.ਮੀਤ ਪ੍ਰਧਾਨ ਦੀ ਅਗਵਾਈ ਹੇਠ ਨਿਰਮਲਾ ਛਾਉਣੀ ਆਸ਼ਰਮ ਹਰਿਦੁਆਰ ਵਿਖੇ ਸ਼ਰਧਾ ਪੂਰਵਕ ਮਨਾਏ ਗਏ।ਡੇਰਾ ਸੰਤ ਪ੍ਰੀਤਮ ਦਾਸ ਬਾਬੇ ਜੌੜੇ ਰਸੂਲਪੁਰ, ਡੇਰਾ ਸੰਤ ਨਰਾਇਣ ਦਾਸ ਕਲਰਾਂ ਸ਼ੇਰਪੁਰ ਤੇ ਸਮੂਹ ਸੰਗਤਾਂ ਵਲੋਂ ਰਖਾਏ 2 ਸ੍ਰੀ ਅਖੰਡ ਪਾਠਾਂ ਦੇ ਭੋਗ ਤੋਂ ਉਪਰੰਤ ਕੀਰਤਨ ਦੇ ਦੀਵਾਨ ਸਜਾਏ ਗਏ ਜਿਸ ਵਿੱਚ ਰਾਗੀ, ਢਾਡੀ ਸੰਤਾਂ ਮਹਾਂਪੁਰਸ਼ਾਂ ਨੇ ਕਥਾ,ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਸੁਸਾਇਟੀ ਵਲੋਂ ਧਾਰਮਿਕ, ਸਮਾਜਿਕ ਤੇ ਰਾਜਨੀਤਕ ਸਖਸ਼ੀਅਤਾਂ ਨੂੰ ਵਿਸ਼ੇਸ਼ ਸਨਮਾਨਤ ਕੀਤਾ ਤੇ ਧੰਨਵਾਦ ਕੀਤਾ। ਸੁਸਾਇਟੀ ਵਲੋਂ 650ਵੇਂ ਪ੍ਰਕਾਸ਼ ਪੁਰਬ ਸ਼ਤਾਬਦੀ ਮਨਾਉਣ ਲਈ ਸੰਗਤਾਂ ਨੂੰ ਤਿਆਰੀਆਂ ਦੇ ਸੁਨੇਹੇ ਨਾਲ ਇਤਿਹਾਸਕ ਬੇਗਮਪੁਰਾ ਦਮੜੀ ਸ਼ੋਭਾ ਯਾਤਰਾ ਦੇ ਸਮਾਗਮ ਸੰਪੂਰਨ ਹੋਏ। ਇਸ ਮੌਕੇ ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡਿਆ ਆਦਿ ਧਰਮ ਮਿਸ਼ਨ, ਸੰਤ ਸਤਨਾਮ ਦਾਸ ਮਹਿਦੂਦ, ਮਹੰਤ ਪ੍ਰਸ਼ੋਤਮ ਲਾਲ ਚੱਕ ਹਕੀਮ, ਸੰਤ ਵਿਨੈ ਮੁਨੀ ਜੰਮੂ, ਸੰਤ ਬਲਵੰਤ ਸਿੰਘ ਡੀਗਰੀਆਂ, ਸੰਤ ਕਿਰਪਾਲ ਦਾਸ ਭਾਰਟਾ, ਸੰਤ ਰਾਮ ਸੇਵਕ ਹਰੀਪੁਰ ਖਾਲਸਾ, ਸੰਤ ਰਮੇਸ਼ ਦਾਸ ਸ਼ੇਰਪੁਰ ਕਲਰਾਂ, ਸੰਤ ਧਰਮਪਾਲ ਸ਼ੇਰਗੜ, ਸੰਤ ਪ੍ਰਮੇਸ਼ਵਰੀ ਦਾਸ ਸੇਖੈ, ਸੰਤ ਜਸਵੰਤ ਦਾਸ ਰਾਵਲਪਿੰਡੀ, ਸੰਤ ਮਨਜੀਤ ਦਾਸ ਚਲੇਟ (ਹਿਮਾਚਲ), ਸੰਤ ਬੀਬੀ ਕੁਲਦੀਪ ਕੌਰ ਮੇਹਨਾ, ਸੰਤ ਕੁਲਦੀਪ ਦਾਸ ਬਸੀ ਮਰੂਫ, ਸੰਤ ਮਨਜੀਤ ਦਾਸ ਵਿਛੋਹੀ, ਸੰਤ ਰਜੇਸ਼ ਦਾਸ ਬਜਵਾੜਾ, ਸੰਤ ਜਗੀਰ ਸਿੰਘ ਨੰਦਾਚੌਰ, ਸੰਤ ਸੰਤੋਖ ਦਾਸ ਭਾਰਟਾ, ਭੈਣ ਸੰਤੋਸ਼ ਕੁਮਾਰੀ, ਬਾਬਾ ਬਲਕਾਰ ਸਿੰਘ ਵਡਾਲਾ, ਸੰਤ ਜਗਿੰਦਰ ਦਾਸ ਵਡਾਲਾ ਮਾਹੀ, ਸੰਤ ਅਮਰਜੀਤ ਦਾਸ ਬੇਗੋਵਾਲ, ਸੰਤ ਪਵਨ ਦਾਸ ਮਰਨਾਈਆਂ, ਸੰਤ ਬੀਬੀ ਕਮਲੇਸ਼ ਕੌਰ ਨਾਹਲਾਂ, ਸੰਤ ਗੁਰਮੀਤ ਦਾਸ,ਪ੍ਰੀਤਮ ਬੇਗਮਪੁਰੀਆ, ਸਤਪਾਲ ਪਾਲੀ ਹਰਿਆਣਾ ਆਦਿ ਨੇ ਕਥਾ, ਕੀਰਤਨ ਰਾਹੀਂ ਹਾਜਰੀ ਲਗਵਾਈ। ਇਸ ਮੌਕੇ ਦੇਸ਼ ਰਾਜ ਕਰਨਵਾਲ ਮੰਤਰੀ ਉਤਰਾਖੰਡ ਸਰਕਾਰ, ਰਾਜਵੀਰ ਕਟਾਰੀਆ, ਐਡਵੋਕੇਟ ਸੁਸ਼ੀਲ ਕੁਮਾਰ, ਮਨਜੀਤ ਨੌਟੀਆਲ, ਸੋਨੂੰ ਲਾਠੀ ਭੀਮ ਆਰਮੀ, ਰਾਹੁਲ ਭਾਰਤੀ ਅਜਾਦ ਸਮਾਜ ਪਾਰਟੀ, ਸੰਤ ਸੂਰਜ ਦਾਸ, ਪ੍ਰੀਤ ਬੇਗਮਪੁਰੀਆ, ਗੁਰਪਾਲ ਪਾਲੀ,ਸੰਤ ਰਾਜ ਕੁਮਾਰ ਚਮਾਰੀ ਖੇੜੀ, ਮੇਹਰ ਚੰਦ,ਪਾਟਿਲ ਆਦਿ ਨੇ ਹਾਜ਼ਰੀ ਭਰੀ।



# ...ਅਸੀਂ ਲੜਾਂਗੇ ਸਾਥੀ ਉਦਾਸ ਮੌਸਮ ਲਈ

**ਸ਼ਾਹਕੋਟ (ਗਿਆਨ ਸੈਦਪੁਰੀ)**- ਦੇਸ਼ ਦੇ ਬਟਵਾਰੇ ਤੋਂ ਪਹਿਲਾਂ ਕਿਸਾਨੀ ਸੰਘਰਸ਼ਾਂ ਦਾ ਸਿਰਨਾਵਾਂ ਰਹੇ ਤੇ ਉੱਘੇ ਕਮਿਊਨਿਸਟ ਆਗੂ ਕਾਮਰੇਡ ਅਜੀਤ ਸਿੰਘ ਮਾਣਕ ਪੁਰੀ ਦੀ 59ਵੀਂ ਬਰਸੀ ਮੌਕੇ ਜਿੱਥੇ ਨਾਟਕਾਂ ਦੀਆਂ ਪੇਸ਼ਕਾਰੀਆਂ ਨਾਲ ਸੰਵੇਦਨਸ਼ੀਲ ਸਰੋਤਿਆਂ ਦੀਆਂ ਪਲਕਾਂ 'ਚ ਅੱਥਰੂ ਤੈਰਦੇ ਰਹੇ, ਨਾਟਕਾਂ ਅੰਦਰਲੇ ਸੰਵਾਦ ਕਈਆਂ ਨੂੰ ਆਪਣੀ ਹੀ ਕਹਾਣੀ ਬਿਆਨਦੇ ਲੱਗੇ, ਆਕਾਸ਼ ਵੱਲ ਮੁੱਕੇ ਵੀ ਉੱਠਦੇ ਰਹੇ, ਉੱਥੇ ਕਮਿਊਨਿਸਟ ਆਗੂਆਂ ਦੀਆਂ ਤਕਰੀਰਾਂ ਚੇਤਨਾ ਦਾ ਛੱਟਾ ਦਿੰਦੀਆਂ ਰਹੀਆਂ, ਵੱਖ ਵੱਖ ਵੰਨਗੀ ਦੀਆਂ ਸਰਕਾਰਾਂ ਦੀਆਂ ਲੋਕ ਵਿਰੋਧੀ ਨੀਤੀਆਂ ਤੇ ਖੋਟੀਆਂ ਨੀਤਾਂ ਦਾ ਪਰਦਾ ਫਾਸ਼ ਕਰਦੀਆਂ ਰਹੀਆਂ ਤੇ ਹੱਕਾਂ ਲਈ ਸੰਘਰਸ਼ਾਂ ਦੇ ਪਾਂਧੀ ਬਣਨ ਲਈ ਪ੍ਰੇਰਨਾ ਵੀ ਦਿੰਦੀਆਂ ਰਹੀਆਂ।

ਸੀ ਪੀ ਆਈ (ਐਮ) ਦੀ ਸ਼ਾਹਕੋਟ ਤਹਿਸੀਲ ਕਮੇਟੀ ਦੀ ਅਗਵਾਈ ਵਿੱਚ ਪਿੰਡ ਮਾਣਕਪੁਰ ਵਿੱਚ ਆਯੋਜਿਤ ਬਰਸੀ ਸਮਾਗਮ ਵਿੱਚ ਸੀ ਪੀ ਆਈ ਦੇ ਕੁਝ ਆਗੂਆਂ ਦੀ ਸਰਗਰਮ ਸ਼ਮੂਲੀਅਤ ਦੋਹਾਂ ਪਾਰਟੀਆਂ ਦੀ ਇੱਕਜੁੱਟਤਾ ਦੀਆਂ ਸੰਭਾਵਨਾਵਾਂ ਨੂੰ ਹੋਰ ਪਕੇਰਾ ਕਰਦੀ ਨਜ਼ਰ ਆਈ।

ਬਰਸੀ ਸਮਾਗਮ ਦੀ ਸਟੇਜੀ ਕਾਰਵਾਈ ਤੋਂ ਪਹਿਲਾਂ ਕਾਮਰੇਡ ਅਜੀਤ ਸਿੰਘ ਮਾਣਕਪੁਰੀ ਦੀ ਯਾਦ 'ਚ ਸਥਾਪਿਤ ਕੀਤੀ ਲਾਲ ਲਾਟ 'ਤੇ ਲਾਲ ਝੰਡਾ ਲਹਿਰਾਇਆ ਗਿਆ। ਇਹ ਰਸਮ ਸੀ ਪੀ ਆਈ (ਐਮ) ਨਾਲ ਸੰਬੰਧਿਤ ਕਿਸਾਨ ਸਭਾ ਦੇ ਸੂਬਾ ਸਕੱਤਰ ਬਲਜੀਤ ਸਿੰਘ ਗਰੇਵਾਲ, ਸੀਨੀਅਰ ਕਮਿਊਨਿਸਟ ਆਗੂ ਬਚਿੱਤਰ ਸਿੰਘ ਤੱਗੜ, ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਕਮੇਟੀ ਮੈਂਬਰ ਵਰਿੰਦਰਪਾਲ ਸਿੰਘ ਕਾਲਾ, ਸੀਪੀਆਈ ਨਾਲ ਸੰਬੰਧਿਤ ਕੁੱਲ ਹਿੰਦ ਕਿਸਾਨ ਸਭਾ ਦੀ ਪੰਜਾਬ ਇਕਾਈ ਦੇ ਸੀਨੀਅਰ ਮੀਤ ਪ੍ਰਧਾਨ ਸੂਰਤ ਸਿੰਘ ਧਰਮਕੋਟ, ਕਾਮਰੇਡ ਕੇਵਲ ਸਿੰਘ ਦਾਨੇਵਾਲ, ਕਾਮਰੇਡ ਗੁਰਸੇਵਕ ਸੇਠ, ਕਾਮਰੇਡ ਜਸਕਰਨ ਸਿੰਘ ਕੰਗ ਤੇ ਗਿਆਨ ਸਿੰਘ (ਪੋਤਰਾ ਅਜੀਤ ਸਿੰਘ ਮਾਣਕਪੁਰੀ) ਆਦਿ ਨੇ ਨਿਭਾਈ। ਸਮਾਗਮ ਦੀ ਸ਼ੁਰੂਆਤ ਸ਼ਹੀਦ ਊਧਮ ਸਿੰਘ ਦੀ ਵਾਰ ਨਾਲ ਹੋਈ। ਲੋਕ ਕਲਾ ਮੰਚ ਮੰਡੀ ਮੁੱਲਾਂਪੁਰ ਦੀ ਟੀਮ ਨੇ ਹਰਕੇਸ਼ ਚੌਧਰੀ ਦੀ ਨਿਰਦੇਸ਼ਨਾ ਹੇਠ ਕੋਰੀਓਗ੍ਰਾਫੀ ਘੋੜੀ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀ ਪੇਸ਼ਕਾਰੀ ਨੇ ਸਮਾਗਮ ਨੂੰ ਅੱਗੇ ਤੋਰਿਆ। ਇਸ ਖੂਬਸੂਰਤ ਪੇਸ਼ਕਾਰੀ ਦੌਰਾਨ ਬਹੁਤ ਸਾਰੇ ਦਰਸ਼ਕਾਂ ਦੀਆਂ ਅੱਖਾਂ ਨਮ ਹੋਈਆਂ। ਇਸ ਦੌਰਾਨ ਕਾਮਰੇਡ ਵਰਿੰਦਰ ਪਾਲ ਸਿੰਘ ਕਾਲਾ ਨੇ ਕਾਮਰੇਡ ਅਜੀਤ ਸਿੰਘ ਮਾਣਕਪੁਰੀ ਦੇ ਜੀਵਨ 'ਤੇ ਪੰਛੀ ਝਾਤ ਪਵਾਈ। ਉਨ੍ਹਾਂ ਨੇ ਭਗਤ ਸਿੰਘ ਦੇ ਕਿਤਾਬ ਪੜ੍ਹਦਿਆਂ ਮੋੜੇ ਗਏ ਵਰਕੇ ਨੂੰ ਅੱਗੇ ਪੜਨ ਦੀ ਜ਼ਰੂਰਤ ਦੱਸਦਿਆਂ ਨੌਜਵਾਨਾਂ ਨੂੰ ਸੰਘਰਸ਼ ਵਿੱਚ ਕੁੱਦਣ ਦੀ ਪ੍ਰੇਰਨਾ ਦਿੱਤੀ। ਕਾਮਰੇਡ ਸੂਰਤ ਸਿੰਘ ਧਰਮਕੋਟ ਨੇ ਸਾਡੇ ਇਨਕਲਾਬੀ ਕਵੀ ਸੰਤ ਰਾਮ ਉਦਾਸੀ ਦੇ ਗੀਤ 'ਸਾਡੇ ਪਿੜਾਂ ਵਿੱਚ ਤੇਰੇ ਗਲ ਚੀਥੜੇ ਨੀ ਮੇਰੀਏ ਜਵਾਨ ਕਣਕੇ, ਕੱਲ੍ਹ ਸ਼ਾਹਾਂ ਦੇ ਗੁਦਾਮਾਂ ਵਿੱਚੋਂ ਨਿਕਲੀ ਤੂੰ ਸੋਨੇ ਦਾ ਪਟੋਲਾ ਬਣ ਕੇ' ਦੇ ਹਵਾਲੇ ਨਾਲ ਕਿਸਾਨ-ਮਜ਼ਦੂਰ ਦੀ ਮਾੜੀ ਆਰਥਿਕਤਾ, ਕਾਰਪੋਰੇਟ ਘਰਾਣਿਆਂ ਦੀ ਲੁੱਟ ਅਤੇ ਸਰਕਾਰਾਂ ਦੇ ਅਵੇਸਲੇਪਣ ਦਾ ਤਰਕਸੰਗਤ ਵਰਨਣ ਕੀਤਾ।





ਬਰਸੀ ਸਮਾਗਮ ਦੇ ਮੁੱਖ ਬੁਲਾਰੇ ਕਾਮਰੇਡ ਬਲਜੀਤ ਸਿੰਘ ਗਰੇਵਾਲ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾਈ ਸਕੱਤਰ ਨੇ ਇਲਾਕੇ ਦੇ ਲੋਕਾਂ ਦੀ ਇਸ ਗੱਲ ਤੋਂ ਸ਼ਲਾਘਾ ਕੀਤੀ ਕਿ ਕਾਮਰੇਡ ਅਜੀਤ ਸਿੰਘ ਮਾਣਕਪੁਰੀ ਨੇ ਲੋਕ ਮੁਕਤੀ ਦਾ ਜਿਹੜਾ ਰਸਤਾ ਵਿਖਾਇਆ ਸੀ, ਉਸਨੂੰ ਛੱਡਿਆ ਨਹੀਂ। ਉਹਨਾਂ ਕਿਹਾ ਕਿ ਸਾਡੇ ਰਾਹ ਦਸੇਰੇ ਜਿਸ ਆਜ਼ਾਦੀ ਲਈ ਲਹੂ ਵਿਣਵੀ ਲੜਾਈ ਲੜੇ ਸਨ, ਉਹ ਅੱਜ ਵੀ ਅਧੂਰੀ ਹੈ। ਸਾਡੇ ਮੁਲਕ ਦੀਆਂ ਸਰਕਾਰਾਂ ਦੀ ਦੌਰ ਅੰਦਰ ਚੱਲ ਰਹੇ ਬਹੁਤੇ ਐਕਟ 1907 ਵਾਲੇ ਹਨ। ਕਾਮਰੇਡ ਗਰੇਵਾਲ ਨੇ ਦਿੱਲੀ ਦੀਆਂ ਬਰੂਹਾਂ 'ਤੇ ਕੀਤੇ ਕਿਸਾਨੀ ਅੰਦੋਲਨ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਰਕਾਰ ਨੂੰ ਤਿੰਨ ਕਾਲੇ ਕਾਨੂੰਨ ਤਾਂ ਵਾਪਸ ਕਰਨੇ ਪਏ ਪਰ ਉਹ ਆਪ ਕਿਸਾਨ ਵਿਰੋਧੀ ਮਾਨਸਿਕਤਾ ਤੋਂ ਖਹਿੜਾ ਨਹੀਂ ਛੁਡਾ ਸਕੀ। ਉਸ ਦਾ ਬਦਲਵੇਂ ਰੂਪਾਂ ਵਿੱਚ ਕਿਸਾਨੀ ਤੇ ਮਾਰੂ ਹੱਲਾ ਜਾ ਰਹੀ ਹੈ। ਸਾਥੀ ਗਰੇਵਾਲ ਨੇ ਮੁਕਤ ਵਪਾਰ ਤੋਂ ਲੈ ਕੇ ਬੀਜ ਬਿੱਲ 2025 ਨਾਲ ਮੁਲਕ ਨੂੰ ਪੈਣ ਵਾਲੀਆਂ ਮਾਰਾਂ ਦਾ ਵਿਸਥਾਰ ਨਾਲ ਜ਼ਿਕਰ ਕੀਤਾ। ਸੀ ਪੀ ਆਈ (ਐਮ) ਦੇ ਸੀਨੀਅਰ ਆਗੂ ਕਾਮਰੇਡ ਬਚਿੱਤਰ ਸਿੰਘ ਤੱਗੜ ਨੇ ਸਟੇਜ ਦੀ ਕਾਰਵਾਈ ਚਲਾਉਣ ਦੇ ਨਾਲ ਨਾਲ ਮੌਜੂਦਾ ਹਾਲਾਤਾਂ 'ਤੇ ਚਾਨਣਾ ਵੀ ਪਾਇਆ।ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਸਕੱਤਰ ਕਾਮਰੇਡ ਸੁਖਪ੍ਰੀਤ ਜੌਹਲ ਨੇ ਵੀ ਕਾਮਰੇਡ ਅਜੀਤ ਸਿੰਘ ਮਾਣਕਪੁਰੀ ਨੂੰ ਇਨਕਲਾਬੀ ਸ਼ਰਧਾਂਜਲੀ ਭੇਂਟ ਕਰਦਿਆਂ ਕਿਸਾਨੀ ਅਤੇ ਹੋਰ ਮਸਲਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ।

ਜ਼ਹਿਨੀਅਤ ਅੱਜ ਵੀ ਸਾਨੂੰ ਸੈਂਕੜੇ ਸਾਲ ਗੁਲਾਮ ਰੱਖਣ ਵਾਲਿਆਂ ਦੀ ਗੁਲਾਮ ਹੈ। ਉਹਨਾਂ ਕਿਹਾ ਕਿ ਮੌਜੂਦਾ

ਲੋਕ ਕਲਾ ਮੰਚ (ਰਜਿ) ਮੰਡੀ ਮੁੱਲਾਂਪੁਰ ਵੱਲੋਂ 'ਪਰਿੰਦੇ ਭਟਕ ਗਏ' ਨਾਟਕ ਦਰਸ਼ਕਾਂ ਨੇ ਸਾਹ ਰੋਕ ਕੇ ਦੇਖਿਆ। ਸੁਣਿਆ। ਨਸ਼ਿਆਂ ਨਾਲ ਬਰਬਾਦ ਹੋ ਰਹੀ ਜਵਾਨੀ ਦੀ ਕਹਾਣੀ ਪਾਉਂਦੇ ਇਸ ਨਾਟਕ ਵਿੱਚ ਨਸ਼ਿਆਂ ਕਾਰਨ ਕੌਡੀਆਂ ਦੇ ਭਾਅ ਜ਼ਮੀਨਾਂ ਵਿਕਦੀਆਂ ਤੇ ਜ਼ਮੀਰਾਂ ਮਰਦੀਆਂ ਦਾ ਹਿਰਦੇਵੇਧਕ ਵਰਨਣ ਹੈ। ਮਾਪਿਆਂ ਦੀਆਂ ਸਧਰਾਂ 'ਤੇ ਪਾਣੀ ਫਿਰਦਾ ਕਲੇਜੇ 'ਚ ਧੂਹ ਪਾਉਂਦਾ ਹੈ। ਨਾਟਕ ਦੇ ਆਖਰ ਵਿੱਚ ਜਦੋਂ ਨਸ਼ਿਆਂ ਦੇ ਸੌਦਾਗਰ ਨੂੰ ਮਾਰ ਦਿੱਤਾ ਜਾਂਦਾ ਹੈ।

ਪਾਸ਼ ਦੀ ਕਵਿਤਾ, 'ਅਸੀਂ ਲੜਾਂਗੇ ਸਾਥੀ ਉਦਾਸ ਮੌਸਮ ਲਈ, ਅਸੀਂ ਲੜਾਂਗੇ ਸਾਥੀ ਗੁਲਾਮ ਸਧਰਾਂ ਲਈ' ਤਾਂ ਪੰਡਾਲ ਵਿੱਚ ਉਤਸ਼ਾਹੀ ਮਾਹੌਲ ਸਿਰਜਿਆ ਜਾਂਦਾ ਹੈ। ਦਰਸ਼ਕਾਂ ਦੇ ਮੁੱਕੇ ਤਣ ਜਾਂਦੇ ਹਨ।ਅਵਤਾਰ ਝੜੱਕ ਦੀ ਭੰਡਾਂ ਦੀ ਟੀਮ ਵੱਲੋਂ ਸਿਆਸੀ ਪਾਰਟੀਆਂ ਅਤੇ ਸਿਆਸੀ ਆਗੂਆਂ 'ਤੇ ਭਰਪੂਰ ਵਿਅੰਗ ਕੱਸੇ ਗਏ।ਆਖਿਰ ਵਿੱਚ ਹਰਕੇਸ਼ ਚੌਧਰੀ ਦੀ ਨਿਰਦੇਸ਼ਨਾ ਹੇਠ ਖੇਡੇ ਗਏ ਨਾਟਕ 'ਧਰਤਿ ਵੰਗਾਰੇ ਤਖਤ ਨੂੰ' ਰਾਹੀਂ ਗ਼ਦਰੀ ਗੁਲਾਬ ਕੌਰ ਦੀ ਮਾਣਮੱਤੀ ਜ਼ਿੰਦਗੀ ਬਿਆਨ ਕੀਤੀ ਗਈ। ਸਮਾਗਮ ਵਿੱਚ ਹੋਰਨਾਂ ਤੋਂ ਇਲਾਵਾ ਕਾਮਰੇਡ ਕੇਵਲ ਸਿੰਘ ਦਾਨੇਵਾਲ, ਕਾਮਰੇਡ ਜਸਕਰਨ ਸਿੰਘ ਕੰਗ, ਸੁਰਿੰਦਰ ਸਿੰਘ, ਇੰਦਰਜੀਤ ਸਿੰਘ ਬੁਰਜ, ਅਮਰਜੀਤ ਸਿੰਘ ਸ਼ੇਰਪੁਰੀ, ਗਾਇਕ ਪ੍ਰੀਤ ਕੰਠ ਸ਼ਾਮਿਲ ਸਨ।